3-NOV-PAGE-1.qxd 11/2/2025 9:39 PM Page 1

ਸੋਮਵਾਰ, 3 ਨਵੰਬਰ, 2025
18 ਕੱਤਕ { ਨਾਨਕਸ਼ਾਹੀ 557
ਬਿਕਰਮੀ 2082
ਜਿਲਦ/VOL. : 74
ਅੰਕ/NO. : 153

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 3 NOVEMBER, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਪੀ ਯੂ ਦੀ ਸੈਨੇਟ ਤੇ ਸਿੰਡੀਕੇਟ ਭੰਗ ਕਰਨ ਵਿਰੁੱਧ ਤਿੰਨ ਖੱਬੀਆਂ ਪਾਰਟੀਆਂ ਵੱਲੋਂ ਅੰਦੋਲਨ ਦਾ ਐਲਾਨ

**ਜਲੰਧਰ** : ਪੰਜਾਬ ਦੀਆਂ ਤਿੰਨ ਖੱਬੀਆਂ ਧਿਰਾਂ ਸੀ ਪੀ ਆਈ, ਸੀ ਪੀ ਆਈ (ਐੱਮ) ਅਤੇ ਸੀ ਪੀ ਆਈ (ਐੱਮ ਐੱਲ) ਲਿਬਰੇਸ਼ਨ ਨੇ ਮੋਦੀ ਸਰਕਾਰ ਵੱਲੋਂ ਪੰਜਾਬ ਯੂਨੀਵਰਸਿਟੀ ਦੀ ਸੈਨੇਟ ਅਤੇ ਸਿੰਡੀਕੇਟ ਨੂੰ ਭੰਗ ਕਰਨ ਦਾ ਗੰਭੀਰ ਨੋਟਿਸ ਲੈਂਦਿਆਂ ਕੇਂਦਰ ਸਰਕਾਰ ਤੋਂ ਇਹ ਫੈਸਲਾ ਵਾਪਸ ਲੈਣ ਦੀ ਮੰਗ ਕੀਤੀ ਹੈ ਅਤੇ ਇਸ ਦੇ ਵਿਰੋਧ ਵਿੱਚ 4 ਤੋਂ 11 ਨਵੰਬਰ ਤੱਕ ਰੋਸ ਪ੍ਰਦਰਸ਼ਨ ਕਰਨ ਅਤੇ ਡੀ ਸੀਜ਼ ਰਾਹੀਂ ਰਾਸ਼ਟਰਪਤੀ ਦੇ ਨਾਂਅ ਮੰਗ ਪੱਤਰ ਭੇਜੇ ਜਾਣ ਦਾ ਐਲਾਨ ਕੀਤਾ ਹੈ।ਇਸ ਸੰਬੰਧੀ ਬਿਆਨ ਜਾਰੀ ਕਰਦਿਆਂ ਇਨ੍ਹਾਂ ਧਿਰਾਂ ਦੇ ਕ੍ਰਮਵਾਰ ਸਕੱਤਰ ਬੰਤ ਸਿੰਘ ਬਰਾੜ, ਸੁਖਵਿੰਦਰ ਸਿੰਘ ਸੇਖੋਂ ਅਤੇ ਗੁਰਮੀਤ ਸਿੰਘ ਬਖਤਪੁਰਾ ਨੇ ਕਿਹਾ ਕਿ ਕੇਂਦਰ ਦੀ ਹਰ ਸਰਕਾਰ ਨੇ ਪੰਜਾਬ ਨਾਲ ਹਰ ਪੱਖੋਂ ਧੱਕਾ ਕੀਤਾ ਹੈ, ਜਿਸ ਕਾਰਨ 59 ਸਾਲ ਬਾਅਦ ਵੀ ਪੰਜਾਬ ਲਈ ਬਣਾਈ ਗਈ ਰਾਜਧਾਨੀ ਚੰਡੀਗੜ੍ਹ ਪੰਜਾਬ ਹਵਾਲੇ ਨਹੀ ਕੀਤੀ ਗਈ, ਉਲਟਾ ਮੋਦੀ ਸਰਕਾਰ ਆਉਣ ਤੋਂ ਬਾਅਦ ਪੰਜਾਬ ਦੀ ਰਾਜਧਾਨੀ ਪੰਜਾਬੀਆਂ ਤੋਂ ਖੋਹਣ ਲਈ ਪੂਰੀ ਤਿਆਰੀ ਕਰ ਲਈ ਗਈ ਹੈ, ਪਹਿਲਾਂ ਮਿਥ ਕੇ ਚੰਡੀਗੜ੍ਹ ਅੰਦਰ ਪੰਜਾਬੀ ਭਾਸ਼ਾ ਦਾ ਭੋਗ ਪਾਇਆ ਗਿਆ, ਚੰਡੀਗੜ੍ਹ ਦੇ ਮੁਲਾਜ਼ਮਾਂ ਨੂੰ ਕੇਂਦਰੀ ਮੁਲਾਜ਼ਮਾਂ ਦੇ ਸਕੇਲ ਵਿੱਚ ਸ਼ਾਮਲ ਕੀਤਾ ਗਿਆ, ਚੰਡੀਗੜ੍ਹ ਵਿੱਚ ਪੰਜਾਬ ਅਤੇ ਹਰਿਆਣਾ ਦੀ ਅਫਸਰਾਂ ਦੀ 60/40 ਦੀ ਰੇਸ਼ੋ ਨੂੰ ਖਤਮ ਕਰਨ ਤੋਂ ਇਲਾਵਾ ਚੰਡੀਗੜ੍ਹ ਵਿੱਚ ਵੱਖਰਾ ਮੁੱਖ ਸਕੱਤਰ ਨਿਯੁਕਤ ਕੀਤਾ ਗਿਆ ਅਤੇ ਹੁਣ ਪੰਜਾਬ ਯੂਨੀਵਰਸਿਟੀ ਨੂੰ ਕੇਂਦਰ ਸਰਕਾਰ ਵੱਲੋਂ ਆਪਣੇ ਕਬਜ਼ੇ ਵਿੱਚ ਲੈਣ ਦਾ ਹੱਲਾ ਬੋਲ ਦਿੱਤਾ ਗਿਆ ਹੈ। ਯੂਨੀਵਰਸਿਟੀ ਨੂੰ ਮੋਦੀ ਸਰਕਾਰ ਵੱਲੋਂ ਆਪਣੇ ਕਬਜ਼ੇ ਵਿੱਚ ਲੈਣਾ ਸਧਾਰਨ ਘਟਨਾ ਨਹੀਂ, ਸਗੋਂ ਆਰ ਐੱਸ ਐੱਸ ਵੱਲੋਂ ਦੇਸ਼ ਦੀਆ ਕੁਲ ਯੂਨੀਵਰਸਿਟੀਆ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਵਿਦਿਆ ਦਾ ਭਗਵਾਂ ਕਰਨ ਕਰਨ ਦੀ ਨੀਤੀ ਦਾ ਹਿੱਸਾ ਹੈ। ਮੋਦੀ ਸਰਕਾਰ ਦੇ ਇਹ ਸਾਰੇ ਕਦਮ ਸੰਵਿਧਾਨ ਦੇ ਸੰਘੀ ਢਾਂਚੇ ਦੀ ਘੋਰ ਉਲੰਘਣਾ ਵਾਲੇ ਹਨ। ਖੱਬੇ-ਪੱਖੀ ਆਗੂਆਂ ਨੇ ਯੂਨੀਵਰਸਿਟੀ ਦੀ ਵਿਦਿਅਆਰਥੀ ਕੌਂਸਲ ਵੱਲੋਂ ਦਿੱਤੇ ਜਾ ਰਹੇ ਧਰਨੇ ਦੀ ਹਮਾਇਤ ਕਰਦਿਆਂ ਕਿਹਾ ਕਿ ਇਸ ਧੱਕੇਸ਼ਾਹੀ ਨੂੰ ਪੰਜਾਬੀ ਚੁੱਪਚਾਪ ਬਰਦਾਸ਼ਤ ਨਹੀ ਕਰਨਗੇ ਤੇ ਹਰ ਪੱਧਰ 'ਤੇ ਇਸ ਦਾ ਵਿਰੋਧ ਕੀਤਾ ਜਾਵੇਗਾ।

## ਅਦਾਲਤ ਦਾ ਬੂਹਾ ਖੜਕਾਵਾਂਗੇ : ਮਾਨ

**ਚੰਡੀਗੜ੍ਹ** : ਮੁੱਖ ਮੰਤਰੀ ਭਗਵੰਤ ਮਾਨ ਨੇ ਕੇਂਦਰ ਸਰਕਾਰ ਵੱਲੋਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਸੈਨੇਟ ਭੰਗ ਕਰਨ ਸੰਬੰਧੀ ਜਾਰੀ ਨੋਟੀਫਿਕੇਸ਼ਨ ਦੀ ਨਿਖੇਧੀ ਕੀਤੀ ਹੈ। ਮਾਨ ਨੇ ਕਿਹਾ ਕਿ ਇਸ ਨੋਟੀਫਿਕੇਸ਼ਨ ਨਾਲ ਭਾਜਪਾ ਦਾ ਪੰਜਾਬ ਵਿਰੋਧੀ ਚਿਹਰਾ ਇੱਕ ਵਾਰ ਮੁੜ ਸਭ ਦੇ ਸਾਹਮਣੇ ਆ ਗਿਆ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ ਅਤੇ ਦੇਸ਼ ਦੇ ਲੋਕਾਂ ਦੇ ਨਾਂਅ ਵੀਡੀਓ ਸੰਦੇਸ਼ ਜਾਰੀ ਕਰਕੇ ਕਿਹਾ ਹੈ ਕਿ ਕੇਂਦਰ ਸਰਕਾਰ ਨੇ ਪੰਜਾਬ ਯੂਨੀਵਰਸਿਟੀ ਦੀ ਸੈਨੇਟ ਨੂੰ ਭੰਗ ਕਰਕੇ ਪੰਜਾਬ ਦੇ ਅਧਿਕਾਰਾਂ ਨੂੰ ਖੋਰਾ ਲਾਉਣ ਦੀ ਕੋਸ਼ਿਸ਼ ਕੀਤੀ ਹੈ, ਜਿਸ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਕੇਂਦਰ ਸਰਕਾਰ ਦੇ ਇਸ ਫੈਸਲੇ ਵਿਰੁੱਧ ਹਾਈਕੋਰਟ ਅਤੇ ਸੁਪਰੀਮ ਕੋਰਟ ਤੱਕ ਦਾ ਦਰਵਾਜ਼ਾ ਖੜਕਾਏਗੀ। ਇਸ ਲਈ ਪੰਜਾਬ ਸਰਕਾਰ ਵੱਲੋਂ ਕਾਨੂੰਨੀ ਮਾਹਿਰਾਂ ਨਾਲ ਵਿਚਾਰ ਚਰਚਾ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀ ਲੋਕ ਸਭਾ ਅਤੇ ਕਿਸੇ ਵੀ ਸੂਬੇ ਦੀ ਵਿਧਾਨ ਸਭਾ ਵੱਲੋਂ ਬਣਾਏ ਗਏ ਐਕਟ ਨੂੰ ਇੱਕ ਨੋਟੀਫਿਕੇਸ਼ਨ ਰਾਹੀਂ ਰੱਦ ਨਹੀਂ ਕੀਤਾ ਜਾ ਸਕਦਾ, ਪਰ ਕੇਂਦਰ ਸਰਕਾਰ ਨੇ ਪੰਜਾਬ ਯੂਨੀਵਰਸਿਟੀ ਦੇ ਮਸਲੇ ਵਿੱਚ ਅਜਿਹੀ ਧੱਕੇਸ਼ਾਹੀ ਕੀਤੀ ਹੈ। ਮੁੱਖ ਮੰਤਰੀ ਮਾਨ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਪਹਿਲਾਂ ਬੀ ਬੀ ਐੱਮ ਬੀ ਦੇ ਮੁੱਦੇ 'ਤੇ ਪੰਜਾਬ ਦੇ ਹੱਕਾਂ ਨੂੰ ਖੋਰਾ ਲਾਇਆ ਗਿਆ। ਹੁਣ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੋਂ ਵੀ ਪੰਜਾਬ ਦੇ ਅਧਿਕਾਰਾਂ ਨੂੰ ਖਤਮ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਾਲ ਹੀ ਵਿੱਚ ਪੰਜਾਬ ਯੂਨੀਵਰਸਿਟੀ ਵਿਚ ਕੁੜੀਆਂ ਦਾ ਹੋਸਟਲ ਬਣਾਉਣ ਲਈ ਵਿਸ਼ੇਸ਼ ਗਰਾਂਟ ਜਾਰੀ ਕੀਤੀ ਗਈ ਹੈ ਪਰ ਇਸ ਦੇ ਬਾਵਜੂਦ ਕੇਂਦਰ ਸਰਕਾਰ ਵੱਲੋਂ ਪੰਜਾਬ ਨਾਲ ਧੱਕੇਸ਼ਾਹੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕੇਂਦਰ ਸਰਕਾਰ ਦੇ ਇਸ ਫੈਸਲੇ ਦਾ ਡਟ ਕੇ ਵਿਰੋਧ ਕਰੇਗੀ।

## ਅੱਜ ਕਾਲਜਾਂ 'ਚ ਬੰਦ ਦਾ ਸੱਦਾ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਐਸੋਸੀਏਸ਼ਨ ਆਫ਼ ਸਟੂਡੈਂਟਸ ਫਾਰ ਅਲਟਰਨੇਟਿਵ ਪਾਲੀਟਿਕਸ (ਏ ਐੱਸ ਏ ਪੀ) ਨੇ ਪੰਜਾਬ ਯੂਨੀਵਰਸਿਟੀ ਸੈਨੇਟ ਭੰਗ ਕਰਨ ਦੀ ਸਖ਼ਤ ਨਿੰਦਾ ਕੀਤੀ ਹੈ ਤੇ ਇਸ ਨੂੰ ਪੰਜਾਬ ਪੁਨਰਗਠਨ ਐਕਟ 1966 ਦੀ ਸਿੱਧੀ ਉਲੰਘਣਾ ਅਤੇ ਪੰਜਾਬ ਦੀ ਸੰਵਿਧਾਨਕ ਅਤੇ ਵਿਦਿਅਕ ਖੁਦਮੁਖਤਿਆਰੀ 'ਤੇ ਗੰਭੀਰ ਹਮਲਾ ਦੱਸਦਿਆਂ ਸੋਮਵਾਰ ਪੰਜਾਬ ਯੂਨੀਵਰਸਿਟੀ ਨਾਲ ਸੰਬੰਧਤ ਕਾਲਜਾਂ 'ਚ ਬੰਦ ਦਾ ਸੱਦਾ ਦਿੱਤਾ ਹੈ।

ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਸੂਬਾਈ ਬੁਲਾਰੇ ਵਤਨਵੀਰ ਸਿੰਘ ਗਿੱਲ ਅਤੇ ਸੂਬਾ ਜਨਰਲ ਸਕੱਤਰ ਪ੍ਰਿੰਸ ਚੌਧਰੀ ਨੇ ਕੇਂਦਰ ਸਰਕਾਰ 'ਤੇ ਇਕਪਾਸੜ ਅਤੇ ਗੈਰ-ਸੰਵਿਧਾਨਕ ਕਾਰਵਾਈਆਂ ਰਾਹੀਂ ਪੰਜਾਬ ਦੀ ਅਕਾਦਮਿਕ ਆਜ਼ਾਦੀ ਨੂੰ ਖਤਮ ਕਰਨ ਦੀ ਕੋਸ਼ਿਸ਼ ਕਰਨ ਦਾ ਦੋਸ਼ ਲਾਇਆ।ਉਨ੍ਹਾ ਐਲਾਨ ਕੀਤਾ ਕਿ ਏ ਐੱਸ ਏ ਪੀ ਪੰਜਾਬ ਅਤੇ ਚੰਡੀਗੜ੍ਹ ਭਰ ਦੀਆਂ ਸਹਿਯੋਗੀ ਵਿਦਿਆਰਥੀ ਯੂਨੀਅਨਾਂ ਅਤੇ ਅਧਿਆਪਕ ਸੰਗਠਨਾਂ ਨਾਲ ਤਾਲਮੇਲ ਕਰਕੇ ਕੇਂਦਰ ਦੇ ਫੈਸਲੇ ਦਾ ਵਿਰੋਧ ਕਰਨ ਲਈ ਰਾਜ ਵਿਆਪੀ ਅਕਾਦਮਿਕ ਬੰਦ ਮੁਹਿੰਮ ਸ਼ੁਰੂ ਕਰੇਗਾ।

ਇਸ ਅੰਦੋਲਨ ਵਿੱਚ ਸ਼ਾਂਤਮਈ ਪ੍ਰਦਰਸ਼ਨ, ਕੈਂਪਸ ਸੰਵਾਦ ਅਤੇ ਪੰਜਾਬ ਯੂਨੀਵਰਸਿਟੀ ਵਿੱਚ ਲੋਕਤੰਤਰੀ ਸ਼ਾਸਨ ਅਤੇ ਸੰਘੀ ਜਵਾਬਦੇਹੀ ਨੂੰ ਬਹਾਲ ਕਰਨ ਦੇ ਉਦੇਸ਼ ਨਾਲ ਤਾਲਮੇਲ ਵਾਲੀਆਂ ਸੰਸਥਾਗਤ ਕਾਰਵਾਈਆਂ ਸ਼ਾਮਲ ਹੋਣਗੀਆਂ।

ਏ ਐੱਸ ਏ ਪੀ ਆਗੂਆਂ ਨੇ ਸਾਰੇ ਵਿਦਿਆਰਥੀ ਅਤੇ ਅਧਿਆਪਕ ਸੰਗਠਨਾਂ ਨੂੰ ਪੰਜਾਬ ਯੂਨੀਵਰਸਿਟੀ ਦੀ ਅਕਾਦਮਿਕ ਪ੍ਰਭੂਸੱਤਾ ਅਤੇ ਲੋਕਤੰਤਰੀ ਭਾਵਨਾ ਦੀ ਰੱਖਿਆ ਲਈ ਇੱਕ ਸਾਂਝੇ ਝੰਡੇ ਹੇਠ ਇੱਕਜੁੱਟ ਹੋਣ ਦੀ ਅਪੀਲ ਕੀਤੀ।

## ਜਾਇਦਾਦਾਂ ਵੇਚਣ ਤੇ ਬਿਜਲੀ ਸੋਧ ਬਿੱਲ ਵਿਰੁੱਧ ਬਿਜਲੀ ਮੁਲਾਜ਼ਮਾਂ, ਪੈਨਸ਼ਨਰਾਂ ਤੇ ਕਿਸਾਨਾਂ ਵੱਲੋਂ ਵਿਸ਼ਾਲ ਰੋਸ ਧਰਨਾ

### ਸਰਕਾਰਾਂ ਦੀਆਂ ਲੋਕ-ਵਿਰੋਧੀ ਨੀਤੀਆਂ ਖਿਲਾਫ਼ ਸੰਘਰਸ਼ ਜਾਰੀ ਰੱਖਣ ਦਾ ਅਹਿਦ





**ਲੁਧਿਆਣਾ** : ਬਿਜਲੀ ਨਿਗਮ ਦੀਆਂ ਵੱਡੇ ਸ਼ਹਿਰਾਂ ਅਤੇ ਕਸਬਿਆਂ ਵਿੱਚ ਮੌਜੂਦ ਸੈਂਕੜੇ ਏਕੜ ਵਿੱਚ ਫੈਲੀਆਂ ਬਹੁਤ ਮਹਿੰਗੀਆਂ ਜਾਇਦਾਦਾਂ, ਜੋ ਕਈ ਦਹਾਕੇ ਪਹਿਲਾਂ ਜ਼ਿਆਦਾਤਰ ਪੰਚਾਇਤਾਂ ਵੱਲੋਂ ਅਤੇ ਕੁਝ ਨਿੱਜੀ ਤੌਰ 'ਤੇ ਲੋਕਾਂ ਵੱਲੋਂ ਦਫਤਰ ਅਤੇ ਗਰਿੱਡ ਬਣਾਉਣ ਲਈ ਬਿਜਲੀ ਬੋਰਡ ਨੂੰ ਦਾਨ ਵਜੋਂ ਦਿੱਤੀਆਂ ਸਨ, ਨੂੰ ਸਰਕਾਰ ਵੱਲੋਂ ਵੇਚਣ ਦੀ ਤਜਵੀਜ਼ ਦੇ ਖਿਲਾਫ਼ ਅਤੇ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਬਿਜਲੀ ਸੋਧ ਬਿੱਲ 2025 ਦੇ ਪ੍ਰਸਤਾਵਤ ਖਰੜੇ ਵਿਰੁੱਧ ਅਦਾਰੇ ਦੇ ਮੁਲਾਜ਼ਮਾਂ ਅਤੇ ਪੈਨਸ਼ਨਰ ਜਥੇਬੰਦੀਆਂ ਦੇ ਸਾਂਝੇ ਸੰਗਠਨਾਂ ਪੀ ਐੱਸ ਈ ਬੀ ਇੰਪਲਾਈਜ਼ ਜਾਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਐਸੋਸ਼ੀਏਸਨ ਆਫ ਜੂਨੀਅਰ ਇੰਜੀਨੀਅਰ, ਗਰਿੱਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ (ਰਜਿ: 24), ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰਜ ਯੂਨੀਅਨ ਪੰਜਾਬ (ਸੰਬੰਧਤ ਏਟਕ), ਪੈਨਸ਼ਨਰ ਵੈੱਲਫੇਅਰ ਫੈਡਰੇਸ਼ਨ ਪਹਿਲਵਾਨ ਦੇ ਸੂਬਾ ਪੱਧਰੀ ਸੱਦੇ 'ਤੇ ਅਤੇ ਵੱਖ-ਵੱਖ ਕਿਸਾਨ, ਮਜ਼ਦੂਰ ਜਥੇਬੰਦੀਆਂ ਦੀ ਡਟਵੀਂ ਹਮਾਇਤ ਤੇ ਰਤਨ ਸਿੰਘ ਮਜਾਰੀ ਅਤੇ ਗੁਰਪ੍ਰੀਤ ਸਿੰਘ ਗੰਡੀਵਿੰਡ ਦੀ ਸਾਂਝੀ ਪ੍ਰਧਾਨਗੀ ਹੇਠ ਬਿਜਲੀ ਮੰਤਰੀ ਖਿਲਾਫ਼ ਆਰਤੀ ਚੌਂਕ ਲੁਧਿਆਣਾ ਵਿਖੇ ਐਤਵਾਰ ਵਿਸ਼ਾਲ ਰੋਸ ਧਰਨਾ ਦੇਣ ਉਪਰੰਤ ਹੁਕਮਰਾਨਾਂ ਵਿਰੁੱਧ ਬਿਜਲੀ ਮੰਤਰੀ ਦੀ ਰਿਹਾਇਸ਼ ਵੱਲ ਰੋਹ ਭਰਪੂਰ ਰੋਸ ਮਾਰਚ ਕੀਤਾ। ਸਾਂਝੇ ਧੜੇ ਦੇ ਆਗੂਆਂ ਹਰਪਾਲ ਸਿੰਘ ਅਤੇ ਗੁਰਵੇਲ ਸਿੰਘ ਬੱਲਪੁਰੀਆ ਨੇ ਦੱਸਿਆ ਕਿ ਅਦਾਰੇ ਦੀਆਂ ਜਾਇਦਾਦਾਂ ਵੇਚਣ ਵਿਰੁੱਧ 16 ਅਕਤੂਬਰ ਤੋਂ 31 ਅਕਤੂਬਰ ਤੱਕ ਪਾਵਰਕਾਮ ਦੇ ਸਮੁੱਚੇ ਸਰਕਲਾਂ ਵਿੱਚ ਰੋਸ ਪ੍ਰਦਰਸ਼ਨ ਕਰਨ ਉਪਰੰਤ ਅੱਜ ਬਿਜਲੀ ਮੰਤਰੀ ਖਿਲਾਫ਼ ਦਿੱਤੇ ਗਏ ਰੋਸ ਧਰਨੇ ਨੂੰ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਕਿਹਾ ਕਿ ਇੱਕ ਪਾਸੇ ਪੰਜਾਬ ਸਰਕਾਰ ਖਜ਼ਾਨਾ ਭਰੇ ਹੋਣ ਦਾ ਦਾਅਵਾ ਕਰਦੀ ਹੈ, ਦੂਸਰੇ ਪਾਸੇ ਲੁਧਿਆਣਾ, ਪਟਿਆਲਾ, ਜਲੰਧਰ ਅਤੇ ਹੋਰ ਸ਼ਹਿਰਾਂ ਵਿਚਲੀਆਂ ਸਰਕਾਰੀ ਜਾਇਦਾਦਾਂ ਵੇਚ ਰਹੀ ਹੈ। ਮੁਲਾਜ਼ਮ/ ਪੈਨਸ਼ਨਰ / ਕਿਸਾਨ /ਮਜ਼ਦੂਰ, ਇੰਜੀਨੀਅਰ ਆਗੂਆਂ ਨੇ ਕਿਹਾ ਕਿ ਬਿਜਲੀ ਸੋਧ ਬਿੱਲ 2025 ਰਾਜਾਂ ਦੇ ਅਧਿਕਾਰਾਂ ਉਪਰ ਸਿੱਧਾ ਹਮਲਾ ਹੈ, ਜੋ ਦੇਸ਼ ਦੇ ਸੰਘੀ ਢਾਂਚੇ ਨੂੰ ਤਬਾਹ ਕਰ ਦੇਵੇਗਾ। ਆਗੂਆਂ ਕਿਹਾ ਕਿ ਪੂੰਜੀਪਤੀਆਂ ਦੇ ਦਬਾਅ ਹੇਠ ਕੇਂਦਰ ਸਰਕਾਰ ਇਸ ਸੋਧ ਬਿੱਲ ਦਾ ਖਰੜਾ ਪਾਸ ਕਰਕੇ ਬਿਜਲੀ ਅਦਾਰਿਆਂ ਦਾ ਸਿੱਧਾ ਕੰਟਰੋਲ ਆਪਣੇ ਹੱਥ ਵਿੱਚ ਲੈਣਾ ਚਾਹੁੰਦੀ ਹੈ। ਆਗੂਆਂ ਕਿਹਾ ਕਿ ਇਸ ਬਿੱਲ ਦੇ ਲੋਕ ਵਿਰੋਧੀ ਖਰੜੇ ਨਾਲ ਬਿਜਲੀ ਵਰਗਾ ਮਹੱਤਵਪੂਰਨ ਅਦਾਰਾ ਪੂੰਜੀਪਤੀਆਂ ਦੇ ਹੱਥਾਂ ਵਿੱਚ ਜਾਣ ਨਾਲ ਆਮ ਲੋਕਾਂ ਅਤੇ ਕਿਸਾਨਾਂ ਨੂੰ ਮਿਲਦੀ ਕਰਾਸ ਸਬਸਿਡੀ ਖ਼ਤਮ ਕਰਕੇ ਲੋਕਾਂ ਨੂੰ ਮਹਿੰਗੀ ਬਿਜਲੀ ਖ਼ਰੀਦਣ ਲਈ ਮਜਬੂਰ ਕੀਤਾ ਜਾਵੇਗਾ। ਮੁਲਾਜ਼ਮਾਂ ਦੀਆਂ ਨੌਕਰੀਆਂ ਖਤਰੇ ਵਿੱਚ ਆ ਜਾਣਗੀਆਂ ਅਤੇ ਜਿਥੇ ਸਾਰੀ ਨਵੀਂ ਭਰਤੀ ਆਊਟਸੋਰਸਿੰਗ ਰਾਹੀਂ ਕੀਤੀ ਜਾਵੇਗੀ, ਉਥੇ ਪੰਜਾਬ ਦੀ ਖੇਤੀ ਆਧਾਰਤ ਆਰਥਿਕਤਾ ਨੂੰ ਤਬਾਹ ਕਰ ਦਿੱਤਾ ਜਾਵੇਗਾ।

ਰੋਸ ਧਰਨੇ ਨੂੰ ਇੰਜੀ. ਪਰਮਿੰਦਰ ਸਿੰਘ, ਸਰਬਜੀਤ ਸਿੰਘ ਭਾਣਾ, ਗੁਰਭੇਜ ਸਿੰਘ ਢਿੱਲੋਂ, ਸਰਿੰਦਰਪਾਲ ਲਹੌਰੀਆ, ਬਲਜੀਤ ਸਿੰਘ ਮੋਦਲਾ, ਰਵੇਲ ਸਿੰਘ ਸਹਾਏਪੁਰ, ਦਵਿੰਦਰ ਸਿੰਘ ਪਿਸ਼ੌਰ, ਰਣਜੀਤ ਸਿੰਘ ਢਿੱਲੋਂ, ਜਸਬੀਰ ਸਿੰਘ ਆਂਡਲੂ, ਦਲੀਪ ਕੁਮਾਰ, ਰਾਧੇਸ਼ਿਆਮ, ਬਾਬਾ ਅਮਰਜੀਤ ਸਿੰਘ, ਕੌਰ ਸਿੰਘ ਸੋਹੀ, ਬਲਵਿੰਦਰ ਸਿੰਘ, ਦਲੀਪ ਕੁਮਾਰ, ਗੁਰਪਿਆਰ ਸਿੰਘ ਤੋਂ ਇਲਾਵਾ ਵੱਖ-ਵੱਖ ਕਿਸਾਨ ਅਤੇ ਮਜ਼ਦੂਰ ਜਥੇਬੰਦੀਆਂ ਦੇ ਆਗੂਆਂ ਪੰਜਾਬ ਏਟਕ ਦੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਸੂਬਾ ਆਗੂ ਸੁਦਾਗਰ ਸਿੰਘ , ਕਿਸਾਨ-ਮਜ਼ਦੂਰ ਮੋਰਚਾ ਦੇ ਬਲਦੇਵ ਸਿੰਘ ਜ਼ੀਰਾ, ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਦਿਲਬਾਗ ਸਿੰਘ ਗਿੱਲ, ਕੁੱਲ ਹਿੰਦ ਕਿਸਾਨ ਸਭਾ 1936 ਦੇ ਸੂਬਾ ਵਰਕਿੰਗ ਪ੍ਰਧਾਨ ਮਹਾਂਬੀਰ ਸਿੰਘ ਗਿੱਲ, ਗੁਰਦੀਪ ਸਿੰਘ ਰਾਮਪੁਰਾ ਭਾਰਤੀ ਕਿਸਾਨ ਯੂਨੀਅਨ ਡਕੌਂਦਾ, ਜਗਦੇਵ ਸਿੰਘ ਲਲਤੋਂ ਸਕੱਤਰ ਦਸਮੇਸ਼ ਕਿਸਾਨ-ਮਜ਼ਦੂਰ ਯੂਨੀਅਨ, ਰਮਿੰਦਰ ਸਿੰਘ ਪਟਿਆਲਾ ਕਿਰਤੀ ਕਿਸਾਨ ਯੂਨੀਅਨ, ਪੰਜਾਬ ਗੌਰਮਿੰਟ ਟ੍ਰਾਂਸਪੋਰਟ ਵਰਕਰ ਯੂਨੀਅਨ ਏਟਕ ਦੇ ਸੂਬਾ ਆਗੂ ਜਗਦੀਸ ਸਿੰਘ ਚਾਹਲ, ਰਣਜੀਤ ਸਿੰਘ ਰਾਣਵਾਂ ਸੂਬਾ ਪ੍ਰਧਾਨ ਪ ਸ ਸ ਫ ਅਤੇ ਕਨਵੀਨਰ ਸਾਂਝਾ ਫਰੰਟ ਪੰਜਾਬ, ਦੇਵਰਾਜ ਸੂਬਾ ਆਗੂ ਪੈਨਸ਼ਨਰ ਐਸੋਸੀਏਸ਼ਨ, ਜਮਹੂਰੀ ਕਿਸਾਨ ਸਭਾ ਦੇ ਗੁਰਮੇਲ ਸਿੰਘ ਰੂਮੀ, ਡਾਕਟਰ ਗੁਲਜਾਰ ਸਿੰਘ ਪੰਧੇਰ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ, ਅਮਰੀਕ ਸਿੰਘ ਹਲਵਾਰਾ ਬੀ ਕੇ ਯੂ ਸਿੱਧੂਪੁਰ, ਹਰਭਜਨ ਸਿੰਘ ਸਾਬਕਾ ਆਗੂ ਜਾਇੰਟ ਫੋਰਮ ਨੇ ਪੰਜਾਬ ਸਰਕਾਰ ਦੀ ਜਾਇਦਾਦਾਂ ਵੇਚਣ ਦੀ ਲੋਕ ਵਿਰੋਧੀ ਅਤੇ ਘਟੀਆ ਤਜਵੀਜ਼ ਦੀ ਜ਼ੋਰਦਾਰ ਨਿੰਦਾ ਕੀਤੀ ਅਤੇ ਅਹਿਦ ਕੀਤਾ ਕਿ ਸਾਂਝੇ ਸੰਘਰਸ਼ਾਂ ਰਾਹੀਂ ਅਦਾਰੇ ਦੀਆਂ ਜਾਇਦਾਦਾਂ ਵੇਚਣ ਅਤੇ ਬਿਜਲੀ ਸੋਧ ਬਿੱਲ 2025 ਦਾ ਡਟਵਾਂ ਵਿਰੋਧ ਕੀਤਾ ਜਾਵੇਗਾ। ਰੋਸ ਧਰਨੇ ਤੋਂ ਬਾਅਦ ਧਰਨਾਕਾਰੀਆਂ ਨੇ ਬਿਜਲੀ ਮੰਤਰੀ ਖਿਲਾਫ਼ ਰੋਹ ਭਰਪੂਰ ਨਾਅਰੇਬਾਜ਼ੀ ਕਰਦੇ ਹੋਏ ਝੰਡਾ ਮਾਰਚ ਕੀਤਾ ਅਤੇ ਪੰਜਾਬ ਸਰਕਾਰ ਦੇ ਨਾਂਹ-ਪੱਖੀ ਰਵੱਈਏ ਖਿਲਾਫ਼ ਐਲਾਨ ਕੀਤਾ ਕਿ ਅਗਲੇ ਸੰਘਰਸ਼ ਵਜੋਂ 09 ਨਵੰਬਰ ਨੂੰ ਵਿਧਾਨ ਸਭਾ ਹਲਕਾ ਤਰਨ ਤਾਰਨ ਜਿੱਥੇ ਜ਼ਿਮਨੀ ਚੋਣ ਹੋ ਰਹੀ ਹੈ, ਵਿਖੇ ਵਿਸ਼ਾਲ ਰੋਸ ਮਾਰਚ ਕੀਤਾ ਜਾਵੇਗਾ। ਜੇਕਰ ਫ਼ਿਰ ਵੀ ਪੰਜਾਬ ਸਰਕਾਰ ਨੇ ਜਾਇਦਾਦਾਂ ਵੇਚਣ ਅਤੇ ਬਿਜਲੀ ਬਿੱਲ ਦੇ ਖਰੜੇ ਦੀ ਤਜਵੀਜ਼ ਰੱਦ ਨਾ ਕੀਤੀ ਤਾਂ ਪੰਜਾਬ ਦੀਆਂ ਸਮੁੱਚੀਆਂ ਸੰਘਰਸ਼ਸ਼ੀਲ ਜਥੇਬੰਦੀਆਂ ਸਾਂਝੀ ਮੀਟਿੰਗ ਕਰਕੇ ਅਗਲੇ ਸੰਘਰਸ਼ ਦੀ ਵਿਉਂਤਬੰਦੀ ਕਰਨਗੀਆਂ। ਅੱਜ ਦੇ ਝੰਡਾ ਮਾਰਚ ਵਿੱਚ ਸ਼ਾਮਲ ਧਰਨਾਕਾਰੀਆਂ ਦੇ ਰੋਹ ਨੂੰ ਭਾਂਪਦਿਆਂ ਬਿਜਲੀ ਮੰਤਰੀ ਦੀ ਰਹਾਇਸ਼ 'ਤੇ ਪ੍ਰਸ਼ਾਸਨ ਦੀ ਤਰਫ਼ੋਂ ਤਹਿਸੀਲਦਾਰ ਪੱਛਮੀ ਯਾਸ਼ੂ ਬਾਂਸਲ ਵੱਲੋਂ ਮੰਗ ਪੱਤਰ ਲਿਆ।

## ਨਿਤੀਸ਼ ਦਾ ਉਮੀਦਵਾਰ ਅਨੰਤ ਸਿੰਘ ਕਤਲ ਮਾਮਲੇ 'ਚ ਗ੍ਰਿਫ਼ਤਾਰ



**ਪਟਨਾ** : ਮੁੱਖ ਮੰਤਰੀ ਨਿਤੀਸ਼ ਕੁਮਾਰ ਦੀ ਪਾਰਟੀ ਜੇ ਡੀ ਯੂ ਵੱਲੋਂ ਮੋਕਾਮਾ ਸੀਟ ਤੋਂ ਮੁੜ ਚੋਣ ਲੜ ਰਹੇ ਬਿਹਾਰ ਦੇ ਸਾਬਕਾ ਵਿਧਾਇਕ ਅਨੰਤ ਸਿੰਘ ਨੂੰ ਸ਼ਨਿਚਰਵਾਰ ਦੇਰ ਰਾਤ ਪੁਲਸ ਨੇ ਜਨ ਸੁਰਾਜ ਪਾਰਟੀ ਦੇ ਸਮਰਥਕ ਦੁਲਾਰ ਚੰਦ ਯਾਦਵ ਦੇ ਕਤਲ ਕੇਸ ਵਿਚ ਗ੍ਰਿਫ਼ਤਾਰ ਕੀਤਾ ਹੈ। ਅਨੰਤ ਸਿੰਘ, ਜੋ ਯਾਦਵ ਦੀ ਹੱਤਿਆ ਤੋਂ ਬਾਅਦ ਜਾਂਚ ਦੇ ਘੇਰੇ ਵਿੱਚ ਹੈ, ਨੂੰ ਰਾਜਧਾਨੀ ਪਟਨਾ ਤੋਂ ਕਰੀਬ 200 ਕਿਲੋਮੀਟਰ ਦੂਰ ਬਾਰਹ ਵਿੱਚ ਉਸ ਦੇ ਘਰ ਤੋਂ ਫੜਿਆ ਗਿਆ। ਪੁਲਸ ਨੇ ਦੋ ਹੋਰ ਵਿਅਕਤੀਆਂ ਮਣੀਕਾਂਤ ਠਾਕੁਰ ਅਤੇ ਰਣਜੀਤ ਰਾਮ ਨੂੰ ਵੀ ਗ੍ਰਿਫ਼ਤਾਰ ਕੀਤਾ ਹੈ, ਜੋ ਘਟਨਾ ਵਾਪਰਨ ਵੇਲੇ ਮੌਜੂਦ ਸਨ। ਵੀਰਵਾਰ ਨੂੰ ਪਟਨਾ ਦੇ ਮੋਕਾਮਾ ਇਲਾਕੇ ਵਿੱਚ ਜਨ ਸੁਰਾਜ ਪਾਰਟੀ ਦੇ ਉਮੀਦਵਾਰ ਪਿਊਸ਼ ਪ੍ਰਿਯਦਰਸ਼ੀ ਲਈ ਚੋਣ ਪ੍ਰਚਾਰ ਕਰਦੇ ਸਮੇਂ ਯਾਦਵ ਦੀ ਮੌਤ ਹੋ ਗਈ ਸੀ। ਇਹ ਘਟਨਾ ਮੋਕਾਮਾ ਇਲਾਕੇ ਦੇ ਭਦੌੜ ਅਤੇ ਘੋਸਵਰੀ ਪੁਲਸ ਥਾਣਿਆਂ ਦੇ ਨੇੜੇ ਵਾਪਰੀ ਸੀ।

## ਲੰਡਨ ਜਾ ਰਹੀ ਟਰੇਨ 'ਚ ਚਾਕੂ ਨਾਲ ਹਮਲੇ 'ਚ 10 ਜ਼ਖ਼ਮੀ

**ਲੰਡਨ** : ਬ੍ਰਿਟੇਨ ਦੇ ਕੈਂਬਰਿਜਸ਼ਾਇਰ 'ਚ ਟਰੇਨ ਵਿਚ ਕਈ ਲੋਕਾਂ ਉੱਤੇ ਚਾਕੂ ਨਾਲ ਹਮਲਾ ਕੀਤਾ ਗਿਆ। ਪੁਲਸ ਨੇ ਸ਼ਨਿਚਰਵਾਰ ਸ਼ਾਮ ਨੂੰ ਟਰੇਨ ਰੋਕ ਕੇ ਇਸ ਘਟਨਾ ਦੇ ਸੰਬੰਧ ਵਿਚ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਬਰਤਾਨਵੀ ਪੁਲਸ ਨੇ ਦੱਸਿਆ ਕਿ ਇਸ ਘਟਨਾ ਮਗਰੋਂ 10 ਲੋਕਾਂ ਨੂੰ ਹਸਪਤਾਲ ਭਰਤੀ ਕੀਤਾ ਗਿਆ ਹੈ, ਜਿਨ੍ਹਾਂ ਵਿੱਚੋਂ 9 ਜਣਿਆਂ ਨੂੰ ਗੰਭੀਰ ਸੱਟਾਂ ਲੱਗੀਆਂ ਹਨ। ਅੱਤਵਾਦ ਵਿਰੋਧੀ ਪੁਲਸ ਜਾਂਚ ਵਿਚ ਸਹਿਯੋਗ ਕਰ ਰਹੀ ਹੈ। ਕੈਂਬਰਿਜਸ਼ਾਇਰ ਪੁਲਸ ਨੇ ਇੱਕ ਬਿਆਨ ਵਿੱਚ ਕਿਹਾ ਹੈ, "ਸਾਨੂੰ ਸ਼ਾਮੀਂ 7:39 ਵਜੇ (ਸਥਾਨਕ ਸਮੇਂ ਮੁਤਾਬਕ) ਸੂਚਨਾ ਮਿਲੀ ਕਿ ਟਰੇਨ ਵਿੱਚ ਲੋਕਾਂ 'ਤੇ ਚਾਕੂ ਨਾਲ ਹਮਲਾ ਕੀਤਾ ਗਿਆ ਹੈ।" ਪੁਲਸ ਨੇ ਕਿਹਾ, "ਅਧਿਕਾਰੀ ਘਟਨਾ ਸਥਾਨ 'ਤੇ ਪਹੁੰਚੇ ਅਤੇ ਟਰੇਨ ਨੂੰ ਹੰਟਿੰਗਡਨ ਵਿੱਚ ਰੋਕਿਆ ਗਿਆ ਹੈ, ਜਿੱਥੇ ਦੋ ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।

## ਸੁਖਬੀਰ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਗੁਨਾਹ ਕਬੂਲ ਕੇ ਮੁੱਕਰਿਆ, ਲੋਕ ਕਦੇ ਮੁਆਫ ਨਹੀਂ ਕਰਨਗੇ : ਮਾਨ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ, ਚਾਵਲਾ)**



ਇਤਿਹਾਸਕ ਨਗਰ ਸ੍ਰੀ ਮੁਕਤਸਰ ਸਾਹਿਬ ਦੇ ਲੋਕਾਂ ਨੂੰ ਵੱਡਾ ਤੋਹਫਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਤਵਾਰ ਸ਼ਹਿਰ ਵਿੱਚ 138 ਕਰੋੜ 82 ਲੱਖ ਰੁਪਏ ਦੀ ਲਾਗਤ ਵਾਲੇ ਸੀਵਰੇਜ ਅਤੇ ਜਲ ਸਪਲਾਈ ਪ੍ਰਾਜੈਕਟਾਂ ਦਾ ਨੀਂਹ ਪੱਥਰ ਰੱਖਿਆ।

ਇੱਥੋਂ ਦੇ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿੱਚ ਜਨਤਕ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਦੱਸਿਆ ਕਿ 138.82 ਕਰੋੜ ਰੁਪਏ ਦੇ ਪ੍ਰਾਜੈਕਟਾਂ ਵਿੱਚ ਨਵੇਂ ਸੀਵਰੇਜ ਸਿਸਟਮ ਲਈ 90 ਕਰੋੜ 68 ਲੱਖ ਰੁਪਏ, ਜਦਕਿ ਜਲ ਸਪਲਾਈ ਦੇ ਪ੍ਰਾਜੈਕਟਾਂ ਲਈ 48 ਕਰੋੜ 14 ਲੱਖ ਰੁਪਏ ਖਰਚੇ ਜਾਣਗੇ। ਉਨ੍ਹਾ ਕਿਹਾ ਕਿ ਇਸ ਸ਼ਹਿਰ ਵਿੱਚ 31 ਹਜ਼ਾਰ ਘਰ ਹਨ ਅਤੇ ਇਨ੍ਹਾਂ ਪ੍ਰਾਜੈਕਟਾਂ ਦੇ ਮੁਕੰਮਲ ਹੋਣ ਨਾਲ ਇਕ ਲੱਖ 58 ਹਜ਼ਾਰ ਲੋਕਾਂ ਨੂੰ ਫਾਇਦਾ ਹੋਵੇਗਾ। ਉਨ੍ਹਾ ਕਿਹਾ ਕਿ ਹੁਣ ਲੋਕਾਂ

• ਬਾਕੀ ਸਫ਼ਾ 2 'ਤੇ

## ਕਾਂਗਰਸ ਆਗੂ 'ਤੇ ਤਾਬੜਤੋੜ ਫਾਇਰਿੰਗ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**-ਸੁਲਤਾਨਪੁਰ ਲੋਧੀ ਦੇ ਪਿੰਡ ਸ਼ਾਹਜਹਾਨਪੁਰ ਵਿਖੇ ਕੁਝ ਨਕਾਬਪੋਸ਼ ਹਥਿਆਰਬੰਦਾਂ ਨੇ ਜ਼ਿਲ੍ਹਾ ਪ੍ਰੀਸ਼ਦ ਦੇ ਵਾਈਸ ਚੇਅਰਮੈਨ ਹਰਜਿੰਦਰ ਸਿੰਘ ਜਿੰਦਾ 'ਤੇ ਤਾਬੜਤੋੜ ਗੋਲੀਆਂ ਚਲਾਈਆਂ, ਪਰ ਉਹ ਵਾਲ-ਵਾਲ ਬਚ ਗਏ। ਉਹ ਸ਼ਨੀਵਾਰ ਕਰੀਬ 8 ਵਜੇ ਰੋਟੀ ਖਾਣ ਤੋਂ ਬਾਅਦ ਗਲੀ 'ਚ ਸੈਰ ਕਰ ਰਹੇ ਸਨ ਤਾਂ ਦੋ ਨਕਾਬਪੋਸ਼ ਬਿਨਾਂ ਨੰਬਰੀ ਮੋਟਰਸਾਇਕਲ 'ਤੇ ਆਏ ਅਤੇ ਆਉਂਦੇ ਸਾਰ ਹੀ ਉਹਨਾਂ ਦੋਵਾਂ ਨੇ ਤਾਬੜਤੋੜ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ। ਸੁਲਤਾਨਪੁਰ ਲੋਧੀ ਦੇ ਏ ਸੀ ਪੀ ਧੀਰੇਂਦਰ ਵਰਮਾ, ਥਾਣਾ ਸੁਲਤਾਨਪੁਰ ਲੋਧੀ ਦੀ ਐੱਸ ਐੱਚ ਓ ਇੰਸਪੈਕਟਰ ਸੋਨਮਦੀਪ ਕੌਰ ਮੌਕੇ 'ਤੇ ਪਹੁੰਚੇ ਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ।

ਚੌਕੀ ਇੰਚਾਰਜ ਡੱਲਾ ਸਬ-ਇੰਸਪੈਕਟਰ ਮਲਕੀਤ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਮੌਕੇ ਤੋਂ 6 ਖਾਲੀ ਰੌਂਦ ਬਰਾਮਦ ਹੋਏ ਹਨ। ਘਟਨਾ ਬਾਬਤ ਗੈਂਗਸਟਰ ਜੱਗਾ ਫੁੱਕੀਵਾਲ ਦੀ ਪੋਸਟ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਹੈ। ਗੈਂਗਸਟਰ ਇਸੇ ਹੀ ਪਿੰਡ ਦਾ ਵਸਨੀਕ ਹੈ।ਉਸ ਨੇ ਨਿੱਜੀ ਰੰਜਿਸ਼ ਨੂੰ ਮੁੱਖ ਕਾਰਨ ਦੱਸਿਆ ਹੈ।

## ਬਾਹੂਬਲੀ ਸੈਟੇਲਾਈਟ ਲਾਂਚ



**ਸ੍ਰੀਹਰੀਕੋਟਾ** : ਇਸਰੋ ਨੇ ਐਤਵਾਰ ਸ਼ਾਮ ਵੇਲੇ ਸਭ ਤੋਂ ਵੱਧ ਭਾਰਾ 4410 ਕਿਲੋ ਦਾ ਸੈਟੇਲਾਈਟ ਲਾਂਚ ਕੀਤਾ। ਇਹ ਭਾਰਤੀ ਜ਼ਮੀਨ ਤੋਂ ਜਿਓਸਿੰਕਰੋਨਸ ਟਰਾਂਸਫਰ ਆਰਬਿਟ (ਜੀ ਟੀ ਓ) ਤੱਕ ਲਾਂਚ ਹੋਣ ਵਾਲਾ ਹੁਣ ਤੱਕ ਦਾ ਸਭ ਤੋਂ ਭਾਰਾ ਸੈਟੇਲਾਈਟ ਹੈ। ਇਸ ਨਾਲ ਜਲ ਸੈਨਾ ਦੀ ਤਾਕਤ ਵਧੇਗੀ ਤੇ ਉਸ ਦੀਆਂ ਸੰਚਾਰ ਸਮਰਥਾਵਾਂ ਵਿਚ ਵਾਧਾ ਹੋਵੇਗਾ। ਦਾਗਣ ਤੋਂ ਬਾਅਦ ਇਸਰੋ ਨੇ ਦਾਅਵਾ ਕੀਤਾ ਕਿ ਸੰਚਾਰ ਉਪਗ੍ਰਹਿ ਸੀ ਐੱਮ ਐੱਸ-03 ਸਫਲਤਾਪੂਰਵਕ ਨਿਰਧਾਰਤ ਪਥ 'ਤੇ ਸਥਾਪਤ ਕਰ ਦਿੱਤਾ ਗਿਆ ਹੈ। ਇਸ ਤੋਂ ਪਹਿਲਾਂ ਇਸਰੋ ਨੇ ਚੰਦਰਯਾਨ 3 ਮਿਸ਼ਨ ਵਿਚ 3900 ਕਿਲੋ ਪੇਲੋਡ ਜੀ ਟੀ ਓ ਵਿਚ ਭੇਜਿਆ ਸੀ। ਜਾਣਕਾਰੀ ਅਨੁਸਾਰ 24 ਘੰਟਿਆਂ ਦੀ ਪੁੱਠੀ ਗਿਣਤੀ ਖਤਮ ਹੋਣ ਤੋਂ ਬਾਅਦ 43.5 ਮੀਟਰ ਲੰਮਾ ਉਪਗ੍ਰਹਿ ਚੇਨਈ ਤੋਂ ਲਗਭਗ 135 ਕਿਲੋਮੀਟਰ ਦੂਰ ਸ੍ਰੀਹਰੀਕੋਟਾ ਤੋਂ ਸ਼ਾਮ 5:26 ਵਜੇ ਦਾਗਿਆ ਗਿਆ।

## ਕਾਮਰੇਡ ਰਣਧੀਰ ਗਿੱਲ ਦੀ ਤੀਜੀ ਬਰਸੀ ਮੌਕੇ ਸੈਮੀਨਾਰ 7 ਨੂੰ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਮੋਗਾ ਅਤੇ ਗਿੱਲ ਪਰਵਾਰ ਬਹੋਨਾ ਵੱਲੋਂ ਉੱਘੇ ਕਮਿਊਨਿਸਟ ਅਤੇ ਮੁਲਾਜ਼ਮ ਆਗੂ ਕਾਮਰੇਡ ਰਣਧੀਰ ਗਿੱਲ ਦੀ ਤੀਜੀ ਬਰਸੀ 'ਤੇ ਸੈਮੀਨਾਰ ਕਰਵਾਇਆ ਜਾ ਰਿਹਾ ਹੈ। ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਭਵਨ ਮੋਗਾ ਵਿਖੇ 7 ਨਵੰਬਰ ਨੂੰ 11 ਵਜੇ ਹੋ ਰਿਹਾ ਇਹ ਸੈਮੀਨਾਰ ਮਹਾਨ ਅਕਤੂਬਰ ਇਨਕਲਾਬ ਨੂੰ ਸਮਰਪਿਤ ਹੋਵੇਗਾ। ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਸਕੱਤਰ ਕੁਲਦੀਪ ਸਿੰਘ ਭੋਲਾ, ਟਰੇਡ ਯੂਨੀਅਨ ਕੌਂਸਲ ਮੋਗਾ ਦੇ ਜਨਰਲ ਸਕੱਤਰ ਜਗਸੀਰ ਖੋਸਾ ਅਤੇ ਇੰਦਰਵੀਰ ਸਿੰਘ ਗਿੱਲ ਨੇ ਦੱਸਿਆ ਕਿ ਅਧਿਆਪਕ ਤੇ ਮੁਲਾਜ਼ਮ ਲਹਿਰ ਦੇ ਬਹੁਤ ਮਜ਼ਬੂਤ ਥੰਮ੍ਹ ਰਹੇ ਕਾਮਰੇਡ ਰਣਧੀਰ ਸਿੰਘ ਗਿੱਲ ਨੇ ਆਪਣੀ ਸਾਰੀ ਉਮਰ ਕਿਰਤੀ ਲੋਕਾਂ ਲਈ ਕੰਮ ਕੀਤਾ। ਉਹਨਾ ਦਾ ਸਮੁੱਚਾ ਜੀਵਨ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਨਾਦਾਇਕ ਰਹੇਗਾ। ਇਹ ਸੈਮੀਨਾਰ

• ਬਾਕੀ ਸਫ਼ਾ 2 'ਤੇ

## ਰਜਿੰਦਰ ਗੁਪਤਾ ਦੀ ਅਡਾਨੀ ਨਾਲ ਮੁਲਾਕਾਤ



**ਚੰਡੀਗੜ੍ਹ** : ਪੰਜਾਬ ਤੋਂ ਚੁਣੇ ਗਏ ਰਾਜ ਸਭਾ ਮੈਂਬਰ ਅਤੇ ਉਦਯੋਗਪਤੀ ਰਜਿੰਦਰ ਗੁਪਤਾ ਨੇ ਅਹਿਮਦਾਬਾਦ ਵਿੱਚ ਅਡਾਨੀ ਗਰੁੱਪ ਦੇ ਚੇਅਰਮੈਨ ਗੌਤਮ ਅਡਾਨੀ ਨਾਲ ਮੁਲਾਕਾਤ ਕੀਤੀ। ਇਹ ਮੁਲਾਕਾਤ ਭਾਰਤ ਦੇ ਸਨਅਤੀ ਵਿਕਾਸ, ਨਵੀਨਤਾ ਅਤੇ ਦੇਸ਼ ਦੇ ਵਿਕਾਸ ਵਿੱਚ ਨਿੱਜੀ ਖੇਤਰ ਦੀ ਵਧਦੀ ਭੂਮਿਕਾ 'ਤੇ ਕੇਂਦਰਤ ਰਹੀ। ਗੁਪਤਾ ਨੇ ਪੰਜਾਬ ਵਿੱਚ ਨਿਵੇਸ਼ ਦੇ ਮੌਕਿਆਂ ਅਤੇ ਪੰਜਾਬੀ ਨੌਜਵਾਨਾਂ ਲਈ ਰੁਜ਼ਗਾਰ ਪੈਦਾ ਕਰਨ ਦੀ ਜ਼ਰੂਰਤ ਨੂੰ ਅਡਾਨੀ ਨਾਲ ਸਾਂਝਾ ਕੀਤਾ। ਮੀਟਿੰਗ ਤੋਂ ਬਾਅਦ ਰਜਿੰਦਰ ਗੁਪਤਾ ਨੇ ਸੋਸ਼ਲ ਮੀਡੀਆ 'ਤੇ ਅਡਾਨੀ ਦੀ ਅਗਵਾਈ ਅਤੇ ਅਡਾਨੀ ਗਰੁੱਪ ਦੇ ਉਦਮਾਂ ਦੇ ਪਰਿਵਰਤਨਸ਼ੀਲ ਪੈਮਾਨੇ ਲਈ ਪ੍ਰਸੰਸਾ ਕੀਤੀ ਅਤੇ ਲਿਖਿਆ, 'ਅੱਜ ਅਹਿਮਦਾਬਾਦ ਵਿੱਚ ਗੌਤਮ ਅਡਾਨੀ ਨੂੰ ਮਿਲ ਕੇ ਬਹੁਤ ਖੁਸ਼ੀ ਹੋਈ। ਮੈਂ ਸੱਚਮੁੱਚ ਉਸ ਪੈਮਾਨੇ, ਗਤੀ ਅਤੇ ਪਹੁੰਚ ਤੋਂ ਪ੍ਰਭਾਵਤ ਹੋਇਆ ਹਾਂ, ਜਿਸ ਨਾਲ ਅਡਾਨੀ ਗਰੁੱਪ ਭਾਰਤ ਦੀ ਵਿਕਾਸ ਕਹਾਣੀ ਅਤੇ ਰਾਸ਼ਟਰ ਨਿਰਮਾਣ ਦੇ ਯਤਨਾਂ ਵਿੱਚ ਯੋਗਦਾਨ ਪਾ ਰਿਹਾ ਹੈ। ਉਨ੍ਹਾਂ ਕਿਹਾ ਕਿ ਦੂਰਦਰਸ਼ੀ ਸੋਚ ਵਾਲੇ ਸਨਅਤੀ ਆਗੂਆਂ ਨਾਲ ਗੱਲਬਾਤ ਕਰਨਾ ਬਹੁਤ ਲਾਭਕਾਰੀ ਤੇ ਪ੍ਰੇਰਨਾਦਾਇਕ ਹੈ, ਜੋ ਆਗੂ ਨਾ ਸਿਰਫ਼ ਇੱਕ ਮਜ਼ਬੂਤ ਭਾਰਤ ਦਾ ਸੁਪਨਾ ਦੇਖਦੇ ਹਨ, ਸਗੋਂ ਇੱਕ ਸਵੈ-ਨਿਰਭਰ ਅਤੇ ਖੁਸ਼ਹਾਲ ਭਾਰਤ ਬਣਾਉਣ ਲਈ ਠੋਸ ਕਦਮ ਵੀ ਚੁੱਕਦੇ ਹਨ।

## ਅੱਜ-ਨਾਮਾ

ਹੁੰਦਾ ਈ ਚੋਣਾਂ ਦਾ ਸ਼ੁਰੂ ਪ੍ਰਚਾਰ ਜਦ ਵੀ,
ਲੱਗ ਜਾਏ ਦੂਸ਼ਣਾਂ ਦੀ ਚੋਖੀ ਲੜੀ ਬੇਲੀ।
ਹਰ ਕੋਈ ਦੂਜੇ 'ਤੇ ਚਿੱਕੜ ਦੇ ਬੁੱਕ ਪਾਵੇ,
ਆਪਣੇ ਹੱਕ ਦੀ ਮਾਰੇ ਪਿਆ ਤੜੀ ਬੇਲੀ।
ਪਾਰਟੀ ਇੱਕ ਤੋਂ ਮੀਡੀਆ ਹੋਏ ਵਿਹਲਾ,
ਦੂਸਰੀ ਹੁੰਦੀ ਤਿਆਰੀ ਵਿੱਚ ਖੜੀ ਬੇਲੀ।
ਕੰਮ ਦੀ ਗੱਲ ਨਾ ਲੱਭੇ ਬਿਆਨ ਦੇ ਵਿੱਚ,
ਵੱਧ ਤਾਂ ਲੱਭਦੀ ਘੋਲੀ ਪਈ ਕੜ੍ਹੀ ਬੇਲੀ।
ਰੋਟੀ-ਰੋਜ਼ੀ ਨੇ ਪਹਿਲਾਂ ਪਈ ਮੱਤ ਮਾਰੀ,
ਕਰਦੇ ਵਾਧੂ ਦਾ ਨਾਲ ਖਿਲਵਾੜ ਲੀਡਰ।
ਸਮਝਦੇ ਲੀਡਰ ਤਾਂ ਲੋਕਾਂ ਨੂੰ ਸਦਾ ਬੁੱਧੂ,
ਕਰਦੇ ਨੇ ਸੱਤਾ ਦੇ ਨਿੱਤ ਜੁਗਾੜ ਲੀਡਰ।

-ਤੀਸ ਮਾਰ ਖਾਂ

## ਨਾਟਕਾਂ ਤੇ ਗੀਤਾਂ ਭਰੀ ਰਾਤ ਨੇ ਦਿੱਤਾ ਕਾਲੀਆਂ ਰਾਤਾਂ ਰੁਸ਼ਨਾਉਣ ਦਾ ਹੋਕਾ

### ਮੇਲਾ ਗਦਰੀ ਬਾਬਿਆਂ ਦਾ











**ਜਲੰਧਰ (ਕੇਸਰ)**

ਤਿੰਨ ਰੋਜ਼ਾ ਗ਼ਦਰੀ ਬਾਬਿਆਂ ਦੇ ਮੇਲੇ ਦੀ ਸਿਖ਼ਰਲੀ ਰਾਤ ਚੇਤਨਾ, ਸੰਗਰਾਮ ਅਤੇ ਮੁਕਤੀ ਦਾ ਪੈਗਾਮ ਵੰਡਦੇ ਚਾਨਣ ਨੇ ਰੁਸ਼ਨਾ ਦਿੱਤੀ। ਪ੍ਰੋ. ਅਜਮੇਰ ਸਿੰਘ ਔਲਖ ਦੇ ਲਿਖੇ, ਅਜਮੀਤ ਔਲਖ ਦੁਆਰਾ ਨਿਰਦੇਸ਼ਤ ਕੀਤੇ ਨਾਟਕ 'ਤੂੰ ਚਰਚਾ ਘੂਕਦਾ ਰੱਖ ਜਿੰਦੇ' ਦਾ ਮੰਚਣ ਲੋਕ ਕਲਾ ਮੰਚ ਮਾਨਸਾ ਦੀ ਟੀਮ ਵੱਲੋਂ ਕੀਤਾ ਗਿਆ। ਬਹੁਤ ਸਮਾਂ ਪਹਿਲਾਂ ਹੀ ਪ੍ਰੋ. ਅਜਮੇਰ ਸਿੰਘ ਔਲਖ ਦੀ ਬੌਧਿਕ ਸੰਵੇਦਨਾ ਅਤੇ ਦੂਰ-ਦ੍ਰਿਸ਼ਟੀ ਦੁਆਰਾ ਸੋਚੇ-ਵਿਚਾਰੇ ਇਸ ਨਾਟਕ ਨੇ ਗ਼ਦਰੀ ਗੁਲਾਬ ਕੌਰ ਦੇ ਵਿਛੋੜੇ ਦੀ ਸ਼ਤਾਬਦੀ ਮੌਕੇ ਇਸ ਇਤਿਹਾਸਕ ਧਰੋਹਰ ਨੂੰ ਮਾਣ-ਮੱਤਾ ਸਥਾਨ ਦਿੱਤਾ।

ਮਾਲਾ ਹਾਸ਼ਮੀ ਦੀ ਨਿਰਦੇਸ਼ਨਾ 'ਚ ਜਨ ਨਾਟਿਆ ਮੰਚ ਦਿੱਲੀ ਦੇ ਕਲਾਕਾਰਾਂ ਨੇ 'ਏਕ ਬੇਰੁਜ਼ਗਾਰ ਕੀ ਅਧੂਰੀ ਲਵ ਸਟੋਰੀ" ਨਾਟਕ ਰਾਹੀਂ ਹਕੂਮਤੀ ਦਰਬਾਰ ਦੇ ਲੋਕਾਂ ਨਾਲ ਕੀਤੇ ਜਾਂਦੇ ਛਲਾਵਿਆਂ ਦੀ ਫੂਕ ਕੱਢ ਕੇ ਰੱਖ ਦਿੱਤੀ। ਨਾਟਕ ਨੇ ਤਿੱਖੇ ਵਿਅੰਗ ਕੱਸੇ ਕਿ ਕਿਵੇਂ ਅਖੌਤੀ ਵਿਕਾਸ ਨੇ ਮੁਲਕ ਦੀ ਜੁਆਨੀ ਨੂੰ ਭੰਬਲਭੂਸੇ ਪਾਉਣ ਅਤੇ ਉਸ ਨੂੰ 'ਹਨੇਰ ਨਗਰੀ' ਵਿੱਚ ਧੱਕਣ ਲਈ ਮਜਬੂਰ ਕੀਤਾ ਜਾ ਰਿਹਾ ਹੈ। ਜਲੰਧਰ ਦੂਰਦਰਸ਼ਨ ਦੇ ਸਾਬਕਾ ਡਾਇਰੈਕਟਰ ਹਰਜੀਤ ਦਾ ਲਿਖਿਆ ਕੇਵਲ ਧਾਲੀਵਾਲ ਦੀ ਨਿਰਦੇਸ਼ਨਾ 'ਚ ਮੰਚ ਰੰਗਮੰਚ ਅੰਮ੍ਰਿਤਸਰ ਦੁਆਰਾ ਪੇਸ਼ ਨਾਟਕ 'ਸਾਂਦਲਬਾਰ' ਬਰਤਾਨਵੀ ਸਾਮਰਾਜ ਮੌਕੇ ਸਾਡੇ ਮੁਲਕ ਦੇ ਲੋਕਾਂ ਦੇ ਜ਼ਮੀਨਾਂ ਤੋਂ ਕੀਤੇ ਉਜਾੜੇ 'ਚੋਂ ਉਤਪੰਨ ਸੰਕਟ ਦੀ ਦਾਸਤਾਂ ਨੂੰ ਇਉਂ ਪੇਸ਼ ਕਰਨ 'ਚ ਸਫ਼ਲ ਰਿਹਾ ਕਿ ਕਦੇ ਛਲਾਵੇ 'ਚ ਲੈ ਕੇ ਕਦੇ ਜਬਰ ਦੇ ਜ਼ੋਰ ਧਰਤੀ ਜਾਏ ਕਿਰਤੀ ਕਿਸਾਨਾਂ ਨੂੰ ਉਜਾੜੇ ਦੇ ਮੂੰਹ ਧੱਕਣ ਦੀ ਕਹਾਣੀ ਹੀ ਦੁਹਰਾਈ ਜਾ ਰਹੀ ਹੈ। ਜਦੋਂ ਲੈਂਡ ਪੂਲਿੰਗ, ਜਬਰੀ ਜ਼ਮੀਨਾਂ ਖੋਹਣ, ਵੇਚਣ ਦਾ ਚੌਤਰਫ਼ਾ ਹੱਲਾ ਬੋਲਿਆ ਜਾ ਰਿਹਾ ਹੈ। ਇਹ ਨਾਟਕ ਸੰਕੇਤਕ ਤੌਰ 'ਤੇ ਸਾਡੀ ਨਜ਼ਰ ਪਵਾ ਗਿਆ ਕਿ ਖਿੱਤਾ ਆਦਿਵਾਸੀਆਂ ਦਾ ਹੋਵੇ ਜਾਂ ਪੰਜਾਬ ਦਾ, ਕਾਰਪੋਰੇਟ ਘਰਾਣਿਆਂ ਦੀ ਜ਼ ਮੀ ਨ ਾਂ

• ਬਾਕੀ ਸਫ਼ਾ 2 'ਤੇ

3-NOV-PAGE-1.qxd 11/2/2025 9:39 PM Page 2



## ਭਗਤਾ ਬਲਾਕ ਦੀ ਫੁੱਟਬਾਲ ਟੀਮ ਨੇ ਸੋਨ ਤਮਗਾ ਜਿੱਤਿਆ



**ਬਠਿੰਡਾ (ਰਾਜਿੰਦਰ ਗੋਇਲ)**-ਸਿੱਖਿਆ ਵਿਭਾਗ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਅੰਡਰ-11 ਪ੍ਰਾਇਮਰੀ ਸਕੂਲ ਖੇਡਾਂ ਮਾਣਯੋਗ ਜ਼ਿਲ੍ਹਾ ਸਿੱਖਿਆ ਅਫ਼ਸਰ ਮੈਡਮ ਮਨਿੰਦਰ ਕੌਰ ਦੀ ਅਗਵਾਈ ਹੇਠ ਗੁਰਪ੍ਰੀਤ ਸਿੰਘ ਜ਼ਿਲ੍ਹਾ ਸਪੋਰਟਸ ਕੁਆਰਡੀਨੇਟਰ ਦੀ ਦੇਖ-ਰੇਖ ਹੇਠ ਗੁਰੂ ਕਾਸ਼ੀ ਯੂਨੀਵਰਸਿਟੀ ਕੈਂਪਸ ਤਲਵੰਡੀ ਸਾਬੋ ਵਿਖੇ ਕਰਵਾਈਆਂ ਗਈਆਂ, ਜਿਸ ਵਿੱਚ ਜ਼ਿਲ੍ਹੇ ਭਰ ਦੇ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਦੇ ਖਿਡਾਰੀਆਂ ਨੇ ਭਾਗ ਲਿਆ।ਇਨ੍ਹਾਂ ਖੇਡਾਂ ਵਿੱਚ ਸਿੱਖਿਆ ਬਲਾਕ ਭਗਤਾ ਭਾਈਕਾ ਨੇ ਸ਼ਾਨਦਾਰ ਕਾਰਗੁਜ਼ਾਰੀ ਦਿਖਾਈ।ਭਗਤਾ ਭਾਈਕਾ ਬਲਾਕ ਦੀ ਫੁੱਟਬਾਲ ਟੀਮ, ਜੋ ਸਰਕਾਰੀ ਪ੍ਰਾਇਮਰੀ ਸਕੂਲ ਆਕਲੀਆ ਜਲਾਲ ਦੀ ਅਗਵਾਈ ਵਿੱਚ ਖੇਡੀ, ਨੇ ਪੂਰੇ ਜ਼ਿਲ੍ਹੇ ਨੂੰ ਪਛਾੜ ਕੇ ਸੋਨ ਤਮਗਾ ਜਿੱਤਿਆ।ਗੁਰਵਿੰਦਰ ਸਿੰਘ ਆਕਲੀਆ ਜਲਾਲ ਦੀ ਖੇਡ ਪੂਰੇ ਟੂਰਨਾਮੈਂਟ ਵਿੱਚ ਬਾਕਮਾਲ ਸੀ। ਜਗਸੀਰ ਸਿੰਘ ਸੀ ਐੱਚ ਟੀ ਨੇ ਦੱਸਿਆ ਕਿ ਇਸ ਟੀਮ ਨੇ ਸਟੇਟ ਪੱਧਰ ਖੇਡਣਾ ਹੈ।ਇਸੇ ਤਰ੍ਹਾਂ ਕਬੱਡੀ ਸਰਕਲ ਵਿੱਚ ਭਗਤਾ ਭਾਈਕਾ ਬਲਾਕ ਦੋਇਮ ਰਿਹਾ।ਕੁਸ਼ਤੀ 25 ਕਿੱਲੋ ਵਿੱਚ ਪਹਿਲਾ ਸਥਾਨ ਭਗਤਾ ਭਾਈਕਾ ਦੇ ਹਿੱਸੇ ਆਇਆ।ਤੈਰਾਕੀ ਤੇ ਕਰਾਟੇ ਦੀਆਂ ਟੀਮਾਂ ਨੇ ਜਿੱਤ ਪ੍ਰਾਪਤ ਕਰਕੇ ਸਟੇਟ ਪੱਧਰ 'ਤੇ ਆਪਣੀ ਹਾਜ਼ਰੀ ਲਗਵਾਈ।ਫੁੱਟਬਾਲ ਟੀਮ ਇੰਚਾਰਜ ਗੁਰਪ੍ਰੀਤ ਕੌਰ, ਬੂਟਾ ਸਿੰਘ ਆਕਲੀਆ ਨੂੰ ਦਿਲਬਾਗ ਸਿੰਘ ਬੀ ਪੀ ਈ ਓ ਭਗਤਾ, ਜਗਵਿੰਦਰ ਸਿੰਘ ਬਰਾੜ, ਹਰਜਿੰਦਰ ਸਿੰਘ ਸੇਮਾ, ਹਰਜੀਤ ਸਿੰਘ, ਗੁਰਬਖਸ਼ ਸਿੰਘ ਤੇ ਬੂਟਾ ਸਿੰਘ ਸੁਨਾਮੀ ਨੇ ਵਧਾਈ ਦਿੱਤੀ।ਇਸ ਮੌਕੇ ਚਰਨਜੀਤ ਕੌਰ, ਪਰਮਿੰਦਰ ਪਾਲ ਕੌਰ, ਜਸਵੀਰ ਕੌਰ, ਬਲਜੀਤ ਕੌਰ ਗਿੱਲ ਤੇ ਐੱਸ ਐੱਮ ਸੀ ਚੇਅਰਪਰਸਨ ਹਾਜ਼ਰ ਸਨ।

# ਵਿਭਾਗ ਨੂੰ ਵਾਰ-ਵਾਰ ਫਰਿਆਦ ਕਰਨ 'ਤੇ ਵੀ ਨਹੀਂ ਆ ਰਹੀ ਡੀ ਏ ਪੀ ਖਾਦ : ਕਿਸਾਨ ਆਗੂ



**ਪਾਤੜਾਂ (ਰਾਜ ਸਿੰਗਲਾ)**- ਸਹਿਕਾਰੀ ਸਭਾਵਾਂ ਵਿੱਚ ਡੀਏਪੀ ਨਹੀਂ ਮਿਲ ਰਹੀ ਤੇ ਸਰਕਾਰ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਨਾ ਆਉਣ ਦੇ ਦਾਅਵੇ ਕਰ ਰਹੀ ਹੈ।ਬਜ਼ਾਰ ਵਿੱਚ ਕਾਲਾਬਾਜ਼ਾਰੀ ਕਰਨ ਵਾਲਿਆਂ ਤੋਂ ਕਿਸਾਨ ਡੇਢ ਗੁਣਾਂ ਮਹਿੰਗੇ ਭਾਅ 'ਤੇ ਡੀਏਪੀ ਤੇ ਯੂਰੀਆ ਖ੍ਰੀਦਣ ਲਈ ਮਜਬੂਰ ਹਨ। ਪੰਜਾਬ ਸਰਕਾਰ ਦੇ ਅਧਿਕਾਰੀਆਂ ਦੀ ਸ਼ਹਿ 'ਤੇ ਕਿਸਾਨਾਂ ਦੀ ਚਿੱਟੇ ਦਿਨ ਲੁੱਟ ਹੋ ਰਹੀ ਹੈ, ਜਦਕਿ ਸਰਕਾਰ ਆਪਣੇ ਬਿਆਨਾਂ ਵਿੱਚ ਕਿਸਾਨ ਹਤੈਸ਼ੀ ਹੋਣ ਦਾ ਢੰਡੋਰਾ ਪਿੱਟ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਿਸਾਨ ਆਗੂ ਤੇ ਸ਼ੁਤਰਾਣਾ ਦੇ ਸਾਬਕਾ ਸਰਪੰਚ ਸਤਨਾਮ ਸਿੰਘ ਵੜੈਚ ਸਹਿਕਾਰੀ ਸਭਾ ਸ਼ੁਤਰਾਣਾ ਦੇ ਪ੍ਰਧਾਨ ਰਾਜ ਸਿੰਘ ਢੱਬਰ ਸਾਬਕਾ ਸਰਪੰਚ ਵਧਾਵਾ ਸਿੰਘ, ਸਾਬਕਾ ਸਰਪੰਚ ਬਲਵੰਤ ਸਿੰਘ ਤੇ ਨੰਬਰਦਾਰ ਅਮਰੀਕ ਸਿੰਘ ਆਦਿ ਨੇ ਦੱਸਿਆ ਕਿ ਉਨ੍ਹਾਂ ਦੇ ਪਿੰਡ ਦੀ ਸਹਿਕਾਰੀ ਸਭਾ ਵਿੱਚ 1200 ਦੇ ਕਰੀਬ ਕਿਸਾਨ ਮੈਂਬਰ ਹਨ, ਜਿਨ੍ਹਾਂ ਦੀ ਮੰਗ ਮੁਤਾਬਕ 4000 ਬੈਗ ਦੇ ਲਗਭਗ ਡੀਏਪੀ ਖਾਦ ਦੀ ਮੰਗ ਸਰਕਾਰ ਨੂੰ ਬੜਾ ਚਿਰ ਪਹਿਲਾਂ ਭੇਜੀ ਜਾ ਚੁੱਕੀ ਹੈ, ਪਰ ਹੁਣ ਤੱਕ ਕੇਵਲ 1400 ਬੈਗ, ਜਿਸ ਵਿੱਚ 700 ਟੀਐੱਸਪੀ ਤੇ 700 ਬੈਗ ਐੱਨ ਪੀ ਕੇ ਸਣੇ 500 ਗੱਟਾ ਡੀ ਏ ਪੀ ਖਾਦ ਭੇਜੀ ਗਈ ਹੈ। ਉਨ੍ਹਾਂ ਦੱਸਿਆ ਕਿ ਟੀਐੱਸਪੀ ਖਾਦ ਵਿੱਚ ਨਾਈਟ੍ਰੋਜਨ ਨਹੀਂ ਹੁੰਦੀ, ਜਿਸ ਕਾਰਨ ਕਿਸਾਨਾਂ ਦੀ ਕਣਕ ਉੱਗਣ ਸਮੇਂ ਨਾਈਟਰੋਜਨ ਦੀ ਥੋੜ ਕਾਰਨ ਕਮਜ਼ੋਰ ਰਹਿ ਜਾਂਦੀ ਹੈ ਤੇ ਐੱਨ ਪੀ ਕੇ ਖਾਦ ਵਿੱਚ ਪੂਰੀ ਮਾਤਰਾ ਵਿੱਚ ਫਾਸਫੋਰਸ ਦੀ ਮਾਤਰਾ ਨਹੀਂ ਹੁੰਦੀ, ਜਿਸ ਸਦਕਾ ਜ਼ਮੀਨ ਨੂੰ ਲੋੜ ਮੁਤਾਬਿਕ ਡਾਈ ਅਮੋਨੀਆ ਤੱਤ ਮੁਹੱਈਆ ਨਹੀਂ ਹੁੰਦਾ ਅਤੇ ਝਾੜ 'ਤੇ ਮਾੜਾ ਅਸਰ ਪੈਂਦਾ ਹੈ।ਇਸ ਲਈ ਕਿਸਾਨ ਇਨ੍ਹਾਂ ਖਾਦਾਂ ਨੂੰ ਨਹੀਂ ਖਰੀਦ ਰਹੇ ਹਨ।ਉਨ੍ਹਾਂ ਸਰਕਾਰ 'ਤੇ ਦੋਸ਼ ਲਾਉਂਦਿਆਂ ਕਿਹਾ ਕਿ ਸਹਿਕਾਰੀ ਸਭਾਵਾਂ ਵਿੱਚ ਮੰਗ ਮੁਤਾਬਕ ਡੀਏਪੀ ਨਹੀਂ ਭੇਜੀ ਜਾ ਰਹੀ, ਉੱਤੋਂ ਕਣਕ ਦੀ ਬਜਾਈ ਦਾ ਸਮਾਂ ਆਉਣ ਕਰਕੇ ਕਿਸਾਨ ਬਾਜ਼ਾਰ ਵਿੱਚੋਂ 1350 ਰੁਪਏ ਬੈਗ ਵਾਲਾ ਡੀਏਪੀ 1800 ਰੁਪਏ ਤੋਂ ਵੱਧ ਕੀਮਤ 'ਤੇ ਖ੍ਰੀਦਣ ਲਈ ਮਜਬੂਰ ਹੈ, ਜਦਕਿ 267 ਰੁਪਏ ਮਿਲਣ ਵਾਲਾ ਯੂਰੀਆ ਵੀ 350 ਰੁਪਏ ਤੋਂ ਉੱਪਰ ਕਾਲਾ ਬਜ਼ਾਰੀ ਰਾਹੀਂ ਕਿਸਾਨਾਂ ਨੂੰ ਦਿੱਤਾ ਜਾ ਰਿਹਾ ਹੈ।ਇਸ ਤੋਂ ਇਲਾਵਾ ਕਿਸਾਨਾਂ ਨੂੰ ਖਾਦ ਨਾਲ ਹੋਰ ਬਹੁਤ ਕੁਝ ਨਜਾਇਜ਼ ਤੌਰ 'ਤੇ ਦਿੱਤਾ ਜਾ ਰਿਹਾ ਹੈ, ਜਿਸ ਦੀ ਕਿਸਾਨਾਂ ਨੂੰ ਕਣਕ ਦੀ ਫਸਲ ਵਿੱਚ ਕੋਈ ਜ਼ਰੂਰਤ ਨਹੀਂ ਹੁੰਦੀ ਹੈ।ਉਨ੍ਹਾਂ ਕਿਹਾ ਕਿ ਇਹ ਕਾਲਾ ਬਜ਼ਾਰੀ ਸਰਕਾਰ ਦੀ ਸ਼ਹਿ 'ਤੇ ਹੋ ਰਹੀ ਹੈ, ਜਿਸ ਸਦਕਾ ਕਿਸਾਨਾਂ ਨੂੰ ਲੋੜ ਤੋਂ ਘੱਟ ਝਾੜ ਤੇ ਸਸਤੀ ਵਿਕਦੀ ਫਸਲ ਕਰਕੇ ਆਰਥਿਕ ਮੰਦਹਾਲੀ ਦਾ ਮਾਰਿਆ ਅੰਨਦਾਤਾ ਆਰਥਿਕ ਬੋਝ ਹੇਠ ਦੱਬਦਾ ਜਾ ਰਿਹਾ ਹੈ।ਉਨ੍ਹਾਂ ਮੁੱਖ ਸਕੱਤਰ ਪੰਜਾਬ ਸਰਕਾਰ, ਮੁੱਖ ਸਕੱਤਰ ਖੇਤੀਬਾੜੀ ਵਿਭਾਗ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੱਛੜੇ ਹੋਏ ਹਲਕਾ ਸ਼ੁਤਰਾਣਾ ਨੂੰ ਤਰਜੀਹ ਦੇ ਅਧਾਰ 'ਤੇ ਡੀਏਪੀ ਖਾਦ ਮੁਹੱਈਆ ਕਰਵਾਈ ਜਾਵੇ।ਇਸ ਮੌਕੇ ਸੁਖਦੇਵ ਸਿੰਘ ਨੰਬਰਦਾਰ ਰਸੌਲੀ, ਜੰਗ ਸਿੰਘ, ਬਲਬੀਰ ਸਿੰਘ ਪੂਹਲੇਵਾਲ, ਸੱਤਪਾਲ ਰਸੌਲੀ, ਰਾਜ ਕੁਮਾਰ ਆਦਿ ਹਾਜ਼ਰ ਸਨ।

## ਐੱਸ ਡੀ ਐੱਮ ਨਾਲ ਐਕਸ਼ਨ ਕਮੇਟੀ ਦੀ ਮੀਟਿੰਗ ਹੋਈ



**ਬੱਧਨੀ ਕਲਾਂ (ਲਵਲੀ ਕੁਮਾਰ)**-ਐਸ.ਡੀ.ਐਮ ਨਿਹਾਲ ਸਿੰਘ ਵਾਲਾ ਵੱਲੋਂ ਭੇਜੇ ਵਫ਼ਦ ਨਾਲ ਐਕਸ਼ਨ ਕਮੇਟੀ ਦੀ ਮੀਟਿੰਗ ਹੋਈ, ਜਿਸ 'ਚ ਐਕਸ਼ਨ ਕਮੇਟੀ ਮਕਾਨ ਮਾਲਕਾਂ ਵੱਲੋਂ ਫ਼ੈਸਲਾ ਲਿਆ ਗਿਆ ਕਿ ਉਹ ਕਿਸੇ ਵੀ ਕੀਮਤ 'ਤੇ ਆਪਣੇ ਮਕਾਨ ਖ਼ਰਾਬ ਨਹੀਂ ਹੋਣ ਦੇਵੇਗਾ। ਇਸ ਤੋਂ ਇਲਾਵਾ ਜੇਕਰ ਕਿਸੇ ਮਕਾਨ ਮਾਲਕ ਜਾਂ ਕਿਸੇ ਦੁਕਾਨਦਾਰ ਦਾ ਕੋਈ ਨੁਕਸਾਨ ਹੁੰਦਾ ਹੈ ਤਾਂ ਉਸਦੀ ਜ਼ਿੰਮੇਵਾਰੀ ਨੈਸ਼ਨਲ ਹਾਈਵੇ ਦੀ ਹੋਵੇਗੀ।ਇਸ ਤੋਂ ਇਲਾਵਾ ਜੋ ਸਰਕਾਰ ਮੁਆਵਜ਼ਾ ਨਹੀਂ ਦੇ ਰਹੀ ਉਹ ਕਿਸੇ ਤਰ੍ਹਾਂ ਵੀ ਸਵੀਕਾਰਨਯੋਗ ਨਹੀਂ ਹੈ। ਇਸ ਲਈ ਮਕਾਨ ਮਾਲਕ ਆਪਣੇ ਮਕਾਨ ਕਿਸੇ ਵੀ ਕੀਮਤ 'ਤੇ ਸਰਕਾਰ ਜਾਂ ਨੈਸ਼ਨਲ ਹਾਈਵੇਅ ਨੂੰ ਨਹੀਂ ਦਿੱਤੇ ਜਾਣਗੇ। ਐਸ.ਡੀ.ਐਮ ਨਿਹਾਲ ਸਿੰਘ ਵਾਲਾ ਵੱਲੋਂ ਭੇਜੇ ਗਏ ਵਫ਼ਦ ਨੂੰ ਆਪਣਾ ਮੰਗ ਪੱਤਰ ਦਿੱਤਾ ਗਿਆ, ਜਿਸ ਨੂੰ ਵਫ਼ਦ ਵੱਲੋਂ ਵਿਸ਼ਵਾਸ ਦਿਵਾਇਆ ਕਿ ਉਹ ਐਸ.ਡੀ.ਐਮ ਨੂੰ ਇਹ ਮੰਗ ਪੱਤਰ ਦਿੱਤਾ ਜਾਵੇਗਾ।ਧਰਨੇ ਨੂੰ ਕਿਸਾਨ ਆਗੂ ਸਰਬਜੀਤ ਸਿੰਘ, ਮਾਛੀਕੇ ਬਿੱਕਰ ਸਿੰਘ ਸੂਬਾ ਪ੍ਰੈੱਸ ਸਕੱਤਰ ਸ਼ੇਰੇ ਏ ਪੰਜਾਬ ਕਿਸਾਨ ਯੂਨੀਅਨ, ਆਤਮਾ ਸਿੰਘ ਧੂੜਕੋਟ ਜ਼ਿਲ੍ਹਾ ਪ੍ਰਧਾਨ ਸ਼ੇਰ ਏ ਪੰਜਾਬ ਕਿਸਾਨ ਯੂਨੀਅਨ ਮੋਗਾ, ਮੇਜਰ ਮਾਨ ਰੌਂਤਾ, ਗੁਰਦੇਵ ਸਿੰਘ ਪੱਤੋਂ ਹੀਰਾ ਸਿੰਘ ਤੋਂ ਇਲਾਵਾ ਐਕਸ਼ਨ ਕਮੇਟੀ ਦੇ ਮੈਂਬਰ ਹਰਜਿੰਦਰ ਸਿੰਘ ਪ੍ਰਧਾਨ, ਜਸਵੀਰ ਕੌਰ ਭੱਟੀ, ਸੁਖਦੀਪ ਕੌਰ, ਕਮਲਜੀਤ ਕੌਰ, ਪਿਆਰਾ ਸਿੰਘ ਭੱਟੀ, ਸ਼ਿੰਦਰਪਾਲ ਸਿੰਘ, ਮੋਤੀ ਸਿੰਘ, ਰੁਪਿੰਦਰ ਸਿੰਘ, ਹਰਬੰਸ ਸਿੰਘ, ਭੁਪਿੰਦਰ ਸਿੰਘ, ਗੁਰਮੇਲ ਕੌਰ, ਜਸਵੀਰ ਕੌਰ, ਪਰਮਜੀਤ ਕੌਰ, ਕਿਰਨਜੀਤ ਕੌਰ, ਕੁਲਵੰਤ, ਜਗਦੇਵ ਸਿੰਘ, ਗੁਰਤੇਜ ਸਿੰਘ, ਲਖਵੀਰ ਸਿੰਘ, ਸੁਖਜੀਤ ਕੌਰ, ਗੁਰਪ੍ਰੀਤ ਸਿੰਘ, ਅਵਤਾਰ ਸਿੰਘ ਸਾਬਕਾ ਸਰਪੰਚ, ਹਰਪ੍ਰੀਤ ਸਿੰਘ ਬਰਾੜ, ਮਹਿਕਪ੍ਰੀਤ ਸਿੰਘ ਤੇ ਅਨਮੋਲ ਸਿੰਘ ਆਦਿ ਹਾਜ਼ਰ ਸਨ।

## ਮਹਿਲਾ ਅਗਰਵਾਲ ਸਭਾ ਦੇ ਅਹੁਦੇਦਾਰਾਂ ਬੱਚਿਆਂ ਨੂੰ ਸਟੇਸ਼ਨਰੀ ਵੰਡੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਮਹਿਲਾ ਅਗਰਵਾਲ ਸਭਾ ਸ੍ਰੀ ਮੁਕਤਸਰ ਸਾਹਿਬ ਦੇ ਅਹੁਦੇਦਾਰ ਤੇ ਮੈਂਬਰ ਪ੍ਰਧਾਨ ਡਾ. ਦੀਪਿਕਾ ਗੋਇਲ ਦੀ ਅਗਵਾਈ 'ਚ ਜਲਾਲਾਬਾਦ ਰੋਡ ਸਥਿਤ ਰਾਮਾ ਕ੍ਰਿਸ਼ਨਾ ਮਿਡਲ ਸਕੂਲ ਸ੍ਰੀ ਮੁਕਤਸਰ ਸਾਹਿਬ ਪੁੱਜੇ।ਇਸ ਮੌਕੇ ਉਨ੍ਹਾਂ ਨਾਲ ਮਹਿਲਾ ਅਗਰਵਾਲ ਸਭਾ ਦੇ ਅਹੁਦੇਦਾਰ ਤੇ ਮੈਂਬਰ ਸਾਇਨਾ ਗਰਗ, ਰੀਤੂ ਬਾਂਸਲ, ਟੀਨਾ ਮੈਡਮ, ਵੀਨੂੰ ਗਰਗ, ਰੂਬੀ ਗੋਇਲ, ਸੁਨੀਤਾ ਧੂੜੀਆ ਤੇ ਦੀਪਿਕਾ ਗੋਇਲ ਮੌਜੂਦ ਸਨ।ਇਸ ਮੌਕੇ ਅਗਰਵਾਲ ਸਭਾ ਰਜਿ: ਪੰਜਾਬ ਸ੍ਰੀ ਮੁਕਤਸਰ ਸਾਹਿਬ ਸਾਹਿਬ ਦੇ ਪ੍ਰਧਾਨ ਤਰਸੇਮ ਗੋਇਲ, ਸ਼ਾਮ ਲਾਲ ਗੋਇਲ, ਸੁਨੀਲ ਜੈਨ ਤੇ ਸੰਜੀਵ ਗਰਗ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਮੋਨਿਕਾ ਪੂਜਾ ਨੇ ਉਨ੍ਹਾਂ ਨੂੰ ਜੀ ਆਇਆਂ ਆਖਿਆ।ਮਹਿਲਾ ਅਗਰਵਾਲ ਸਭਾ ਦੇ ਪ੍ਰਧਾਨ ਡਾ. ਦੀਪਿਕਾ ਗੋਇਲ ਨੇ ਬੱਚਿਆਂ ਨੂੰ ਸਟੇਸ਼ਨਰੀ ਦੇ ਨਾਲ ਨਾਲ ਰਿਫਰੈਸ਼ਮੈਂਟ ਵੀ ਦਿੱਤੀ।ਇਸ ਮੌਕੇ ਡਾ. ਦੀਪਿਕਾ ਗੋਇਲ ਨੇ ਬੱਚਿਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦਿਆਂ ਕਿਹਾ ਕਿ ਸਾਨੂੰ ਅਜਿਹੇ ਬੱਚਿਆਂ ਦਾ ਸਹਾਰਾ ਬਣਨਾ ਚਾਹੀਦਾ ਹੈ, ਜੋ ਪੜ੍ਹਾਈ ਦਾ ਖਰਚਾ ਕਰਨ 'ਚ ਅਸਮਰੱਥ ਹਨ।ਇਸ ਮੌਕੇ ਮਹਿਲਾ ਅਗਰਵਾਲ ਸਭਾ ਵੱਲੋਂ ਸਕੂਲ ਦੇ ਸਮੁੱਚੇ ਸਟਾਫ ਨੂੰ ਮਿਠਾਈ ਦੇ ਡੱਬੇ ਦੇ ਕੇ ਸਨਮਾਨਤ ਕੀਤਾ ਤੇ ਆਖਰ 'ਚ ਸਕੂਲ ਪ੍ਰਿੰਸੀਪਲ ਮੈਡਮ ਮੋਨਿਕਾ ਤੇ ਸਟਾਫ ਵੱਲੋਂ ਮਹਿਲਾ ਅਗਰਵਾਲ ਸਭਾ ਦੇ ਅਹੁਦੇਦਾਰਾਂ ਨੂੰ ਸਨਮਾਨਤ ਕੀਤਾ ਗਿਆ।

## ਸਰਵਹਿੱਤਕਾਰੀ ਸੀਨੀ. ਸੈਕੰ. ਸਕੂਲ 'ਚ ਸਪਤ ਸ਼ਕਤੀ ਸੰਗਮ ਪ੍ਰੋਗਰਾਮ ਕਰਾਇਆ



**ਜਗਰਾਉਂ (ਅਮਿਤ ਖੰਨਾ)**-ਸ੍ਰੀਮਤੀ ਸਤੀਸ਼ ਗੁਪਤਾ ਸਰਵਹਿੱਤਕਾਰੀ ਵਿੱਦਿਆ ਮੰਦਿਰ ਸੀਨੀਅਰ ਸੈਕੰਡਰੀ ਸਕੂਲ ਜਗਰਾਉਂ ਵਿਖੇ ਸਪਤ ਸ਼ਕਤੀ ਸੰਗਮ ਪ੍ਰੋਗਰਾਮ ਕਰਵਾਇਆ ਗਿਆ।ਇਸ ਮੌਕੇ ਸਕੂਲ ਪ੍ਰਿੰਸੀਪਲ ਸ੍ਰੀਮਤੀ ਨੀਲੂ ਨਰੂਲਾ ਨੇ ਇਸ ਪ੍ਰੋਗਰਾਮ ਦੀ ਪ੍ਰਸਤਾਵਨਾ ਵਿੱਚ ਦੱਸਿਆ ਕਿ ਭਾਰਤੀ ਨਾਰੀ ਇੱਕ ਇਸਤਰੀ ਨਹੀਂ ਹੈ, ਇੱਕ ਸੰਪੂਰਨ ਸ਼ਕਤੀ ਹੈ, ਜਿਸ ਵਿੱਚ ਨਾਰੀ ਦੇ ਸੱਤ ਗੁਣਾਂ ਦਾ ਅਨੁਭਵ ਹੈ। ਇਸ ਤੋਂ ਬਾਅਦ ਸਰਵਹਿੱਤਕਾਰੀ ਸਕੂਲ ਦੀਆਂ ਵਿਦਿਆਰਥਣਾਂ ਵੱਲੋਂ ਸਮੂਹ ਗੀਤ ਪੇਸ਼ ਕੀਤਾ ਗਿਆ। ਇਸ ਤੋਂ ਬਾਅਦ ਸ੍ਰੀਮਤੀ ਰੀਚਾ ਗੋਇਲ, ਜੋ ਰਿਗਸ ਇੰਟਰਨੈਸ਼ਨਲ ਪਬਲਿਕ ਸਕੂਲ ਦੀ ਪ੍ਰਿੰਸੀਪਲ ਹਨ, ਨੇ ਆਪਣੇ ਵਿਚਾਰ ਦਿੰਦਿਆਂ ਕਿਹਾ ਕਿ ਇਸਤਰੀ ਇੱਕ ਵਿਸਤ੍ਰਿਤ ਰੂਪ ਹੈ, ਨਾਰੀ ਦਾ ਕੋਈ ਵੀ ਦੁਸ਼ਮਣ ਨਹੀਂ ਹੁੰਦਾ।ਉਨ੍ਹਾਂ ਦੱਸਿਆ ਕਿ ਇੱਕ ਔਰਤ ਦਾ ਆਦਰਸ਼ ਜੀਜਾ-ਬਾਈ ਦੀ ਤਰ੍ਹਾਂ ਹੋਣਾ ਚਾਹੀਦਾ ਹੈ।ਸ੍ਰੀਮਤੀ ਮੂਨ ਝੰਜੀ ਨੇ 'ਪਰਿਵਾਰਕ ਗਿਆਨ ਤੇ ਵਾਤਾਵਰਣ' ਬਾਰੇ ਭਾਰਤੀ ਦ੍ਰਿਸ਼ਟੀਕੋਣ ਦੀ ਵਿਆਖਿਆ ਕੀਤੀ।ਸ੍ਰੀਮਤੀ ਚੰਦਰਾ ਪ੍ਰਭਾ, ਜੋ ਸਰਕਾਰੀ ਗਰਲਜ਼ ਸਕੂਲ ਜਗਰਾਉਂ ਤੋਂ ਲੈਕਚਰਾਰ ਦੇ ਰੂਪ ਵਿੱਚ ਸੇਵਾ-ਮੁਕਤ ਹਨ, ਨੇ ਨਾਰੀ ਪ੍ਰਤੀ ਵਿਚਾਰ ਦਿੰਦਿਆਂ ਦੱਸਿਆ ਕਿ ਨਾਰੀ ਇਕ ਸਰਵ-ਸ਼ਕਤੀ ਹੈ, ਕਿਉਂਕਿ ਘਰ ਦੇ ਸਾਰੇ ਕੰਮ ਇੱਕ ਨਾਰੀ ਦੁਆਰਾ ਕੀਤੇ ਜਾਂਦੇ ਹਨ।ਨਾਰੀ ਨੂੰ ਰਾਸ਼ਟਰ ਦੀ ਦੇਵੀ ਵੀ ਕਿਹਾ ਜਾਂਦਾ ਹੈ।ਸ੍ਰੀਮਤੀ ਵੀਰਪਾਲ ਕੌਰ ਨੂੰ ਉੱਤਮ ਅਧਿਆਪਕ ਵਜੋਂ ਭੂਮਿਕਾ ਨਿਭਾਉਣ ਤੇ ਸ਼੍ਰੀਮਤੀ ਕੰਚਨ ਗੁਪਤਾ ਨੂੰ ਵਾਤਾਵਰਨ ਨੂੰ ਪ੍ਰਦੂਸ਼ਣ ਮੁਕਤ ਰੱਖਣ ਵਿੱਚ ਮੁੱਖ ਭੂਮਿਕਾ ਨਿਭਾਉਣ ਵਜੋਂ ਵਿਸ਼ੇਸ਼ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਅਖੀਰ ਵਿੱਚ ਅਨੁਪਮ ਸੂਦ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।ਇਸ ਤੋਂ ਬਾਅਦ ਸਾਰਿਆਂ ਨੂੰ ਮਾਤਰ ਸ਼ਕਤੀ ਲਈ ਸੁੰਹ ਚੁਕਾਈ ਗਈ।

## ਪਾਥਵੇਜ਼ ਸਕੂਲ 'ਚ ਬੱਚਿਆਂ ਨੇ ਮਨਾਇਆ ਹੈਲੋਵੀਨ ਡੇਅ



**ਕੋਟ ਈਸੇ ਖਾਂ (ਅਰੋੜਾ)**-ਪਾਥਵੇਜ਼ ਗਲੋਬਲ ਸਕੂਲ ਕੋਟ ਈਸੇ ਖਾਂ ਵਿਖੇ ਹੈਲੋਵੀਨ ਡੇਅ ਬਹੁਤ ਹੀ ਧੂੰਮ-ਧਾਮ ਨਾਲ ਮਨਾਇਆ ਗਿਆ।ਇਸ ਦਿਨ ਨਾਲ ਸੰਬੰਧਤ ਇੱਕ ਵਿਸ਼ੇਸ਼ ਪ੍ਰੋਗਰਾਮ ਕੀਤਾ ਗਿਆ, ਜਿਸ ਵਿੱਚ ਕਿੰਡਰ ਗਾਰਟਨ ਵਿੰਗ ਦੇ ਕੋਆਡੀਨੇਟਰ ਮੈਡਮ ਮਹਿਕ ਗਿੱਲ ਦੇ ਯਤਨਾਂ ਸਦਕਾ ਸਾਰੇ ਹੀ ਬੱਚਿਆਂ ਤੇ ਅਧਿਆਪਕਾਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ।ਇਸ ਦਿਨ ਛੋਟੇ ਛੋਟੇ ਬੱਚਿਆਂ ਨੇ ਬਹੁਤ ਹੀ ਦਿਲ ਖਿਚਵੀਆਂ ਪੁਸ਼ਾਕਾਂ ਪਹਿਨ ਕੇ ਸਭ ਦਾ ਮਨ ਮੋਹ ਲਿਆ।ਬੱਚਿਆਂ ਤੇ ਅਧਿਆਪਕਾਂ ਨੇ ਗੋਸ਼ਟ, ਗੋਸ਼ਟ ਹੰਟਰ, ਸੁਪਰ ਹੀਰੋ ਆਦਿ ਦੇ ਕਿਰਦਾਰ ਨਿਭਾਉਂਦੇ ਹੋਏ ਖੂਬ ਡਾਂਸ ਕੀਤਾ ਅਤੇ ਇਸ ਦਿਨ ਦੀ ਖੁਸ਼ੀ ਨੂੰ ਹੋਰ ਵਧਾਇਆ।ਅਧਿਆਪਕਾਂ ਵੱਲੋਂ ਕੀਤੀ ਗਈ ਕਿੰਨਰ ਵਿੰਗ ਦੀ ਸ਼ਾਨਦਾਰ ਸਜਾਵਟ ਨੇ ਸਭ ਦਾ ਮਨ ਮੋਹ ਲਿਆ। ਇਸ ਮੌਕੇ ਸਕੂਲ ਦੇ ਕਮੇਟੀ ਮੈਂਬਰ ਮਾਨਯੋਗ ਚੇਅਰਮੈਨ ਸੁਰਜੀਤ ਸਿੰਘ ਸਿੱਧੂ, ਪ੍ਰਧਾਨ ਡਾ. ਅਨਿਲਜੀਤ ਕੰਬੋਜ, ਵਾਈਸ ਚੇਅਰਮੈਨ ਅਵਤਾਰ ਸਿੰਘ ਸੌਂਦ, ਚਾਹਤ ਕੰਬੋਜ, ਸਤਨਾਮ ਸਿੰਘ ਸੌਂਦ, ਗੁਰਪ੍ਰੀਤ ਸਿੰਘ ਸਿੱਧੂ ਕੌਂਸਲਰ, ਜੋਗਿੰਦਰ ਸਿੰਘ ਸਰਪੰਚ, ਜਸਵਿੰਦਰ ਸਿੰਘ ਸਿੱਧੂ, ਸਿਮਰਨਜੀਤ ਸਿੰਘ ਸਿੱਧੂ ਤੇ ਪ੍ਰਿੰਸੀਪਲ ਡਾਕਟਰ ਅਰਵਿੰਦ ਕੁਮਾਰ ਸ਼ਰਮਾ ਨੇ ਸਾਰੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕੀਤੀ।

## ਪੰਜਾਬੀ ਯੂਨੀਵਰਸਿਟੀ ਮਾਡਲ ਸਕੂਲ ਵਿਖੇ 'ਪੰਜਾਬ ਦਿਵਸ' ਮਨਾਇਆ




**ਪਟਿਆਲਾ (ਰਾਜਿੰਦਰ ਥਿੰਦ)**-ਪੰਜਾਬੀ ਯੂਨੀਵਰਸਿਟੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਵਿਖੇ ਪੰਜਾਬ ਦਿਵਸ ਮੌਕੇ ਸ਼੍ਰੋਮਣੀ ਪੰਜਾਬੀ ਬਾਲ ਸਾਹਿਤ ਲੇਖਕ ਡਾ. ਦਰਸ਼ਨ ਸਿੰਘ ਆਸ਼ਟ ਵੱਲੋਂ ਵਿਸ਼ੇਸ਼ ਭਾਸ਼ਣ ਦਿੱਤਾ ਗਿਆ।ਸਮਾਗਮ ਦੇ ਆਰੰਭ ਵਿੱਚ ਸਕੂਲ ਦੇ ਪ੍ਰਿੰਸੀਪਲ ਸਤਵੀਰ ਸਿੰਘ ਗਿੱਲ ਨੇ ਡਾ. ਆਸ਼ਟ ਨੂੰ ਜੀ ਆਇਆਂ ਕਿਹਾ।ਆਪਣੇ ਵਿਸ਼ੇਸ਼ ਭਾਸ਼ਣ ਦੌਰਾਨ ਡਾ. ਦਰਸ਼ਨ ਸਿੰਘ ਆਸ਼ਟ ਨੇ ਪੰਜਾਬ ਦਿਵਸ ਦੇ ਇਤਿਹਾਸ, ਵਰਤਮਾਨ ਤੇ ਇਸ ਨੂੰ ਦਰਪੇਸ਼ ਚੁਣੌਤੀਆਂ ਬਾਰੇ ਵਿਸਤਾਰ ਪੂਰਵਕ ਚਾਨਣਾ ਪਾਉਂਦੇ ਹੋਏ ਕਿਹਾ ਕਿ ਪੰਜਾਬ ਸੂਬੇ ਦਾ ਸ਼ਾਨਾ-ਮੱਤਾ ਇਤਿਹਾਸ ਰਿਹਾ ਹੈ।ਇਸ ਦੀ ਆਪਣੀ ਮਾਂ ਬੋਲੀ, ਸੱਭਿਆਚਾਰ ਤੇ ਵਿਰਾਸਤ ਨੇ ਪੂਰੇ ਵਿਸ਼ਵ ਵਿੱਚ ਆਪਣੀ ਅਹਿਮ ਪਹਿਚਾਣ ਬਣਾਈ ਹੈ।ਉਨ੍ਹਾਂ ਕਿਹਾ ਕਿ ਜਿਹੜੀਆਂ ਕੌਮਾਂ ਆਪਣੀ ਭਾਸ਼ਾ, ਸਾਹਿਤ ਤੇ ਸੱਭਿਆਚਾਰ ਤੋਂ ਮੂੰਹ ਮੋੜ ਲੈਂਦੀਆਂ ਹਨ, ਉਨ੍ਹਾਂ ਦਾ ਭਵਿੱਖ ਬਹੁਤਾ ਸ਼ਾਨਦਾਰ ਨਹੀਂ ਹੁੰਦਾ।ਉਨ੍ਹਾਂ ਕਿਹਾ ਕਿ ਵਰਤਮਾਨ ਸਮਾਂ ਇਸ ਗੱਲ ਦੀ ਮੰਗ ਕਰਦਾ ਹੈ ਕਿ ਸਾਨੂੰ ਆਪਣੀ ਮਾਂ ਬੋਲੀ ਦੇ ਮਹੱਤਵ ਨੂੰ ਸਮਝਦੇ ਹੋਏ ਇਸ ਦੇ ਵਿਕਾਸ ਲਈ ਹਰ ਪੱਖ ਤੋਂ ਯੋਗਦਾਨ ਪਾਉਂਦੇ ਰਹਿਣਾ ਚਾਹੀਦਾ ਹੈ।ਉਨ੍ਹਾਂ ਵਿਦਿਆਰਥੀਆਂ ਨਾਲ ਪੰਜਾਬ, ਪੰਜਾਬੀ ਤੇ ਪੰਜਾਬੀਅਤ ਸਬੰਧੀ ਕੁਝ ਸਵਾਲ ਵੀ ਕੀਤੇ, ਜਿਨ੍ਹਾਂ ਦੇ ਵਿਦਿਆਰਥੀਆਂ ਨੇ ਤਸੱਲੀ ਬਖਸ਼ ਉੱਤਰ ਦਿੱਤੇ।ਸਕੂਲ ਲੈਕਚਰਾਰ ਸ੍ਰ. ਹਰਪ੍ਰੀਤ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਪੰਜਾਬ ਦਿਵਸ ਦੀਆਂ ਵਧਾਈਆਂ ਦਿਤੀਆਂ ਗਈਆਂ। ਇਸ ਮੌਕੇ ਪ੍ਰਿੰਸੀਪਲ ਸਤਵੀਰ ਸਿੰਘ ਨੇ ਕਿਹਾ ਕਿ ਨਵੀਂ ਪੀੜ੍ਹੀ ਤੇ ਵਿਦਿਆਰਥੀਆਂ ਨੂੰ ਹਮੇਸ਼ਾ ਆਪਣੀ ਮਾਤ ਭਾਸ਼ਾ ਤੇ ਵਿਰਾਸਤ ਪ੍ਰਤੀ ਜਾਗਰੂਕ ਹੋਣ ਦੀ ਜ਼ਰੂਰਤ ਹੈ।

# ਜਾਤੀਮਾਜਰਾ 'ਚ ਹੋਇਆ ਨਵੀਨਤਮ ਤਕਨੀਕਾਂ ਨਾਲ ਲੈਸ

### 23 ਕੈਮਰਿਆਂ ਨਾਲ ਪਿੰਡ ਨੂੰ ਕੀਤਾ ਸੁਰੱਖਿਅਤ



**ਧੂਰੀ (ਮਨੋਹਰ ਸਿੰਘ ਸੱਗੂ)**

ਪਿੰਡ ਜਾਤੀਮਾਜਰਾ ਬੁਨਿਆਦੀ ਸਹੂਲਤਾਂ ਦੇ ਨਾਲ-ਨਾਲ ਹੁਣ ਨਵੀਨਤਮ ਤਕਨੀਕਾਂ ਨਾਲ ਲੈੱਸ ਹੋ ਗਿਆ।

ਸਰਪੰਚ ਅਮਨਦੀਪ ਸਿੰਘ ਨੇ ਦੱਸਿਆ ਕਿ ਜਿੱਥੇ ਪਿੰਡ 'ਚ ਲੱਗੇ 23 ਕੈਮਰੇ ਪਿੰਡ ਨੂੰ ਸੁਰੱਖਿਅਤ ਬਣਾਉਣ 'ਚ ਸਹਾਈ ਹੋ ਰਹੇ ਹਨ, ਉਥੇ ਪਿੰਡ 'ਚ ਲੱਗੀਆਂ 135 ਐਲ.ਈ.ਡੀ ਲਾਈਟਾਂ ਤੇ 30 ਸੋਲਰ ਲਾਈਟਾਂ ਰਾਤ ਸਮੇਂ ਪਿੰਡ ਨੂੰ ਰੁਸ਼ਨਾਉਂਦੀਆਂ ਹਨ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪਿੰਡ ਦੇ ਵਿਕਾਸ ਲਈ ਲਗਾਤਾਰ ਫੰਡ ਜਾਰੀ ਕੀਤੇ ਜਾ ਰਹੇ ਹਨ, ਜਿਨ੍ਹਾਂ ਨਾਲ ਲਗਾਤਾਰ ਵਿਕਾਸ ਕਾਰਜ ਜਾਰੀ ਹਨ।ਉਨ੍ਹਾਂ ਦੱਸਿਆ ਕਿ ਪਿੰਡ 'ਚ ਲੱਗੇ ਕੈਮਰਿਆਂ, ਐਲ.ਈ.ਡੀ ਤੇ ਸੋਲਰ ਲਾਈਟਾਂ 'ਤੇ ਕਰੀਬ 15 ਲੱਖ ਰੁਪਏ ਦੀ ਲਾਗਤ ਆਈ ਹੈ, ਜੋ ਪਿੰਡ ਦੇ ਲੋਕਾਂ ਖਾਸ ਕਰ ਔਰਤਾਂ ਨੂੰ ਸੁਰੱਖਿਅਤ ਮਹਿਸੂਸ ਕਰਾਉਂਦੀਆਂ ਹਨ ਤੇ ਪਿੰਡ ਫਹਿਜਗੜ੍ਹ-ਜਾਤੀਮਾਜਰਾ ਤੋਂ ਹਥਨ ਤੱਕ ਜਾਂਦੀ ਸੜਕ 10 ਫੁੱਟ ਤੋਂ ਵਧਾ ਕੇ 18 ਫੁੱਟ ਚੌੜੀ ਕੀਤੀ ਗਈ ਹੈ।ਪਿੰਡ ਦੇ ਸਰਕਾਰੀ ਪ੍ਰਾਇਮਰੀ ਸਕੂਲ 'ਚ ਨਵਾਂ ਕਮਰਾ, ਬਰਾਂਡਾ ਤੇ ਨਵੇਂ ਬਾਥਰੂਮ ਬਣਾਏ ਗਏ ਹਨ।ਪਿੰਡ 'ਚ ਕਰੀਬ 10 ਲੱਖ ਦੀ ਲਾਗਤ ਨਾਲ 1962 ਦੀ ਜੰਗ ਦੇ ਸ਼ਹੀਦ ਮੁਕੰਦ ਸਿੰਘ ਦੀ ਯਾਦ 'ਚ ਯਾਦਗਾਰੀ ਗੇਟ ਬਣਾਇਆ ਗਿਆ ਹੈ ਤੇ ਸ਼ਹੀਦ ਬਾਬਾ ਗੁਰਮੁੱਖ ਸਿੰਘ ਨੂੰ ਜਾਂਦੇ ਰਸਤੇ ਨੂੰ ਪੱਕਾ ਕੀਤਾ ਗਿਆ ਹੈ।ਪਿੰਡ ਦੀਆਂ ਗਲੀਆਂ ਪੱਕੀਆਂ ਤੇ ਕਬਰਸਤਾਨ ਦੀ ਚਾਰਦੀਵਾਰੀ ਵੀ ਕੀਤੀ ਗਈ ਹੈ।ਉਨ੍ਹਾਂ ਭਵਿੱਖ ਦੀ ਯੋਜਨਾ ਬਾਰੇ ਦੱਸਿਆ ਕਿ ਆਉਣ ਵਾਲੇ ਦਿਨਾਂ 'ਚ ਰਵਿਦਾਸ ਧਰਮਸ਼ਾਲਾ 'ਚ ਨਵਾਂ ਸ਼ੈੱਡ ਪਾਇਆ ਜਾਵੇਗਾ ਅਤੇ ਨੌਜਵਾਨਾਂ ਲਈ ਜਿੰਮ ਲਾਉਣ ਤੋਂ ਇਲਾਵਾ ਆਰ ਓ ਪਲਾਂਟ ਲਾਉਣ ਦੀ ਤਜਵੀਜ਼ ਵੀ ਹੈ ਤੇ ਪਿੰਡ ਨੂੰ ਵਾਈ-ਫਾਈ ਕੀਤਾ ਜਾਵੇਗਾ ਤੇ ਨਿਰਵਿਘਨ ਬਿਜਲੀ ਸਪਲਾਈ ਲਈ ਤਿੰਨ ਨਵੇਂ ਟਰਾਂਸਫਾਰਮਰ ਲਾਏ ਜਾ ਰਹੇ ਹਨ।

## ਮੈਕਸੀਕੋ ਦੇ ਇੱਕ ਸਟੋਰ 'ਚ ਧਮਾਕਾ, 23 ਮੌਤਾਂ

**ਮੈਕਸੀਕੋ ਸਿਟੀ** : ਮੈਕਸੀਕੋ ਦੇ ਸ਼ਹਿਰ ਹਰਮੋਸਿਲੋ ਦੇ ਵਾਲਡੋ ਸਟੋਰ ਵਿਚ ਹੋਏ ਇਕ ਵੱਡੇ ਧਮਾਕੇ ਵਿਚ ਘੱਟੋ-ਘੱਟ 23 ਲੋਕਾਂ ਦੀ ਮੌਤ ਹੋ ਗਈ। ਮ੍ਰਿਤਕਾਂ ਵਿਚ ਬੱਚੇ ਵੀ ਸ਼ਾਮਲ ਸਨ। ਹਾਦਸੇ ਵਿਚ 11 ਲੋਕ ਜ਼ਖ਼ਮੀ ਹੋਏ ਹਨ। ਸਥਾਨਕ ਅਧਿਕਾਰੀਆਂ ਨੇ ਕਿਹਾ ਕਿ ਘਟਨਾ ਸਥਾਨ 'ਤੇ ਤੁਰੰਤ ਰਾਹਤ ਅਤੇ ਬਚਾਅ ਕਾਰਜ ਸ਼ੁਰੂ ਕਰ ਦਿੱਤੇ ਗਏ ਹਨ ਅਤੇ ਜ਼ਖ਼ਮੀਆਂ ਨੂੰ ਤੁਰੰਤ ਡਾਕਟਰੀ ਸਹਾਇਤਾ ਪ੍ਰਦਾਨ ਕੀਤੀ ਗਈ ਹੈ। ਸਥਾਨਕ ਅਧਿਕਾਰੀਆਂ ਨੇ ਸਪੱਸ਼ਟ ਕੀਤਾ ਕਿ ਇਹ ਕੋਈ ਹਮਲਾ ਜਾਂ ਹਿੰਸਕ ਘਟਨਾ ਨਹੀਂ ਸੀ। ਸ਼ਹਿਰ ਦੇ ਫਾਇਰ ਵਿਭਾਗ ਦੇ ਮੁਖੀ ਨੇ ਕਿਹਾ ਕਿ ਇਹ ਪਤਾ ਲਗਾਉਣ ਲਈ ਜਾਂਚ ਕੀਤੀ ਜਾ ਰਹੀ ਹੈ ਕਿ ਅਸਲ ਵਿਚ ਧਮਾਕਾ ਕਿਵੇਂ ਹੋਇਆ । ਸੋਨੋਰਾ ਦੇ ਅਟਾਰਨੀ ਜਨਰਲ ਗੁਸਤਾਵੋ ਸਾਲਸ ਨੇ ਫੋਰੈਂਸਿਕ ਰਿਪੋਰਟਾਂ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਮੌਤਾਂ ਜ਼ਹਿਰੀਲੀ ਗੈਸ ਕਾਰਨ ਹੋਈਆਂ ਹਨ।

## ਸਰਕਾਰ ਦੀ ਆਨਲਾਈਨ ਲਾਇਸੰਸ ਮੁਹਿੰਮ ਪਿੰਡ ਪੱਧਰ 'ਤੇ ਪਹੁੰਚੀ

### *ਕਰਮਗੜ੍ਹ 'ਚ ਘਰ-ਘਰ ਜਾ ਕੇ ਬਣ ਰਹੇ ਲਾਇਸੰਸ*



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**- ਪੰਜਾਬ ਸਰਕਾਰ ਵੱਲੋਂ ਵਹੀਕਲਾਂ ਦੇ ਆਨਲਾਈਨ ਲਾਇਸੰਸ ਬਣਾਉਣ ਲਈ ਸ਼ੁਰੂ ਕੀਤੀ ਗਈ ਸੁਵਿਧਾ ਹੁਣ ਪਿੰਡ ਪੱਧਰ ਤੱਕ ਪਹੁੰਚ ਗਈ ਹੈ।ਇਸ ਮੁਹਿੰਮ ਤਹਿਤ ਪਿੰਡ ਕਰਮਗੜ੍ਹ ਵਿਖੇ ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਘਰ ਘਰ ਜਾ ਕੇ ਲੋਕਾਂ ਦੇ ਲਾਇਸੰਸ ਬਣਾਉਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਗਈ।ਇਸ ਮੌਕੇ ਟੀਮ ਵੱਲੋਂ ਪਿੰਡ ਨਿਵਾਸੀ ਜਸਬੀਰ ਸਿੰਘ ਰਿੰਕੂ ਪੁੱਤਰ ਟੇਕ ਚੰਦ ਦੇ ਘਰ ਪੰਚਾਇਤ ਦੀ ਹਾਜ਼ਰੀ 'ਚ ਲਾਇਸੰਸ ਤਿਆਰ ਕੀਤਾ ਗਿਆ।ਇਸ ਮੌਕੇ ਮੌਕੇ ਸਰਪੰਚ ਹਰਪ੍ਰੀਤ ਕੌਰ, ਪੰਚ ਗੁਰਦੀਪ ਸਿੰਘ, ਪੰਚ ਗੁਰਬਚਨ ਸਿੰਘ, ਪੰਚ ਅਮਨਦੀਪ ਸਿੰਘ ਨੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਲੋਕਾਂ ਦੀ ਸਹੂਲਤ ਲਈ ਦਫਤਰਾਂ ਦੀ ਥਾਂ ਪਿੰਡ ਪੱਧਰ 'ਤੇ ਟੀਮਾਂ ਭੇਜ ਕੇ ਲਾਇਸੰਸ ਬਣਾਉਣ ਦੀ ਸ਼ੁਰੂ ਕੀਤੀ ਮੁਹਿੰਮ ਨੂੰ ਸ਼ਲਾਘਾਯੋਗ ਦੱਸਿਆ ਹੈ।ਉਨ੍ਹਾਂ ਕਿਹਾ ਕਿ ਪਹਿਲਾਂ ਲੋਕਾਂ ਨੂੰ ਦਫਤਰਾਂ 'ਚ ਲੰਬੀਆਂ ਕਤਾਰਾਂ ਤੇ ਦੌੜ-ਭੱਜ ਦਾ ਸਾਹਮਣਾ ਕਰਨਾ ਪੈਂਦਾ ਸੀ, ਪਰ ਹੁਣ ਇਹ ਸੇਵਾਵਾਂ ਬੂਹੇ ਤੱਕ ਪਹੁੰਚਾ ਕੇ ਲੋਕਾਂ ਦਾ ਮਨ ਜਿੱਤ ਲਿਆ ਹੈ।ਇਸ ਮੌਕੇ ਜਸਬੀਰ ਸਿੰਘ ਰਿੰਕੂ ਨੇ ਵੀ ਸਰਕਾਰ ਦੇ ਇਸ ਲੋਕ ਭਲਾਈ ਫੈਸਲੇ ਦੀ ਪ੍ਰਸੰਸਾ ਕੀਤੀ।ਉਨ੍ਹਾਂ ਸਮੂਹ ਹਲਕਾ ਵਾਸੀਆਂ ਨੂੰ ਇਸ ਆਨਲਾਈਨ ਲਾਇਸੰਸ ਮੁਹਿੰਮ ਦਾ ਪੂਰਾ ਲਾਭ ਉਠਾਉਣ ਦੀ ਅਪੀਲ ਕੀਤੀ।

## ਕਲਾ ਸੰਗਮ ਨੀਲੋਂ ਪੁਲ ਦੀ ਮੀਟਿੰਗ 'ਚ ਕਰਨੈਲ ਸਿਵੀਆ ਦੀ ਪੁਸਤਕ ਰਿਲੀਜ਼



**ਸਮਰਾਲਾ (ਸੁਰਜੀਤ ਸਿੰਘ)**-ਕਲਾ ਸੰਗਮ ਨੀਲੋਂ ਪੁਲ਼ ਦੀ ਮਹੀਨਾਵਾਰ ਮਿਲਣੀ ਅਨਿਲ ਫ਼ਤਹਿਗੜ੍ਹ ਜੱਟਾਂ ਦੀ ਪ੍ਰਧਾਨਗੀ ਹੇਠ ਸੰਤ ਕ੍ਰਿਪਾਲ ਸਿੰਘ ਸੇਵਾ ਪੰਥੀ ਸਕੂਲ ਨੀਲੋਂ ਪੁਲ ਦੇ ਹਾਲ ਵਿੱਚ ਹੋਈ।ਮੀਟਿੰਗ ਵਿੱਚ ਗੀਤਕਾਰ ਕਰਨੈਲ ਸਿੰਘ ਸਿਵੀਆ ਦੀ ਪਲੇਠੀ ਪੁਸਤਕ 'ਆਰ ਨਾ ਪਾਰ' ਲੋਕ ਅਰਪਣ ਕਰਕੇ ਪਾਠਕਾਂ ਦੇ ਸਨਮੁੱਖ ਕੀਤੀ।ਲੋਕ ਅਰਪਣ ਕੀਤੀ ਪੁਸਤਕ 'ਤੇ ਲੇਖਕਾਂ ਨੇ ਵਿਚਾਰ ਚਰਚਾ ਕੀਤੀ। ਮੀਟਿੰਗ ਦੀ ਸ਼ੁਰੂਆਤ ਕਵੀ ਦਰਬਾਰ ਦੇ ਨਾਲ ਹੋਈ, ਜਿਸ ਵਿੱਚ ਗੁਰਨਾਮ ਸਿੰਘ ਬਿਜਲੀ, ਗੁਰਸੇਵਕ ਸਿੰਘ ਭੈਣੀ ਸਾਹਿਬ, ਬਲਵੰਤ ਸਿੰਘ ਮਾਂਗਟ, ਬਲਬੀਰ ਬੱਬੀ, ਅਵਤਾਰ ਸਿੰਘ ਓਟਾਲਾਂ, ਬਲਵੰਤ ਸਿੰਘ ਵਿਰਕ ਨੇ ਕਵਿਤਾ, ਇਕਬਾਲ ਸਿੰਘ ਨੀਲੋਂ ਮਿੰਨੀ ਕਹਾਣੀ, ਦਲਵੀਰ ਕਲੇਰ ਕਾਰਗਿਲ, ਸ਼ੇਰ ਰਾਣਵਾਂ ਨੇ ਗੀਤ, ਤੇਲੂ ਰਾਮ ਕੁਹਾੜਾ ਗ਼ਜ਼ਲ, ਜੱਗਾ ਜਮਾਲਪੁਰੀ ਤਲਵਾਰ, ਮੇਜਰ ਸਿੰਘ ਤੱਖੀ, ਕਮਲਜੀਤ ਨੀਲੋਂ, ਬਲਵੀਰ ਮਾਨ, ਜ਼ੋਰਾਵਰ ਸਿੰਘ ਪੰਛੀ, ਬੁੱਧ ਸਿੰਘ ਨੀਲੋਂ, ਪਾਲੀ ਦੇਤਵਾਲੀਆ, ਜਸਵੰਤ ਸੰਦੀਲਾ, ਮਲਕੀਤ ਸਿੰਘ ਮਾਲੜਾ, ਸੁੱਖ ਚਮਕੀਲਾ, ਸਾਧੂ ਸਿੰਘ ਦਿਲਸ਼ਾਦ, ਲਖਬੀਰ ਲੱਭਾ ਤੇ ਆਦਿ ਨੇ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ।ਪੜ੍ਹੀਆਂ ਗਈਆਂ ਰਚਨਾਵਾਂ ਦੇ ਉੱਤੇ ਵਿਚਾਰ ਚਰਚਾ ਹੋਈ, ਜਿਸ ਵਿੱਚ ਤੇਲੂ ਰਾਮ ਕੁਹਾੜਾ, ਸਰਦਾਰ ਪੰਛੀ, ਕਰਨੈਲ ਸਿਵੀਆ, ਗੁਰਸੇਵਕ ਸਿੰਘ ਭੈਣੀ ਸਾਹਿਬ, ਬੁੱਧ ਸਿੰਘ ਨੀਲੋਂ, ਬਲਬੀਰ ਸਿੰਘ ਬੱਬੀ ਨੇ ਭਾਗ ਲਿਆ।ਮੰਚ ਸੰਚਾਲਨ ਸੰਗਮ ਦੇ ਸਕੱਤਰ ਬੁੱਧ ਸਿੰਘ ਨੀਲੋਂ ਨੇ ਕੀਤਾ।ਆਖਰ ਵਿੱਚ ਮੀਟਿੰਗ 'ਚ ਆਏ ਸਾਰੇ ਲੇਖਕਾਂ ਦਾ ਕਲਾ ਸੰਗਮ ਦੇ ਪ੍ਰਧਾਨ ਅਨਿਲ ਫ਼ਤਹਿਗੜ੍ਹ ਜੱਟਾਂ ਨੇ ਧੰਨਵਾਦ ਕੀਤਾ।

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ 'ਚ ਅਹਿਮ ਵਿਚਾਰਾਂ

### ਪ੍ਰੈਕਟੀਸ਼ਨਰਾਂ ਨੂੰ ਪਿੰਡਾਂ 'ਚ ਕੰਮ ਕਰਨ ਦਾ ਅਧਿਕਾਰ ਦਿੱਤਾ ਜਾਵੇ : ਆਗੂ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**- ਮੈਡੀਕਲ ਪ੍ਰੈਕਟੀਸਨਰਜ਼ ਐਸੋਸੀਏਸ਼ਨ ਪੰਜਾਬ ਰਜਿ. (295) ਧੰਨਾ ਮੱਲ ਗਰੁੱਪ ਬਲਾਕ ਮਹਿਲ ਕਲਾਂ ਦੀ ਮੀਟਿੰਗ ਬਲਾਕ ਪ੍ਰਧਾਨ ਡਾ. ਦਰਬਾਰ ਸਿੰਘ ਮਹਿਲ ਕਲਾਂ ਦੀ ਪ੍ਰਧਾਨਗੀ ਹੇਠ ਹੋਈ।ਇਸ ਮੌਕੇ ਜਨਰਲ ਸਕੱਤਰ ਡਾ. ਅਮਰਜੀਤ ਸਿੰਘ ਕਾਲਸਾਂ, ਜ਼ਿਲ੍ਹਾ ਕੈਸ਼ੀਅਰ ਗੁਰਮੀਤ ਸਿੰਘ ਦੀਵਾਨਾ, ਜ਼ਿਲ੍ਹਾ ਮੀਤ ਪ੍ਰਧਾਨ ਡਾ. ਅਮਰਜੀਤ ਸਿੰਘ, ਜਨਰਲ ਸਕੱਤਰ ਨਿਰਭੈ ਸਿੰਘ ਨਿਹਾਲੂਵਾਲ, ਮੁੱਖ ਬੁਲਾਰੇ ਬਾਬੂ ਖਾਨ, ਖਜ਼ਾਨਚੀ ਜਸਵੰਤ ਸਿੰਘ ਛੀਨੀਵਾਲ, ਸਹਾਇਕ ਖਜ਼ਾਨਚੀ ਮਲਕੀਤ ਸਿੰਘ ਮੂੰਮ, ਸਹਾਇਕ ਸਕੱਤਰ ਹਰੀ ਸਿੰਘ ਮੂੰਮ, ਸਰਕਲ ਪ੍ਰਧਾਨ ਬਚਿੱਤਰ ਸਿੰਘ ਕਲੇਰ ਨੇ ਸਮੂਹ ਪ੍ਰੈਕਟੀਸ਼ਨਰ ਨੂੰ ਆਪਣੀ ਜਥੇਬੰਦਕ ਸ਼ਕਤੀ ਨੂੰ ਮਜ਼ਬੂਤ ਬਣਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਸਮੇਂ ਸਮੇਂ ਦੀਆਂ ਸਰਕਾਰਾਂ ਨੇ ਕਿਰਤੀ ਵਰਗ ਲਈ ਮੁੱਢਲੀਆਂ ਲੋੜਾਂ ਦਾ ਪ੍ਰਬੰਧ ਅਜੇ ਤੱਕ ਵੀ ਨਹੀਂ ਕੀਤਾ।ਮੈਡੀਕਲ ਪ੍ਰੈਕਟੀਸ਼ਨਰਾਂ ਦਾ ਮੁੱਦਾ ਪਿਛਲੇ ਲੰਬੇ ਸਮੇਂ ਤੋਂ ਲਟਕਿਆ ਹੋਇਆ ਹੈ, ਜਿਸ ਵੱਲ ਕਿਸੇ ਵੀ ਸਰਕਾਰ ਨੇ ਗੰਭੀਰ ਧਿਆਨ ਨਹੀਂ ਦਿੱਤਾ।ਇਹ ਸਿਰਫ਼ ਪ੍ਰੈਕਟੀਸ਼ਨਰਾਂ ਦਾ ਨਹੀਂ, ਸਗੋਂ ਪਿੰਡਾਂ ਦੇ ਗਰੀਬ ਲੋਕਾਂ ਦੀ ਸਿਹਤ ਨਾਲ ਜੁੜਿਆ ਮੁੱਦਾ ਹੈ।ਆਗੂਆਂ ਨੇ ਕਿਹਾ ਕਿ 'ਆਪ' ਸਰਕਾਰ ਨੇ ਚੋਣਾਂ ਦੌਰਾਨ ਪ੍ਰੈਕਟੀਸ਼ਨਰਾਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਕੀਤੇ, ਜਿਸ ਕਾਰਨ ਇਹ ਵਰਗ ਆਪਣੇ ਆਪ ਨੂੰ ਠੱਗਿਆ ਠੱਗਿਆ ਮਹਿਸੂਸ ਕਰ ਰਿਹਾ ਹੈ।ਉਨ੍ਹਾਂ ਕਿਹਾ ਕਿ ਜਥੇਬੰਦੀ ਵੱਲੋਂ ਕਈ ਵਾਰ ਮੁੱਖ ਮੰਤਰੀ ਭਗਵੰਤ ਮਾਨ, ਸਿਹਤ ਮੰਤਰੀ ਡਾ. ਬਲਵੀਰ ਸਿੰਘ ਤੇ ਵਿਧਾਇਕਾਂ ਨੂੰ ਮੰਗ ਪੱਤਰ ਦਿੱਤੇ ਜਾਣ ਦੇ ਬਾਵਜੂਦ ਪ੍ਰੈਕਟੀਸ਼ਨਰਾਂ ਦੀਆਂ ਮੰਗਾਂ ਅਣਡਿੱਠ ਕੀਤੀਆਂ ਜਾ ਰਹੀਆਂ ਹਨ।ਆਗੂਆਂ ਨੇ ਮੰਗ ਕੀਤੀ ਕਿ ਸਰਕਾਰ ਵੱਲੋਂ ਕੀਤੇ ਚੋਣ ਵਾਅਦੇ ਅਨੁਸਾਰ ਪ੍ਰੈਕਟੀਸ਼ਨਰਾਂ ਨੂੰ ਟ੍ਰੇਨਿੰਗ ਪੂਰੀ ਕਰਾਉਣ ਉਪਰੰਤ ਸਰਟੀਫਿਕੇਟ ਜਾਰੀ ਕਰਕੇ ਪਿੰਡਾਂ ਅੰਦਰ ਮੈਡੀਕਲ ਸੇਵਾਵਾਂ ਦੇਣ ਦਾ ਕਾਨੂੰਨੀ ਅਧਿਕਾਰ ਦਿੱਤਾ ਜਾਵੇ। ਇਸ ਮੌਕੇ ਬੇਅੰਤ ਸਿੰਘ ਮੂੰਮ, ਗੁਰਜੰਟ ਸਿੰਘ ਚੌਹਾਨਕੇ, ਹਰਬੰਸ ਸਿੰਘ ਗੁਰਮਾ, ਜਗਜੀਤ ਸਿੰਘ ਲੋਹਗੜ੍ਹ, ਗੁਰਮੀਤ ਸਿੰਘ ਗਹਿਲ, ਜੰਗ ਬਹਾਦਰ ਬੋਪਾਰਾਏ, ਰਣਵੀਰ ਸਿੰਘ ਰਾਣਾ, ਬਲਵੀਰ ਸਿੰਘ ਗੋਬਿੰਦਗੜ੍ਹ, ਰਵਿੰਦਰ ਕੁਮਾਰ ਪੰਡੋਰੀ, ਮੇਜਰ ਸਿੰਘ ਛਾਪਾ, ਸ਼ਿਵ ਚਰਨ ਸਿੰਘ ਮੂੰਮ, ਕੁਲਦੀਪ ਸਿੰਘ ਰਾਏਕੋਟ ਆਦਿ ਨੇ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਦੀਆਂ ਹੱਕੀ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਲਾਗੂ ਕਰਨ ਦੀ ਮੰਗ ਉਠਾਈ।

## ...ਸਫ਼ਾ 1 ਦੇ ਬਾਕੀ

### ਨਾਟਕਾਂ ਤੇ ਗੀਤਾਂ ਭਰੀ ...

ਹਥਿਆਉਣ ਦੀ ਨੀਤੀ ਨੂੰ ਭਾਂਜ ਦੇਣ ਦੀ ਲੋੜ ਹੈ।

ਪ੍ਰੋਗਰੈਸਿਵ ਆਰਟਿਸਟਸ ਲੀਗ ਨਵੀਂ ਦਿੱਲੀ ਤੋਂ ਆਈ ਨਾਟਕ ਅਤੇ ਗੀਤ-ਸੰਗੀਤ ਮੰਡਲੀ ਨੇ 'ਦਾਸਤਾਂ-ਏ-ਗੰਗੂ' ਰਾਹੀਂ ਫਾਸ਼ੀਵਾਦ ਉਪਰ ਤਿੱਖੀਆਂ ਚੋਟਾਂ ਮਾਰਦਿਆਂ ਅਜੋਕੇ ਭਾਰਤੀ ਹੁਕਮਰਾਨਾਂ ਦੀਆਂ ਫ਼ਿਰਕੂ ਫਾਸ਼ੀ ਨੀਤੀਆਂ ਦੇ ਲੋਕ-ਵਿਰੋਧੀ ਮਨਸ਼ਿਆਂ ਦਾ ਪਰਦਾ ਫਾਸ਼ ਕੀਤਾ।

ਡਾ. ਸਾਹਿਬ ਸਿੰਘ ਦਾ ਲਿਖਿਆ ਤੇ ਉਹਨਾ ਦੁਆਰਾ ਨਿਰਦੇਸ਼ਤ ਨਾਟਕ 'ਤੂੰ ਅਗਲਾ ਵਰਕਾ ਫੋਲ' ਉਨ੍ਹਾ ਦੀ ਹੀ ਅਦਾਕਾਰੀ 'ਚ ਗਹਿਰ ਗੰਭੀਰ ਸੰਵੇਦਨਾਵਾਂ ਨੂੰ ਝੰਜੋੜਨ ਵਿੱਚ ਸਫ਼ਲ ਰਿਹਾ। ਉਨ੍ਹਾ ਦੇ ਨਾਟਕ ਨੇ ਹਲੂਣਵੇਂ ਅੰਦਾਜ਼ ਵਿੱਚ ਕਿਹਾ ਕਿ ਬੇਗ਼ਮਪੁਰਾ ਅਤੇ ਸਾਂਝੀਵਾਲਤਾ ਸਿਰਜਣ ਲਈ ਰਵਾਇਤੀ ਰਾਹਾਂ 'ਤੇ ਤੁਰਨ ਜਾਂ ਕਿਸੇ ਪੀਰ ਔਲੀਏ 'ਤੇ ਟੇਕ ਰੱਖਣ ਦੀ ਬਜਾਏ ਸਾਨੂੰ ਅਗਲੇ ਕਦਮ ਪੁੱਟਦਿਆਂ, ਅਤੀਤ ਤੋਂ ਸਿਖਦੇ ਹੋਏ ਵਰਤਮਾਨ ਦੀਆਂ ਪੇਚੀਦਾ ਗੁੰਝਲਾਂ ਨੂੰ ਸੁਲਝਾਉਣ ਲਈ ਅਗਲਾ ਵਰਕਾ ਫਰੋਲਣ ਲਈ ਉਚੇਰੀ ਪਰਵਾਜ਼ ਭਰਨ ਦੀ ਲੋੜ ਹੈ। ਗੁਰਸ਼ਰਨ ਸਿੰਘ ਦੁਆਰਾ ਲਿਖਿਆ ਹੜ੍ਹ ਪੀੜਤਾਂ ਦਾ ਦਰਦ ਬਿਆਨਦਾ ਨਾਟਕ 'ਰਾਹਤ' ਚੰਡੀਗੜ੍ਹ ਸਕੂਲ ਆਫ਼ ਡਰਾਮਾ ਦੀ ਰੰਗ ਟੋਲੀ ਨੇ ਏਕੱਤਰ ਦੀ ਨਿਰਦੇਸ਼ਨਾ 'ਚ ਪੇਸ਼ ਕੀਤਾ। ਇਹ ਨਾਟਕ ਭਾਵੇਂ ਗੁਰਸ਼ਰਨ ਸਿੰਘ ਵੱਲੋਂ ਦਹਾਕਿਆਂ ਪਹਿਲਾਂ ਲਿਖਿਆ ਗਿਆ, ਪਰ ਬੀਤੇ ਦਿਨੀਂ ਪੰਜਾਬ 'ਚ ਆਏ ਹੜ੍ਹਾਂ ਮੌਕੇ ਹਕੂਮਤ ਦੀ ਢੀਠਤਾਈ ਅਤੇ ਲੋਕਾਂ ਦੁਆਰਾ ਪੀੜਤ ਲੋਕਾਂ ਦੀ ਬਾਂਹ ਫੜਨ ਦੀ ਬਾਮਿਸਾਲ ਭੂਮਿਕਾ ਬਾਰੇ ਚਾਨਣ ਪਾਉਣ 'ਚ ਸਫ਼ਲ ਰਿਹਾ।

ਇਪਟਾ ਮੋਗਾ ਦੇ ਅਵਤਾਰ ਚੜਿੱਕ ਅਤੇ ਉਸ ਦੇ ਸਾਥੀ ਨੇ ਬਹੁਤ ਹੀ ਸਾਰਥਕ ਅਤੇ ਅਰਥ ਭਰਪੂਰ ਵਿਅੰਗ ਕੱਸੇ। ਭੰਡ ਕਲਾ ਦੀ ਇਸ ਵਿਧਾ ਦਾ ਲੋਕਾਂ ਸਾਹ ਰੋਕ ਕੇ ਆਨੰਦ ਮਾਣਿਆ। ਪ੍ਰੋਗਰੈਸਿਵ ਆਰਟਿਸਟਸ ਲੀਗ ਨਵੀਂ ਦਿੱਲੀ ਦੇ ਕਲਾਕਾਰਾਂ ਵੱਲੋਂ ਖੇਡਿਆ ਗਿਆ ਦੂਜਾ ਨਾਟਕ 'ਫ਼ਲਸਤੀਨ ਜ਼ਿੰਦਾਬਾਦ' ਗ਼ਦਰੀ ਦੇਸ਼ ਭਗਤਾਂ ਦੀ ਕੌਮਾਂਤਰੀਵਾਦੀ ਸੋਚ-ਦ੍ਰਿਸ਼ਟੀ, ਸਾਮਰਾਜਵਾਦ ਵਿਰੋਧੀ ਜਾਗਦੇ ਲੋਕਾਂ ਦੀ ਭੂਮਿਕਾ ਨੂੰ ਰੌਸ਼ਨੀ 'ਚ ਲਿਆਉਣ ਵਿੱਚ ਸਫ਼ਲ ਰਿਹਾ। ਸਰਘੀ ਵੇਲੇ ਨਾਟਕਾਂ ਦੀ ਰਾਤ ਦੇ ਸਿਖਰ 'ਤੇ ਹੋਏ ਇਸ ਨਾਟਕ ਨੇ ਵਿਸ਼ਵ ਮੰਚ 'ਤੇ ਸਭ ਦਾ ਧਿਆਨ ਖਿਚ ਰਹੇ ਫ਼ਲਸਤੀਨ ਦੇ ਮੁੱਦੇ ਬਾਰੇ ਨਾਟਕ ਰਾਹੀਂ ਸਾਮਰਾਜਵਾਦ ਦਾ ਖੂੰਖਾਰ ਚਿਹਰਾ ਨੰਗਾ ਕੀਤਾ।

ਗੀਤਾਂ ਭਰੀ ਰਾਤ ਮੌਕੇ ਇਨਕਲਾਬੀ ਕਵੀਸ਼ਰੀ ਜੱਥਾ ਰਸੂਲਪੁਰ, ਲੋਕ ਸੰਗੀਤ ਮੰਡਲੀ ਮਸਾਣੀ, ਰੇਲਾ ਛੱਤੀਸਗੜ੍ਹ ਤੋਂ ਆਈ ਸੰਗੀਤ ਮੰਡਲੀ, ਪ੍ਰੋਗਰੈਸਿਵ ਆਰਟਿਸਟਸ ਲੀਗ ਨਵੀਂ ਦਿੱਲੀ, ਲੋਕ ਸੰਗੀਤ ਮੰਡਲੀ ਮਸਾਣੀ ਧਰਮਿੰਦਰ ਮਸਾਣੀ, ਸ਼ਬਦੀਸ਼, ਤਾਰੀ ਅਟਵਾਲ ਇੰਗਲੈਂਡ, ਮਾਨਵਤਾ ਕਲਾ ਮੰਚ ਨਗਰ ਦੀ ਕਲਾਕਾਰ ਨਰਗਿਸ, ਕਮਲਦੀਪ ਜਲੂਰ, ਤਮੰਨਾ ਅਤੇ ਕੋਮਲ (ਪੰਜਾਬ ਸਟੂਡੈਂਟਸ ਯੂਨੀਅਨ), ਪ੍ਰੋ. ਲਾਲ ਬਹਾਦਰ, ਜਸਪਾਲ ਜੱਸੀ, ਅੰਮ੍ਰਿਤਪਾਲ ਬੰਗੇ ਬਠਿੰਡਾ ਨੇ ਰੰਗ ਬੰਨ੍ਹੇ।

ਨਾਟਕਾਂ ਅਤੇ ਗੀਤਾਂ ਭਰੀ ਰਾਤ ਦੇ ਸਮਾਗਮ ਨੂੰ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ ਅਤੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਸੰਬੋਧਨ ਕਰਦਿਆਂ ਤਿੰਨ ਰੋਜ਼ਾ ਸਫ਼ਲ ਮੇਲੇ 'ਤੇ ਮੁਬਾਰਕਵਾਦ ਦਿੱਤੀ। ਉਹਨਾਂ ਕਮੇਟੀ ਦੀ ਤਰਫ਼ੋਂ ਮੇਲੇ ਦੇ ਏਸੇ ਦਿਨ 1984 'ਚ ਦਿੱਲੀ ਅਤੇ ਹੋਰ ਥਾਵਾਂ ਤੇ ਬੇਗੁਨਾਹ ਸਿੱਖਾਂ ਅਤੇ ਦਹਾਕਾ ਭਰ ਪੰਜਾਬ ਅੰਦਰ ਹਿੰਦੂਆਂ ਅਤੇ ਕਮਿਊਨਿਸਟਾਂ ਨੂੰ ਚੋਣਵਾਂ ਨਿਸ਼ਾਨਾ ਬਣਾਏ ਜਾਣ ਖ਼ਿਲਾਫ਼ ਲੋਕਾਂ ਦੇ ਹੱਥ ਖੜ੍ਹੇ ਕਰਵਾ ਕੇ ਮਤਾ ਪਾਸ ਕੀਤਾ।

ਜਲੰਧਰ ਪ੍ਰਸ਼ਾਸਨ ਵੱਲੋਂ ਹਾਲ ਦੇ ਮੁੱਖ ਦੁਆਰ ਸਾਹਮਣੇ ਲਾਈ ਸਾਊਂਡ ਕਾਰਨ ਮੇਲੇ 'ਚ ਪੈਦਾ ਹੁੰਦੀ ਰਹੀ ਆਵਾਜ਼ ਪ੍ਰਦੂਸ਼ਣ ਕਾਰਨ ਲਾਇਬ੍ਰੇਰੀ ਅਤੇ ਮੇਲੇ ਵਰਗੀਆਂ ਸਰਗਰਮੀਆਂ ਮੌਕੇ ਇਸ ਕਾਰਨ ਆਉਂਦੀ ਮੁਸ਼ਕਲ ਦਾ ਧਿਆਨ ਰੱਖਦਿਆਂ ਇਸ ਨੂੰ ਹਟਾਉਣ ਦੀ ਮੰਗ ਕੀਤੀ ਗਈ। ਜ਼ਿਕਰਯੋਗ ਹੈ ਕਿ ਨਾਟਕਾਂ ਦੀ ਰਾਤ ਸ਼ੁਰੂ ਹੋਣ ਤੋਂ ਪਹਿਲਾਂ ਇਸ ਦਿਨ ਦੇ ਮੁੱਖ ਬੁਲਾਰੇ ਮੁਹੰਮਦ ਯੂਸਫ਼ ਤਾਰੀਗਾਮੀ ਅਤੇ ਡਾ. ਨਵਸ਼ਰਨ ਨੇ ਆਪਣੇ ਸੰਬੋਧਨ ਰਾਹੀਂ ਮੁਲਕ ਨੂੰ ਦਰਪੇਸ਼ ਚੁਣੌਤੀਆਂ ਬਾਰੇ ਜਾਗਰੂਕ ਕੀਤਾ। ਇਹਨਾਂ ਬੁਲਾਰਿਆਂ ਨੇ ਕਿਤਾਬਾਂ 'ਤੇ ਪਾਬੰਦੀ ਮੜ੍ਹੇ ਜਾਣ ਅਤੇ ਜਮਹੂਰੀ ਹੱਕਾਂ ਦੇ ਘਾਣ ਬਾਰੇ ਚੌਕੰਨੇ ਕਰਦਿਆਂ ਕਿਹਾ ਕਿ ਅਗਲੇ ਦਿਨਾਂ 'ਚ ਬੁੱਧੀਜੀਵੀ ਵਰਗ ਅਤੇ ਯੂਨੀਵਰਸਿਟੀਆਂ ਨੂੰ ਚੋਣਵਾਂ ਨਿਸ਼ਾਨਾ ਬਣਾਏ ਜਾਣ ਤੋਂ ਚੌਕਸ ਰਹਿੰਦਿਆਂ ਜ਼ਬਰਦਸਤ ਜਨਤਕ ਆਵਾਜ਼ ਲਾਮਬੰਦ ਕਰਨ ਦੀ ਲੋੜ ਹੈ। ਪੰਜਾਬੀ ਰੰਗਮੰਚ ਅਤੇ ਸੱਭਿਆਚਾਰਕ ਉਤਸਵਾਂ ਵਿੱਚ ਨਵਾਂ ਵਰਕਾ ਜੜਨ ਦਾ ਕੰਮ ਕਰਨ ਵਾਲੇ ਗ਼ਦਰੀ ਬਾਬਿਆਂ ਦੇ ਮੇਲੇ ਦੀ ਸਫ਼ਲਤਾ ਲਈ ਕਮੇਟੀ ਨੇ ਬਾਹਰੋਂ ਆਏ ਮੇਲਾ ਪ੍ਰੇਮੀਆਂ ਅਤੇ ਪੰਜਾਬ ਦੀਆਂ ਸਮੁੱਚੀਆਂ ਲੋਕ ਪੱਖੀ ਸੰਸਥਾਵਾਂ ਅਤੇ ਲੋਕਾਂ ਦਾ ਧੰਨਵਾਦ ਕੀਤਾ। ਰਾਤ ਦੇ ਸਮਾਗਮ ਦਾ ਮੰਚ ਸੰਚਾਲਨ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਕੀਤਾ।

### ਕਾਮਰੇਡ ਰਣਧੀਰ ਗਿੱਲ...

ਜਿਥੇ ਕਾਮਰੇਡ ਗਿੱਲ ਦੀ ਯਾਦ ਨੂੰ ਤਾਜ਼ਾ ਕਰੇਗਾ, ਉੱਥੇ ਬੁਲਾਰੇ ਵੱਖ-ਵੱਖ ਵਿਸ਼ਿਆਂ 'ਤੇ ਵਿਚਾਰ ਪੇਸ਼ ਕਰਦਿਆਂ ਸਮਾਜ ਨੂੰ ਉਸਾਰੂ ਸੇਧ ਦੇਣਗੇ।ਆਗੂਆਂ ਦੱਸਿਆ ਕਿ ਇਸ ਸੈਮੀਨਾਰ ਵਿੱਚ ਬਣਾਉਟੀ ਬੌਧਿਕਤਾ (ਏ ਆਈ) ਤੇ ਸਾਂਝੀਵਾਲਤਾ ਦੇ ਵਿਸ਼ੇ ਤੇ ਉੱਘੇ ਮਾਰਕਸਵਾਦੀ ਚਿੰਤਕ ਕਾਮਰੇਡ ਜਗਰੂਪ, ਉੱਘੇ ਸਾਹਿਤਕਾਰ ਪ੍ਰਗਤੀਸ਼ੀਲ ਲੇਖਕ ਸੰਘ ਦੇ ਕੁੱਲ ਹਿੰਦ ਜਨਰਲ ਸਕੱਤਰ ਸੁਖਦੇਵ ਸਿਰਸਾ 'ਗੁਰੂ ਤੇਗ ਬਹਾਦਰ ਦੀ ਬਾਣੀ ਦਾ ਇਤਿਹਾਸਕ ਮਹੱਤਵ' ਦੇ ਵਿਸ਼ੇ ਬਾਰੇ ਅਤੇ ਉੱਘੇ ਲੇਖਕ ਅਤੇ ਸਾਹਿਤ ਆਲੋਚਕ ਸੁਰਜੀਤ ਬਰਾੜ ਘੋਲੀਆ ਅਧਿਆਪਕ ਅੰਦੋਲਨ ਅਤੇ ਨਵੀਂ ਸਿੱਖਿਆ ਨੀਤੀ ਵਿਸ਼ਿਆਂ 'ਤੇ ਆਪਣੇ ਵਿਚਾਰ ਰੱਖਣਗੇ। ਇਸ ਤੋਂ ਇਲਾਵਾ ਇਸ ਮੌਕੇ ਹਰਮਿੰਦਰ ਸਿੰਘ ਕੋਹਾਰਵਾਲਾ ਕਵੀ ਤੇ ਸਾਬਕਾ ਅਧਿਆਪਕ ਆਗੂ, ਕੇ ਐੱਲ ਗਰਗ-ਹਾਸ ਵਿਅੰਗ ਲੇਖਕ ਅਤੇ ਬਲਵੀਰ ਸਿੰਘ ਰਾਮੂੰਵਾਲਾ ਸਾਬਕਾ ਅਧਿਆਪਕ ਆਗੂ ਨੂੰ ਸਨਮਾਨਤ ਕੀਤਾ ਜਾਵੇਗਾ।

### ਚੋਣਵੇਂ ਸਨਅਤਕਾਰਾਂ ਦੇ ਇਸ਼ਾਰਿਆਂ 'ਤੇ ਨੱਚਦੇ ਹਨ ਮੋਦੀ : ਰਾਹੁਲ

**ਬੇਗੂਸਰਾਏ** : ਕਾਂਗਰਸ ਆਗੂ ਰਾਹੁਲ ਗਾਂਧੀ ਨੇ ਐਤਵਾਰ ਨੂੰ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾ ਸਿਰਫ਼ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਕੋਲੋਂ ਡਰਦੇ ਹਨ, ਬਲਕਿ ਕੁਝ ਚੋਣਵੇਂ ਸਨਅਤਕਾਰ ਵੀ ਉਨ੍ਹਾਂ ਨੂੰ ਆਪਣੇ ਇਸ਼ਾਰਿਆਂ 'ਤੇ ਨਚਾਉਂਦੇ ਹਨ। ਇਥੇ ਬੇਗੂਸਰਾਏ ਵਿਚ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਰਾਹੁਲ ਨੇ ਕਿਹਾ ਕਿ ਪ੍ਰਧਾਨ ਮੰਤਰੀ ਵੋਟਾਂ ਲਈ ਕੁਝ ਵੀ ਕਰ ਸਕਦੇ ਹਨ। ਗਾਂਧੀ ਨੇ ਕਿਹਾ ਕਿ ਬਿਹਾਰ ਚੋਣਾਂ ਮਗਰੋਂ ਜੇਕਰ ਵਿਰੋਧੀ ਧਿਰਾਂ ਦੀ ਅਗਵਾਈ ਵਾਲਾ ਮਹਾਗੱਠਬੰਧਨ ਸੂਬੇ ਵਿਚ ਸਰਕਾਰ ਬਣਾਉਂਦਾ ਹੈ ਤਾਂ ਇਹ ਕਿਸੇ ਇਕ ਵਿਸ਼ੇਸ਼ ਜਾਤ ਜਾਂ ਵਰਗ ਲਈ ਨਹੀਂ, ਬਲਕਿ ਸਾਰਿਆਂ ਲਈ ਸਰਕਾਰ ਹੋਵੇਗੀ। ਗਾਂਧੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨੌਜਵਾਨਾਂ ਨੂੰ ਰੀਲ੍ਹਾਂ ਦੇਖਣ ਲਈ ਆਖ ਰਹੇ ਹਨ ਤਾਂ ਕਿ ਉਨ੍ਹਾਂ ਦਾ ਧਿਆਨ ਭਟਕੇ ਤੇ ਉਹ ਬੇਰੁਜ਼ਗਾਰੀ ਨੂੰ ਲੈ ਕੇ ਕੋਈ ਸਵਾਲ ਨਾ ਕਰ ਸਕਣ।

### ਸੁਖਬੀਰ ਸ੍ਰੀ ਅਕਾਲ..

ਨੂੰ ਪੀਣ ਵਾਲੇ ਸਾਫ ਪਾਣੀ ਅਤੇ ਸੀਵਰੇਜ ਦੀ ਸਮੱਸਿਆ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਲੋਕ ਸਭਾ ਮੈਂਬਰ ਹਰਸਮਿਰਤ ਕੌਰ ਬਾਦਲ ਵੱਲੋਂ ਇਹ ਦਾਅਵਾ ਕੀਤੇ ਜਾਣ ਕਿ ਅਕਾਲੀ-ਭਾਜਪਾ ਦੀ ਸਰਕਾਰ ਮੌਕੇ ਲੋਕਾਂ ਨੂੰ ਚਿੱਟੇ ਦਾ ਨਾਂਅ ਤੱਕ ਨਹੀਂ ਜਾਣਦੇ ਸਨ ਤਾਂ ਮੁੱਖ ਮੰਤਰੀ ਨੇ ਤਨਜ਼ ਕੱਸਦਿਆਂ ਕਿਹਾ ਕਿ ਇਹ ਗੱਲ 'ਸੱਚ' ਹੈ, ਕਿਉਂਕਿ ਉਸ ਸਮੇਂ ਚਿੱਟੇ ਨੂੰ ਮਜੀਠੀਆ ਕਿਹਾ ਜਾਂਦਾ ਸੀ। ਉਨ੍ਹਾ ਕਿਹਾ ਕਿ ਅਕਾਲੀਆਂ ਦੀ ਸਰਕਾਰ ਮੌਕੇ ਚਿੱਟਾ ਅਤੇ ਮਜੀਠੀਆ ਸਮਾਨਾਰਥ ਸ਼ਬਦ ਸਨ, ਕਿਉਂਕਿ ਉਸ ਸਮੇਂ ਲਾਲ ਬੱਤੀ ਵਾਲੀਆਂ ਗੱਡੀਆਂ ਵਿੱਚ ਚਿੱਟਾ ਸਪਲਾਈ ਹੁੰਦਾ ਸੀ।ਸੁਖਬੀਰ ਬਾਦਲ ਨੂੰ ਪੰਜਾਬ ਅਤੇ ਸਿੱਖਾਂ ਦਾ ਵੱਡਾ ਗੁਨਾਹਗਾਰ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸਿੱਖਾਂ ਦੇ ਸਰਵਉਚ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਸਾਹਮਣੇ ਗੁਨਾਹ ਕਬੂਲਣ ਤੇ ਤਨਖਾਹ ਭੁਗਤਣ ਤੋਂ ਬਾਅਦ ਸ਼ਰੇਆਮ ਮੁੱਕਰ ਜਾਣਾ ਸਰਾਸਰ ਧੋਖਾ ਹੈ। ਉਨ੍ਹਾ ਕਿਹਾ ਕਿ ਇਤਿਹਾਸ ਕਦੇ ਵੀ ਗੁਨਾਹਗਾਰਾਂ ਨੂੰ ਮੁਆਫ ਨਹੀਂ ਕਰਦਾ। ਇਸ ਮੌਕੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਕੈਬਨਿਟ ਮੰਤਰੀ ਡਾ. ਬਲਜੀਤ ਕੌਰ, ਸ੍ਰੀ ਮੁਕਤਸਰ ਸਾਹਿਬ ਦੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਹਾਜ਼ਰ ਸਨ।

## ਮਰਹੂਮ ਮਲਕੀਤ ਸਿੰਘ ਮੱਲ੍ਹੀ ਦੀ ਪੰਜਵੀਂ ਬਰਸੀ ਨੂੰ ਸਮਰਪਤ ਮੁਫ਼ਤ ਚੈੱਕਅੱਪ ਕੈਂਪ ਲਗਾਇਆ



**ਜਗਰਾਉਂ (ਅਮਿਤ ਖੰਨਾ)**-ਸਵਰਗਵਾਸੀ ਮਲਕੀਤ ਸਿੰਘ ਮੱਲ੍ਹੀ ਦੀ ਪੰਜਵੀਂ ਬਰਸੀ ਨੂੰ ਸਮਰਪਤ ਲੋਕ ਸੇਵਾ ਸੁਸਾਇਟੀ ਰਜਿਸਟਰ ਜਗਰਾਉਂ ਵੱਲੋਂ ਨਵਜੋਤ ਸਿੰਘ ਮੱਲ੍ਹੀ ਪਰਵਾਰ ਦੇ ਸਹਿਯੋਗ ਨਾਲ ਹੱਡੀਆਂ ਤੇ ਜੋੜਾਂ, ਚਮੜੀ ਰੋਗਾਂ ਦਾ ਮੁਫ਼ਤ ਚੈੱਕਅਪ ਕੈਂਪ ਲਗਾਇਆ ਗਿਆ। ਸੁਸਾਇਟੀ ਦੇ ਚੇਅਰਮੈਨ ਗੁਲਸ਼ਨ ਅਰੋੜਾ, ਪ੍ਰਧਾਨ ਰਜਿੰਦਰ ਜੈਨ ਕਾਕਾ, ਸੈਕਟਰੀ ਡਾਕਟਰ ਕੁਲਭੂਸ਼ਨ ਗੁਪਤਾ ਤੇ ਕੈਸ਼ੀਅਰ ਸੁਨੀਲ ਬਜਾਜ ਦੀ ਅਗਵਾਈ ਵਿੱਚ ਅਰੋੜਾ ਪ੍ਰਾਪਰਟੀ ਐਡਵਾਈਜ਼ਰ ਰੇਲਵੇ ਲਿੰਕ ਰੋਡ ਜਗਰਾਉਂ ਵਿਖੇ ਲਗਾਏ ਕੈਂਪ ਵਿੱਚ ਡਾਕਟਰ ਪ੍ਰਵੀਨ ਗੁਪਤਾ ਮਲਟੀਸਪੈਸ਼ਲਿਸਟੀ ਹਸਪਤਾਲ ਜਗਰਾਉਂ ਦੇ ਟੀਮ ਵੱਲੋਂ ਹੱਡੀਆਂ ਤੇ ਜੋੜਾਂ, ਚਮੜੀ ਰੋਗਾਂ ਦੇ ਪੀੜਤ 83 ਮਰੀਜ਼ਾਂ ਦਾ ਚੈੱਕਅਪ ਕਰ ਕੇ ਮਰੀਜ਼ਾਂ ਨੂੰ ਦਵਾਈਆਂ ਮੁਫ਼ਤ ਦਿੱਤੀਆਂ ਗਈਆਂ। ਕੈਂਪ ਦਾ ਉਦਘਾਟਨ ਸੁਖਵਿੰਦਰ ਸਿੰਘ ਸਿੱਧੂ ਨੇ ਆਪਣੇ ਕਰ ਕਮਲਾਂ ਨਾਲ ਕਰਦਿਆਂ ਨਵਜੋਤ ਸਿੰਘ ਮੱਲ੍ਹੀ ਪਰਵਾਰ ਵੱਲੋਂ ਆਪਣੇ ਸਤਿਕਾਰਯੋਗ ਪਿਤਾ ਦੀ ਪੰਜਵੀਂ ਬਰਸੀ ਮੌਕੇ ਲੋੜਵੰਦਾਂ ਦੀ ਮਦਦ ਲਈ ਲਗਾਏ ਇਸ ਨੇਕ ਪ੍ਰੋਜੈਕਟ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਉਹ ਸੁਸਾਇਟੀ ਦੇ ਮੈਂਬਰਾਂ ਨੂੰ ਸਲਾਮ ਕਰਦੇ ਹਨ, ਜਿਨ੍ਹਾਂ ਦੀ ਸੋਚ ਤੇ ਮਿਹਨਤ ਸਦਕਾ ਜਗਰਾਉਂ ਵਿੱਚ ਜ਼ਰੂਰਤਮੰਦਾਂ ਦੀ ਮਦਦ ਲਈ ਤਕਰੀਬਨ ਰੋਜ਼ਾਨਾ ਹੀ ਪ੍ਰੋਜੈਕਟ ਲਗਾਏ ਜਾਂਦੇ ਹਨ। ਇਸ ਮੌਕੇ ਡਾਕਟਰ ਪ੍ਰਵੀਨ ਗੁਪਤਾ ਹੱਡੀਆਂ ਦੇ ਮਾਹਰ ਡਾਕਟਰ ਨੇ ਮਰੀਜ਼ਾਂ ਨੂੰ ਹੱਡੀਆਂ ਦੀਆਂ ਬਿਮਾਰੀਆਂ ਤੋਂ ਬਚਣ ਤੇ ਪ੍ਰਹੇਜ਼ ਸਬੰਧੀ ਜਿੱਥੇ ਨੁਕਤੇ ਸਾਂਝੇ ਕੀਤੇ, ਉੱਥੇ ਉਨ੍ਹਾਂ ਦੱਸਿਆ ਕਿ ਉਹ ਪਿਛਲੇ 17 ਸਾਲਾਂ ਤੋਂ ਬਾਬੇ ਕੇ ਚੈਰੀਟੇਬਲ ਹਸਪਤਾਲ ਵਿੱਚ ਸੇਵਾਵਾਂ ਨਿਭਾਅ ਰਹੇ ਹਨ। ਹੁਣ ਉਨ੍ਹਾਂ ਨੇ ਜਗਰਾਉਂ ਵਿੱਚ ਮਲਟੀਸਪੈਸ਼ਲਿਸਟੀ ਹਸਪਤਾਲ ਖੋਲ੍ਹਿਆ ਹੈ, ਜਿੱਥੇ ਮਰੀਜ਼ਾਂ ਤੋਂ ਵਾਜਬ ਫ਼ੀਸ ਦੇ ਬਦਲੇ ਬਿਹਤਰ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਇਸ ਮੌਕੇ ਰਾਹੁਲ ਮਲਹੋਤਰਾ, ਦਿਨੇਸ਼ ਖੰਨਾ, ਪ੍ਰੋਜੈਕਟ ਕੈਸ਼ੀਅਰ ਰਾਜੀਵ ਗੁਪਤਾ, ਪ੍ਰੋਜੈਕਟ ਚੇਅਰਮੈਨ ਮਨੋਹਰ ਸਿੰਘ ਟੱਕਰ, ਪੀ ਆਰ ਓ ਸੁਖਦੇਵ ਗਰਗ ਤੇ ਪ੍ਰਿੰਸੀਪਲ ਚਰਨਜੀਤ ਸਿੰਘ ਭੰਡਾਰੀ, ਮੁਕੇਸ਼ ਗੁਪਤਾ, ਗੋਪਾਲ ਗੁਪਤਾ, ਜਸਵੰਤ ਸਿੰਘ, ਕੈਪਟਨ ਨਰੇਸ਼ ਵਰਮਾ, ਲਾਕੇਸ਼ ਟੰਡਨ ਆਦਿ ਹਾਜ਼ਰ ਸਨ।

## ਸਟੇਟ ਕਰਮਚਾਰੀ ਦਲ 'ਚ ਵੱਖ-ਵੱਖ ਵਿਭਾਗਾਂ ਦੇ ਮੁਲਾਜ਼ਮ ਹੋਏ ਸ਼ਾਮਲ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਟੇਟ ਕਰਮਚਾਰੀ ਦਲ ਜ਼ਿਲ੍ਹਾ ਫਿਰੋਜ਼ਪੁਰ ਵਿੱਚ ਵੱਖ-ਵੱਖ ਵਿਭਾਗਾਂ, ਜਿਨ੍ਹਾਂ ਵਿੱਚ ਜ਼ਿਲ੍ਹਾ ਪ੍ਰੀਸ਼ਦ, ਪੰਚਾਇਤੀ ਰਾਜ ਤੇ ਜੰਗਲਾਤ ਵਿਭਾਗ ਦੇ ਦਫ਼ਤਰੀ ਤੇ ਫੀਲਡ ਮੁਲਾਜਮ ਬਲਬੀਰ ਸਿੰਘ ਗੋਖੀਵਾਲਾ ਤੇ ਦਲਜੀਤ ਸਿੰਘ ਯਾਰੇਸਾਹਵਾਲਾ ਦੀ ਅਗਵਾਈ ਹੇਠ ਵੱਖ-ਵੱਖ ਜਥੇਬੰਦੀਆਂ ਨੂੰ ਅਲਵਿਦਾ ਕਿਹਾ ਕਿ ਸਟੇਟ ਕਰਮਚਾਰੀ ਦਲ ਵਿੱਚ ਸ਼ਾਮਲ ਹੋਏ। ਇਸ ਸਬੰਧੀ ਇੱਕ ਮੀਟਿੰਗ ਸਟੇਟ ਕਰਮਚਾਰੀ ਦਲ ਜ਼ਿਲ੍ਹਾ ਫਿਰੋਜ਼ਪੁਰ ਦੇ ਪ੍ਰਧਾਨ ਤਰਸੇਮ ਬੇਦੀ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਫਿਰੋਜ਼ਪੁਰ ਵਿਖੇ ਹੋਈ। ਇਸ ਮੀਟਿੰਗ ਵਿੱਚ ਸਟੇਟ ਸੀਨੀਅਰ ਮੀਤ ਪ੍ਰਧਾਨ ਬਲਬੀਰ ਸਿੰਘ ਕੰਬੋਜ਼ ਉਚੇਚੇ ਤੌਰ 'ਤੇ ਸ਼ਾਮਲ ਹੋਏ, ਜਿਨ੍ਹਾਂ ਨੇ ਸਟੇਟ ਕਰਮਚਾਰੀ ਦਲ ਵਿੱਚ ਸ਼ਾਮਲ ਹੋਏ ਸਾਥੀਆਂ ਦਾ ਧੰਨਵਾਦ ਕੀਤਾ ਤੇ ਨਵੇਂ ਸ਼ਾਮਲ ਹੋਏ ਸਾਥੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਸਟੇਟ ਕਰਮਚਾਰੀ ਇਕ ਸਿਰਮੌਰ ਜਥੇਬੰਦੀ ਹੈ, ਜੋ ਹਰੀ ਸਿੰਘ ਟੌਹੜਾ ਦੀ ਅਗਵਾਈ ਹੇਠ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਲੈ ਕੇ ਸਰਕਾਰ ਨਾਲ ਲੜ ਰਹੀ। ਮੀਟਿੰਗ ਵਿੱਚ ਦਲਜੀਤ ਸਿੰਘ ਯਾਰੇਸਾਹਵਾਲਾ, ਬਲਵੀਰ ਸਿੰਘ ਗੋਖੀਵਾਲਾ, ਰਮੇਸ਼ ਚੰਦ, ਫੂਲ ਚੰਦ, ਧੀਰਜ ਕੁਮਾਰ, ਰਮੇਸ਼ ਕੁਮਾਰ, ਮਲੂਕਾ, ਮਹਿੰਦਰ ਸਿੰਘ, ਅਜੀਤ ਸਿੰਘ, ਸੂਜਾ ਰਾਮ, ਰਸ਼ਪਾਲ ਸਿੰਘ, ਜੋਗਿੰਦਰ ਸਿੰਘ, ਰਣਬੀਰ ਸਿੰਘ ਕੁੱਕੂ, ਮਹਿੰਦਰ ਸਿੰਘ ਅਟਾਰੀ, ਚੰਦਰ ਮੋਹਣ, ਮੱਖਣ ਸਿੰਘ, ਗੁਰਦੇਵ ਸਿੰਘ, ਰਾਮ ਸਿੰਘ, ਸੁੱਚਾ ਸਿੰਘ, ਗੁਰਬਚਨ ਸਿੰਘ ਤੇ ਪੈਨਸ਼ਨਰ ਆਗੂ ਕਿਸ਼ਨ ਚੰਦ ਜਾਗੋਵਾਲੀਆ ਸ਼ਾਮਲ ਹੋਏ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਉਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

CMYK

# ਅਕਾਲੀ ਦਲ ਨੂੰ ਵੱਡਾ ਝਟਕਾ, ਕਈ ਕੱਟੜ ਅਕਾਲੀ ਪਰਿਵਾਰ 'ਆਪ' ਵਿੱਚ ਸ਼ਾਮਲ



**ਤਰਨਤਾਰਨ (ਪ੍ਰਿਤਪਾਲ ਸਿੰਘ)**- ਆਮ ਆਦਮੀ ਪਾਰਟੀ (ਆਪ) ਨੂੰ ਤਰਨਤਾਰਨ ਵਿਧਾਨ ਸਭਾ ਹਲਕੇ ਵਿੱਚ ਉਸ ਸਮੇਂ ਇੱਕ ਹੋਰ ਵੱਡਾ ਰਾਜਨੀਤਕ ਹੁਲਾਰਾ ਮਿਲਿਆ ਜਦੋਂ ਸ਼੍ਰੋਮਣੀ ਅਕਾਲੀ ਦਲ ਦੇ ਕਈ ਪ੍ਰਮੁੱਖ ਪਰਿਵਾਰ ਆਪ ਵਿੱਚ ਸ਼ਾਮਲ ਹੋ ਗਏ। ਸਾਰਿਆਂ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਅਤੇ ਇਮਾਨਦਾਰ ਸ਼ਾਸਨ ਪ੍ਰਤੀ ਪਾਰਟੀ ਦੀ ਵਚਨਬੱਧਤਾ ਵਿੱਚ ਵਿਸ਼ਵਾਸ ਪ੍ਰਗਟ ਕੀਤਾ।ਇਸ ਮੌਕੇ ਵਰੁਣ ਕੁਮਾਰ, ਮਾਰਕੀਟ ਕਮੇਟੀ ਚੇਅਰਮੈਨ ਰਾਜਾ ਸਾਂਸੀ, ਨਰਿੰਦਰ ਸਿੰਘ ਨਾਗੀ ਤੋਂ ਉਤਸ਼ਾਹਿਤ ਹੋ ਕੇ ਸਤਨਾਮ ਸਿੰਘ, ਮਨੋਹਰ ਲਾਲ, ਪ੍ਰੀਤ ਸਿੰਘ ਹੈਪੀ, ਸਾਜਨ, ਪਰਮ ਕੁਮਾਰ, ਰੋਹਿਤ, ਆਸ਼ੂ, ਪ੍ਰਿੰਸ, ਤਰੁਨ, ਅਮਰੀਕ ਸਿੰਘ, ਜੋਗਾ ਸਿੰਘ, ਸਾਜਨ, ਹਰਪ੍ਰੀਤ ਸਿੰਘ ਸਮੇਤ ਕਈ ਪਰਿਵਾਰਾਂ ਨੇ ਅਕਾਲੀ ਦਲ ਛੱਡ ਕੇ ਆਪ 'ਚ ਸ਼ਾਮਲ ਹੋਣ ਦਾ ਐਲਾਨ ਕੀਤਾ।ਇਸੇ ਤਰ੍ਹਾਂ 'ਆਪ' ਆਗੂ ਜਸਬੀਰ ਸਿੰਘ ਸੌਂਧ ਤੋਂ ਪ੍ਰੇਰਿਤ ਹੋ ਕੇ ਕਈ ਹੋਰ ਪਰਿਵਾਰ ਸਾਹਿਬਦੀਪ ਸਿੰਘ, ਗੁਰਸ਼ੇਰ ਸਿੰਘ, ਜਰਮਨਜੀਤ ਸਿੰਘ, ਗੁਲਜ਼ਾਰ ਸਿੰਘ, ਅਵਤਾਰ ਸਿੰਘ, ਸ਼ਰਨਜੀਤ ਸਿੰਘ, ਪੁਰੋਹਿਤ ਸਿੰਘ, ਗੁਰਦੀਪ ਸਿੰਘ, ਗੁਰਸੇਵਕ ਸਿੰਘ, ਮਨਵੀਰ ਸਿੰਘ, ਜਸ਼ਨਪ੍ਰੀਤ ਸਿੰਘ ਅਕਾਲੀ ਦਲ ਨੂੰ ਛੱਡ ਕੇ 'ਆਪ' ਵਿੱਚ ਸ਼ਾਮਲ ਹੋਏ।'ਆਪ' ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਸੂਬਾ ਜਨਰਲ ਸਕੱਤਰ ਡਾ. ਐੱਸ. ਐੱਸ. ਆਹਲੂਵਾਲੀਆ, ਚੇਅਰਮੈਨ ਹਰਚੰਦ ਸਿੰਘ ਬਰਸਟ, ਸੁਰ ਸਿੰਘ ਨੇ ਇਨ੍ਹਾਂ ਪਰਿਵਾਰਾਂ ਦਾ ਆਪ 'ਚ ਸ਼ਾਮਲ ਹੋਣ 'ਤੇ ਨਿੱਘਾ ਸਵਾਗਤ ਕੀਤਾ।

# ਰਿਆੜਕੀ ਕਾਲਜ ਵਿਖੇ 35ਵੇਂ ਸਾਲਾਨਾ ਸੱਤ ਰੋਜ਼ਾ ਗੁਰਮਤਿ ਕੈਂਪ ਦਾ ਚੌਥਾ ਦਿਨ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਬਾਬਾ ਆਇਆ ਸਿੰਘ ਰਿਆੜਕੀ ਕਾਲਜ ਤੁਗਲਵਾਲਾ ਵਿਖੇ ਗੁਰਮਤਿ ਦੇ ਪੱਧਤੀ, ਗੁਰਮਤਿ ਦੇ ਪ੍ਰਚਾਰ ਤੇ ਪ੍ਰਸਾਰ ਲਈ ਅਣਥੱਕ, ਬੇਬਾਕ ਤੇ ਨਿਸ਼ਕਾਮ ਪ੍ਰਚਾਰਕ ਸਵਰਗਵਾਸੀ ਗਿਆਨੀ ਮੇਵਾ ਸਿੰਘ ਜੀ ਦੀ ਯਾਦ ਨੂੰ ਸਮਰਪਿਤ ਸਲਾਨਾ 35ਵੇਂ ਸੱਤ ਰੋਜ਼ਾ ਕੈਂਪ ਦੇ ਚੌਥੇ ਦਿਨ ਸਮਾਗਮ ਦਾ ਉਦਘਾਟਨ ਸਰਦਾਰ ਸ੍ਰ.ਗੁਰਚਰਨ ਸਿੰਘ ਟੌਹੜਾ ਕਾਲਜ ਪਟਿਆਲਾ ਦੇ ਪ੍ਰਿੰਸੀਪਲ ਸ੍ਰ. ਸੁਖਦੇਵ ਸਿੰਘ ਸਾਬਕਾ ਸਕੱਤਰ ਸ਼੍ਰੋ.ਗੁ. ਪ੍ਰ.ਕਮੇਟੀ ਸ੍ਰੀ ਅੰਮ੍ਰਿਤਸਰ ਦੁਆਰਾ ਕੀਤਾ ਗਿਆ ਕੀਤਾ, ਜਿਨ੍ਹਾਂ ਨੇ ਸੰਸਥਾ ਨੂੰ 'ਸਿੱਖ ਕੌਮ ਦੀ ਯੂਨੀਵਰਸਿਟੀ' ਕਹਿ ਕੇ ਨਿਵਾਜਿਆ। ਇਸ ਮੌਕੇ ਸਿੱਖ ਪੰਥ ਦੀਆਂ ਸਿਰਮੌਰ ਹਸਤੀਆਂ, ਮਹਾਨ ਵਿਦਵਾਨਾਂ, ਬੁੱਧੀਜੀਵੀਆਂ ਤੇ ਵਿਚਾਰਕਾਂ ਵਿੱਚ ਸ਼ਾਮਲ ਵਰਿਆਮ ਸਿੰਘ ਸਾਬਕਾ ਸਕੱਤਰ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ, ਡਾਕਟਰ ਸੰਤੋਖ ਸਿੰਘ ਇੰਚਾਰਜ ਸਿੱਖ ਇਤਿਹਾਸ ਰਿਸਰਚ ਬੋਰਡ ਸ਼੍ਰੋ.ਗੁ. ਪ੍ਰ. ਕਮੇਟੀ ਸ੍ਰੀ ਅੰਮ੍ਰਿਤਸਰ, ਕਾਲਜ ਦੀ ਪੜ੍ਹੀ ਪੁਰਾਣੀ ਵਿਦਿਆਰਥਣ ਡਾਕਟਰ ਰਮਨਦੀਪ ਕੌਰ ਪ੍ਰੋ. ਸ਼ਹੀਦ ਸਿੱਖ ਮਿਸ਼ਨਰੀ ਕਾਲਜ ਸ੍ਰੀ ਅੰਮ੍ਰਿਤਸਰ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰ ਕੇ ਵਿਦਿਆਰਥੀਆਂ ਦੇ ਰੂ ਬ ਰੂ ਹੋਏ। ਪੰਥ ਦੇ ਮਹਾਨ ਕੀਰਤਨੀਏ ਹਜ਼ੂਰੀ ਰਾਗੀ ਭਾਈ ਗੁਰਵਿੰਦਰ ਸਿੰਘ ਸ਼ਬਾ ਗੁਰਦੁਆਰਾ ਸ੍ਰੀ ਅੰਚਲ ਸਾਹਿਬ, ਗੁਰਦੁਆਰਾ ਸ੍ਰੀ ਕੰਧ ਸਾਹਿਬ ਤੋਂ ਭਾਈ ਹਰਪ੍ਰੀਤ ਸਿੰਘ, ਭਾਈ ਰਣਜੀਤ ਸਿੰਘ ਵਰਗੀਆਂ ਗੁਰਨੀਅਤ ਦੇ ਰੰਗ ਵਿੱਚ ਰੰਗੀਆਂ ਸ਼ਖਸੀਅਤਾਂ ਦੇ ਮੁੱਖੋਂ ਇਲਾਹੀ ਗੁਰਬਾਣੀ ਦਾ ਰਸ ਭਿੰਨਾ ਕੀਰਤਨ ਸੁਣ ਕੇ ਮਨ ਇਕਸੁਰਤਾ 'ਚ ਇਕਾਗਰ ਹੋਇਆ। ਢਾਡੀ ਜਥਾ ਭਾਈ ਦਲਜੀਤ ਸਿੰਘ ਵਿਛੋਆ, ਭਾਈ ਸੁਖਰਾਜ ਸਿੰਘ ਨੇ ਆਪਣੇ ਸਾਥੀਆਂ ਸਮੇਤ ਸਿੱਖ ਇਤਿਹਾਸ, ਗੁਰ ਇਤਿਹਾਸ ਅਤੇ ਹੋਰ ਅਨੇਕਾਂ ਵਿਸ਼ਿਆਂ ਨਾਲ ਸਬੰਧਤ ਬੀਰ ਰਸੀ ਵਾਰਾਂ ਸੁਣਾ ਕੇ ਅਨੰਦਮਈ ਮਾਹੌਲ ਕਾਇਮ ਕੀਤਾ। ਕਵੀਸਰ ਜਥਾ ਭਾਈ ਸੁੱਚਾ ਸਿੰਘ ਡੇਰਾ ਪਠਾਣਾ, ਭਾਈ

**● ਦੁਨਿਆਵੀ ਅਤੇ ਧਾਰਮਿਕ ਵਿੱਦਿਆ ਇੱਕੋ ਹੀ ਸਿੱਕੇ ਦੇ ਦੋ ਪਹਿਲੂ : ਪ੍ਰਿੰ. ਵਿਰਕ**

ਭਗਤ ਸਿੰਘ ਭਿੱਟੇਵੱਡ ਦੇ ਕਵੀਸ਼ਰੀ ਜਥਿਆਂ ਨੇ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ, ਭਾਈ ਦਿਆਲਾ ਜੀ ਦੇ 350 ਸਾਲਾ ਸਹੀਦੀ ਪੁਰਬ ਨੂੰ ਸਮਰਪਿਤ, ਸਾਕਾ ਪੰਜਾ ਸਾਹਿਬ ਤੇ ਹੋਰ ਅਨੇਕਾਂ ਇਤਿਹਾਸ ਦੇ ਅਹਿਮ ਪੰਨਿਆਂ ਨੂੰ ਕਵੀਸ਼ਰੀ ਰਾਹੀਂ ਪੇਸ਼ ਕੀਤਾ। ਪ੍ਰਚਾਰਕ ਸਾਹਿਬਾਨ ਭਾਈ ਹਰਸ਼ਸੁਖਮਨ ਸਿੰਘ, ਬੀਬੀ ਰਾਜਬੀਰ ਕੌਰ, ਭਾਈ ਅਮਰਜੀਤ ਸਿੰਘ ਚਿੱਟੀ, ਭਾਈ ਗੁਰਨਾਮ ਸਿੰਘ ਦੋਰਾਂਗਲਾ, ਭਾਈ ਗੁਰਜੀਤ ਸਿੰਘ ਘਿਉਂ, ਭਾਈ ਜਗਦੇਵ ਸਿੰਘ, ਭਾਈ ਲਵਪ੍ਰੀਤ ਸਿੰਘ, ਭਾਈ ਵਰਿਆਮ ਸਿੰਘ ਨੇ ਵਿਦਿਆਰਥੀਆਂ ਨਾਲ ਬਹੁਤ ਸਾਰੇ ਵਿਸ਼ੇ ਜਿਵੇਂ ਗੁਰੂ, ਸਿੱਖ ਧਰਮ ਵਿੱਚ ਔਰਤ ਦਾ ਯੋਗਦਾਨ, ਖੰਡੇ ਬਾਟੇ ਦੀ ਪਾਹੁਲ-ਅੰਮ੍ਰਿਤ, ਪੰਗਤ, ਦਸ ਗੁਰੂ ਸਾਹਿਬਾਨ ਦਾ ਜੀਵਨ, ਅਰਦਾਸ ਦੀ ਮਹੱਤਤਾ ਆਦਿ ਬਹੁਤ ਸਾਰੇ ਵਿਸ਼ੇ ਵਿਦਿਆਰਥੀਆਂ ਨਾਲ ਸਾਂਝੇ ਕੀਤਾ। ਵਿਦਿਆਰਥੀਆਂ ਨੂੰ ਪੁਸਤਕ ਪ੍ਰੇਮੀ ਬਣਾਉਣ ਲਈ ਸੰਸਥਾ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਤਿਹਾਸਿਕ ਤੇ ਧਾਰਮਿਕ ਕਿਤਾਬਾਂ ਦੀ ਪ੍ਰਦਰਸ਼ਨੀ ਵੀ ਲਗਾਈ ਗਈ। ਸਿੱਖ ਜਰਨੈਲ, ਸੂਰਬੀਰ ਯੋਧਿਆਂ, ਸ਼ਹੀਦ ਸਿੰਘਾਂ-ਸਿੰਘਣੀਆਂ, ਭਗਤਾਂ ਤੇ ਭੱਟਾਂ ਦੀਆਂ ਤਸਵੀਰਾਂ ਦੀ ਪ੍ਰਦਰਸ਼ਨੀ ਵੀ ਲਗਾਈ ਗਈ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਸਵਰਨ ਸਿੰਘ ਵਿਰਕ ਨੇ ਕਿਹਾ ਕਿ ਦੁਨਿਆਵੀ ਵਿੱਦਿਆ ਤੇ ਧਾਰਮਿਕ ਵਿੱਦਿਆ ਇੱਕੋ ਹੀ ਸਿੱਕੇ ਦੇ ਦੋ ਪਾਸੇ ਹਨ, ਇਹਨਾਂ ਵਿੱਚ ਸੰਤੁਲਨ ਬਣਾਈ ਰੱਖਣ ਲਈ ਸੰਸਥਾ ਵਿੱਚ ਸਮੇਂ ਸਮੇਂ ਤੇ ਵਿਦਿਆਰਥੀਆਂ ਲਈ ਅਜਿਹੇ ਸਮਾਗਮ ਆਯੋਜਿਤ ਕੀਤੇ ਜਾਂਦੇ ਹਨ ਅਤੇ ਇਹ ਸਲਾਨਾ ਗੁਰਮਤ ਕੈਂਪ ਸਭ ਤੋਂ ਮੋਹਰਲੀ ਕਤਾਰ ਵਿੱਚ ਹੈ, ਜਿਸ ਦੌਰਾਨ ਵਿਦਿਆਰਥੀ ਗੁਰਨੀਅਤ ਦੇ ਰੰਗ ਵਿੱਚ ਰੰਗੇ ਜਾਂਦੇ ਹਨ। ਇਸ ਮੌਕੇ ਸਟੂਡੈਂਟ ਸੈਕਟਰੀ ਸਿਮਰਨ ਕੌਰ ਨੇ ਦੱਸਿਆ ਇਨ੍ਹਾਂ ਢੱਕ ਰਹੇ ਸਮਾਗਮਾਂ ਵਿੱਚ ਬਾਹਰੋਂ ਆਏ ਹਰੇਕ ਮਹਿਮਾਨ ਦਾ ਸਿਰੋਪਾਓ ਨਾਲ ਸਨਮਾਨ ਕੀਤਾ ਜਾਂਦਾ ਅਤੇ ਸਾਰਾ ਦਿਨ ਵਿਦਿਆਰਥਣਾਂ ਵੱਲੋਂ ਹੱਥੀ ਤਿਆਰ ਕੀਤਾ ਗਿਆ ਲੰਗਰ ਵੀ ਛਕਾਇਆ ਜਾਂਦਾ ਹੈ।

# ਹਰਮੀਤ ਸੰਧੂ ਦੀ ਜਿੱਤ ਪੱਕੀ, ਲੋਕਾਂ ਦੀ ਆਪ 'ਚ ਸ਼ਮੂਲੀਅਤ ਨਿਰੰਤਰ ਜਾਰੀ : ਬਰਿੰਦਰ ਗੋਇਲ

**ਤਰਨਤਾਰਨ (ਨਜ਼ਸ)**- ਤਰਨਤਾਰਨ ਜ਼ਿਮਨੀ ਚੋਣ ਤੋਂ ਪਹਿਲਾਂ ਆਮ ਆਦਮੀ ਪਾਰਟੀ (ਆਪ) ਨੂੰ ਉਸ ਵੇਲੇ ਵੱਡਾ ਸਿਆਸੀ ਹੁਲਾਰਾ ਮਿਲਿਆ, ਜਦੋਂ ਝਬਾਲ ਪੁਖਤਾ ਅਤੇ ਝਬਾਲ ਅੱਡਾ ਦੇ ਸੈਂਕੜੇ ਪਰਿਵਾਰਾਂ ਨੇ ਆਪ ਵਿੱਚ ਸ਼ਾਮਲ ਹੋਣ ਦਾ



ਐਲਾਨ ਕੀਤਾ।ਕੈਬਨਿਟ ਮੰਤਰੀ ਬਰਿੰਦਰ ਗੋਇਲ ਨੇ ਇਨ੍ਹਾਂ ਸਾਰੇ ਪਰਿਵਾਰਾਂ ਨੂੰ ਪਾਰਟੀ ਵਿੱਚ ਰਸਮੀ ਤੌਰ ਤੇ ਸ਼ਾਮਲ ਕਰਵਾਇਆ।ਇਹ ਸ਼ਮੂਲੀਅਤ ਸਮਾਗਮ ਸਰਪੰਚ ਮੋਨੂੰ ਚੀਮਾ, ਹਲਕਾ ਪਾਇਲ ਤੋਂ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਅਤੇ ਚੇਅਰਮੈਨ ਰਣਜੋਧ ਸਿੰਘ ਹਡਾਣਾ ਦੀ ਅਗਵਾਈ ਹੇਠ ਹੋਇਆ। ਮੰਤਰੀ ਗੋਇਲ ਨੇ ਨਵੇਂ ਸ਼ਾਮਲ ਹੋਏ ਪਰਿਵਾਰਾਂ ਨੂੰ ਭਰੋਸਾ ਦਿਵਾਇਆ ਕਿ ਪਾਰਟੀ ਵਿੱਚ ਉਨ੍ਹਾਂ ਦਾ ਹਮੇਸ਼ਾ ਪੂਰਾ ਮਾਣ-ਸਤਿਕਾਰ ਹੋਵੇਗਾ।ਵਿਰੋਧੀ ਪਾਰਟੀਆਂ 'ਤੇ ਨਿਸ਼ਾਨਾ ਸਾਧਦਿਆਂ ਗੋਇਲ ਨੇ ਕਿਹਾ ਕਿ ਦੂਜੀਆਂ ਪਾਰਟੀਆਂ ਕੋਲ ਲੋਕਾਂ ਨੂੰ ਦੱਸਣ ਲਈ ਕੱਖ ਨਹੀਂ ਹੈ।ਉਹ ਸਿਰਫ਼ ਵੱਖ-ਵੱਖ ਤਰ੍ਹਾਂ ਦੇ ਸਹਾਰੇ ਲੱਭ ਰਹੇ ਹਨ, ਕੋਈ ਫੌਜੀਆਂ ਦੇ ਨਾਂ 'ਤੇ ਵੋਟਾਂ ਮੰਗ ਰਿਹਾ ਹੈ ਤੇ ਕੋਈ ਧਰਮ ਦੇ ਨਾਂ 'ਤੇ।ਉਨ੍ਹਾਂ ਕਿਹਾ ਕਿ ਲੋਕ ਸਭ ਜਾਣਦੇ ਹਨ ਕਿ ਬੇਅਦਬੀਆਂ ਕਿਨ੍ਹਾਂ ਸਰਕਾਰਾਂ ਵੇਲੇ ਹੋਈਆਂ ਸਨ।ਉਨ੍ਹਾਂ ਕਿਹਾ ਕਿ ਪੰਜਾਬ ਦੇ ਅਸਲੀ ਵਾਰਸ ਉਹ ਲੋਕ ਨਹੀਂ, ਬਲਕਿ ਸਾਡੀਆਂ ਮਾਤਾਵਾਂ-ਭੈਣਾਂ ਹਨ, ਜਿਨ੍ਹਾਂ ਨੇ ਆਪਣੀ ਵੋਟ ਦੀ ਤਾਕਤ ਨਾਲ ਫੈਸਲਾ ਕਰਨਾ ਹੈ।ਉਨ੍ਹਾਂ ਕਿਹਾ ਕਿ ਆਪ ਉਮੀਦਵਾਰ ਹਰਮੀਤ ਸਿੰਘ ਸੰਧੂ ਪਹਿਲਾਂ ਵੀ ਤਿੰਨ ਵਾਰ ਇਸ ਹਲਕੇ ਦੀ ਸੇਵਾ ਕਰ ਚੁੱਕੇ ਹਨ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਰੰਗਲਾ ਪੰਜਾਬ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਹਰਮੀਤ ਸਿੰਘ ਸੰਧੂ ਨੂੰ ਵੱਡੇ ਫਰਕ ਨਾਲ ਜਿਤਾਉਣ ਤਾਂ ਜੋ ਉਹ ਹਲਕੇ ਦੇ ਵਿਕਾਸ ਕਾਰਜਾਂ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾ ਸਕਣ।

# ਡਾਇਟ ਕੈਰੋਂ ਵਿਖੇ ਅਧਿਆਪਕ ਸਿਖਲਾਈ ਸੈਮੀਨਾਰਾਂ ਦੀ ਲੜੀ ਸਫਲਤਾਪੂਰਵਕ ਸਮਾਪਤ

## ਸਿੱਖਿਆ ਮਾਹਿਰਾਂ ਨੇ ਲੱਗੇ ਸੈਮੀਨਾਰਾਂ 'ਚ ਨਵੀਆਂ ਪਹਿਲਕਦਮੀਆਂ 'ਤੇ ਦਿੱਤਾ ਜ਼ੋਰ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਪ੍ਰਿੰ. ਡਾਇਟ ਕੈਰੋਂ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਤਨਾਮ ਸਿੰਘ ਬਾਠ ਦੀ ਸਮਰੱਥ ਅਤੇ ਯੋਗ ਅਗਵਾਈ ਹੇਠ ਡਾਇਟ ਕੈਰੋਂ ਵਿਖੇ ਇੱਕ ਅਹਿਮ ਸਿਖਲਾਈ ਸੈਮੀਨਾਰ ਦੀ ਲੜੀ ਸਫਲਤਾਪੂਰਵਕ ਸਮਾਪਤ ਹੋ ਗਈ ਹੈ।ਇਹ ਸੈਮੀਨਾਰ 12 ਅਕਤੂਬਰ ਤੋਂ ਸ਼ੁਰੂ ਹੋ ਕੇ 31 ਅਕਤੂਬਰ ਤੱਕ ਜਾਰੀ ਰਿਹਾ, ਜਿਸ ਵਿੱਚ ਪੀਐਮ ਸ਼੍ਰੀ ਸਕੂਲਾਂ ਦੇ ਲੈਕਚਰਰ ਕੇਡਰ, ਮਾਸਟਰ ਕੇਡਰ ਅਤੇ ਸੀਐਂਡਵੀ ਕੇਡਰ ਦੇ



ਅਧਿਆਪਕਾਂ ਨੇ ਭਾਗ ਲਿਆ।ਇਸ 3 ਰੋਜ਼ਾ ਸਿਖਲਾਈ ਪ੍ਰੋਗਰਾਮ ਦਾ ਮੁੱਖ ਉਦੇਸ਼ ਅਧਿਆਪਕਾਂ ਨੂੰ ਸਮਕਾਲੀਨ ਅਤੇ ਭਵਿੱਖ-ਮੁਖੀ ਸਿੱਖਿਆ ਸ਼ਾਸਤਰ ਨਾਲ ਜੋੜਨਾ ਸੀ।ਸੈਮੀਨਾਰ ਦੌਰਾਨ ਵੱਖ-ਵੱਖ ਮਾਹਿਰਾਂ ਦੁਆਰਾ ਤਿੰਨ ਪ੍ਰਮੁੱਖ ਖੇਤਰਾਂ ਤੇ ਡੂੰਘਾਈ ਨਾਲ ਸੈਸ਼ਨ ਲਗਾਏ ਗਏ।ਇਨ੍ਹਾਂ ਵਿੱਚ ਵਿਦਿਆਰਥੀਆਂ ਵਿੱਚ ਤਰਕਸ਼ਕਤੀ ਵਧਾਉਣ ਲਈ ਵੈਦਿਕ ਮੈਥ ਦੀਆਂ ਵਿਧੀਆਂ, ਡਿਜੀਟਲ ਯੁੱਗ ਦੀ ਜ਼ਰੂਰਤ ਅਨੁਸਾਰ ਜਾਗਰੂਕਤਾ ਫੈਲਾਉਣ ਲਈ ਸਾਈਬਰ ਸਿਕਿਉਰਟੀ, ਅਵੇਅਰਨੈੱਸ, ਟੈਕਨੋਲੋਜੀ ਦੀ ਵਰਤੋਂ ਅਤੇ ਵਿਦਿਆਰਥੀਆਂ ਨੂੰ ਸਹੀ ਦਿਸ਼ਾ ਦੇਣ ਲਈ ਕੈਰੀਅਰ ਡਿਵੈਲਪਮੈਂਟ ਪ੍ਰੋਗਰਾਮ।ਅਧਿਆਪਕਾਂ ਨੇ ਇਨ੍ਹਾਂ ਸੈਸ਼ਨਾਂ ਵਿੱਚ ਪੂਰੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਨਵੇਂ ਗਿਆਨ ਨੂੰ ਆਪਣੇ ਅਧਿਆਪਨ ਦੇ ਤਰੀਕਿਆਂ ਵਿੱਚ ਸ਼ਾਮਲ ਕਰਨ ਦੀ ਪ੍ਰਤੀਬੱਧਤਾ ਪ੍ਰਗਟਾਈ।ਜ਼ਿਲ੍ਹਾ ਸਿੱਖਿਆ ਅਫ਼ਸਰ ਅਤੇ ਪ੍ਰਿੰਸੀਪਲ ਡਾਇਟ ਕੈਰੋਂ ਨੇ ਇਸ ਸਫਲ ਆਯੋਜਨ ਲਈ ਸਾਰੀ ਟੀਮ ਅਤੇ ਭਾਗ ਲੈਣ ਵਾਲੇ ਅਧਿਆਪਕਾਂ ਨੂੰ ਵਧਾਈ ਦਿੱਤੀ।ਇਹ ਕਦਮ ਪੀਐਮ ਸ਼੍ਰੀ ਸਕੂਲਾਂ ਵਿੱਚ ਸਿੱਖਿਆ ਦੀ ਗੁਣਵੱਤਾ ਅਤੇ ਅਧਿਆਪਕਾਂ ਦੀ ਪੇਸ਼ੇਵਰ ਸਮਰੱਥਾ ਨੂੰ ਉੱਚੇ ਪੱਧਰ ਤੇ ਲਿਜਾਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਪ੍ਰਾਪਤੀ ਹੈ।ਡਾਇਟ ਪ੍ਰਿੰਸੀਪਲ ਦੁਆਰਾ ਅਧਿਆਪਕਾਂ ਨੂੰ ਸਮੇਂ ਸਮੇਂ ਸਿਖਲਾਈ ਪ੍ਰੋਗਰਾਮਾਂ ਵਿੱਚ ਉਤਸ਼ਾਹ ਅਤੇ ਸਿੱਖਣ ਦੀ ਲਾਲਸਾ ਨਾਲ ਹਿੱਸਾ ਲੈਣ ਲਈ ਪ੍ਰੇਰਨਾ ਦਿੱਤੀ ਉਨ੍ਹਾਂ ਕਿਹਾ ਕਿ ਅਧਿਆਪਕ ਜਿੰਨਾ ਚਿਰ ਖ਼ੁਦ ਨੂੰ ਨਵੇਂ ਸਿੱਖਣ ਦੇ ਤਰੀਕਿਆਂ ਨਾਲ ਅੱਪਡੇਟ ਨਹੀਂ ਕਰਦੇ ਉਹ ਬਦਲਦੇ ਜ਼ਮਾਨੇ ਦੀ ਲੋੜ ਅਨੁਸਾਰ ਸਿਖਿਆਰਥੀਆਂ ਨੂੰ ਨਹੀਂ ਸਿਖਾ ਸਕਦੇ।

# ਲੋਕ ਮੁੜ 'ਆਪ' ਦੇ ਹੱਕ ਵਿੱਚ ਫਤਵਾ ਦੇਣ ਲਈ ਤਿਆਰ : ਸੰਧੂ



**ਤਰਨਤਾਰਨ (ਨਜ਼ਸ)**- ਤਰਨਤਾਰਨ ਵਿਧਾਨ ਸਭਾ ਹਲਕੇ ਦੀ ਜ਼ਿਮਨੀ ਚੋਣ ਲਈ ਆਮ ਆਦਮੀ ਪਾਰਟੀ (ਆਪ) ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਦੇ ਹੱਕ ਵਿੱਚ ਚੋਣ ਮੁਹਿੰਮ ਦਿਨ-ਬ-ਦਿਨ ਤੇਜ਼ ਹੁੰਦੀ ਜਾ ਰਹੀ ਹੈ। ਇਸੇ ਲੜੀ ਤਹਿਤ ਆਪ ਦੀ ਚੋਣ ਮੁਹਿੰਮ ਦੀ ਨਵੀਂ ਸਵੇਰ ਦੀ ਸ਼ੁਰੂਆਤ ਹਲਕਾ ਤਰਨਤਾਰਨ ਦੇ ਪਿੰਡ ਗੰਡੀਵਿੰਡ ਤੋਂ ਹੋਈ। ਪਿੰਡ ਗੰਡੀਵਿੰਡ ਵਿਖੇ ਹੋਏ ਪ੍ਰਭਾਵਸ਼ਾਲੀ ਇਕੱਠ ਦੌਰਾਨ ਆਪ ਉਮੀਦਵਾਰ ਦੇ ਹੱਕ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।ਪਿੰਡ ਦੇ ਲੋਕਾਂ ਨੇ ਇਕਜੁੱਟ ਹੋ ਕੇ ਆਉਣ ਵਾਲੀ ਜ਼ਿਮਨੀ ਚੋਣ ਦਾ ਮੈਦਾਨ ਫ਼ਤਿਹ ਕਰਨ ਲਈ ਪੂਰੀ ਪ੍ਰਤੀਬੱਧਤਾ ਜ਼ਾਹਰ ਕੀਤੀ।ਲੋਕਾਂ ਨੇ ਭਰੋਸਾ ਦਿਵਾਇਆ ਕਿ ਉਹ ਆਪ ਦੀ ਜਿੱਤ ਯਕੀਨੀ ਬਣਾਉਣ ਲਈ ਦਿਨ-ਰਾਤ ਇੱਕ ਕਰ ਦੇਣਗੇ।ਇਸ ਮੌਕੇ ਮਿਲੇ ਭਰਵੇਂ ਹੁੰਗਾਰੇ 'ਤੇ ਬੋਲਦਿਆਂ ਪਾਰਟੀ ਆਗੂਆਂ ਨੇ ਕਿਹਾ ਕਿ ਤਰਨਤਾਰਨ ਵਾਸੀਆਂ ਦੁਆਰਾ ਪ੍ਰਗਟਾਏ ਗਏ ਇਸ ਪਿਆਰ-ਭਾਵ ਅਤੇ ਸਨੇਹ ਨੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਦੀ ਜਿੱਤ ਨੂੰ ਹੋਰ ਵੀ ਪੱਕਾ ਕਰ ਦਿੱਤਾ ਹੈ।ਲੋਕਾਂ ਦਾ ਇਹ ਇਕੱਠ ਸਾਬਤ ਕਰਦਾ ਹੈ ਕਿ ਹਲਕੇ ਦੇ ਲੋਕ ਆਪ ਸਰਕਾਰ ਦੀ ਕਾਰਗੁਜ਼ਾਰੀ ਤੋਂ ਖੁਸ਼ ਹਨ ਅਤੇ ਮੁੜ ਤੋਂ 'ਆਪ' ਦੇ ਹੱਕ ਵਿੱਚ ਫਤਵਾ ਦੇਣ ਲਈ ਤਿਆਰ ਹਨ।

# ਰਮਨ ਬਹਿਲ ਦੇ ਯਤਨਾਂ ਸਦਕਾ ਕਿਰਨ ਨਾਲੇ ਦੀ ਸਾਫ-ਸਫਾਈ ਦਾ ਕੰਮ ਸ਼ੁਰੂ

**ਗੁਰਦਾਸਪੁਰ (ਦਿਨੇਸ਼ ਕੁਮਾਰ)**- ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ ਇੰਚਾਰਜ ਰਮਨ ਬਹਿਲ ਵਲੋਂ ਵੱਡਾ ਉਪਰਾਲਾ



ਕਰਦਿਆਂ ਕਮਾਲਪੁਰ ਅਫਗਾਨਾਂ ਨੇੜੇ ਕਿਰਨ ਨਾਲੇ ਦੀ ਸਫਾਈ ਵੱਡੀ ਕਰੇਨ ਨਾਲ ਸ਼ੁਰੂ ਕਰਵਾਈ ਗਈ ਜਿਸ ਨਾਲ ਕਿਰਨ ਨਾਲੇ ਨਾਲ ਲੱਗਦੇ ਪਿੰਡਾਂ ਨੂੰ ਵੱਡੀ ਰਾਹਤ ਮਿਲੀ ਹੈ।ਰਮਨ ਬਹਿਲ ਨੇ ਦੱਸਿਆ ਕਿ ਉਨ੍ਹਾਂ ਵਲੋਂ ਕਿਰਨ ਨਾਲੇ ਦੀ ਸਫਾਈ ਦਾ ਮੁੱਦਾ ਵੱਖ ਵੱਖ ਪਲੇਟਫਾਰਮਾਂ ਤੇ ਉਠਾਇਆ ਗਿਆ ਸੀ, ਕਿਉਂਕਿ ਪਿੰਡਾਂ ਦੇ ਕਿਸਾਨਾਂ ਦਾ ਇਸਦੀ ਸਫਾਈ ਨਾ ਹੋਣ ਨਾਲ ਪਿਛਲੇ ਕਈ ਸਾਲਾਂ ਤੋਂ ਨੁਕਸਾਨ ਹੋਇਆ ਹੈ ਪਰ ਉਨ੍ਹਾਂ ਵਲੋਂ ਲਗਾਤਾਰ ਕੀਤੇ ਯਤਨਾਂ ਸਦਕਾ ਕਿਰਨ ਨਾਲੇ ਦੀ ਸਫਾਈ ਹੋਣ ਨਾਲ ਹੁਣ ਕਿਸਾਨਾਂ ਨੂੰ ਵੱਡੀ ਰਾਹਤ ਮਿਲੇਗੀ। ਰਮਨ ਬਹਿਲ ਨੇ ਕਿਹਾ ਕਿ ਉਹ ਗੁਰਦਾਸਪੁਰ ਹਲਕੇ ਦੇ ਵਿਕਾਸ ਅਤੇ ਲੋਕਾਂ ਦੀਆਂ ਮੁਸ਼ਕਿਲਾਂ ਦੂਰ ਕਰਨ ਲਈ ਦਿਨ ਰਾਤ ਯਤਨਸ਼ੀਲ ਤੇ ਕਰਮਸ਼ੀਲ ਹਨ ਅਤੇ ਲੋਕਾਂ ਦੀਆਂ ਮੁਸ਼ਕਿਲਾਂ ਪਹਿਲ ਦੇ ਆਧਾਰ ਤੇ ਹੱਲ ਕੀਤੀਆਂ ਗਈਆਂ ਹਨ।ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕ ਹਿੱਤ ਵਿੱਚ ਵੱਡੇ ਫੈਸਲੇ ਲਏ ਗਏ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਮੁਆਵਜ਼ਾ ਰਾਸ਼ੀ ਨਿਸ਼ਚਿਤ ਕੀਤੇ ਸਮੇਂ ਤੋਂ ਪਹਿਲਾਂ ਮੁਹੱਈਆ ਕਰਵਾਈ ਹੈ ਅਤੇ ਹੁਣ ਕਣਕ ਬੀਜਣ ਲਈ ਮੁਫਤ ਬੀਜ ਵੰਡਿਆ ਜਾ ਰਿਹਾ ਹੈ।

# ਸੁਖਬੀਰ ਸਿੰਘ ਬਾਦਲ ਵੱਲੋਂ ਪ੍ਰਿੰ. ਰੰਧਾਵਾ ਦੇ ਹੱਕ 'ਚ ਚੋਣ ਪ੍ਰਚਾਰ ਜ਼ੋਰਾਂ 'ਤੇ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**- ਚੋਣ ਪਰਚਾਰ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਬਿਜਲੀ ਮੰਤਰੀ ਸੰਜੀਵ ਅਰੋੜਾ ਵੱਲੋਂ ਪੰਜਾਬ ਬਿਜਲੀ ਨਿਗਮ ਲਿਮਟਿਡ (ਪੀਐੱਸਪੀਸੀਐੱਲ) ਵਿਚ ਕੀਤੇ



ਭ੍ਰਿਸ਼ਟਾਚਾਰ ਦੀ ਨਿਰਪੱਖ ਜਾਂਚ ਦੀ ਮੰਗ ਕੀਤੀ।ਅਕਾਲੀ ਦਲ ਦੇ ਪ੍ਰਧਾਨ ਨੇ ਪਾਰਟੀ ਉਮੀਦਵਾਰ ਪ੍ਰਿੰ. ਸੁਖਵਿੰਦਰ ਕੌਰ ਰੰਧਾਵਾ ਦੇ ਹੱਕ ਵਿਚ ਕਈ ਚੋਣ ਜਲਸਿਆਂ ਨੂੰ ਸੰਬੋਧਨ ਕੀਤਾ ਅਤੇ ਕਿਹਾ ਕਿ ਇਹ ਬਹੁਤ ਹੀ ਨਿੰਦਣਯੋਗ ਗੱਲ ਹੈ ਕਿ ਪੀਐੱਸਪੀਸੀਐੱਲ ਦੇ ਸੀਐੱਮਡੀ ਏ. ਕੇ. ਸਿਨਹਾ ਦਾ ਇਸ ਕਰ ਕੇ ਤਬਾਦਲਾ ਕਰ ਦਿੱਤਾ ਗਿਆ ਕਿ ਉਨ੍ਹਾਂ ਨੇ 2000 ਮੈਗਾਵਾਟ ਬਿਜਲੀ ਖਰੀਦ ਸਮਝੌਤੇ ਦੇ ਸਬੰਧ ਵਿਚ ਬਿਜਲੀ ਮੰਤਰੀ ਸੰਜੀਵ ਅਰੋੜਾ ਦੇ ਨਜਾਇਜ਼ ਹੁਕਮਾਂ ਨੂੰ ਮੰਨਣ ਤੋਂ ਨਾਂਹ ਕੀਤੀ ਤੇ ਆਖਿਆ ਕਿ ਸੰਜੀਵ ਅਰੋੜਾ ਆਪਣੇ ਦਿੱਲੀ ਦੇ ਆਕਾਵਾਂ ਦੇ ਇਸ਼ਾਰੇ 'ਤੇ ਭ੍ਰਿਸ਼ਟਾਚਾਰ ਵਿਚ ਡੁੱਬੇ ਹਨ।ਸਰਦਾਰ ਬਾਦਲ ਨੇ ਜ਼ੋਰ ਦੇ ਕੇ ਕਿਹਾ ਕਿ ਅਕਾਲੀ ਦਲ ਨੇ ਪਹਿਲਾਂ ਵੀ ਕਿਸਾਨਾਂ ਲਈ ਮੁਫਤ ਬਿਜਲੀ ਦਿੱਤੀ ਸੀ ਅਤੇ ਬੁਢਾਪਾ ਪੈਨਸ਼ਨ, ਸ਼ਗਨ ਸਕੀਮ ਤੇ ਆਟਾ ਦਾਲ ਵਰਗੀਆਂ ਸਮਾਜ ਭਲਾਈ ਸਕੀਮਾਂ ਦਿੱਤੀਆਂ ਸਨ।ਉਨ੍ਹਾਂ ਕਿਹਾ ਕਿ 2027 ਵਿਚ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਇਨ੍ਹਾਂ ਸਕੀਮਾਂ ਦਾ ਵਿਸਥਾਰ ਕੀਤਾ ਜਾਵੇਗਾ।ਅਸੀਂ ਤੁਹਾਡੇ ਚੇਹਰਿਆਂ 'ਤੇ ਮੁਸਕਾਨ ਲਿਆਵਾਂਗੇ ਅਤੇ ਪਿਛਲੀ ਕਾਂਗਰਸ ਤੇ ਮੌਜੂਦਾ ਆਪ ਵੱਲੋਂ ਬੰਦ ਕੀਤੀਆਂ ਸਾਰੀਆਂ ਸਕੀਮਾਂ ਮੁੜ ਸ਼ੁਰੂ ਕਰਾਂਗੇ।ਇਸ ਮੌਕੇ ਵੱਡੀ ਗਿਣਤੀ ਵਿਚ ਔਰਤਾਂ ਵੀ ਹਾਜ਼ਰ ਸਨ।

# ਅਸਿਸਟੈਂਟ ਸਬ-ਇੰਸਪੈਕਟਰ ਰਮੇਸ਼ ਕੁਮਾਰ ਸੀ ਆਈ ਡੀ ਬ੍ਰਾਂਚ ਤੋਂ ਹੋਏ ਸੇਵਾਮੁਕਤ

**ਪਠਾਨਕੋਟ (ਦਵਿੰਦਰ)**- ਪਠਾਨਕੋਟ ਸੀਆਈਡੀ ਬ੍ਰਾਂਚ ਦੇ ਅਸਿਸਟੈਂਟ ਸਬ-ਇੰਸਪੈਕਟਰ ਰਮੇਸ਼ ਕੁਮਾਰ ਨੇ ਲੱਗਭਗ 33 ਸਾਲ 6 ਮਹੀਨੇ ਦੀ ਬੇਦਾਗ ਅਤੇ



ਈਮਾਨਦਾਰੀ ਨਾਲ ਆਪਣੀਆਂ ਸੇਵਾਵਾਂ ਦੇਣ ਉਪਰੰਤ ਸੇਵਾ ਮੁਕਤ ਹੋਏ।ਡੀ. ਐੱਸ. ਪੀ. ਰਵਿੰਦਰ ਸਿੰਘ ਸੀ. ਆਈ. ਡੀ. ਬ੍ਰਾਂਚ ਪਠਾਨਕੋਟ ਨੇ ਅਸਿਸਟੈਂਟ ਸਬ ਇੰਸਪੈਕਟਰ ਰਮੇਸ਼ ਕੁਮਾਰ ਨੂੰ ਕੁਸ਼ਲਤਾਪੂਰਵਕ ਆਪਣੀ ਸਰਵਿਸ ਪੂਰੀ ਕਰਨ ਉਪਰੰਤ ਸਕੁਸ਼ਲ ਆਪਣੇ ਘਰ (ਪਿੰਡ ਫਿਰੋਜ਼ਪੁਰ ਕਲਾਂ ਜ਼ਿਲ੍ਹਾ ਪਠਾਨਕੋਟ) ਜਾਣ ਤੇ ਵਧਾਈ ਦਿੱਤੀ।ਇਸ ਮੌਕੇ ਜਾਣਕਾਰੀ ਦਿੰਦਿਆਂ ਇੰਸਪੈਕਟਰ ਮਨੇਸ਼ਵਰ ਸਿੰਘ ਨੇ ਦੱਸਿਆ ਕਿ ਏਐੱਸਆਈ ਰਮੇਸ਼ ਕੁਮਾਰ ਨੇ ਆਪਣੀ ਸਰਵਿਸ ਗੁਰਦਾਸਪੁਰ ਤੋਂ ਸ਼ੁਰੂ ਕੀਤੀ ਸੀ ਅਤੇ ਲਗਭਗ 6-7 ਸਾਲ ਦੀ ਸਰਵਿਸ ਤੋਂ ਬਾਅਦ ਪਠਾਨਕੋਟ ਸੀਆਈਡੀ ਬ੍ਰਾਂਚ ਵਿਖੇ ਡੈਪੂਟੇਸ਼ਨ ਤੇ ਆਏ ਤੇ ਬਾਕੀ ਸਾਰੀ ਸਰਵਿਸ ਬੇਦਾਗ, ਈਮਾਨਦਾਰੀ ਨਾਲ ਕੀਤੀ।ਨਵੀਂ ਪੀੜ੍ਹੀ ਨੂੰ ਉਨ੍ਹਾਂ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ।ਇਸ ਮੌਕੇ ਇੰਸਪੈਕਟਰ ਮਨੇਸ਼ਵਰ ਸਿੰਘ ਤੋਂ ਇਲਾਵਾ ਰਾਜੇਸ਼ ਸਿੰਘ ਕਾਟਲ, ਸੰਜੈ ਮਹਾਜਨ, ਫਤਹਿ ਸਿੰਘ, ਰਾਜ ਕੁਮਾਰ ਇੰਚਾਰਜ ਧਾਰ ਕਲਾਂ, ਸਬ ਇੰਸਪੈਕਟਰ ਰੂਪ ਲਾਲ, ਦਰਸ਼ਨ ਲਾਲ, ਅਨਿਰੁੱਧ ਠਾਕੁਰ, ਨਰਿੰਦਰ ਠਾਕੁਰ, ਰਜਿੰਦਰ ਸਿੰਘ, ਰੌਸ਼ਨ, ਸੁਖਬੀਰ ਸਿੰਘ ਰਜਿੰਦਰ, ਅਨਿਲ, ਰਾਕੇਸ਼, ਮੁਕੇਸ਼ ਸ਼ਰਮਾ, ਮਨੀਸ਼ ਮਹਾਜਨ ਮਾਸਿਕ ਭੱਟੀ ਅਤੇ ਸਮੂਹ ਸੀਆਈਡੀ ਪਠਾਨਕੋਟ ਬ੍ਰਾਂਚ ਦੇ ਸਾਰੇ ਮੁਲਾਜ਼ਮਾਂ ਨੇ ਵੀ ਏਐੱਸਆਈ ਰਮੇਸ਼ ਕੁਮਾਰ ਨੂੰ ਸੇਵਾ ਮੁਕਤ ਹੋਣ 'ਤੇ ਵਧਾਈ ਦਿੱਤੀ।

# ਐਡਵਾਂਸਡ ਨਿਊਰੋ ਇੰਟਰਵੈਂਸ਼ਨ ਤਕਨੀਕ ਰਾਹੀਂ ਸਟ੍ਰੋਕ ਤੋਂ ਪੀੜਤ 56 ਸਾਲਾ ਔਰਤ ਦੀ ਜਾਨ ਬਚੀ

**ਅੰਮ੍ਰਿਤਸਰ:** ਐਡਵਾਂਸਡ ਨਿਊਰੋ-ਇੰਟਰਵੈਂਸ਼ਨ ਦੀ ਮਹੱਤਵਪੂਰਨ ਭੂਮਿਕਾ ਨੂੰ ਉਜਾਗਰ ਕਰਨ ਵਾਲੇ ਇੱਕ ਮਾਮਲੇ ਵਿੱਚ, ਫੋਰਟਿਸ ਐਸਕਾਰਟਸ ਹਸਪਤਾਲ, ਅੰਮ੍ਰਿਤਸਰ ਨੇ ਆਪਣੀ ਅਤਿ-ਆਧੁਨਿਕ ਨਿਊਰੋ-ਇੰਟਰਵੈਂਸ਼ਨ ਸਮਰੱਥਾਵਾਂ ਅਤੇ ਮਾਹਿਰ ਸਰਜਨਾਂ ਦੇ ਕਾਰਨ, ਫਟਣ ਵਾਲੇ ਐਨਿਉਰਿਜ਼ਮ ਕਾਰਨ ਅਚਾਨਕ ਦਿਮਾਗੀ ਹੈਮਰੇਜ ਤੋਂ ਪੀੜਤ 56 ਸਾਲਾ ਔਰਤ ਦੀ ਜਾਨ ਸਫਲਤਾਪੂਰਵਕ ਬਚਾਈ। ਮਰੀਜ਼ ਨੇ ਸ਼ੁਰੂ ਵਿੱਚ ਬਟਾਲਾ ਵਿਖੇ ਡਾ.



ਮਾਨਿਕ ਮਹਾਜਨ, ਐਡੀਸ਼ਨਲ ਡਾਇਰੈਕਟਰ ਨਿਊਰੋਲੋਜੀ, ਫੋਰਟਿਸ ਐਸਕਾਰਟਸ ਹਸਪਤਾਲ, ਅੰਮ੍ਰਿਤਸਰ ਤੋਂ ਅਚਾਨਕ ਗੰਭੀਰ ਸਿਰ ਦਰਦ ਦੇ ਨਾਲ ਉਲਝਣ ਅਤੇ ਬਦਲੇ ਹੋਏ ਸੈਂਸਰੀਅਮ ਨਾਲ ਸਲਾਹ-ਮਸ਼ਵਰਾ ਮੰਗਿਆ ਸੀ।ਮਰੀਜ਼ ਦਾ ਤੁਰੰਤ ਸੀਟੀ ਸਕੈਨ ਵਿੱਚ ਇੱਕ ਇਕੂਯਟ ਸਬਆਰੈਕਨੋਇਡ ਹੈਮਰੇਜ (ਐੱਸਏਐੱਚ) ਇੰਟਰਾਵੈਂਟ੍ਰਿਕੂਲਰ ਹੈਮਰੇਜ (ਆਈਵੀਐੱਚ) ਦੇ ਨਾਲ ਸਾਹਮਣੇ ਆਇਆ, ਇੱਕ ਗੰਭੀਰ ਸਥਿਤੀ ਜਿਸ ਲਈ ਤੁਰੰਤ ਦੇਖਭਾਲ ਦੀ ਲੋੜ ਹੁੰਦੀ ਹੈ।ਔਰਤ ਨੂੰ ਤੁਰੰਤ ਰੈਫਰ ਕਰਨ ਤੋਂ ਬਾਅਦ ਵਿਸ਼ੇਸ਼ ਨਿਊਰੋ ਦੇਖਭਾਲ ਲਈ ਫੋਰਟਿਸ ਐਸਕਾਰਟਸ ਹਸਪਤਾਲ ਅੰਮ੍ਰਿਤਸਰ ਲਿਆਂਦਾ ਜਿਥੇ ਉਸ ਦਾ ਸਫਲ ਇਲਾਜ ਕੀਤਾ ਗਿਆ।

# 12 ਨੂੰ ਸਾਥੀ ਸੋਹਣ ਸਿੰਘ ਜੋਸ਼ ਦਾ ਜਨਮ ਦਿਨ ਮਨਾਉਣ ਲਈ ਚੇਤਨਪੁਰਾ ਪਹੁੰਚਣ ਦਾ ਸੱਦਾ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਬਲਾਕ ਮਜੀਠਾ ਸੀਪੀਆਈ ਦੀ ਏਰੀਆ ਕਮੇਟੀ ਦੀ ਮੀਟਿੰਗ ਮੱਖਣ ਲੈਹਰਕਾ ਦੀ ਪ੍ਰਧਾਨਗੀ ਅਧੀਨ ਕੀਤੀ ਗਈ।ਮੀਟਿੰਗ ਸਮੇਂ ਬਲਾਕ ਸੈਕਟਰੀ ਬਲਕਾਰ ਸਿੰਘ ਦੁਧਾਲਾ, ਸੁਖਵਿੰਦਰ ਸਿੰਘ, ਜਤਿੰਦਰ ਸਿੰਘ ਬੱਗੀ ਚਵਿੰਡਾ ਦੇਵੀ, ਧਰਮ ਸਿੰਘ,



ਬਲਵਿੰਦਰ ਸਿੰਘ ਦੁਧਾਲਾ, ਰਣਜੀਤ ਸਿੰਘ ਰੂਪੋਵਾਲੀ, ਗੁਰਨਾਮ ਸਿੰਘ ਕੋਟ ਹਿਰਦੇਰਾਮ ਦਵਿੰਦਰ ਸਿੰਘ ਬੱਠੂਚੱਕ, ਪ੍ਰਕਾਸ਼ ਸਿੰਘ ਕੈਰੋਨੰਗਲ, ਹਰਦੀਪ ਸਿੰਘ ਮਾਂਗਾ ਸਰਾਏ, ਹਰਵਿੰਦਰ ਸਿੰਘ ਸੱਤਪਾਲ ਲੈਹਰਕਾ, ਜਿੰਦਰ ਕੱਥੂਨੰਗਲ ਅਤੇ ਸੁਖਵਿੰਦਰ ਸਿੰਘ ਮਹਿਨੀਆਂ ਆਦਿ ਨੇ ਹਿੱਸਾ ਲਿਆ।ਇਸ ਮੌਕੇ ਬੋਲਦਿਆਂ ਬਲਕਾਰ ਸਿੰਘ ਦੁਧਾਲਾ ਨੇ ਪਿਛਲੇ ਕੰਮਾਂ ਦੀ ਰਿਪੋਰਟ ਪੇਸ਼ ਕਰਦਿਆਂ ਦੱਸਿਆ ਕਿ ਬਲਾਕ ਵਿੱਚੋਂ ਹੜ੍ਹ ਪੀੜਤਾਂ ਦੀ ਮਦਦ ਵਾਸਤੇ ਖੁਸ਼ੀਪੁਰ ਕੱਥੂਨੰਗਲ, ਵਡਾਲਾ ਅਤੇ ਗੋਪਾਲਪੁਰ ਦੀ ਸਿਮਰਜੀਤ ਵਕੀਲ ਦੀ ਅਗਵਾਈ ਵਿੱਚ ਹੜ੍ਹ ਪੀੜਤਾਂ ਦੀ ਵੱਖੋ-ਵੱਖ ਪਿੰਡਾਂ ਵਿੱਚ ਜਾ ਕੇ ਮਦਦ ਕੀਤੀ ਗਈ।ਉਨ੍ਹਾਂ ਕਿਹਾ ਕਿ ਮੁਹਾਲੀ ਵਿਖੇ ਪਾਰਟੀ ਰੈਲੀ ਵਿੱਚ 90ਦੇ ਕਰੀਬ ਸਾਥੀ ਪਹੁੰਚੇ।ਬਲਾਕ ਦੇ ਪੰਜ ਨੌਜਵਾਨਾਂ ਨੇ ਵਲੰਟੀਅਰ ਦੇ ਤੌਰ ਤੇ ਹਿੱਸਾ ਲਿਆ।ਕਾ: ਬਲਵਿੰਦਰ ਸਿੰਘ ਦੁਧਾਲਾ ਨੇ ਦੱਸਿਆ ਕਿ ਸੀਪੀਆਈ ਦੀ ਕੌਮੀ ਕਾਨਫਰੰਸ ਵਿੱਚ ਪੰਜਾਬ ਬਾਰੇ ਕੁਝ ਅਹਿਮ ਫੈਸਲੇ ਲਏ ਗਏ ਜਿਵੇਂ ਕਿ ਭਾਰਤ ਵਿੱਚ ਜਿੰਨੇ ਵੀ ਲੋਕਾਂ ਨੇ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਲਈਆਂ ਹਨ ਉਨ੍ਹਾਂ ਸਾਰਿਆਂ ਨੂੰ ਛੇਤੀ ਤੋਂ ਛੇਤੀ ਰਿਹਾਅ ਕੀਤਾ ਜਾਵੇ, ਚੰਡੀਗੜ੍ਹ ਪੰਜਾਬ ਨੂੰ ਦਿੱਤਾ ਜਾਵੇ ਅਤੇ ਸਿੱਖਿਆ ਸਿਹਤ ਅਤੇ ਰੁਜ਼ਗਾਰ ਦੇ ਮਸਲੇ ਹੱਲ ਕੀਤੇ ਜਾਣ।ਇਸ ਮੌਕੇ ਸੀਪੀਆਈ ਬਲਾਕ ਮਜੀਠਾ ਕਾਨਫਰੰਸ ਦੀਆਂ ਤਿਆਰੀਆਂ ਬਾਰੇ ਵਿਚਾਰ ਕਰਦਿਆਂ ਵੱਖੋ-ਵੱਖ ਬ੍ਰਾਂਚਾਂ ਦੀਆਂ ਚੋਣਾ ਕਰਾਉਣ ਸਬੰਧੀ ਸਾਥੀਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ। ਕਾਮਰੇਡ ਸੋਹਣ ਸਿੰਘ ਜੋਸ਼ ਦਾ ਜਨਮ ਦਿਨ ਮਨਾਉਣ ਬਾਰੇ ਸਾਰੇ ਸਾਥੀਆਂ ਨੂੰ 12 ਨਵੰਬਰ ਨੂੰ ਚੇਤਨਪੁਰਾ ਪਹੁੰਚਣ ਵਾਸਤੇ ਕਿਹਾ ਗਿਆ।

# ਕੁਮਾਰੀ ਵਨਿਆ ਮਲਹੋਤਰਾ ਦੀ ਇੰਡੀਆ ਸ਼ਾਰਟ ਟਰਮ ਸਕਾਲਰਸ਼ਿਪ ਪ੍ਰੋਗਰਾਮ ਤਹਿਤ ਜਾਪਾਨ ਲਈ ਚੋਣ

**ਪਠਾਨਕੋਟ (ਦਵਿੰਦਰ ਸਿੰਘ)**- ਵਿਦਿਆਰਥਣ ਕੁਮਾਰੀ ਵਨਿਆ ਮਲਹੋਤਰਾ ਦੀ (ਯੂਥ ਫਾਰ ਅੰਡਰਸਟੈਂਡਿੰਗ) ਇੰਡੀਆ ਸ਼ਾਰਟ-ਟਰਮ ਸਕਾਲਰਸ਼ਿਪ



ਪ੍ਰੋਗਰਾਮ ਤਹਿਤ ਜਾਪਾਨ ਲਈ ਚੋਣ ਹੋਈ ਹੈ।ਖਾਸ ਗੱਲ ਇਹ ਹੈ ਕਿ ਵਨਿਆ ਨੂੰ ਇਹ ਪੂਰੀ ਤਰ੍ਹਾਂ ਜਾਪਾਨ ਸਰਕਾਰ ਵੱਲੋਂ ਫੰਡ ਕੀਤੀ ਗਈ ਪੂਰਨ ਸਕਾਲਰਸ਼ਿਪ ਪ੍ਰਾਪਤ ਹੋਈ ਹੈ।ਪੰਜਾਬ ਤੋਂ ਚੁਣੀਆਂ ਗਈਆਂ ਸਿਰਫ਼ ਚਾਰ ਵਿਦਿਆਰਥਣਾਂ ਵਿੱਚੋਂ ਵਨਿਆ ਇੱਕ ਹੈ। ਵਨਿਆ ਦੀ ਚੋਣ ਉਸਦੀ ਵਿੱਦਿਅਕ ਸ਼੍ਰੇਸ਼ਠਤਾ, ਨੇਤ੍ਰਤਵ ਯੋਗਤਾ ਅਤੇ ਅੰਤਰਰਾਸ਼ਟਰੀ ਅਨੁਭਵਾਂ ਤੋਂ ਸਿੱਖਣ ਦੀ ਉਤਸੁਕਤਾ ਦਾ ਪ੍ਰਮਾਣ ਹੈ।ਡੀ ਸੀ ਪਠਾਨਕੋਟ ਡਾ. ਪੱਲਵੀ ਨੇ ਵਨਿਆ ਨਾਲ ਮੁਲਾਕਾਤ ਕਰਕੇ ਉਸਨੂੰ ਇਸ ਪ੍ਰਾਪਤੀ ਲਈ ਵਧਾਈ ਦਿੱਤੀ।ਪ੍ਰਤਾਪ ਵਰਲਡ ਸਕੂਲ ਦੇ ਡਾਇਰੈਕਟਰ ਸੰਨੀ ਮਹਾਜਨ ਨੇ ਕਿਹਾ ਕਿ ਵਨਿਆ ਦੀ ਇਹ ਪ੍ਰਾਪਤੀ ਇਸ ਗੱਲ ਦਾ ਸਬੂਤ ਹੈ ਕਿ ਸਾਡੇ ਵਿਦਿਆਰਥੀ ਦ੍ਰਿੜ ਨਿਸ਼ਚੇ ਅਤੇ ਜਗਿਆਸਾ ਦੇ ਬਲ 'ਤੇ ਅੰਤਰਰਾਸ਼ਟਰੀ ਪੱਧਰ 'ਤੇ ਵੀ ਆਪਣੀ ਪਛਾਣ ਬਣਾ ਸਕਦੇ ਹਨ।ਇਹ ਪੂਰੇ ਪਰਿਵਾਰ ਲਈ ਮਾਣ ਦਾ ਸਮਾਂ ਹੈ।ਡਾਇਰੈਕਟਰ ਕੁਮਾਰੀ ਓਸ਼ਿਨ ਮਹਾਜਨ ਨੇ ਕਿਹਾ ਕਿ ਇਹ ਪ੍ਰਾਪਤੀ ਸਕੂਲ ਅਤੇ ਪਠਾਨਕੋਟ ਦੋਹਾਂ ਲਈ ਮਾਣ ਦੀ ਗੱਲ ਹੈ।ਇਹ ਪੂਰਨ ਸਕਾਲਰਸ਼ਿਪ ਨਾ ਸਿਰਫ਼ ਵਨਿਆ ਦੀ ਯੋਗਤਾ ਦਰਸਾਉਂਦੀ ਹੈ, ਸਗੋਂ ਸਕੂਲ ਦੀ ਸਮੁੱਚੀ ਅਤੇ ਅੰਤਰਰਾਸ਼ਟਰੀ ਸਿੱਖਿਆ ਦ੍ਰਿਸ਼ਟੀਕੋਣ ਨੂੰ ਵੀ ਪ੍ਰਤੀਬਿੰਬਤ ਕਰਦੀ ਹੈ।ਪ੍ਰਿੰਸੀਪਲ ਸ਼ੁਭਰਾ ਰਾਣੀ ਨੇ ਕਿਹਾ ਕਿ ਵਨਿਆ ਹਮੇਸ਼ਾ ਇੱਕ ਅਨੁਸ਼ਾਸਿਤ ਅਤੇ ਉਤਸ਼ਾਹੀ ਵਿਦਿਆਰਥਣ ਰਹੀ ਹੈ।ਸਾਨੂੰ ਉਸਦੀ ਕਾਮਯਾਬੀ 'ਤੇ ਬੇਹੱਦ ਮਾਣ ਹੈ।

# ਵਿਧਾਇਕ ਧਾਲੀਵਾਲ ਨੇ ਕੀਤਾ ਤਿੰਨ ਨਵੇਂ ਪ੍ਰਾਇਮਰੀ ਹੈਲਥ ਸੈਂਟਰਾਂ ਦਾ ਉਦਘਾਟਨ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਵਿਧਾਨ ਸਭਾ ਹਲਕਾ ਅਜਨਾਲਾ ਦੇ ਵਿਧਾਇਕ ਅਤੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਨੇ ਪੰਜਾਬ ਦਿਵਸ ਮੌਕੇ ਸਿਹਤਮੰਦ ਪੰਜਾਬ-ਸਿਹਤਮੰਦ ਅਜਨਾਲਾ ਦਾ



ਨਾਅਰਾ ਦਿੰਦਿਆਂ ਹਲਕੇ ਵਿੱਚ 3.20 ਕਰੋੜ ਦੀ ਲਾਗਤ ਨਾਲ ਤਿੰਨ ਨਵੇਂ ਪ੍ਰਾਇਮਰੀ ਹੈਲਥ ਸੈਂਟਰਾਂ ਦੀਆਂ ਨਵੀਆਂ ਉਮਾਰਤਾਂ ਬਣਾਉਣ ਦਾ ਉਦਘਾਟਨ ਕੀਤਾ।ਉਨ੍ਹਾਂ ਵੱਲੋਂ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਦੇ ਜਨਮ ਅਸਥਾਨ ਪਿੰਡ ਗੱਗੋਮਾਹਲ, ਸੁਧਾਰ ਅਤੇ ਉਘੇ ਆਜ਼ਾਦੀ ਘੁਲਾਟੀਏ ਲੋਕ ਸੰਘਰਸ਼ਾਂ ਦੇ ਨਾਇਕ ਅਤੇ ਵਿਦਵਾਨ ਲੇਖਕ ਕਾਮਰੇਡ ਸੋਹਨ ਸਿੰਘ ਜੋਸ਼ ਦੇ ਪਿੰਡ ਚੇਤਨਪੁਰਾ ਵਿਖੇ ਤਿੰਨ ਨਵੇਂ ਪ੍ਰਾਇਮਰੀ ਹੈਲਥ ਸੈਂਟਰਾਂ (ਅੱਠ ਬੈੱਡ) ਦੇ ਨੀਂਹ ਪੱਥਰ ਰੱਖੇ ਅਤੇ ਮਈ 2026 ਤੱਕ ਨਿਰਮਾਣ ਕਾਰਜ ਨੇਪਰੇ ਚਾੜ੍ਹੇ ਜਾਣ ਦਾ ਐਲਾਨ ਕੀਤਾ।ਸਮਾਗਮਾਂ ਨੂੰ ਸੰਬੋਧਨ ਕਰਦਿਆਂ ਧਾਲੀਵਾਲ ਨੇ ਕਿਹਾ ਕਿ ਉਤਰ ਕਾਟੋ ਮੈਂ ਚੜ੍ਹਾਂ ਦੀ ਰਾਜਸੀ ਗੰਦੀ ਰਣਨੀਤੀ ਤਹਿਤ ਸਰਕਾਰੀ ਤੇ ਗੈਰ ਸਰਕਾਰੀ ਖ਼ਜ਼ਾਨੇ ਦੀ ਦੋਹੀਂ ਹੱਥੀਂ ਅੰਨ੍ਹੀ ਲੁੱਟ ਖਸੁੱਟ ਕਰਨ ਲਈ ਨਵਾਂ ਪੰਜਾਬ ਸੂਬਾ ਬਣਨ ਪਿੱਛੋਂ ਰਾਜ ਕਰਦੀਆਂ ਰਹੀਆਂ ਕਾਂਗਰਸ ਤੇ ਅਕਾਲੀ ਭਾਜਪਾ ਸਰਕਾਰਾਂ ਨੇ ਨਵਾਂ ਪੰਜਾਬ ਸੂਬੇ ਨੂੰ ਜਿਥੇ ਸਾਂਝੇ ਸਮਾਜਿਕ, ਆਰਥਿਕ, ਸਿੱਖਿਆ ਤੇ ਸੱਭਿਆਚਾਰਕ ਭਾਈਚਾਰੇ ਚ ਕਥਿਤ ਤੌਰ ਤੇ ਪਾੜਾ ਪਾ ਕੇ ਕਮਜ਼ੋਰ ਕੀਤਾ ਉਥੇ ਸਿਹਤਮੰਦ ਪੰਜਾਬ ਨੂੰ ਨਸ਼ਾਗ੍ਰਸਤ, ਗੈਂਗਸਟਰਗ੍ਰਸਤ ਅਤੇ ਬਿਮਾਰਗ੍ਰਸਤ ਕਰਨ 'ਚ ਕੋਈ ਕਸਰ ਬਾਕੀ ਨਹੀਂ ਛੱਡੀ।ਸ੍ਰੀ ਧਾਲੀਵਾਲ ਨੇ ਕਿਹਾ ਕਿ ਮਾਨ ਸਰਕਾਰ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਵਿੱਢੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਨਸ਼ਾ ਖਤਮ ਕਰਨ ਲਈ ਮਿਲੇ ਵੱਡੇ ਤੇ ਰਿਕਾਰਡ ਤੋੜ ਸਾਰਥਿਕ ਨਤੀਜਿਆਂ ਤੋਂ ਬੁਖਲਾਹਟ ਚ ਆ ਕੇ ਸਰਕਾਰ ਦੀ ਸ਼ਲਾਘਾ ਕਰਨ ਦੀ ਬਜਾਏ ਵਿਰੋਧੀਆਂ ਵੱਲੋਂ ਆਲੋਚਨਾ ਕੀਤੀ ਜਾ ਰਹੀ ਹੈ।ਕਾਂਗਰਸ, ਅਕਾਲੀ ਦਲ, ਭਾਜਪ ਅਤੇ ਹੋਰ ਵਿਰੋਧੀ ਧਿਰਾਂ ਦਾ ਚਿਹਰਾ ਉਦੋਂ ਬੇਨਕਾਬ ਹੋ ਜਾਏਗਾ, ਜਦੋਂ ਸੂਬਾ ਸਰਕਾਰ ਵਲੋਂ ਭਵਿੱਖ 'ਚ ਕਰਵਾਈ ਜਾਣ ਵਾਲੀ ਡਰੱਗ ਜਨ ਗਣਨਾ ਦੇ ਅੰਕੜੇ ਸਾਹਮਣੇ ਆਉਣਗੇ।ਇਸ ਮੌਕੇ ਖੁਸ਼ਪਾਲ ਸਿੰਘ ਧਾਲੀਵਾਲ, ਮਾਰਕੀਟ ਕਮੇਟੀ ਅਜਨਾਲਾ ਦੇ ਚੇਅਰਮੈਨ ਬਲਦੇਵ ਸਿੰਘ ਬੱਬੂ ਚੇਤਨਪੁਰਾ, ਐਸਡੀਓ ਮਨਜਿੰਦਰ ਸਿੰਘ ਮੱਤੇਨੰਗਲ, ਸਰਪੰਚ ਜਸਵੰਤ ਸਿੰਘ ਭਲਵਾਨ ਗੱਗੋਮਾਹਲ, ਸਰਪੰਚ ਜਸਬੀਰ ਸਿੰਘ ਰਾਜਾ ਚੇਤਨਪੁਰਾ, ਅਵਤਾਰ ਸਿੰਘ ਗਿੱਲ ਡਾ: ਇਕਬਾਲ ਸਿੰਘ, ਬਾਬਾ ਪ੍ਰਭਜੀਤ ਸਿੰਘ ਕੰਦੋਵਾਲੀ, ਜਸਪਾਲ ਸਿੰਘ ਢਿੱਲੋਂ, ਸ਼ਹਿਰੀ ਪ੍ਰਧਾਨ ਤੇ ਚੇਅਰਮੈਨ ਅਮਿਤ ਔਲ ਆਦਿ ਮੌਜੂਦ ਸਨ।

# 'ਆਪ' ਉਮੀਦਵਾਰ ਹਰਮੀਤ ਸਿੰਘ ਸੰਧੂ ਵੱਡੀ ਜਿੱਤ ਪ੍ਰਾਪਤ ਕਰਨਗੇ : ਸਰਪੰਚ ਸੁਖਵਿੰਦਰ ਮਸੀਹ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਵਿਧਾਨ ਸਭਾ ਹਲਕਾ ਤਰਨ ਤਾਰਨ ਤੋਂ ਆਮ ਆਮ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਵੱਡੀ ਲੀਡ ਹਾਸਲ ਕਰ ਜਿੱਤ ਪ੍ਰਾਪਤ ਕਰਨਗੇ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦੇ ਹੋਏ ਵਿਧਾਨ ਸਭਾ ਹਲਕਾ ਬਟਾਲਾ ਅਧੀਨ ਆਉਂਦੇ ਪਿੰਡ ਠੀਕਰੀਵਾਲ ਕ੍ਰਿਸਚਨ ਪੱਤੀ ਦੇ ਸਰਪੰਚ ਸੁਖਵਿੰਦਰ ਮਸੀਹ ਉਰਫ ਬੂਟਾ ਮਸੀਹ ਨੇ ਕਿਹਾ ਕਿ ਬਟਾਲਾ ਤੋਂ ਵਿਧਾਇਕ ਅਤੇ ਆਮ ਪਾਰਟੀ ਦੇ ਪੰਜਾਬ ਦੇ ਵਾਈਸ ਪ੍ਰਧਾਨ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਵਿਧਾਨ ਸਭਾ ਹਲਕਾ ਤਰਨ ਤਾਰਨ



ਵਿਖੇ ਜਿਸ ਤਰ੍ਹਾਂ ਦਿਨ-ਰਾਤ ਮਿਹਨਤ ਕਰਕੇ ਡੋਰ-ਟੂ-ਡੋਰ ਪ੍ਰਚਾਰ ਕਰ ਰਹੇ ਹਨ ਅਤੇ ਆਮ ਪਾਰਟੀ ਦੁਆਰਾ ਪੰਜਾਬ ਵਿੱਚ ਕੀਤੇ ਗਏ ਵਿਕਾਸ ਕੰਮਾਂ ਦੇ ਆਧਾਰ ਤੇ ਲੋਕਾਂ ਕੋਲ ਵਿਚਰ ਕੇ ਆਮ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਦੇ ਹੱਕ ਵਿੱਚ ਵੋਟ ਪਉਣ ਦੀ ਅਪੀਲ ਕਰ ਰਹੇ ਹਨ। ਉਨ੍ਹਾਂ ਨੂੰ ਪੱਕਾ ਯਕੀਨ ਲੋਕ ਫਤਵਾ ਆਮ ਪਾਰਟੀ ਦੇ ਹੱਕ ਵਿੱਚ ਹੀ ਦੇਣਗੇ। ਇਸ ਮੌਕੇ ਸੁਖਵਿੰਦਰ ਮਸੀਹ ਨੇ ਕਿਹਾ ਕਿ ਪੰਜਾਬ ਸਰਕਾਰ ਦੁਆਰਾ ਫੇਸਲੈੱਸ ਆਰਟੀਓ ਸੇਵਾਵਾਂ ਦੀ ਸ਼ੁਰੂਆਤ ਨੂੰ ਇੱਕ ਇਤਿਹਾਸਿਕ ਅਤੇ ਇਨਕਲਾਬੀ ਕਦਮ ਕਰਾਰ ਦਿੰਦਿਆਂ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੁਧਿਆਣਾ ਵਿਖੇ ਆਰਟੀਓ ਦਫਤਰ ਨੂੰ ਤਾਲਾ ਲਾ ਕੇ ਭਰਿਸ਼ਟਾਚਾਰ ਪਰੇਸ਼ਾਨੀਆਂ ਅਤੇ ਵਿਚੋਲੀਆ ਸਿਸਟਮ ਦੇ ਖਾਤਮੇ ਦਾ ਐਲਾਨ ਕੀਤਾ ਹੈ।ਉਨ੍ਹਾਂ ਕਿਹਾ ਕਿ 1076 ਨੰਬਰ ਡਾਇਲ ਕਰਨ ਤੇ ਸਰਕਾਰੀ ਕਰਮਚਾਰੀ ਖੁਦ ਲੋਕਾਂ ਦੇ ਘਰ ਆ ਕੇ ਕੰਮ ਕਰਨਗੇ ਅਤੇ ਟਰਾਂਸਪੋਰਟ ਵਿਭਾਗ ਨਾਲ ਸਬੰਧਤ 56 ਪ੍ਰਮੁੱਖ ਸੇਵਾਵਾਂ ਨੂੰ ਪੂਰੀ ਤਰ੍ਹਾਂ ਫੇਸਲੈੱਸ ਕਰ ਦਿੱਤਾ ਗਿਆ ਹੈ, ਜਿਸ ਨਾਲ ਲੋਕਾਂ ਨੂੰ ਅਸਲੀ ਆਜ਼ਾਦੀ ਮਿਲੀ ਹੈ।ਇਸੇ ਤਰ੍ਹਾਂ ਪੰਜਾਬ ਸਰਕਾਰ ਦੁਆਰਾ ਕੀਤੇ ਗਏ ਕੰਮਾਂ ਦੇ ਆਧਾਰ ਤੇ ਹੀ ਹਲਕਾ ਤਰਨ ਤਾਰਨ ਤੋਂ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਵੱਡੀ ਲੀਡ ਨਾਲ ਹਾਸਲ ਕਰ ਜਿੱਤ ਪ੍ਰਾਪਤ ਕਰਨਗੇ।

# ਸ਼ੈਲਬੀ ਹਸਪਤਾਲ 'ਚ ਆਧੁਨਿਕ ਨਿਊਰੋ ਆਈਸੀਯੂ ਦਾ ਉਦਘਾਟਨ

**ਮੋਹਾਲੀ :** ਸ਼ੈਲਬੀ ਹਸਪਤਾਲ ਮੋਹਾਲੀ ਨੇ ਸਮਰਪਿਤ ਸਟਰੋਕ ਕੇਅਰ ਯੂਨਿਟ ਦੀ ਸ਼ੁਰੂਆਤ ਕੀਤੀ ਹੈ।ਨਵੀਂ ਨਿਊਰੋ ਆਈਸੀਯੂ 'ਚ 24ਗ7 ਮਾਨੀਟਰਿੰਗ, ਮਾਹਰ ਡਾਕਟਰ ਅਤੇ ਆਧੁਨਿਕ ਸੁਵਿਧਾਵਾਂ ਉਪਲਬਧ ਹਨ।ਉਦਘਾਟਨ ਸਮਾਰੋਹ ਵਿੱਚ ਮੇਜਰ ਜਨਰਲ ਵਿਨੋਦ ਕੁਮਾਰ ਭੱਟ (ਰਿਟਾ.) ਮੁੱਖ ਮਹਿਮਾਨ ਵਜੋਂ ਹਾਜ਼ਰ ਸਨ, ਜਦਕਿ ਲੈਫਟੀਨੈਂਟ ਜਨਰਲ ਕੁਲਦੀਪ ਸਿੰਘ (ਰਿਟਾ.), ਹਸਪਤਾਲ ਦੇ ਸੀਨੀਅਰ ਡਾਕਟਰ ਅਤੇ ਅਧਿਕਾਰੀ ਵੀ ਮੌਜੂਦ ਸਨ।ਡਾ. ਸਵਾਤੀ ਗਰਗ, ਡਾਇਰੈਕਟਰ ਐਂਡ ਹੈੱਡ ਨਿਊਰੋਲੋਜੀ ਨੇ ਕਿਹਾ ਕਿ ਸਟਰੋਕ ਇੱਕ ਮੈਡੀਕਲ ਐਮਰਜੈਂਸੀ ਹੈ ਜਿਸ ਵਿੱਚ ਹਰ ਮਿੰਟ ਕੀਮਤੀ ਹੁੰਦਾ ਹੈ।ਸਹੀ ਸਮੇਂ ਇਲਾਜ ਨਾਲ ਮਰੀਜ਼ ਨੂੰ ਅਧਰੰਗ ਵਰਗੀਆਂ ਗੰਭੀਰ ਪਰੇਸ਼ਾਨੀਆਂ ਤੋਂ ਬਚਾਇਆ ਜਾ ਸਕਦਾ ਹੈ। ਸੀਨੀਅਰ ਕੰਸਲਟੈਂਟ (ਨਿਊਰੋਸਰਜਰੀ) ਡਾ. ਰਾਕੇਸ਼ ਰੈੱਡੂ ਨੇ ਕਿਹਾ ਕਿ ਹਸਪਤਾਲ ਵਿੱਚ ਐਮਰਜੈਂਸੀ ਤੋਂ ਲੈ ਕੇ ਸਰਜਰੀ ਤੇ ਰਿਹੈਬਲੀਟੇਸ਼ਨ ਤੱਕ ਪੂਰੀ ਨਿਊਰੋ ਕੇਅਰ ਉਪਲਬਧ ਹੈ।

# ਆਰ. ਡੀ. ਖੋਸਲਾ ਡੀਏਵੀ ਮਾਡਲ ਸਕੂਲ 'ਚ ਲੱਗੀਆਂ ਪੰਜਾਬ ਦਿਵਸ ਦੀਆਂ ਰੌਣਕਾਂ

**ਬਟਾਲਾ (ਤਰਲੋਕ ਬੱਗਾ)**- ਆਰ. ਡੀ. ਖੋਸਲਾ ਡੀਏਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਵਿਖੇ ਪੰਜਾਬ ਦਿਵਸ ਬੜੀ ਧੂਮਧਾਮ ਦੇ ਨਾਲ ਮਨਾਇਆ ਗਿਆ। ਦੂਸਰੀ ਜਮਾਤ ਦੇ ਵਿਦਿਆਰਥੀ ਵੰਸ਼ਪ੍ਰੀਤ ਸਿੰਘ ਤੇ ਨੌਵੀਂ ਜਮਾਤ ਦੀ ਵਿਦਿਆਰਥਣ ਸਗਲਪ੍ਰੀਤ ਕੌਰ ਤੇ ਅੱਠਵੀਂ ਜਮਾਤ ਦੀਆਂ ਵਿਦਿਆਰਥਣਾਂ ਰਿਦਿਮਾ ਤੇ ਸਾਨਵੀ ਨੇ ਪੰਜਾਬ ਦੀ ਉਸਤਤ ਵਿੱਚ ਕਵਿਤਾਵਾਂ ਪੇਸ਼ ਕੀਤੀਆਂ ਜਿਸ ਨੇ ਸਾਰਿਆਂ ਦਾ ਮਨ ਮੋਹ



ਲਿਆ।ਇਸ ਤੋਂ ਬਾਅਦ ਸਕੂਲ ਦੇ ਵਿਦਿਆਰਥੀਆਂ ਨੇ ਆਪਣੇ ਪੰਜਾਬ ਦੀ ਉਸਤਤ ਵਿੱਚ ਇੱਕ ਸਮੂਹ ਗੀਤ ਪੇਸ਼ ਕੀਤਾ ਤੇ ਸਕੂਲ ਅਧਿਆਪਕਾ ਰਜਨੀ ਸ਼ਰਮਾ ਨੇ ਪੰਜਾਬ ਦਿਵਸ ਦੇ ਬਾਰੇ ਸਾਰੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ।ਇਸ ਮੌਕੇ ਸੱਤਵੀਂ ਤੇ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਦਾ ਕਵਿਤਾ ਮੁਕਾਬਲਾ ਕਰਵਾਇਆ ਗਿਆ ਜਿਸ ਵਿੱਚ ਸੱਤਵੀਂ ਜਮਾਤ ਦੀ ਵਿਦਿਆਰਥਣ ਰੁਬੀਨਾ ਪਹਿਲੇ, ਅਵਨੀਤ ਕੌਰ ਦੂਜੇ ਤੇ ਸਹਿਜਪ੍ਰੀਤ ਕੌਰ, ਕਨਿਕਾ ਤੇ ਮਹਿਤਬੀਰ ਕੌਰ ਤੀਜੇ, ਕ੍ਰਿਸ਼ਨਾ ਤੇ ਅੰਮ੍ਰਿਤਪ੍ਰੀਤ ਕੌਰ ਨੂੰ ਪ੍ਰੋਤਸਾਹਨ ਪੁਰਸਕਾਰ ਦਿੱਤਾ ਗਿਆ। ਅੱਠਵੀਂ ਜਮਾਤ ਦੇ ਸਾਨਵੀ ਹਾਂਡਾ ਤੇ ਸਵਨੀਤ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ, ਰਿਦਿਮਾ ਤੇ ਨਿਹਚਲਪ੍ਰੀਤ ਕੌਰ ਨੇ ਦੂਸਰਾ, ਮਾਨਵੀ ਸ਼ਰਮਾ ਨੇ ਤੀਸਰਾ ਤੇ ਹਰਸੀਰਤ ਕੌਰ ਤੇ ਨੰਦਿਕਾ ਨੂੰ ਪ੍ਰੋਤਸਾਹਨ ਪੁਰਸਕਾਰ ਮਿਲਿਆ। ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੈ ਖੋਸਲਾ ਅਤੇ ਪ੍ਰਿੰ. ਡਾ. ਬਿੰਦੂ ਭੱਲਾ ਨੇ ਪੰਜਾਬ ਦਿਵਸ ਮੌਕੇ ਸਾਰਿਆਂ ਨੂੰ ਹਾਰਦਿਕ ਵਧਾਈ ਦਿੱਤੀ।

# ਗੁਰਸਿਮਰਨਪ੍ਰੀਤ ਕੌਰ ਰਾਜ ਪੱਧਰੀ ਅੰਤਰ ਸਕੂਲ ਮਹਿੰਦੀ ਮੁਕਾਬਲੇ 'ਚ ਅੱਵਲ ਰਹੀ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਅੰਮ੍ਰਿਤਸਰ ਗਰੁੱਪ ਆਫ਼ ਕਾਲਜਿਜ਼ ਵਿੱਚ ਰਾਜ ਪੱਧਰ 'ਤੇ ਅੰਤਰ ਸਕੂਲ ਸੱਭਿਆਚਾਰਕ ਅਤੇ ਟੈਕਨਾਲੋਜੀਕਲ ਵਿਸ਼ੇ ਅਧੀਨ ਇੱਕ ਮੇਲਾ ਕਰਵਾਇਆ ਗਿਆ ਜਿਸ ਵਿੱਚ ਵੱਖ-ਵੱਖ ਮੁਕਾਬਲੇ ਕਰਵਾਏ ਗਏ। ਇਸ ਮੇਲੇ ਵਿੱਚ ਪੰਜਾਬ ਦੇ ਕਈ ਸਕੂਲਾਂ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ ਅਤੇ ਇਹ ਮੁਕਾਬਲੇ ਡਾ. ਰਾਜੇਸ਼ ਕੁਮਾਰ ਸ਼ਰਮਾ ਡੀਈਓ ਅੰਮ੍ਰਿਤਸਰ ਅਤੇ ਕਾਲਜ ਦੇ ਪ੍ਰਿੰਸੀਪਲ ਡਾ. ਗੌਰਵ ਤੇਜਪਾਲ ਦੀ ਰਹਿਨੁਮਾਈ ਹੇਠ ਕਰਵਾਏ ਗਏ।ਇੱਥੇ ਦੱਸਣਯੋਗ ਹੈ ਕਿ ਇਹ ਮੇਲਾ ਲਗਾਤਾਰ ਤਿੰਨ ਦਿਨ ਚੱਲਿਆ ਜਿਸ ਵਿੱਚ ਹਰ ਵਿਦਿਆਰਥੀ ਨੇ ਉਚ-ਕੋਟੀ ਦਾ ਪ੍ਰਦਰਸ਼ਨ ਕੀਤਾ। ਇਸ ਮੇਲੇ ਵਿੱਚ ਮੁਕਾਬਲੇ ਕਾਫ਼ੀ ਕਠਿਨ ਹੋਣ ਦੇ ਬਾਵਜੂਦ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਸਾਹਿਬ ਦੀ ਵਿਦਿਆਰਥਣ ਗੁਰਸਿਮਰਨਪ੍ਰੀਤ ਕੌਰ ਸਪੁੱਤਰੀ ਸ. ਗੁਰਜੀਤ ਸਿੰਘ ਜਮਾਤ ਬਾਰ੍ਹਵੀਂ ਨੇ ਆਪਣੀ ਲਗਨ ਅਤੇ ਅਧਿਆਪਕਾ ਬਲਜੀਤ ਕੌਰ ਦੀ ਯੋਗ ਅਗਵਾਈ ਸਦਕਾ ਸਭ ਨੂੰ ਪਛਾੜ ਕੇ ਮਹਿੰਦੀ ਮੁਕਾਬਲੇ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ



ਅੰਮ੍ਰਿਤਸਰ ਦੇ ਡੀਈਓ ਅਤੇ ਕਾਲਜ ਦੇ ਪ੍ਰਿੰਸੀਪਲ ਦੁਆਰਾ ਜੇਤੂ ਵਿਦਿਆਰਥਣ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਆਪਣੀ ਖੁਸ਼ੀ ਜ਼ਾਹਰ ਕਰਦਿਆਂ ਸੰਸਥਾ ਦੇ ਡਾਇਰੈਕਟਰ ਡਾ. ਜਤਿੰਦਰਪਾਲ ਸਿੰਘ ਰੰਧਾਵਾ ਅਤੇ ਸਕੂਲ ਦੇ ਪ੍ਰਿੰਸੀਪਲ ਮਨੀਸ਼ਾ ਸੂਦ ਨੇ ਜੇਤੂ ਵਿਦਿਆਰਥਣ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਉਸਨੂੰ ਸਨਮਾਨਿਤ ਕੀਤਾ।

3-Nov-PAGE-4.qxd 11/2/2025 10:43 PM Page 1

ਨਵਾਂ ਜ਼ਮਾਨਾ
ਸੋਮਵਾਰ, 3 ਨਵੰਬਰ 2025

# ਨਿਤੀਸ਼ ਦੀਆਂ ਮਿਹਰਬਾਨੀਆਂ

ਬਿਹਾਰ ਦੇ ਮੋਕਾਮਾ ਅਸੈਂਬਲੀ ਹਲਕੇ ਤੋਂ ਨਿਤੀਸ਼ ਕੁਮਾਰ ਦੀ ਪਾਰਟੀ ਜਨਤਾ ਦਲ (ਯੂ) ਦੇ ਉਮੀਦਵਾਰ ਅਨੰਤ ਕੁਮਾਰ ਸਿੰਘ ਨੂੰ ਦੁਲਾਰਚੰਦ ਯਾਦਵ ਦੀ ਹੱਤਿਆ ਵਿੱਚ ਨਾਮਜ਼ਦ ਮੁਲਜ਼ਮ ਵਜੋਂ ਸਨਿੱਚਰਵਾਰ ਰਾਤ ਗ੍ਰਿਫਤਾਰ ਤਾਂ ਕਰ ਲਿਆ ਗਿਆ, ਪਰ ਇਸ ਨਾਲ ਇਹ ਬਹਿਸ ਫਿਰ ਤਾਜ਼ਾ ਹੋ ਗਈ ਕਿ ਨਿਤੀਸ਼ ਕੁਮਾਰ ਕਿਵੇਂ ਉਨ੍ਹਾਂ ਬਾਹੂਬਲੀਆਂ 'ਤੇ ਮਿਹਰਬਾਨ ਰਹੇ ਹਨ, ਜਿਹੜੇ 'ਸਰਕਾਰੀ' ਹਨ ਜਾਂ ਬਣ ਜਾਂਦੇ ਹਨ। ਨਿਤੀਸ਼ ਕੁਮਾਰ ਕਹਿਣ ਨੂੰ ਤਾਂ ਕਹਿੰਦੇ ਹਨ ਕਿ ਉਹ ਨਾ ਤਾਂ ਕਿਸੇ ਨੂੰ ਬਚਾਉਂਦੇ ਹਨ ਤੇ ਨਾ ਕਿਸੇ ਨੂੰ ਫਸਾਉਂਦੇ ਹਨ, ਪਰ ਇਤਿਹਾਸ ਇਹੀ ਹੈ ਕਿ ਜਿਹੜੇ ਬਾਹੂਬਲੀ 'ਸਰਕਾਰੀ' ਹੁੰਦੇ ਹਨ ਜਾਂ ਜਿਨ੍ਹਾਂ ਨੂੰ 'ਸਰਕਾਰੀ' ਬਣਾਉਣ ਦੀ ਗੁੰਜਾਇਸ਼ ਹੁੰਦੀ ਹੈ, ਉਨ੍ਹਾਂ ਨੂੰ ਉਨ੍ਹਾਂ ਦੀ ਸਰਕਾਰ ਕਾਨੂੰਨੀ ਲੜਾਈ ਨੂੰ ਕਮਜ਼ੋਰ ਕਰਕੇ ਸਾਫ ਬਚਾ ਲੈਂਦੀ ਹੈ। ਅਨੰਤ ਕੁਮਾਰ ਸਿੰਘ ਦੇ ਮਾਮਲੇ ਦਾ ਵੀ ਇਹੀ ਨਤੀਜਾ ਨਿਕਲਿਆ ਤਾਂ ਹੈਰਾਨੀ ਨਹੀਂ ਹੋਵੇਗੀ।

ਨਿਤੀਸ਼ ਕੁਮਾਰ ਦੀ ਬਾਹੂਬਲੀਆਂ ਨਾਲ ਦੋਸਤੀ 2005 ਤੋਂ ਨਹੀਂ, ਸਗੋਂ ਉਸ ਤੋਂ ਪਹਿਲਾਂ 2000 ਤੋਂ ਸ਼ੁਰੂ ਹੁੰਦੀ ਹੈ, ਜਦ ਉਹ ਪਹਿਲੀ ਵਾਰ ਮੁੱਖ ਮੰਤਰੀ ਬਣੇ ਸਨ ਤੇ ਉਸ ਸਮੇਂ ਦੇ ਸਭ ਤੋਂ ਬਦਨਾਮ ਬਾਹੂਬਲੀਆਂ ਦੀ ਹਮਾਇਤ ਲਈ ਸੀ। ਅਨੰਤ ਕੁਮਾਰ ਸਿੰਘ ਜਦ ਰਾਜਦ ਵਿੱਚ ਸੀ ਤਾਂ ਉਸ ਦੀ ਪਤਨੀ ਰਾਜਦ ਦੀ ਟਿਕਟ 'ਤੇ ਵਿਧਾਇਕ ਬਣ ਗਈ ਸੀ। ਨਿਤੀਸ਼ ਸਰਕਾਰ ਨੇ ਤਰ੍ਹਾਂ-ਤਰ੍ਹਾਂ ਦੇ ਮਾਮਲਿਆਂ ਵਿੱਚ ਉਸ ਨੂੰ ਜੇਲ੍ਹ ਵਿੱਚ ਸੁੱਟਿਆ ਸੀ। ਫਿਰ ਸਭ ਨੇ ਦੇਖਿਆ ਕਿ ਨਿਤੀਸ਼ ਕੁਮਾਰ ਖਿਲਾਫ ਬੇਵਿਸਾਹੀ ਦੇ ਮਤੇ 'ਤੇ ਵੋਟਿੰਗ ਵੇਲੇ ਅਨੰਤ ਕੁਮਾਰ ਦੀ ਪਤਨੀ ਨੇ ਰਾਜਦ ਤੋਂ ਬਗਾਵਤ ਕਰਕੇ ਨਿਤੀਸ਼ ਦਾ ਸਾਥ ਦਿੱਤਾ। ਉਸ ਤੋਂ ਬਾਅਦ ਅਦਾਲਤ ਵਿੱਚ ਸੁਣਵਾਈ ਦੌਰਾਨ ਕਾਨੂੰਨੀ ਪੱਖ ਏਨਾ ਕਮਜ਼ੋਰ ਕਰ ਦਿੱਤਾ ਗਿਆ ਕਿ ਅਨੰਤ ਕੁਮਾਰ ਰਿਹਾਅ ਹੋ ਗਿਆ ਤੇ ਹੁਣ ਉਹ ਨਿਤੀਸ਼ ਦੀ ਪਾਰਟੀ ਦਾ ਉਮੀਦਵਾਰ ਹੈ। ਨਿਤੀਸ਼ ਦੀ ਮਿਹਰਬਾਨੀ ਦੀ ਇਕ ਮਿਸਾਲ ਨਵਾਦਾ ਤੋਂ ਰਾਜਦ ਦੇ ਸਾਬਕਾ ਵਿਧਾਇਕ ਰਾਜਬੱਲਭ ਯਾਦਵ ਦੀ ਵੀ ਹੈ, ਜਿਸ ਨੂੰ ਨਾਬਾਲਗ ਨਾਲ ਬਲਾਤਕਾਰ ਦੇ ਮਾਮਲੇ ਵਿੱਚ 9 ਸਾਲ ਜੇਲ੍ਹ ਵਿੱਚ ਕੱਟਣੇ ਪਏ ਸਨ। ਇਹ ਇਤਫਾਕ ਦੀ ਗੱਲ ਨਹੀਂ ਹੋ ਸਕਦੀ ਕਿ ਜਦ ਰਾਜਬੱਲਭ ਦੀ ਪਤਨੀ, ਜੋ ਰਾਜਦ ਦੀ ਵਿਧਾਇਕ ਸੀ, ਨੇ ਐੱਨ ਡੀ ਏ ਦਾ ਸਾਥ ਦੇਣਾ ਸ਼ੁਰੂ ਕੀਤਾ ਤਾਂ ਰਾਜਬੱਲਭ ਨੂੰ ਹਾਈ ਕੋਰਟ ਨੇ ਏਨੇ ਸੰਗੀਨ ਮਾਮਲੇ ਵਿੱਚ ਇਹ ਕਹਿ ਕੇ ਬਰੀ ਕਰ ਦਿੱਤਾ ਕਿ ਸਰਕਾਰੀ ਵਕੀਲ ਲੋੜੀਂਦੇ ਸਬੂਤ ਨਹੀਂ ਪੇਸ਼ ਕਰ ਸਕੇ। ਇਹ ਬਹਿਸ ਦਾ ਵਿਸ਼ਾ ਹੈ ਕਿ ਸਰਕਾਰ ਦੀ ਹਮਾਇਤ ਕਰਨ ਵਾਲੇ ਬਾਹੂਬਲੀਆਂ ਦੇ ਮਾਮਲੇ ਵਿੱਚ ਸਰਕਾਰੀ ਵਕੀਲਾਂ ਦੀ ਦਲੀਲ ਅਕਸਰ ਕਮਜ਼ੋਰ ਪੈ ਜਾਂਦੀ ਹੈ। ਰਾਜਬੱਲਭ ਦੀ ਰਿਹਾਈ ਤੋਂ ਬਾਅਦ ਉਸ ਦੀ ਪਤਨੀ ਵਿਭਾ ਦੇਵੀ ਹੁਣ ਨਵਾਦਾ ਤੋਂ ਨਿਤੀਸ਼ ਦੀ ਪਾਰਟੀ ਦੀ ਉਮੀਦਵਾਰ ਹੈ। ਬਾਹੂਬਲੀ ਆਨੰਦ ਮੋਹਨ ਦੇ ਮਾਮਲੇ ਵਿੱਚ ਤਾਂ ਨਿਤੀਸ਼ ਸਰਕਾਰ ਨੇ ਜੇਲ੍ਹ ਦਾ ਕਾਨੂੰਨ ਹੀ ਬਦਲ ਦਿੱਤਾ ਅਤੇ ਆਪਣੇ ਪੱਖ ਵਿੱਚ ਲਿਆਉਣ ਦੇ ਬਾਅਦ ਗੋਪਾਲਗੰਜ ਦੇ ਤੱਤਕਾਲੀ ਡੀ ਸੀ ਕ੍ਰਿਸ਼ਨਈਆ ਦੇ ਹੱਤਿਆ ਕਾਂਡ ਵਿੱਚ ਸੁਣਾਈ ਗਈ ਤਾਉਮਰ ਕੈਦ ਦੀ ਸਜ਼ਾ ਨੂੰ ਖਤਮ ਕਰਕੇ ਉਸ ਨੂੰ ਜੇਲ੍ਹੋਂ ਬਾਹਰ ਕੱਢ ਲਿਆਂਦਾ। ਇਸ ਮਾਮਲੇ ਵਿੱਚ ਇਹ ਵੀ ਗੱਲ ਯਾਦ ਰੱਖਣ ਵਾਲੀ ਹੈ ਕਿ ਰਾਜਦ ਦੀ ਟਿਕਟ 'ਤੇ ਵਿਧਾਇਕ ਬਣੇ ਆਨੰਦ ਮੋਹਨ ਦੇ ਬੇਟੇ ਚੇਤਨ ਆਨੰਦ ਨੇ ਪਾਰਟੀ ਲਾਈਨ ਤੋਂ ਬਗਾਵਤ ਕਰਕੇ ਨਿਤੀਸ਼ ਨੂੰ ਭਰੋਸੇ ਦੇ ਮਤੇ ਦੌਰਾਨ ਹਮਾਇਤ ਦਿੱਤੀ ਸੀ।

ਦਿਲਚਸਪ ਗੱਲ ਹੈ ਕਿ ਜਦ ਨਿਤੀਸ਼ ਨੇ ਲਾਲੂ ਪ੍ਰਸਾਦ ਨਾਲ ਮਿਲ ਕੇ ਸਰਕਾਰ ਬਣਾਈ ਸੀ, ਤਦ ਭਾਜਪਾ ਨੇ ਨਿਤੀਸ਼ 'ਤੇ ਬਾਹੂਬਲੀਆਂ ਦੀ ਸਰਪ੍ਰਸਤੀ ਕਰਨ ਦਾ ਦੋਸ਼ ਲਾਇਆ ਸੀ, ਪਰ ਹੁਣ ਐੱਨ ਡੀ ਏ ਵਿੱਚ ਸ਼ਾਮਲ ਨਿਤੀਸ਼ ਬਾਹੂਬਲੀਆਂ ਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਨੂੰ ਚੋਣਾਂ ਲੜਵਾ ਰਿਹਾ ਹੈ ਤਾਂ ਉਸ ਨੂੰ ਭਾਜਪਾ 'ਵਿਕਾਸ ਪੁਰਸ਼' ਦੱਸ ਰਹੀ ਹੈ। ਬਿਹਾਰ ਵਿੱਚ ਬੂਥਾਂ 'ਤੇ ਕਬਜ਼ੇ ਹੋਣੇ ਤਾਂ ਹਟ ਗਏ ਹਨ, ਪਰ ਬਾਹੂਬਲੀਆਂ ਦਾ ਇਸਤੇਮਾਲ ਖਤਮ ਨਹੀਂ ਹੋਇਆ।

## ਪੱਗ-ਵੱਟ ਯਾਰ !

ਹਰ ਚੋਣ ਨੂੰ ਪਰਖ ਦੀ ਘੜੀ ਕਹਿ ਕੇ,
ਨੇਤਾ ਲੋਕਾਂ ਨੂੰ ਹਨ ਵਰਿਆ ਲੈਂਦੇ।
ਚੋਣਾਂ ਜਿੱਤ ਕੇ ਕੋਈ ਵੀ ਬਹੁੜਦਾ ਨ੍ਹੀਂ,
ਸੱਪ ਕੱਢਿਆ ਝੋਲੀ ਵਿੱਚ ਪਾ ਲੈਂਦੇ।
ਫਸਲ ਵੱਢ ਕੇ ਘਰਾਂ ਨੂੰ ਪਰਤ ਆਉਂਦੇ,
ਚੁੱਕ ਕੁਰਸੀਆਂ ਲਾਨ ਵਿੱਚ ਡਾਹ ਲੈਂਦੇ।
ਆਮ ਜਨਤ ਦੇ ਜਿੰਨੇ ਵੀ ਬੇਰ ਡੁੱਲ੍ਹਦੇ,
ਨੇਤਾ ਚੁੱਕ ਕੇ ਬੋਝੇ ਵਿੱਚ ਪਾ ਲੈਂਦੇ।
ਵੱਡੇ-ਵੱਡੇ ਸਰਕਾਰ ਦੇ ਅਹੁਦਿਆਂ 'ਤੇ,
ਸ਼ੋਹਰ ਆਪਣੇ ਫਿੱਟ ਕਰਵਾ ਲੈਂਦੇ।
ਸਾਮਰਾਜ ਬਣਾਉਣ ਲਈ ਬਹੁਤ ਵੱਡਾ,
ਪੱਗ-ਵੱਟ ਯਾਰਾਂ ਨਾਲ ਕੁੰਡੀ ਅੜਾ ਲੈਂਦੇ।

-ਗੁਲਪੁਰ

# ਰੂਸ, ਚੀਨ ਤੇ ਅਮਰੀਕਾ ਵਿਚਕਾਰ ਲਟਕਦਾ ਭਾਰਤ

ਨਰਭਿੰਦਰ

ਪ੍ਰਧਾਨ ਮੰਤਰੀ ਮੋਦੀ ਇਸ ਵਾਰ ਕੋਆਲਾਲੰਪੁਰ ਵਿੱਚ ਹੋ ਰਹੀ ਏਸ਼ੀਅਨ ਦੇਸ਼ਾਂ ਦੀ ਕਾਨਫਰੰਸ ਵਿੱਚ ਨਹੀਂ ਗਏ, ਹਾਲਾਂਕਿ ਅਮਰੀਕਾ ਦੇ ਵ੍ਹਾਈਟ ਹਾਊਸ ਵੱਲੋਂ ਵੀ ਉੱਥੇ ਮਿਲਣ ਦਾ ਸੱਦਾ ਦਿੱਤਾ ਸੀ। ਪਿਛਲੇ ਮਹੀਨਿਆਂ 'ਚ ਜੀ-7 ਦੀ ਕੈਨੇਡਾ ਬੈਠਕ ਵਿੱਚ ਵੀ ਪ੍ਰਧਾਨ ਮੰਤਰੀ ਮੋਦੀ ਉਸ ਸਮੇਂ ਗਏ, ਜਦੋਂ ਉਥੋਂ ਟਰੰਪ ਆਪਣਾ ਭਾਸ਼ਨ ਦੇ ਕੇ ਚਲੇ ਗਏ ਸਨ। ਉਹਨੇ (ਟਰੰਪ ਨੇ) ਅਮਰੀਕਾ ਜਾ ਕੇ ਮੋਦੀ ਨੂੰ ਖਾਣੇ ਦਾ ਸੱਦਾ ਵੀ ਦਿੱਤਾ, ਪਰ ਮੋਦੀ ਨਹੀਂ ਗਿਆ, ਉਹ ਮੋਦੀ ਜਿਹੜਾ ਕਿਸੇ ਸਮੇਂ ਅਮਰੀਕਾ 'ਚ ਟਰੰਪ ਦਾ ਹੱਥ ਫੜ ਕੇ ਇਹ ਕਹਿੰਦਾ ਸੀ, 'ਐਸ ਵਾਰ, ਟਰੰਪ ਸਰਕਾਰ'। ਹੁਣ ਟਰੰਪ ਨੂੰ ਮਿਲਣ ਤੋਂ ਘਬਰਾਉਂਦਾ ਹੈ। ਅਗਲੀ ਮੀਟਿੰਗ 'ਚ ਜਿਹੜੀ ਜੀ-20 ਦੀ ਸਾਊਥ ਅਫ਼ਰੀਕਾ ਵਿੱਚ ਹੋ ਰਹੀ, ਉਥੇ ਪ੍ਰਧਾਨ ਮੰਤਰੀ ਇਸ ਕਰਕੇ ਜਾਣਗੇ, ਕਿਉਂਕਿ ਟਰੰਪ ਨੇ ਕਹਿ ਦਿੱਤਾ ਹੈ ਕਿ ਉਹ ਸਾਊਥ ਅਫ਼ਰੀਕਾ ਦੀ ਮੀਟਿੰਗ ਵਿੱਚ ਨਹੀਂ ਆਉਣਗੇ, ਕਿਉਂਕਿ ਸਾਊਥ ਅਫ਼ਰੀਕਾ ਨਾਲ ਉਹਦੇ ਸੰਬੰਧ ਠੀਕ ਨਹੀਂ। ਇਸ 'ਚ ਕੋਈ ਲੁਕੀ-ਛਿਪੀ ਗੱਲ ਨਹੀਂ ਕਿ ਟਰੰਪ ਨੇ ਮੋਦੀ ਦੀ ਵਾਰ-ਵਾਰ ਬੇਇਜ਼ਤੀ ਕੀਤੀ ਹੈ। ਵਿਸ਼ੇਸ਼ ਕਰਕੇ 'ਓਪਰੇਸ਼ਨ ਸੰਧੂਰ' ਦੇ ਮਾਮਲੇ 'ਚ ਤਾਂ ਟਰੰਪ 51 ਵਾਰ ਕਹਿ ਚੁੱਕੇ ਹਨ ਕਿ ਹਿੰਦ-ਪਾਕਿ ਜੰਗ ਉਹਨੇ ਹੀ ਰੁਕਵਾਈ ਸੀ, ਅਤੇ ਦੂਸਰਾ ਅਮਰੀਕਾ ਨੇ ਦਬਾਅ ਪਾਇਆ ਸੀ ਕਿ ਰੂਸ ਤੋਂ ਕੱਚਾ ਤੇਲ ਨਾ ਲਿਆ ਜਾਵੇ, ਪਰ ਭਾਰਤ ਨੇ ਇਹ ਪ੍ਰਵਾਨ ਨਹੀਂ ਕੀਤਾ ਤਾਂ ਟਰੰਪ ਨੇ ਕਈ ਗੁਣਾ ਟੈਰਿਫ਼ ਵਧਾ ਦਿੱਤੇ।

ਸਾਰੀ ਦੁਨੀਆ ਵਿੱਚ ਅਮਰੀਕਾ ਹੱਥੋਂ ਬੇਇੱਜ਼ਤੀ ਕਰਵਾਉਣ ਪਿੱਛੋਂ ਮੋਦੀ ਸਰਕਾਰ ਨੇ ਚੀਨ ਨਾਲ ਸੰਬੰਧ ਕੁਝ ਠੀਕ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਹਨ। ਇਹ ਕੂਟਨੀਤੀ ਹੈ ਜਾਂ ਰਣਨੀਤੀ ਇਸ ਸੰਬੰਧੀ ਰਾਜਸੀ ਹਲਕਿਆਂ ਵਿੱਚ ਚਰਚਾ ਛਿੜੀ ਹੋਈ ਹੈ। ਜਿਸ ਅਮਰੀਕਾ ਨਾਲ ਪਿਛਲੇ ਤਿੰਨ ਦਹਾਕਿਆਂ ਤੋਂ ਰਣਨੀਤਕ ਸਾਂਝ-ਭਿਆਲੀ ਰਹੀ ਹੈ। ਟਰੰਪ ਵੱਲੋਂ ਟੈਰਿਫ਼ ਵਧਾਉਣ ਪਿੱਛੋਂ ਉਹਦੇ ਨਾਲ ਸੌਦੇਬਾਜ਼ੀ ਕਰਨ ਲਈ ਕੀ ਭਾਰਤ, ਚੀਨ ਨਾਲ ਮੇਲ-ਜੋਲ ਵਧਾਉਣ ਦਾ ਦਿਖਾਵਾ ਕਰ ਰਿਹਾ ਹੈ, ਜਾਂ ਇਹ ਕਿ ਹੁਣ ਰਾਜਨੀਤਕ ਸਾਂਝ -ਭਿਆਲੀ ਵਿੱਚ ਕੋਈ ਨਵੀਂ ਤਬਦੀਲੀ ਕੀਤੀ ਜਾ ਰਹੀ ਹੈ। ਇਹ ਸੁਆਲ ਦਾ ਹੱਲ ਲੱਭਣਾ ਹੋਵੇ ਤਾਂ ਦੁਨੀਆ ਦੀਆਂ ਵੱਡੀਆਂ ਤਾਕਤਾਂ ਵਿਚਕਾਰ ਚੱਲ ਰਹੇ ਅਤੇ ਬਦਲ ਰਹੇ ਸਮੀਕਰਨਾਂ ਨੂੰ ਜਾਣਿਆਂ ਹੀ ਦੇਖਿਆ ਜਾ ਸਕਦਾ ਹੈ।

ਯਾਦ ਹੋਵੇਗਾ 1980 ਦੇ ਦਹਾਕੇ ਤੋਂ ਪਹਿਲਾਂ ਭਾਰਤ ਗੁੱਟ ਨਿਰਲੇਪ ਦੇਸ਼ਾਂ ਦਾ ਆਗੂ ਹੁੰਦਾ ਸੀ। ਉਸ ਸਮੇਂ ਦੁਨੀਆ ਦੋ ਖੇਮਿਆਂ ਇੱਕ ਪਾਸੇ ਸਾਮਰਾਜੀ ਚੌਧਰ ਸਥਾਪਤ ਕਰਨ ਵਾਲਾ ਦੇਸ਼ ਅਮਰੀਕਾ ਤੇ ਉਹਦੀ ਨਾਟੋ ਜੁੰਡਲੀ ਦੇ ਦੇਸ਼ ਸਨ, ਦੂਸਰੇ ਪਾਸੇ ਸੋਵੀਅਤ ਰੂਸ ਦੇ ਸਹਿਯੋਗੀ ਦੇਸ਼ ਸਨ। ਜਿਸ ਵਿੱਚ ਪੂਰਬੀ ਯੂਰਪੀਨ ਦੇਸ਼ ਵੀ ਸ਼ਾਮਲ ਸਨ। ਹਾਲਾਂਕਿ ਸੋਵੀਅਤ ਰੂਸ ਉਸ ਸਮੇਂ ਤੱਕ ਸਮਾਜਵਾਦੀ ਨਹੀਂ ਸੀ ਰਿਹਾ। ਇਸ ਦਰਮਿਆਨ ਯੂਗੋਸਲਾਵੀਆ, ਮਿਸਰ ਤੇ ਭਾਰਤ ਨੇ ਮਿਲ ਕੇ 1960ਵਿਆਂ ਵਿੱਚ ਗੁੱਟ ਨਿਰਲੇਪ ਭਾਵ ਦੋਹਾਂ ਧੜਿਆਂ ਤੋਂ ਜੋ ਬਾਹਰ ਰਹਿ ਰਹੇ ਦੇਸ਼ ਸਨ, ਨੂੰ ਇਕੱਠਿਆਂ ਕਰਕੇ ਗੁੱਟ ਨਿਰਲੇਪ ਦੇਸ਼ਾਂ ਦਾ ਇੱਕ ਮੰਚ ਬਣਾਇਆ, ਜਿਹਨੂੰ ਗੁੱਟ ਨਿਰਲੇਪ ਲਹਿਰ ਵੀ ਕਿਹਾ ਜਾਂਦਾ ਸੀ। ਇਹ ਤੀਸਰੇ ਗਰੁੱਪ ਦੇ ਦੇਸ਼ ਦੋਹਾਂ ਦੇਸ਼ਾਂ ਨਾਲ ਸੌਦੇਬਾਜ਼ੀ ਕਰਦੇ ਸਨ, ਭਾਰਤ ਸਮੇਤ ਜ਼ਿਆਦਾਤਰ ਦੇਸ਼ਾਂ ਦਾ ਝੁਕਾਅ ਸੋਵੀਅਤ ਰੂਸ ਨਾਲ ਇਸ ਕਰਕੇ ਸੀ ਕਿ ਉਹ ਤਕਨੀਕ ਤੇ ਪੈਸਾ ਘੱਟ ਵਿਆਜ ਤੇ ਘੱਟ ਸ਼ਰਤਾਂ ਉਤੇ ਦਿੰਦਾ ਸੀ ਅਤੇ ਦੂਸਰਾ ਕਾਰਨ ਇਹ ਸੀ ਕਿ ਇਨ੍ਹਾਂ ਵਿੱਚ ਜ਼ਿਆਦਾਤਰ ਦੇਸ਼ ਪਹਿਲਾਂ ਸਾਮਰਾਜੀਆਂ ਦੀਆਂ ਬਸਤੀਆਂ ਜਾਂ ਅਰਥ ਬਸਤੀਆਂ ਰਹੇ ਸਨ ਹੀ ਅਬਾਦ ਹੋਏ ਸਨ ਉਹ ਅਮਰੀਕੀ ਸਾਮਰਾਜ ਤੋਂ ਕੁਝ ਭੈ ਵੀ ਖਾਂਦੇ ਸਨ ਅਤੇ ਕਿਉਂਕਿ ਸੋਵੀਅਤ ਰੂਸ ਦਾ ਸਮਾਜਵਾਦੀ ਬੁਰਕਾ ਅਜੇ ਦੇਸ਼ਾਂ ਦੀਆਂ ਆਜਾਦੀਆਂ ਦਾ ਹਮਾਇਤੀ ਸੀ। ਇਸ ਕਰਕੇ ਵੀ ਇਨ੍ਹਾਂ ਦੇਸ਼ਾਂ ਦਾ ਝੁਕਾ ਇਹਦੇ ਵਲ ਸੀ।

70-80 ਦੇ ਦਹਾਕੇ ਵਿੱਚ ਭਾਰਤੀ ਹਾਕਮ ਵਰਗ ਇਸੇ ਗੁੱਟ ਨਿਰਲੇਪ ਲਹਿਰ ਦਾ ਆਗੂ ਹੁੰਦਾ ਸੀ ਅਤੇ ਸੋਵੀਅਤ ਰੂਸ ਦੇ ਜ਼ਿਆਦਾ ਨੇੜੇ ਹੁੰਦਾ ਸੀ ਅਤੇ ਇਹਦਾ ਇਹਨੂੰ ਫਾਇਦਾ ਵੀ ਮਿਲਿਆ। ਫੌਜੀ ਖੇਤਰ ਤੋਂ ਲੈ ਕੇ ਵਿਕਾਸ ਅਤੇ ਵਿੱਦਿਆ ਦਾ ਹਰ ਖੇਤਰ ਤੱਕ ਜਦੋਂ ਸੋਵੀਅਤ ਰੂਸ ਦੇ ਅੰਦਰਲਾ ਸੰਕਟ ਵਧਣਾ ਸ਼ੁਰੂ ਹੋਇਆਤਾਂ ਭਾਰਤ ਨਾਲ ਰਿਸ਼ਤਿਆਂ 'ਚ ਤਬਦੀਲੀਆਂ ਆਉਣੀਆਂ ਸ਼ੁਰੂ ਹੋਈਆਂ। ਇਹਦਾ ਕਾਰਨ ਇਹ ਵੀ ਸੀ ਕਿ ਭਾਰਤ ਦੀਆਂ ਤਕਨੀਕ, ਮਸ਼ੀਨਰੀ, ਫੌਜੀ ਤੇ ਵਿੱਤੀ ਲੋੜਾਂ ਦੀ ਪੂਰਤੀ ਲਈ ਹੁਣ ਰੂਸ ਦੇ ਹੱਥ ਘੁੱਟੇ ਗਏ। ਉਹਦੇ ਅੰਦਰਲੇ ਸੰਕਟ ਨੇ ਉਸ ਨੂੰ ਢਹਿ-ਢੇਰੀ ਹੋਣ ਤੱਕ ਪਹੁੰਚਾ ਦਿੱਤਾ ਤੇ ਆਖਰ 1989 ਵਿੱਚ ਸੋਵੀਅਤ ਰੂਸ 1991 ਤੱਕ ਦੇ ਕਈ ਟੁਕੜੇ ਹੋ ਗਏ। ਅਮਰੀਕੀ ਸਾਮਰਾਜ ਦੀ ਦੂਸਰੀ ਸੰਸਾਰ ਜੰਗ ਪਿਛੋਂ 45 ਸਾਲ ਪਿੱਛੋਂ ਉਸ ਸੀਤ ਯੁੱਧ ਵਿੱਚ ਜਿੱਤ ਹੋਈ, ਜਿਹਦੇ ਲਈ ਉਹ ਤੱਤਪਰ ਸੀ। ਦਰਅਸਲ ਅਮਰੀਕੀ ਪੂੰਜੀਪਤੀ ਵਰਗ ਲਈ ਕਮਿਊਨਿਜ਼ਮ ਸ਼ਬਦ ਹੀ ਕੌੜੇ ਜ਼ਹਿਰ ਵਰਗਾ ਹੈ।

ਇਸ ਨਵੀਂ ਹਾਲਤ ਵਿੱਚ ਭਾਰਤ ਲਈ ਇੱਕ ਨਵਾਂ ਮੋੜ ਕੱਟਣ ਵਾਲੀ ਹਾਲਤ ਸੀ। ਭਾਰਤ ਦੀਆਂ ਅੰਦਰੂਨੀ ਤੇ ਬਾਹਰੀ ਦੋਵੇਂ ਨੀਤੀਆਂ ਸੋਵੀਅਤ ਰੂਸ ਨਾਲ ਬੱਝੀਆਂ ਸਨ। ਵਿਉਪਾਰ, ਅਰਥ ਨੀਤੀ ਤੇ ਗੁੱਟ ਨਿਰਲੇਪ ਦੇ ਰੂਪ ਵਿੱਚ ਵਿਦੇਸ਼ ਨੀਤੀ। ਇਹ ਸਭ ਕੁਝ ਨੇ ਸੰਕਟ ਨੂੰ ਜਨਮ ਦਿੱਤਾ। ਇਸ ਸੰਕਟ ਵਿੱਚ ਆਰਥਿਕ ਲੋੜਾਂ ਦੇ ਚਲਦਿਆਂ, ਵਿਸ਼ਵ ਕੋਸ਼ ਤੇ ਸੰਸਾਰ ਬੈਂਕ ਦੀ ਬਾਂਹ ਮਰੋੜੀ ਪਿੱਛੋਂ 1991 ਵਿੱਚ ਭਾਰਤ ਨੇ ਅੰਦਰੂਨੀ ਤੇ ਬਾਹਰੀ ਨੀਤੀਆਂ ਨੂੰ ਬਦਲ ਦਿੱਤਾ। ਆਰਥਿਕ ਸੰਕਟ ਨੇ ਹੀ ਨਿੱਜੀਕਰਨ, ਉਦਾਰੀਕਰਨ ਤੇ ਵਿਸ਼ਵੀਕਰਨ ਦੀ ਝੋਲੀ ਵਿੱਚ ਡਿੱਗਣ ਲਈ ਮਜਬੂਰ ਕੀਤਾ ਅਤੇ ਵਿਦੇਸ਼ ਨੀਤੀ ਦੇ ਤੌਰ 'ਤੇ ਅਮਰੀਕੀ ਸਾਮਰਾਜ ਨਾਲ 'ਰਣਨੀਤਕ ਸਾਂਝ-ਭਿਆਲੀ ਵੱਲ ਵੱਧਣ ਵੱਲ ਪੈਰ ਪੁੱਟੇ।

ਉਂਝ ਇਹ ਇਕੋ-ਇਕ ਕਾਰਨ ਹੀ ਨਹੀਂ ਸੀ। ਭਾਰਤੀ ਹਾਕਮ ਹੀ ਨਹੀਂ, ਭਾਰਤੀ ਪੂੰਜੀਪਤੀ ਜਮਾਤ 'ਤੇ ਪੂੰਜੀਵਾਦ ਦਾ ਵਿਕਾਸ ਵੀ ਇਥੋਂ ਤੱਕ ਪਹੁੰਚ ਚੁੱਕਾ ਸੀ ਕਿ ਹੁਣ ਉਹ ਆਪਣੇ ਪਲਰਨ, ਪਸਰਨ ਲਈ ਵੱਧ ਖੁੱਲ੍ਹਾਂ ਚਾਹੁੰਦਾ ਸੀ। ਸੋਵੀਅਤ ਰੂਸ ਦੇ ਟੁੱਟਣ ਨੇ ਤਾਂ ਸਿਰਫ਼ ਇਕ ਉਤਸ਼ਾਹਿਤ ਕਰਨ ਦਾ ਹੀ ਰੋਲ ਨਿਭਾਇਆ। ਇਸ ਜਮਾਤ ਨੇ 1980 ਤੋਂ ਹੀ ਇਧਰ ਕਦਮ ਵਧਾਉਣੇ ਸ਼ੁਰੂ ਕਰ ਦਿੱਤੇ ਸਨ। ਜਿਵੇਂ ਹੀ 1991 'ਚ ਭਾਰਤੀ ਹਾਕਮ ਤੇ ਪੂੰਜੀਪਤੀ ਜਮਾਤ ਅਮਰੀਕੀ ਸਾਮਰਾਜਵਾਦੀਆਂ ਨਾਲ 'ਰਣਨੀਤਕ ਸਾਂਝ ਭਿਆਲੀ' ਦੇ ਵੱਲ ਵਧਿਆ ਤਾਂ ਉਹ 'ਦੱਖਣ ਸਹਿਯੋਗ' ਦੀ ਥਾਂ ਅਮਰੀਕੀ ਸਾਮਰਾਜੀਆਂ ਦੇ ਨਾਲ ਇਵੇਂ ਜੁੜ ਗਿਆ, ਜਿਵੇਂ ਉਹਦੇ ਲੰਮੇਰੇ ਭਵਿੱਖ ਲਈ ਅਮਰੀਕੀ ਸਾਮਰਾਜ ਹੀ ਇਕੋ-ਇਕ 'ਰੱਬੀ' ਸ਼ਕਤੀ ਹੈ। ਉਸ ਦੌਰ ਵਿੱਚ ਇਹੋ ਹੀ ਮਤ ਪਾਇਆ ਜਾਂਦਾ ਸੀ ਕਿ ਲੰਮੇ ਸਮੇਂ ਤੋਂ ਆਰਥਿਕ, ਵਪਾਰਕ ਵਿੱਤੀ ਤੇ ਜੰਗੀ ਖੇਤਰ ਦੇ ਲਿਹਾਜ਼ ਨਾਲ ਅਮਰੀਕਾ ਦੀ ਸਰਦਾਰੀ ਚਿਰ ਸਥਾਈ ਹੋਵੇਗੀ ਤੇ ਇਕੋ-ਇਕ ਸਾਮਰਾਜੀ ਤਾਕਤ ਹੈ, ਜਿਹਨੂੰ ਕੋਈ ਲੰਮਾ ਸਮਾਂ ਚੈਲਿੰਜ ਕਰਨ ਵਾਲਾ ਉਭਰੇਗਾ ਹੀ ਨਹੀਂ। ਕਿਉਂਕਿ ਰੂਸ ਅੰਦਰੂਨੀ, ਰਾਜਸੀ ਤੇ ਆਰਥਿਕ ਸੰਕਟ 'ਚ ਗ੍ਰਸਤ ਹੋ ਚੁੱਕਾ ਸੀ ਅਤੇ ਚੀਨ ਅਜੇ ਆਪਣੇ ਅੰਦਰ ਤੱਕ ਹੀ ਸੀਮਤ ਸੀ। ਸੱਤਾ ਭਾਵੇਂ ਕਾਂਗਰਸ ਦੇ ਹੱਥ ਰਹੀ ਹੋਵੇ ਜਾਂ ਹੋਰਾਂ ਧਿਰਾਂ ਦੀ ਮਿਲੀ-ਜੁਲੀ ਸਰਕਾਰ ਹੋਵੇ। ਨੀਤੀ ਇਹੋ ਹੀ ਰਹੀ ਕਿ ਅਮਰੀਕੀ ਸਾਮਰਾਜ ਹੀ ਇਕੋ-ਇੱਕ ਪ੍ਰਭੂ ਹੈ।

ਉਸ ਸਮੇਂ ਤੱਕ ਭਾਰਤੀ ਹਾਕਮ ਇਹ ਸੋਚ ਵੀ ਨਹੀਂ ਸਨ ਸਕਦੇ ਕਿ ਰੂਸ ਜਿਹੜਾ ਟੁੱਟ ਚੁੱਕਾ ਸੀ ਅਤੇ ਚੀਨ ਜਿਹੜਾ, ਕਿਸੇ ਗਿਣਤੀ ਵਿੱਚ ਹੀ ਨਹੀਂ ਹੈ, ਅਗਲੇਰੇ ਦੌਰ ਵਿੱਚ ਫਿਰ ਉੱਠ ਸਕਦੇ ਹਨ ਅਤੇ ਨਵੇਂ ਚੈਲਿੰਜ ਬਣ ਸਕਦੇ ਹਨ। ਇਹ ਹੀ ਨਹੀਂ, ਉਧਰ ਯੂਰਪੀਨ ਸਾਮਰਾਜਵਾਦੀ, ਯੂਰਪੀਅਨ ਸੰਘ ਵਿੱਚ ਇਕਜੁੱਟ ਹੋਣ ਦੀਆਂ ਕੋਸ਼ਿਸ਼ਾਂ ਵਿੱਚ ਜੁੱਟ ਗਏ ਸਨ, ਪਰ ਉਨ੍ਹਾਂ ਦਾ ਸਮੂਹਕ ਭਵਿੱਖ ਵੀ ਅਜੇ ਚਿਰ ਸਥਾਈ ਡਾਵਾਂਡੋਲ ਸੀ। ਇਸੇ ਮੌਕੇ ਮੌਕਾਪ੍ਰਸਤ ਭਾਰਤੀ ਪੂੰਜੀਵਾਦ ਤੇ ਹਾਕਮਾਂ ਨੇ ਰੂਸ ਦਾ ਪੱਲਾ ਫੜਨ ਵਿੱਚ ਹੀ ਆਪਣਾ ਭਲਾ ਸਮਝਿਆ। ਇਹ ਦਹਾਕਾ ਕੁਝ ਇਵੇਂ ਦਾ ਹੀ ਸੀ।

ਉਧਰ ਨਵੀਂ ਸਦੀ ਵਿੱਚ ਚੀਜ਼ਾਂ ਬਦਲਣ ਲੱਗੀਆਂ। ਕੁਦਰਤ ਦਾ ਨਿਯਮ ਹੈ ਕੋਈ ਚੀਜ਼ ਸਥਾਈ ਨਹੀਂ ਰਹਿੰਦੀ। 10-15 ਸਾਲਾਂ ਵਿੱਚ ਹੀ ਨਵੇਂ ਸਮੀਕਰਨ ਤਿਆਰ ਹੋ ਗਏ। ਰੂਸ ਹੁਣ ਸਮਾਜਵਾਦ ਦਾ ਬੁਰਕਾ ਲਾਹ ਕੇ ਨਿਰੋਲ ਪੂੰਜੀਵਾਦੀ ਰਾਜ ਵਿੱਚ ਤਬਦੀਲ ਹੋ ਚੁੱਕਾ ਸੀ ਤੇ ਉਹਦੀ ਅਗਵਾਈ ਪੁਤਿਨ ਦੇ ਹੱਥ ਆ ਗਈ, ਜਿਸ ਨੇ ਰੂਸੀ ਆਰਥਿਕਤਾ, ਸਨਅਤ ਤੇ ਹੋਰ ਖੇਤਰਾਂ ਨੂੰ ਨਵੀਂ ਪੂੰਜੀਵਾਦੀ ਵਿਕਾਸ ਦੀ ਮੁਹਾਣ ਦਿੱਤੀ ਅਤੇ ਉਧਰ ਚੀਨ ਜਿਹੜਾ ਪਹਿਲਾਂ ਅੰਦਰੋਂ ਅੰਦਰ ਗੁੰਮ-ਸੁੰਮ ਬੈਠਾ ਸੀ, ਨੇ ਨਵੀਂਆਂ ਹਾਲਤਾਂ ਵਿੱਚ ਸਮਾਜਵਾਦੀ ਵਿਕਾਸ ਨੂੰ ਪੂੰਜੀਵਾਦੀ ਪਲੇਥਨ ਵਿੱਚ ਐਸਾ ਗੁੰਨ੍ਹਿਆਂ ਕਿ ਜਿੱਥੇ ਚੀਨ ਦੀ ਕਾਇਆ-ਕਲਪ ਕਰ ਦਿੱਤੀ, ਉਥੇ ਵਿਸ਼ਵ ਮੰਡੀ ਵਿੱਚ ਐਸੀ ਦਖ਼ਲ-ਅੰਦਾਜ਼ੀ ਬਣਾਈ ਕਿ ਇਕ ਨਵੀਂ ਸਾਮਰਾਜੀ ਤਾਕਤ ਦੇ ਰੂਪ ਵਿੱਚ ਵਿਸ਼ਵ ਚਿਹਰੇ 'ਤੇ ਆ ਗਿਆ। ਹਾਲਾਂਕਿ 2008 ਦੇ ਵਿਸ਼ਵ ਸੰਕਟ ਵਿੱਚੋਂ ਨਿਕਲਣ ਲਈ ਯੂਰਪੀਅਨ ਦੇਸ਼ ਵੀ ਹੱਥ-ਪੈਰ ਮਾਰ ਰਹੇ ਸਨ।

ਭਾਰਤੀ ਹਾਕਮ ਾਂ ਨੇ ਇਨ੍ਹਾਂ ਚੁਣੌਤੀ ਭਰੇ ਸਮਿਆਂ ਵਿੱਚ ਮੌਕਿਆਂ ਦਾ ਲਾਹਾ ਲੈਣ ਦੀ ਨੀਤੀ ਅਪਣਾਈ। ਅਮਰੀਕੀ ਸਾਮਰਾਜ ਦੇ ਪੱਲਾ ਫੜਨ ਦੇ ਨਾਲ-ਨਾਲ ਪੁਰਾਣੇ ਰੂਸੀ ਸਾਮਰਾਜ ਨਾਲ ਵੀ ਰਿਸ਼ਤੇ ਠੀਕ ਕੀਤੇ, ਇਹ ਮਜਬੂਰੀ ਵੀ ਸੀ, ਜਿਨ੍ਹਾਂ 'ਚੋਂ ਪ੍ਰਮੁੱਖ ਖੇਤਰ ਹਥਿਆਰਾਂ ਦੀ ਸਪਲਾਈ ਦਾ ਸੀ, ਜਿਸ ਦੀ ਪੂਰਤੀ ਰੂਸ ਹੀ ਕਰਦਾ ਆ ਰਿਹਾ ਸੀ। ਹਾਲਾਂਕਿ ਇਸ ਦੌੜ ਵਿੱਚ ਹੋਰ ਦੇਸ਼ਾਂ ਨਾਲ ਹਥਿਆਰ ਖ਼ਰੀਦਣ ਦੇ ਸਮਝੌਤੇ ਵੀ ਹੋਏ ਅਤੇ ਭ੍ਰਿਸ਼ਟਾਚਾਰ (ਦਲਾਲੀ) ਦੇ ਕਾਂਡ ਵੀ ਸਾਹਮਣੇ ਆਏ। ਦੂਸਰਾ ਰੂਸ ਦੇ ਤੇਲ 'ਤੇ ਭਾਰਤ ਦੀ ਨਿਰਭਰਤਾ ਅਜੇ ਵੀ ਬਣੀ ਹੋਈ ਸੀ।

ਹਾਲਾਂਕਿ ਜਿਵੇਂ ਚੀਨ ਵਿਸ਼ਵ ਪੱਧਰ 'ਤੇ ਉੱਭਰ ਕੇ ਆ ਰਿਹਾ ਸੀ, ਇਸ ਤੋਂ ਖੌਫਜ਼ਦਾ ਭਾਰਤੀ ਹਾਕਮਾਂ ਨੂੰ ਅਮਰੀਕਾ ਦੇ ਨੇੜੇ ਲੱਗਣਾ ਬਿਹਤਰ ਲੱਗ ਰਿਹਾ ਸੀ। ਚੀਨ ਦੇ ਸਾਮਰਾਜੀ ਤਾਕਤ ਬਣਨ ਪਿੱਛੋਂ ਭਾਰਤੀ ਹਾਕਮਾਂ ਸਾਹਮਣੇ ਦੋ ਬਦਲ ਸਨ, ਪਹਿਲਾ ਇਹ ਕਿ ਇਸ ਨਵੇਂ ਗੁਆਂਢੀ ਸਾਮਰਾਜੀ ਤਾਕਤ ਨਾਲ ਸੁਲਹ ਸਮਝੌਤੇ ਦੀ ਨੀਤੀ ਨੂੰ ਅਪਣਾ ਕੇ ਆਪਣੇ ਹਿੱਤਾਂ ਨੂੰ ਸੁਰੱਖਿਅਤ ਕਰਨਾ, ਦੂਸਰਾ ਉਹ ਉਹਨੂੰ ਘੇਰਨ ਤੇ ਸੀਮਤ ਕਰਨ ਦੀ ਅਮਰੀਕੀ ਨੀਤੀ ਦੀ ਪਾਲਣਾ ਕਰਨ ਤੇ ਲਾਗੂ ਕਰਨ ਦੇ ਰਾਹ 'ਤੇ ਚਲਣਾ।

ਸੋ ਇਨ੍ਹਾਂ ਸਾਲਾਂ ਵਿੱਚ ਭਾਰਤੀ ਹਾਕਮਾਂ ਨੇ ਦੂਸਰਾ ਰਾਹ ਚੁਣਿਆ ਅਤੇ ਅਮਰੀਕੀ ਸਾਮਰਾਜ ਦਾ ਹੱਥ-ਠੋਕਾ ਬਣ ਗਏ। ਵੈਸੇ ਵੀ 1962 ਤੋਂ ਪਿੱਛੋਂ ਚੀਨ ਨਾਲ ਜਿਹੜੇ ਅਸੁਖਾਵੇਂ ਰਿਸ਼ਤੇ ਬਣੇ ਹੋਏ ਸਨ, ਉਹ ਵੀ ਇਸ ਵਿੱਚ ਇਕ ਕਾਰਕ ਸਨ।

ਇਸ ਨੂੰ ਚੁਣਨ ਅਤੇ ਚੀਨ ਨੂੰ ਘੇਰਨ ਦਾ ਰਾਹ ਅਪਣਾਉਣ ਪਿੱਛੇ ਭਾਰਤੀ ਹਾਕਮਾਂ ਦੀ ਵਿਸਥਾਰਵਾਦੀ ਨੀਤੀ ਦੀ ਅਹਿਮ ਭੂਮਿਕਾ ਸੀ, ਕਿਉਂਕਿ ਆਜ਼ਾਦੀ ਤੋਂ ਪਿੱਛੋਂ ਭਾਰਤੀ ਰਾਜ ਤੇ ਪੂੰਜੀਪਤੀ ਜਮਾਤ ਦੀ ਵਿਸਥਾਰਵਾਦੀ ਮਾਨਸਿਕਤਾ ਨੇ ਸਾਰੇ ਗਵਾਂਢੀ ਦੇਸ਼ਾਂ ਨਾਲ ਅਸੁਖਾਵੇਂ ਸੰਬੰਧ ਬਣਾਏ, ਜੋ ਲਗਾਤਾਰ ਚੱਲ ਰਹੇ ਹਨ। ਦਰਅਸਲ ਇਹ ਦੱਖਣੀ ਏਸ਼ੀਆ ਨੂੰ ਆਪਣਾ ਪ੍ਰਭਾਵ ਖੇਤਰ ਹੀ ਮੰਨ ਕੇ ਚਲਦਾ ਹੈ ਅਤੇ ਸਮੁੱਚੇ ਹਿੰਦ ਮਹਾਂਸਾਗਰ ਨੂੰ ਆਪਣੇ ਪ੍ਰਭਾਵ ਖੇਤਰ ਦਾ ਵਿਸਥਾਰ ਮੰਨ ਕੇ ਚਲਦਾ ਹੈ। ਇਹ ਨੀਤੀ ਉਸੇ ਬ੍ਰਿਟਿਸ਼ ਸਾਮਰਾਜਵਾਦੀਆਂ ਦੀ ਹੈ, ਜਿਹਨੂੰ ਉਹ ਆਪਣੀ ਮਾਲਕ ਪੁਰਖੀ ਵਿਰਾਸਤ ਮੰਨਦਾ ਆ ਰਿਹਾ ਹੈ।

ਹਾਲਾਂਕਿ ਜਦੋਂ ਚੀਨ ਸਮਾਜਵਾਦੀ ਹੁੰਦਾ ਸੀ, ਨੇ ਪੰਚਸ਼ੀਲ ਦੇ ਸਿਧਾਂਤਾਂ ਮੁਤਾਬਕ ਭਾਰਤ ਨਾਲ ਸੀਮਾ ਵਿਵਾਦ ਸੁਲਝਾਉਣ ਅਤੇ ਗਵਾਂਢੀ ਨਾਲ ਦੋਸਤਾਨਾ ਸੰਬੰਧ ਬਣਾਉਣ ਲਈ ਹੱਥ ਵਧਾਏ ਸਨ, ਪਰ ਭਾਰਤੀ ਪੂੰਜੀਪਤੀ ਜਮਾਤ ਨੇ ਇਹਨੂੰ ਪ੍ਰਵਾਨ ਨਹੀਂ ਸੀ ਕੀਤਾ। ਭਾਰਤ ਦੇ ਵਿਸਥਾਰਵਾਦੀ ਚੌਧਰਵਾਦੀ ਮਨਸੂਬਿਆਂ ਤੇ ਸੋਚ ਨੇ ਹੀ ਚੀਨ ਨਾਲ ਰਿਸ਼ਤਿਆਂ ਨੂੰ ਤਣਾਅਪੂਰਨ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ, ਜਿਸ ਦਾ ਸਿੱਟਾ 1962 ਦੀ ਜੰਗ ਤੱਕ ਪਹੁੰਚਣਾ ਸੀ। ਬੇਸ਼ੱਕ ਇਸ ਜੰਗ ਪਿੱਛੋਂ ਆਪਣੀ ਅਸਮਰੱਥਾ ਦਾ ਪਤਾ ਤਾਂ ਲੱਗਾ, ਪਰ ਫੇਰ ਵੀ ਭਾਰਤੀ ਹਾਕਮਾਂ ਨੇ ਇਨ੍ਹਾਂ ਤਣਾਵਾਂ ਨੂੰ ਘੱਟ ਕਰਨ ਦੀ ਥਾਂ ਵਧਾਉਣ ਦੀ ਨੀਤੀ ਹੀ ਅਪਣਾਈ। ਕੋਈ ਸਬਕ ਨਹੀਂ ਸਿੱਖਿਆ।

ਨਵੀਂ ਸਦੀ ਵਿੱਚ ਜਦੋਂ ਚੀਨ ਇੱਕ ਸਾਮਰਾਜਵਾਦੀ ਤਾਕਤ ਦੇ ਰੂਪ ਵਿੱਚ ਉੱਭਰ ਆਇਆ ਅਤੇ ਵਿਸ਼ਵ ਮੰਡੀ ਵਿੱਚ ਆਪਣੀ ਥਾਂ ਬਣਾ ਲਈ ਤਾਂ ਭਾਰਤੀ ਹਾਕਮਾਂ ਲਈ ਇੱਕ ਨਵੀਂ ਚੁਣੌਤੀ ਸਾਹਮਣੇ ਆ ਗਈ। ਇਨ੍ਹਾਂ ਦੇ ਵਿਸਥਾਰਵਾਦੀ ਮਨਸੂਬਿਆਂ 'ਤੇ ਸੁਆਲੀਆ ਚਿੰਨ੍ਹ ਲੱਗ ਗਿਆ। ਇਧਰ ਨਵੇਂ ਪੂੰਜੀਵਾਦੀ ਚੀਨ ਨੇ ਦੱਖਣੀ ਏਸ਼ੀਆ ਵਿੱਚ ਆਪਣਾ ਦਖ਼ਲ ਅਤੇ ਪ੍ਰਭਾਵ ਵਧਾਇਆ ਅਤੇ ਇੱਕ-ਇੱਕ ਕਰਕੇ ਹਰ ਦੇਸ਼ ਨੂੰ ਆਪਣੀ ਬੁੱਕਲ ਵਿੱਚ ਲੈਂਦਾ ਗਿਆ। ਇਸ ਵਿੱਚ ਉਨ੍ਹਾਂ ਦੀ ਆਰਥਿਕ ਹੈਸੀਅਤ ਨੇ ਵੀ ਇਹ ਰਾਹ ਆਸਾਨ ਕਰ ਦਿੱਤੀ। ਭਾਰਤ ਦੇ ਲੱਗਭੱਗ ਸਾਰੇ ਹੀ ਗਵਾਂਢੀ ਦੇਸ਼ 'ਬੈਲਟ ਐਂਡ ਰੋਡ, ਯੋਜਨਾ ਵਿੱਚ ਚੀਨ ਦੇ ਸਹਿਯੋਗੀ ਹਨ। ਇਨ੍ਹਾਂ ਸਾਰੇ ਹੀ ਦੇਸ਼ਾਂ 'ਚ ਪ੍ਰਭਾਵ ਦੇ ਮਾਮਲੇ ਵਿੱਚ ਭਾਰਤ ਦੂਸਰੇ ਨੰਬਰ 'ਤੇ ਚਲਾ ਗਿਆ ਹੈ। ਭਾਵ ਭਾਰਤ ਦੀ ਉਹ ਸਰਦਾਰੀ ਨਹੀਂ ਰਹੀ, ਜਿਹੜੀ ਕਦੇ ਹੁੰਦੀ ਸੀ।

ਇਹਦਾ ਕਾਰਨ ਹੈ ਕਿ ਭਾਰਤ ਦੀ ਆਪਣੀ ਆਰਥਿਕ ਅਤੇ ਤਕਨੀਕੀ ਤਾਕਤ ਐਨੀ ਨਹੀਂ ਹੈ ਕਿ ਉਹ ਆਪਣੇ ਪ੍ਰਭਾਵ ਖੇਤਰ ਵਿੱਚ ਚੀਨੀ ਸਾਮਰਾਜੀਆਂ ਦੀ ਵਧਦੀ ਇਸ ਦਖ਼ਲ-ਅੰਦਾਜ਼ੀ ਨੂੰ ਰੋਕ ਸਕੇ। ਇਸੇ ਡਰ ਅਤੇ ਤੌਖਲੇ ਵਿੱਚ ਉਹ ਅਮਰੀਕੀ ਸਾਮਰਾਜ ਦੇ ਹੋਰ ਨੇੜੇ ਹੁੰਦਾ ਗਿਆ ਅਤੇ ਚੀਨ ਨੂੰ ਘੇਰਨ ਅਤੇ ਸਮੇਟਣ ਦੀ ਅਮਰੀਕੀ ਨੀਤੀ ਦਾ ਹਿਸਾ ਬਣਦਾ ਗਿਆ। ਕਵਾਡ ਜਿਸ 'ਚ (ਆਸਟਰੇਲੀਆ, ਜਾਪਾਨ, ਅਮਰੀਕਾ ਤੇ ਭਾਰਤ ਸ਼ਾਮਲ ਹਨ) ਦੇ ਮੈਂਬਰ ਬਣਨ ਵਿੱਚ ਇਹੋ ਕਾਰਕ ਕੰਮ ਕਰਦਾ ਹੈ।

ਭਾਰਤੀ ਹਾਕਮਾਂ ਲਈ ਅਜਿਹਾ ਮੋਹਰਾ ਬਣਨਾ ਸੁਭਾਵਕ ਤੇ ਸਵੀਕਾਰਤ ਇਸ ਲਈ ਸੀ, ਕਿਉਂਕਿ ਉਹ ਪਿਛਲੇ ਤਿੰਨ ਦਹਾਕਿਆਂ ਤੋਂ ਉਨ੍ਹਾਂ ਨੇ ਅਮਰੀਕੀ ਸਾਮਰਾਜ ਦੇ ਮੱਕੜਜਾਲ ਨੂੰ ਖੁਦ ਆਪਣੇ ਗਲ ਪਾਇਆ ਹੈ ਤੇ ਉਨ੍ਹਾਂ ਦਾ ਇੱਕ ਹਿੱਸਾ ਬਣ ਕੇ ਚੱਲ ਰਹੇ ਹਨ। ਭਾਰਤੀ ਅਰਥ ਵਿਵਸਥਾ ਬਹੁਤ ਗਹਿਰੇ ਰੂਪ ਵਿੱਚ ਪੱਛਮੀ ਸਾਮਰਾਜੀ ਪੂੰਜੀ ਨਾਲ, ਵਿਸ਼ੇਸ਼ ਕਰਕੇ ਅਮਰੀਕੀ ਸਾਮਰਾਜੀ ਪੂੰਜੀ ਨਾਲ ਜੁੜੀ ਹੋਈ ਹੈ। ਵਿਅਕਤੀਗਤ ਤੌਰ 'ਤੇ ਭਾਰਤੀ ਪੂੰਜੀਪਤੀ ਜਮਾਤ ਨੇ ਸਿਰਫ਼ ਵਿਚਾਰਕ ਸਗੋਂ ਭੌਤਿਕ ਤੌਰ 'ਤੇ ਵੀ ਪੱਛਮ ਨਾਲ ਜੜਿਆ ਹੋਇਆ ਹੈ। ਪਤਾ ਨਹੀਂ ਕਿੰਨੀ ਵੱਡੀ ਗਿਣਤੀ ਵਿੱਚ ਦੋਹਰੀ ਨਾਗਰਿਕਤਾ ਅਪਣਾਈ ਹੋਈ ਹੈ ਅਤੇ ਭਾਰਤੀ ਹਾਕਮਾਂ ਨੇ ਤਾਂ ਅਰਥ ਵਿਵਸਥਾ ਹੀ ਨਹੀਂ, ਪੂਰੇ ਰਾਜਕੀ ਪ੍ਰਬੰਧਕੀ ਢਾਂਚੇ ਨੂੰ ਪੱਛਮੀ ਸ਼ਿਕਾਗੋ ਦੇ ਨਵ-ਅਰਥਵਾਦੀ ਵਿਚਾਰਵਾਨਾਂ ਦੇ ਅਨੁਰੂਪ ਢਾਲਣ ਦਾ ਸਿਲਸਲਾ ਅਪਣਾ ਰੱਖਿਆ ਹੈ, ਜਿਸ ਮੁਤਾਬਕ ਰਾਜ ਦੀ ਤਾਨਾਸ਼ਾਹ ਤੇ ਕੇਂਦਰੀਕ੍ਰਿਤ ਭੂਮਿਕਾ ਹੀ ਵੱਡੀ ਪੂੰਜੀ ਦੇ ਵਿਸਥਾਰ ਲਈ ਸਹਾਈ ਹੋ ਸਕਦੀ ਹੈ।

ਅਜਿਹੀ ਹਾਲਤ ਵਿੱਚ ਅਮਰੀਕੀ ਸਾਮਰਾਜੀਆਂ ਨਾਲ ਭਾਰਤੀ ਹਾਕਮਾਂ ਦੀ 'ਰਣਨੀਤਕ ਸਾਂਝ-ਭਿਆਲੀ' ਬਿਲਕੁੱਲ ਅਲੱਗ ਸਵਰੂਪ ਸੋਵੀਅਤ ਸਾਮਰਾਜਵਾਦੀਆ ਦੇ ਨਾਲ 'ਰਣਨੀਤਕ ਸਾਂਝ-ਭਿਆਲੀ' ਨਾਲੋਂ ਅਲੱਗ ਹੈ। ਉਸ ਸਮੇਂ ਭਾਰਤੀ ਮੱਧ ਵਰਗ ਅਤੇ ਚਿੱਟ-ਕੱਪੜੀਆ ਅਮੀਰ ਵਰਗ ਪੱਛਮ ਦੇ ਵੱਲ ਮੂੰਹ ਕਰਕੇ ਖਲੋਂਦੇ ਸਨ। ਉਦੋਂ ਉਨ੍ਹਾਂ ਦੀ ਵਿਅਕਤੀਗਤ ਮਨਪਸੰਦ ਸੋਵੀਅਤ ਰੂਸ ਨਹੀਂ ਹੁੰਦਾ ਸੀ।

ਉਨ੍ਹਾਂ ਦਾ ਆਦਰਸ਼ ਅਮਰੀਕਾ ਹੀ ਹੁੰਦਾ ਸੀ। ਹੁਣ ਵੀ 'ਰਣਨੀਤਕ ਸਾਂਝ-ਭਿਆਲੀ' ਅਤੇ ਵਿਅਕਤੀਗਤ ਆਦਰਸ਼ ਦੋਹਵੇਂ ਹੀ ਇਕ ਹੀ ਪਾਸੇ ਹਨ ਅਮਰੀਕੀ ਪੂੰਜੀ ਵਾਲਾ ਸਮਾਜ। ਭਾਰਤੀ ਪੂੰਜੀਪਤੀਆਂ ਤੇ ਅਰਬਪਤੀਆਂ, ਖਰਬਪਤੀਆਂ, ਲਈ ਸੁਰੱਖਿਅਤ ਦੇਸ਼ ਪੱਛਮੀ ਸਾਮਰਾਜੀ ਮੁਲਕ ਤੇ ਅਮਰੀਕਾ ਹੀ ਹੈ ਤੇ ਛੋਟੇ ਮੱਧ ਵਰਗ ਲਈ ਵੀ, ਕਿਉਂਕਿ ਰੋਜ਼ਗਾਰ ਦੇ ਮੌਕੇ ਸਨ। ਭਾਰਤ-ਚੀਨ ਦਰਮਿਆਨ ਵਧੇ ਸੁਲਾਹ-ਸਮਝੌਤੇ ਮਹਿਜ਼ ਫੌਰੀ ਦਾਅਪੇਚਕ ਕਿਸਮ ਦੇ ਹੀ ਹਨ।

(☛ ਬਾਕੀ ਸਫ਼ਾ 9 'ਤੇ)

# ਹਿੰਦੂਤਵੀ ਹੁਕਮਰਾਨਾਂ, ਏਜੰਸੀਆਂ ਤੇ ਕੱਟੜਪੰਥੀਆਂ ਦਾ ਹੱਲਾ-(2)

(ਪਿਛਲੇ ਅੰਕ ਨਾਲ ਜੋੜੋ)



ਮੰਗਤ ਰਾਮ ਪਾਸਲਾ

ਸਿੱਖਾਂ ਦੇ ਪਹਿਲੇ ਗੁਰੂ ਸ੍ਰੀ ਨਾਨਕ ਦੇਵ ਜੀ ਵੱਲੋਂ ਕੀਤੀ ਗਈ ਮਾਨਵੀ ਸਰੋਕਾਰਾਂ ਨਾਲ ਲਬਰੇਜ਼ ਬਾਣੀ ਦੀ ਰਚਨਾ ਤੋਂ ਪ੍ਰਭਾਵਤ ਹੋ ਕੇ ਇਸ ਖਿੱਤੇ ਦੇ ਪੀੜਤ ਲੋਕ ਸਿੱਖ ਧਰਮ ਦੀ ਬੁੱਕਲ 'ਚ ਆਏ ਸਨ। ਗੁਰੂ ਨਾਨਕ ਦੇਵ ਜੀ, ਕਿਸੇ ਕਿਸਮ ਦੇ ਭੈ, ਹਿੰਸਾ ਤੇ ਜ਼ੋਰ-ਜ਼ਬਰਦਸਤੀ ਤੋਂ ਬਿਨਾਂ ਨਿਰੋਲ ਆਪਣੇ ਵੱਲੋਂ ਰਚੀ ਸਰਬਤ ਦੇ ਭਲੇ ਦਾ ਹੋਕਾ ਦਿੰਦੀ ਬਾਣੀ ਦੇ ਸਿਰ 'ਤੇ ਭਾਰਤੀ ਸਮਾਜ ਅੰਦਰਲੇ ਵੱਖੋ-ਵੱਖ ਧਰਮਾਂ, ਜਾਤੀਆਂ, ਫਿਰਕਿਆਂ ਤੇ ਵਿਚਾਰਾਂ ਦੇ ਲੋਕਾਂ ਦੇ ਸਾਂਝੇ ਰਹਿਬਰ ਬਣ ਕੇ ਉਭਰੇ ਸਨ। ਉਸ ਤੋਂ ਪਿੱਛੋਂ ਦਸਵੇਂ ਗੁਰੂ ਗੋਬਿੰਦ ਸਿੰਘ ਜੀ ਦੇ ਕਾਲ ਤੱਕ ਸਿੱਖ ਧਰਮ ਬਹੁਤ ਸਾਰੇ ਇਮਤਿਹਾਨਾਂ 'ਚੋਂ ਗੁਜ਼ਰਿਆ। ਜ਼ਾਲਮ ਸਥਾਪਤੀ ਦਾ ਟਾਕਰਾ ਕਰਨ ਲਈ ਲੋਕਰਾਜੀ ਢੰਗ ਨਾਲ ਇਕਜੁੱਟ ਹੋ ਕੇ ਸੰਘਰਸ਼ ਕਰਨ ਤੇ ਲੋੜ ਪੈਣ 'ਤੇ ਹਥਿਆਰਬੰਦ ਹੋ ਕੇ ਜ਼ੁਲਮੀ ਸੱਤਾ ਦਾ ਮੁਕਾਬਲਾ ਕਰਨ ਦਾ ਸੰਕਲਪ, ਜਿਸ ਅੰਦਰ ਸਿੱਖਾਂ ਨੇ ਅਨੋਖੀ ਬਹਾਦਰੀ ਤੇ ਕੁਰਬਾਨੀ ਦਾ ਮੁਜ਼ਾਹਰਾ ਕੀਤਾ, ਵੀ ਸਾਹਮਣੇ ਆਇਆ। ਗੁਰੂ ਨਾਨਕ ਦੇਵ ਜੀ ਦੀ ਬਾਣੀ ਅੰਦਰ ਜ਼ਾਲਮ ਰਾਜਿਆਂ ਤੇ ਮੁਕੱਦਮਾਂ ਨੂੰ ਸ਼ੀਂਹ-ਕੁੱਤੇ ਕਹਿਣ, ਜਾਤਪਾਤ ਦਾ ਖੰਡਨ ਕਰਨ ਅਤੇ ਧਰਮ ਦੇ ਬੁਰਕੇ ਹੇਠ ਲੁਕੇ ਝੂਠੇ, ਮੱਕਾਰ ਤੇ ਭੇਖਾਧਾਰੀ ਲੋਕਾਂ ਨੂੰ ਕਟਹਿਰੇ 'ਚ ਖੜ੍ਹੇ ਕਰਕੇ ਨੰਗਿਆ ਕਰਦੇ ਹੋਏ ਸਰਬੱਤ ਦਾ ਭਲਾ ਮੰਗਿਆ ਗਿਆ ਹੈ। ਦਸਵੇਂ ਗੁਰੂ ਗੋਬਿੰਦ ਸਿੰਘ ਜੀ ਨੇ ਜਿੱਥੇ ਲੋੜ ਅਨੁਸਾਰ ਹਥਿਆਰਬੰਦ ਹੋ ਕੇ ਜ਼ਾਲਮ ਦਾ ਟਾਕਰਾ ਕਰਨ ਲਈ 'ਖਾਲਸਾ' ਪੰਥ ਦੀ ਸਾਜਨਾ ਕਰਕੇ ਨਵੀਂ ਦਿਸ਼ਾ ਦਿਖਾਈ, ਉਥੇ ਆਪਣੇ ਆਪ ਨੂੰ ਗਰੀਬਾਂ ਦਾ ਸੇਵਾਦਾਰ ਵੀ ਆਖਿਆ। ਕਮਾਲ ਤਾਂ ਇਹ ਹੈ ਕਿ ਦਸਵੇਂ ਪਾਤਸ਼ਾਹ ਨੇ ਅੰਨ੍ਹੀ ਆਸਥਾ ਦੇ ਨਾਂਅ 'ਤੇ ਆਪਣੇ ਅਨੁਆਈਆਂ ਵਾਸਤੇ 'ਉਨ੍ਹਾ' (ਗੁਰੂ ਗੋਬਿੰਦ ਸਿੰਘ ਜੀ) ਨੂੰ ਪ੍ਰਮਾਤਮਾ ਕਹਿਣ ਤੋਂ ਸਖਤੀ ਨਾਲ ਮਨ੍ਹਾ ਕੀਤਾ। ਨੌਂਵੇਂ ਗੁਰੂ ਤੇਗ ਬਹਾਦਰ ਜੀ ਵੱਲੋਂ ਦਿੱਲੀ ਦੇ ਚਾਂਦਨੀ ਚੌਂਕ 'ਚ ਦਿੱਤੀ ਸ਼ਹਾਦਤ ਦਾ ਮੂਲ ਭਾਵ ਜ਼ੋਰ-ਜ਼ਬਰਦਸਤੀ ਕਰਵਾਈ ਜਾਂਦੀ ਕਿਸੇ ਵੀ ਕਿਸਮ ਦੀ ਧਰਮ ਤਬਦੀਲੀ ਦਾ ਵਿਰੋਧ ਕਰਨਾ ਸੀ। ਸਤਿਗੁਰੂ ਰਵਿਦਾਸ ਜੀ, ਭਗਤ ਕਬੀਰ ਜੀ ਤੇ ਬਾਬਾ ਫਰੀਦ ਜੀ ਦੀ ਬਾਣੀ ਨੇ ਮਨੁੱਖੀ ਲੋੜਾਂ ਦੀ ਪੂਰਤੀ ਕਰਨ ਵਾਲਾ ਸਮਾਜ ਸਿਰਜਣ, ਜਾਤੀ ਹੰਕਾਰ ਦਾ ਖੰਡਨ ਕਰਨ ਤੇ ਆਪਣੇ ਆਪ ਨੂੰ ਸਵੈ-ਅਲੋਚਨਾ ਰਾਹੀਂ ਦਰੁਸਤ ਕਰਨ ਦਾ ਪੈਗ਼ਾਮ ਦਿੱਤਾ ਸੀ। ਕੀ ਅਸੀਂ ਉਪਰੋਕਤ ਅਮੁੱਲੇ ਵਿਚਾਰਾਂ ਦੇ ਵਿਪਰੀਤ ਕੰਮ ਕਰਕੇ ਗੁਰਬਾਣੀ ਪ੍ਰਤੀ ਕੋਈ ਨਿਰਾਦਰ ਤਾਂ ਨਹੀਂ ਦਿਖਾ ਰਹੇ? ਗੁਰਬਾਣੀ ਤੇ ਭਗਤੀ ਲਹਿਰ ਦੇ ਮਹਾਂਪੁਰਸ਼ਾਂ ਦੇ ਕਥਨਾਂ ਦੀ ਉੱਤਮਤਾ ਨੂੰ ਸਮਝਣ ਲਈ ਗਾਲੀ-ਗਲੋਚ ਭਰੀ ਅਭੱਦਰ ਭਾਸ਼ਾ ਵਰਤਣ ਤੇ ਗੁੱਸੇ ਹੋਣ ਦੀ ਨਹੀਂ, ਬਲਕਿ ਨਿਮਰਤਾ ਨਾਲ ਗੰਭੀਰ ਆਤਮ ਮੰਥਨ ਕੀਤੇ ਜਾਣ ਦੀ ਲੋੜ ਹੈ।

ਸਾਲ 1978 ਤੋਂ ਸ਼ੁਰੂ ਕਰ ਕੇ ਪਿਛਲੀ ਸਦੀ ਦੇ ਅੰਤਲੇ ਸਾਲਾਂ ਤੱਕ ਕੁਝ ਨਾਮਨਿਹਾਦ 'ਗਰਮ ਖਿਆਲੀਆਂ' ਵੱਲੋਂ ਬਿਨਾਂ ਤਾਕਤਾਂ ਦਾ ਤੋਲ ਦੇਖਿਆਂ ਅਤੇ ਆਪਣੀ ਤੇ ਦੁਸ਼ਮਣ ਦੀ ਤਾਕਤ ਨੂੰ ਵਧਾ-ਘਟਾ ਕੇ ਅੰਗਦਿਆਂ ਬੇਗੁਨਾਹ ਲੋਕਾਂ, ਜੋ ਕਿਸੇ ਵੀ ਐਂਗਲ ਤੋਂ ਸਿੱਖਾਂ ਦੇ ਦੁਸ਼ਮਣ ਨਹੀਂ ਸਨ, ਦੇ ਕਤਲ ਕੀਤੇ ਗਏ। ਨਾਲ ਹੀ ਸਰਕਾਰੀ ਮਸ਼ੀਨਰੀ ਨੇ ਵੀ 'ਅੱਤਵਾਦ-ਵੱਖਵਾਦ' ਨੂੰ ਕੁਚਲਣ ਦੇ ਨਾਂਅ 'ਤੇ ਪੂਰੀ ਬੇਤਰਸੀ ਨਾਲ ਬੇਗੁਨਾਹ ਸਿੱਖਾਂ ਨੂੰ ਮੌਤ ਦੇ ਘਾਟ ਉਤਾਰਿਆ। ਬਿਨਾਂ ਸ਼ੱਕ ਪੰਜਾਬ ਅੰਦਰ 26000 ਤੋਂ ਜ਼ਿਆਦਾ ਬੇਗੁਨਾਹ ਲੋਕਾਂ ਦੀਆਂ ਹੱਤਿਆਵਾਂ ਪਿੱਛੇ ਸਰਕਾਰੀ ਏਜੰਸੀਆਂ ਤੇ ਸਰਕਾਰ ਵੱਲੋਂ ਸ਼ਿਸ਼ਕਾਰੇ ਤੱਤਾਂ ਦਾ ਹੱਥ ਸੀ, ਪ੍ਰੰਤੂ ਜਿਨ੍ਹਾਂ ਹਥਿਆਰਬੰਦ ਅੱਤਵਾਦੀਆਂ ਨੇ ਖੁਦ ਆਪ ਬੇਗੁਨਾਹ ਲੋਕਾਂ ਨੂੰ 'ਗੱਡੀ ਚਾੜ੍ਹਨ' ਦੇ ਵੱਡੇ-ਵੱਡੇ ਦਾਅਵੇ ਕੀਤੇ ਸਨ ਤੇ ਖੁਸ਼ੀਆਂ ਮਨਾਈਆਂ ਸਨ, ਉਨ੍ਹਾਂ ਨੂੰ ਨਿਰਦੋਸ਼ ਕਿਵੇਂ ਕਿਹਾ ਜਾਵੇ ਜਾਂ ਸਰਕਾਰੀ ਤੱਤਾਂ ਦੇ ਖਾਤੇ 'ਚ ਪਾ ਕੇ ਬਰੀ ਕਿਵੇਂ ਕਰ ਦਿੱਤਾ ਜਾਵੇ?

ਕਈ ਵਾਰ ਜੋਸ਼ੋ-ਜਨੂੰਨ 'ਚ ਬਿਨਾਂ ਕੋਈ ਗੰਭੀਰ ਸੋਚ-ਵਿਚਾਰ, ਜੋ ਗੁਰਬਾਣੀ ਦਾ ਮੂਲ ਤੱਤ ਹੈ, ਕੀਤਿਆਂ ਕਿਸੇ ਵਿਅਕਤੀ ਵਿਸ਼ੇਸ਼ ਤੋਂ ਪ੍ਰਭਾਵਤ ਹੋ ਕੇ ਇਕ ਪਾਸੜ ਭੱਜ ਪੈਣਾ ਪੰਜਾਬੀਆਂ ਦਾ ਸੁਭਾਅ ਹੈ। ਜੇਕਰ ਕਿਸੇ ਨੇ ਕਹਿ ਦਿੱਤਾ, 'ਸਿੱਖ ਗੁਲਾਮ ਹਨ ਜਾਂ ਸਿੱਖਾਂ ਦਾ ਆਪਣਾ ਆਜ਼ਾਦ ਦੇਸ਼ ਭਾਵ ਖਾਲਿਸਤਾਨ ਚਾਹੀਦਾ ਹੈ' ਤਾਂ ਸਿੱਖ ਸਮਾਜ ਦਾ ਇਕ ਹਿੱਸਾ, ਖਾਸਕਰ ਨੌਜਵਾਨ ਉਸ ਨਾਅਰੇ ਤੋਂ ਪ੍ਰੇਰਤ ਹੋ ਕੇ ਮਰਨ-ਮਾਰਨ ਲਈ ਸੰਘਰਸ਼ 'ਚ ਕੁੱਦ ਪੈਂਦੇ ਹਨ। ਭਾਵੇਂ ਇਹ ਵਰਤਾਰਾ ਮੰਤਕੀ ਤੌਰ 'ਤੇ ਸਿੱਖਾਂ ਦੇ ਖਿਲਾਫ਼ ਤੇ ਹਾਕਮਾਂ ਦੇ ਰਾਜ ਦੀ ਉਮਰ ਲੰਮੀ ਕਰਨ ਵਾਲਾ ਸਿੱਧ ਹੋਇਆ ਹੈ।

ਅੱਜ ਸਾਰੇ ਦੇਸ਼ ਅੰਦਰ ਜੇਕਰ ਸੱਚਮੁੱਚ ਹੀ ਕਿਸੇ ਨਾਲ ਧੱਕਾ ਹੋ ਰਿਹਾ ਹੈ ਤਾਂ ਉਹ ਸਮੁੱਚੇ ਮਿਹਨਤਕਸ਼ ਲੋਕਾਂ ਭਾਵ 'ਭਾਈ ਲਾਲੋਆਂ' ਨਾਲ ਕਾਰਪੋਰੇਟ ਘਰਾਣਿਆਂ ਤੇ ਉਨ੍ਹਾਂ ਦੇ ਹਿੱਤਾਂ ਦੀ ਰਾਖੀ ਕਰਦੀ ਮੋਦੀ ਸਰਕਾਰ ਦੇ ਹੱਥੋਂ ਹੋ ਰਿਹਾ ਹੈ। ਧਾਰਮਿਕ ਘੱਟ ਗਿਣਤੀਆਂ ਨਾਲ ਸੰਬੰਧਤ ਲੋਕਾਂ ਨਾਲੋਂ ਕਿਤੇ ਜ਼ਿਆਦਾ ਗਿਣਤੀ 'ਚ ਪੀੜਤ ਤਾਂ ਮਿਹਨਤਕਸ਼ ਹਿੰਦੂ ਖ਼ੁਦ ਹਨ, ਜਿਨ੍ਹਾਂ ਦੇ ਹਿੱਤਾਂ ਦੀ ਰਾਖੀ ਦਾ ਝੂਠਾ ਦਾਅਵਾ ਸੰਘ ਪਰਵਾਰ ਤੇ ਮੋਦੀ ਸਰਕਾਰ ਕਰ ਰਹੇ ਹਨ। ਉਂਝ ਪੀੜਤ ਲੋਕਾਂ 'ਚ ਸਾਰੇ ਹੀ ਧਰਮਾਂ, ਜਾਤੀਆਂ, ਕੌਮੀਅਤਾਂ ਤੇ ਇਲਾਕਿਆਂ ਦੇ ਕਿਰਤੀ ਲੋਕ ਸ਼ਾਮਲ ਹਨ। ਇਸ ਧੱਕੇ ਤੇ ਜ਼ੁਲਮ ਦਾ ਟਾਕਰਾ ਵੀ ਜਮਹੂਰੀ ਤੇ ਅਗਾਂਹਵਧੂ ਪੈਂਤੜੇ 'ਤੇ ਖੜ੍ਹੇ ਹੋ ਕੇ ਸਭ ਨੇ ਇਕਜੁੱਟ ਹੋ ਕੇ ਹੀ ਕਰਨਾ ਹੈ।

ਸਿੱਖ ਗੁਰੂ ਸਾਹਿਬਾਨ ਦੀਆਂ ਮਾਨਵੀ ਸਿੱਖਿਆਵਾਂ ਨੂੰ ਸਿਰਫ ਹਥਿਆਰਬੰਦ ਹੋ ਕੇ ਵੱਖਰੀ ਪਹਿਚਾਣ ਬਣਾਈ ਰੱਖਣ ਤੱਕ ਸੀਮਤ ਕਰ ਦਿੱਤਾ ਗਿਆ ਹੈ। ਕਥਿਤ ਪ੍ਰਵਾਸੀਆਂ ਭਾਵ ਅੰਤਰਰਾਜੀ ਮਜ਼ਦੂਰਾਂ ਵਿਰੁੱਧ ਪਿਛਲੇ ਦਿਨੀਂ ਵਿੱਢੀ ਗਈ 'ਭਈਏ ਭਜਾਓ, ਪੰਜਾਬ ਬਚਾਓ' ਨਾਂਅ ਦੀ ਨਫ਼ਰਤੀ ਮੁਹਿੰਮ ਦੌਰਾਨ ਨਿਹੰਗ ਭੇਖ 'ਚ ਸਜੇ ਕੁਝ ਲੋਕ ਨੰਗੀਆਂ ਤਲਵਾਰਾਂ ਲੈ ਕੇ ਯੂ ਪੀ, ਬਿਹਾਰ ਦੇ ਮਜ਼ਦੂਰਾਂ ਦੀਆਂ ਸਬਜ਼ੀ ਵਾਲੀਆਂ ਰੇਹੜੀਆਂ ਉਲਟਾਉਂਦੇ ਦੇਖੇ ਗਏ। ਕੀ ਇਹ ਵਿਹਾਰ ਸਿੱਖੀ ਸਿਧਾਂਤਾਂ ਦੇ ਅਨੁਕੂਲ ਸੀ? ਗੁਰੂ ਸਾਹਿਬਾਨ ਤੇ ਭਗਤੀ ਲਹਿਰ ਦੇ ਮਹਾਂਪੁਰਸ਼ਾਂ ਵੱਲੋਂ ਰਚੀ ਬਾਣੀ ਤਾਂ ਸਾਰੀ ਮਨੁੱਖਤਾ ਦੇ ਭਲੇ ਲਈ ਜ਼ਾਲਮਾਂ ਵਿਰੁੱਧ ਏਕਤਾ ਬਣਾ ਕੇ ਸ਼ਾਂਤਮਈ ਤੇ ਅਨੁਸ਼ਾਸਨਬੱਧ ਯੁੱਧ ਕਰਨ ਦੀ ਸਿੱਖਿਆ ਦਿੰਦੀ ਹੈ। ਅਜਿਹਾ ਯੁੱਧ, ਜਿਸ ਦਾ ਮੰਤਵ ਜਮਹੂਰੀ ਹੱਕ-ਹਕੂਕ ਤੇ ਮਨੁੱਖੀ ਆਜ਼ਾਦੀਆਂ ਦੀ ਗਰੰਟੀ ਕਰਦਾ ਬਰਾਬਰਤਾ ਦੇ ਅਸੂਲਾਂ 'ਤੇ ਆਧਾਰਿਤ ਸਾਂਝੀਵਾਲਤਾ ਵਾਲਾ ਸਮਾਜ ਸਿਰਜਣਾ ਹੈ। ਹਥਿਆਰਬੰਦ ਘੋਲਾਂ ਬਾਰੇ ਤਾਂ ਕਿਸੇ ਵਿਸ਼ੇਸ਼ ਸਥਿਤੀ 'ਚ ਆਪਣੀ ਤੇ ਦੁਸ਼ਮਣ ਧਿਰ ਦੀ ਯੁੱਧ ਸਮਰੱਥਾ ਤੇ ਵਿਹਾਰਕ ਹਾਲਤਾਂ ਅਨੁਸਾਰ ਹੀ ਸੋਚਿਆ ਜਾ ਸਕਦਾ ਹੈ। ਕਈ ਵਾਰ ਤਾਂ ਕੁਝ ਤੱਤਾਂ ਦੇ ਗੈਰ-ਜ਼ਿੰਮੇਵਾਰ ਬਿਆਨਾਂ ਤੋਂ ਇੰਝ ਜਾਪਦਾ ਹੈ ਜਿਵੇਂ ਕੁੱਝ ਸਿੱਖ ਆਪਣੇ ਧਰਮ ਦੀਆਂ ਦੇਸ਼-ਦੁਨੀਆਂ ਤੱਕ ਫੈਲਣ ਦੀਆਂ ਸੰਭਾਵਨਾਵਾਂ ਨੂੰ ਸਮੇਟਣ ਤੇ ਆਪਣੀ ਸੰਕੀਰਨ ਸੋਚਣੀ ਤੇ ਮੰਦੇ ਬੋਲਾਂ ਰਾਹੀਂ ਇਸ ਨੂੰ ਲਗਾਤਾਰ ਸੰਗੋੜਨ ਦਾ ਯਤਨ ਕਰ ਰਹੇ ਹਨ।

ਅਸੀਂ, ਉਪਰੋਕਤ ਬਿਰਤਾਂਤ ਕਿਸੇ ਮੰਦਭਾਵਨਾ ਜਾਂ ਕਿਸੇ ਵਿਸ਼ੇਸ਼ ਫਿਰਕੇ ਦੀ ਨੀਅਤ 'ਤੇ ਸ਼ੱਕ ਕਰਨ ਦੀ ਇੱਛਾ ਨਾਲ ਨਹੀਂ ਲਿਖਿਆ, ਬਲਕਿ ਇਹ ਤਾਂ ਉਸ ਦਰਦ ਦਾ ਹਿੱਸਾ ਹੈ, ਜਿਹੜਾ ਸਿੱਖ ਗੁਰੂ ਸਾਹਿਬਾਨ ਤੇ ਭਗਤੀ ਲਹਿਰ ਦੇ ਮਹਾਂਪੁਰਸ਼ਾਂ ਦੀਆਂ ਮਾਨਵੀ ਤੇ ਮੁੱਲਵਾਨ ਸਿੱਖਿਆਵਾਂ ਅਤੇ ਬੱਬਰ ਅਕਾਲੀਆਂ, ਗ਼ਦਰੀ ਸੂਰਬੀਰਾਂ ਤੇ ਸ਼ਹੀਦ-ਇ-ਆਜ਼ਮ ਸ੍ਰ. ਭਗਤ ਸਿੰਘ ਤੇ ਉਨ੍ਹਾਂ ਦੇ ਸਾਥੀਆਂ ਦੀਆਂ ਕੁਰਬਾਨੀਆਂ ਉਪਰ ਪੋਚਾ ਫੇਰ ਕੇ ਸੱਜ ਪਿਛਾਖੜ ਸਨਾਤਨੀ ਹਿੰਦੂਤਵੀ ਸ਼ਕਤੀਆਂ ਭਾਵ 'ਸੰਘੀਆਂ ਦੇ ਨਿਸ਼ਾਨੇ' ਭਾਰਤ ਅੰਦਰ ਇਕ ਧਰਮ ਅਧਾਰਤ ਗੈਰ-ਲੋਕਰਾਜੀ ਵਿਵਸਥਾ ਕਾਇਮ ਕਰਨ 'ਚੋਂ ਉਪਜਿਆ ਹੈ। ਮਨੂੰਵਾਦੀ ਵਿਵਸਥਾ ਦੀ ਪੁਨਰ ਸਥਾਪਤੀ ਸਮੁੱਚੇ ਮਿਹਨਤਕਸ਼ਾਂ ਦੇ ਨਾਲ-ਨਾਲ ਸਾਰੀਆਂ ਧਾਰਮਿਕ ਘੱਟ ਗਿਣਤੀਆਂ, ਦਲਿਤਾਂ, ਔਰਤਾਂ ਤੇ ਅਗਾਂਹਵਧੂ ਲੋਕਾਂ ਦੇ ਹਿੱਤਾਂ ਦਾ ਘਾਣ ਕਰਨ ਦਾ ਜ਼ਰੀਆ ਬਣੇਗੀ।

ਅਸੀਂ ਦੇਸ਼ ਤੇ ਪੰਜਾਬ ਦੇ ਸਭਨਾਂ ਲੋਕਾਂ, ਖਾਸ ਕਰਕੇ ਸਿੱਖ ਸੰਗਤ, ਸਿੱਖ ਵਿਦਵਾਨਾਂ, ਸਿੱਖ ਰਾਜਨੀਤੀਵਾਨਾਂ ਤੇ ਸਿੱਖੀ ਦੇ ਮੂਲ ਸਿਧਾਂਤਾਂ ਦੇ ਅਨੁਆਈਆਂ ਨੂੰ ਨਿਮਰਤਾ ਸਹਿਤ ਬੇਨਤੀ ਕਰਦੇ ਹਾਂ ਕਿ ਉਹ ਗੁਰੂ ਸਾਹਿਬਾਨ ਦੀ ਬਾਣੀ ਦੇ ਮੂਲ ਸਿਧਾਂਤਾਂ ਨੂੰ ਸਾਹਮਣੇ ਰੱਖ ਕੇ ਹਾਕਮ ਧਿਰਾਂ ਦੇ ਸਿਰਜੇ ਸਾਰੇ ਛੜਯੰਤਰਾਂ ਤੋਂ ਸਾਵਧਾਨ ਰਹਿਣ। ਸਿੱਖ ਸਫ਼ਾਂ 'ਚ ਘੁਸਪੈਠ ਕਰ ਚੁੱਕੇ ਸ਼ਰਾਰਤੀ ਅਨਸਰਾਂ ਦੀਆਂ ਕਾਰਵਾਈਆਂ ਤੋਂ ਸੁਚੇਤ ਰਹਿ ਕੇ ਪੰਜਾਬ ਤੇ ਦੇਸ਼ ਅੰਦਰ ਐਸੀ ਸਾਂਝੀ ਲਹਿਰ ਖੜ੍ਹੀ ਕਰਨ 'ਚ ਆਪਣਾ ਯੋਗਦਾਨ ਪਾਉਣ, ਜਿਹੜੀ ਭਾਰਤ ਨੂੰ ਮੌਜੂਦਾ ਖਤਰਨਾਕ ਸਥਿਤੀ 'ਚੋਂ ਬਾਹਰ ਕੱਢ ਕੇ ਕਾਰਪੋਰਟ ਘਰਾਣਿਆਂ ਦੀ ਲੁੱਟ-ਖਸੁੱਟ ਤੋਂ ਮੁਕਤੀ ਹਾਸਲ ਕਰਨ ਦੇ ਸਮਰੱਥ ਹੋਵੇ ਅਤੇ ਸਾਂਝੀਵਾਲਤਾ, ਬਰਾਬਰੀ ਤੇ ਮਨੁੱਖੀ ਆਜ਼ਾਦੀ ਦੀ ਪਹਿਰੇਦਾਰੀ ਕਰਨ ਵੱਲ ਸੇਧਤ ਹੋਵੇ। ਹਾਕਮ ਧਿਰ ਵੱਲੋਂ ਲੋਕਾਂ ਦਾ ਧਿਆਨ ਅਸਲ ਮੁੱਦਿਆਂ ਤੋਂ ਲਾਂਭੇ ਕਰਨ ਲਈ ਅਨੇਕਾਂ ਵਾਰ ਬੇਲੋੜੇ, ਹਾਨੀਕਾਰਕ ਤੇ ਵੰਡਵਾਦੀ ਸਵਾਲ ਖੜ੍ਹੇ ਕਰਕੇ ਕਿਰਤੀ ਲੋਕਾਂ ਦੀ ਉੱਸਰ ਰਹੀ ਸਾਂਝੀ ਲਹਿਰ ਤੇ ਜਨਤਕ ਸੰਘਰਸ਼ ਨੂੰ ਲੀਹੋ-ਲਾਹੁਣ ਵਾਲੀਆਂ ਛਾਤਰ ਚਾਲਾਂ ਤੋਂ ਵੀ ਸਾਵਧਾਨ ਰਹਿਣ ਦੀ ਵੱਡੀ ਲੋੜ ਹੈ। ਲੋਕਾਂ ਨੂੰ ਧੋਖਾ ਦੇਣ ਵਾਲੇ 'ਸੰਘ ਪਰਵਾਰ' ਦੇ ਵੱਖੋ-ਵੱਖ ਮੈਂਬਰ ਇਕੋ ਸਮੇਂ ਭਾਂਤ-ਭਾਂਤ ਦੀ ਬਿਆਨਬਾਜ਼ੀ ਕਰਕੇ ਲੋਕਾਂ ਨੂੰ ਗੁੰਮਰਾਹ ਕਰਨ ਦਾ ਯਤਨ ਕਰਦੇ ਹਨ, ਪ੍ਰੰਤੂ ਉਨ੍ਹਾਂ ਸਾਰਿਆਂ ਦਾ ਸਰੋਤ ਸੰਘ ਦੇ ਕੇਂਦਰੀ ਦਫ਼ਤਰ 'ਨਾਗਪੁਰ' ਵੱਲੋਂ ਮਿਥਿਆ ਫਿਰਕੂ-ਫਾਸ਼ੀ ਰਾਜਕੀ ਢਾਂਚਾ ਕਾਇਮ ਕਰਨ ਦਾ ਨਿਸ਼ਾਨਾ ਹੀ ਹੈ।

(ਸਮਾਪਤ)

# ਸੰਪਰਕ : 98141-82998

# ਏਡਿਡ ਸਕੂਲਾਂ ਦੇ ਕਰਮਚਾਰੀ ਸੂਬਾ ਸਰਕਾਰ ਦੀਆਂ ਨੀਤੀਆਂ ਖਿਲਾਫ ਸੜਕਾਂ 'ਤੇ ਉੱਤਰੇ

## ਜੇਕਰ 6 ਨਵੰਬਰ ਤੱਕ ਸਰਕਾਰ ਨੇ ਰੋਕੀਆਂ ਤਨਖਾਹਾਂ ਜਾਰੀ ਨਾ ਕੀਤੀਆਂ ਤਾਂ 7 ਨੂੰ ਹੋਵੇਗਾ ਜੇਲ੍ਹ ਭਰੋ ਅੰਦੋਲਨ

**ਨਾਭਾ (ਵਰਿੰਦਰ ਵਰਮਾ)**

ਪਟਿਆਲਾ ਜ਼ਿਲ੍ਹੇ ਦੇ ਸੈਂਕੜੇ ਸਰਕਾਰੀ ਸਹਾਇਤਾ ਪ੍ਰਾਪਤ ਸਕੂਲਾਂ ਦੇ ਅਧਿਆਪਕਾਂ ਨੇ ਜ਼ਿਲ੍ਹਾ ਪ੍ਰਧਾਨ ਅਸ਼ਵਨੀ ਮਦਾਨ, ਜਨਰਲ ਸਕੱਤਰ ਹਰਵਿੰਦਰ ਪਾਲ ਤੇ ਸੂਬਾ ਆਗੂ ਅਨਿਲ ਕੁਮਾਰ ਭਾਰਤੀ ਦੀ ਅਗਵਾਈ ਵਿੱਚ ਤਰਨ ਤਾਰਨ ਸਾਹਿਬ ਵਿਖੇ ਆਯੋਜਿਤ ਵਿਸ਼ਾਲ ਰੋਸ ਰੈਲੀ ਤੇ ਵਿਸ਼ਾਲ ਰੋਸ ਮਾਰਚ ਵਿੱਚ ਹਿੱਸਾ ਲਿਆ।ਪੰਜਾਬ ਰਾਜ ਸਰਕਾਰ-ਸਹਾਇਤਾ ਪ੍ਰਾਪਤ ਸਕੂਲ ਅਧਿਆਪਕ ਤੇ ਹੋਰ ਕਰਮਚਾਰੀ ਯੂਨੀਅਨ ਪੰਜਾਬ-1967 ਨੇ ਸਰਪ੍ਰਸਤ ਗੁਰਚਰਨ ਸਿੰਘ ਚਾਹਲ, ਸ੍ਰੀ ਐੱਨ. ਐੱਨ. ਸੈਨੀ ਦੀ ਅਗਵਾਈ ਅਤੇ ਸੂਬਾ ਪ੍ਰਧਾਨ ਗੁਰਮੀਤ ਸਿੰਘ ਮਦਨੀਪੁਰ ਤੇ ਸੂਬਾ ਜਨਰਲ ਸਕੱਤਰ ਸ਼ਰਨਜੀਤ ਸਿੰਘ ਕਾਦੀਮਾਜਰਾ ਦੀ ਯੋਗ ਅਗਵਾਈ ਹੇਠ ਤਰਨ ਤਾਰਨ ਦੇ ਗਾਂਧੀ ਪਾਰਕ ਵਿਖੇ ਇੱਕ ਵਿਸ਼ਾਲ ਰੋਸ ਰੈਲੀ ਦਾ ਆਯੋਜਨ ਕੀਤਾ।ਰੈਲੀ ਵਿੱਚ ਸੂਬਾ ਸਰਕਾਰ ਵੱਲੋਂ ਸਾਰੇ ਸਹਾਇਤਾ ਪ੍ਰਾਪਤ ਸਕੂਲਾਂ ਵਿੱਚ ਕੰਮ ਕਰਦੇ ਅਧਿਆਪਕਾਂ ਤੇ ਹੋਰ ਕਰਮਚਾਰੀਆਂ ਨੂੰ ਪਿਛਲੇ ਅੱਠ ਮਹੀਨਿਆਂ ਤੋਂ ਰੋਕੀਆਂ ਗਈਆਂ ਗ੍ਰਾਂਟ-ਇਨ-ਏਡ ਤਨਖਾਹਾਂ ਤੁਰੰਤ ਜਾਰੀ ਕਰਨ ਅਤੇ ਵਿੱਤ ਵਿਭਾਗ ਵੱਲੋਂ ਸਹਾਇਤਾ ਪ੍ਰਾਪਤ ਸਕੂਲ ਪ੍ਰਬੰਧਨ ਕਮੇਟੀਆਂ ਦੇ ਖਾਤਿਆਂ ਦੇ ਬੇਲੋੜੇ




ਆਡਿਟ ਨੂੰ ਵਾਪਸ ਲੈਣ ਦੀ ਮੰਗ ਕੀਤੀ ਗਈ।ਇਸ ਰੈਲੀ ਵਿੱਚ ਪੰਜਾਬ ਭਰ ਦੇ ਸਹਾਇਤਾ ਪ੍ਰਾਪਤ ਸਕੂਲਾਂ ਵਿੱਚ ਕੰਮ ਕਰਦੇ ਹਜ਼ਾਰਾਂ ਅਧਿਆਪਕਾਂ ਤੇ ਹੋਰ ਕਰਮਚਾਰੀਆਂ ਦੇ ਨਾਲ-ਨਾਲ ਹਜ਼ਾਰਾਂ ਸੇਵਾਮੁਕਤ ਕਰਮਚਾਰੀਆਂ ਅਤੇ ਉਨ੍ਹਾਂ ਦੇ ਪਰਵਾਰਾਂ ਨੇ ਹਿੱਸਾ ਲਿਆ।

ਯੂਨੀਅਨ ਦੇ ਸੂਬਾ ਪ੍ਰਧਾਨ ਗੁਰਮੀਤ ਸਿੰਘ ਮਦਨੀਪੁਰ ਤੇ ਜਨਰਲ ਸਕੱਤਰ ਸ਼ਰਨਜੀਤ ਸਿੰਘ ਕਾਦੀਮਾਜਰਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਦੀਆਂ ਸਹਾਇਤਾ ਪ੍ਰਾਪਤ ਸਕੂਲਾਂ ਪ੍ਰਤੀ ਗਲਤ ਨੀਤੀਆਂ ਨੇ ਸੂਬੇ ਵਿੱਚ ਵਿਆਪਕ ਗੁੱਸੇ ਨੂੰ ਭੜਕਾਇਆ ਹੈ।ਲਗਭਗ 8,100 ਖਾਲੀ ਅਸਾਮੀਆਂ ਦੇ ਬਾਵਜੂਦ ਇਨ੍ਹਾਂ ਸਕੂਲਾਂ ਨੂੰ ਸਕੂਲ ਪ੍ਰਬੰਧਨ ਕਮੇਟੀਆਂ ਦੁਆਰਾ ਆਪਸੀ ਦਾਨ ਜਾਂ ਜਨਤਕ ਦਾਨ ਰਾਹੀਂ ਬਹੁਤ ਮੁਸ਼ਕਲ ਨਾਲ ਚਲਾਇਆ ਜਾ ਰਿਹਾ ਹੈ।ਹਾਲਾਂਕਿ, ਖਾਤਿਆਂ ਦੇ ਬੇਲੋੜੇ ਆਡਿਟ ਦੇ ਨਾਮ 'ਤੇ ਵਿੱਤ ਵਿਭਾਗ ਨੇ ਅੱਠ ਮਹੀਨਿਆਂ ਤੋਂ ਇਨ੍ਹਾਂ ਸਕੂਲਾਂ ਵਿੱਚ ਕੰਮ ਕਰਦੇ ਅਧਿਆਪਕਾਂ ਤੇ ਹੋਰ ਕਰਮਚਾਰੀਆਂ ਦੀਆਂ ਤਨਖਾਹਾਂ ਰੋਕੀਆਂ ਹੋਈਆਂ ਹਨ।

ਪੰਜਾਬ ਭਰ ਦੇ ਸਾਰੇ ਸਹਾਇਤਾ ਪ੍ਰਾਪਤ ਸਕੂਲ ਕਰਮਚਾਰੀ ਤੇ ਪੈਨਸ਼ਨਰ ਰਾਜ ਸਰਕਾਰ ਦੀ ਇਸ ਅਣਮਨੁੱਖੀ ਕਾਰਵਾਈ ਦਾ ਸਖ਼ਤ ਵਿਰੋਧ ਕਰਦੇ ਹਨ ਤੇ ਇਨ੍ਹਾਂ ਸਕੂਲਾਂ ਵਿੱਚ ਕੰਮ ਕਰਨ ਵਾਲੇ ਸਾਰੇ ਕਰਮਚਾਰੀਆਂ ਲਈ ਪੂਰੇ ਸਾਲ ਦੀ ਤਨਖਾਹ ਗ੍ਰਾਂਟ ਤੁਰੰਤ ਜਾਰੀ ਕਰਨ ਦੀ ਜ਼ੋਰਦਾਰ ਮੰਗ ਕਰ ਰਹੇ ਹਨ।ਪੰਜਾਬ ਸਹਾਇਤਾ ਪ੍ਰਾਪਤ ਸਕੂਲ ਪੈਨਸ਼ਨਰ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਗੁਰਚਰਨ ਸਿੰਘ ਚਾਹਲ, ਜਨਰਲ ਸਕੱਤਰ ਡਾ. ਗੁਰਮੀਤ ਸਿੰਘ, ਕੈਸ਼ੀਅਰ ਜੋਸ਼ੀ ਤੇ ਸੀਨੀਅਰ ਆਗੂ ਐੱਨ. ਐੱਨ. ਸੈਨੀ ਤੇ ਪੰਜਾਬ ਸਹਾਇਤਾ ਪ੍ਰਾਪਤ ਸਕੂਲ ਮੈਨੇਜਮੈਂਟ ਐਸੋਸੀਏਸ਼ਨ ਦੇ ਪ੍ਰਧਾਨ ਪ੍ਰਿੰਸੀਪਲ ਸੇਵਾ ਸਿੰਘ ਚਾਵਲਾ ਤੇ ਜਨਰਲ ਸਕੱਤਰ ਪ੍ਰਿੰ. ਪ੍ਰਦੀਪ ਸਰੀਨ ਨੇ ਜ਼ੋਰਦਾਰ ਮੰਗ ਕੀਤੀ ਕਿ ਭਗਵੰਤ ਮਾਨ ਸਰਕਾਰ ਗਲਤ ਪੱਤਰ ਵਾਪਸ ਲਵੇ ਤੇ ਅੱਠ ਮਹੀਨਿਆਂ ਤੋਂ ਰੋਕੀਆਂ ਗਈਆਂ ਗ੍ਰਾਂਟਾਂ ਨੂੰ ਤੁਰੰਤ ਜਾਰੀ ਕਰੇ।ਅੰਤ ਵਿੱਚ ਗਾਂਧੀਨਗਰ ਵਿੱਚ ਇੱਕ ਵਿਸ਼ਾਲ ਵਿਰੋਧ ਰੈਲੀ ਕਰਨ ਤੋਂ ਬਾਅਦ, ਹਜ਼ਾਰਾਂ ਸਹਾਇਤਾ ਪ੍ਰਾਪਤ ਸਕੂਲ ਕਰਮਚਾਰੀਆਂ ਤੇ ਪੈਨਸ਼ਨਰਾਂ ਨੇ ਆਮ ਆਦਮੀ ਪਾਰਟੀ ਦੇ ਦਫਤਰ ਵੱਲ ਮਾਰਚ ਕੀਤਾ।ਪੁਰਸ਼ ਯੂਨੀਅਨ ਮੈਂਬਰਾਂ ਨੇ ਵਿਰੋਧ ਮਾਰਚ ਦੇ ਰਸਤੇ ਤੇ ਆਮ ਆਦਮੀ ਪਾਰਟੀ ਦੇ ਦਫਤਰ ਸਾਹਮਣੇ ਅਰਧ-ਨਗਨ ਵਿਰੋਧ ਪ੍ਰਦਰਸ਼ਨ ਵੀ ਕੀਤਾ।7 ਨਵੰਬਰ ਨੂੰ ਤਰਨਤਾਰਨ ਵਿੱਚ ਇੱਕ 'ਜੇਲ੍ਹ ਭਰੋ' ਅੰਦੋਲਨ ਸ਼ੁਰੂ ਕੀਤਾ ਜਾਵੇਗਾ, ਜਿਸ ਵਿੱਚ ਹਜ਼ਾਰਾਂ ਸਹਾਇਤਾ ਪ੍ਰਾਪਤ ਸਕੂਲ ਅਧਿਆਪਕ, ਕਰਮਚਾਰੀ ਤੇ ਪੈਨਸ਼ਨਰ ਸਵੈ-ਇੱਛਾ ਨਾਲ ਗ੍ਰਿਫ਼ਤਾਰੀ ਲਈ ਜਾਣਗੇ।

# ਬਾਪੂ ਲਾਲ ਸਿੰਘ ਦੀ ਪਹਿਲੀ ਬਰਸੀ 'ਤੇ ਸ਼ਰਧਾਂਜਲੀ ਸਮਾਗਮ

## ਸਪੀਕਰ ਕੁਲਤਾਰ ਸੰਧਵਾਂ, ਸਿਹਤ ਮੰਤਰੀ ਡਾ. ਬਲਬੀਰ ਸਿੰਘ ਤੇ ਬਲਤੇਜ ਪੰਨੂ ਸਮੇਤ ਹੋਰਨਾਂ ਸ਼ਖ਼ਸੀਅਤਾਂ ਵੱਲੋਂ ਸ਼ਰਧਾਂਜਲੀ



**ਨਾਭਾ (ਵਰਿੰਦਰ ਵਰਮਾ)**-ਹਲਕਾ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦੇ ਪਿਤਾ ਬਾਪੂ ਲਾਲ ਸਿੰਘ ਦੀ ਪਹਿਲੀ ਬਰਸੀ 'ਤੇ ਨਾਭਾ ਵਿਖੇ ਸ਼ਰਧਾਂਜਲੀ ਸਮਾਗਮ ਕੀਤਾ ਗਿਆ, ਜਿਸ ਵਿੱਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ, ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ, ਮੀਡੀਆ ਐਡਵਾਇਜ਼ਰ ਬਲਤੇਜ ਪੰਨੂ, ਇੰਪਰੂਵਮੈਂਟ ਟਰਸੱਟ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਸਮੇਤ ਕਈ ਪ੍ਰਸਿੱਧ ਸ਼ਖ਼ਸੀਅਤਾਂ ਸ਼ਾਮਲ ਹੋਈਆਂ।ਸਮਾਗਮ ਦੀ ਸ਼ੁਰੂਆਤ ਗੁਰੂ ਦਰਬਾਰ ਵਿੱਚ ਅਰਦਾਸ ਨਾਲ ਹੋਈ, ਜਿਸ ਵਿੱਚ ਬਾਪੂ ਲਾਲ ਸਿੰਘ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ ਗਈ।ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਬਾਪੂ ਲਾਲ ਸਿੰਘ ਵਰਗੇ ਸੱਚੇ ਸੇਵਾਦਾਰ ਲੋਕਾਂ ਦੀ ਸਿੱਖਿਆ ਤੇ ਪਰਵਰਿਸ਼ ਕਰਦੇ ਹਨ, ਜੋ ਜਨਤਾ ਦੀ ਸੇਵਾ ਨੂੰ ਆਪਣਾ ਧਰਮ ਮੰਨਦੇ ਹਨ।ਉਨ੍ਹਾਂ ਕਿਹਾ ਕਿ ਰਾਜਨੀਤੀ ਸਿਰਫ ਸੱਤਾ ਹਾਸਲ ਕਰਨ ਦਾ ਸਾਧਨ ਨਹੀਂ, ਸੇਵਾ ਦਾ ਸਾਧਨ ਹੋਣਾ ਚਾਹੀਦਾ ਹੈ। ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ ਨੇ ਆਪਣੇ ਸੰਬੋਧਨ ਵਿੱਚ ਨਸ਼ਿਆਂ ਵਿਰੁੱਧ ਚੱਲ ਰਹੀ ਜੰਗ ਵਿੱਚ ਸੰਗਤ ਦੀ ਭੂਮਿਕਾ ਨੂੰ ਸਰਾਹਿਆ।ਉਨ੍ਹਾ ਕਿਹਾ ਕਿ ਜਿਵੇਂ ਬਾਪੂ ਜੀ ਨੇ ਜਨਤਾ ਦੀ ਸੇਵਾ ਇਮਾਨਦਾਰੀ ਨਾਲ ਕੀਤੀ, ਉਸੇ ਰਾਹ 'ਤੇ ਤੁਰਨਾ ਸਾਡਾ ਫਰਜ਼ ਹੈ।ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਆਪਣੇ ਪਿਤਾ ਜੀ ਬਾਪੂ ਲਾਲ ਸਿੰਘ ਦੀਆਂ ਯਾਦਾਂ ਸਾਂਝੀਆਂ ਕਰਦਿਆਂ ਕਿਹਾ ਕਿ ਬਾਪੂ ਜੀ ਨੇ ਹਮੇਸ਼ਾ ਸਾਦਗੀ, ਮਿਹਨਤ ਤੇ ਸੱਚਾਈ ਦਾ ਪਾਠ ਪੜ੍ਹਾਇਆ।ਉਨ੍ਹਾਂ ਦੱਸਿਆ ਕਿ ਜਲਦ ਹੀ ਬਾਪੂ ਲਾਲ ਸਿੰਘ ਫਾਊਂਡੇਸ਼ਨ ਬਣਾਈ ਜਾ ਰਹੀ ਹੈ, ਜਿਸ ਰਾਹੀਂ ਗਰੀਬ ਬੱਚਿਆਂ ਨੂੰ ਸਿੱਖਿਆ ਲਈ ਸਾਈਕਲਾਂ ਦਿੱਤੀਆਂ ਜਾਣਗੀਆਂ ਤਾਂ ਜੋ ਉਹ ਆਸਾਨੀ ਨਾਲ ਸਕੂਲ ਜਾ ਸਕਣ।ਦੇਵ ਮਾਨ ਨੇ ਇਹ ਵੀ ਐਲਾਨ ਕੀਤਾ ਕਿ ਜਲਦ ਹੀ ਉਹ ਆਪਣੀ ਕਵਿਤਾ ਦੀ ਕਿਤਾਬ ਰਿਲੀਜ਼ ਕਰਨਗੇ, ਜਿਸ ਵਿੱਚ ਉਨ੍ਹਾਂ ਨੇ ਆਪਣੀ ਮਾਤਾ ਤੇ ਪਿਤਾ ਜੀ ਨੂੰ ਸਮਰਪਤ ਰਚਨਾਵਾਂ ਸ਼ਾਮਲ ਕੀਤੀਆਂ ਹਨ।ਉਹਨਾਂ ਸਭ ਦਾ ਧੰਨਵਾਦ ਕੀਤਾ ਤੇ ਬਾਪੂ ਜੀ ਦੀ ਯਾਦ ਨੂੰ ਉਜਾਗਰ ਕਰਨ ਲਈ ਚਾਨਣ ਪਾਇਆ।

ਇਸ ਮੌਕੇ ਸੰਤ ਬਾਬਾ ਕਸ਼ਮੀਰ ਸਿੰਘ, ਸੰਤ ਬਾਬਾ ਨਰਿੰਦਰ ਸਿੰਘ, ਗੁਰਦੀਪ ਸਿੰਘ ਦੀਪਾ, ਮਨਪ੍ਰੀਤ ਸਿੰਘ ਧਾਰੋਕੀ, ਸੁਖਜਿੰਦਰ ਸਿੰਘ ਟੌਹੜਾ, ਹਰੀ ਸਿੰਘ, ਗਿਆਨ ਸਿੰਘ ਮੂੰਗੋ, ਅਮਨਦੀਪ ਸਿੰਘ, ਡੀ ਐੱਸ ਪੀ ਮਨਦੀਪ ਕੌਰ ਚੀਮਾ, ਚਰਨ ਸਿੰਘ, ਮਲਕੀਤ, ਸਿੰਘ , ਹਰੀ ਸਿੰਘ, ਗੁਰਮੇਲ ਕੌਰ ਧਰਮ ਪਤਨੀ ਅਮਰ ਸਿੰਘ ਚਮਕੀਲਾ, ਬਲਤੇਜ ਸਿੰਘ ਸਰਾਂ, ਅਮਰ ਸਿੰਘ ਚਮਕੀਲਾ ਸੱਭਿਆਚਾਰਕ ਕਲੱਬ, ਮਾਰਕੀਟ ਕਮੇਟੀ ਭਾਦਸੋਂ ਦੇ ਸਾਬਕਾ ਚੇਅਰਮੈਨ ਲਖਬੀਰ ਸਿੰਘ ਲੌਟ, ਜਗਤ ਸਿੰਘ ਬਰਸਟ, ਡਾ. ਮੋਹਨ ਸਿੰਘ ਤਿਆਗੀ, ਬ੍ਰਹਮ ਕੁਮਾਰੀ ਆਸ਼ਰਮ ਤੋਂ ਭੈਣ ਜੀ, ਅਜੇ ਸਿੰਘ, ਪੰਕਜ ਪੱਪੂ, ਡਾ. ਜਗਤਾਰ ਸੰਧੂ ਤੋਂ ਇਲਾਵਾ ਸਥਾਨਕ ਲੋਕ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਕਾਤਰਾਂ

### ਸਰਹਿੰਦ ਨਹਿਰ 'ਚੋਂ ਇੱਕ ਹੋਰ ਲਾਸ਼ ਮਿਲੀ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਾਛੀਵਾੜਾ ਪੁਲਸ ਨੂੰ ਸ਼ਨੀਵਾਰ ਸਵੇਰੇ ਨੇੜੇ ਵਗਦੀ ਸਰਹਿੰਦ ਨਹਿਰ 'ਚੋਂ ਇੱਕ ਹੋਰ ਵਿਅਕਤੀ ਦੀ ਲਾਸ਼ ਮਿਲੀ। ਪੁਲਸ ਨੂੰ ਕਿਸੇ ਰਾਹਗੀਰ ਨੇ ਸੂਚਿਤ ਕੀਤਾ ਕਿ ਗੜ੍ਹੀ ਪੁਲ ਤੋਂ ਨੀਲੋਂ ਵੱਲ ਕੁਝ ਦੂਰੀ 'ਤੇ ਇੱਕ ਵਿਅਕਤੀ ਦੀ ਲਾਸ਼ ਤੈਰਦੀ ਦਿਖ ਰਹੀ ਹੈ। ਥਾਣਾ ਮੁਖੀ ਹਰਵਿੰਦਰ ਸਿੰਘ ਤੇ ਸਹਾਇਕ ਥਾਣੇਦਾਰ ਜਰਨੈਲ ਸਿੰਘ ਮੌਕੇ 'ਤੇ ਪੁੱਜੇ ਅਤੇ ਉਨ੍ਹਾਂ ਨੇ ਲਾਸ਼ ਨੂੰ ਬਾਹਰ ਕਢਵਾਇਆ। ਪੁਲਸ ਅਨੁਸਾਰ ਮ੍ਰਿਤਕ ਦੀ ਜੇਬ 'ਚੋਂ ਅਜਿਹਾ ਕੋਈ ਦਸਤਾਵੇਜ਼ ਨਹੀਂ ਮਿਲਿਆ, ਜਿਸ ਤੋਂ ਉਸ ਦੀ ਕੋਈ ਪਹਿਚਾਣ ਹੋ ਸਕੇ। ਲਾਸ਼ ਕੁਝ ਦਿਨ ਪੁਰਾਣੀ ਲੱਗ ਰਹੀ ਸੀ ਤੇ ਕਿਸੇ ਪੰਜਾਬੀ ਵਿਅਕਤੀ ਦੀ ਜਾਪ ਰਹੀ ਹੈ। ਪੁਲਸ ਵੱਲੋਂ ਲਾਸ਼ ਨੂੰ 72 ਘੰਟੇ ਲਈ ਸਮਰਾਲਾ ਮੋਰਚਰੀ ਵਿੱਚ ਰਖਵਾ ਦਿੱਤਾ ਹੈ ਅਤੇ ਆਸ-ਪਾਸ ਥਾਣਿਆਂ ਨੂੰ ਸੂਚਿਤ ਕਰ ਦਿੱਤਾ ਹੈ ਕਿ ਜੇਕਰ ਕੋਈ ਵਿਅਕਤੀ ਲਾਪਤਾ ਹੈ ਤਾਂ ਉਹ ਤੁਰੰਤ ਮਾਛੀਵਾੜਾ ਥਾਣਾ ਵਿਖੇ ਸੰਪਰਕ ਕਰ ਸਕਦਾ ਹੈ।

### ਠੁੱਲੀਵਾਲ ਥਾਣਾ ਦੇ ਨਵੇਂ ਮੁਖੀ ਸਬ-ਇੰਸਪੈਕਟਰ ਨੇ ਚਾਰਜ ਸੰਭਾਲਿਆ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸਬ-ਇੰਸਪੈਕਟਰ ਗੁਰਪਾਲ ਸਿੰਘ ਨੇ ਪੁਲਸ ਥਾਣਾ ਠੁੱਲੀਵਾਲ ਦੇ ਨਵੇਂ ਮੁੱਖ ਅਫ਼ਸਰ ਵਜੋਂ ਅਹੁਦੇ ਦਾ ਚਾਰਜ ਸੰਭਾਲ ਲਿਆ ਹੈ।ਗੁਰਪਾਲ ਸਿੰਘ ਨੇ ਕਿਹਾ ਕਿ ਉਹ ਆਪਣੀ ਬਣਦੀ ਜ਼ਿੰਮੇਵਾਰੀ ਪੂਰੀ ਇਮਾਨਦਾਰੀ, ਤਨਦੇਹੀ ਨਾਲ ਨਿਭਾਉਣਗੇ।ਠੁੱਲੀਵਾਲ ਥਾਣੇ ਦੇ ਅਧੀਨ ਆਉਣ ਵਾਲੇ ਸਮੂਹ ਪਿੰਡਾਂ 'ਚ ਨਸ਼ਿਆਂ ਨੂੰ ਰੋਕਣਾ, ਅਮਨ-ਸ਼ਾਂਤੀ ਤੇ ਕਾਨੂੰਨ ਵਿਵਸਥਾ ਕਾਇਮ ਰੱਖਣਾ ਉਨ੍ਹਾਂ ਦਾ ਪਹਿਲਾ ਕੰਮ ਹੋਵੇਗਾ। ਨਸ਼ਿਆਂ ਦੇ ਤਸਕਰਾਂ, ਅਮਨ ਸ਼ਾਂਤੀ ਭੰਗ ਕਰਨ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਚਲਾਈ ਜਾ ਰਹੀ ਨਸ਼ਾ ਮੁਕਤ ਪੰਜਾਬ ਮੁਹਿੰਮ ਤਹਿਤ ਪਿੰਡਾਂ ਵਿੱਚ ਸਰਚ ਅਭਿਆਨ ਚਲਾਇਆ ਜਾਵੇਗਾ।ਨਸ਼ਿਆਂ ਵਿਰੁੱਧ ਜੰਗ ਵਿੱਚ ਗ੍ਰਾਮ ਪੰਚਾਇਤਾਂ, ਸਮਾਜਿਕ ਸੰਸਥਾਵਾਂ, ਕਲੱਬਾਂ ਤੇ ਮੀਡੀਆ ਦਾ ਪੂਰਾ ਸਹਿਯੋਗ ਲਿਆ ਜਾਵੇਗਾ।ਇਸ ਮੌਕੇ ਏ.ਐਸ.ਆਈ ਮਨਜਿੰਦਰ ਸਿੰਘ ਸ਼ੇਰਪੁਰ, ਏ ਐਸ ਆਈ ਜਸਵਿੰਦਰ ਸਿੰਘ, ਮੁਨਸ਼ੀ ਗੁਰਦੀਪ ਸਿੰਘ ਸਮੇਤ ਸਮੂਹ ਸਟਾਫ ਵੱਲੋਂ ਨਵੇਂ ਥਾਣਾ ਮੁਖੀ ਗੁਰਪਾਲ ਸਿੰਘ ਨੂੰ ਗੁਲਦਸਤਾ ਭੇਟ ਕਰਕੇ ਸਵਾਗਤ ਕੀਤਾ ਗਿਆ।

# ਗੁਰਬਾਣੀ ਦੇ ਜਾਪ ਤੇ ਜੈਕਾਰਿਆਂ ਦੀ ਗੂੰਜ ਨਾਲ ਦਿੱਤੀ ਕੈਪਟਨ ਹਰਚਰਨ ਸਿੰਘ ਰੋਡੇ ਨੂੰ ਅੰਤਮ ਵਿਦਾਇਗੀ



**ਮੋਗਾ (ਇਕਬਾਲ ਸਿੰਘ ਖਹਿਰਾ)**

ਕੈਪਟਨ ਹਰਚਰਨ ਸਿੰਘ ਰੋਡੇ (89) ਦਾ ਅੰਤਮ ਸੰਸਕਾਰ ਉਨ੍ਹਾਂ ਦੇ ਜੱਦੀ ਪਿੰਡ ਰੋਡੇ (ਜਿਲ੍ਹਾ ਮੋਗਾ) ਵਿਖੇ ਸਿੱਖ ਰਹਿਤ ਮਰਿਆਦਾ ਅਨੁਸਾਰ ਗੁਰਬਾਣੀ ਦੇ ਜਾਪ ਤੇ ਜੈਕਾਰਿਆਂ ਦੀ ਗੂੰਜ 'ਚ ਕੀਤਾ ਗਿਆ।ਕੈਪਟਨ ਹਰਚਰਨ ਸਿੰਘ ਰੋਡੇ ਨੇ 1 ਨਵੰਬਰ ਦੀ ਸਵੇਰ ਅਕਾਲ ਪੁਰਖ ਵਾਹਿਗੁਰੂ ਦੇ ਹੁਕਮ ਅਨੁਸਾਰ ਅਕਾਲ ਚਲਾਣਾ ਕੀਤਾ।ਆਪ ਜੀ ਦਾ ਜਨਮ ਬਾਪੂ ਜੋਗਿੰਦਰ ਸਿੰਘ ਸਿੰਘ ਦੇ ਘਰ ਮਾਤਾ ਧੰਨ ਕੌਰ ਦੀ ਕੁੱਖੋਂ ਹੋਇਆ।ਉਨ੍ਹਾਂ ਭਾਰਤੀ ਫੌਜ 'ਚ ਕੈਪਟਨ ਦੇ ਰੁਤਬੇ ਤੱਕ ਸੇਵਾ ਕੀਤੀ ਤੇ ਬਾਅਦ ਵਿੱਚ ਸੇਵਾਮੁਕਤ ਹੋ ਕੇ ਸਿੱਖ ਪੰਥ ਅਤੇ ਕੌਮੀ ਮਾਮਲਿਆਂ ਵਿੱਚ ਅਹਿਮ ਭੂਮਿਕਾ ਨਿਭਾਈ।ਕੈਪਟਨ ਦੇ ਪਰਵਾਰ 'ਚ ਉਨ੍ਹਾਂ ਦੇ ਦੋ ਸਪੁੱਤਰ ਹਰਪਾਲ ਸਿੰਘ ਤੇ ਤਰਲੋਚਨ ਸਿੰਘ (ਅਮਰੀਕਾ ਨਿਵਾਸੀ) ਤੇ ਤਿੰਨ ਧੀਆਂ ਹਨ।ਆਪ ਜੀ ਹਮੇਸ਼ਾ ਨਿਤਨੇਮੀ, ਗੁਰਸਿੱਖ ਅਵਸਥਾ ਵਾਲੇ, ਚੜ੍ਹਦੀ ਕਲਾ 'ਚ ਰਹਿਣ ਵਾਲੇ ਤੇ ਸਿੱਖ ਸਿਆਸਤ ਵਿੱਚ ਸਰਗਰਮ ਰਹਿਣ ਵਾਲੇ ਵਿਅਕਤੀ ਸਨ।ਅੰਤਮ ਸੰਸਕਾਰ ਦੌਰਾਨ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤ ਨੇ ਪਹੁੰਚ ਕੇ ਕੈਪਟਨ ਹਰਚਰਨ ਸਿੰਘ ਰੋਡੇ ਨੂੰ ਭਾਵਪੂਰਨ ਸ਼ਰਧਾਂਜਲੀਆਂ ਅਰਪਿਤ ਕੀਤੀਆਂ।ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਗਿਆਨੀ ਜਸਵੀਰ ਸਿੰਘ ਰੋਡੇ, ਫ਼ਰੀਦਕੋਟ ਤੋਂ ਸੰਸਦ ਮੈਂਬਰ ਭਾਈ ਸਰਬਜੀਤ ਸਿੰਘ ਖਾਲਸਾ, ਬਾਬਾ ਚਰਨਜੀਤ ਸਿੰਘ ਜੱਸੋਵਾਲ, ਬਾਬਾ ਸਵਰਨਜੀਤ ਸਿੰਘ, ਭਾਈ ਦਰਸ਼ਨ ਸਿੰਘ ਮੰਡ, ਭਾਈ ਗੁਰਦੀਪ ਸਿੰਘ ਬਠਿੰਡਾ, ਜਥੇਦਾਰ ਬੂਟਾ ਸਿੰਘ ਰਣਸ਼ੀਹ ਕਲਾਂ, ਜਥੇਦਾਰ ਤੀਰਥ ਸਿੰਘ ਮਾਹਲਾ ਮੈਂਬਰ ਕੋਰ ਕਮੇਟੀ ਸ਼੍ਰੋਮਣੀ ਅਕਾਲੀ ਦਲ ਬਾਦਲ, ਜਗਤਾਰ ਸਿੰਘ ਰੋਡੇ (ਮੈਂਬਰ ਐਸ.ਜੀ.ਪੀ.ਸੀ), ਅਰਸ਼ਦੀਪ ਸਿੰਘ ਸਮਰਾ (ਸੰਪਾਦਕ ਅੱਜ ਦੀ ਆਵਾਜ਼), ਭਾਈ ਈਸ਼ਰ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਸੁਖਹਰਪ੍ਰੀਤ ਸਿੰਘ ਰੋਡੇ, ਹਰਨਾਮ ਸਿੰਘ ਜਲੰਧਰ, ਸੇਵਕ ਸਿੰਘ ਮਨਾਵਾਂ, ਸਮੇਤ ਕਈ ਪ੍ਰਸਿੱਧ ਪੰਥਕ ਹਸਤੀਆਂ ਨੇ ਹਾਜ਼ਰੀ ਭਰੀ ਤੇ ਕਿਹਾ ਕਿ ਕੈਪਟਨ ਹਰਚਰਨ ਸਿੰਘ ਰੋਡੇ ਦੇ ਸਦੀਵੀਂ ਵਿਛੋੜੇ ਨਾਲ ਸਿੱਖ ਪੰਥ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।ਸੰਗਤ ਨੇ ਉਨ੍ਹਾਂ ਦੇ ਜੀਵਨ ਤੋਂ ਪ੍ਰੇਰਣਾ ਲੈਣ ਦਾ ਅਹਿਸਾਸ ਜਤਾਉਂਦਿਆਂ ਅਰਦਾਸ ਕੀਤੀ ਕਿ ਵਾਹਿਗੁਰੂ ਉਨ੍ਹਾਂ ਦੀ ਆਤਮਾ ਨੂੰ ਆਪਣੇ ਚਰਨਾਂ 'ਚ ਨਿਵਾਸ ਦੇਵੇ।

# ਮੁੱਖ ਮੰਤਰੀ ਵਿਰੁੱਧ ਪ੍ਰਦਰਸ਼ਨ ਕਰਨ ਆਏ ਵਕੀਲਾਂ ਨੂੰ ਪੁਲਸ ਨੇ ਰੋਕਿਆ, ਵਕੀਲਾਂ ਨੇ ਸੜਕ 'ਤੇ ਲਾਇਆ ਧਰਨਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**

ਪਿੰਡ ਜਵਾਰੇਵਾਲਾ 'ਚ ਦੋ ਗੁੱਟਾਂ ਵਿਚਕਾਰ ਹੋਈ ਲੜਾਈ ਦੇ ਸਬੰਧ 'ਚ ਥਾਣਾ ਸਦਰ ਪੁਲਿਸ ਮੁਕਤਸਰ ਵੱਲੋਂ ਇੱਕ ਵਕੀਲ ਵਿਰੁੱਧ ਐਫਆਈਆਰ ਦਰਜ ਕਰਨ ਦਾ ਬਾਰ ਐਸੋਸੀਏਸ਼ਨ ਵੱਲੋਂ ਵਿਰੋਧ ਕੀਤਾ ਜਾ ਰਿਹਾ ਹੈ।ਇਸ ਕਾਰਨ ਐਤਵਾਰ ਨੂੰ ਸਾਰੇ ਵਕੀਲ ਮੁੱਖ ਮੰਤਰੀ ਨੂੰ ਘੇਰਨ ਲਈ ਗੁਰੂ ਗੋਬਿੰਦ ਸਿੰਘ ਸਟੇਡੀਅਮ ਦੇ ਬਾਹਰ ਕਾਲੇ ਝੰਡੇ ਲੈ ਕੇ ਇਕੱਠੇ ਹੋਏ।ਮੁੱਖ ਮੰਤਰੀ ਦੇ ਆਉਣ ਤੋਂ ਪਹਿਲਾਂ ਹੀ ਪੁਲਸ ਨੇ ਉਨ੍ਹਾਂ ਪੀਪਲ ਪੈਟਰੋਲ ਪੰਪ ਨੇੜੇ ਮੁਕਤਸਰ-ਕੋਟਕਪੂਰਾ ਰੋਡ 'ਤੇ ਰੋਕ ਲਿਆ ਅਤੇ ਅੱਗੇ ਨਹੀਂ ਜਾਣ ਦਿੱਤਾ।ਇਸ ਦੌਰਾਨ ਪੁਲਿਸ ਵੱਲੋਂ ਬੈਰੀਗੇਟ ਲਗਾ ਕੇ ਵੱਡੀ ਪੱਧਰ ਫੋਰਸ ਤਾਇਨਾਤ ਕਰ ਦਿੱਤੀ, ਜਿਸ ਤੋਂ ਬਾਅਦ ਵਕੀਲ ਉੱਥੇ ਹੀ ਧਰਨਾ ਲਾ ਕੇ ਬੈਠ ਗਏ ਤੇ ਮੁੱਖ ਮੰਤਰੀ ਭਗਵੰਤ ਮਾਨ ਖਿਲਾਫ਼ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ ਗਈ।ਇਸ ਤੋਂ ਪਹਿਲਾਂ ਡਾਕਟਰ ਕੇਅਰ ਸਿੰਘ ਮਾਰਗ ਨੇੜੇ ਵਕੀਲਾਂ ਤੇ ਪੁਲਸ ਵਿਚਕਾਰ ਕਾਫ਼ੀ ਧੱਕਾਮੁੱਕੀ ਹੋਈ।ਜ਼ਿਕਰਯੋਗ ਹੈ ਕਿ ਸ਼ਨੀਵਾਰ ਨੂੰ ਹੀ ਵਕੀਲਾਂ ਨੇ ਮੁੱਖ ਮੰਤਰੀ ਦੇ ਮੁਕਤਸਰ ਪਹੁੰਚਣ 'ਤੇ ਉਨ੍ਹਾਂ ਨੂੰ ਘੇਰਨ ਦੀ ਚੇਤਾਵਨੀ ਦਿੱਤੀ ਸੀ।

29 ਅਕਤੂਬਰ ਨੂੰ ਜਵਾਰੇਵਾਲਾ ਪਿੰਡ 'ਚ ਦੋ ਗੁੱਟਾਂ ਵਿਚਕਾਰ ਲੜਾਈ ਹੋਈ ਸੀ।ਇਸ ਮਾਮਲੇ 'ਚ ਮੁਕਤਸਰ ਸਦਰ ਥਾਣੇ 'ਚ ਕਰਾਸ ਐਫਆਈਆਰ ਦਰਜ ਕੀਤੀ ਗਈ ਹੈ।ਐਡਵੋਕੇਟ ਹਰਮਨਦੀਪ ਸਿੰਘ ਸੰਧੂ ਦਾ ਨਾਂਅ ਵੀ ਐਫਆਈਆਰ ਵਿੱਚ ਦਰਜ ਕੀਤਾ ਗਿਆ ਹੈ, ਜਿਸਦਾ ਬਾਰ ਐਸੋਸੀਏਸ਼ਨ ਨੇ ਵਿਰੋਧ ਕੀਤਾ ਹੈ।ਸ਼ਨੀਵਾਰ ਨੂੰ ਜ਼ਿਲ੍ਹਾ ਬਾਰ ਐਸੋਸੀਏਸ਼ਨ ਮੁਕਤਸਰ ਦੇ ਪ੍ਰਧਾਨ ਧਲਵੰਤ ਸਿੰਘ ਦੀ ਪ੍ਰਧਾਨਗੀ ਵਿੱਚ ਇੱਕ ਐਮਰਜੈਂਸੀ ਮੀਟਿੰਗ ਕੀਤੀ, ਜਿਸ ਵਿੱਚ ਪੁਲਸ ਅਧਿਕਾਰੀਆਂ ਦੀ ਲਗਾਤਾਰ ਕਾਰਵਾਈ ਨਾ ਕਰਨ ਤੇ ਐਡਵੋਕੇਟ ਹਰਮਨਦੀਪ ਸਿੰਘ ਸੰਧੂ ਵਿਰੁੱਧ ਐਫਆਈਆਰ ਦਰਜ ਕਰਨ ਬਾਰੇ ਚਰਚਾ ਕੀਤੀ ਗਈ।ਬਾਰ ਐਸੋਸੀਏਸ਼ਨ ਦੇ ਪ੍ਰਧਾਨ ਨੇ ਕਿਹਾ ਕਿ ਮੀਟਿੰਗ 'ਚ ਇਸ ਗੱਲ ਦਾ ਗੰਭੀਰ ਨੋਟਿਸ ਲਿਆ ਗਿਆ ਕਿ ਪੁਲਸ ਵੱਲੋਂ ਉਨ੍ਹਾਂ ਦੇ ਵਕੀਲ 'ਤੇ ਹਮਲਾ ਕਰਨ ਵਾਲੇ ਦੋਸ਼ੀਆਂ ਵਿਰੁੱਧ ਐਫਆਈਆਰ ਦਰਜ ਕਰਨ ਲਈ ਕੋਈ ਕਾਰਵਾਈ ਨਹੀਂ ਕੀਤੀ ਗਈ ਹੈ, ਜਦੋਂਕਿ ਪੀੜਤ ਵਿਰੁੱਧ ਰਾਜਨੀਤੀ ਤੋਂ ਪ੍ਰੇਰਿਤ ਐਫਆਈਆਰ ਦਰਜ ਕੀਤੀ ਗਈ ਹੈ।ਉਨ੍ਹਾਂ ਐਡਵੋਕੇਟ ਹਰਮਨਦੀਪ ਸਿੰਘ ਸੰਧੂ ਵਿਰੁੱਧ ਐਫਆਈਆਰ ਦਰਜ ਕਰਨ ਦੀ ਸਖ਼ਤ ਨਿੰਦਾ ਕੀਤੀ।ਬਾਰ ਐਸੋਸੀਏਸ਼ਨ ਨੇ ਪੀੜਤ ਵਕੀਲ ਵਿਰੁੱਧ ਦਰਜ ਐਫਆਈਆਰ ਨੂੰ ਤੁਰੰਤ ਰੱਦ ਕਰਨ ਤੇ ਪੀੜਤ ਵਕੀਲ ਦੇ ਬਿਆਨ ਦੇ ਆਧਾਰ 'ਤੇ ਭਾਰਤੀ ਦੰਡਾਵਲੀ (ਆਈਪੀਸੀ) ਦੀਆਂ ਸਬੰਧਤ ਧਾਰਾਵਾਂ ਤਹਿਤ ਮੁਲਜ਼ਮਾਂ ਵਿਰੁੱਧ ਐਫਆਈਆਰ ਦਰਜ ਕਰਨ ਦੀ ਮੰਗ ਕੀਤੀ। ਉਨ੍ਹਾਂ ਐਸਐਸਪੀ, ਐਸਪੀ (ਡੀ) ਤੇ ਐਸਐਚਓ ਸਦਰ ਸ੍ਰੀ ਮੁਕਤਸਰ ਸਾਹਿਬ ਵਿਰੁੱਧ ਜਾਣ-ਬੁੱਝ ਕੇ ਅਤੇ ਲਾਪ੍ਰਵਾਹੀ ਨਾਲ ਕੀਤੀਆਂ ਕਾਰਵਾਈਆਂ ਤੇ ਆਪਣੇ ਕਾਨੂੰਨੀ ਫ਼ਰਜ਼ ਨਿਭਾਉਣ ਵਿੱਚ ਅਸਫ਼ਲ ਰਹਿਣ ਲਈ ਵਿਭਾਗੀ ਜਾਂਚ ਅਤੇ ਸਖ਼ਤ ਅਨੁਸ਼ਾਸਨੀ ਕਾਰਵਾਈ ਦੀ ਮੰਗ ਵੀ ਕੀਤੀ।

# ਸਕੂਲ ਬੱਸ ਡਰਾਈਵਰ ਦੀ ਕੁੱਟਮਾਰ ਕਰਨ ਵਾਲਿਆਂ ਨੂੰ ਜਲਦ ਗ੍ਰਿਫ਼ਤਾਰ ਕਰਨ ਦੀ ਮੰਗ

## ਸਿੱਖ ਜਥੇਬੰਦੀਆਂ, ਪਿੰਡ ਵਾਸੀ ਤੇ ਸਿਆਸੀ ਆਗੂ ਥਾਣਾ ਮੁਖੀ ਨੂੰ ਮਿਲੇ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪਿਛਲੇ ਦਿਨੀਂ ਸਕੂਲੀ ਬੱਸ ਹੇਠਾਂ ਆ ਜਾਣ ਕਾਰਨ ਪਾਲਤੂ ਕੁੱਤੇ ਦੀ ਮੌਤ ਹੋ ਗਈ ਸੀ, ਜਿਸ 'ਤੇ ਪਰਵਾਰ ਵੱਲੋਂ ਬਜ਼ੁਰਗ ਡਰਾਈਵਰ ਦੀ ਕੁੱਟਮਾਰ ਕਰ ਦਸਤਾਰ ਦੀ ਬੇਅਦਬੀ ਕਰਨ ਦਾ ਮਾਮਲਾ ਸਾਹਮਣੇ ਆਇਆ ਸੀ। ਬੇਸ਼ੱਕ ਪੁਲਸ ਵੱਲੋਂ ਇਸ ਸੰਬੰਧੀ 4 ਵਿਅਕਤੀਆਂ ਖਿਲਾਫ਼ ਸਖ਼ਤ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ, ਪਰ ਸਿੱਖ ਜਥੇਬੰਦੀਆਂ, ਪਿੰਡ ਭੌਰਲਾ ਬੇਟ ਦੇ ਵਾਸੀ ਤੇ ਵੱਖ-ਵੱਖ ਪਾਰਟੀਆਂ ਦੇ ਸਿਆਸੀ ਆਗੂ ਥਾਣਾ ਮੁਖੀ ਨੂੰ ਮਿਲੇ, ਜਿਨ੍ਹਾਂ ਦੋਸ਼ੀਆਂ ਨੂੰ ਜਲਦ ਗ੍ਰਿਫ਼ਤਾਰ ਕਰਨ ਦੀ ਮੰਗ ਕੀਤੀ। ਅੱਜ ਹਲਕਾ ਸਮਰਾਲਾ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਸੇਵਾਦਾਰ ਪਰਮਜੀਤ ਸਿੰਘ ਢਿੱਲੋਂ, ਸੀਨੀਅਰ ਅਕਾਲੀ ਆਗੂ ਹਰਜਤਿੰਦਰ ਸਿੰਘ ਬਾਜਵਾ, ਕਾਂਗਰਸ ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ, ਸਿੱਖ ਜਥੇਬੰਦੀਆਂ ਦੇ ਆਗੂ ਪਰਵੀਨ ਸਿੰਘ ਖਾਲਸਾ, ਦੀਪ ਸਿੰਘ ਖਾਲਸਾ ਤੇ ਹੋਰਨਾਂ ਨੇ ਥਾਣਾ ਮੁਖੀ ਹਰਵਿੰਦਰ ਸਿੰਘ ਤੋਂ ਮੰਗ ਕੀਤੀ ਕਿ ਜਿਨ੍ਹਾਂ ਵਿਅਕਤੀਆਂ ਨੇ ਬਜ਼ੁਰਗ ਚਾਲਕ ਦੀ ਕੁੱਟਮਾਰ ਕਰ ਉਸ ਦੀ ਦਸਤਾਰ ਦੀ ਬੇਅਦਬੀ ਕੀਤੀ ਹੈ, ਉਨ੍ਹਾਂ ਨੂੰ ਤੁਰੰਤ ਗ੍ਰਿਫ਼ਤਾਰ ਕੀਤਾ ਜਾਵੇ। ਉਕਤ ਆਗੂਆਂ ਨੇ ਕਿਹਾ ਕਿ ਕੁੱਟਮਾਰ ਕਰਨ ਵਾਲਾ ਨੌਜਵਾਨ ਬਾਅਦ ਵਿੱਚ ਹਸਪਤਾਲ ਦਾਖਲ ਹੋ ਗਿਆ, ਜੋ ਕਿ ਝੂਠਾ ਪਰਚਾ ਦਰਜ ਕਰਵਾਉਣ ਦੀ ਕੋਸ਼ਿਸ਼ ਕਰ ਰਿਹਾ ਹੈ। ਥਾਣਾ ਮੁਖੀ ਨੇ ਸਾਰਿਆਂ ਨੂੰ ਵਿਸ਼ਵਾਸ ਦਿਵਾਇਆ ਕਿ ਕਾਨੂੰਨ ਅਨੁਸਾਰ 4 ਵਿਅਕਤੀਆਂ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ, ਜਿਨ੍ਹਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਥਾਣਾ ਮੁਖੀ ਨੇ ਕਿਹਾ ਕਿ ਪੀੜਤ ਬਜ਼ੁਰਗ ਚਾਲਕ ਦੀਦਾਰ ਸਿੰਘ ਨੂੰ ਇਨਸਾਫ਼ ਮਿਲੇਗਾ ਤੇ ਇਸ ਮਾਮਲੇ ਵਿੱਚ ਕਿਸੇ ਵੀ ਮੁਲਜ਼ਮ ਨੂੰ ਬਖਸ਼ਿਆ ਨਹੀਂ ਜਾਵੇਗਾ।

# ਤਰਨ ਤਾਰਨ 'ਚ 'ਆਪ' ਉਮੀਦਵਾਰ ਸੰਧੂ ਦੀ ਹੋਵੇਗੀ ਜਿੱਤ : ਬਲਜਿੰਦਰ ਢਿੱਲੋਂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਆਮ ਆਦਮੀ ਪਾਰਟੀ ਦੇ ਤਰਨਤਾਰਨ ਤੋਂ ਜ਼ਿਮਨੀ ਚੋਣ ਉਮੀਦਵਾਰ ਹਰਮੀਤ ਸਿੰਘ ਸੰਧੂ ਦੇ ਹੱਕ ਵਿੱਚ ਬਾਬਾ ਲੰਗਾਹ ਪਿੰਡ ਝਬਾਲ ਵਿਖੇ ਮੈਂਬਰ ਪਾਰਲੀਮੈਂਟ ਗੁਰਮੀਤ ਸਿੰਘ ਮੀਤ ਹੇਅਰ ਤੇ ਬਲਜਿੰਦਰ ਸਿੰਘ ਢਿੱਲੋਂ ਚੇਅਰਮੇਨ ਪੰਜਾਬ ਐਗਰੋ ਫੂਡ ਗ੍ਰੇਨ ਕਾਰਪੋਰੇਸ਼ਨ ਨੇ ਜਨ ਸਭਾ ਕਰਾਈ।ਐਮ.ਐਲ.ਏ ਮਨਵਿੰਦਰ ਸਿੰਘ ਗਿਆਸਪੁਰਾ, ਜਾਫਰ ਅਲੀ ਚੇਅਰਮੈਨ ਮਾਰਕੀਟ ਕਮੇਟੀ ਮਲੇਰਕੋਟਲਾ, ਸੰਤੋਖ ਸਿੰਘ ਸੰਗਠਨ ਇੰਚਾਰਜ ਮਲੇਰਕੋਟਲਾ ਤੇ ਹਲਕਾ ਕੋਆਰਡੀਨੇਟਰ ਮੈਡਮ ਤਸਵੀਰ ਕੌਰ ਦੀ ਅਗਵਾਈ ਵਿੱਚ ਪਿੰਡ ਝਬਾਲ ਵਿਖੇ ਬਹੁ ਗਿਣਤੀ ਵਿੱਚ ਔਰਤਾਂ ਨੇ ਅਕਾਲੀ ਦਲ ਤੇ ਕਾਂਗਰਸ ਪਾਰਟੀ ਨੂੰ ਛੱਡ ਕੇ ਆਮ ਆਦਮੀ ਪਾਰਟੀ ਦਾ ਪੱਲਾ ਫੜਿਆ, ਜਿਸ ਨਾਲ ਤਰਨਤਾਰਨ ਇਲਾਕੇ ਵਿੱਚ ਆਮ ਆਦਮੀ ਪਾਰਟੀ ਨੂੰ ਹੋਰ ਮਜਬੂਤੀ ਮਿਲੀ ਹੈ। ਲੋਕ ਸਭਾ ਇੰਚਾਰਜ ਤੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਨੇ ਦੱਸਿਆ ਕਿ ਪਟਿਆਲਾ ਤੋਂ ਮੇਰੇ ਨਾਲ ਆਏ ਲੋਕ ਸਭਾ ਟੀਮ ਮੈਂਬਰ ਗੁਰਪਿੰਦਰ ਸਿੰਘ ਛੀਨਾ, ਓਮ ਪ੍ਰਕਾਸ਼, ਭੁਪਿੰਦਰ ਸਿੰਘ, ਹਰਜੀਤ ਸਿੰਘ ਖਰੋੜ ਤੇ ਮੀਡੀਆ ਸਲਾਹਕਾਰ ਰਜਿੰਦਰ ਸਿੰਘ ਕੋਹਲੀ ਵੀ ਪ੍ਰਚਾਰ ਮੁਹਿੰਮ ਵਿੱਚ ਆਪਣੀ ਡਿਊਟੀ ਬਖੂਬੀ ਨਿਭਾਅ ਰਹੇ ਹਨ। ਢਿੱਲੋਂ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਨੀਤੀਆਂ ਅਤੇ ਭਗਵੰਤ ਮਾਨ ਸਰਕਾਰ ਵੱਲੋਂ ਦਿੱਤੀ ਗਰੰਟੀਆਂ ਨੂੰ ਲਾਗੂ ਕਰਨ ਨੂੰ ਦੇਖਦੇ ਹੋਏ ਰੋਜ਼ਾਨਾ ਰਵਾਇਤੀ ਪਾਰਟੀਆਂ ਦੇ ਮੈਂਬਰ ਸੈਂਕੜਿਆਂ ਦੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ ਤੇ ਪਾਰਟੀ ਉਨ੍ਹਾਂ ਨੂੰ ਸਿਰੋਪਾਉ ਦੇ ਕੇ ਸਨਮਾਨ ਕਰ ਰਹੀ ਹੈ।

# ਝੋਨੇ ਦੀ ਸੁਚਾਰੂ ਖਰੀਦ ਪ੍ਰਕਿਰਿਆ ਲਈ ਟਰੱਕ ਯੂਨੀਅਨ ਪ੍ਰਧਾਨ ਵੱਲੋਂ ਵਿਧਾਇਕ ਸੁਖਾਨੰਦ ਦੀ ਸਰਾਹਨਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਹਲਕਾ ਬਾਘਾ ਪੁਰਾਣਾ ਵਿੱਚ ਝੋਨੇ ਦੀ ਸੁਚਾਰੂ ਖਰੀਦ ਪ੍ਰਕਿਰਿਆ ਨੂੰ ਲੈ ਕੇ ਟਰੱਕ ਯੂਨੀਅਨ ਬਾਘਾ ਪੁਰਾਣਾ ਦੇ ਪ੍ਰਧਾਨ ਅੰਤਰਜੀਤ ਸਿੰਘ ਟਿੰਕੂ ਮੱਲਕੇ ਨੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੀ ਅਗਵਾਈ ਹੇਠ ਚੱਲ ਰਹੇ ਪ੍ਰਬੰਧਾਂ ਦੀ ਖੁੱਲ੍ਹ ਕੇ ਪ੍ਰਸੰਸਾ ਕੀਤੀ ਹੈ।ਉਨ੍ਹਾਂ ਕਿਹਾ ਕਿ ਇਸ ਵਾਰ ਝੋਨੇ ਦੀ ਖਰੀਦ ਨੂੰ ਲੈ ਕੇ ਸਰਕਾਰ ਵੱਲੋਂ ਪੂਰੀ ਤਰ੍ਹਾਂ ਪੁਖਤਾ ਤੇ ਸੁਚਾਰੂ ਪ੍ਰਬੰਧ ਕੀਤੇ ਗਏ ਹਨ, ਜਿਸ ਕਾਰਨ ਕਿਸਾਨਾਂ ਨੂੰ ਕਿਸੇ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਹੀਂ ਕਰਨਾ ਪੈ ਰਿਹਾ। ਅੰਤਰਜੀਤ ਸਿੰਘ ਟਿੰਕੂ ਮੱਲਕੇ ਨੇ ਦੱਸਿਆ ਕਿ ਮੰਡੀ ਅੰਦਰ ਝੋਨੇ ਦੀ ਆਵਾਜਾਈ ਲਈ ਟਰੱਕ ਯੂਨੀਅਨ ਵੱਲੋਂ ਭਰਪੂਰ ਸਹਿਯੋਗ ਦਿੱਤਾ ਜਾ ਰਿਹਾ ਹੈ ਅਤੇ ਕਿਸਾਨਾਂ ਦੇ ਹਿੱਤ ਵਿੱਚ ਹਰ ਸੰਭਵ ਕਦਮ ਚੁੱਕਿਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਵਿਧਾਇਕ ਸੁਖਾਨੰਦ ਦੀ ਦੂਰਦਰਸ਼ੀ ਸੋਚ ਤੇ ਪ੍ਰਬੰਧਕੀ ਯੋਗਤਾ ਕਰਕੇ ਮੰਡੀਆਂ ਵਿੱਚ ਝੋਨੇ ਦੀ ਖਰੀਦ ਪ੍ਰਕਿਰਿਆ ਬਿਨਾਂ ਕਿਸੇ ਰੁਕਾਵਟ ਦੇ ਜਾਰੀ ਹੈ।ਉਨ੍ਹਾਂ ਦੱਸਿਆ ਕਿ ਝੋਨਾ ਵੇਚਣ ਵਾਲੇ ਕਿਸਾਨਾਂ ਦੀਆਂ ਪੇਮੈਂਟਾਂ ਤੁਰੰਤ ਉਨ੍ਹਾਂ ਦੇ ਖਾਤਿਆਂ ਵਿੱਚ ਭੇਜੀਆਂ ਜਾ ਰਹੀਆਂ ਹਨ, ਜਿਸ ਨਾਲ ਕਿਸਾਨਾਂ ਨੂੰ ਰਾਹਤ ਮਿਲੀ ਹੈ ਤੇ ਉਨ੍ਹਾਂ ਦਾ ਵਿਸ਼ਵਾਸ ਸਰਕਾਰ ਪ੍ਰਤੀ ਹੋਰ ਮਜ਼ਬੂਤ ਹੋਇਆ ਹੈ।ਕਿਸਾਨਾਂ ਨੇ ਵੀ ਵਿਧਾਇਕ ਸੁਖਾਨੰਦ ਦੇ ਇਨ੍ਹਾਂ ਯਤਨਾਂ ਦੀ ਪ੍ਰਸੰਸਾ ਕੀਤੀ ਹੈ, ਕਿਉਂਕਿ ਪਹਿਲਾਂ ਦੇ ਸਾਲਾਂ ਦੀ ਤਰ੍ਹਾਂ ਇਸ ਵਾਰ ਖਰੀਦ ਪ੍ਰਕਿਰਿਆ ਵਿੱਚ ਕੋਈ ਦੇਰੀ ਨਹੀਂ ਹੋਈ।ਟਰੱਕ ਯੂਨੀਅਨ ਪ੍ਰਧਾਨ ਨੇ ਕਿਹਾ ਕਿ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੀ ਅਗਵਾਈ ਹੇਠ ਹਲਕਾ ਬਾਘਾ ਪੁਰਾਣਾ ਵਿੱਚ ਸਰਬਪੱਖੀ ਵਿਕਾਸ ਹੋ ਰਿਹਾ ਹੈ।ਚਾਹੇ ਗੱਲ ਸੜਕਾਂ ਦੇ ਨਿਰਮਾਣ ਦੀ ਹੋਵੇ, ਪਾਣੀ ਸਪਲਾਈ ਦੀ ਜਾਂ ਕਿਸਾਨਾਂ ਨਾਲ ਜੁੜੀਆਂ ਯੋਜਨਾਵਾਂ ਦੀ, ਹਰ ਪੱਖੋਂ ਹਲਕੇ ਵਿੱਚ ਵਧੀਆ ਕਾਰਜ ਹੋ ਰਹੇ ਹਨ।ਉਨ੍ਹਾਂ ਕਿਹਾ ਕਿ ਵਿਧਾਇਕ ਹਮੇਸ਼ਾ ਲੋਕਾਂ ਨਾਲ ਜੁੜੇ ਰਹਿੰਦੇ ਹਨ ਤੇ ਜਿੱਥੇ ਵੀ ਕਿਸੇ ਸਮੱਸਿਆ ਦੀ ਜਾਣਕਾਰੀ ਮਿਲਦੀ ਹੈ, ਉਨ੍ਹਾਂ ਦੇ ਹੱਲ ਲਈ ਤੁਰੰਤ ਕਾਰਵਾਈ ਕਰਦੇ ਹਨ।ਅੰਤਰਜੀਤ ਸਿੰਘ ਮੱਲਕੇ ਨੇ ਕਿਹਾ ਕਿ ਇਸ ਵਾਰ ਸਰਕਾਰੀ ਮੰਡੀਆਂ ਵਿੱਚ ਸਫਾਈ, ਤੋਲ ਪ੍ਰਕਿਰਿਆ, ਭਾਰ ਤੇ ਬੋਰੀਆਂ ਦੀ ਉਪਲਬਧਤਾ ਸਮੇਤ ਹਰ ਪੱਖ 'ਤੇ ਪ੍ਰਬੰਧ ਕਾਬਿਲ-ਏ-ਤਾਰੀਫ਼ ਹਨ। ਉਨ੍ਹਾਂ ਕਿਹਾ ਕਿ ਇਸ ਪ੍ਰਕਾਰ ਦੇ ਪ੍ਰਬੰਧਾਂ ਨਾਲ ਨਾ ਸਿਰਫ ਕਿਸਾਨਾਂ ਦਾ ਭਰੋਸਾ ਬਣਦਾ ਹੈ, ਸਗੋਂ ਸਰਕਾਰੀ ਪ੍ਰਣਾਲੀ 'ਤੇ ਲੋਕਾਂ ਦਾ ਵਿਸ਼ਵਾਸ ਵੀ ਵਧਦਾ ਹੈ।ਉਨ੍ਹਾਂ ਆਖਰ ਵਿੱਚ ਕਿਹਾ ਕਿ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੀ ਅਗਵਾਈ ਹੇਠ ਬਾਘਾ ਪੁਰਾਣਾ ਹਲਕਾ ਵਿਕਾਸ ਦੇ ਨਵੇਂ ਪੱਧਰ 'ਤੇ ਪਹੁੰਚ ਰਿਹਾ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਇਹ ਹਲਕਾ ਪੰਜਾਬ ਦੇ ਸਭ ਤੋਂ ਵਿਕਸਤ ਖੇਤਰਾਂ ਵਿੱਚ ਸ਼ਾਮਲ ਹੋਵੇਗਾ।

# ਦੋ-ਰੋਜ਼ਾ ਸਹੋਦਿਆ ਦਾ ਵਾਲੀਬਾਲ ਟੂਰਨਾਮੈਂਟ ਯਾਦਗਾਰ ਹੋ ਨਿੱਬੜਿਆ



**ਜਗਰਾਉਂ (ਅਮਿਤ ਖੰਨਾ)**-ਬਲੌਸਮਜ਼ ਕਾਨਵੈਂਟ ਸਕੂਲ ਵਿਖੇ ਲੁਧਿਆਣਾ ਸਹੋਦਿਆ ਸਕੂਲਜ਼ ਕੰਪਲੈਕਸ ਦੇ ਦੋ-ਰੋਜ਼ਾ ਵਾਲੀਬਾਲ ਟੂਰਨਾਮੈਂਟ ਵਿੱਚ ਅੰਡਰ-19 ਤੇ ਅੰਡਰ-14 ਮੁੰਡੇ-ਕੁੜੀਆਂ ਦੀਆਂ ਲੱਗਭੱਗ 48 ਟੀਮਾਂ ਪਹੁੰਚੀਆਂ।ਲਗਾਤਾਰ ਦੋ ਦਿਨ ਚੱਲੇ ਇਸ ਟੂਰਨਾਮੈਂਟ ਵਿੱਚ ਹਰ ਇੱਕ ਖਿਡਾਰੀ ਨੇ ਆਪਣੀ ਪ੍ਰਤਿਭਾ ਦਿਖਾਈ ਤੇ ਦਿਨ ਦੇ ਛਿਪਾਅ ਨਾਲ ਨਤੀਜਿਆਂ ਵੱਲ ਪਹੁੰਚਦੀਆਂ ਟੀਮਾਂ ਵਿੱਚ ਅੰਡਰ-14 ਮੁੰਡਿਆਂ ਵਿੱਚ ਬਾਲ-ਭਾਰਤੀ ਸਕੂਲ ਪਹਿਲੇ, ਡੀ ਸੀ ਐੱਮ ਪ੍ਰੈਜ਼ੀਡੈਂਸੀ ਦੂਸਰੇ ਤੇ ਬੀ ਵੀ ਐੱਮ ਤੀਸਰੇ ਸਥਾਨ 'ਤੇ ਰਹੇ, ਅੰਡਰ-14 ਕੁੜੀਆਂ ਵਿੱਚ ਡੀ ਏ ਵੀ ਪੱਖੋਵਾਲ ਪਹਿਲੇ, ਬਲੌਸਮਜ਼ ਕਾਨਵੈਂਟ ਦੂਸਰੇ ਤੇ ਡੀਏਵੀ ਬੀ ਆਰ ਐੱਸ ਨਗਰ ਤੀਸਰੇ ਸਥਾਨ 'ਤੇ ਰਹੇ, ਅੰਡਰ-19 ਕੁੜੀਆਂ ਵਿੱਚ ਸਪਰਿੰਗ ਡੇਲ ਪਬਲਿਕ ਸਕੂਲ ਪਹਿਲੇ, ਬਲੌਸਮਜ਼ ਕਾਨਵੈਂਟ ਸਕੂਲ ਦੂਸਰੇ ਤੇ ਦਰਸ਼ਨ ਅਕੈਡਮੀ ਤੀਸਰੇ ਸਥਾਨ 'ਤੇ ਰਹੇ, ਅੰਡਰ-19 ਮੁੰਡਿਆਂ ਵਿੱਚ ਬੀ ਸੀ ਐੱਮ 32 ਸੈਕਟਰ ਪਹਿਲੇ, ਬੀ ਵੀ ਐੱਮ ਊਧਮ ਸਿੰਘ ਨਗਰ ਦੂਸਰੇ ਤੇ ਬੀ ਸੀ ਐੱਮ ਦੁੱਗਰੀ ਬਸੰਤ ਐਵੀਨਿਊ ਤੀਸਰੇ ਸਥਾਨ 'ਤੇ ਰਹੇ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਨਵਨੀਤ ਕੌਰ ਨੇ ਖੇਡ ਮੈਦਾਨ ਵਿੱਚ ਮੈਚ ਦੇਖਦੇ ਹੋਏ ਸਾਰੇ ਹੀ ਖਿਡਾਰੀਆਂ ਨੂੰ ਸੰਬੋਧਨ ਕੀਤਾ ਕਿ ਕਿਸੇ ਨਤੀਜੇ 'ਤੇ ਪਹੁੰਚਣ ਲਈ ਜਿੱਤ ਤੇ ਹਾਰ ਤਾਂ ਤਹਿ ਹੁੰਦੀ ਹੈ, ਪਰ ਹਾਰ ਤੋਂ ਸਾਨੂੰ ਆਪਣੀਆਂ ਗਲਤੀਆਂ ਦਾ ਪਤਾ ਲਗਦਾ ਹੈ, ਜੋ ਸਾਨੂੰ ਆਉਣ ਵਾਲੇ ਸਮੇਂ ਵਿੱਚ ਜਿੱਤਾਂ ਵੱਲ ਲੈ ਕੇ ਜਾਂਦੀਆਂ ਹਨ। ਉਨ੍ਹਾਂ ਸਾਰੀਆਂ ਜੇਤੂ ਟੀਮਾਂ ਨੂੰ ਉਨ੍ਹਾਂ ਦੇ ਕੋਚ ਸਾਹਿਬਾਨਾਂ ਨੂੰ ਵਧਾਈ ਦਿੱਤੀ।ਉਨ੍ਹਾਂ ਸਕੂਲ ਦੇ ਡੀ ਪੀ ਈ ਸਾਹਿਬਾਨ ਮਿ. ਅਮਨਦੀਪ ਸਿੰਘ, ਮਿ. ਸੁਖਜਿੰਦਰ ਸਿੰਘ, ਮਿਸਿਜ਼ ਦਲਜੀਤ ਕੌਰ, ਮਿਸਿਜ਼ ਗੁਰਪ੍ਰੀਤ ਕੌਰ ਤੇ ਜਿੰਨੇ ਵੀ ਟੂਰਨਾਮੈਂਟ ਵਿੱਚ ਡਿਊਟੀ ਨਿਭਾਅ ਰਹੇ ਅਧਿਆਪਕ ਸਾਹਿਬਾਨ ਦਾ ਤਨਦੇਹੀ ਨਾਲ ਟੂਰਨਾਮੈਂਟ ਨੂੰ ਹਰ ਪੱਖੋਂ ਨੇਪਰੇ ਚਾੜ੍ਹਨ ਲਈ ਵਿਸ਼ੇਸ਼ ਧੰਨਵਾਦ ਕੀਤਾ।ਜੇਤੂਆਂ ਨੂੰ ਟਰਾਫੀਆਂ ਤੇ ਮੈਡਲ ਦਿੱਤੇ ਗਏ।ਇਸ ਮੌਕੇ ਸਕੂਲ ਦੇ ਪ੍ਰੈਜ਼ੀਡੈਂਟ ਮਨਪ੍ਰੀਤ ਸਿੰਘ ਬਰਾੜ ਨੇ ਵੀ ਸਾਰੇ ਖਿਡਾਰੀਆਂ ਨੂੰ ਅਸ਼ੀਰਵਾਦ ਦਿੱਤਾ ਤੇ ਕਿਹਾ ਕਿ ਖੇਡਾਂ ਸਾਡੇ ਜੀਵਨ ਦਾ ਮਹੱਤਵਪੂਰਨ ਅੰਗ ਹਨ।

# ਦੇਵ ਸਮਾਜ ਕਾਲਜ ਫਾਰ ਵੂਮੈਨ ਦੇ ਭੌਤਿਕ ਵਿਗਿਆਨ ਵਿਭਾਗ ਵੱਲੋਂ ਵਰਕਸ਼ਾਪ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਦੇਵ ਸਮਾਜ ਕਾਲਜ ਫਾਰ ਵੂਮੈਨ ਕਾਲਜ ਦੇ ਪੋਸਟ ਗ੍ਰੈਜੂਏਟ ਭੌਤਿਕ ਵਿਗਿਆਨ ਵਿਭਾਗ ਵੱਲੋਂ ਸੀ ਵੀ ਰਮਨ ਕਲੱਬ ਦੇ ਸਹਿਯੋਗ ਨਾਲ 'ਕੇਰੀਅਰ ਆਪਸ਼ਨਜ਼ ਇਨ ਰਿਸਰਚ ਇਨ ਐਸਟਰੋਨੋਮੀ ਐਂਡ ਐਸਟਰੋਫਿਜ਼ਿਕਸ' ਵਿਸ਼ੇ 'ਤੇ ਵਰਕਸ਼ਾਪ ਦਾ ਆਯੋਜਨ 25 ਅਕਤੂਬਰ 2025 ਨੂੰ ਕਾਲਜ ਦੇ ਆਡੀਟੋਰੀਅਮ ਵਿੱਚ ਕੀਤਾ ਗਿਆ। ਇਹ ਵਰਕਸ਼ਾਪ ਡੀਐੱਸਟੀ ਕਿਊਰੀ ਗ੍ਰਾਂਟ ਸਕੀਮ ਤੇ ਆਈਕਿਊਏਸੀ ਦੀ ਪਹਿਲ ਹੇਠ ਆਯੋਜਿਤ ਕੀਤੀ ਗਈ। ਇਸ ਵਰਕਸ਼ਾਪ ਦੇ ਰਿਸੋਰਸ ਪਰਸਨ ਡਾ. ਯਸ਼ਵੰਤ ਗੁਪਤਾ, ਡਿਸਟਿੰਗਵਿਸ਼ਡ ਪ੍ਰੋਫੈਸਰ (ਜੇ) ਅਤੇ ਸੈਂਟਰ ਡਾਇਰੈਕਟਰ, ਨੈਸ਼ਨਲ ਸੈਂਟਰ ਫਾਰ ਰੇਡੀਓ ਐਸਟਰੋਫਿਜ਼ਿਕਸ, ਟਾਟਾ ਇੰਸਟੀਚਿਊਟ ਆਫ ਫੰਡਾਮੈਂਟਲ ਰਿਸਰਚ (ਟੀਆਈਐੱਫਆਰ), ਸਾਵਿਤ੍ਰੀਬਾਈ ਫੂਲੇ ਪੁਨੇ ਯੂਨੀਵਰਸਿਟੀ ਕੈਂਪਸ, ਪੁਨੇ, ਮਹਾਰਾਸ਼ਟਰ ਸਨ। ਡਾ. ਗੁਪਤਾ ਨੇ ਵਿਦਿਆਰਥੀਆਂ ਨੂੰ ਖਗੋਲ ਵਿਗਿਆਨ ਤੇ ਖਗੋਲ ਭੌਤਿਕ ਵਿਗਿਆਨ ਦੀ ਰੋਮਾਂਚਕ ਦੁਨੀਆ ਬਾਰੇ ਕੀਮਤੀ ਜਾਣਕਾਰੀਆਂ ਦਿੱਤੀਆਂ ਤੇ ਇਨ੍ਹਾਂ ਤੇਜ਼ੀ ਨਾਲ ਵਿਕਸਤ ਹੋ ਰਹੇ ਖੇਤਰਾਂ ਵਿੱਚ ਉਪਲਬਧ ਵੱਖ-ਵੱਖ ਕੈਰੀਅਰ ਮੌਕੇ ਤੇ ਰਿਸਰਚ ਦੇ ਖੇਤਰਾਂ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ। ਸੈਸ਼ਨ ਦੇ ਅੰਤ 'ਤੇ ਪ੍ਰਸ਼ਨੋਤਰੀ ਦਾ ਦੌਰ ਵੀ ਰਿਹਾ, ਜਿਸ ਨਾਲ ਵਿਦਿਆਰਥੀਆਂ ਵਿੱਚ ਵਿਗਿਆਨਕ ਉਤਕ੍ਰਿਸ਼ਟਤਾ ਤੇ ਅੰਤਰਿਕਸ਼ ਵਿਗਿਆਨ ਦੇ ਖੇਤਰ ਵਿੱਚ ਰਿਸਰਚ ਕਰੀਅਰ ਦੀ ਪ੍ਰੇਰਣਾ ਜਾਗ੍ਰਿਤ ਹੋਈ। ਪ੍ਰਿੰਸੀਪਲ ਡਾ. ਸੰਗੀਤਾ ਨੇ ਪ੍ਰੋਗਰਾਮ ਦੇ ਸਫਲ ਆਯੋਜਨ 'ਤੇ ਵਿਭਾਗ ਦੇ ਮੁਖੀ ਡਾ. ਆਸ਼ਾ ਤੇ ਭੌਤਿਕ ਵਿਗਿਆਨ ਵਿਭਾਗ ਦੇ ਸਾਰੇ ਅਧਿਆਪਕਾਂ ਨੂੰ ਵਧਾਈ ਦਿੱਤੀ। ਇਸ ਦੇ ਨਾਲ ਹੀ ਉਨ੍ਹਾਂ ਵਿਦਿਆਰਥਣਾਂ ਨੂੰ ਗਤੀਵਿਧੀਆਂ ਵਿੱਚ ਭਾਗ ਲੈਂਦੇ ਰਹਿਣ ਲਈ ਪ੍ਰੇਰਿਤ ਕੀਤਾ।

# ਪੱਤਰਕਾਰ ਵੇਦ ਤਾਇਲ ਦੀ ਬਰਸੀ 'ਤੇ ਸ੍ਰੀ ਰਮਾਇਣ ਪਾਠ ਦਾ ਭੋਗ ਪਾਇਆ

**ਭੀਖੀ (ਧਰਮਵੀਰ ਸ਼ਰਮਾ)**-ਸ੍ਰੀ ਸਨਾਤਨ ਧਰਮ ਮਹਾਵੀਰ ਦਲ ਪੰਜਾਬ ਭੀਖੀ ਵੱਲੋਂ ਸਥਾਨਕ ਸ਼ਿਵ ਮੰਦਰ ਵਿਖੇ ਮਰਹੂਮ ਪੱਤਰਕਾਰ ਵੇਦ ਪ੍ਰਕਾਸ਼ ਤਾਇਲ ਦੀ ਪਹਿਲੀ ਬਰਸੀ 'ਤੇ ਸ੍ਰੀ ਰਮਾਇਣ ਪਾਠ ਦਾ ਭੋਗ ਪਾਇਆ ਗਿਆ।ਇਸ ਮੌਕੇ ਪ੍ਰਧਾਨ ਅਸ਼ੋਕ ਕੁਮਾਰ ਬੱਗਾ, ਸਕੱਤਰ ਵਰਿੰਦਰ ਜਿੰਦਲ, ਕੈਸ਼ੀਅਰ ਸੁਭਾਸ਼ ਜਿੰਦਲ ਨੇ ਕਿਹਾ ਕਿ ਸਵ. ਵੇਦ ਪ੍ਰਕਾਸ਼ ਤਾਇਲ ਨੇ ਜਿੱਥੇ ਆਪਣੀ ਕਲਮ ਰਾਹੀਂ ਸਮਾਜ ਨੂੰ ਦਰਪੇਸ਼ ਸਮੱਸਿਆਵਾਂ ਨੂੰ ਦਲੇਰੀ ਨਾਲ ਉਭਾਰਿਆ, ਉਥੇ ਉਹ ਧਾਰਮਿਕ ਪ੍ਰਵਿਰਤੀ ਵਾਲੇ ਵਿਅਕਤੀ ਵੀ ਸਨ।ਉਹ ਲੰਮਾ ਸਮਾਂ ਸ੍ਰੀ ਸਨਾਤਨ ਧਰਮ ਪੰਜਾਬ ਮਹਾਵੀਰ ਦਲ ਦੇ ਸਰਗਰਮ ਮੈਂਬਰ ਵੀ ਰਹੇ ਤੇ ਦਲ ਦੀਆਂ ਗਤੀਵਿਧੀਆਂ ਦੇ ਨਾਲ ਨਾਲ ਸਮਾਜਿਕ ਕਾਰਜਾਂ ਵਿੱਚ ਵੀ ਆਪਣੇ ਅਹਿਮ ਭੂਮਿਕਾ ਨਿਭਾਉਂਦੇ ਰਹੇ।ਇਸ ਮੌਕੇ ਸੰਸਥਾ ਦੇ ਮੈਂਬਰਾਂ ਤੋਂ ਇਲਾਵਾ ਸਮਾਜ ਦੇ ਵੱਖ ਵੱਖ ਵਰਗ ਦੇ ਨੁਮਾਇੰਦਿਆਂ ਤੋਂ ਇਲਾਵਾ ਪੱਤਰਕਾਰ ਐਸੋਸੀਏਸ਼ਨ ਵੱਲੋਂ ਵੀ ਉਨ੍ਹਾਂ ਨੂੰ ਭਾਵਭਿੰਨੀ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਸਮੇਂ ਉਨ੍ਹਾਂ ਦੇ ਪਰਿਵਾਰ ਦਾ ਵਿਸ਼ੇਸ਼ ਸਨਮਾਨ ਕਰਕੇ ਹਮਦਰਦੀ ਜਤਾਈ ਗਈ।ਇਸ ਮੌਕੇ ਬਾਬਾ ਸੁਖਰਾਜ ਦਾਸ, ਰਜਿੰਦਰ ਰਾਜੀ, ਭੀਮ ਸੈਨ, ਪ੍ਰਮੋਦ ਸਿੰਗਲਾ, ਗਗਨਦੀਪ ਮਿੱਤਲ, ਗੁਲਸ਼ਨ ਮਿੱਤਲ, ਪ੍ਰੇਮ ਮਿੱਤਲ ਰੂਬੀ, ਵਿੱਕੀ ਜਿੰਦਲ, ਸੰਦੀਪ ਜਿੰਦਲ, ਸੋਨੂੰ ਸ਼ਰਮਾ, ਵਿਪਨ ਗੰਢੀ, ਮਿੱਠੂ ਠੇਕੇਦਾਰ, ਪ੍ਰਿੰਸ ਬਾਂਸਲ, ਲਲਿਤ ਸਿੰਗਲਾ ਮਾਨਸਾ ਤੋਂ ਇਲਾਵਾ ਦਲ ਦੇ ਸਮੂਹ ਮੈਂਬਰ ਤੇ ਪੱਤਰਕਾਰ ਭਾਈਚਾਰਾ ਵੀ ਹਾਜ਼ਰ ਸੀ।



# ਸਟਰੀਮ ਲਾਈਨ ਵੈੱਲਫੇਅਰ ਸੁਸਾਇਟੀ ਵੱਲੋਂ ਮੀਟਿੰਗ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਮਾਜ ਸੇਵੀ ਸੰਸਥਾ ਸਟਰੀਮ ਲਾਈਨ ਵੈੱਲਫੇਅਰ ਸੁਸਾਇਟੀ ਫਿਰੋਜ਼ਪੁਰ ਦੀ ਮੀਟਿਗ ਦੀਵਾਨ ਚੰਦ ਸਖੀਜਾ ਚੇਅਰਮੈਨ ਦੀ ਪ੍ਰਧਾਨਗੀ ਹੇਠ ਬਲਾਇੰਡ ਹੋਮ ਨੇੜੇ ਮੱਖੂ ਗੇਟ ਫਿਰੋਜ਼ਪੁਰ ਵਿਖੇ ਹੋਈ। ਮੀਟਿੰਗ ਵਿੱਚ ਸੁਸਾਇਟੀ ਵੱਲੋਂ ਕੀਤੇ ਪਿਛਲੇ ਕੰਮਾਂ ਦਾ ਰੀਵਿਊ ਕੀਤਾ ਗਿਆ ਤੇ ਆਉਣ ਵਾਲੇ ਸਮੇਂ ਵਿੱਚ ਕੀਤੇ ਜਾਣ ਵਾਲੇ ਸਮਾਜ ਸੇਵੀ ਕੰਮਾਂ 'ਤੇ ਵਿਚਾਰ ਵਟਾਂਦਰਾ ਕੀਤਾ। ਮੀਟਿੰਗ ਵਿੱਚ ਸੋਸਾਇਟੀ ਮੈਂਬਰਾਂ ਨੇ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਕਿ 14 ਨਵੰਬਰ ਨੂੰ ਪੰਡਿਤ ਜਵਾਹਰ ਲਾਲ ਨਹਿਰੂ ਦੇ ਜਨਮ ਦਿਨ 'ਤੇ ਬਾਲ ਦਿਵਸ ਮਨਾਇਆ ਜਾਵੇਗਾ।

ਇਸ ਸਮੇਂ ਸਿਹਤ ਵਿਭਾਗ ਦੇ ਸਹਿਯੋਗ ਨਾਲ ਬਾਲ ਦਿਵਸ 'ਤੇ ਡੇਂਗੂ, ਮਲੇਰੀਆ ਬਿਮਾਰੀਆਂ ਦੇ ਬਚਾ ਲਈ ਚਾਨਣਾ ਵੀ ਪਾਇਆ ਜਾਵੇਗਾ। ਮੀਟਿੰਗ ਵਿੱਚ ਕਿਸ਼ਨ ਚੰਦ ਜਾਗੋਵਾਲੀਆ ਪ੍ਰਧਾਨ, ਪ੍ਰਵੀਨ ਕੁਮਾਰ ਧਵਨ ਜਨਰਲ ਸਕੱਤਰ, ਦੇਸ਼ ਰਾਜ ਸ਼ਰਮਾ ਮੀਤ ਪ੍ਰਧਾਨ, ਪੁਸ਼ਪ ਲਤਾ ਜਾਇੰਟ ਸਕੱਤਰ, ਡਾਕਟਰ ਰਜਿੰਦਰ ਗਿਰਧਰ, ਅਬਨਾਸ਼ ਤਲਵਾਰ, ਪ੍ਰੇਮ ਦੁਲਾਰੀ, ਸਰਵ ਹਤੈਸ਼ੀ ਭਾਟੀਆ, ਸਤੀਸ਼ ਕੁਮਾਰ ਵਧਵਾ, ਅਰੁਣ ਕੁਮਾਰ ਅਗਰਵਾਲ, ਅਵਤਾਰ ਸਿੰਘ, ਸਤਪਾਲ ਗੋਇਲ, ਅਮਰਨਾਥ ਗੁਪਤਾ ਤੇ ਸ਼ਾਮ ਬਿਹਾਰੀ ਜੈਸਵਾਲ ਹਾਜ਼ਰ ਸਨ।

## ਵੱਖ-ਵੱਖ ਪੜਾਵਾਂ 'ਚੋਂ ਗੁਜ਼ਰਦੀ ਪ੍ਰਭਾਤ ਫੇਰੀ ਪੱਤਰਕਾਰ ਗੋਇਲ ਦੇ ਗ੍ਰਹਿ ਪੁੱਜੀ



**ਬਠਿੰਡਾ (ਰਾਜੀਵ ਗੋਇਲ)**-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਜ਼ਿਲ੍ਹੇ ਦੇ ਕਸਬਾ ਭਗਤਾ ਵਿਖੇ ਬਾਬਾ ਵਿਸ਼ਵਕਰਮਾ ਗੁਰਦੁਆਰਾ ਕਮੇਟੀ ਵੱਲੋਂ ਸ਼ੁਰੂ ਕੀਤੀ ਗਈ ਪ੍ਰਭਾਤਫੇਰੀ ਵੱਖੋ-ਵੱਖ ਪੜਾਵਾਂ ਵਿੱਚੋਂ ਗੁਜ਼ਰਦੀ ਹੋਈ ਪੱਤਰਕਾਰ ਰਾਜੀਵ ਗੋਇਲ ਦੇ ਗ੍ਰਹਿ ਵਿਖੇ ਪੁੱਜੀ, ਜਿੱਥੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ ਅਤੇ ਆਈਆਂ ਹੋਈਆਂ ਸੰਗਤਾਂ ਨੂੰ ਚਾਹ ਪਾਣੀ ਦਾ ਲੰਗਰ ਵਰਤਾਇਆ ਗਿਆ।ਗੱਲਬਾਤ ਕਰਦਿਆਂ ਪੱਤਰਕਾਰ ਗੋਇਲ ਵੱਲੋਂ ਇਨਸਾਨ ਨੂੰ ਧਰਮ ਨਾਲ ਜੋੜਨ ਸੰਬੰਧੀ ਤੇ ਪ੍ਰਕਾਸ਼ ਪੁਰਬ ਮਨਾਉਣ ਦੇ ਕਮੇਟੀ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ ਅਤੇ ਗ੍ਰਹਿ ਵਿਖੇ ਸੰਗਤਾਂ ਦੇ ਪੁੱਜਣ 'ਤੇ ਵਿਸ਼ੇਸ਼ ਧੰਨਵਾਦ ਕੀਤਾ ਗਿਆ।ਇਸ ਮੌਕੇ ਸਮੂਹ ਕਮੇਟੀ ਵੱਲੋਂ ਪੱਤਰਕਾਰ ਗੋਇਲ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ।

## ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ 'ਚ ਸਾਇੰਸ ਮੇਲਾ ਕਰਵਾਇਆ



**ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)**-ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇਵੀਗੜ੍ਹ ਵੱਲੋਂ ਪਟਿਆਲਾ ਸਹੋਦਿਆ ਸਕੂਲ ਕੰਪਲੈਕਸ ਅਧੀਨ ਸਾਇੰਸ ਫੈਸਟ ਸਾਇੰਸ ਸਪਾਰਕ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ।ਇਸ ਵਿਗਿਆਨ ਮੇਲੇ ਵਿੱਚ ਪਟਿਆਲਾ ਜ਼ਿਲ੍ਹੇ ਦੇ 26 ਸਕੂਲਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਸਮਾਰੋਹ ਦੀ ਸ਼ੁਰੂਆਤ ਦੀਪ ਪ੍ਰਜਵਲਨ ਸਮਾਰੋਹ ਨਾਲ ਕੀਤੀ ਗਈ, ਜਿਸ ਤੋਂ ਬਾਅਦ ਮਾਤਾ ਗੁਜਰੀ ਸਕੂਲ ਦੇ ਵਿਦਿਆਰਥੀਆਂ ਵੱਲੋਂ ਸੁਰੀਲੀ ਸਰਸਵਤੀ ਵੰਦਨਾ ਪੇਸ਼ ਕੀਤੀ ਗਈ।ਫੈਸਟ ਦੌਰਾਨ ਵੱਖ-ਵੱਖ ਜਮਾਤਾਂ ਲਈ ਪੰਜ ਵਿਗਿਆਨਕ ਗਤੀਵਿਧੀਆਂ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚ ਖੋਜ, ਨਵੀਨਤਾ ਤੇ ਵਿਗਿਆਨਕ ਦ੍ਰਿਸ਼ਟੀਕੋਣ ਨੂੰ ਪ੍ਰੋਤਸ਼ਾਹਤ ਕੀਤਾ।ਅੰਤ ਵਿੱਚ ਆਏ ਹੋਏ ਸਨਮਾਨਯੋਗ ਜੱਜਾਂ ਤੇ ਮੁੱਖ ਮਹਿਮਾਨ ਦਾ ਸਤਿਕਾਰ ਕੀਤਾ ਗਿਆ।ਸਕੂਲ ਦੇ ਡਾਇਰੈਕਟਰ ਸ. ਭੁਪਿੰਦਰ ਸਿੰਘ, ਪ੍ਰੈਜ਼ੀਡੈਂਟ ਰਵਿੰਦਰ ਕੌਰ, ਪ੍ਰਿੰਸੀਪਲ ਮਮਤਾ ਮੌਂਗਾ, ਸੁਕਰਮਨ ਸਿੰਘ, ਅਕਾਦਮਿਕ ਡਾਇਰੈਕਟਰ ਤੇਜਿੰਦਰ ਕੌਰ ਵਾਲੀਆ ਤੇ ਸਮੂਹ ਮਾਤਾ ਗੁਜਰੀ ਸਟਾਫ ਨੇ ਸਾਰੇ ਭਾਗੀਦਾਰ ਸਕੂਲਾਂ, ਵਿਦਿਆਰਥੀਆਂ ਤੇ ਅਧਿਆਪਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

## ਪੀ ਜੀ ਆਈ ਨੇ ਸੁਰੱਖਿਆ ਢਾਂਚੇ ਦੀ ਮਜ਼ਬੂਤੀ ਹਿੱਤ 287 ਸਾਬਕਾ ਸੈਨਿਕਾਂ ਦੀ ਕੀਤੀ ਭਰਤੀ



**ਸਮਰਾਲਾ (ਸੁਰਜੀਤ ਸਿੰਘ)**- ਪੀਜੀਆਈ ਚੰਡੀਗੜ੍ਹ ਦੇ ਪ੍ਰਸ਼ਾਸਨਕ ਤੇ ਸੁਰੱਖਿਆ ਢਾਂਚੇ ਨੂੰ ਮਜ਼ਬੂਤ ਕਰਨ ਲਈ ਨਿਰਦੇਸ਼ਕ ਪ੍ਰੋ. ਵਿਵੇਕ ਲਾਲ ਨਿੱਤ ਨਵੇਂ ਬਦਲਾਵਾਂ ਨੂੰ ਅੰਜਾਮ ਦੇ ਰਹੇ ਹਨ।ਇਸ ਸਿਲਸਿਲੇ ਦੇ ਤਹਿਤ ਪੀਜੀਆਈ ਦੇ ਸੁਰੱਖਿਆ ਢਾਂਚੇ ਨੂੰ ਮਜ਼ਬੂਤ ਕਰਨ ਲਈ ਇਸ ਸਿਹਤ ਸੰਸਥਾ ਨੇ ਫੌਜ ਦੇ 287 ਸਾਬਕਾ ਸੈਨਿਕਾਂ ਦੀ ਭਰਤੀ ਕੀਤੀ ਹੈ।ਇਸ ਮੌਕੇ ਪ੍ਰੋ. ਵਿਵੇਕ ਲਾਲ ਨੇ ਕਿਹਾ ਕਿ ਫੌਜ ਦੇ ਸਾਬਕਾ ਸੈਨਿਕਾਂ ਨੂੰ ਨਵੇਂ ਸੁਰੱਖਿਆ ਕਰਮਚਾਰੀਆਂ ਵਜੋਂ ਸ਼ਾਮਲ ਕਰਦੇ ਹੋਏ ਪੀਜੀਆਈ ਇੱਕ ਹੋਰ ਕਦਮ ਸੁਰੱਖਿਅਤ, ਜ਼ਿੰਮੇਵਾਰ ਤੇ ਮਰੀਜ਼-ਦੋਸਤਾਨਾ ਵਾਤਾਵਰਣ ਵੱਲ ਵਧ ਰਿਹਾ ਹੈ।ਇਨ੍ਹਾਂ ਸਾਬਕਾ ਸੈਨਿਕਾਂ ਦੀ ਅਨੁਸ਼ਾਸਨਸ਼ੀਲਤਾ ਤੇ ਨਿਭਾਅ ਦੀ ਭਾਵਨਾ ਸਾਡੇ ਸੰਸਥਾਗਤ ਢਾਂਚੇ ਨੂੰ ਮਜ਼ਬੂਤੀ ਪ੍ਰਦਾਨ ਕਰੇਗੀ।ਇਹ ਸਮਾਰੋਹ, ਜੋ ਪੀਜੀਆਈ ਚੰਡੀਗੜ੍ਹ ਵਿੱਚ ਸੰਸਥਾਗਤ ਸੁਰੱਖਿਆ ਤੇ ਪ੍ਰਬੰਧਕੀ ਕੁਸ਼ਲਤਾ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ, ਵਿੱਚ ਸਾਰੇ 287 ਨਵੇਂ ਸੁਰੱਖਿਆ ਕਰਮਚਾਰੀ ਯੂਨੀਫਾਰਮ ਵਿੱਚ ਸ਼ਾਮਲ ਹੋਏ।ਇਸ ਮੌਕੇ ਪੰਕਜ ਰਾਏ ਡਿਪਟੀ ਡਾਇਰੈਕਟਰ ਪ੍ਰਸ਼ਾਸਨ, ਰਵਿੰਦਰ ਸਿੰਘ ਫਾਇਨੈਂਸ਼ਲ ਐਡਵਾਈਜ਼ਰ-ਕਮ-ਚੀਫ ਅਕਾਊਂਟੈਂਟ, ਪ੍ਰੋ. ਅਸ਼ੋਕ ਕੁਮਾਰ ਐਕਟਿੰਗ ਮੈਡੀਕਲ ਸੁਪਰਿੰਟੈਂਡੈਂਟ ਤੇ ਡਾ. ਰਣਜੀਤ ਪਾਲ ਸਿੰਘ ਭੋਗਲ ਸਹਾਇਕ ਪ੍ਰੋਫੈਸਰ, ਹਸਪਤਾਲ ਪ੍ਰਸ਼ਾਸਨ ਵਿਭਾਗ ਸਮੇਤ ਕਈ ਅਧਿਕਾਰੀ, ਅਧਿਆਪਕ ਤੇ ਪ੍ਰਸ਼ਾਸਕੀ ਮੈਂਬਰ ਹਾਜ਼ਰ ਸਨ।ਨਿਰਦੇਸ਼ਕ ਪੀਜੀਆਈ ਨੇ ਅੱਗੇ ਦੱਸਿਆ ਕਿ ਪੀਜੀਆਈ ਨੇ ਇਹ ਸੈਨਿਕ ਆਪਣੇ ਸਾਲਾਂ ਦੇ ਸੈਨਿਕ ਅਨੁਭਵ ਨਾਲ ਜਾਗਰੂਕਤਾ, ਇਮਾਨਦਾਰੀ ਤੇ ਸੰਕਟ ਪ੍ਰਬੰਧਨ ਦੀ ਵਿਲੱਖਣ ਸਮਰੱਥਾ ਲਿਆਉਂਦੇ ਹਨ।ਉਨ੍ਹਾਂ ਦੀ ਸ਼ਮੂਲੀਅਤ ਪੀਜੀਆਈ ਦੇ ਰਾਸ਼ਟਰੀ ਸੇਵਾ ਪ੍ਰਤੀ ਸਮਰਪਣ ਨੂੰ ਦਰਸਾਉਂਦੀ ਹੈ ਤੇ ਭਾਰਤ ਦੀਆਂ ਹੋਰ ਸਰਕਾਰੀ ਸੰਸਥਾਵਾਂ ਲਈ ਇਕ ਮਿਸਾਲ ਸੈੱਟ ਕਰਦੀ ਹੈ।

## ਕਾਂਗਰਸ ਤਰਨ ਤਾਰਨ ਜ਼ਿਮਨੀ ਚੋਣ ਜਿੱਤ ਕੇ 2027 ਦੀਆਂ ਚੋਣਾਂ ਦੀ ਜਿੱਤ ਦਾ ਮੁੱਢ ਬੰਨੇਗੀ : ਕ੍ਰਿਸ਼ਨ ਤਿਵਾੜੀ



**ਕੋਟ ਈਸੇ ਖਾਂ (ਅਰੋੜਾ)**-ਕਾਂਗਰਸ ਹਾਈਕਮਾਂਡ ਤੇ ਕਾਂਗਰਸੀ ਆਗੂਆਂ ਵੱਲੋਂ ਤਰਨਤਾਰਨ ਜ਼ਿਮਨੀ ਚੋਣਾਂ ਵਿੱਚ ਕਾਂਗਰਸ ਪਾਰਟੀ ਦੇ ਉਮੀਦਵਾਰ ਕਰਨਬੀਰ ਸਿੰਘ ਬੁਰਜ ਦੇ ਹੱਕ ਵਿੱਚ ਜ਼ੋਰਦਾਰ ਚੋਣ ਪ੍ਰਚਾਰ ਕੀਤਾ ਜਾ ਰਿਹਾ ਹੈ, ਜਿਸ ਸਦਕਾ ਹਲਕਾ ਵਾਸੀਆਂ ਵੱਲੋਂ ਕਾਂਗਰਸੀ ਉਮੀਦਵਾਰ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਤੇ ਲੋਕ ਕਾਂਗਰਸੀ ਉਮੀਦਵਾਰ ਨੂੰ ਜਿਤਾਉਣ ਦਾ ਮਨ ਬਣਾਈ ਬੈਠੇ ਹਨ ਅਤੇ ਤਰਨਤਾਰਨ ਜ਼ਿਮਨੀ ਚੋਣ ਵਿੱਚ ਕਾਂਗਰਸ ਇਹ ਸੀਟ ਜਿੱਤ ਤੇ ਅਗਾਮੀ 2027 ਦੀਆਂ ਵਿਧਾਨ ਸਭਾ ਚੋਣਾਂ ਦੀ ਜਿੱਤ ਦਾ ਮੁੱਢ ਬੰਨੇਗੀ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਮੈਂਬਰ ਪੀ ਸੀ ਸੀ ਕ੍ਰਿਸ਼ਨ ਤਿਵਾੜੀ ਨੇ ਕਾਂਗਰਸੀ ਉਮੀਦਵਾਰ ਦੇ ਹੱਕ ਵਿੱਚ ਕਾਂਗਰਸ ਦੀ ਹਾਈਕਮਾਂਡ ਨਾਲ ਚੋਣ ਪ੍ਰਚਾਰ ਕਰਦਿਆਂ ਕੀਤਾ। ਤਿਵਾੜੀ ਨੇ ਕਿਹਾ ਕਿ ਆਪ ਸਰਕਾਰ ਦੀ ਲਗਭਗ 4 ਵਰ੍ਹਿਆਂ ਦੀ ਕਾਰਗੁਜ਼ਾਰੀ ਪੂਰੀ ਤਰ੍ਹਾਂ ਨਾਲ ਫੇਲ੍ਹ ਰਹੀ ਹੈ, ਜਿਸ ਕਰਕੇ ਪੰਜਾਬੀਆਂ ਦਾ ਵਿਸ਼ਵਾਸ ਇਸ ਸਰਕਾਰ ਤੋਂ ਉੱਠ ਚੁੱਕਿਆ ਹੈ।ਉਨ੍ਹਾ ਵੱਲੋਂ ਕਾਂਗਰਸੀ ਆਗੂਆਂ ਨਾਲ ਡੋਰ-ਟੂ-ਡੋਰ ਚੋਣ ਪ੍ਰਚਾਰ ਕੀਤਾ ਜਾ ਰਿਹਾ ਹੈ ਤੇ ਲੋਕਾਂ ਨੂੰ ਕਾਂਗਰਸ ਪਾਰਟੀ ਵੱਲੋਂ ਕੀਤੇ ਕੰਮਾਂ ਤੇ ਨੀਤੀਆਂ ਤੋਂ ਜਾਣੂ ਕਰਵਾਇਆ ਜਾ ਰਿਹਾ ਹੈ ਤੇ ਕਾਂਗਰਸ ਪਾਰਟੀ ਦੇ ਹੱਕ ਵਿੱਚ ਫੱਤਵਾ ਦੇਣ ਲਈ ਅਪੀਲ ਕੀਤੀ ਜਾ ਰਹੀ ਹੈ।ਉਨ੍ਹਾ ਕਿਹਾ ਕਿ ਲੋਕ ਹੁਣ ਕਾਂਗਰਸ ਪਾਰਟੀ ਨਾਲ ਜੁੜ ਰਹੇ ਹਨ।

## ਵਰਲਡ ਯੂਨੀਵਰਸਿਟੀ ਵੱਲੋਂ ਪ੍ਰਭ ਆਸਰਾ ਵਿਖੇ ਸਮੁਦਾਇਕ ਸੇਵਾ ਗਤੀਵਿਧੀ




**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਮਾਜਸ਼ਾਸਤਰ ਵਿਭਾਗ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਹਿਗੜ੍ਹ ਸਾਹਿਬ ਵੱਲੋਂ ਪ੍ਰਭ ਆਸਰਾ ਐੱਨ.ਜੀ.ਓ. ਝੰਜੇੜੀ ਵਿਖੇ ਇੱਕ ਕਮਿਊਨਿਟੀ ਸਰਵਿਸ ਗਤੀਵਿਧੀ ਕੀਤੀ ਗਈ।ਇਸ ਪਹੁੰਚ ਦਾ ਉਦੇਸ਼ ਵਿਦਿਆਰਥੀਆਂ ਵਿੱਚ ਸਮਾਜਿਕ ਜ਼ਿੰਮੇਵਾਰੀ ਤੇ ਦਇਆ ਦੀ ਭਾਵਨਾ ਪੈਦਾ ਕਰਨਾ ਸੀ, ਤਾਂ ਜੋ ਉਹ ਐੱਨ.ਜੀ.ਓ. ਵਿੱਚ ਰਹਿੰਦੇ ਗਰੀਬ ਤੇ ਵਿਸ਼ੇਸ਼ ਜ਼ਰੂਰਤਾਂ ਵਾਲੇ ਵਿਅਕਤੀਆਂ ਨਾਲ ਸੰਪਰਕ ਕਰ ਸਕਣ।ਇਹ ਗਤੀਵਿਧੀ ਡਾ. ਨਵ ਸ਼ਗਨਦੀਪ ਕੌਰ, ਮੁਖੀ, ਸਮਾਜਸ਼ਾਸਤਰ ਵਿਭਾਗ ਦੀ ਰਹਿਨੁਮਾਈ ਹੇਠ ਕਰਵਾਈ ਗਈ।ਵਿਭਾਗ ਦੇ ਮੈਂਬਰਾਂ ਤੇ ਵਿਦਿਆਰਥੀਆਂ ਨੇ ਕੱਪੜੇ, ਖਾਣ-ਪੀਣ ਦੀਆਂ ਵਸਤਾਂ ਤੇ ਹੋਰ ਰੋਜ਼ਾਨਾ ਵਰਤੋਂ ਵਾਲੀਆਂ ਚੀਜ਼ਾਂ ਇਕੱਠੀਆਂ ਕਰਕੇ ਪ੍ਰਭ ਆਸਰਾ ਨੂੰ ਦਾਨ ਕੀਤੀਆਂ।ਇਸ ਦੌਰੇ ਨੇ ਵਿਦਿਆਰਥੀਆਂ ਨੂੰ ਇੱਕ ਮਹੱਤਵਪੂਰਨ ਅਨੁਭਵ ਪ੍ਰਦਾਨ ਕੀਤਾ, ਜਿਸ ਦੌਰਾਨ ਉਹ ਐੱਨ.ਜੀ.ਓ. ਦੇ ਰਹਿਣ ਵਾਲਿਆਂ ਨਾਲ ਗੱਲਬਾਤ ਕਰਦੇ ਹੋਏ ਹਮਦਰਦੀ, ਸੇਵਾ ਤੇ ਸਮਾਵੇਸ਼ ਦੇ ਮੁੱਲਾਂ ਨੂੰ ਸਮਝ ਸਕੇ, ਜੋ ਸਮਾਜਸ਼ਾਸਤਰੀ ਸਿੱਖਿਆ ਦਾ ਅਟੁੱਟ ਹਿੱਸਾ ਹਨ।ਡਾ. ਨਵ ਸ਼ਗਨਦੀਪ ਕੌਰ ਨੇ ਵਿਦਿਆਰਥੀਆਂ ਦੇ ਚਰਿੱਤਰ ਨਿਰਮਾਣ ਤੇ ਸਮਾਜਿਕ ਜਾਗਰੂਕਤਾ ਵਿੱਚ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ।ਪ੍ਰਭ ਆਸਰਾ ਐੱਨ.ਜੀ.ਓ. ਦੇ ਪ੍ਰਬੰਧਕਾਂ ਤੇ ਰਹਿਣ ਵਾਲਿਆਂ ਨੇ ਸਮਾਜਸ਼ਾਸਤਰ ਵਿਭਾਗ ਵੱਲੋਂ ਕੀਤੇ ਯੋਗਦਾਨ ਤੇ ਸਨੇਹੀ ਭਾਵਨਾ ਲਈ ਤਹਿ ਦਿਲੋਂ ਧੰਨਵਾਦ ਕੀਤਾ।ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਪ੍ਰੀਤ ਪਾਲ ਸਿੰਘ ਤੇ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿੱਲਿੰਗ ਨੇ ਵਿਭਾਗ ਵੱਲੋਂ ਕੀਤੀ ਇਸ ਸਮਾਜਿਕ ਪਹੁੰਚ ਦੀ ਸਰਾਹਣਾ ਕੀਤੀ ਤੇ ਵਿਦਿਆਰਥੀਆਂ ਨੂੰ ਸਮਾਜਕ ਭਲਾਈ ਕਾਰਜਾਂ ਵਿੱਚ ਸਰਗਰਮ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।ਵਿਭਾਗ ਦੇ ਅਸਿਸਟੈਂਟ ਪ੍ਰੋਫੈਸਰ ਪਰਮਦੀਪ ਸਿੰਘ ਤੇ ਲਵਪ੍ਰੀਤ ਸਿੰਘ ਨੇ ਵਿਦਿਆਰਥੀਆਂ ਦਾ ਸਾਥ ਦਿੱਤਾ ਅਤੇ ਦਾਨ ਮੁਹਿੰਮ ਦੀ ਦੇਖ-ਰੇਖ ਕੀਤੀ। ਮਿਸ ਏਕਰੂਪ ਕੌਰ ਤੇ ਡਾ. ਹਰਮਨਪ੍ਰੀਤ ਕੌਰ ਨੇ ਵੀ ਇਸ ਕਾਰਜ ਨੂੰ ਸਫਲ ਬਣਾਉਣ ਵਿੱਚ ਆਪਣਾ ਕੀਮਤੀ ਯੋਗਦਾਨ ਪਾਇਆ।

# ਗੋਲੀ ਕਾਂਡ ਸੰਬੰਧੀ ਕਾਰਵਾਈ ਤੋਂ ਨਿਰਾਸ਼ ਲੋਕਾਂ ਮੁੱਖ ਮੰਤਰੀ ਦਾ ਫੂਕਿਆ ਪੁਤਲਾ

- ਆਗੂਆਂ ਵੱਲੋਂ ਸੰਘਰਸ਼ ਨੂੰ ਮਸਲੇ ਦੇ ਅੰਜ਼ਾਮ ਤੱਕ ਜਾਰੀ ਰੱਖਣ ਦਾ ਐਲਾਨ
- 8 ਨਵੰਬਰ ਨੂੰ ਸ਼ਹਿਰ 'ਚ ਕੀਤਾ ਜਾਵੇਗਾ ਰੋਸ ਮਾਰਚ




**ਮਾਨਸਾ (ਆਤਮਾ ਸਿੰਘ ਪਮਾਰ)**-ਪੁਲਸ ਪ੍ਰਸ਼ਾਸਨ ਵੱਲੋਂ ਬੀਤੇ ਕੱਲ੍ਹ ਮਾਨਸਾ ਗੋਲੀ ਕਾਂਡ ਦੇ ਕਥਿਤ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ ਸੰਬੰਧੀ ਕੀਤੇ ਗਏ ਡਰਾਮੇ ਨੂੰ ਸ਼ਹਿਰੀਆਂ ਵੱਲੋਂ ਮੁੱਢੋਂ ਨਕਾਰਦਿਆਂ ਨਿਰਾਸ਼ਤਾ ਦਾ ਪ੍ਰਗਟਾਵਾ ਕੀਤਾ ਹੈ।ਉਨ੍ਹਾਂ ਸਪੱਸ਼ਟ ਕੀਤਾ ਕਿ ਜਿੰਨਾ ਚਿਰ ਇਸ ਘਟਨਾ ਨੂੰ ਅੰਜਾਮ ਤੱਕ ਨਹੀਂ ਲਿਜਾਇਆ ਜਾਂਦਾ, ਪੁਲਸ ਪ੍ਰਸ਼ਾਸਨ ਖ਼ਿਲਾਫ਼ ਸੰਘਰਸ਼ ਬਾਦਸਤੂਰ ਜਾਰੀ ਰਹੇਗਾ।ਸੰਘਰਸ਼ ਕਮੇਟੀ ਦੇ ਤੈਅ-ਸ਼ੁਦਾ ਪ੍ਰੋਗਰਾਮ ਅਨੁਸਾਰ ਅੱਜ ਵੱਡੀ ਗਿਣਤੀ ਵਿੱਚ ਇਕੱਤਰ ਹੋਏ ਵੱਖ ਵੱਖ ਸਮਾਜਿਕ, ਧਾਰਮਿਕ, ਵਪਾਰਕ ਤੇ ਜਮਹੂਰੀ ਸੰਸਥਾਵਾਂ ਤੋਂ ਇਲਾਵਾ ਰਾਜਨੀਤਕ ਪਾਰਟੀਆਂ ਦੇ ਆਗੂਆਂ ਤੇ ਵਰਕਰਾਂ ਵੱਲੋਂ ਬਾਰਾਂ ਹੱਟਾਂ ਚੌਕ ਮਾਨਸਾ ਵਿਖੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਪੁਤਲਾ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ।ਇਸ ਸਮੇਂ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਵੱਖ ਵੱਖ ਬੁਲਾਰਿਆਂ ਨੇ ਪੰਜਾਬ ਸਰਕਾਰ ਤੇ ਜ਼ਿਲ੍ਹਾ ਪੁਲਸ ਪ੍ਰਸ਼ਾਸਨ ਦੀ ਢਿੱਲੀ ਤੇ ਡਰਾਮਾਟਿਕ ਕਾਰਵਾਈ ਨੂੰ ਕੋਸਦਿਆਂ ਪੁਰਜ਼ੋਰ ਸ਼ਬਦਾਂ 'ਚ ਨਿਖੇਧੀ ਵੀ ਕੀਤੀ ਗਈ।ਉਨ੍ਹਾਂ ਸੂਬੇ ਭਰ 'ਚ ਅਮਨ ਕਾਨੂੰਨ ਦੀ ਸਥਿਤੀ, ਫ਼ਿਰੌਤੀਆਂ, ਨਸ਼ਿਆਂ, ਗੈਂਗਸਟਰਵਾਦ, ਲੁੱਟਾਂ ਖੋਹਾਂ ਤੇ ਦਿਨ ਦਿਹਾੜੇ ਹੋ ਰਹੇ ਕਤਲਾਂ ਲਈ ਸਰਕਾਰ ਤੇ ਪੁਲਸ ਪ੍ਰਸ਼ਾਸਨ ਨੂੰ ਵੀ ਜ਼ਿੰਮੇਵਾਰ ਠਹਿਰਾਇਆ।ਇਸ ਸਮੇਂ ਉਨ੍ਹਾਂ ਆਮ ਸ਼ਹਿਰੀਆਂ, ਧਾਰਮਿਕ, ਵਪਾਰਕ ਸੰਸਥਾਵਾਂ ਤੇ ਰਾਜਨੀਤਕ ਲੋਕਾਂ ਨੂੰ ਇਸ ਲੋਕ ਹਿਤੈਸ਼ੀ ਕਾਰਜ 'ਚ ਸ਼ਮੂਲੀਅਤ ਦੀ ਅਪੀਲ ਵੀ ਕੀਤੀ।ਇਸ ਸਮੇਂ ਸੰਘਰਸ਼ ਕਮੇਟੀ ਵੱਲੋਂ ਐਲਾਨ ਕੀਤਾ ਗਿਆ ਕਿ ਆਉਂਦੀ ਅੱਠ ਨਵੰਬਰ ਨੂੰ ਸ਼ਹਿਰ ਦੇ ਬਜ਼ਾਰਾਂ 'ਚ ਰੋਸ ਮਾਰਚ ਕਰਨ ਦਾ ਐਲਾਨ ਵੀ ਕੀਤਾ ਗਿਆ।

ਇਸ ਪ੍ਰੋਗਰਾਮ ਦੀ ਅਗਵਾਈ ਪ੍ਰਸਿੱਧ ਆਰ ਟੀ ਆਈ, ਕਾਰਕੁਨ ਮਾਨਕ ਗੋਇਲ, ਮਨੀਸ਼ ਬੱਬੀ ਦਾਨੇਵਾਲੀਆ, ਬਲਜੀਤ ਸ਼ਰਮਾ, ਸੁਮੀਤ ਛਾਬੜਾ, ਸੁਰੇਸ਼ ਨੰਦ ਗੜ੍ਹੀਆਂ, ਨਾਜ਼ਰ ਸਿੰਘ ਮਾਨਸ਼ਾਹੀਆ, ਸੁਖਵਿੰਦਰ ਸਿੰਘ ਔਲਖ, ਬਲਕੌਰ ਸਿੰਘ ਸਿੱਧੂ ਮੂਸੇਵਾਲਾ, ਰਾਜਵਿੰਦਰ ਰਾਣਾ, ਕ੍ਰਿਸ਼ਨ ਚੌਹਾਨ, ਧੰਨਾ ਮੱਲ ਗੋਇਲ, ਜਤਿੰਦਰ ਆਗਰਾ, ਗੁਰਲਾਭ ਸਿੰਘ ਮਾਹਲ, ਹਰਵਿੰਦਰ ਭਾਰਦਵਾਜ, ਸਤੀਸ਼ ਗੋਇਲ, ਚਮਕੌਰ ਸਿੰਘ ਮੂਸਾ, ਬਲਵਿੰਦਰ ਘਰਾਂਗਣਾ ਆਦਿ ਕਮੇਟੀ ਮੈਂਬਰਾਂ ਵੱਲੋਂ ਕੀਤੀ ਗਈ।ਇਸ ਮੌਕੇ ਪਟਿਆਲਾ ਤੋਂ ਸਾਂਸਦ ਡਾ. ਧਰਮਵੀਰ ਗਾਂਧੀ, ਰਾਜਿੰਦਰ ਸਿੰਘ ਦੀਪ ਸਿੰਘ ਵਾਲਾ ਆਦਿ ਰੋਸ ਧਰਨੇ ਨੂੰ ਵਿਸ਼ੇਸ਼ ਤੌਰ 'ਤੇ ਸੰਬੋਧਨ ਕਰਨ ਲਈ ਪਹੁੰਚੇ।

# ਪੰਜਾਬ 'ਚ ਗੈਂਗਵਾਰ ਸ਼ੁਰੂ ਹੋ ਚੁੱਕੀ ਹੈ : ਰਾਜਾ ਵੜਿੰਗ

- ਤੇਜਪਾਲ ਦੇ ਪੀੜਤ ਪਰਵਾਰ ਨੂੰ ਮਿਲੇ



**ਲੁਧਿਆਣਾ (ਰਾਜ ਸਿੰਗਲਾ)**-ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕਿਹਾ ਹੈ ਕਿ ਪੰਜਾਬ ਵਿੱਚ ਗੈਂਗਵਾਰ ਸ਼ੁਰੂ ਹੋ ਚੁੱਕੀ ਹੈ ਅਤੇ ਵੱਖ-ਵੱਖ ਗੈਂਗ ਸਰਪ੍ਰਸਤੀ ਹਾਸਲ ਕਰਨ ਲਈ ਇੱਕ ਦੂਜੇ ਨਾਲ ਮੁਕਾਬਲਾ ਕਰ ਰਹੇ ਹਨ, ਜਦੋਂ ਕਿ ਪੰਜਾਬ ਪੁਲਸ ਤੇ ਸਰਕਾਰ ਸਿਰਫ਼ ਮੂਕ ਦਰਸ਼ਕ ਬਣ ਕੇ ਤਮਾਸ਼ਾ ਦੇਖ ਰਹੇ ਹਨ।

ਵੜਿੰਗ ਜਿਹੜੇ ਸਥਾਨਕ ਸੰਸਦ ਮੈਂਬਰ ਵੀ ਹਨ, ਨੇ ਇੱਥੇ ਐੱਸ ਐੱਸ ਪੀ ਦਫ਼ਤਰ ਨੇੜੇ ਸ਼ੁੱਕਰਵਾਰ ਨੂੰ ਦਿਨ-ਦਿਹਾੜੇ ਕਤਲ ਕੀਤੇ ਗਏ ਕਬੱਡੀ ਖਿਡਾਰੀ ਤੇਜਪਾਲ ਦੇ ਪਰਵਾਰ ਨਾਲ ਮੁਲਾਕਾਤ ਕਰਕੇ ਦੁੱਖ ਸਾਂਝਾ ਕੀਤਾ।ਸੂਬਾ ਕਾਂਗਰਸ ਪ੍ਰਧਾਨ ਨੇ ਹਰ ਤਰ੍ਹਾਂ ਦੀ ਮਦਦ ਤੇ ਸਹਾਇਤਾ ਦਾ ਭਰੋਸਾ ਦਿੰਦੇ ਹੋਏ ਪੀੜਤ ਪਰਵਾਰ ਨਾਲ ਹਮਦਰਦੀ ਪ੍ਰਗਟਾਈ।ਬਾਅਦ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੂਬਾ ਕਾਂਗਰਸ ਪ੍ਰਧਾਨ ਨੇ ਕਿਹਾ ਕਿ ਪਰਵਾਰ ਬੇਸੁਧ ਹੈ, ਜਿਸ ਨੇ ਆਪਣਾ ਇਕਲੌਤਾ ਪੁੱਤਰ ਗੁਆ ਦਿੱਤਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਪੁਲਸ, ਪੰਜਾਬ ਸਰਕਾਰ ਤੇ ਮੁੱਖ ਮੰਤਰੀ ਨੂੰ ਸ਼ਰਮ ਮਹਿਸੂਸ ਕਰਨੀ ਚਾਹੀਦੀ ਹੈ ਕਿ ਉਹ ਮਾਸੂਮ ਤੇ ਬੇਸਹਾਰਾ ਲੋਕਾਂ ਦੀ ਜਾਨ ਦੀ ਰੱਖਿਆ ਵੀ ਨਹੀਂ ਕਰ ਸਕਦੇ ਹਨ।ਵੜਿੰਗ ਨੇ ਪੰਜਾਬ ਭਰ ਵਿੱਚ ਅਪਰਾਧਿਕ ਗਰੋਹਾਂ 'ਚ ਹੋ ਰਹੇ ਵਾਧੇ 'ਤੇ ਗੰਭੀਰ ਚਿੰਤਾ ਪ੍ਰਗਟ ਕੀਤੀ।

ਸੂਬਾ ਕਾਂਗਰਸ ਪ੍ਰਧਾਨ ਨੇ ਚੇਤਾਵਨੀ ਦਿੱਤੀ ਕਿ ਇਨ੍ਹਾਂ ਭਿਆਨਕ ਘਟਨਾਵਾਂ ਦਾ ਪੰਜਾਬ ਦੀ ਤਰੱਕੀ 'ਤੇ ਵਿਨਾਸ਼ਕਾਰੀ ਪ੍ਰਭਾਵ ਪਵੇਗਾ, ਜਿਹੜੀ ਪਹਿਲਾਂ ਹੀ ਪਟੜੀ ਤੋਂ ਉੱਤਰ ਗਈ ਹੈ।ਉਨ੍ਹਾਂ ਸਖ਼ਤ ਸ਼ਬਦਾਂ ਵਿੱਚ ਖਦਸ਼ਾ ਪ੍ਰਗਟ ਕੀਤਾ ਕਿ ਅਜਿਹੀਆਂ ਘਟਨਾਵਾਂ ਇੱਕ ਰੁਟੀਨ ਬਣ ਜਾਣ ਕਾਰਨ ਉਦਯੋਗ ਚਿੰਤਤ ਹਨ, ਕਿਉਂਕਿ ਉਹ ਹੁਣ ਇੱਥੇ ਸੁਰੱਖਿਅਤ ਮਹਿਸੂਸ ਨਹੀਂ ਕਰ ਰਹੇ ਹਨ।

# ਜਿਮਖਾਨਾ ਕਲੱਬ ਦੇ ਸੈਕਟਰੀ ਡਾ. ਬੋਪਰਾਏ ਨੇ ਅਹੁਦੇ ਤੋਂ ਦਿੱਤਾ ਅਸਤੀਫਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਉੱਤਰ ਭਾਰਤ ਦੇ ਨਾਮੀ ਜਿਮਖਾਨਾ ਕਲੱਬ ਪਟਿਆਲਾ ਦੀਆਂ ਸਮੇਂ ਸਿਰ ਚੋਣਾਂ ਕਰਾਉਣ ਲਈ ਸੰਘਰਸ਼ ਕਰਦੇ ਆ ਰਹੇ ਰਿਕਾਰਡ ਤੋੜ ਵੋਟਾਂ ਨਾਲ ਜਿੱਤ ਦਰਜ ਕਰਨ ਵਾਲੇ ਸੈਕਟਰੀ ਡਾ. ਸੁਖਦੀਪ ਸਿੰਘ ਸੁੱਖੀ ਬੋਪਰਾਏ ਨੇ ਪਿਛਲੇ ਸਮੇਂ ਦੌਰਾਨ ਕੀਤੀਆਂ ਜਾ ਰਹੀਆਂ ਤਾਨਾਸ਼ਾਹੀਆਂ ਦੇ ਵਿਰੋਧ ਵਿੱਚ ਅੱਜ ਆਪਣੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਹੈ।ਡਾ. ਬੋਪਰਾਏ ਨੇ ਪ੍ਰਧਾਨ ਨੂੰ ਨਿਯਮਾਂ ਦੇ ਉਲਟ ਜਾ ਕੇ ਲਏ ਜਾ ਰਹੇ ਫੈਸਲਿਆਂ ਦੇ ਵਿਰੋਧ ਵਿਚ ਰੋਸ ਵਜੋਂ ਅਸਤੀਫਾ ਦਿੱਤਾ।ਅਸਤੀਫਾ ਦੇਣ ਸਬੰਧੀ ਸੈਕਟਰੀ ਡਾ. ਬੋਪਾਰਾਏ ਨੇ ਦੱਸਿਆ ਕਿ ਉਹ ਸਮੇਂ ਸਿਰ ਕਲੱਬ ਦੀਆਂ ਲੋਕਤਾਂਤਰਿਕ ਢੰਗ ਨਾਲ ਅਕਤੂਬਰ ਵਿੱਚ ਹੋਣ ਵਾਲੀਆਂ ਸਾਲਾਨਾ ਚੋਣਾਂ ਸਮੇਂ ਸਿਰ ਕਰਵਾਉਣਾ ਚਾਹੁੰਦੇ ਸਨ, ਜਿਹੜੀ ਕਿ ਤਾਨਾਸ਼ਾਹੀ ਕਰਨ ਵਾਲਿਆਂ ਨੂੰ ਮਨਜ਼ੂਰ ਨਹੀਂ ਸੀ, ਇਸ ਦੇ ਨਾਲ ਹੀ ਈ.ਜੀ.ਐੱਮ. ਬੁਲਾ ਕੇ ਸੰਵਿਧਾਨ ਵਿੱਚ ਸੋਧ ਕਰਨ ਦੀ ਸਾਜ਼ਿਸ਼ ਕੀਤੀ ਜਾ ਰਹੀ ਹੈ, ਜਿਹੜੀ ਕਿ ਕਲੱਬ ਦੇ ਮੈਂਬਰਾਂ ਨੂੰ ਮਨਜ਼ੂਰ ਨਹੀਂ ਹੈ।ਡਾ. ਬੋਪਰਾਏ ਨੇ ਦੱਸਿਆ ਕਿ ਜਦੋਂ ਉਨ੍ਹਾਂ ਦੋਨਾ ਮੁੱਦਿਆਂ 'ਤੇ ਆਪਣੀ ਸਹਿਮਤੀ ਦੇਣ ਤੋਂ ਮਨ੍ਹਾਂ ਕਰ ਦਿੱਤਾ ਤਾਂ ਪ੍ਰਧਾਨ, ਮੀਤ ਪਧਾਨ ਤੇ ਖਜ਼ਾਨਚੀ ਨੇ ਨਿਯਮਾਂ ਦੇ ਉਲਟ ਜਾ ਕੇ ਸਾਰਾ ਕੁਝ ਆਪਣੇ ਹੱਥ ਵਿੱਚ ਕਰਨ ਲਈ ਮੀਟਿੰਗਾਂ ਬੁਲਾਉਣੀਆਂ ਸ਼ੁਰੂ ਕਰ ਦਿੱਤਆਂ।ਡਾ. ਬੋਪਾਰਾਏ ਨੇ ਦੱਸਿਆ ਕਿ ਜਦੋਂ ਜੂਨ-ਜੁਲਾਈ ਮਹੀਨੇ ਵਿੱਚ ਆਪਣੇ ਨਿੱਜੀ ਕੰਮ ਲਈ ਕੈਨੇਡਾ ਗਏ ਤਾਂ ਪਿਛੋਂ ਉਨ੍ਹਾਂ ਦੀ ਤੇ ਜੁਆਇੰਟ ਸਕੱਤਰ ਵਿਨੋਦ ਸ਼ਰਮਾ (ਉਹ ਵੀ ਕੈਨੇਡਾ ਦੀ ਫੇਰੀ 'ਤੇ ਸਨ) ਦੀ ਗੈਰ-ਮੌਜੂਦਗੀ ਲਾਭ ਉਠਾ ਕੇ ਗੈਰ-ਕਾਨੂੰਨੀ ਕਾਰਵਾਈਆਂ ਕਰਨੀਆਂ ਸ਼ੁਰੂ ਕਰ ਦਿੱਤੀਆਂ, ਜਿਨ੍ਹਾਂ ਵਿੱਚ ਬਿਨ੍ਹਾਂ ਈ.ਜੀ.ਐੱਮ. ਤੋਂ ਲੋੜ ਤੋਂ ਜ਼ਿਆਦਾ ਪੈਸੇ ਦੀ ਲਾਗਤ ਨਾਲ ਗੋਲਫ ਤੇ ਵਾਲੀਵਾਲ ਦੇ ਗਰੀਨ ਪੈਚ ਨੂੰ ਖਤਮ ਕਰਕੇ ਕੰਕਰੀਟ ਵਿੱਚ ਤਬਦੀਲ ਦਾ ਬਿਨਾਂ ਕਿਸੇ ਮਨਜ਼ੂਰੀ ਤੋਂ ਫੈਸਲਾ ਲੈ ਕੇ ਕੰਮ ਸ਼ੁਰੂ ਕਰ ਦਿੱਤਾ ਗਿਆ।ਉਨ੍ਹਾਂ ਦੱਸਿਆ ਕਿ ਪ੍ਰਧਾਨ ਕਮਰੇ ਦੀ ਬਿਨਾਂ ਕਾਰਨ ਮੇਜਰ ਰੈਨੋਵੇਸ਼ਨ ਕੀਤੀ ਗਈ ਅਤੇ ਜਿਹੜੇ ਬਾਥਰੂਮ ਤੋੜ ਕੇ ਬਣਾਏ ਗਏ, ਉਹ ਸਿਰਫ 20 ਫੀਸਦੀ ਖਰਚੇ ਨਾਲ ਰੈਨੋਵੇਟ ਕੀਤੇ ਜਾ ਸਕਦੇ ਸਨ।ਜਦੋਂ ਕਿ ਕਲੱਬ ਪਹਿਲਾਂ ਹੀ ਆਰਥਿਕ ਘਾਟੇ ਵਿੱਚ ਹੈ।ਡਾ. ਬੋਪਾਰਾਏ ਨੇ ਦੱਸਿਆ ਕਿ ਜਿਹੜੀਆਂ ਵਿੱਤੀ ਅਦਾਇਗੀਆਂ ਨਾ ਕਰਨ ਦੀ ਗੱਲ ਕੀਤੀ ਜਾ ਰਹੀ ਹੈ, ਉਸ ਬਾਰੇ ਮੈਂ ਸਪੱਸ਼ਟ ਕਰਨਾ ਚਾਹੁੰਦਾ ਹਾਂ ਕਿ ਉਹ ਸਿਰਫ ਬਿਨਾਂ ਈ.ਜੀ.ਐੱਮ. ਦੀ ਮਨਜ਼ੂਰੀ ਤੋਂ ਕੀਤੇ ਗਏ ਖਰਚੇ ਦੀ ਲੱਖਾਂ ਰੁਪਏ ਦੀ ਅਦਾਇਗੀ ਕਰਨ ਤੋਂ ਮਨ੍ਹਾ ਕੀਤੀ ਗਈ ਸੀ, ਬਾਕੀ ਉਨ੍ਹਾਂ ਵੱਲੋਂ ਕਦੇ ਕੋਈ ਜ਼ਰੂਰੀ ਅਦਾਇਗੀ ਨਹੀਂ ਰੋਕੀ ਗਈ।ਡਾ. ਬੋਪਾਰਾਏ ਨੇ ਦੱਸਿਆ ਕਿ ਸਭ ਤੋਂ ਵੱਡੀ ਗੱਲ ਇਹ ਹੈ ਕਿ ਜਦੋਂ ਚੋਣਾਂ ਦਾ ਐਲਾਨ ਹੋ ਜਾਵੇ ਤੇ ਪਹਿਲਾਂ ਚੁਣੀ ਹੋਈ ਬਾਡੀ ਆਪਣੀ ਟਰਮ ਪੂਰੀ ਕਰ ਦੇਵੇ ਤਾਂ ਵਾਰ ਵਾਰ ਈ.ਜੀ.ਐੱਮ. ਨਹੀਂ ਬੁਲਾਈ ਜਾਂਦੀ, ਸਗੋਂ ਏ.ਜੀ.ਐੱਮ. ਵਿੱਚ ਹੀ ਸਾਰੇ ਫੈਸਲੇ ਲੈ ਲਏ ਜਾਂਦੇ ਹਨ, ਪਰ ਇਥੇ ਵਾਰ ਵਾਰ ਈ.ਜੀ.ਐੱਮ. ਬੁਲਾਉਣ ਦੇ ਪਿਛਲੇ ਵੱਡੀ ਸਾਜ਼ਿਸ਼ ਨਜ਼ਰ ਆ ਰਹੀ ਹੈ ਕਿ ਉਹ ਸੰਵਿਧਾਨ ਵਿੱਚ ਸੋਧ ਕਰਕੇ ਸਾਰੇ 12 ਡਾਇਰੈਕਟਰਾਂ ਦੀ ਚੋਣ ਨਾ ਕਰਵਾ ਕੇ, ਆਪਣੇ 8 ਡਾਇਰੈਕਟਰ ਬਿਨਾਂ ਚੋਣ ਤੋਂ ਆਪਣੇ ਕੋਲ ਰੱਖ ਕੇ ਤਾਨਾਸ਼ਾਹੀ ਲਾਗੂ ਕਰਨੀ ਚਾਹੁੰਦੇ ਹਨ, ਜਿਹੜੀ ਕਿ ਲੋਕਤੰਤਰ ਦੇ ਉਲਟ ਹੈ।

ਕਲੱਬ ਦੇ ਜੁਆਇੰਟ ਸਕੱਤਰ ਵਿਨੋਦ ਸ਼ਰਮਾ ਨੇ ਦੱਸਿਆ ਕਿ ਸੈਕਟਰੀ ਡਾ. ਸੁਖਦੀਪ ਸਿੰਘ ਬੋਪਾਰਾਏ ਵੱਲੋਂ ਅਸਤੀਫਾ ਦੇਣਾ ਮੰਦਭਾਗਾ ਹੈ, ਪਰ ਜਿਨ੍ਹਾਂ ਹਾਲਤਾਂ ਵਿੱਚ ਉਨ੍ਹਾਂ ਨੇ ਅਸਤੀਫਾ ਦਿੱਤਾ ਹੈ, ਉਹ ਬਹੁਤ ਹੀ ਮੰਦਾਭਾਗਾ ਹੈ।ਵਿਨੋਦ ਸ਼ਰਮਾ ਨੇ ਦੱਸਿਆ ਕਿ ਕਲੱਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਸੈਕਟਰੀ ਤੋਂ ਬਿਨਾਂ ਚੈੱਕ ਪਾਸ ਕਰਕੇ ਖਰਚੇ ਕੀਤੇ ਜਾ ਰਹੇ ਹਨ, ਈ.ਜੀ.ਐੱਮ. ਬੁਲਾਈ ਜਾ ਰਹੀ ਹੈ, ਬੇਲੋੜੇ ਖਰਚ ਕੀਤੇ ਜਾ ਰਹੇ ਹਨ ਤਾਂ ਫੇਰ ਸਕੱਤਰ ਵੱਲੋਂ ਰੋਸ ਜ਼ਾਹਰ ਕਰਨਾ ਜਾਇਜ਼ਾ ਹੈ।

## ਕਰਨਬੀਰ ਸਿੰਘ ਬੁਰਜ 2027 ਲਈ ਬੰਨ੍ਹਣਗੇ ਕਾਂਗਰਸ ਸਰਕਾਰ ਦਾ ਮੁੱਢ : ਕਾਂਗੜ



**ਬਠਿੰਡਾ (ਰਾਜੀਵ ਗੋਇਲ)**-ਗੁਰਪ੍ਰੀਤ ਸਿੰਘ ਕਾਂਗੜ ਨੇ ਤਰਨਤਾਰਨ ਉਪ ਚੋਣ ਲਈ ਲੱਗੀ ਡਿਊਟੀ ਤੇ ਕੀਤੇ ਕੰਮ ਪ੍ਰਤੀ ਪੰਜਾਬ ਪ੍ਰਧਾਨ ਨੂੰ ਜਾਣੂ ਕਰਾਉਂਦੇ ਹੋਏ ਜਾਣਕਾਰੀ ਦਿੱਤੀ। ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਬੜਿੰਗ ਉਪ ਚੋਣ ਵਿੱਚ ਕਾਂਗਰਸ ਪਾਰਟੀ ਦੇ ਉਮੀਦਵਾਰ ਕਰਨਵੀਰ ਸਿੰਘ ਬੁਰਜ ਲਈ ਚੋਣ ਜਲਸਿਆਂ ਨੂੰ ਸੰਬੋਧਨ ਕਰਨ ਲਈ ਪਹੁੰਚੇ ਹੋਏ ਸਨ। ਸਾਬਕਾ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ ਤੇ ਸਮੁੱਚੀ ਕਾਂਗਰਸ ਲੀਡਰਸ਼ਿਪ ਵੀ ਉਨ੍ਹਾਂ ਨਾਲ ਮੌਜੂਦ ਰਹੀ। ਸਾਬਕਾ ਮੰਤਰੀ ਨੇ ਉਪ ਚੋਣ ਲਈ ਲੱਗੀ ਡਿਊਟੀ ਦੌਰਾਨ ਕਾਂਗਰਸ ਉਮੀਦਵਾਰ ਦੇ ਹੱਕ ਵਿੱਚ ਕੀਤੇ ਗਏ ਪ੍ਰਚਾਰ ਤੇ ਕੰਮ ਪ੍ਰਤੀ ਪੰਜਾਬ ਪ੍ਰਧਾਨ ਨੂੰ ਜਾਣੂ ਕਰਾਇਆ ਗਿਆ ਤੇ ਦੱਸਿਆ ਕਿ ਕਾਂਗਰਸ ਉਮੀਦਵਾਰ ਇਸ ਚੋਣ ਵਿੱਚ ਸ਼ਾਨਦਾਰ ਜਿੱਤ ਦਰਜ ਕਰਨ ਲਈ ਅੱਗੇ ਵਧ ਰਹੇ ਹਨ। ਗੁਰਪ੍ਰੀਤ ਸਿੰਘ ਕਾਂਗੜ ਨੇ ਕਿਹਾ ਕਿ ਕਾਂਗਰਸ ਉਮੀਦਵਾਰ ਇਸ ਚੋਣ ਵਿੱਚ ਸ਼ਾਨਦਾਰ ਜਿੱਤ ਦਰਜ ਕਰਨਗੇ ਕਿਉਂਕਿ ਲੋਕ ਕਾਂਗਰਸ ਸਰਕਾਰ ਵੇਲੇ ਕੀਤੇ ਕੰਮਾਂ ਨੂੰ ਯਾਦ ਕਰ ਰਹੇ ਹਨ, ਜਦੋਂ ਕਿ ਮਾਨ ਸਰਕਾਰ ਤੋਂ ਹਰ ਵਰਗ ਨਿਰਾਸ਼ ਹੈ।

## ਨੇਤਰ ਬੈਂਕ ਸੰਮਤੀ ਤੇ ਨਿਸ਼ਕਾਮ ਸੇਵਾ ਸਭਾ ਦੀ ਮੀਟਿੰਗ



**ਧੂਰੀ (ਮਨੋਹਰ ਸਿੰਘ ਸੱਗੂ)**- ਨੇਤਰ ਬੈਂਕ ਸੰਮਤੀ ਰਜਿ: ਤੇ ਨਿਸ਼ਕਾਮ ਸੇਵਾ ਸਭਾ ਦੀ ਸਾਂਝੀ ਮੀਟਿੰਗ ਸ਼ਰਮਾ ਆਈ ਹਸਪਤਾਲ ਵਿਖੇ ਪ੍ਰਧਾਨ ਡਾ. ਰਮੇਸ਼ ਸ਼ਰਮਾ ਤੇ ਪ੍ਰਧਾਨ ਭਾਰਤ ਭੂਸ਼ਨ (ਪ੍ਰਵੀਨ) ਦੀ ਅਗਵਾਈ ਹੇਠ ਹੋਈ।ਮੀਟਿੰਗ ਦੌਰਾਨ ਸੰਮਤੀ ਵੱਲੋਂ ਹਰ ਸਾਲ ਵਾਂਗ 29 ਨਵੰਬਰ ਨੂੰ ਅੱਖਾਂ ਦਾ 38 ਵਾਂ ਵਿਸ਼ਾਲ ਮੁਫ਼ਤ ਜਾਂਚ ਕੈਂਪ ਲਾਉਣ ਦਾ ਫੈਸਲਾ ਕੀਤਾ ਗਿਆ।ਮੀਟਿੰਗ ਦੌਰਾਨ ਜਿੱਥੇ ਸ਼ਰਮਾ ਆਈ ਹਸਪਤਾਲ ਦੇ ਸਹਿਯੋਗ ਨਾਲ ਮੰਗਲਾ ਆਸ਼ਰਮ ਵਿਖੇ 29 ਨਵੰਬਰ ਨੂੰ ਲਾਏ ਜਾਣ ਵਾਲੇ 38ਵੇਂ ਕੈਂਪ ਦੀ ਸਫ਼ਲਤਾ ਲਈ ਹੁਣੇ ਤੋਂ ਹੀ ਸਰਗਰਮੀਆਂ ਸ਼ੁਰੂ ਕਰਨ ਲਈ ਵਿਚਾਰ ਚਰਚਾ ਹੋਈ, ਉਥੇ ਦੱਸਿਆ ਗਿਆ ਕਿ ਕੈਂਪ ਦੌਜਾਨ ਜਿੱਥੇ ਅੱਖਾਂ ਦੇ ਮਾਹਿਰ ਡਾਕਟਰਾਂ ਵੱਲੋਂ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਜਾਵੇਗੀ ਤੇ ਲੋੜਮੰਦ ਮਰੀਜ਼ਾਂ ਦੀਆਂ ਅੱਖਾਂ ਦੇ ਅਪ੍ਰੇਸ਼ਨ ਕਰਕੇ ਲੈਂਜ਼ ਮੁਫ਼ਤ ਪਾਏ ਜਾਣਗੇ, ਉਥੇ ਹੱਡੀਆਂ ਤੇ ਦਿਲ ਦੇ ਰੋਗਾਂ ਦੇ ਮਾਹਿਰ ਡਾਕਟਰ ਮਰੀਜ਼ਾਂ ਦੀ ਸਿਹਤ ਜਾਂਚ ਕਰਨਗੇ।

## 'ਆਸ਼ਾ : ਦ ਹੋਪ' ਸਮਾਗਮ 'ਚ ਕੈਮਿਸਟਾਂ ਨੂੰ ਜਾਗਰੂਕ ਕੀਤਾ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**
ਕੈਮਿਸਟ ਐਸੋਸੀਏਸ਼ਨ ਨੇ ਬੀ.ਬੀ. ਗ੍ਰੈਂਡ ਹੋਟਲ ਵਿਖੇ 'ਆਸ਼ਾ : ਦ ਹੋਪ' ਨਾਮੀ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ।

ਕੈਮਿਸਟ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਨਰੇਸ਼ ਜਿੰਦਲ ਦੀ ਅਗਵਾਈ ਹੇਠ ਹੋਏ ਇਸ ਸਮਾਗਮ ਵਿੱਚ ਅਮਨਦੀਪ ਵਰਮਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਤੇ ਡਰੱਗ ਇੰਸਪੈਕਟਰ ਡਾ. ਸੰਤੋਸ਼ ਜਿੰਦਲ ਤੇ ਏਕਾਂਤ ਪ੍ਰਿਆ ਸਿੰਗਲਾ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਾਮਲ ਹੋਏ।ਵਰਮਾ ਨੇ ਕੈਮਿਸਟਾਂ ਨੂੰ ਵੱਖ-ਵੱਖ ਸ਼ਡਿਊਲਾਂ ਅਧੀਨ ਦਵਾਈਆਂ ਦਾ ਪੂਰਾ ਰਿਕਾਰਡ ਰੱਖਣ ਅਤੇ ਸਿਰਫ਼ ਖਰੀਦ ਬਿੱਲਾਂ 'ਤੇ ਹੀ ਦਵਾਈਆਂ ਵੇਚਣ ਦੀ ਸਲਾਹ ਦਿੱਤੀ, ਕਿਉਂਕਿ ਬਾਜ਼ਾਰ ਵਿੱਚ ਨਕਲੀ ਦਵਾਈਆਂ ਦਾ ਲਗਾਤਾਰ ਪਤਾ ਲੱਗ ਰਿਹਾ ਹੈ।ਦਵਾਈਆਂ ਆਨਲਾਈਨ ਖਰੀਦਣ ਤੋਂ ਬਚੋ।ਡਰੱਗ ਇੰਸਪੈਕਟਰ ਡਾ. ਸੰਤੋਸ਼ ਜਿੰਦਲ ਤੇ ਏਕਾਂਤ ਪ੍ਰਿਆ ਸਿੰਗਲਾ ਨੇ ਵੱਖ-ਵੱਖ ਨਿਯਮਾਂ ਦੀ ਪਾਲਣਾ ਕਰਨ ਲਈ ਉਤਸ਼ਾਹਤ ਕੀਤਾ।ਜ਼ਿਲ੍ਹਾ ਪ੍ਰਧਾਨ ਨਰੇਸ਼ ਜਿੰਦਲ ਨੇ ਕਿਹਾ ਕਿ ਇਸ ਸਮਾਗਮ ਦਾ ਮੁੱਖ ਉਦੇਸ਼ ਕੈਮਿਸਟਾਂ ਨੂੰ ਨਵੇਂ ਦਵਾਈ ਨਿਯਮਾਂ ਤੇ ਸਰਕਾਰੀ ਦਿਸ਼ਾ-ਨਿਰਦੇਸ਼ਾਂ ਤੋਂ ਜਾਣੂ ਕਰਵਾਉਣਾ ਸੀ। ਉਨ੍ਹਾਂ ਕਿਹਾ ਕਿ ਕੈਮਿਸਟ ਡਰੱਗ ਵਿਭਾਗ ਦੇ ਨਿਯਮਾਂ ਅਤੇ ਪੰਜਾਬ ਸਰਕਾਰ ਦੀ ਨਸ਼ਾ ਵਿਰੋਧੀ ਮੁਹਿੰਮ ਦਾ ਪੂਰਾ ਸਮਰਥਨ ਕਰ ਰਹੇ ਹਨ। ਜਿੰਦਲ ਨੇ ਕਿਹਾ ਕਿ ਕੁਝ ਗੈਰ-ਕੈਮਿਸਟ ਪਾਬੰਦੀਸ਼ੁਦਾ ਦਵਾਈਆਂ ਵੇਚ ਰਹੇ ਹਨ। ਅਜਿਹੇ ਵਿਅਕਤੀਆਂ ਦੀ ਪਛਾਣ ਕਰਕੇ ਉਨ੍ਹਾਂ ਦਾ ਪਰਦਾਫਾਸ਼ ਕੀਤਾ ਜਾਣਾ ਚਾਹੀਦਾ ਹੈ।ਇਸ ਮੌਕੇ ਕੈਮਿਸਟ ਐਸੋਸੀਏਸ਼ਨ ਦੇ ਮੈਂਬਰਸ਼ਿਪ ਸਰਟੀਫਿਕੇਟ ਵੀ ਵੰਡੇ ਗਏ।ਰਾਜੀਵ ਜੈਨ, ਯੁਗੇਸ਼ ਚੋਪੜਾ, ਪ੍ਰੇਮ ਗਰਗ, ਦਵਿੰਦਰ ਵਸ਼ਿਸ਼ਟ, ਪਰਮਿੰਦਰ ਸਿੰਘ, ਕੌਰ ਸਿੰਘ ਢੀਂਡਸਾ, ਗੁਰਚਰਨ ਸਿੰਘ ਢੀਂਡਸਾ, ਡਾ. ਦਲਜੀਤ ਸਿੰਘ, ਸਤਿੰਦਰ ਕੁਮਾਰ, ਰਾਕੇਸ਼ ਕੁਮਾਰ, ਅਜਾਇਬ ਸੈਣੀ, ਖੁਸ਼ਵਿੰਦਰ ਸ਼ਰਮਾ, ਰੰਮੀ ਡੰਗ, ਬਾਰੂ ਸੈਣੀ, ਅਸ਼ੋਕ ਕੁਮਾਰ, ਬਲਵਿੰਦਰ ਸਿੰਘ ਬਬਲੂ, ਦੀਪਿਕਾ, ਦੀਪਿਕਾ, ਵਿਨੀਤ ਰਾਜਪਾਲ, ਜੇ. ਗਰਗ, ਭੂਸ਼ਨ ਕਾਂਸਲ, ਲਖਵਿੰਦਰ ਸਿੰਘ, ਸੰਜੇ ਜੈਨ, ਅਸ਼ੋਕ ਕਾਲੜਾ, ਅਨਿਲ ਕਾਲੜਾ, ਕ੍ਰਿਸ਼ਨਾ ਗਰਗ, ਡਾ. ਜਸਵਿੰਦਰ ਬਿੱਟੂ ਤੇ ਜੀਵਨ ਕੁਮਾਰ ਆਦਿ ਹਾਜ਼ਰ ਸਨ।

## ਅੱਖਾਂ ਦਾ ਮੁਫਤ ਜਾਂਚ ਤੇ ਅਪ੍ਰੇਸ਼ਨ ਕੈਂਪ 8 ਨੂੰ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਹਿਲੇ ਪਾਤਿਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਅੱਖਾਂ ਦਾ ਮੁਫਤ ਜਾਂਚ, ਆਪ੍ਰੇਸ਼ਨ ਕੈਂਪ 8 ਨਵੰਬਰ ਸ਼ਨੀਵਾਰ ਨੂੰ ਇਤਿਹਾਸਕ ਗੁਰਦੁਆਰਾ ਜੰਡਸਰ ਸਾਹਿਬ ਠੁੱਲੀਵਾਲ (ਬਰਨਾਲਾ) ਵਿਖੇ ਗੁਰਦੁਆਰਾ ਕਮੇਟੀ ਦੀ ਅਗਵਾਈ ਹੇਠ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਲਗਾਇਆ ਜਾ ਰਿਹਾ ਹੈ।

ਇਸ ਸਬੰਧੀ ਪ੍ਰਧਾਨ ਗੁਰਸੇਵਕ ਸਿੰਘ ਠੁੱਲੀਵਾਲ, ਹੈੱਡ ਗਰੰਥੀ ਭਾਈ ਪੂਰਨ ਸਿੰਘ ਅਨੁਸਾਰ ਇਸ ਮੌਕੇ ਪ੍ਰੇਮ ਬਾਂਸਲ ਅੱਖਾਂ ਦਾ ਹਸਪਤਾਲ ਦੇ ਮਾਹਰ ਡਾਕਟਰਾਂ ਦੀ ਟੀਮ ਅੱਖਾਂ ਦੇ ਮਰੀਜ਼ਾਂ ਦੀ ਜਾਂਚ ਕਰਨ ਉਪਰੰਤ ਲੋੜਵੰਦਾਂ ਨੂੰ ਲੈਨਜ਼ ਪਾਉਣ ਲਈ ਰੈਫਰ ਕਰਨਗੇ।ਪ੍ਰਬੰਧਕਾਂ ਨੇ ਇਸ ਮੁਫਤ ਕੈਂਪ ਦਾ ਲਾਭ ਉਠਾਉਣ ਦੀ ਅਪੀਲ ਕੀਤੀ ਹੈ।

## ਕਿਸਾਨਾਂ ਨੂੰ ਮਿਸ਼ਨ ਚੜ੍ਹਦੀਕਲਾ ਤਹਿਤ ਮਿਲੀ ਆਰਥਿਕ ਸਹਾਇਤਾ : ਗੁਰਲਾਲ ਘਨੌਰ



**ਰਾਜਪੁਰਾ (ਰਮੇਸ਼ ਕਟਾਰੀਆ)**-ਪੰਜਾਬ ਸਰਕਾਰ ਵੱਲੋਂ ਮਿਸ਼ਨ ਚੜ੍ਹਦੀ ਕਲਾ ਤਹਿਤ ਹੜ੍ਹ ਨਾਲ ਪ੍ਰਭਾਵਤ ਕਿਸਾਨਾਂ ਦੀ ਭਰਪਾਈ ਕਰਨ ਦੀ ਮੁਹਿੰਮ ਅਧੀਨ ਘਨੌਰ ਦੇ 10 ਪਿੰਡਾਂ 'ਚ 9 ਕਰੋੜ 37 ਲੱਖ ਦੀ ਰਕਮ ਘਨੌਰ ਦੇ ਵਿਧਾਇਕ ਗੁਰਲਾਲ ਘਨੌਰ ਨੇ ਦਿੱਤੀ।ਵਿਧਾਇਕ ਨੇ ਦੱਸਿਆ ਕਿ ਹਲਕਾ ਘਨੌਰ ਦੇ ਪਿੰਡ ਕਾਮੀ ਕਲਾਂ, ਗੋਬਿੰਦਗੜ੍ਹ ਦਾਖਲੀ, ਲਾਛੜੂ ਖੁਰਦ, ਲਾਛੜੂ ਕਲਾਂ, ਚਮਾਰੂ, ਕਾਮੀ ਖੁਰਦ, ਜੰਡ ਮੰਗੋਲੀ, ਉੰਟਸਰ, ਰਾਇਪੁਰ, ਨਨਹੇੜੀ ਤੇ ਸੰਜਰਪੁਰ ਹੜ੍ਹ ਨਾਲ ਸਭ ਤੋਂ ਵੱਧ ਪ੍ਰਭਾਵਤ ਰਹੇ ਹਨ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਤੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਦੀ ਅਗਵਾਈ ਹੇਠ ਪ੍ਰਭਾਵਤ ਕਿਸਾਨਾਂ ਦੀ ਜਾਣਕਾਰੀ ਇਕੱਤਰ ਕਰਕੇ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ 20,000 ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ (75% ਤੋਂ 100%) ਖਰਾਬਾ ਰਕਮ ਸਿੱਧੀ ਟਰਾਂਸਫਰ ਕੀਤੀ ਗਈ ਹੈ।ਗੁਰਲਾਲ ਘਨੌਰ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਹੜ੍ਹ ਪੀੜਤਾਂ ਦੀ ਮਦਦ ਲਈ ਤੇਜ਼ੀ ਨਾਲ ਕਦਮ ਚੁੱਕਦੇ ਹੋਏ ਮੁਆਵਜ਼ਾ ਬਿਨਾਂ ਕਿਸੇ ਰੁਕਾਵਟ ਦੇ ਪਾਰਦਰਸ਼ੀ ਢੰਗ ਨਾਲ ਉਨ੍ਹਾਂ ਦੇ ਖਾਤਿਆਂ ਵਿੱਚ ਭੇਜਿਆ ਹੈ।ਕਿਸਾਨਾਂ ਨੇ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਵਾਰ ਦੀ ਭਰਪਾਈ ਦੀ ਕਾਰਵਾਈ ਬਿਲਕੁਲ ਸਮੇਂ ਸਿਰ ਤੇ ਸੱਚੀ ਨੀਤੀ ਨਾਲ ਕੀਤੀ ਗਈ ਹੈ।

## ਢਾਬੇ 'ਤੇ ਕੰਮ ਕਰਨ ਵਾਲੇ ਦਾ ਛੁਰੇ ਮਾਰ ਕੇ ਕਤਲ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਸਥਾਨਕ ਸ਼ਹਿਰ ਦੀ ਸਾਈਂ ਮਾਰਕਿਟ ਵਿੱਚ ਕੁਝ ਨੌਜਵਾਨਾਂ ਵੱਲੋਂ ਸ਼ਨੀਵਾਰ ਰਾਤ ਢਾਬੇ 'ਤੇ ਕੰਮ ਕਰਨ ਵਾਲੇ ਵਿਅਕਤੀ ਦਾ ਛੁਰੇ ਮਾਰ ਕੇ ਕਤਲ ਕਰ ਦਿੱਤਾ ਗਿਆ ਹੈ।ਸੂਚਨਾ ਮਿਲਦਿਆਂ ਹੀ ਥਾਣਾ ਕੋਤਵਾਲੀ ਇੰਚਾਰਜ ਇੰਸਪੈਕਟਰ ਜਸਪ੍ਰੀਤ ਸਿੰਘ ਕਾਹਲੋਂ ਟੀਮ ਸਮੇਤ ਮੌਕੇ 'ਤੇ ਪੁੱਜੇ।ਹਮਲਾਵਰ ਮੌਕੇ ਤੋਂ ਫ਼ਰਾਰ ਹੋ ਗਏ ਹਨ, ਜਿਨ੍ਹਾਂ ਦੀ ਪਛਾਣ ਲਈ ਪੁਲਸ ਸੀਸੀਟੀਵੀ ਰਿਕਾਰਡਿੰਗਾਂ ਖੰਗਾਲ ਰਹੀ ਹੈ।ਘਟਨਾ ਬੀਤੀ ਰਾਤ 10 ਵਜੇ ਤੋਂ ਬਾਅਦ ਵਾਪਰੀ, ਜਦੋਂ ਲੋਅਰ ਮਾਲ ਰੋਡ 'ਤੇ ਸਥਿਤ ਇਕ ਢਾਬੇ 'ਤੇ ਕੰਮ ਕਰਨ ਵਾਲੇ ਦੀ ਕੁਝ ਨੌਜਵਾਨਾਂ ਨਾਲ ਕਿਸੇ ਗੱਲ ਨੂੰ ਲੈ ਕੇ ਬਹਿਸ ਹੋ ਗਈ।ਹੱਥਾ-ਪਾਈ ਦੌਰਾਨ ਢਾਬੇ 'ਤੇ ਕੰਮ ਕਰਨ ਵਾਲੇ ਦੇ ਛੁਰੇ ਮਾਰ ਕੇ ਹਮਲਾਵਰ ਫਰਾਰ ਹੋ ਗਏ।

ਜ਼ਖ਼ਮੀ ਨੂੰ ਹਸਪਤਾਲ ਲਿਜਾਇਆ ਗਿਆ ਤਾਂ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ।ਥਾਣਾ ਕੋਤਵਾਲੀ ਇੰਚਾਰਜ ਨੇ ਕਿਹਾ ਕਿ ਮੌਕੇ 'ਤੇ ਪੁੱਛਗਿੱਛ ਕੀਤੀ ਜਾ ਰਹੀ ਹੈ, ਜਲਦ ਮੁਲਜ਼ਮਾਂ ਦੀ ਪਛਾਣ ਕਰਕੇ ਗ੍ਰਿਫ਼ਤਾਰ ਕੀਤਾ ਜਾਵੇਗਾ ਤੇ ਮ੍ਰਿਤਕ ਦੀ ਪਛਾਣ ਕਰਕੇ ਵਾਰਸਾਂ ਨੂੰ ਸੂਚਨਾ ਦਿੱਤੀ ਜਾ ਰਹੀ ਹੈ।

# ਕਾਮਰੇਡ ਰਣਬੀਰ ਕੁਮਾਰ ਜੈਨ ਨੂੰ ਸੁਰਖ਼ ਸ਼ਰਧਾਂਜਲੀ

- ਮਿਸਾਲੀ ਕਾਰਜਾਂ ਤੇ ਘਾਲਨਾਵਾਂ ਯਾਦ ਕਰਦਿਆਂ ਕੀਤਾ ਸਿਜਦਾ



**ਸਰਦੂਲਗੜ੍ਹ (ਅਵਤਾਰ ਜਟਾਣਾ)**
ਸ੍ਰੀ ਸਨਾਤਨ ਧਰਮ ਮੰਦਰ ਵਿਖੇ ਲੰਘੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ.) ਦੀ ਸਰਦੂਲਗੜ੍ਹ ਤਹਿਸੀਲ ਕਮੇਟੀ ਦੇ ਪ੍ਰਧਾਨ ਸਾਥੀ ਰਣਬੀਰ ਕੁਮਾਰ ਜੈਨ ਨੂੰ ਭਰਪੂਰ ਸ਼ਰਧਾਂਜਲੀਆਂ ਭੇਟ ਕੀਤੀਆਂ। ਪਾਰਟੀ ਦੀ ਕੇਂਦਰੀ ਕਮੇਟੀ ਦੇ ਮੈਂਬਰ ਸਾਥੀ ਮਹੀਪਾਲ ਤੇ ਜ਼ਿਲ੍ਹਾ ਸਕੱਤਰ ਸਾਥੀ ਲਾਲ ਚੰਦ, ਉੱਘੇ ਬੁੱਧੀਜੀਵੀ ਪ੍ਰੋ. ਬਿੱਕਰ ਸਿੰਘ ਸਾਧੂ ਵਾਲਾ, ਜਮਹੂਰੀ ਕਿਸਾਨ ਸਭਾ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਅਮਰੀਕ ਸਿੰਘ ਫਫੜੇ ਭਾਈ ਕੇ, ਮਜ਼ਦੂਰ ਆਗੂ ਆਤਮਾ ਰਾਮ, ਜੈਨ ਸਭਾ ਦੇ ਆਗੂ ਸ੍ਰੀ ਨਰਿੰਦਰ ਕੁਮਾਰ ਨੇ ਉਨ੍ਹਾਂ ਵੱਲੋਂ ਭੋਗੇ ਸਮਰਪਤ ਕਮਿਊਨਿਸਟ ਵਾਲੇ ਮਿਸਾਲੀ ਜੀਵਨ ਤੇ ਕਿਰਤੀ ਸ਼੍ਰੇਣੀ ਦੀ ਲੁੱਟ-ਖੋਹ ਤੇ ਜਬਰ-ਵਿਤਕਰੇ ਤੋਂ ਮੁਕਤੀ ਦੇ ਮਾਨਵੀ ਸੰਗਰਾਮ 'ਚ ਪਾਏ ਗਏ ਸ਼ਾਨਦਾਰ ਯੋਗਦਾਨ ਨੂੰ ਅਦਬੋ-ਅਹਤਿਰਾਮ ਨਾਲ ਯਾਦ ਕਰਦਿਆਂ ਉਨ੍ਹਾਂ ਦੀਆਂ ਘਾਲਣਾਵਾਂ ਨੂੰ ਸੂਹਾ ਸਲਾਮ ਪੇਸ਼ ਕੀਤਾ।ਮੰਚ ਸੰਚਾਲਕ ਦੇ ਫ਼ਰਜ਼ ਸ਼੍ਰੀ ਰਿਸ਼ਭ ਕੁਮਾਰ ਜੈਨ ਨੇ ਕੁਸ਼ਲਤਾ ਪੂਰਵਕ ਅਦਾ ਕੀਤੇ।

ਨੇੜਲੇ ਪਿੰਡ ਖੈਰਾ ਕਲਾਂ ਦੇ ਜੰਮਪਲ ਸਾਥੀ ਰਣਵੀਰ ਕੁਮਾਰ ਜੈਨ, ਦਹਿਸ਼ਤਗਰਦੀ ਦੇ ਦੌਰ 'ਚ ਕਮਿਊਨਿਸਟ ਲਹਿਰ ਵੱਲ ਆਕਰਸ਼ਿਤ ਹੋਏ ਸਨ ਤੇ 1994 'ਚ ਸੀਪੀਆਈ (ਐਮ) ਦੇ ਮੈਂਬਰ ਬਣੇ ਸਨ।ਆਪ ਨਵੀਂ ਬਣੀ ਸੀਪੀਐਮ ਪੰਜਾਬ ਤੇ ਆਰ.ਐਮ.ਪੀ.ਆਈ. ਦੇ ਸੰਸਥਾਪਕ ਆਗੂ ਸਨ। ਪਾਰਟੀ ਦੇ ਪਸਾਰ ਤੇ ਮਜ਼ਬੂਤੀ ਲਈ ਉਨ੍ਹਾਂ ਨੇ ਸ਼ਾਨਦਾਰ ਯੋਗਦਾਨ ਪਾਇਆ ਸੀ।ਲਗਭਗ ਤਿੰਨ ਦਹਾਕਿਆਂ ਦੇ ਬੇਦਾਗ ਸਿਆਸੀ ਜੀਵਨ ਦੌਰਾਨ ਜਿੱਥੇ ਉਨ੍ਹਾਂ ਸੰਸਾਰ ਕਿਰਤੀ ਦੀ ਬੰਦ ਖਲਾਸੀ ਦੇ ਫ਼ਲਸਫ਼ੇ, ਮਾਰਕਸੀ-ਲੈਨਿਨੀ ਸਿਧਾਂਤ ਦੀ ਡਟਵੀਂ ਪਹਿਰਾਬਰਦਾਰੀ ਕੀਤੀ, ਉੱਥੇ ਨਾਲ ਹੀ ਪਰਿਵਾਰਕ ਤੇ ਸਮਾਜਿਕ ਫ਼ਰਜ਼ ਵੀ ਬਾਖ਼ੂਬੀ ਅਦਾ ਕੀਤੇ।ਮਾਰਕੀਟ ਕਮੇਟੀ ਬਠਿੰਡਾ ਦੇ ਸਾਬਕਾ ਚੇਅਰਮੈਨ ਸ਼੍ਰੀ ਮੋਹਨ ਲਾਲ ਝੁੰਬਾ, ਜੈਨ ਸਭਾ ਪੰਜਾਬ ਦੇ ਅਹੁਦੇਦਾਰ ਸ਼੍ਰੀ ਧਰਮਿੰਦਰ ਜੈਨ, ਜੈਨ ਸਭਾ ਸਿਰਸਾ ਦੇ ਪ੍ਰਧਾਨ ਮਨੋਹਰ ਲਾਲ ਜੈਨ, ਨਾਮਵਰ ਪੱਤਰਕਾਰ ਨਾਰਾਇਣ ਗਰਗ ਤੇ ਸੰਦੀਪ ਸਿੰਗਲਾ ਤੋਂ ਇਲਾਵਾ ਕਿਸਾਨ ਆਗੂ ਮੰਗਤ ਰਾਮ ਕਰੰਡੀ ਤੇ ਕੇਵਲ ਸਿੰਘ ਫੂਸ ਮੰਡੀ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਸੂਬਾਈ ਆਗੂ ਮਨਦੀਪ ਸਿੰਘ ਸੰਧੂ, ਡਾਕਟਰ ਕ੍ਰਿਸ਼ਨ ਕੁਮਾਰ ਉੱਪਲ ਤੇ ਕਾਮਰੇਡ ਦਰਸ਼ਨ ਸਿੰਘ ਵੀ ਮੌਜੂਦ ਸਨ।ਵਿੱਛੜੇ ਸਾਥੀ ਸੁਪਤਨੀ ਸੁਨੀਤਾ ਰਾਣੀ ਤੇ ਸਪੁੱਤਰ ਸ਼੍ਰੀ ਅਭਿਨੰਦਨ ਜੈਨ ਨੇ ਪਾਰਟੀ ਤੇ ਧਾਰਮਿਕ-ਸਮਾਜਿਕ ਸੰਸਥਾਵਾਂ ਨੂੰ ਮਾਲੀ ਇਮਦਾਦ ਵੀ ਦਿੱਤੀ।

## 5ਵਾਂ ਫ਼ਰੀ ਮੈਡੀਕਲ ਚੈੱਕਅੱਪ ਕੈਂਪ ਲਾਇਆ




**ਨਾਭਾ (ਵਰਿੰਦਰ ਵਰਮਾ)**-ਮਾਨਵ ਸੇਵਾ ਉੱਤਮ ਸੇਵਾ (ਰਜਿ.) ਸਟੇਟ ਐਵਾਰਡੀ ਸੰਸਥਾ ਵੱਲੋਂ 5ਵਾਂ ਫ਼ਰੀ ਮੈਡੀਕਲ ਚੈੱਕਅਪ ਕੈਂਪ ਸਿੰਗਲਾ ਮੈਡੀਕੋਜ਼ ਮੈਹਸ ਗੇਟ ਵਿਖੇ ਲਾਇਆ ਗਿਆ।ਕੈਂਪ ਵਿੱਚ ਡਾ. ਯਸ਼ਪਾਲ ਗੋਇਲ (ਸ਼ੂਗਰ, ਬੀ.ਪੀ, ਲੀਵਰ ਤੇ ਦਿਲ ਦੇ ਰੋਗਾਂ ਦੇ ਮਾਹਿਰ) ਐਮਬੀਬੀਐਸ, ਐਮਡੀ ਮੈਡੀਸਨ, ਐਫਆਈਡੀਐਮ (ਯੂਕੇ) ਗੋਲਡ ਮੈਡਲਿਸਟ ਸਾਬਕਾ ਐਸਆਰ ਜੀਐਮਸੀ ਪਟਿਆਲਾ, ਡਾਕਟਰ ਚੇਤਨਾ ਤੇ ਡਾਕਟਰ ਵਿਵੇਕ ਗਰਗ ਨੇ ਮਰੀਜ਼ਾਂ ਦਾ ਮੁਫ਼ਤ ਚੈੱਕਅਪ ਕੀਤਾ। ਕੈਂਪ ਦੌਰਾਨ ਡਾ. ਕੰਗਜ਼ ਲੈਬ ਵੱਲੋਂ ਈ.ਸੀ.ਜੀ, ਸ਼ੂਗਰ, ਸੀ.ਬੀ.ਸੀ ਤੇ ਯੂਰਿਕ ਐਸਿਡ ਦੇ ਟੈਸਟ ਮੁਫ਼ਤ ਕੀਤੇ ਗਏ।ਸੰਸਥਾ ਦੇ ਮੁੱਖ ਸੇਵਾਦਾਰ ਵਿਕਾਸ ਮਿੱਤਲ ਤੇ ਸੁਨੀਲ ਗੁਪਤਾ ਨੇ ਦੱਸਿਆ ਕਿ ਮਾਨਵ ਸੇਵਾ ਉਤਮ ਸੇਵਾ ਸੰਸਥਾ ਦਾ ਮੁੱਖ ਮਕਸਦ ਲੋੜਵੰਦ ਲੋਕਾਂ ਦੀ ਸੇਵਾ ਕਰਨਾ ਹੈ। ਉਨ੍ਹਾਂ ਕਿਹਾ ਕਿ ਸੰਸਥਾ ਵੱਲੋਂ ਹਮੇਸ਼ਾ ਹੀ ਸਮਾਜ ਭਲਾਈ ਦੇ ਕਾਰਜ ਕੀਤੇ ਜਾਂਦੇ ਹਨ, ਜਿਵੇਂ ਸਕੂਲਾਂ 'ਚ ਲੋੜਵੰਦ ਬੱਚਿਆਂ ਦੀ ਮਦਦ ਕਰਨਾ, ਬਿਰਧ ਆਸ਼ਰਮ 'ਚ ਬਜ਼ੁਰਗਾਂ ਲਈ ਰਾਸ਼ਨ ਅਤੇ ਲੋੜੀਂਦਾ ਸਮਾਨ ਸਮੇਂ ਸਿਰ ਦੇਣਾ।ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਮੈਡੀਕਲ ਚੈੱਕਅਪ ਕੈਂਪ, ਖ਼ੂਨਦਾਨ ਕੈਂਪ ਸੰਸਥਾ ਵੱਲੋਂ ਲਾਏ ਜਾਂਦੇ ਹਨ। ਉਨ੍ਹਾਂ ਲੋਕਾਂ ਨੂੰ ਬੇਨਤੀ ਕੀਤੀ ਕਿ ਸੰਸਥਾ ਦੀ ਮਦਦ ਲਈ ਹਮੇਸ਼ਾ ਅੱਗੇ ਆਉਣ ਤਾਂ ਕੀ ਅਸੀਂ ਹੋਰ ਤੁਹਾਡੇ ਸਹਿਯੋਗ ਨਾਲ ਇਹ ਸਮਾਜ ਭਲਾਈ ਦੇ ਕਾਰਜ ਕਰ ਸਕੀਏ।

# ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਨਗਰ ਕੀਰਤਨ ਸਜਾਇਆ



**ਜਗਰਾਉਂ (ਸੰਜੀਵ ਅਰੋੜਾ)**-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਪਹਿਲਾ ਵਿਸ਼ਾਲ ਨਗਰ ਕੀਰਤਨ ਗੁਰਦੁਆਰਾ ਪ੍ਰਬੰਧਕ ਕਮੇਟੀ ਦਸਮੇਸ਼ ਨਗਰ ਕੱਚਾ ਮਲਕ ਰੋਡ ਤੋਂ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਜਾਇਆ ਗਿਆ, ਜਿਹੜਾ ਕਿ ਗੁਰਦੁਆਰਾ ਦਸਮੇਸ਼ ਨਗਰ ਮਲਕ ਰੋਡ ਤੋਂ ਸ਼ੁਰੂ ਹੋ ਕੇ ਸ਼ਕਤੀ ਨਗਰ, ਬੇਸਿਕ ਸਕੂਲ ਪੁੱਲ ਥੱਲੇ, ਤਹਿਸੀਲ ਰੋਡ, ਹੀਰਾ ਬਾਗ, ਹੀਰਾ ਬਾਗ ਗਲੀ ਨੰਬਰ 7, ਸੂਆ ਰੋਡ ਤੋਂ ਤਹਿਸੀਲ ਰੋਡ, ਬੱਸ ਸਟੈਂਡ ਤੇ ਦਸਮੇਸ਼ ਨਗਰ ਤੋਂ ਹੁੰਦੇ ਹੋਏ ਦੇਰ ਸ਼ਾਮ ਗੁਰਦੁਆਰਾ ਸਾਹਿਬ ਵਿਖੇ ਸਮਾਪਤ ਹੋਇਆ। ਨਗਰ ਕੀਰਤਨ 'ਚ ਫ਼ੌਜੀ ਬੈਂਡ, ਬਰਾਸ ਬੈਂਡ, ਗੱਤਕਾ ਪਾਰਟੀਆਂ ਤੇ ਸਕੂਲੀ ਬੱਚੇ ਨਗਰ ਕੀਰਤਨ ਦੀ ਸ਼ੋਭਾ ਵਧਾ ਰਹੇ ਸਨ। ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਰਮਿੰਦਰਜੀਤ ਸਿੰਘ ਗਿੱਲ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਗਰ ਕੀਰਤਨ ਦਾ ਦੌਰਾਨ ਪੰਜਾਬੀ ਬਾਗ, ਗੁਰਦੁਆਰਾ ਬੁੰਗਾ ਸਾਹਿਬ ਦਮਦਮੀ ਟਕਸਾਲ ਸ਼ਕਤੀ ਨਗਰ, ਪੁਲ ਥੱਲੇ ਨੇੜੇ ਬੇਸਿਕ ਸਕੂਲ, ਗੁਰਦੁਆਰਾ ਸਾਹਿਬ ਮਾਤਾ ਸਾਹਿਬ ਕੌਰ ਜੀ ਹੀਰਾ ਬਾਗ ਤੇ ਦਸਮੇਸ਼ ਨਗਰ ਜੀ. ਟੀ. ਰੋਡ ਵਿਖੇ ਪੜਾਅ ਰੱਖੇ ਗਏ, ਜਿੱਥੇ ਪੰਥ ਪ੍ਰਸਿੱਧ ਢਾਡੀ ਜੱਥੇ ਡਾ: ਅਜੀਤਪਾਲ ਸਿੰਘ ਸਫਰੀ ਨੇ ਸੰਗਤਾਂ ਨੂੰ ਗੁਰ ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਸੁੱਖ ਸਾਗਰ ਚੈਰੀਟੇਬਲ ਡਿਸਪੈਸਰੀ ਵੱਲੋਂ ਫਰੀ ਹੋਮਿਓਪੈਥਿਕ ਮੈਡੀਕਲ ਕੈਂਪ ਵੀ ਲਗਾਇਆ ਗਿਆ। ਇਸ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਪ੍ਰੋ: ਸੁਖਵਿੰਦਰ ਸਿੰਘ, ਸਾਬਕਾ ਵਿਧਾਇਕ ਭਾਗ ਸਿੰਘ ਮੱਲ੍ਹਾ, ਬਿੰਦਰ ਮਨੀਲਾ, ਗੁਰਪਾਲ ਸਿੰਘ ਬਰਾੜ, ਪ੍ਰਦੀਪ ਸਿੰਘ, ਜਰਨੈਲ ਸਿੰਘ, ਸਨੀ ਮੋਬਾਇਲ, ਸੀਨੀਅਰ ਕਾਂਗਰਸੀ ਆਗੂ ਰਾਜੇਸ਼ਇੰਦਰ ਸਿੰਘ ਸਿੱਧੂ, ਸਾਬਕਾ ਕੌਂਸਲਰ ਅਪਾਰ ਸਿੰਘ, ਮਨਜੀਤ ਸਿੰਘ ਤੂਰ ਪ੍ਰਧਾਨ, ਭਾਗ ਸਿੰਘ ਮੀਤ ਪ੍ਰਧਾਨ, ਮੇਜਰ ਸਿੰਘ ਜਨਰਲ ਸਕੱਤਰ, ਕੁਲਦੀਪ ਸਿੰਘ ਕੈਸ਼ੀਅਰ, ਜਸਵਿੰਦਰ ਸਿੰਘ ਐਡੀਟਰ, ਹਰਿੰਦਰਪਾਲ ਸਿੰਘ ਮਜੀਠਾ, ਕੁਲਵੰਤ ਸਿੰਘ ਜਗਦੇ, ਜਗਦੇਵ ਸਿੰਘ ਕੋਕਰੀ, ਬਲਵੰਤ ਸਿੰਘ, ਜਰਨੈਲ ਸਿੰਘ ਰਾਏ, ਪੁਸ਼ਪਿੰਦਰ ਸਿੰਘ, ਬਸੰਤ ਸਿੰਘ, ਰਜਿੰਦਰ ਸਿੰਘ ਮੈਨੇਜਰ, ਸੁਖਵਿੰਦਰ ਸਿੰਘ ਕੱਕੂ, ਚਰਨਜੀਤ ਸਿੰਘ, ਗੁ: ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਰਣਜੀਤ ਸਿੰਘ ਖ਼ਾਲਸਾ, ਗੁਰਤੇਜ ਸਿੰਘ ਤੇਜ, ਅਵਤਾਰ ਸਿੰਘ ਐੱਸਡੀਓ ਤੇ ਜਸਪ੍ਰੀਤ ਸਿੰਘ ਆਦਿ ਹਾਜ਼ਰ ਸਨ।

## ਸੱਤਿਆ ਭਾਰਤੀ ਸਕੂਲ ਮਾਦਪੁਰ 'ਚ ਕਰਵਾਈਆਂ ਖੇਡਾਂ



**ਸਮਰਾਲਾ (ਸੁਰਜੀਤ ਸਿੰਘ)**-ਸੱਤਿਆ ਭਾਰਤੀ ਸਕੂਲ ਮਾਦਪੁਰ ਵਿਖੇ ਸਕੂਲ ਪੱਧਰ 'ਤੇ ਖੇਡਾਂ ਕਰਵਾਈਆਂ ਗਈਆਂ, ਜਿਸ ਵਿੱਚ ਬੱਚਿਆਂ ਵੱਲੋਂ ਵੱਖ ਵੱਖ ਖੇਡਾਂ ਵਿੱਚ ਭਾਗ ਲਿਆ ਗਿਆ, ਜਿਨ੍ਹਾਂ ਵਿਚ 100 ਮੀਟਰ ਦੌੜ, ਸਪੂਨ ਰੇਸ, ਚਾਟੀ ਰੇਸ, ਕਬੱਡੀ ਤੇ ਖੋ ਖੋ ਖੇਡਾਂ ਵਿੱਚ ਪੁਜ਼ੀਸ਼ਨ 'ਤੇ ਆਉਣ ਵਾਲੇ ਬੱਚਿਆਂ ਨੂੰ ਮੈਡਲ ਤੇ ਸਰਟੀਫਿਕੇਟਾਂ ਨਾਲ ਸਨਮਾਨਤ ਕੀਤਾ ਗਿਆ।ਇਸ ਮੌਕੇ ਸਰਪੰਚ ਜਗਜੀਤ ਸਿੰਘ, ਪੰਚਾਇਤ ਮੈਂਬਰ ਸਵਰਨ ਸਿੰਘ, ਪ੍ਰਵੀਨ ਸਿੰਘ ਮਨੀਲਾ, ਅਮਨਦੀਪ ਸਿੰਘ ਤੇ ਸਮੂਹ ਸਕੂਲ ਸਟਾਫ ਮੁੱਖ ਅਧਿਆਪਕ ਮੈਡਮ ਸਤਵੀਰ ਕੌਰ ਸੇਖੋਂ, ਮੈਡਮ ਹਰਪ੍ਰੀਤ ਕੌਰ, ਹਰਮੇਸ਼ ਕੁਮਾਰੀ, ਰਮਨਦੀਪ ਕੌਰ, ਚਰਨਜੀਤ ਕੌਰ, ਸਰਬਜੀਤ ਕੌਰ ਤੇ ਸਿਮਰਨਜੀਤ ਕੌਰ ਹਾਜ਼ਰ ਸਨ।

# ਯੂਨੀਵਰਸਿਟੀ ਸੈਨੇਟ ਭੰਗ ਕਰਨਾ ਕੇਂਦਰ ਦੀ ਪੰਜਾਬੀਆਂ ਨਾਲ ਧੱਕੇਸ਼ਾਹੀ : ਮਹਿਮਾ

## ਪੰਜਾਬ ਸਰਕਾਰ ਬਿਜਲੀ ਸੋਧ ਬਿੱਲ ਰੱਦ ਕਰੇ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਦੇ ਜਰਨਲ ਸਕੱਤਰ ਗੁਰਮੀਤ ਸਿੰਘ ਮਹਿਮਾ ਨੇ ਕਿਹਾ ਕਿ ਪੰਜਾਬ ਯੂਨੀਵਰਸਿਟੀ ਦੀ ਸਿੰਡੀਕੇਟ ਤੇ ਸੈਨੇਟ ਨੂੰ ਕੇਂਦਰ ਸਰਕਾਰ ਦੀ ਰਜ਼ਾ ਦੀ ਮੋਹਰ ਬਣਾਉਣ ਦੀ ਕੋਸ਼ਿਸ਼ ਬਰਦਾਸ਼ਤ ਨਹੀਂ। ਉਨ੍ਹਾਂ ਕਿਹਾ ਕਿ ਇਹ ਫੈਸਲਾ ਸਿੱਧੇ ਤੌਰ 'ਤੇ ਪੰਜਾਬੀਆਂ ਦੇ ਹੱਕਾਂ 'ਤੇ ਹਮਲਾ ਹੈ, ਇਸ ਨਾਲ ਸੂਬੇ ਦੀ ਵਿਰਾਸਤੀ ਪਛਾਣ ਕਮਜ਼ੋਰ ਹੋਵੇਗੀ। ਇਹ ਫੈਸਲਾ ਸੰਘੀਵਾਦੀ ਸੰਵਿਧਾਨ ਭਾਵਨਾਵਾਂ ਦੇ ਵਿਰੁੱਧ ਹੈ, ਇਹੋ ਇਕ ਮਨ 'ਚ ਸੀ ਜਿੱਥੇ ਯੂਨੀਵਰਸਿਟੀ ਦੇ ਵਿਦਿਆਰਥੀ ਤੇ ਸਾਬਕਾ ਵਿਦਿਆਰਥੀ ਆਪਣੇ ਵਿਚਾਰ ਪ੍ਰਗਟ ਕਰਦੇ ਸਨ। ਇਸ ਸਮੇਂ ਯੂਨੀ ਪ੍ਰਧਾਨ ਨੇ ਕਿਹਾ ਹੈ ਕਿ ਸੂਬੇ ਦੀਆਂ ਸਾਰੀਆਂ ਪ੍ਰਮੁੱਖ ਅਕਾਦਮਿਕ ਸੰਸਥਾਵਾਂ ਤੇ ਸੱਭਿਆਚਾਰਕ ਕੇਂਦਰਾਂ ਨੂੰ ਹੜੱਪਣ, ਉਨ੍ਹਾਂ ਦਾ ਭਗਵਾਂਕਰਨ ਕਰਨ ਲਈ ਆਰ ਐੱਸ ਐੱਸ. ਦੇ ਨਿਯਮ ਪੁਸਤਕ ਦੇ ਅਨੁਸਾਰ ਹੈ। ਉਨ੍ਹਾਂ ਕਿਹਾ ਕਿ ਅਸੀਂ ਸਰਕਾਰ ਨੂੰ ਚੇਤਾਵਨੀ ਦਿੰਦੇ ਹਾਂ ਕਿ ਜੇ ਸਰਕਾਰ ਇਸ ਨੋਟੀਫਿਕੇਸ਼ਨ ਨੂੰ ਰੱਦ ਨਹੀਂ ਕਰਦੀ ਤਾਂ ਇਸ ਖਿਲਾਫ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਸੰਘਰਸ਼ ਵਿੱਢੇਗੀ। ਇਸ ਸਮੇਂ ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ, ਜੋ ਬਿਜਲੀ ਸੋਧ ਬਿੱਲ ਲਿਆ ਰਹੀ ਹੈ, ਉਸ ਦੇ ਤਹਿਤ ਪੰਜਾਬ ਦੀਆਂ ਹਰ ਤਰ੍ਹਾਂ ਦੀਆਂ ਸੰਸਥਾਵਾਂ ਤੇ ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਸੂਬੇ ਦੀਆਂ ਖੋਜ ਸੰਸਥਾਵਾਂ ਯੂਨੀਵਰਸਿਟੀਆਂ ਨੂੰ ਆਪਣੇ ਅੰਡਰ ਲੈ ਕੇ ਪੰਜਾਬ ਨੂੰ ਕੱਖੋਂ ਹੌਲਾ ਕਰਨਾ ਚਾਹੁੰਦਾ, ਜੋ ਕਦੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਇਸੇ ਲੜੀ ਤਹਿਤ ਅਸੀਂ 4 ਨਵੰਬਰ ਨੂੰ ਪੰਜਾਬ ਦੇ ਸਮੂਹ ਡਿਪਟੀ ਕਮਿਸ਼ਨਰਾਂ ਨੂੰ ਮੰਗ ਪੱਤਰ ਦੇਣ ਜਾ ਰਹੇ ਹਾਂ ਪੰਜਾਬ ਸਬੰਧੀ ਸਾਰੇ ਮੁੱਦਿਆਂ 'ਤੇ ਇਕੱਠ ਕਰਕੇ ਪੰਜਾਬ ਸਰਕਾਰ ਨੂੰ ਕਲੀਅਰ ਕਰਨੇ ਚਾਹੀਦੇ ਹਨ ਅਤੇ ਕੇਂਦਰ ਦੇ ਇਨ੍ਹਾਂ ਪੰਜਾਬ ਮਾਰੂ ਫੈਸਲਿਆਂ ਖਿਲਾਫ ਡੱਟ ਕੇ ਵਿਰੋਧ ਕਰਨਾ ਚਾਹੀਦਾ ਹੈ, ਅਸੀਂ ਪੰਜਾਬ ਦੇ ਹੱਕਾਂ 'ਤੇ ਡਾਕਾ ਨਹੀਂ ਪੈਣ ਦਿਆਂਗੇ।

# ਦੁਕਾਨ 'ਚੋਂ ਨਗਦੀ ਤੇ ਚਾਂਦੀ ਦੇ ਸਿੱਕੇ ਚੋਰੀ



**ਭੀਖੀ, (ਧਰਮਵੀਰ ਸ਼ਰਮਾ)**-ਸ਼ਹਿਰ ਵਿੱਚ ਪਿਛਲੇ ਕਈ ਦਿਨਾਂ ਤੋਂ ਦੁਕਾਨਾਂ ਦੇ ਲਗਾਤਾਰ ਜਿੰਦਰੇ ਟੁੱਟ ਰਹੇ ਹਨ। ਦੁਕਾਨਦਾਰ ਦਹਿਸ਼ਤ ਦੇ ਮਾਹੌਲ ਵਿੱਚ ਹਨ, ਉੱਥੇ ਉਨ੍ਹਾਂ ਦੀ ਚਾਰਾਜੋਈ ਸੁਣਨ ਲਈ ਵੀ ਕੋਈ ਠੋਸ ਕਾਰਵਾਈ ਨਹੀਂ ਹੋ ਰਹੀ। ਬੀਤੀ ਰਾਤ ਸ਼ਹਿਰ ਦੇ ਰਾਜ ਮਾਰਗ 'ਤੇ ਸਥਿਤ ਵਿਵਾ ਪੈਸਟੀਸਾਇਡ ਦੁਕਾਨ ਦੇ ਜਿੰਦਰੇ ਤੋੜ ਕੇ ਕਾਊਂਟਰ 'ਚ ਪਈ ਨਗਦੀ ਤੇ ਚਾਂਦੀ ਦੇ ਸਿੱਕੇ ਚੋਰੀ ਕਰ ਲੈ ਗਏ। ਉਧਰ ਕੁਝ ਦਿਨ ਪਹਿਲਾਂ ਇਸੇ ਸੜਕ 'ਤੇ ਹੀ ਇੱਕ ਖਲ ਫੀਡ ਦੀ ਦੁਕਾਨ ਦੇ ਜਿੰਦਰੇ ਭੰਨ ਕੇ ਵੀ ਚੋਰੀ ਕਰ ਲਈ ਸੀ। ਹੋਈ ਚੋਰੀ ਤੋਂ ਦੁਖੀ ਦੁਕਾਨਦਾਰ ਮੰਨੂ ਸਿੰਗਲਾ ਨੇ ਦੱਸਿਆ ਕਿ ਬੀਤੀ ਰਾਤ ਉਸ ਦੀ ਦੁਕਾਨ ਦਾ ਜਿੰਦਰਾ ਤੋੜ ਕੇ ਚੋਰ 12 ਹਜ਼ਾਰ ਰੁਪਏ ਦੇ ਲੱਗਭੱਗ ਨਗਦੀ ਤੇ 3 ਚਾਂਦੀ ਦੇ ਸਿੱਕੇ ਚੋਰੀ ਕਰਕੇ ਲੈ ਗਏ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਸ਼ਹਿਰੀਆਂ ਨੂੰ ਸੁਰੱਖਿਅਤ ਮਾਹੌਲ ਦੇਣ ਲਈ ਪੁਲਸ ਪ੍ਰਸ਼ਾਸਨ ਮੁਸਤੈਦੀ ਨਾਲ ਕੰਮ ਕਰੇ ਅਤੇ ਸਮਾਜ ਵਿਰੋਧੀ ਅਨਸਰਾਂ ਨੂੰ ਨੱਥ ਪਾਵੇ। ਉਧਰ ਏ ਐੱਸ ਆਈ ਜਸਪਾਲ ਸਿੰਘ ਨੇ ਦੱਸਿਆ ਕਿ ਚੋਰਾਂ ਨੂੰ ਕਾਬੂ ਕਰਨ ਲਈ ਸੀਸੀਟੀਵੀ ਕੈਮਰਿਆਂ ਰਾਹੀਂ ਪੁਲਸ ਵੱਲੋਂ ਜਾਂਚ ਕੀਤੀ ਜਾ ਰਹੀ ਹੈ ਤੇ ਦੋਸ਼ੀਆਂ ਨੂੰ ਜਲਦੀ ਕਾਬੂ ਕਰ ਲਿਆ ਜਾਵੇਗਾ।

# ਸ੍ਰੀ ਮੁਕਤਸਰ ਸਾਹਿਬ ਤੋਂ ਸ਼ਹੀਦੀ ਨਗਰ ਕੀਰਤਨ ਅਗਲੇ ਪੜਾਅ ਲਈ ਰਵਾਨਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪ੍ਰਥਾ)**-ਸ੍ਰੀ ਦਰਬਾਰ ਸਾਹਿਬ ਸ੍ਰੀ ਮੁਕਤਸਰ ਸਾਹਿਬ ਵਿਖੇ ਰਾਤਰੀ ਵਿਸ਼ਰਾਮ ਕਰਨ ਉਪਰੰਤ ਅੰਤਰਾ ਗੁਰਦੁਆਰਾ ਟੁੱਟੀ ਗੰਢੀ ਸਾਹਿਬ ਤੋਂ ਸ਼ਹੀਦੀ ਨਗਰ ਕੀਰਤਨ ਅਗਲੇ ਪੜਾਅ ਫਰੀਦਕੋਟ ਲਈ ਰਵਾਨਾ ਹੋਇਆ। ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਤ ਆਸਾਮ ਤੋਂ ਸ਼ੁਰੂ ਹੋਇਆ ਇਹ ਨਗਰ ਕੀਰਤਨ ਬੀਤੀ ਰਾਤ 11 ਵਜੇ ਸ੍ਰੀ ਮੁਕਤਸਰ ਸਾਹਿਬ ਵਿਖੇ ਪਹੁੰਚਿਆ ਸੀ। ਅੱਜ ਸਵੇਰੇ ਭਾਈ ਮਹਾਂ ਸਿੰਘ ਦੀਵਾਨ ਹਾਲ ਸ੍ਰੀ ਮੁਕਤਸਰ ਸਾਹਿਬ ਤੋਂ ਰਵਾਨਗੀ ਹੋਈ। ਇਸ ਮੌਕੇ ਵੱਖ ਰਾਜਨੀਤਕ ਆਗੂਆਂ, ਸ਼੍ਰੋਮਣੀ ਕਮੇਟੀ ਮੈਂਬਰਾਂ, ਧਾਰਮਿਕ ਆਗੂਆਂ, ਵੱਖ-ਵੱਖ ਸੰਗਠਨਾਂ, ਵਪਾਰ ਮੰਡਲ ਅਤੇ ਸ਼ਹਿਰ ਤੇ ਇਲਾਕੇ ਦੀ ਸੰਗਤ ਵੱਲੋਂ ਵੱਡੀ ਗਿਣਤੀ ਵਿੱਚ ਸ਼ਾਮਲ ਹੋ ਕੇ ਹਾਜ਼ਰੀ ਲਵਾਈ ਗਈ ਅਤੇ ਰਸਤੇ ਵਿੱਚ ਵੱਖ-ਵੱਖ ਥਾਵਾਂ 'ਤੇ ਲੰਗਰ ਲਗਾਏ ਗਏ ਅਤੇ ਸਵਾਗਤ ਕੀਤਾ ਗਿਆ। ਇਹ ਨਗਰ ਕੀਰਤਨ ਸਰਾਏਨਾਗਾ, ਕੋਟਕਪੂਰਾ ਹੁੰਦਾ ਹੋਇਆ ਅੱਜ ਫਰੀਦਕੋਟ ਵਿਖੇ ਰਾਤਰੀ ਵਿਸ਼ਰਾਮ ਕਰੇਗਾ।

## ਸਲਾਈਟ ਵਿਖੇ ਸ੍ਰੀ ਅਖੰਡ ਪਾਠ ਜੀ ਦੇ ਪ੍ਰਕਾਸ਼ ਅੱਜ

**ਲੌਂਗੋਵਾਲ, (ਪ੍ਰਦੀਪ ਸੱਪਲ)** : ਸਥਾਨਕ ਸਲਾਈਟ ਕਾਲਜ ਦੇ ਸਮੂਹ ਪਰਿਵਾਰ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜਾ 3 ਤੋਂ 5 ਨਵੰਬਰ ਤੱਕ ਬੜੀ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦੇ ਹੋਏ ਗੁਰਦੁਆਰਾ ਸਾਹਿਬ ਦੇ ਸੇਵਾਦਾਰ ਭਾਈ ਸਰਬਜੀਤ ਸਿੰਘ ਤੇ ਹੈੱਡ ਗ੍ਰੰਥੀ ਭਾਈ ਧਨਵੰਤ ਸਿੰਘ ਨੇ ਦੱਸਿਆ ਕਿ ਗੁਰਦੁਆਰਾ ਭਾਈ ਕੀ ਸਮਾਧ ਵਿਖੇ ਸਮੂਹ ਸਟਾਫ ਵੱਲੋਂ ਮਿਲ ਕੇ 3 ਨਵੰਬਰ ਨੂੰ ਸ੍ਰੀ ਅਖੰਡ ਪਾਠ ਜੀ ਦੇ ਪ੍ਰਕਾਸ਼ ਹੋਣਗੇ ਤੇ 4 ਨਵੰਬਰ ਨੂੰ ਭਾਰੀ ਦੀਵਾਨ ਸਜਣਗੇ ਅਤੇ 5 ਨਵੰਬਰ ਨੂੰ ਸ੍ਰੀ ਅਖੰਡ ਪਾਠ ਜੀ ਦੇ ਭੋਗ ਪਾਏ ਜਾਣਗੇ ਅਤੇ ਭੋਗ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤੇਗਾ ਅਤੇ ਪ੍ਰਸਿੱਧ ਢਾਡੀ-ਰਾਗੀ ਪਹੁੰਚ ਰਹੇ ਹਨ।


**COURT NOTICE**

(U/o 5 Rule 20 CPC)
In the Court of Sh. Jagdeep Sood
Additional District and Sessions Judge, Ludhiana
CNR No. PBLD01-016558-2019
Next Date:- 27-11-2025
Manjit Singh
Vs.
Amrik Singh
Publication Issued To:
1. Amrik Singh S/o Niranjan Singh R/o Village Boura, Tehsil and District Ludhiana
6. Rani D/o Niranjan Singh And W/o Harbans Singh, R/o Village Burj Karala, Tehsil Jagraon, District Ludhiana
7. Satya Devi D/o Niranjan Singh And W/o Kaka Singh, R/o Village Lallian, Tehsil And District Jalandhar

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 27-11-2025 at 10:00 a.m.

For details logon to https://highcourtchd.gov.in/?mod=district_notice&district=mogacourt

Additional District and Sessions Judge Ludhiana
Dated, this day of 29-10-2025

**COURT NOTICE**

In The Court of
Ms. Shanu Goyal
Judicial Magistrate - Ist Class Ludhiana
CNR No.:- PBLD03-000086-2024
Next Date:-05-12-2025
M/s SK Finance Ltd
Vs
BHAGWANT SINGH
Detail of offence:-
NOTICE TO:
BHAGWANT SINGH :- S/o Jagdev Singh R/o Kalsan, Raikot, Ludhiana, Punjab-141109 M.9872489731

In above titled case, the accused could not be served. It is ordered that accused should appear in person or through counsel on 05-12-2025 at 10.00 a.m.

For details logon to https://highcourtchd.gov.in/?mod=district_notice&district=mogacourt

Judicial Magistrate - Ist Class Ludhiana
Dated, this day of 29-10-2025.


# ਟਰੱਸਟ ਹੜ੍ਹ ਪੀੜਤਾਂ ਦੀਆਂ ਲੜਕੀਆਂ ਦੇ ਕਰੇਗਾ ਵਿਆਹ-ਡਾ. ਓਬਰਾਏ

## ਜ਼ਿਲ੍ਹਾ ਟੀਮਾਂ ਨੂੰ ਲਿਸਟਾਂ ਬਣਾਉਣ ਦਾ ਹੁਕਮ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪ੍ਰਥਾ)**-ਡਾਕਟਰ ਐੱਸ ਪੀ ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਲੜੀ ਤਹਿਤ ਡਾਕਟਰ ਐੱਸ ਪੀ ਸਿੰਘ ਓਬਰਾਏ ਵੱਲੋਂ ਇਸ ਸਾਲ ਪੰਜਾਬ ਵਿੱਚ ਆਏ ਹੜ੍ਹਾਂ ਦੌਰਾਨ ਪ੍ਰਭਾਵਿਤ ਲੋਕਾਂ ਦੀ ਜ਼ਿੰਦਗੀ ਨੂੰ ਆਮ ਵਾਂਗ ਬਣਾਉਣ ਲਈ ਲੋਕਾਂ ਨੂੰ ਸੁੱਕਾ ਰਾਸ਼ਣ, ਪਸ਼ੂਆਂ ਦੀ ਫੀਡ, ਤਰਪਾਲਾਂ, ਮੱਛਰਦਾਨੀਆਂ, ਪਾਣੀ ਤੇ ਹੋਰ ਜੋ ਵੀ ਪ੍ਰਭਾਵਿਤ ਲੋਕਾਂ ਨੇ ਮੰਗਿਆ ਵੱਡੀ ਗਿਣਤੀ ਵਿੱਚ ਮਹੱਈਆ ਕਰਵਾਇਆ ਗਿਆ। ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਹੁਣ ਡਾਕਟਰ ਐੱਸ ਪੀ ਸਿੰਘ ਓਬਰਾਏ ਨੇ ਫੈਸਲਾ ਕੀਤਾ ਕਿ ਹੜ੍ਹਾਂ ਤੋਂ ਪ੍ਰਭਾਵਿਤ ਲੋਕਾਂ ਦੀਆਂ ਧੀਆਂ ਦੇ ਵਿਆਹ (ਜੋ ਵਿਆਹ ਕਰਨੇ ਤਹਿ ਸਨ, ਪਰ ਹੜ੍ਹਾਂ ਦੀ ਮਾਰ ਪੈਣ ਕਰਕੇ ਉਹ ਅਸਮਰਥ ਹਨ) ਟਰੱਸਟ ਆਪਣੇ ਖਰਚੇ 'ਤੇ ਕਰੇਗਾ। ਡਾਕਟਰ ਐੱਸ ਪੀ ਸਿੰਘ ਓਬਰਾਏ ਵੱਲੋਂ ਪ੍ਰਭਾਵਿਤ ਖੇਤਰਾਂ ਦੇ ਜ਼ਿਲ੍ਹਾ ਪ੍ਰਧਾਨਾਂ ਨੂੰ ਲਿਸਟਾਂ ਬਣਾਉਣ ਦੇ ਹੁਕਮ ਦਿੱਤੇ ਗਏ ਹਨ। ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਵਿਆਹ ਵਾਲੇ ਨਵੇਂ ਵਿਆਹੇ ਜੋੜਿਆਂ ਨੂੰ ਨਵੀਂ ਜ਼ਿੰਦਗੀ ਸ਼ੁਰੂ ਕਰਨ ਲਈ ਲੋੜੀਂਦਾ ਸਾਮਾਨ ਵੀ ਦਿੱਤਾ ਜਾਵੇਗਾ। ਟਰੱਸਟ ਦੀ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਟੀਮ ਵੱਲੋਂ ਡਾ. ਐੱਸ ਪੀ ਸਿੰਘ ਓਬਰਾਏ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ।

# ਐੱਚ ਐੱਮ ਡੀ ਏ ਵੀ ਪਬਲਿਕ ਸਕੂਲ ਦੇ ਤੈਰਾਕਾਂ ਦੀ ਸ਼ਾਨਦਾਰ ਪ੍ਰਾਪਤੀ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਐੱਚ. ਐੱਮ. ਡੀ.ਏ.ਵੀ. ਪਬਲਿਕ ਸਕੂਲ ਫਿਰੋਜ਼ਪੁਰ ਸ਼ਹਿਰ ਲਈ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਡੀ.ਏ.ਵੀ. ਨੈਸ਼ਨਲ ਸਪੋਰਟਸ ਦੇ ਤਹਿਤ ਪੁਲਸ ਡੀ.ਏ.ਵੀ. ਪਬਲਿਕ ਸਕੂਲ ਪੀ.ਏ.ਪੀ. ਕੈਂਪਸ ਜਲੰਧਰ ਵਿਖੇ ਆਯੋਜਿਤ ਡੀਏਵੀ ਸਟੇਟ ਲੇਵਲ ਸਵੀਮਿੰਗ ਟੂਰਨਾਮੈਂਟ (2025-26) ਵਿੱਚ ਸਕੂਲ ਦੀ ਸਵੀਮਿੰਗ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਵਿਦਿਆਲੇ ਦੇ ਪ੍ਰਤਿਭਾਸ਼ਾਲੀ ਤੇ ਹੋਣਹਾਰ ਤੈਰਾਕਾਂ/ਖਿਡਾਰੀਆਂ ਨੇ ਵੱਖ-ਵੱਖ ਵਰਗਾਂ ਵਿੱਚ ਉੱਤਮ ਪ੍ਰਦਰਸ਼ਨ ਕਰਦੇ ਹੋਏ ਅਨੇਕਾਂ ਮੈਡਲ ਜਿੱਤ ਕੇ ਸਕੂਲ ਦਾ ਨਾਂ ਰੌਸ਼ਨ ਕੀਤਾ। ਨਿਕੁੰਜ ਬਹਿਲ (ਅੰਡਰ 17) ਨੇ ਅਦਭੁਤ ਪ੍ਰਦਰਸ਼ਨ ਕਰਦੇ ਹੋਏ ਵੱਖ ਵੱਖ ਇਵੈਂਟਾਂ 'ਚ 5 ਸੋਨੇ ਦੇ ਮੈਡਲ ਹਾਸਲ ਕੀਤੇ। ਇਸੇ ਤਰ੍ਹਾਂ ਵਾਸੂ ਭੰਡਾਰਾ (ਅੰਡਰ-19) ਨੇ 50 ਮੀਟਰ ਬੈਕਸਟਰੋਕ ਰਜਤ ਮੈਡਲ, 50 ਮੀਟਰ ਫਰੀਸਟਾਈਲ ਕਾਂਸੇ ਦਾ ਮੈਡਲ, 100 ਮੀਟਰ ਫਰੀਸਟਾਈਲ ਕਾਂਸੇ ਦਾ ਮੈਡਲ ਹਾਸਲ ਕੀਤਾ। ਜਰਨੈਲ ਸਿੰਘ (ਅੰਡਰ-19) ਨੇ ਸਕੂਲ ਦੀਆਂ ਪ੍ਰਾਪਤੀਆਂ ਵਿੱਚ ਹੋਰ ਵਾਧਾ ਕਰਦਿਆਂ 200 ਮੀਟਰ ਬੈਕਸਟਰੋਕ 'ਚ ਸੋਨੇ ਦਾ ਮੈਡਲ, 100 ਮੀਟਰ ਬੈਕਸਟਰੋਕ 'ਚ ਰਜਤ ਮੈਡਲ, 1500 ਮੀਟਰ ਫਰੀਸਟਾਈਲ 'ਚ ਰਜਤ ਮੈਡਲ ਹਾਸਲ ਕੀਤਾ। ਇਨ੍ਹਾਂ ਜੇਤੂਆਂ ਵਿੱਚੋਂ ਨਿਕੁੰਜ ਬਹਿਲ (ਜੋ ਪਹਿਲਾਂ ਵੀ ਗੋਲਡ ਮੈਡਲਿਸਟ ਹੈ) ਤੇ ਜਰਨੈਲ ਸਿੰਘ ਦੀ ਚੋਣ ਹੁਣ ਦਿੱਲੀ ਵਿਚ ਹੋਣ ਵਾਲੀ ਡੀ.ਏ.ਵੀ. ਰਾਸ਼ਟਰੀ ਪੱਧਰ ਦੀ ਪ੍ਰਤੀਯੋਗਿਤਾ ਲਈ ਹੋਈ ਹੈ, ਜਿੱਥੇ ਉਹ ਵਿਦਿਆਲੇ ਦੀ ਨੁਮਾਇੰਦਗੀ ਕਰਨਗੇ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਅਨੂਪ ਚੋਹਾਨ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਨਿਕੁੰਜ ਨੇ 'ਖੇਡਾ ਵਤਨ ਦੀਆਂ', ਡੀ.ਏ.ਵੀ. ਸਟੇਟ ਲੈਵਲ, ਨੈਸ਼ਨਲ ਲੈਵਲ, ਓਪਨ ਸਟੇਟ ਲੈਵਲ ਤੇ ਵੱਖ-ਵੱਖ ਤੈਰਾਕੀ ਪ੍ਰਤੀਯੋਗਿਤਾਵਾਂ ਵਿਚ ਸੋਨੇ ਤੇ ਚਾਂਦੀ ਦੇ ਮੈਡਲ ਜਿੱਤ ਕੇ ਆਪਣੇ ਸਕੂਲ ਤੇ ਸ਼ਹਿਰ ਦਾ ਨਾਂ ਰੌਸ਼ਨ ਕੀਤਾ ਹੈ। ਪ੍ਰਿੰਸੀਪਲ ਅਨੂਪ ਚੋਹਾਨ ਨੇ ਤਿੰਨੋਂ ਵਿਦਿਆਰਥੀਆਂ, ਅਧਿਆਪਕਾਂ, ਅਭਿਭਾਵਕਾਂ ਤੇ ਨਿਕੁੰਜ ਨੂੰ ਵਧਾਈਆਂ ਤੇ ਸ਼ੁੱਭ-ਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਤਿੰਨੋਂ ਵਿਦਿਆਰਥੀਆਂ ਨੇ ਨਾ ਸਿਰਫ ਆਪਣੇ ਪਰਿਵਾਰ ਤੇ ਸਕੂਲ ਦਾ ਨਾਂ ਰੌਸ਼ਨ ਕੀਤਾ ਹੈ, ਸਗੋਂ ਆਪਣੀ ਮਿਹਨਤ ਤੇ ਲਗਨ ਨਾਲ ਸਾਰੇ ਵਿਦਿਆਰਥੀਆਂ ਲਈ ਇੱਕ ਪ੍ਰੇਰਣਾ ਬਣ ਗਏ ਹਨ। ਉਨ੍ਹਾਂ ਦੀ ਇਸ ਪ੍ਰਾਪਤੀ 'ਤੇ ਸਾਨੂੰ ਮਾਣ ਹੈ।

# ਵਿਧਾਇਕ ਬੱਗਾ ਵੱਲੋਂ ਆਮ ਆਦਮੀ ਕਲੀਨਿਕ ਦੇ ਨਿਰਮਾਣ ਕਾਰਜਾਂ ਦਾ ਉਦਘਾਟਨ

## ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣਾ ਸਰਕਾਰ ਦੀ ਮੁੱਖ ਤਰਜੀਹ



**ਲੁਧਿਆਣਾ (ਰਾਜ ਸਿੰਗਲਾ)**-ਹਲਕੇ ਦੇ ਵਸਨੀਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੀ ਵਚਨਬੱਧਤਾ ਨੂੰ ਕਾਇਮ ਰੱਖਦਿਆਂ, ਵਿਧਾਨ ਸਭਾ ਹਲਕਾ ਉੱਤਰੀ ਤੋਂ ਵਿਧਾਇਕ ਮਦਨ ਲਾਲ ਬੱਗਾ ਵੱਲੋਂ ਵਾਰਡ ਨੰਬਰ 68 ਅਧੀਨ ਚੰਦਰ ਨਗਰ ਦੀ ਗਲੀ ਨੰ: 5 ਵਿਖੇ 10ਵੇਂ ਆਮ ਆਦਮੀ ਕਲੀਨਿਕ ਦੇ ਨਿਰਮਾਣ ਕਾਰਜਾਂ ਦਾ ਉਦਘਾਟਨ ਕੀਤਾ ਗਿਆ।

ਵਿਧਾਇਕ ਬੱਗਾ ਨੇ ਕਿਹਾ ਕਿ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਨੂੰ ਭਾਗ ਲੱਗੇ ਹਨ, ਜਿਸ ਦੇ ਤਹਿਤ ਸੂਬੇ ਦੇ ਹਰ ਹਲਕੇ, ਮੁਹੱਲੇ ਤੇ ਪਿੰਡਾਂ ਵਿੱਚ ਆਮ ਆਦਮੀ ਕਲੀਨਿਕ ਖੁੱਲ੍ਹ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕਲੀਨਿਕਾਂ ਵਿੱਚ ਜਿੱਥੇ ਲੋਕ ਆਪਣੇ ਟੈਸਟ ਮੁਫ਼ਤ ਕਰਵਾ ਰਹੇ ਹਨ, ਉਥੇ ਸਰਕਾਰ ਵੱਲੋਂ ਫ੍ਰੀ ਇਲਾਜ ਦੀ ਵੀ ਸੁਵਿਧਾ ਉਪਲਬਧ ਕਰਵਾਈ ਜਾ ਰਹੀ ਹੈ।

ਇਸ ਮੌਕੇ ਕੌਂਸਲਰ ਪੁਸ਼ਪਿੰਦਰ ਭਨੋਟ ਬਿੱਟੂ, ਸੰਨੀ ਭਨੋਟ, ਰਾਜਾ ਮਹਿਨ, ਸੰਜੀਵ ਥਾਪਰ, ਪ੍ਰਿੰਸੀਪਲ ਸਵਿਤਾ ਅੰਸਲ, ਪਰਵੀਨ ਜਿੰਦਲ, ਰਾਕੇਸ਼ ਕਨੌਜੀਆ, ਬਨਵਾਰੀ ਲਾਲ, ਦੀਪਕ ਖੋਸਲਾ, ਨਰੇਸ਼ ਕੁਮਾਰ, ਭਾਰਤ ਭੂਸ਼ਣ ਡਾਵਰ, ਰਜਿੰਦਰ ਗੁਪਤਾ, ਹੀਰਾ ਲਾਲ, ਜੱਸੀ ਕਲਿਆਣ, ਭਾਰਤੀ ਭਨੋਟ, ਠਾਕੁਰ ਜੀ, ਜਗਦੀਸ਼ ਪੰਛੀ ਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਮੌਜੂਦ ਸਨ।

# ਰੋਆਇਲ ਕੈਂਬ੍ਰਿਜ ਸਕੂਲ ਬਿਆਸ ਵਿਖੇ ਦੋ ਰੋਜ਼ਾ ਖੇਡ ਸਮਾਗਮ ਸਮਾਪਤ



**ਬਿਆਸ (ਪਰਮਜੀਤ ਸਿੰਘ ਰੱਖੜਾ)**-ਰੋਆਇਲ ਕੈਂਬ੍ਰਿਜ ਸਕੂਲ ਬਿਆਸ ਵਿਖੇ ਦੋ-ਰੋਜ਼ਾ ਖੇਡ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਪਹਿਲੇ ਦਿਨ ਪ੍ਰੀ-ਪ੍ਰਾਇਮਰੀ, ਪਹਿਲੀ ਅਤੇ ਦੂਜੀ ਦੇ ਵਿਦਿਆਰਥੀਆਂ ਨੇ ਐਥਲੈਟਿਕਸ ਵਿੱਚ ਹਿੱਸਾ ਲਿਆ। ਦੂਸਰੇ ਦਿਨ ਵਿਦਿਆਰਥੀਆਂ ਨੇ ਦੌੜਾਂ, ਸ਼ਾਰਟ ਪੁੱਟ ਅਤੇ ਲੰਬੀ ਛਾਲ ਵਿੱਚ ਹਿੱਸਾ ਲੈ ਕੇ ਆਪਣੀ ਤਾਕਤ ਦਾ ਲੋਹਾ ਮੰਨਵਾਇਆ। ਸਮਾਗਮ ਦੌਰਾਨ ਰੰਗਾ-ਰੰਗ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ ਜਿਸ ਦਾ ਦਰਸ਼ਕਾਂ ਨੇ ਖੂਬ ਆਨੰਦ ਮਾਣਿਆ। ਸਕੂਲ ਦੇ ਪ੍ਰੈਜ਼ੀਡੈਂਟ ਪਰਮਵੀਰ ਅਨੰਦ, ਡਾਇਰੈਕਟਰ ਗੌਰਵ ਅਨੰਦ ਅਤੇ ਚੇਅਰਪਰਸਨ ਵੀਨਾ ਅਨੰਦ ਅਤੇ ਪ੍ਰਿੰ. ਧਰਵਿੰਦਰ ਕੌਰ ਨੇ ਜੇਤੂ ਰਹੇ ਵਿਦਿਆਰਥੀਆਂ ਦੇ ਨਾਲ-ਨਾਲ ਰਾਸ਼ਟਰੀ, ਰਾਜ ਅਤੇ ਜ਼ਿਲ੍ਹਾ ਪੱਧਰ 'ਤੇ ਖੇਡ ਚੁੱਕੇ ਖਿਡਾਰੀਆਂ ਨੂੰ ਸਨਮਾਨਿਤ ਕੀਤਾ ਅਤੇ ਉਨ੍ਹਾਂ ਦੇ ਸਮਰਪਿਤ ਕੋਚਾਂ ਦਾ ਵੀ ਸਨਮਾਨ ਕੀਤਾ ਗਿਆ। ਅਚੀਵਰਜ਼ ਹਾਊਸ ਨੂੰ ਸਰਬਉੱਤਮ ਟਰਾਫੀ ਪ੍ਰਦਾਨ ਕੀਤੀ ਗਈ। ਅੰਤ ਵਿੱਚ ਪ੍ਰਤਿਭਾ ਅਤੇ ਊਰਜਾ ਨਾਲ ਭਰਪੂਰ ਇਹ ਸਮਾਗਮ ਮਹਿਮਾਨਾਂ ਦੇ ਧੰਨਵਾਦੀ ਭਾਸ਼ਣ ਨਾਲ ਸਮਾਪਤ ਹੁੰਦਾ ਹੋਇਆ ਯਾਦਗਾਰੀ ਹੋ ਨਿੱਬੜਿਆ।

# ਸਰਚ ਦੌਰਾਨ ਖੇਤਾਂ 'ਚੋਂ 586 ਗ੍ਰਾਮ ਹੈਰੋਇਨ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਸਰਹੱਦੀ ਪਿੰਡ ਮਾਛੀਵਾੜਾ ਦੇ ਖੇਤਾਂ ਵਿੱਚੋਂ ਬੀਐੱਸਐੱਫ ਦੇ ਜਵਾਨਾਂ ਵੱਲੋਂ ਸਰਚ ਦੌਰਾਨ 586 ਗ੍ਰਾਮ ਹੈਰੋਇਨ ਦਾ ਪੈਕੇਟ ਬਰਾਮਦ ਕੀਤਾ ਹੈ। ਇਸ ਸਬੰਧੀ ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਸਦਰ ਫਿਰੋਜ਼ਪੁਰ ਪੁਲਸ ਦੇ ਸਹਾਇਕ ਥਾਣੇਦਾਰ ਜਸਪਾਲ ਸਿੰਘ ਨੇ ਦੱਸਿਆ ਕਿ ਇਕ ਪੱਤਰ ਨੰਬਰ ਡੀ/ਓਪੀਐੱਸ/ ਐੱਫਆਈਆਰ /155/ 2025/393 ਆਫਿਸ ਆਫ ਦੀ ਕੰਪਨੀ ਕਮਾਂਡਰ 'ਏ' ਸੀਓਵਾਈ, 155 ਬੀਐੱਸਐੱਫ ਬੀਓਪੀ ਜਗਦੀਸ਼, ਫਿਰੋਜ਼ਪੁਰ 1 ਨਵੰਬਰ 2025 ਵੱਲੋਂ ਪ੍ਰਮੋਦ ਕੁਮਾਰ ਏਸੀ/ਕੰਪਨੀ ਕਮਾਂਡਰ ਬੀਓਪੀ ਜਗਦੀਸ਼ ਫਿਰੋਜ਼ਪੁਰ ਮੌਸੂਲ ਥਾਣਾ ਹੋਇਆ ਕਿ ਅੱਜ ਬੀਐੱਸਐੱਫ ਬੀਓਪੀ ਜਗਦੀਸ਼ ਫਿਰੋਜ਼ਪੁਰ ਦੇ ਅਧਿਕਾਰੀਆਂ ਵੱਲੋਂ ਪਿੰਡ ਮਾਛੀਵਾੜਾ ਦੇ ਖੇਤਾਂ ਵਿੱਚੋਂ ਦੌਰਾਨੇ ਸਰਚ ਇਕ ਪੈਕੇਟ ਬਰਾਮਦ ਕੀਤਾ, ਜਿਸ ਨੂੰ ਖੋਲ੍ਹ ਕੇ ਚੈੱਕ ਕੀਤਾ ਤਾਂ ਉਸ ਵਿੱਚੋਂ ਸਮੇਤ ਪੈਕਿੰਗ ਮਟੀਰੀਅਲ ਦੇ 586 ਗ੍ਰਾਮ ਹੈਰੋਇਨ ਬਰਾਮਦ ਹੋਈ। ਜਾਂਚਕਰਤਾ ਜਸਪਾਲ ਸਿੰਘ ਨੇ ਦੱਸਿਆ ਕਿ ਪੁਲਸ ਵੱਲੋਂ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

# ਕੂੜੇ ਦੇ ਡੰਪ ਨੂੰ ਚੁਕਵਾਉਣ ਲਈ ਮੇਅਰ ਨੂੰ ਅੱਜ ਦਿੱਤਾ ਜਾਵੇਗਾ ਮੰਗ ਪੱਤਰ



**ਫਗਵਾੜਾ (ਡਾ. ਰਮਨ)**-ਜੈ ਭੀਮ ਯੂਨਾਈਟਿਡ ਵੁਆਇਸ ਆਫ ਪੰਜਾਬ ਦੇ ਜੋਨ ਨੰਬਰ ਇੱਕ ਅਧੀਨ ਆਉਂਦੇ ਜ਼ਿਲ੍ਹਾ ਜਲੰਧਰ, ਹੁਸ਼ਿਆਰਪੁਰ, ਲੁਧਿਆਣਾ, ਨਵਾਂਸ਼ਹਿਰ, ਕਪੂਰਥਲਾ ਦੇ ਅਹੁਦੇਦਾਰਾਂ ਦੀ ਵਿਸ਼ੇਸ਼ ਮੀਟਿੰਗ ਜਥੇਬੰਦੀ ਦੇ ਮੁੱਖੀ ਡਾ. ਹਰਜਿੰਦਰ ਸਿੰਘ ਜੱਖੂ ਦੀ ਅਗਵਾਈ ਹੇਠ ਮੁੱਖ ਦਫ਼ਤਰ ਚਾਹਲ ਨਗਰ ਫਗਵਾੜਾ ਵਿਖੇ ਹੋਈ। ਮੀਟਿੰਗ ਦੀ ਪ੍ਰਧਾਨਗੀ ਜਥੇਬੰਦੀ ਦੇ ਸਰਪ੍ਰਸਤ ਪ੍ਰਿੰਸੀਪਲ ਕੇਵਲ ਸਿੰਘ ਨੇ ਕੀਤੀ। ਮੀਟਿੰਗ 'ਚ ਜ਼ਿਲ੍ਹਾ ਕਪੂਰਥਲਾ ਦਿਹਾਤੀ ਦੇ ਪ੍ਰਧਾਨ ਰਾਜੇਸ਼ ਕੁਮਾਰ ਲਵੀ ਪੰਚ, ਜ਼ਿਲ੍ਹਾ ਮੀਤ ਪ੍ਰਧਾਨ ਰਜਿੰਦਰ ਪ੍ਰਤਾਪ ਸਿੰਘ, ਜ਼ਿਲ੍ਹਾ ਕਪੂਰਥਲਾ ਦੇ ਇਸਤਰੀ ਵਿੰਗ ਦੇ ਪ੍ਰਧਾਨ ਬੀਬੀ ਬਲਜੀਤ ਕੌਰ ਅੰਬੇਡਕਰੀ ਅਤੇ ਜ਼ਿਲ੍ਹਾ ਜਲੰਧਰ ਦਿਹਾਤੀ ਦੇ ਮੀਤ ਪ੍ਰਧਾਨ ਨਿਰਮਲ ਸਿੰਘ ਚਾਚੋਵਾਲ ਨੇ ਮੈਂਬਰਸ਼ਿਪ ਵਾਲੇ ਰਜਿਸਟਰ ਜਮਾ ਕਰਵਾਏ ਅਤੇ ਨਵੇਂ ਰਜਿਸਟਰ ਲੈ ਕੇ ਗਏ। ਡਾ.ਹਰਜਿੰਦਰ ਸਿੰਘ ਜੱਖੂ ਨੇ ਦੱਸਿਆ ਕਿ ਮੀਟਿੰਗ ਵਿੱਚ ਬਹੁਤ ਅਹਿਮ ਫੈਸਲਾ ਕਰਦੇ ਹੋਏ ਮਿਤੀ 1-1-2026 ਨੂੰ ਭੀਮਾ ਕੋਰੇਗਾਉਂ ਯੁੱਧ ਦੀਆਂ ਸ਼ਹਾਦਤਾਂ ਅਤੇ ਜਿੱਤ ਨੂੰ ਯਾਦ ਰੱਖਣ ਲਈ ਸਮਾਗਮ ਕਰਵਾਉਣ ਦਾ ਫੈਸਲਾ ਕੀਤਾ ਗਿਆ ਅਤੇ 3 ਨਵੰਬਰ ਨੂੰ ਡਾਕਟਰ ਅੰਬੇਡਕਰ ਪਾਰਕ ਹਦੀਆਬਾਦ ਫ਼ਗਵਾੜਾ ਦੇ ਨੇੜੇ ਬਣੇ ਕੂੜੇ ਦੇ ਡੰਪ ਨੂੰ ਚੁਕਵਾਉਣ ਲਈ ਨਗਰ ਨਿਗਮ ਫਗਵਾੜਾ ਦੇ ਮੇਅਰ ਨੂੰ ਮੈਮੋਰੰਡਮ ਦਿੱਤਾ ਜਾਵੇਗਾ। ਡਾ.ਜੱਖੂ ਨੇ ਕਿਹਾ ਕਿ ਯੂਥ ਵਿੰਗ ਅਤੇ ਲੇਡੀਜ਼ ਵਿੰਗ ਦੀ ਜਥੇਬੰਦਕ ਢਾਂਚੇ ਨੂੰ ਖੜ੍ਹਾ ਕਰਨ ਲਈ ਅਤੇ ਨਵੰਬਰ ਮਹੀਨੇ ਦੇ ਅਖੀਰਲੇ ਹਫਤੇ ਵਿੱਚ ਮੀਟਿੰਗ ਕਰਨ ਦਾ ਫੈਸਲਾ ਕੀਤਾ ਗਿਆ।

## ਕਲਾਸੀਫਾਈਡ ਇਸ਼ਤਿਹਾਰ


**Change of Name**

I, Yadvinder Singh S/o Harbhajan Singh R/o House No. 26, Street No. 2, Vivek Nagar, Jalandhar, Punjab-144004 have changed the name of my minor son from Niharpreet Singh Khokhar to Niharpreet Singh.

I, Sunita W/O Rajesh Kumar, R/o H.NO-206/32, New Laxmi, Pura, Industrial town, Jalandhar, Punjab-144004. have changed my name and shall hereafter be Known as Sakshi.

I, Kamaljit Kaur Mangat W/O Gurmit Singh Mangat, R/o House No 82, Near Spring Dale School, Khanna, Ludhiana, Punjab- 141401, Declare that name of My Husband has been wrongly written as Gurmeet Singh Mangat in my minor Daughter Harnoor Kaur Mangat, aged about 17 Years, In her 10th Class Certificate. The actual name of My Husband is Gurmit Singh Mangat, which may be amended accordingly.

I, Sunny S/o Madan Lal R/o Village Bhangala, District Jalandhar, Punjab-144033 have changed my name from Sunny to Sunny Saroye. All concerned please note.

I, Sarabjit Singh S/o Sulha Singh V.P.O. Jandir Distt. Jalandhar have Changed my minor Daughter name Muskan to Muskan Kaur.]

I, Bhupinder Singh S/o Balwinder Singh R/o VPO.Udhopur, Distt. Jalandhar, Punjab have changed my name as Given name Bhupinder & Surname as Singh. All Note.

I, Bimla W/o Vijay Kumar R/o Vill. Aladinpur , P.O. Khusropur, Distt. Jalandhar have changed my name from Bimla to Bimla Devi. All Please Note.

I, Ritika Gogna W/o Raghav Verma R/o H.No. 14/105, Gulmarg Colony, Tehsil and Distt. Jalandhar, Punjab have changed my name from Ritika Gogna to Ritika Verma, After Marriage. All Please Note.

I, Rajbir Singh S/o Faqir Singh R/o Vill. Nauli, Po. Isharwal, Ps. Patara, Distt. Jalandhar have declare that Rajbir is my given name and Singh is my Surname. All Please Note. (R)

I, Neha Thakkar W/o Shaman Gumber R/o H.No. 165, Vikas Puri, Near K.M.V Road, Jalandhar, Punjab have changed my name from Neha Thakur to Neha Gumber, after marriage. All Please Note.

I, Saroj Kumari Alias Saraj Kumari w/o Tarsem Lal r/o H.No. W.L. 63, Basti Guzan, Jalandhar (PB) have changed my name to Saraj Kumari. All Please Note.

I, Navjeet Kaur Birring w/o Gaganjit Singh r/o Vill. Manawali, Po.Chachoki, Teh. Phagwara, Distt.Kapurthala have changed my name to Navjeet Kaur, After Marriage. All Please Note.

I, Sanjiv Kumar s/o Krishan Lal r/o 28, Radison Enclave, Near Friends Colony, Jalandhar have changed my name to Sanjiv Dhawan. All Please Note.

**Change of Name**

I, Ashan Preet Kaur w/o Gurpinder Singh Aneja r/o 35, Rajiv Gandhi Enclave, circular road, kapurthala have use my given name as Ashan Preet & Surname as Kaur. All Please Note.

I, Karanbir S/O Yash Pal R/O H.no.622b/12 New Azad Nagar Gurdaspur Punjab Pin- 143521. Have Changed My Name From Karanbir To Karanbir Angural.

**ਬੇਦਖਲੀ ਨੋਟਿਸ**

ਮੈਂ ਸੁਖਦੇਵ ਸਿੰਘ ਪੁੱਤਰ ਮੁਖਤਾਰ ਸਿੰਘ ਵਾਸੀ ਪਿੰਡ ਰਾਜਾਤਾਲ ਸਬ ਤਹਿਸੀਲ ਅਟਾਰੀ ਜਿਲਾ ਅੰਮ੍ਰਿਤਸਰ ਇਹ ਬਿਆਨ ਕਰਦਾ ਹਾ ਕਿ ਮੇਰਾ ਲੜਕਾ ਰਣਜੋਧ ਸਿੰਘ ਅਤੇ ਉਸਦੀ ਪਤਨੀ ਕੁਲਵਿੰਦਰ ਕੌਰ ਅਤੇ ਇਹਨਾ ਦਿਆ ਲੜਕੀਆ ਜਗਦੀਪ ਕੌਰ , ਏਕਮਦੀਪ ਕੌਰ ਮੇਰੇ ਕਹਿਣੇ ਤੋ ਬਾਹਰ ਹਨ । ਇਹਨਾਂ ਨੂੰ ਮੈਂ ਆਪਣੀ ਚੱਲ ਅਚਲ ਜਾਇਦਾਦ ਤੋ ਬੇਦਖ਼ਲ ਕਰਦਾ ਹਾ ਇਹਨਾ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਦਾਰ ਹੋਵੇਗਾ ।

ਮੈਂ ਰਜਵੰਤ ਕੌਰ ਪਤਨੀ ਲੇਟ ਸ੍ਰ. ਹਰਬੰਸ ਸਿੰਘ ਵਾਸੀ ਪਿੰਡ ਨਿੱਬਰਵਿੰਡ, ਸਭ ਤਹਿਸੀਲ ਤਰਸਿੱਕਾ, ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਹਰਵਿੰਦਰ ਸਿੰਘ (ਕੁਆਰਾ) ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਅਤੇ ਸੰਬੰਧ ਰੱਖਣ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ, ਸੁਖਦੇਵ ਸਿੰਘ ਪੁੱਤਰ ਸ੍ਰੀ ਦਲੀਪਾ, ਵਾਸੀ ਪੱਤੀ ਲਕਸੀਆਂ, ਮਲਸੀਆਂ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਚਰਨ ਸਿੰਘ ਅਤੇ ਉਸ ਦੀ ਪਤਨੀ ਦੀਪਾ ਅਤੇ ਉਨ੍ਹਾਂ ਦਾ ਲੜਕਾ ਅਭੀਜੋਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ, ਜੋ ਮੈਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

**ਨਾਂਅ ਦੀ ਬਦਲੀ**

ਮੈਂ, ਸਚਿਨਪ੍ਰੀਤ ਪੁੱਤਰ ਬੂਟਾ ਰਾਮ, ਵਾਸੀ ਪਿੰਡ ਹੰਬੜਾਂ, ਡਾਕ. ਬੈਂਚ ਬਾਜਾ, ਤਹਿ. ਟਾਂਡਾ (ਹੁਸ਼ਿਆਰਪੁਰ) ਮੈਂ ਆਪਣਾ ਨਾਂਅ ਸਚਿਨਪ੍ਰੀਤ ਤੋਂ ਬਦਲ ਕੇ ਸਚਿਨਪ੍ਰੀਤ ਸਿੰਘ ਰੱਖ ਲਿਆ ਹੈ।

**ਆਮ ਸੂਚਨਾ**

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਟਿਊਬਵੈੱਲ ਕੁਨੈਕਸ਼ਨ ਸੀ-1191 ਲੋਡ 3 ਬੀ ਐੱਚ ਪੀ ਸਵਰਨ ਸਿੰਘ ਪੁੱਤਰ ਸ਼ੇਰ ਸਿੰਘ ਦੇ ਨਾਂਅ ਹੈ। ਜਿਸ ਨੂੰ ਬਲਵਿੰਦਰ ਸਿੰਘ ਪੁੱਤਰ ਸਵਰਨ ਸਿੰਘ ਨੇ ਆਪਣੇ ਨਾਂਅ 'ਤੇ ਤਬਦੀਲ ਕਰਵਾਉਣ ਲਈ ਐਪਲੀਕੇਸ਼ਨ ਦਫ਼ਤਰ ਪੀ ਐੱਸ ਪੀ ਸੀ ਐੱਲ ਕਾਹਨੂੰਵਾਨ ਵਿਖੇ ਪੇਸ਼ ਕੀਤੀ ਹੈ। ਇਸ ਸੰਬੰਧੀ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ 15 ਦਿਨਾਂ ਦੇ ਅੰਦਰ-ਅੰਦਰ ਲਿਖਤੀ ਰੂਪ ਵਿਚ ਐੱਸ ਡੀ ਓ ਕਾਹਨੂੰਵਾਨ ਨੂੰ ਪੇਸ਼ ਕਰੇ। ਇਸ ਤੋਂ ਬਾਅਦ ਕੀਤਾ ਇਤਰਾਜ਼ ਮਨਜ਼ੂਰ ਨਹੀਂ ਕੀਤਾ ਜਾਵੇਗਾ ਅਤੇ ਇਸ ਟਿਊਬਵੈੱਲ ਕੁਨੈਕਸ਼ਨ ਨੂੰ ਬਿਨਾਂ ਕਿਸੇ ਦੇ ਇਤਰਾਜ਼ ਦੇ ਬੇਨਤੀ ਕਰਤਾ ਦੇ ਨਾਂਅ 'ਤੇ ਬਦਲੀ ਕਰ ਦਿੱਤਾ ਜਾਵੇਗਾ।

**Lost and Found**

I, Vijay Kumari W/O Narinder Pal Sharma Alias Narinder Sharma R/O 520A/13 Gopal Nagar Behrampur Road Gurdaspur. Declare That My Husband Name Narinder Pal Sharma Alias Narinder Sharma Has Been Mentioned Wrong In My Passport . Correct Name Is Narinder Sharma.


**ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ**

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।


**COURT NOTICE**

In the Court of
Sh. Arjun Singh Sandhu
Judicial Magistrate First Class-8 Jalandhar
COMA-1393/2024
CNR No.:- PBJL03-021095-2024
Next Date:-11-12-2025
Simran
Vs.
Jatinder Singh
Detail of offence:-
Notice To:
Res. No-3 Ranjit Singh S/o Balbir Singh, Res. No-5 Palwinder S/o Not Known, Res. No-6 Tina W/o Not Known. All R/O Village Jeevanpur Jattan, Tehsil Garhshankar, District Hoshiarpur.

In above titled case, the accused could not be served. It is ordered that accused should appear in person or through counsel on 11-12-2025 at 10.00 a.m.

For details logon to https://highourtchd.gov.in/?mod=district_notice&district=Jalandhar

Judicial Magistrate First Class-8 Jalandhar
Dated, this day of 01-11-2025

**COURT NOTICE**

(U/o 5 Rule 20 CPC)
In the Court of
Sh. Mandeep Singh Kainth
Civil Judge (Junior Division), Kharar
CNR No. PBSAA0-000823-2020
Next Date:- 21-11-2025
Bank of Baroda
Vs.
Naveen Kumar Jain
Publication Issued To:
1. Naveen Kumar Jain
Father :- Ram Saroop Jain
Proprietor Ankush Medical Agencies Through His Legal Heir Bala Jain W/O Late Naveen Kumar Jain House No 2015 Ward No 6 Landran Road Kharar 140307
2. Bala Jain W/O Late Naveen Kumar Jain House No 2015 Ward No 6 Landran Road Kharar 140307

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 21-11-2025 at 10:00 a.m.

For details logon to https://highcourtchd.gov.in/?mod=district_notice&district=mogacourt

Civil Judge (Junior Division) Kharar
Dated, this day of 31-10-2025

**COURT NOTICE**

In the Court of Anannya Rishi
Judicial Magistrate Ist Class Rupnagar
CNR No.:- PBRO03-003043-2024
Next Date:-10-11-2025
Deepika Sharma
Vs.
Vipan Sharma
Detail of offence:- Protection of Women from domestic violence Act 2005 U/S 12 read With 18/19/20/22
Notice To:
4. Pooja Sharma, Daughter of Ramesh Chander 5. Raman Sharma Son of Ramesh Chander Both R/o Village Athola, Tehsil and district, Jalandhar.

In above titled case, the accused could not be served. It is ordered that accused should appear in person or through counsel on 10-11-2025 at 10.00 a.m.

For details logon to https://highcourtchd.gov.in/?mod=district_notice&district=Rupnagar

Judicial Magistrate - Ist Class Rupnagar
Dated, this day of 30-10-2025

**COURT NOTICE**

(U/o 5 Rule 20 CPC)
In the Court of
Sh. Kunal Lamba
Civil Judge (Junior Division), Batala
CNR No. PBGDA0-000904-2025
Next Date:-17-12-2025
Tarsem Singh
Vs.
GRD Construction etc.
Publication Issued To:
1. "GRD Construction" Having its Registered office at Jaja Chowk Tanda Urmur, Tehsil Dasuya, Distt. Hoshiarpur Through its C.E.O. Bikram Singh

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 17-12-2025 at 10:00 a.m.

For details logon to https://highcourtchd.gov.in/?mod=district_notice&district=Gurdaspur

Civil Judge (Junior Division), Batala
Dated, this day of 31-10-2025

**CRIMINAL COURTS, LUDHIANA**

In the Court of Ms. Shruti Judicial Magistrate - Ist Class, Ludhiana
Next Date, Purpose of case, Orders and Judgments as well as other case information is available on http://ecourts.gov.in

Case No.:- COMA/43371/2022
M/s Indusind Bank Limited Vs BHAJAN RAM
POLICE STATION/FIR NO. DIVISION 5//0
CNR No. PBLD03-062592-2022 NEXT DATE: 05-12-2025
138 of Negotiable Instruments Act

Proclamation Requiring the appearance of a person accused
Detail of offence:-
Notice To: Bhajan Ram
S/o Surinder Ram, R/o Model Town, Ramgarh Sardaran Ludhiana-141119.

WHEREAS complaint/case has been made before me that Bhajan Ram:- S/o Surinder Ram, R/o Model Town, Ramgarh Sardaran Ludhiana- 141119 has committed (or is suspected to have committed) the offence punishable under section 138 of Negotiable Instruments Act and it has been returned to a warrant of arrest thereupon issued that the said BHAJAN RAM cannot be found, and whereas it has been shown to my satisfaction that the said BHAJAN RAM has absconded (or is concealing himself/herself to avoid the service of the said warrant); Proclamation is hereby made that the said BHAJAN RAM is required to appear before this Court (or before me) on 05-12-2025 to answer the said complaint/case.

Dated, this day of 28-10-2025　　Judicial Magistrate/Ist Class Ludhiana

**ਸਨਮੁੱਖ ਸੁਖਜੀਤ ਸਿੰਘ ਜੌਲੀ ਐਡਵੋਕੇਟ ਦੇ ਸਾਲਸੀ ਟ੍ਰਿਬਿਊਨਲ/ਇਕਮਾਤਰ ਸਾਲਸੀ, ਜਲੰਧਰ**

ਕੈਪੀਟਲ ਸਮਾਲ ਫਾਈਨਾਂਸ ਬੈਂਕ ਲਿਮਟਿਡ ਕੰਪਨੀਜ਼ ਐਕਟ 1956 ਅਧੀਨ ਇੱਕ ਕਾਰਪੋਰੇਟ ਬਾਡੀ, ਜਿਸ ਦਾ ਮੁੱਖ ਦਫਤਰ ਤੀਜੀ ਮੰਜ਼ਲ, ਮਿਡਾਸ ਕਾਰਪੋਰੇਟ ਪਾਰਕ, 37, ਜੀ ਟੀ ਰੋਡ ਜਲੰਧਰ ਵਿਖੇ ਹੈ ਅਤੇ ਇਸ ਦੀਆਂ ਹੋਰ ਸ਼ਾਖਾਵਾਂ ਵਿੱਚ ਇੱਕ ਸ਼ਾਖਾ ਭਾਣੋਕੀ ਵਿਖੇ ਹੈ, ਵਿਧੀਗਤ ਗਠਿਤ ਅਟਾਰਨੀ ਰਾਹੀਂ।

ਬਿਨੈਕਾਰ

ਬਨਾਮ

1. ਸ੍ਰੀ ਹਰਜਿੰਦਰ ਸਿੰਘ ਪੁੱਤਰ ਸ੍ਰੀ ਸੁੱਚਾ ਸਿੰਘ ਵਾਸੀ ਪਿੰਡ ਤੇ ਡਾਕ. ਮਾਹਲ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ-144409
2. ਸ੍ਰੀ ਪਰਮਿੰਦਰ ਸਿੰਘ ਪੁੱਤਰ ਸ੍ਰੀ ਪ੍ਰੀਤਮ ਸਿੰਘ ਵਾਸੀ ਪਿੰਡ ਪੱਤੀ ਦਰਾਜ ਕੀ ਢੇਸੀਆਂ ਕਾਹਨਾ, ਤਹਿਸੀਲ ਫਿਲੌਰ-144311
3. ਸ੍ਰੀ ਜਗਤਾਰ ਸਿੰਘ ਪੁੱਤਰ ਸੁੱਚਾ ਸਿੰਘ ਵਾਸੀ ਪਿੰਡ ਢੰਡਵਾਲ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ-144502
4. ਸ਼ਕਤੀ ਨੰਦਨ ਪੁੱਤਰ ਸ੍ਰੀ ਕ੍ਰਿਸ਼ਨ ਚੰਦਰ ਵਾਸੀ ਪਿੰਡ ਮਾਹਲ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ-144409

ਜਵਾਬਦੇਹ

ਉਕਤ ਪਾਰਟੀਆਂ ਵਿਚਾਲੇ ਵਿਵਾਦ ਦੇ ਚਲਦਿਆਂ ਜਵਾਬਦੇਹਾਂ ਨੂੰ ਰਜਿਸਟਰਡ ਡਾਕ ਰਾਹੀਂ ਨੋਟਿਸ ਭੇਜੇ ਗਏ ਸਨ। ਜਵਾਬਦੇਹ ਨੰ. 2 ਨੂੰ ਭੇਜਿਆ ਗਿਆ ਨੋਟਿਸ ਇਨਕਾਰੀ ਟਿੱਪਣੀ ਨਾਲ ਵਾਪਸ ਪ੍ਰਾਪਤ ਹੋਇਆ ਅਤੇ ਜਵਾਬਦੇਹ ਨੰ. 3 ਅਤੇ ਜਵਾਬਦੇਹ ਨੰ. 4 ਨੂੰ ਨੋਟਿਸ ਭੇਜੇ ਗਏ ਅਤੇ ਜਵਾਬਦੇਹ ਨੰ. 1 ਨੂੰ ਭੇਜਿਆ ਗਿਆ ਨੋਟਿਸ ਵਾਪਸ ਪ੍ਰਾਪਤ ਨਹੀਂ ਹੋਇਆ ਦੂਜੀ ਵਾਰ ਜਵਾਬਦੇਹ ਨੰ. 1 ਨੂੰ ਭੇਜਿਆ ਨੋਟਿਸ ਬਿਨਾਂ ਕਿਸੇ ਰਿਪੋਰਟ ਦੇ ਵਾਪਸ ਪ੍ਰਾਪਤ ਹੋਇਆ ਅਤੇ ਜਵਾਬਦੇਹ ਨੰ. 2 ਤੋਂ 4 ਨੂੰ ਭੇਜੇ ਗਏ ਨੋਟਿਸ ਟਰੈਕ ਰਿਪੋਰਟ ਮੁਤਾਬਕ ਬਕਾਇਦਾ ਭੇਜੇ ਗਏ। ਜਿਸ ਤੋਂ ਸਾਬਤ ਹੁੰਦਾ ਹੈ ਕਿ ਜਵਾਬਦੇਹਾਂ ਨੂੰ ਉਨ੍ਹਾਂ ਵਿਰੁੱਧ ਕੀਤੀਆਂ ਜਾ ਰਹੀਆਂ ਕਾਰਵਾਈਆਂ ਬਾਰੇ ਪਤਾ ਹੈ ਅਤੇ ਉਹ ਜਾਣਬੁੱਝ ਕੇ ਟ੍ਰਿਬਿਊਨਲ ਸਾਹਮਣੇ ਪੇਸ਼ ਹੋਣ ਤੋਂ ਕੰਨੀ ਕਤਰਾ ਰਹੇ ਹਨ, ਫਿਰ ਵੀ ਸਾਰੇ ਜਵਾਬਦੇਹਾਂ ਨੂੰ ਇੱਕ ਮੌਕਾ ਦੇਣ ਲਈ ਇਹ ਹੁਕਮ ਦਿੱਤਾ ਜਾਂਦਾ ਹੈ ਕਿ ਉਨ੍ਹਾਂ ਨੂੰ ਵਿਵਾਦ ਦੇ ਮਾਮਲੇ 'ਚ ਆਪਣੇ ਦਾਅਵੇ ਅਤੇ ਇਤਰਾਜ਼ ਪੇਸ਼ ਕਰਨ ਲਈ ਅਖਬਾਰ 'ਚ ਪ੍ਰਕਾਸ਼ਨਾ ਰਾਹੀਂ ਸੂਚਿਤ ਕੀਤਾ ਜਾਵੇ। ਤੁਹਾਨੂੰ ਜਵਾਬਦੇਹਾਂ ਨੂੰ ਆਪਣੇ ਇਤਰਾਜ਼ ਅਤੇ ਦਾਅਵੇ, ਜੇਕਰ ਕੋਈ ਹਨ ਤਾਂ ਦਾਖਲ ਕਰਨ ਲਈ 28.11.2025 ਨੂੰ ਦੁਪਹਿਰ 1.00 ਵਜੇ ਖੁਦ ਜਾਂ ਆਪਣੇ ਪ੍ਰਤੀਨਿਧ ਸਾਪੁਸ ਸਨਮੁੱਖ ਚੈਂਬਰ ਨੰਬਰ 113, ਨਵੀਆਂ ਕਚਹਿਰੀਆਂ ਜਲੰਧਰ ਵਿਖੇ ਪੇਸ਼ ਹੋਣ ਦੀ ਹਦਾਇਤ ਕੀਤੀ ਜਾਂਦੀ ਹੈ। ਕਾਰਵਾਈਆਂ 'ਚ ਸ਼ਾਮਲ ਹੋਣ ਲਈ ਅਸਫਲ ਰਹਿਣ 'ਤੇ ਤੁਹਾਡੇ ਵਿਰੁੱਧ ਇਕਤਰਫਾ ਕਾਰਵਾਈ ਕਰ ਦਿੱਤੀ ਜਾਵੇਗੀ।

ਮਿਤੀ 27.10.2025　　ਸੁਖਜੀਤ ਸਿੰਘ ਜੌਲੀ
ਜਲੰਧਰ　　ਸਾਲਸ


# ਅੰਮ੍ਰਿਤਸਰ ਰੇਲਵੇ ਸਟੇਸ਼ਨ ਦੇ ਪੁਨਰ-ਵਿਕਾਸ ਦਾ ਕੰਮ ਤੇਜ਼



**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਉੱਤਰ ਰੇਲਵੇ ਦੇ ਅਪਰ ਮਹਾਪ੍ਰਬੰਧਕ (ਏਜੀਐੱਮ) ਮੋਹਿਤ ਚੰਦਰਾ ਨੇ ਅੰਮ੍ਰਿਤਸਰ ਰੇਲਵੇ ਸਟੇਸ਼ਨ ਦਾ ਦੌਰਾ ਕੀਤਾ ਤੇ ਸਟੇਸ਼ਨ 'ਤੇ ਉਪਲੱਬਧ ਯਾਤਰੀ ਸਹੂਲਤਾਂ ਦਾ ਜਾਇਜ਼ਾ ਲਿਆ। ਇਸ ਨਰੀਖਣ ਦੌਰਾਨ, ਉਨ੍ਹਾਂ ਨੇ ਖਾਸ ਤੌਰ 'ਤੇ ਅੰਮ੍ਰਿਤਸਰ ਸਟੇਸ਼ਨ ਦੇ ਆਉਣ ਵਾਲੇ ਪੁਨਰ-ਵਿਕਾਸ ਕਾਰਜਾਂ ਦੀ ਸਮੀਖਿਆ ਕੀਤੀ। ਚੰਦਰਾ ਨੇ ਪੁਨਰ-ਵਿਕਾਸ ਲਈ ਨਿਰਧਾਰਤ ਜਗ੍ਹਾ ਦਾ ਬੜੀ ਬਾਰੀਕੀ ਨਾਲ ਨਰੀਖਣ ਕੀਤਾ। ਇਸ ਪ੍ਰੋਜੈਕਟ ਤਹਿਤ ਸਟੇਸ਼ਨ 'ਤੇ ਕਈ ਆਧੁਨਿਕ ਸਹੂਲਤਾਂ ਪ੍ਰਦਾਨ ਕੀਤੀਆਂ ਜਾਣਗੀਆਂ, ਜਿਨ੍ਹਾਂ ਵਿੱਚ ਸਰਕੂਲੇਟਿੰਗ ਏਰੀਆ, ਏਅਰ-ਕੰਡੀਸ਼ਨਡ ਤੇ ਗੈਰ-ਏਅਰ-ਕੰਡੀਸ਼ਨਡ ਉਡੀਕ ਹਾਲ, ਐਸਕੇਲੇਟਰ ਅਤੇ ਲਿਫ਼ਟ ਦੀ ਸਹੂਲਤ, ਦਿਵਿਆਂਗਜਨਾਂ ਲਈ ਅਨੁਕੂਲ ਮਾਹੌਲ, ਮੁੱਖ ਪ੍ਰਵੇਸ਼ ਦੁਆਰ ਵੱਲ ਬਿਹਤਰ ਆਵਾਜਾਈ ਦੇ ਨਾਲ ਇਕ ਵਿਸ਼ਾਲ ਪਾਰਕਿੰਗ ਖੇਤਰ, ਸੁਚਾਰੂ ਟਰੈਫਿਕ ਪ੍ਰਵਾਹ ਲਈ ਵੱਖਰੇ ਡਰੌਪ-ਆਫ ਤੇ ਪਿਕ-ਅੱਪ ਲੇਨਾਂ, ਨਵੇਂ ਪਲੇਟਫਾਰਮ, ਫੁੱਟ ਓਵਰ ਬ੍ਰਿਜ ਸ਼ਾਮਲ ਹਨ। ਏਜੀਐੱਮ ਮੋਹਿਤ ਚੰਦਰਾ ਨੇ ਕਿਹਾ ਕਿ ਇਹ ਪ੍ਰੋਜੈਕਟ ਨਾ ਸਿਰਫ ਸਟੇਸ਼ਨ ਨੂੰ ਆਧੁਨਿਕ ਤੇ ਯਾਤਰੀ-ਅਨੁਕੂਲ ਬਣਾਏਗਾ, ਬਲਕਿ ਯਾਤਰੀਆਂ ਨੂੰ ਆਲਮੀ (ਗਲੋਬਲ) ਪੱਧਰ ਦੀਆਂ ਸਹੂਲਤਾਂ ਪ੍ਰਦਾਨ ਕਰਨ ਵਿੱਚ ਵੀ ਮੀਲ ਪੱਥਰ ਸਾਬਿਤ ਹੋਵੇਗਾ। ਇਸ ਨਰੀਖਣ ਦੌਰਾਨ ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ, ਸੀਏਓ/ਕੰਸਟਰਕਸ਼ਨ ਐੱਸ ਮਿਸ਼ਰਾ, ਸੀਨੀਅਰ ਮੰਡਲ ਇੰਜੀਨੀਅਰ ਨਵਲਪ੍ਰੀਤ ਕੌਰ, ਸੀਨੀਅਰ ਮੰਡਲ ਵਣਜ ਪ੍ਰਬੰਧਕ ਪਰਮਦੀਪ ਸਿੰਘ ਸੈਣੀ ਸਮੇਤ ਹੋਰ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।

# ਨਗਰ ਕੀਰਤਨ 'ਚ ਨਤਮਸਤਕ ਹੋਏ ਗੁਰਸਹਿਜ ਰੰਧਾਵਾ, ਸਰਬੱਤ ਦੇ ਭਲੇ ਦੀ ਕੀਤੀ ਅਰਦਾਸ



**ਲਾਲੜੂ (ਵਿਨੈ ਕੁਮਾਰ ਜੈਨ)**-ਪਿੰਡ ਲਾਲੜੂ ਵਿੱਖੇ ਡੇਰਾਬੱਸੀ ਹਲਕੇ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਦੇ ਪੁੱਤਰ ਸਰਦਾਰ ਗੁਰਸਹਿਜ ਸਿੰਘ ਰੰਧਾਵਾ ਨੇ ਲਾਲੜੂ ਸਰਕਲ ਦੀ ਟੀਮ ਸਮੇਤ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਜਾਏ ਗਏ ਨਗਰ ਕੀਰਤਨ ਵਿੱਚ ਨਤਮਸਤਕ ਹੋ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਸਥਾਨਕ ਗੁਰੂਦਵਾਰਾ ਸਾਹਿਬ ਵੱਲੋਂ ਕਰਵਾਏ ਗਏ ਇਸ ਸਮਾਗਮ ਵਿੱਚ ਹਰ ਵਰਗ ਦੀਆਂ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਗੁਰਸਹਿਜ ਰੰਧਾਵਾ ਨੇ ਆਪਣੇ ਸੰਬੋਧਨ 'ਚ ਲੋਕਾਂ ਨੂੰ ਗੁਰੂ ਸਾਹਿਬ ਦੇ ਦਰਸਾਏ ਮਾਰਗ 'ਤੇ ਚੱਲਣ ਅਤੇ ਪਿਆਰ, ਏਕਤਾ ਅਤੇ ਬਰਾਬਰੀ ਦੇ ਫਲਸਫੇ ਨੂੰ ਅਪਨਾਉਣ ਦਾ ਸੱਦਾ ਦਿੱਤਾ। ਨਗਰ ਕੀਰਤਨ ਦੌਰਾਨ ਭਗਤੀ ਸੰਗੀਤ ਅਤੇ ਭਜਨਾਂ ਨਾਲ ਰੂਹਾਨੀ ਮਾਹੌਲ ਬਣ ਗਿਆ ਅਤੇ ਰਸਤੇ ਵਿਚ ਵੱਖ-ਵੱਖ ਥਾਵਾਂ 'ਤੇ ਅਰਦਾਸ ਕਰ 5 ਪਿਆਰਿਆ ਨੂੰ ਸਿਰੋਪਾਓ ਭੇਟ ਕੀਤੇ ਗਏ। ਉਨਾਂ ਨੇ ਆਪਣੇ ਸੰਬੋਧਨ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ 'ਤੇ ਜ਼ੋਰ ਦਿੱਤਾ ਅਤੇ ਲੋਕਾਂ ਨੂੰ ਉਨ੍ਹਾਂ ਦੇ ਸ਼ਾਂਤੀ, ਦਇਆ ਅਤੇ ਨਿਰਸਵਾਰਥ ਸੇਵਾ ਦੇ ਸੰਦੇਸ਼ 'ਤੇ ਚੱਲਣ ਦੀ ਅਪੀਲ ਕੀਤੀ। ਉਨ੍ਹਾਂ ਨੇ ਗੁਰੂ ਸਾਹਿਬ ਦੇ ਪ੍ਰਕਾਸ਼ ਪੁਰਬ ਨੂੰ ਮਨਾਉਣ ਦੀ ਮਹੱਤਤਾ ਬਾਰੇ ਵੀ ਚਾਨਣਾ ਪਾਇਆ ਅਤੇ ਦੱਸਿਆ ਕਿ ਕਿਵੇਂ ਇਹ ਸਾਡੇ ਰੋਜ਼ਾਨਾ ਜੀਵਨ ਵਿੱਚ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਬਰਕਰਾਰ ਰੱਖਣ ਲਈ ਮਹੱਤਵਪੂਰਨ ਹੈ। ਉਨ੍ਹਾਂ ਲੋਕਾਂ ਨੂੰ ਜਾਤ, ਨਸਲ ਜਾਂ ਬਿਰਾਦਰੀ ਦੀ ਪਰਵਾਹ ਕੀਤੇ ਬਿਨਾਂ ਸਮਾਜ ਵਿੱਚ ਪਿਆਰ ਅਤੇ ਸਦਭਾਵਨਾ ਫੈਲਾਉਣ ਲਈ ਪ੍ਰੇਰਿਤ ਕੀਤਾ। ਨਗਰ ਕੀਰਤਨ ਦੀ ਸਮਾਪਤੀ ਸਰਬੱਤ ਦੇ ਭਲੇ ਦੀ ਅਰਦਾਸ ਉਪਰੰਤ ਲੰਗਰ ਵਰਤਾਇਆ ਗਿਆ।

# ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਨੇ ਸੁੰਦਰ ਨਗਰ ਦਾ ਕੀਤਾ ਦੌਰਾ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਹੁਸ਼ਿਆਰਪੁਰ ਦੇ ਮੁਹੱਲਾ ਸੁੰਦਰ ਨਗਰ ਦਾ ਦੌਰਾ ਕੀਤਾ ਅਤੇ ਸਥਾਨਕ ਨਿਵਾਸੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ। ਹਲਕੇ ਦਾ ਨਿਰੀਖਣ ਕਰਦੇ ਹੋਏ ਉਨ੍ਹਾਂ ਨੇ ਪਾਣੀ ਦੀ ਸਪਲਾਈ, ਸੀਵਰੇਜ ਅਤੇ ਸਫ਼ਾਈ ਨਾਲ ਜੁੜੀਆਂ ਪ੍ਰਮੁੱਖ ਸਮੱਸਿਆਵਾਂ ਦਾ ਜਾਇਜ਼ਾ ਲਿਆ। ਇਸ ਦੌਰਾਨ ਹੁਸ਼ਿਆਰਪੁਰ ਤੋਂ ਵਿਧਾਇਕ ਬ੍ਰਹਮ ਸ਼ੰਕਰ ਜਿੰਪਾ, ਮੇਅਰ ਸੁਰਿੰਦਰ ਕੁਮਾਰ ਅਤੇ ਕਮਿਸ਼ਨਰ ਨਗਰ ਨਿਗਮ ਜਿਓਤੀ ਬਾਲਾ ਮੱਟੂ ਵੀ ਉਨ੍ਹਾਂ ਨਾਲ ਮੌਜੂਦ ਸਨ। ਡਾ. ਰਵਜੋਤ ਸਿੰਘ ਨੇ ਮੌਕੇ 'ਤੇ ਹੀ ਸਬੰਧਤ ਅਧਿਕਾਰੀਆਂ ਨੂੰ ਸਖ਼ਤ ਨਿਰਦੇਸ਼ ਦਿੱਤੇ ਕਿ ਹਲਕੇ ਦੀਆਂ ਸਾਰੀਆਂ ਲੰਬਿਤ ਸਮੱਸਿਆਵਾਂ ਦਾ ਹੱਲ ਜਲਦ ਤੋਂ ਜਲਦ ਕੀਤਾ ਜਾਵੇ ਤਾਂ ਜੋ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਸਪੱਸ਼ਟ ਕਿਹਾ ਕਿ ਜਨਤਾ ਨੂੰ ਸਹੂਲਤਾਂ ਮੁਹੱਈਆ ਕਰਨਾ ਸਰਕਾਰ ਦੀ ਤਰਜੀਹ ਹੈ ਅਤੇ ਇਸ ਸਬੰਧੀ ਕਿਸੇ ਵੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

## 350 ਸਾਲਾ ਸ਼ਹੀਦੀ ਸਮਾਗਮ ਲਈ ਪੰਜਾਬ ਸਰਕਾਰ ਵੱਲੋਂ ਪੁਖ਼ਤਾ ਪ੍ਰਬੰਧ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਸਮਾਰੋਹ ਨੂੰ ਸਮਰਪਿਤ ਸ੍ਰੀ ਅਨੰਦਪੁਰ ਸਾਹਿਬ ਵਿੱਚ ਹੋਣ ਵਾਲੇ ਵਿਸ਼ਾਲ ਸਮਾਗਮਾਂ ਲਈ ਸਰਕਾਰ ਵੱਲੋਂ ਤਿਆਰੀਆਂ ਅੰਤਿਮ ਪੜਾਅ ਵਿੱਚ ਪਹੁੰਚ ਚੁੱਕੀਆਂ ਹਨ। ਇਸ ਇਤਿਹਾਸਕ ਮੌਕੇ ਨੂੰ ਵੱਡੇ ਪੱਧਰ 'ਤੇ ਮਨਾਉਣ ਲਈ ਰਾਜ ਸਰਕਾਰ ਵੱਲੋਂ ਨਾ ਸਿਰਫ ਧਾਰਮਿਕ ਸੰਸਥਾਵਾਂ, ਸਗੋਂ ਦੇਸ਼-ਵਿਦੇਸ਼ ਦੀਆਂ ਪ੍ਰਸਿੱਧ ਹਸਤੀਆਂ ਨੂੰ ਵੀ ਸੱਦੇ ਭੇਜੇ ਜਾ ਰਹੇ ਹਨ। ਅਨੁਮਾਨ ਮੁਤਾਬਕ, ਲਗਭਗ 50 ਲੱਖ ਤੋਂ ਵੱਧ ਸ਼ਰਧਾਲੂ ਇਸ ਸਮੇਂ ਦੌਰਾਨ ਸ੍ਰੀ ਅਨੰਦਪੁਰ ਸਾਹਿਬ ਪਹੁੰਚ ਸਕਦੇ ਹਨ। ਸ਼ਰਧਾਲੂਆਂ ਦੀ ਵੱਡੀ ਆਮਦ ਨੂੰ ਧਿਆਨ ਵਿੱਚ ਰੱਖਦਿਆਂ ਏ.ਡੀ.ਜੀ.ਪੀ ਅਰਪਿਤ ਸ਼ੁਕਲਾ ਨੇ ਸ੍ਰੀ ਅਨੰਦਪੁਰ ਸਾਹਿਬ ਪਹੁੰਚ ਕੇ ਸੁਰੱਖਿਆ ਅਤੇ ਟ੍ਰੈਫਿਕ ਪ੍ਰਬੰਧਾਂ ਦਾ ਖੁਦ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਇਸ ਵਾਰ ਦੇ ਪ੍ਰਬੰਧ ਹੋਲਾ ਮਹੱਲਾ ਸਮੇਂ ਨਾਲੋਂ ਵੀ ਵਧੇਰੇ ਮਜ਼ਬੂਤ ਹੋਣਗੇ। ਉਨ੍ਹਾਂ ਦੱਸਿਆ ਕਿ ਕਸਬੇ ਵਿੱਚ ਅਧੁਨਿਕ ਸੀ ਸੀ ਟੀ ਵੀ ਕੈਮਰਿਆਂ ਦੀ ਇੰਸਟਾਲੇਸ਼ਨ ਜਾਰੀ ਹੈ, ਕੇਂਦਰੀ ਨਿਗਰਾਨੀ ਕੰਟਰੋਲ ਰੂਮ ਸਥਾਪਿਤ ਕੀਤਾ ਜਾ ਰਿਹਾ ਹੈ ਅਤੇ ਪੁਲਸ ਤੋਂ ਇਲਾਵਾ ਵੱਖ-ਵੱਖ ਸੁਰੱਖਿਆ ਏਜੰਸੀਆਂ ਦੇ ਜਵਾਨ ਵੀ ਤਾਇਨਾਤ ਕੀਤੇ ਜਾਣਗੇ।

## ਦੰਦਾਂ ਤੇ ਜਬਾੜ੍ਹਿਆਂ ਦਾ ਫਰੀ ਕੈਂਪ ਲਗਾਇਆ

**ਫਗਵਾੜਾ (ਡਾ. ਰਮਨ)**- ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ ਮਾਤਾ ਠਾਕੁਰ ਦੇਵੀ ਤੇ ਨਾਨਕ ਚੰਦ ਸੇਠੀ ਦੀ ਮਿੱਠੀ ਯਾਦ ਨੂੰ ਸਮਰਪਿਤ ਦੰਦਾਂ ਅਤੇ ਜਬਾੜਿਆਂ ਦਾ 463ਵਾਂ ਫਰੀ ਕੈਂਪ ਬਲੱਡ ਬੈਂਕ ਦੇ ਸਰਪ੍ਰਸਤ ਕੇ.ਕੇ. ਸਰਦਾਨਾ ਦੀ ਰਹਿਨੁਮਾਈ ਅਤੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਦੇਖਰੇਖ ਹੇਠ ਲਗਾਇਆ ਗਿਆ। ਜਿਸ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਪੁੱਜੇ ਡਾ. ਸਿਮਰਦੀਪ ਕੌਰ ਐਸ.ਐਮ.ਓ. ਫਗਵਾੜਾ ਵਲੋਂ ਕੀਤਾ ਗਿਆ, ਜਦਕਿ ਸਤਿਕਾਰਤ ਮਹਿਮਾਨਾਂ 'ਚ ਡਾ. ਰੇਖਾ ਗੁਪਤਾ, ਮਹਿੰਦਰ ਸੇਠੀ, ਤ੍ਰਿਪਤਾ ਸੇਠੀ, ਡਾ. ਕਮਲਜੀਤ ਤੇ ਉਰਮਿਲਾ ਕੁਮਾਰੀ ਫਾਰਮਾਸਿਸਟ ਸ਼ਾਮਲ ਸਨ। ਮੁੱਖ ਮਹਿਮਾਨ ਅਤੇ ਪਤਵੰਤਿਆਂ ਨੇ 5 ਬਜੁਰਗਾਂ ਨੂੰ ਨਵੇਂ ਤਿਆਰ ਕੀਤੇ ਜਬਾੜੇ ਵੰਡੇ ਅਤੇ ਬਲੱਡ ਬੈਂਕ ਵਲੋਂ ਕੀਤੇ ਜਾ ਰਹੇ ਸਮਾਜ ਸੇਵੀ ਕਾਰਜਾਂ ਦੀ ਭਰਪੂਰ ਸ਼ਲਾਘਾ ਕੀਤੀ। ਕੈਂਪ ਦੌਰਾਨ ਸੀ ਐੱਮ ਸੀ ਲੁਧਿਆਣਾ ਤੋਂ ਡਾ. ਤਮਨਪ੍ਰੀਤ ਸਿੰਘ ਦੀ ਅਗਵਾਈ ਹੇਠ ਪਹੁੰਚੀ ਮਾਹਿਰ ਡਾਕਟਰਾਂ ਦੀ 25 ਮੈਂਬਰੀ ਮੋਬਾਈਲ ਟੀਮ ਨੇ ਕਰੀਬ 105 ਮਰੀਜ਼ਾਂ ਦੇ ਦੰਦਾਂ ਦੀ ਜਾਂਚ ਕੀਤੀ। ਲੋੜਵੰਦਾਂ ਦੇ ਦੰਦ ਸਾਫ਼ ਕੀਤੇ ਗਏ ਅਤੇ ਲੋੜ ਅਨੁਸਾਰ ਦਵਾਈਆਂ ਦਿੱਤੀਆਂ ਗਈਆਂ। ਲੋੜਵੰਦਾਂ ਦੇ 25 ਨਵੇਂ ਜਬਾੜੇ ਤਿਆਰ ਕਰਨ ਦੀ ਅਗਲੀ ਪ੍ਰਕ੍ਰਿਆ ਪੂਰੀ ਕੀਤੀ ਗਈ। ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਅਗਲਾ ਕੈਂਪ 15 ਨਵੰਬਰ ਦਿਨ ਸ਼ਨੀਵਾਰ ਨੂੰ ਲਗਾਇਆ ਜਾਵੇਗਾ। ਇਸ ਮੌਕੇ ਵਿਸ਼ਵਾਮਿੱਤਰ ਸ਼ਰਮਾ, ਗੁਲਾਬ ਸਿੰਘ ਠਾਕੁਰ, ਹਰਬੰਸ ਲਾਲ, ਗੁਲਸ਼ਨ ਕਪੂਰ, ਕੁਲਦੀਪ ਦੁੱਗਲ, ਰਮਨ ਨਹਿਰਾ, ਸੁਧਾ ਬੇਦੀ, ਮੋਹਨ ਲਾਲ ਤਨੇਜਾ, ਐਨ.ਐਸ. ਸੈਣੀ, ਅਮਰਿੰਦਰ ਸੈਣੀ, ਮੁਕੇਸ਼ ਕੁਮਾਰ ਆਦਿ ਹਾਜ਼ਰ ਸਨ।





## ਲੋੜਵੰਦ ਪਰਵਾਰ ਦੀ ਸਹਾਇਤਾ ਲਈ ਪਹੁੰਚਿਆ ਪ੍ਰਸ਼ਾਸਨ

**ਕਪੂਰਥਲਾ (ਪ੍ਰੀਤ ਸੰਗੋਜਲਾ)** ਕਪੂਰਥਲਾ ਦੇ ਮੁਹੱਲਾ ਮਹਿਤਾਬਗੜ੍ਹ ਦੀ ਵਸਨੀਕ ਸੁਨੀਤਾ ਦੇ ਪਰਿਵਾਰ ਵੱਲੋਂ ਸਹਾਇਤਾ ਦੀ ਅਪੀਲ 'ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਤੁਰੰਤ ਕਾਰਵਾਈ ਕਰਦੇ ਹੋਏ ਸਹਾਇਤਾ ਪਹੁੰਚਾਈ ਗਈ । ਸੁਨੀਤਾ ਪਤਨੀ ਸੰਨੀ ਵਾਸੀ ਮਹਿਤਾਬਗੜ੍ਹ ਦਾ ਘਰ ਨੁਕਸਾਨਿਆ ਗਿਆ, ਜਿਸ ਬਾਰੇ ਪਰਵਾਰ ਵੱਲੋਂ ਸ਼ੋਸ਼ਲ ਮੀਡੀਆ ਰਾਹੀਂ ਸਹਾਇਤਾ ਦੀ ਅਪੀਲ ਜਾਰੀ ਕੀਤੀ ਗਈ ਸੀ । ਇਸ ਸਬੰਧੀ ਡਿਪਟੀ ਕਮਿਸ਼ਨਰ ਸ੍ਰੀ ਅਮਿਤ ਕੁਮਾਰ ਪੰਚਾਲ ਵੱਲੋਂ ਮਾਮਲਾ ਧਿਆਨ ਵਿੱਚ ਆਉਣ 'ਤੇ ਤੁਰੰਤ ਰੈਡ ਕਰਾਸ ਨੂੰ ਪੀੜਤ ਪਰਵਾਰ ਦੀ ਸਹਾਇਤਾ ਕਰਨ ਦੇ ਹੁਕਮ ਦਿੱਤੇ । ਇਸ ਪਿੱਛੋਂ ਰੈਡ ਕਰਾਸ ਦੇ ਸਕੱਤਰ ਆਰ ਸੀ ਬਿਰਹਾ ਦੀ ਅਗਵਾਈ ਹੇਠ ਟੀਮ ਵੱਲੋਂ ਲੋੜਵੰਦ ਪਰਵਾਰ ਨੂੰ ਰਾਸ਼ਨ ਕਿੱਟ, ਬਰਤਨ , ਤਰਪਾਲਾਂ, ਕੰਬਲ, ਦਵਾਈਆਂ ਤੇ ਹੋਰ ਸਮਾਨ ਸੌਂਪਿਆ ਗਿਆ ।

## ਪੰਜਾਬ 'ਵਰਸਿਟੀ 'ਚ ਕੇਂਦਰੀਕ੍ਰਿਤ ਨਿਯੁਕਤੀ ਅਧਾਰਤ ਪ੍ਰਬੰਧ ਖੜ੍ਹਾ ਕਰਨਾ ਪੰਜਾਬ ਵਿਰੋਧੀ ਫ਼ੈਸਲਾ : ਡੀ ਟੀ ਐੱਫ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਕੇਂਦਰ ਸਰਕਾਰ ਵੱਲੋਂ ਪੰਜਾਬ ਯੂਨੀਵਰਸਿਟੀ ਅੰਦਰ ਪਿਛਲੇ ਲਗਭਗ 60 ਸਾਲ ਤੋਂ ਚੱਲੇ ਆ ਰਹੇ ਸੈਨੇਟ ਅਤੇ ਸਿੰਡੀਕੇਟ ਰਾਹੀਂ ਚੱਲ ਰਹੇ ਪ੍ਰਬੰਧ ਨੂੰ ਬਦਲ ਕੇ ਨਿਯੁਕਤੀ ਰਾਹੀਂ ਪ੍ਰਬੰਧ ਚਲਾਉਣ ਦਾ ਫੈਸਲਾ ਕੀਤਾ ਗਿਆ ਹੈ, ਜਿਸ ਵਿੱਚ ਚੰਡੀਗੜ੍ਹ ਤੋਂ ਚੁਣਿਆ ਗਿਆ ਸੰਸਦ ਮੈਂਬਰ, ਯੂ ਟੀ ਤੋਂ ਪ੍ਰਮੁੱਖ ਸਕੱਤਰ ਸਿੱਖਿਆ ਸਕੱਤਰ ਅਤੇ ਪੰਜਾਬ ਦੇ ਸੀਨੀਅਰ ਅਧਿਕਾਰੀਆਂ ਨੂੰ ਸ਼ਾਮਲ ਕੀਤਾ ਗਿਆ ਹੈ। ਸੈਨੇਟ ਦੀ ਤਾਕਤ ਨੂੰ 90 ਮੈਂਬਰਾਂ ਤੋਂ ਘਟਾ ਕੇ 31 ਕਰ ਦਿੱਤਾ ਗਿਆ ਹੈ ਜਿਸ ਵਿੱਚ 18 ਚੁਣੇ ਹੋਏ ਅਤੇ 6 ਨਾਮਜਦ ਅਤੇ 7 ਅਹੁਦੇਦਾਰ ਸ਼ਾਮਲ ਹੋਣਗੇ। ਇਸ ਤਰ੍ਹਾਂ ਦੇ ਫੈਸਲੇ ਲੈਣ ਨਾਲ ਸਾਲਾਂ ਤੋਂ ਚੱਲੀ ਆ ਰਹੀ ਚੋਣ ਪ੍ਰਣਾਲੀ ਰਾਹੀਂ ਪ੍ਰਬੰਧਕੀ ਢਾਂਚੇ, ਜਿਸ ਵਿੱਚ ਸਿੱਧੇ ਰੂਪ ਦੇ ਵਿੱਚ ਪੰਜਾਬ ਯੂਨੀਵਰਸਿਟੀ ਤੋਂ ਗ੍ਰੈਜੂਏਸ਼ਨ ਕੀਤੇ ਹੋਏ ਪੁਰਾਣੇ ਵਿਦਿਆਰਥੀਆਂ ਵੱਲੋਂ ਵੋਟਾਂ ਰਾਹੀਂ ਹਿੱਸਾ ਲਿਆ ਜਾਂਦਾ ਰਿਹਾ ਹੈ, ਨੂੰ ਪੂਰਨ ਤੌਰ 'ਤੇ ਖਤਮ ਕਰ ਦਿੱਤਾ ਗਿਆ ਹੈ ਅਤੇ ਕੇਂਦਰ ਨੇ ਪੰਜਾਬ ਯੂਨੀਵਰਸਿਟੀ ਦਾ ਪ੍ਰਬੰਧ ਅਸਿੱਧੇ ਰੂਪ ਦੇ ਵਿੱਚ ਆਪਣੇ ਅਧੀਨ ਲੈ ਲਿਆ ਹੈ। ਡੀ.ਟੀ.ਐੱਫ. ਨੇ ਇਸ ਫੈਸਲੇ ਦੀ ਆਲੋਚਨਾ ਕਰਨ ਤੋਂ ਇਲਾਵਾ ਧਰਨਾ ਪ੍ਰਦਰਸ਼ਨ ਨਾ ਕਰਨ ਬਾਰੇ ਲਗਾਈ ਹਲਫ਼ਨਾਮੇ ਦੇਣ ਦੀ ਸ਼ਰਤ ਦਾ ਵਿਰੋਧ ਕਰ ਰਹੇ ਵਿਦਿਆਰਥੀਆਂ ਦੇ 'ਐਂਟੀ ਐਫ਼ੀਡੇਵਿਟ ਫ਼ਰੰਟ' ਦੇ ਸੰਘਰਸ਼ ਦੀ ਹਮਾਇਤ ਵੀ ਕੀਤੀ ਹੈ। ਅਧਿਆਪਕ ਜਥੇਬੰਦੀ ਡੈਮੋਕ੍ਰੈਟਿਕ ਟੀਚਰਜ਼ ਫਰੰਟ (ਡੀ.ਟੀ.ਐੱਫ.) ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ, ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ, ਸੂਬਾ ਵਿੱਤ ਸਕੱਤਰ ਅਸ਼ਵਨੀ ਅਵਸਥੀ ਅਤੇ ਡੈਮੋਕ੍ਰੈਟਿਕ ਮੁਲਾਜ਼ਮ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਜਰਮਨਜੀਤ ਸਿੰਘ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕੇਂਦਰ ਸਰਕਾਰ ਦੇ ਇਸ ਫੈਸਲੇ ਦੀ ਨਿਖੇਧੀ ਕਰਦੇ ਹੋਏ ਕਿਹਾ ਕਿ ਕੇਂਦਰ ਸਰਕਾਰ ਲਗਾਤਾਰ ਦੇਸ਼ ਅੰਦਰ ਲੋਕਤੰਤਰੀ ਪ੍ਰਣਾਲੀ ਨੂੰ ਖਤਮ ਕਰਨ ਦੇ ਰਾਹ 'ਤੇ ਪਈ ਹੋਈ ਹੈ, ਜਿੱਥੇ ਸੂਬਿਆਂ ਦੇ ਅਧਿਕਾਰਾਂ ਨੂੰ ਖਤਮ ਕੀਤਾ ਜਾ ਰਿਹਾ ਹੈ ਇਸ ਦੇ ਨਾਲ ਹੀ ਸਿੱਖਿਆ ਵਿਵਸਥਾ ਦੇ ਉੱਪਰ ਬਹੁਤ ਵੱਡਾ ਹਮਲਾ ਕੀਤਾ ਜਾ ਰਿਹਾ ਹੈ।ਡੀ.ਟੀ.ਐੱਫ. ਦੇ ਸੂਬਾ ਮੀਤ ਪ੍ਰਧਾਨਾਂ ਰਾਜੀਵ ਬਰਨਾਲਾ, ਗੁਰਪਿਆਰ ਕੋਟਲੀ, ਬੇਅੰਤ ਫੁੱਲੇਵਾਲਾ, ਜਗਪਾਲ ਬੰਗੀ, ਹਰਜਿੰਦਰ ਵਡਾਲਾ ਬਾਂਗਰ ਅਤੇ ਰਘਵੀਰ ਭਵਾਨੀਗੜ੍ਹ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਪੰਜਾਬ 'ਤੇ ਲਗਾਤਾਰ ਪੜਾਅਵਾਰ ਹਮਲੇ ਕੀਤੇ ਜਾ ਰਹੇ ਹਨ ਤੇ ਹੁਣ ਪੰਜਾਬ ਦੇ ਨਾਮ ਉੱਪਰ ਇੱਕੋ ਇੱਕ ਯੂਨੀਵਰਸਿਟੀ ਪੰਜਾਬ ਯੂਨੀਵਰਸਿਟੀ ਨੂੰ ਵੀ ਪੰਜਾਬ ਤੋਂ ਖੋਹ ਲਿਆ ਗਿਆ ਹੈ।

## ਲਾਈਟ ਐਂਡ ਸਾਊਂਡ ਸ਼ੋਅ ਦੀ ਭਲਕ ਹੋਵੇਗੀ ਸ਼ੁਰੂਆਤ : ਤਰੁਨਪ੍ਰੀਤ ਸਿੰਘ ਸੌਂਦ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350ਵਾਂ ਸ਼ਹੀਦੀ ਦਿਹਾੜਾ ਪੂਰੀ ਸ਼ਰਧਾ-ਭਾਵਨਾ ਨਾਲ ਵੱਡੇ ਪੱਧਰ 'ਤੇ ਮਨਾਇਆ ਜਾ ਰਿਹਾ ਹੈ। ਇਸੇ ਲੜੀ ਤਹਿਤ ਉਲੀਕੇ ਗਏ ਸਮਾਗਮਾਂ ਦੇ ਹਿੱਸੇ ਵਜੋਂ ਗੁਰੂ ਸਾਹਿਬ ਨਾਲ ਜੁੜੇ ਇਤਿਹਾਸ ਨੂੰ ਦਰਸਾਉਣ ਲਈ 4 ਨਵੰਬਰ ਤੋਂ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਲਾਈਟ ਐਂਡ ਸਾਊਂਡ ਸ਼ੋਅ ਸ਼ੁਰੂ ਹੋਣ ਜਾ ਰਹੇ ਹਨ।ਸੌਂਦ ਨੇ ਦੱਸਿਆ ਕਿ 4 ਨਵੰਬਰ 2025 ਨੂੰ ਸ਼ਾਮ 6 ਵਜੇ ਤੋਂ ਪਠਾਨਕੋਟ ਦੇ ਲਮੀਨੀ ਸਟੇਡੀਅਮ, ਜਲੰਧਰ ਦੇ ਗੁਰੂ ਗੋਬਿੰਦ ਸਿੰਘ ਸਟੇਡੀਅਮ, ਪਟਿਆਲਾ ਦੇ ਪੋਲੋ ਗਰਾਊਂਡ ਅਤੇ ਫਤਹਿਗੜ੍ਹ ਸਾਹਿਬ ਦੇ ਖੇਡ ਸਟੇਡੀਅਮ ਮਾਧੋਪੁਰ ਵਿਖੇ ਲਾਈਟ ਐਂਡ ਸਾਊਂਡ ਸ਼ੋਅ ਦੀ ਸ਼ੁਰੂਆਤ ਹੋਵੇਗੀ, ਜਿਸ ਲਈ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਲਾਈਟ ਐਂਡ ਸਾਊਂਡ ਸ਼ੋਅ 20 ਨਵੰਬਰ ਤੱਕ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਜਾਰੀ ਰਹਿਣਗੇ।



## ਐਸ ਸੀ/ਐੱਸ ਟੀ ਐਕਟ ਤਹਿਤ ਐੱਸ ਪੀ ਪੱਧਰ ਦੇ ਨੋਡਲ ਅਧਿਕਾਰੀ ਕੀਤੇ ਨਿਯੁਕਤ : ਜਸਵੀਰ ਸਿੰਘ ਗੜ੍ਹੀ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਸ਼ਨੀਵਾਰ ਨੂੰ ਹਲਕਾ ਗੜ੍ਹਸ਼ੰਕਰ ਦੇ ਵੱਖ-ਵੱਖ ਇਲਾਕਿਆਂ ਦਾ ਦੌਰਾ ਕਰਕੇ ਅਨੁਸੂਚਿਤ ਜਾਤੀ ਵਰਗ ਨਾਲ ਜੁੜੇ ਮੁੱਦਿਆਂ ਅਤੇ ਸਰਕਾਰੀ ਯੋਜਨਾਵਾਂ ਦਾ ਜ਼ਮੀਨੀ ਪੱਧਰ 'ਤੇ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਨੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨਾਲ ਮੁਲਾਕਾਤ ਕਰਕੇ ਹਲਕੇ ਵਿਚ ਅਨੁਸੂਚਿਤ ਜਾਤੀ ਵਰਗ ਦੇ ਵਿਕਾਸ, ਸਿੱਖਿਆ ਰੋਜ਼ਗਾਰ ਅਤੇ ਸਮਾਜਿਕ ਨਿਆਂ ਨਾਲ ਸਬੰਧਤ ਵਿਸ਼ਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ।ਜਸਵੀਰ ਸਿੰਘ ਗੜ੍ਹੀ ਨੇ ਪਿੰਡ ਗੜ੍ਹੀ ਮੱਟੋ ਸਥਿਤ ਨੈਸ਼ਨਲ ਪਬਲਿਕ ਸਕੂਲ ਵਿਖੇ ਵਿਦਿਆਰਥੀਆਂ ਨੂੰ ਪੋਸਟ ਮੈਟ੍ਰਿਕ ਸਕਾਲਰਸ਼ਿਪ ਯੋਜਨਾ ਦੀ ਵਿਸਥਾਰਤ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਨੂੰ ਸਮੇਂ ਸਿਰ ਆਨਲਾਈਨ ਬਿਨੈ ਕਰਨ ਅਤੇ ਸਾਰੇ ਦਸਤਾਵੇਜ਼ ਪੂਰੇ ਰੱਖਣ ਲਈ ਪ੍ਰੇਰਿਤ ਕੀਤਾ। ਪੱਤਰਕਾਰਾਂ ਦੇ ਸਵਾਲਾਂ ਦੇ ਜਵਾਬ ਦਿੰਦੇ ਹੋਏ ਸ੍ਰੀ ਗੜ੍ਹੀ ਨੇ ਦੱਸਿਆ ਕਿ ਸਮਾਜਿਕ ਨਿਆਂ ਵਿਭਾਗ ਵੱਲੋਂ ਹਾਲ ਹੀ ਵਿਚ ਆਯੋਜਿਤ ਮੀਟਿੰਗ ਵਿਚ ਇਹ ਸਪੱਸ਼ਟ ਕੀਤਾ ਗਿਆ ਕਿ ਪੋਸਟ ਮੈਟ੍ਰਿਕ ਸਕਾਲਰਸ਼ਿਪ ਦੇ ਸਾਲ 2021-22 ਅਤੇ 2022 ਦੇ ਬਾਅਦ ਸਾਰੇ ਬਕਾਇਆ ਭੁਗਤਾਨ ਪੰਜਾਬ ਸਰਕਾਰ ਵੱਲੋਂ ਨਿਪਟਾਏ ਜਾ ਚੁੱਕੇ ਹਨ, ਜਿਸ ਨਾਲ ਹਜ਼ਾਰਾਂ ਵਿਦਿਆਰਥੀਆਂ ਨੂੰ ਰਾਹਤ ਮਿਲੀ ਹੈ।ਚੇਅਰਮੈਨ ਗੜ੍ਹੀ ਨੇ ਦੱਸਿਆ ਕਿ ਕਮਿਸ਼ਨ ਦੇ ਲਗਾਤਾਰ ਯਤਨਾਂ ਸਦਕਾ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿਚ ਐਸ.ਸੀ/ਐਸ.ਟੀ ਐਕਟ ਤਹਿਤ ਦਰਜ ਮਾਮਲਿਆਂ ਦੇ ਜਲਦ ਨਿਪਟਾਰੇ ਲਈ ਐਸ.ਪੀ. ਪੱਧਰ ਦੇ ਨੋਡਲ ਅਧਿਕਾਰੀ ਨਿਯੁਕਤ ਕੀਤੇ ਗਏ ਹਨ ਜਦ ਕਿ ਰਾਜ ਪੱਧਰ 'ਤੇ ਡੀ.ਆਈ.ਜੀ. ਪੱਧਰ ਦੇ ਅਧਿਕਾਰੀ ਨੂੰ ਜ਼ਿੰਮੇਵਾਰੀ ਸੌਂਪੀ ਗਈ ਹੈ।ਇਸ ਉਪਰੰਤ ਜਸਵੀਰ ਸਿੰਘ ਗੜ੍ਹੀ ਨੇ ਪਿੰਡ ਬੀਹੜਾ ਵਿਚ ਸਰਪੰਚਾਂ ਅਤੇ ਸਥਾਨਕ ਪ੍ਰਤੀਨਿਧੀਆਂ ਨਾਲ ਮੀਟਿੰਗ ਕਰਕੇ ਅਨੁਸੂਚਿਤ ਜਾਤੀ ਵਰਗ ਦੇ ਲੋਕਾਂ ਨੂੰ ਮਿਲ ਰਹੀਆਂ ਸਰਕਾਰੀ ਸੁਵਿਧਾਵਾਂ ਦੀ ਸਮੀਖਿਆ ਕੀਤੀ।



## ਪੰਜਾਬ ਯੂਨੀਵਰਸਿਟੀ ਦੀ ਸੈਨੇਟ ਭੰਗ ਕਰਨਾ ਪੰਜਾਬ ਦੇ ਲੋਕਤੰਤਰੀ ਹੱਕਾਂ 'ਤੇ ਹਮਲਾ : ਪਰਸ਼ੋਤਮ ਫਿਲੌਰ

**ਫਿਲੌਰ (ਨਿਰਮਲ)**- ਲੋਕ ਇਨਸਾਫ਼ ਮੰਚ ਪੰਜਾਬ ਨੇ ਕੇਂਦਰ ਸਰਕਾਰ ਵੱਲੋਂ ਪੰਜਾਬ ਯੂਨੀਵਰਸਿਟੀ ਦੀ 59 ਸਾਲ ਪੁਰਾਣੀ ਸੈਨੇਟ ਅਤੇ ਸਿੰਡੀਕੇਟ ਨੂੰ ਤੁਰੰਤ ਪ੍ਰਭਾਵ ਨਾਲ ਭੰਗ ਕਰਨ ਦੇ ਤਾਨਾਸ਼ਾਹੀ ਫੈਸਲੇ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਮੰਚ ਦੇ ਜਨਰਲ ਸਕੱਤਰ, ਪਰਸ਼ੋਤਮ ਫਿਲੌਰ ਨੇ ਇੱਕ ਪ੍ਰੈਸ ਨੋਟ ਜਾਰੀ ਕਰਦਿਆਂ ਕਿਹਾ ਕਿ ਇਹ ਫੈਸਲਾ ਯੂਨੀਵਰਸਿਟੀ ਦੇ ਲੋਕਤੰਤਰੀ ਢਾਂਚੇ ਦੇ ਕਤਲ ਦੇ ਬਰਾਬਰ ਹੈ ਅਤੇ ਇਸ ਨਾਲ ਪੰਜਾਬ ਦੇ ਇਤਿਹਾਸਕ ਅਤੇ ਵਿੱਦਿਅਕ ਹੱਕਾਂ ਨੂੰ ਖਤਮ ਕਰਨ ਦੀ ਕੋਝੀ ਸਾਜ਼ਿਸ਼ ਰਚੀ ਗਈ ਹੈ। ਪਰਸ਼ੋਤਮ ਫਿਲੌਰ ਨੇ ਜ਼ੋਰ ਦੇ ਕੇ ਕਿਹਾ, ਸੈਨੇਟ ਵਿੱਚ ਗ੍ਰੈਜੂਏਟ ਹਲਕੇ ਦੀ ਚੋਣ ਪ੍ਰਣਾਲੀ ਯੂਨੀਵਰਸਿਟੀ ਦੇ ਅਲੂਮਨੀ (ਸਾਬਕਾ ਵਿਦਿਆਰਥੀਆਂ), ਅਧਿਆਪਕਾਂ ਅਤੇ ਪੰਜਾਬ ਦੇ ਨਾਗਰਿਕਾਂ ਦੀ ਆਵਾਜ਼ ਸੀ। ਇਸ ਨੂੰ ਖਤਮ ਕਰਨਾ ਦਰਸਾਉਂਦਾ ਹੈ ਕਿ ਕੇਂਦਰ ਸਰਕਾਰ ਵਿੱਦਿਅਕ ਸੰਸਥਾਵਾਂ ਵਿੱਚ ਵੀ ਚੋਣਾਂ ਅਤੇ ਲੋਕਮਤ ਤੋਂ ਡਰਦੀ ਹੈ। ਇਹ ਪੰਜਾਬੀ ਸੱਭਿਆਚਾਰ ਤੇ ਵਿਰਸੇ ਦੀ ਨੁਮਾਇੰਦਗੀ ਕਰਦੀ ਹੈ। ਨਵੇਂ ਢਾਂਚੇ ਵਿੱਚ ਸੈਨੇਟ ਦੀ ਤਾਕਤ ਘਟਾ ਕੇ ਅਤੇ ਮਨੋਨੀਤ ਮੈਂਬਰਾਂ ਦਾ ਪ੍ਰਭਾਵ ਵਧਾ ਕੇ ਕੇਂਦਰ ਸਰਕਾਰ ਇਸ ਉੱਤੇ ਸਿੱਧਾ ਕਬਜ਼ਾ ਕਰਨ ਦੀ ਕੋਸ਼ਿਸ਼ ਕਰ ਰਹੀ ਹੈ ਅਤੇ ਪੰਜਾਬ ਦੀ ਹਿੱਸੇਦਾਰੀ ਨੂੰ ਹਾਸ਼ੀਏ 'ਤੇ ਧੱਕ ਰਹੀ ਹੈ। ਫਿਲੌਰ ਨੇ ਦੋਸ਼ ਲਾਇਆ ਕਿ 59 ਸਾਲ ਪੁਰਾਣੇ ਚੁਣੇ ਹੋਏ ਢਾਂਚੇ ਨੂੰ ਭੰਗ ਕਰਕੇ ਯੂਨੀਵਰਸਿਟੀ ਨੂੰ ਬੋਰਡ ਆਫ਼ ਗਵਰਨਰਜ਼ ਦੇ ਹਵਾਲੇ ਕਰਨਾ ਸਿਰਫ਼ ਕੇਂਦਰੀਕਰਨ ਦੀ ਨੀਤੀ ਹੈ। ਇਸ ਨਾਲ ਯੂਨੀਵਰਸਿਟੀ ਦੇ ਫੈਸਲੇ ਬਾਹਰੀ ਅਥਾਰਟੀਆਂ ਦੇ ਹੱਥਾਂ ਵਿੱਚ ਚਲੇ ਜਾਣਗੇ, ਜਿਸ ਨਾਲ ਇਸ ਦੀ ਖੁਦਮੁਖਤਿਆਰੀ ਖਤਮ ਹੋ ਜਾਵੇਗੀ। ਲੋਕ ਇਨਸਾਫ਼ ਮੰਚ ਪੰਜਾਬ ਜ਼ੋਰਦਾਰ ਮੰਗ ਕਰਦਾ ਹੈ ਕਿ ਕੇਂਦਰ ਸਰਕਾਰ ਤੁਰੰਤ ਇਹ ਗੈਰ-ਸੰਵਿਧਾਨਿਕ ਅਤੇ ਲੋਕ-ਵਿਰੋਧੀ ਫੈਸਲਾ ਵਾਪਸ ਲਵੇ। ਪੰਜਾਬ ਯੂਨੀਵਰਸਿਟੀ ਦੀ ਭੰਗ ਕੀਤੀ ਗਈ ਸੈਨੇਟ ਨੂੰ ਬਹਾਲ ਕੀਤਾ ਜਾਵੇ ਅਤੇ ਤੁਰੰਤ ਚੋਣਾਂ ਕਰਵਾਈਆਂ ਜਾਣ। ਪੰਜਾਬ ਦੀ ਸਰਕਾਰ (ਪੰਜਾਬ ਵਿਧਾਨ ਸਭਾ) ਨੂੰ ਇਸ ਮਾਮਲੇ 'ਤੇ ਸਖ਼ਤ ਸਟੈਂਡ ਲੈਣਾ ਚਾਹੀਦਾ ਹੈ ਤਾਂ ਜੋ ਪੰਜਾਬ ਦੇ ਲੋਕਾਂ ਦੇ ਵਿੱਦਿਅਕ ਅਧਿਕਾਰਾਂ ਦੀ ਰਾਖੀ ਕੀਤੀ ਜਾ ਸਕੇ।

## ਬਿਛੋਹੀ ਵਿਖੇ ਸੰਤ ਸੰਮੇਲਨ ਭਲਕੇ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਸ੍ਰੀ ਗੁਰੂ ਰਵਿਦਾਸ ਪ੍ਰਬੰਧਕ ਕਮੇਟੀ ਅਤੇ ਸਾਧ ਸੰਗਤ ਪਿੰਡ ਬਿਛੋਹੀ ਜ਼ਿਲਾ ਹੁਸ਼ਿਆਰਪੁਰ ਵੱਲੋਂ ਮਹਾਨ ਸੰਤ ਸੰਮੇਲਨ 4 ਨਵੰਬਰ ਦਿਨ ਮੰਗਲਵਾਰ ਨੂੰ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਮਾਗਮ ਦੇ ਪ੍ਰਬੰਧਕਾਂ ਨੇ ਦੱਸਿਆ ਕਿ 4 ਨਵੰਬਰ ਦਿਨ ਮੰਗਲਵਾਰ ਨੂੰ ਸਭ ਤੋਂ ਪਹਿਲਾਂ ਸ੍ਰੀ ਅੰਮ੍ਰਿਤ ਬਾਣੀ ਜੀ ਦੇ ਜਾਪ ਸੰਤ ਪਵਨ ਕੁਮਾਰ ਜੀ ਤਾਜੇਵਾਲ ਵਾਲੇ ਕਰਨਗੇ। ਉਸ ਤੋਂ ਬਾਅਦ ਅਰਦਾਸ ਹੋਵੇਗੀ ਅਤੇ ਬਾਅਦ ਵਿੱਚ ਸ਼ਾਮੀ 5 ਵਜੇ ਤੱਕ ਕੀਰਤਨ ਅਤੇ ਸੰਤ ਪ੍ਰਵਚਨ ਹੋਣਗੇ। ਜਿਸ ਵਿੱਚ ਪਹੁੰਚ ਰਹੇ ਸੰਤ ਮਹਾਂਪੁਰਸ਼ ਧੰਨ ਧੰਨ ਸਤਿਗੁਰੂ ਰਵਿਦਾਸ ਮਹਾਰਾਜ ਜੀ, ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਅਤੇ ਹੋਰ ਮਹਾਂਪੁਰਸ਼ਾਂ ਦੀ ਮਾਨਵਤਾਵਾਦੀ ਵਿਚਾਰਧਾਰਾ ਤੇ ਚਾਨਣਾ ਪਾਉਣਗੇ। ਇਸ ਸਮਾਗਮ ਵਿੱਚ 108 ਸੰਤ ਸਤਨਾਮ ਦਾਸ ਜੀ ਡੇਰਾ ਬਾਬਾ ਗਿਆਨਪੁਰੀ ਪਿੰਡ ਬਿਛੋਹੀ ਅਤੇ 108 ਸੰਤ ਸਤਨਾਮ ਦਾਸ ਜੀ ਗੱਜਰ ਮਹਿਦੂਦ ਵਾਲੇ ਵਿਸ਼ੇਸ਼ ਤੌਰ 'ਤੇ ਧਾਰਮਿਕ ਪ੍ਰਵਚਨ ਕਰਨਗੇ। ਪ੍ਰਬੰਧਕਾਂ ਨੇ ਸ੍ਰੀ ਗੁਰੂ ਰਵਿਦਾਸ ਨਾਮ ਲੇਵਾ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਇਸ ਸਮਾਗਮ ਵਿੱਚ ਸ਼ਾਮਿਲ ਹੋ ਕੇ ਗੁਰੂ ਘਰ ਦੀਆਂ ਖ਼ੁਸ਼ੀਆਂ ਪ੍ਰਾਪਤ ਕਰਨ। ਸਮਾਗਮ ਵਿੱਚ ਸ੍ਰੀ 108 ਸੰਤ ਨਿਰੰਜਨ ਦਾਸ ਮਹਾਰਾਜ ਜੀ ਮੌਜੂਦਾ ਗੱਦੀ ਨਸ਼ੀਨ ਡੇਰਾ ਸੱਚਖੰਡ ਬੱਲਾਂ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਣਗੇ ਅਤੇ ਸੰਗਤਾਂ ਨੂੰ ਆਸ਼ੀਰਵਾਦ ਦੇਣਗੇ।



## ਵਿਧਾਇਕ ਨੇ ਕਮਿਊਨਿਟੀ ਹਾਲ ਦੇ ਨਿਰਮਾਣ ਲਈ ਦਿੱਤੇ 2 ਲੱਖ ਰੁਪਏ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਪਿੰਡ ਠਰੋਲੀ ਦੀ ਪੰਚਾਇਤ ਨੂੰ ਕਮਿਊਨਿਟੀ ਹਾਲ ਦੇ ਨਿਰਮਾਣ ਲਈ 2 ਲੱਖ ਰੁਪਏ ਦਾ ਚੈੱਕ ਭੇਟ ਕੀਤਾ। ਇਸ ਮੌਕੇ ਪਿੰਡ ਦੇ ਸਰਪੰਚ, ਪੰਚ, ਸਮਾਜਸੇਵੀ ਅਤੇ ਪਿੰਡ ਵਾਸੀ ਵੱਡੀ ਗਿਣਤੀ ਵਿਚ ਮੌਜੂਦ ਸਨ। ਵਿਧਾਇਕ ਜਿੰਪਾ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੇਂਡੂ ਹਲਕਿਆਂ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਕਾਰਜ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਕਮਿਊਨਿਟੀ ਹਾਲ ਦੇ ਨਿਰਮਾਣ ਲਈ ਪਿੰਡਾਂ ਨੂੰ ਸਮਾਜਿਕ ਅਤੇ ਸੱਭਿਆਚਾਰਕ ਪ੍ਰੋਗਰਾਮ ਦੇ ਆਯੋਜਨ ਲਈ ਢੁਕਵਾਂ ਸਥਾਨ ਉਪਲਬੱਧ ਹੋਵੇਗਾ, ਜਿਸ ਨਾਲ ਪਿੰਡ ਵਿਚ ਏਕਤਾ ਅਤੇ ਸਹਿਯੋਗ ਦੀ ਭਾਵਨਾ ਨੂੰ ਬਲ ਮਿਲੇਗਾ।ਵਿਧਾਇਕ ਜਿੰਪਾ ਨੇ ਕਿਹਾ ਕਿ ਵਿਕਾਸ ਕਾਰਜਾਂ ਵਿਚ ਪਾਰਦਰਸ਼ਤਾ ਅਤੇ ਗੁਣਵੱਤਾ ਨੂੰ ਪਹਿਲ ਦਿੱਤੀ ਜਾ ਰਹੀ ਹੈ। ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਰਕਾਰੀ ਯੋਜਨਾਵਾਂ ਦਾ ਲਾਭ ਉਠਾਉਣ ਅਤੇ ਪਿੰਡ ਦੀ ਸਾਫ਼-ਸਫ਼ਾਈ ਅਤੇ ਸੁੰਦਰੀਕਰਨ ਵਿਚ ਮੋਹਰੀ ਭੂਮਿਕਾ ਨਿਭਾਉਣ।



## 145 ਮਹਿਲਾ ਰੰਗਰੂਟਾਂ ਦੀ ਸ਼ਾਨਦਾਰ ਪਾਸਿੰਗ ਆਊਟ ਪਰੇਡ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)**- 145 ਮਹਿਲਾ ਰੰਗਰੂਟਾਂ (ਬੈਚ ਨੰ. 274) ਲਈ ਪਾਸਿੰਗ ਆਊਟ ਪਰੇਡ ਅਤੇ ਸਹੁੰ ਚੁੱਕ ਸਮਾਗਮ ਅੱਜ ਸਹਾਇਕ ਸਿਖਲਾਈ ਕੇਂਦਰ, ਸੀਮਾ ਸੁਰੱਖਿਆ ਬਲ, ਖੜਕਾਂ ਕੈਂਪ, ਹੁਸ਼ਿਆਰਪੁਰ ਦੇ ਸ਼ਹੀਦ ਸਤਪਾਲ ਚੌਧਰੀ ਪਰੇਡ ਗਰਾਊਂਡ ਵਿਖੇ ਆਯੋਜਿਤ ਕੀਤਾ ਗਿਆ।ਚਾਰੂ ਧਵਜ ਅਗਰਵਾਲ, ਇੰਸਪੈਕਟਰ ਜਨਰਲ, ਸਹਾਇਕ ਸਿਖਲਾਈ ਕੇਂਦਰ, ਖੜਕਾਂ ਦਾ ਮੁੱਖ ਮਹਿਮਾਨ ਵਜੋਂ ਸਵਾਗਤ ਬੀਰੇਂਦਰ ਕੁਮਾਰ, ਕਮਾਂਡੈਂਟ (ਸਿਖਲਾਈ) ਦੁਆਰਾ ਕੀਤਾ ਗਿਆ। ਇਸ ਮੌਕੇ ਬੀ.ਐਸ.ਐਫ ਦੇ ਮੌਜੂਦਾ ਅਤੇ ਸੇਵਾ ਮੁਕਤ ਅਧਿਕਾਰੀ, ਸਹਾਇਕ ਸਿਖਲਾਈ ਕੇਂਦਰ ਖੜਕਾਂ ਦਾ ਸਮੁੱਚਾ ਸਟਾਫ਼, ਮਹਿਲਾ ਰੰਗਰੂਟਾਂ ਦੇ ਪਰਵਾਰਕ ਮੈਂਬਰ ਅਤੇ ਹੁਸ਼ਿਆਰਪੁਰ ਜ਼ਿਲ੍ਹੇ ਦੇ ਪਤਵੰਤੇ ਸੱਜਣ ਮੌਜੂਦ ਸਨ।ਜਨਰਲ ਸਲਾਮੀ ਲੈਣ ਤੋਂ ਬਾਅਦ ਮੁੱਖ ਮਹਿਮਾਨ ਵੱਲੋਂ ਪਰੇਡ ਦਾ ਨਿਰੀਖਣ ਕੀਤਾ ਗਿਆ। ਮੁੱਖ ਮਹਿਮਾਨ ਨੇ ਇਨਡੋਰ ਅਤੇ ਆਊਟਡੋਰ ਦੋਵਾਂ ਵਿਸ਼ਿਆਂ ਵਿਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੀਆਂ ਨਵੀਆਂ ਰੰਗਰੂਟਾਂ ਨੂੰ ਮੈਡਲ ਭੇਟ ਕੀਤੇ। ਮੁੱਖ ਮਹਿਮਾਨ ਨੇ ਬੀਰੇਂਦਰ ਕੁਮਾਰ, ਕਮਾਂਡੈਂਟ (ਸਿਖਲਾਈ), ਨਿਸ਼ਵਤ, ਡਿਪਟੀ ਕਮਾਂਡੈਂਟ (ਸਿਖਲਾਈ) ਅਤੇ ਸਿਖਲਾਈ ਟੀਮ ਦੀ ਸਖ਼ਤ ਮਿਹਨਤ ਅਤੇ ਯਤਨਾਂ ਦੀ ਸ਼ਲਾਘਾ ਕੀਤੀ ਜਿਨ੍ਹਾਂ ਨੇ ਇਨ੍ਹਾਂ ਨਵੇਂ ਰੰਗਰੂਟਾਂ ਨੂੰ ਸਰੀਰਕ ਅਤੇ ਮਾਨਸਿਕ ਤੌਰ 'ਤੇ ਮਜ਼ਬੂਤ ਅਤੇ ਸ਼ਕਤੀਸ਼ਾਲੀ ਗਾਰਡਾਂ ਵਿਚ ਢਾਲਿਆ। ਮੁੱਖ ਮਹਿਮਾਨ ਨੇ ਪਾਸਿੰਗ ਆਊਟ ਰੰਗਰੂਟਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ਅਤੇ ਉਨ੍ਹਾਂ ਨੂੰ ਭਵਿੱਖ ਵਿਚ ਸੇਵਾ ਅਤੇ ਇਮਾਨਦਾਰੀ ਦੇ ਮੁੱਲਾਂ ਨੂੰ ਕਾਇਮ ਰੱਖਣ ਦੀ ਤਾਕੀਦ ਕੀਤੀ।



## ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ 'ਤੇ ਨਗਰ ਕੀਰਤਨ ਸਜਾਇਆ

**ਬਸਤੀ ਸ਼ੇਖ (ਜਲੰਧਰ) (ਲਖਵਿੰਦਰ ਸਿੰਘ)**- ਸ੍ਰੀ ਗੁਰੂ ਨਾਨਕ ਦੇਵ ਜੀ ਦਾ 556 ਸਾਲਾਂ ਪ੍ਰਕਾਸ਼ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਅਨੂਪ ਨਗਰ ਬਸਤੀ ਦਾਨਿਸ਼ਮੰਦ ਜਲੰਧਰ ਵਿਖੇ ਮਨਾਇਆ ਜਾ ਰਿਹਾ ਹੈ। ਪ੍ਰਧਾਨ ਗੁਰਦੇਵ ਸਿੰਘ ਦੇਬੀ ਨੇ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਸਬੰਧੀ ਪ੍ਰਭਾਤ ਫੇਰੀਆਂ ਜਾਰੀ ਹਨ। ਹਰ ਰੋਜ਼ ਲਗਾਤਾਰ ਪ੍ਰਭਾਤ ਫੇਰੀਆਂ ਲਗਾਈਆਂ ਜਾ ਰਹੀਆਂ ਹਨ ਤੇ ਸੰਗਤਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ । ਨਗਰ ਕੀਰਤਨ ਗੁਰਦੁਆਰਾ ਸਾਹਿਬ ਤੋਂ ਆਰੰਭ ਹੋ ਕੇ ਸਿਟੀ ਇਨਕਲੇਵ, ਅਨੂਪ ਨਗਰ, ਰਾਮ ਸ਼ਰਨਮ ਕਾਲੋਨੀ, ਬਦਰੀ ਕਾਲੋਨੀ, ਕਰਨ ਇਨਕਲੇਵ, ਗਰੀਨ ਵੈਲੀ ਤੇ ਵੱਖ ਵੱਖ ਪੜਾਵਾਂ ਤੋਂ ਹੁੰਦਾ ਹੋਇਆ ਗੁਰੂ ਘਰ ਆ ਕੇ ਸਮਾਪਤ ਹੋਇਆ। ਸੰਗਤਾਂ ਵੱਲੋਂ ਵੱਖ ਵੱਖ ਥਾਵਾਂ ਉੱਤੇ ਚਾਹ ਅਤੇ ਸਮੋਸੇ ਤੇ ਪਕੌੜਿਆਂ ਦੇ ਲੰਗਰ ਅਤੁੱਟ ਵਰਤਾਏ ਗਏ। ਉਨ੍ਹਾਂ ਦੱਸਿਆ ਕਿ 3 ਨਵੰਬਰ ਦਿਨ ਸੋਮਵਾਰ ਨੂੰ ਸਵੇਰੇ 10 ਵਜੇ ਸ੍ਰੀ ਆਖੰਡ ਪਾਠ ਸਾਹਿਬ ਆਰੰਭ ਕੀਤੇ ਜਾਣਗੇ। ਤੇ 5 ਨਵੰਬਰ ਦਿਨ ਬੁੱਧਵਾਰ ਨੂੰ 10 ਵਜੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਉਪਰੰਤ ਦੀਵਾਨ ਹਾਲ ਵਿੱਚ ਪੰਥ ਪ੍ਰਸਿੱਧ ਰਾਗੀ ਢਾਡੀ ਕਵੀਸ਼ਰ ਪ੍ਰਚਾਰਕ ਗੁਰਬਾਣੀ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ਇਸ ਮੌਕੇ ਦਲਜੀਤ ਸਿੰਘ ਬੰਟੀ, ਜਸਬੀਰ ਸਿੰਘ, ਰਾਮ ਮੂਰਤੀ ਸਿੰਘ, ਗੁਰਨਾਮ ਸਿੰਘ, ਹਰਪ੍ਰੀਤ ਸਿੰਘ ਜੱਸ, ਲਵਲੀਨ ਸਿੰਘ, ਧਰਮ ਸਿੰਘ ਅਤੇ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਸਨ।



## ਤਰਨ ਤਾਰਨ ਜ਼ਿਮਨੀ ਚੋਣ 'ਚ 'ਆਪ' ਦੀ ਜਿੱਤ ਪੱਕੀ : ਧੰਜਲ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਤਰਨਤਾਰਨ ਵਿਧਾਨ ਸਭਾ ਹਲਕੇ ਵਿੱਚ 11 ਨਵੰਬਰ ਨੂੰ ਹੋ ਰਹੀ ਜ਼ਿਮਨੀ ਚੋਣ ਨੂੰ ਲੈ ਕੇ ਆਮ ਆਦਮੀ ਪਾਰਟੀ ਹਲਕਾ ਨਕੋਦਰ ਤੋਂ ਜਸਵੀਰ ਸਿੰਘ ਧੰਜਲ ਡਾਇਰੈਕਟਰ ਬੈਕਫਿੰਕੋ ਨੇ ਕਿਹਾ ਕਿ ਇਹ ਚੋਣ ਕੇਵਲ ਕਿਸੇ ਉਮੀਦਵਾਰ ਦੀ ਨਹੀਂ, ਸਗੋਂ ਵਿਕਾਸ, ਇਮਾਨਦਾਰੀ ਤੇ ਸੱਚਾਈ ਦੀ ਲੜਾਈ ਹੈ। ਉਨ੍ਹਾਂ ਕਿਹਾ ਕਿ ਤਰਨ ਤਾਰਨ ਹਲਕੇ ਦੇ ਲੋਕ ਸਮਝਦਾਰ ਹਨ ਅਤੇ ਉਹ ਜਾਣਦੇ ਹਨ ਕਿ ਕੌਣ ਉਨ੍ਹਾਂ ਦੇ ਹਿੱਤਾਂ ਦੀ ਸਿਆਸਤ ਕਰਦਾ ਹੈ ਤੇ ਕੌਣ ਸਿਰਫ਼ ਚੋਣਾਂ ਦੇ ਸਮੇਂ ਆ ਕੇ ਵਾਅਦੇ ਕਰਦਾ ਹੈ। ਧੰਜਲ ਨੇ ਕਿਹਾ ਕਿ ਇਸ ਹਲਕੇ ਤੋਂ ਪਹਿਲਾਂ ਵੀ ਆਮ ਆਦਮੀ ਪਾਰਟੀ ਦਾ ਵਿਧਾਇਕ ਚੁਣਿਆ ਗਿਆ ਸੀ ਜਿਸ ਨੇ ਹਲਕੇ ਦੇ ਵਿਕਾਸ ਲਈ ਬੇਮਿਸਾਲ ਕੰਮ ਕੀਤੇ ਸਨ। ਉਹਨਾਂ ਦੇ ਅਚਾਨਕ ਦੇਹਾਂਤ ਕਾਰਨ ਹੁਣ ਜ਼ਿਮਨੀ ਚੋਣ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦੇ ਸਾਰੇ ਵਰਕਰ ਇਕਜੁੱਟ ਹੋ ਕੇ ਇਸ ਚੋਣ ਨੂੰ ਜਿੱਤਣ ਲਈ ਜੁੱਟੇ ਹੋਏ ਹਨ ਅਤੇ ਲੋਕਾਂ ਦਾ ਰੁਝਾਨ ਵੀ ਆਮ ਆਦਮੀ ਪਾਰਟੀ ਵੱਲ ਸਾਫ਼ ਦਿੱਸ ਰਿਹਾ ਹੈ।

## ਹੈਲੋਵੀਨ ਤੇ ਨਵਾਂ ਪੰਜਾਬ ਦਿਵਸ ਮਨਾਇਆ

**ਜਲੰਧਰ (ਰਾਜੇਸ਼ ਥਾਪਾ)**- ਏ ਜੀ ਆਈ ਗਲੋਬਲ ਸਕੂਲ ਜਲੰਧਰ ਵੱਲੋਂ ਹੈਲੋਵੀਨ ਤੇ ਨਵਾਂ ਪੰਜਾਬ ਦਿਵਸ ਬਹੁਤ ਧੂਮਧਾਮ ਨਾਲ ਮਨਾਇਆ ਗਿਆ। ਇਸ ਸਮਾਗਮ ਦਾ ਵਿਸ਼ੇਸ਼ ਸੰਦੇਸ਼ ਪੰਜਾਬ ਤੋਂ ਬੁਰਾਈਆਂ ਨੂੰ ਦੂਰ ਕਰਨ ਲਈ ਅਰਦਾਸ ਕਰਨਾ ਸੀ ।ਲਗਭਗ 2000 ਲੋਕ, ਜਿਸ ਵਿੱਚ ਮਾਣਯੋਗ ਮਹਿਮਾਨ, ਵਿਦਿਆਰਥੀ, ਮਾਪੇ ਤੇ ਅਧਿਆਪਕ ਸ਼ਾਮਲ ਸਨ ਨੇ ਹਿੱਸਾ ਲਿਆ ।ਸਕੂਲ ਦੀ ਚੇਅਰਪਰਸਨ ਸਲਵਿੰਦਰਜੀਤ ਕੌਰ ਨੇ ਸਮਾਗਮ ਨੂੰ ਆਪਣੀ ਹਾਜ਼ਰੀ ਨਾਲ ਖਾਸ ਬਣਾਇਆ। ਸਕੂਲ ਦੇ ਬੱਚਿਆਂ ਨੇ ਮੌਂਸਟਰ ਜੌਂਬੀ ਅਤੇ ਬਲੱਡੀ ਮੈਰੀ ਵਰਗੇ ਗੀਤਾਂ ਤੇ ਡਾਂਸ ਪੇਸ਼ ਕੀਤੇ। ਢੋਲ ਦੀਆਂ ਧੁਨਾਂ ਨਾਲ ਪੂਰਾ ਮਾਹੌਲ ਰੌਣਕਦਾਰ ਹੋ ਗਿਆ। ਇਸ ਸਮਾਗਮ ਦਾ ਮਕਸਦ ਸੀ ਬੱਚਿਆਂ ਨੂੰ ਮਜ਼ੇ ਦੇ ਨਾਲ ਸਿਖਾਉਣਾ, ਉਨ੍ਹਾਂ ਨੂੰ ਵੱਖ-ਵੱਖ ਸੰਸਕ੍ਰਿਤੀਆਂ ਬਾਰੇ ਜਾਣੂ ਕਰਵਾਉਣਾ ਤੇ ਦੁਨੀਆ ਭਰ ਦੇ ਤਿਉਹਾਰਾਂ ਦਾ ਮਤਲਬ ਸਮਝਾਉਣਾ। ਸਮਾਗਮ ਵਿਚ ਖੇਡਾਂ, ਖਾਣ-ਪੀਣ, ਗੇਮਿੰਗ ਟਰੱਕ ਅਤੇ ਬਾਊਂਸੀ ਕੈਸਲ ਵਰਗੇ ਸਟਾਲ ਲੱਗੇ ਹੋਏ ਸਨ। ਬੱਚਿਆਂ ਅਤੇ ਪਰਵਾਰਾਂ ਨੇ ਇਹਨਾਂ ਦਾ ਬਹੁਤ ਆਨੰਦ ਲਿਆ। ਸਭ ਤੋਂ ਵਧੀਆ ਭੇਸ ਵਾਲਿਆਂ ਨੂੰ ਇਨਾਮ ਵੀ ਦਿੱਤੇ ਗਏ। ਸਕੂਲ ਦੀ ਡਾਇਰੈਕਟਰ ਹਰਲੀਨ ਮੋਹੰਤੀ ਨੇ ਕਿਹਾ ਕਿ ਇਸ ਸਮਾਗਮ ਦੇ ਨਾਲ ਇਕ ਅਰਦਾਸ ਵੀ ਕੀਤੀ ਗਈ ਕਿ ਸਾਡੇ ਪੰਜਾਬ ਵਿੱਚ ਸ਼ਾਂਤੀ ਤੇ ਖੁਸ਼ਹਾਲੀ ਆਵੇ। ਸਕੂਲ ਦੀ ਪ੍ਰਿੰਸੀਪਲ ਮੈਡਮ ਆਰਤੀ ਸ਼ਰਮਾ ਨੇ ਕਿਹਾ,ਬੱਚਿਆਂ ਨੇ ਬਹੁਤ ਉਤਸ਼ਾਹ ਨਾਲ ਇਸ ਸਮਾਗਮ ਵਿੱਚ ਹਿੱਸਾ ਲਿਆ ਤੇ ਇਸ ਨਾਲ ਉਨ੍ਹਾਂ ਵਿੱਚ ਸੰਸਕ੍ਰਿਤੀਕ ਵੱਖਰੇਪਨ ਨੂੰ ਸਵੀਕਾਰ ਕਰਨ ਦੀ ਭਾਵਨਾ ਵਦਾਨ ਦੀ ਕੋਸ਼ਿਸ਼ ਕੀਤੀ ਗਈ ।ਪੂਰਾ ਸਮਾਗਮ ਖੁਸ਼ੀ, ਮਿਲਾਪ ਤੇ ਭਾਈਚਾਰੇ ਦੀ ਭਾਵਨਾ ਨਾਲ ਸਮਾਪਤ ਹੋਇਆ।



## ਨਾਰਾ ਦੀ ਪੰਚਾਇਤ ਨੂੰ ਵਿਧਾਇਕ ਜਿੰਪਾ ਨੇ ਦਿੱਤਾ ਚੈੱਕ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਵਿਕਾਸ ਕਾਰਜਾਂ ਨੂੰ ਗਤੀ ਦੇਣ ਦੀ ਦਿਸ਼ਾ ਵਿਚ ਇਕ ਹੋਰ ਕਦਮ ਵਧਾਉਂਦੇ ਹੋਏ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਪਿੰਡ ਨਾਰਾ ਦੀ ਪੰਚਾਇਤ ਨੂੰ ਕੁੱਲ 2 ਲੱਖ 75 ਹਜ਼ਾਰ ਰੁਪਏ ਦਾ ਚੈੱਕ ਭੇਟ ਕੀਤਾ। ਇਹ ਰਾਸ਼ੀ ਪਿੰਡ ਵਿਚ ਖੇਡਾਂ, ਸਿੱਖਿਆ ਅਤੇ ਬੁਨਿਆਦੀ ਸੁਵਿਧਾਵਾਂ ਨੂੰ ਹੁਲਾਰਾ ਦੇਣ 'ਤੇ ਖ਼ਰਚ ਕੀਤੀ ਜਾਵੇਗੀ।ਵਿਧਾਇਕ ਜਿੰਪਾ ਨੇ ਦੱਸਿਆ ਕਿ ਪਿੰਡ ਨਾਰਾ ਦੇ ਖੇਡ ਮੈਦਾਨ ਦੇ ਵਿਕਾਸ ਲਈ 1 ਲੱਖ ਰੁਪਏ, ਸਕੂਲ ਵਿਚ ਕੰਪਿਊਟਰ ਦੀ ਸੁਵਿਧਾ ਲਈ 1 ਲੱਖ ਰੁਪਏ ਅਤੇ ਵਾਟਰ ਕੂਲਰ ਅਤੇ ਇਨਵਰਟਰ ਦੀ ਖ਼ਰੀਦ ਲਈ 75 ਹਜ਼ਾਰ ਰੁਪਏ ਦੀ ਰਾਸ਼ੀ ਪ੍ਰਦਾਨ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਟੀਚਾ ਪੇਂਡੂ ਹਲਕਿਆਂ ਵਿਚ ਵੀ ਸ਼ਹਿਰੀ ਸੁਵਿਧਾਵਾਂ ਉਪਲਬੱਧ ਕਰਵਾਉਣਾ ਹੈ, ਤਾਂ ਜੋ ਪਿੰਡਾਂ ਦਾ ਸਰਵਪੱਖੀ ਵਿਕਾਸ ਹੋ ਸਕੇ ਅਤੇ ਨੌਜਵਾਨ ਪੀੜ੍ਹੀ ਨੂੰ ਬਿਹਤਰ ਮੌਕੇ ਮਿਲਣ। ਇਸ ਮੌਕੇ ਗਗਨਦੀਪ ਕੌਰ ਸਰਪੰਚ, ਡੀ.ਐਫ.ਓ ਧਰਮਵੀਰ ਧੈਰੂ, ਜਸਪਾਲ ਸਿੰਘ ਰੇਂਜ ਅਫ਼ਸਰ, ਜਸਬੀਰ ਪਾਲ ਬਲਾਕ ਅਫ਼ਸਰ, ਸੁਦੇਸ਼ ਕੁਮਾਰ, ਕਮਲਜੀਤ, ਗੋਪਾਲ ਦਾਸ, ਕੁਲਵਿੰਦਰ ਕੌਰ, ਸੁਖਵਿੰਦਰ, ਰਾਜਵਿੰਦਰ ਕੌਰ, ਗੁਰਬਚਨ ਦਾਸ (ਸਾਰੇ ਪੰਚ), ਸ਼ੀਤਲ, ਗੁਰਬਚਨ ਲਾਲ ਸਾਬਕਾ ਸਰਪੰਚ, ਰਸ਼ਪਾਲ ਸਿੰਘ, ਪ੍ਰਿਤਪਾਲ ਸਿੰਘ ਯੁਵਾ ਪ੍ਰਧਾਨ, ਸੁਰਿੰਦਰ ਪਾਲ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ।

## 'ਭਾਰਤ ਕੋ ਜਾਨੋ' ਕੁਇਜ਼ ਤੇ ਭਾਸ਼ਣ ਮੁਕਾਬਲਾ

**ਫਗਵਾੜਾ (ਡਾ ਰਮਨ, ਜਸਵਿੰਦਰ ਢੱਡਾ)**- ਬੱਚਿਆਂ ਨੂੰ ਆਪਣੀ ਗੌਰਵਸ਼ਾਲੀ ਸੰਸਕ੍ਰਿਤੀ ਪ੍ਰਤੀ ਜਾਣੂ ਕਰਵਾਉਣ ਲਈ ਭਾਰਤ ਵਿਕਾਸ ਪਰਿਸ਼ਦ ਫਗਵਾੜਾ ਵਲੋਂ ਬਲਾਕ ਪੱਧਰੀ ਅੰਤਰ ਸਕੂਲ 'ਭਾਰਤ ਕੋ ਜਾਨੋ ' ਤੇ ਸ਼੍ਰੀ ਗੁਰੂ ਤੇਗ ਬਹਾਦਰ ਬਲੀਦਾਨ ਦਿਵਸ ਭਾਸ਼ਣ ਪ੍ਰਤੀਯੋਗਤਾ ਸ਼੍ਰੀ ਮਹਾਂਵੀਰ ਜੈਨ ਮਾਡਲ ਹਾਈ ਸਕੂਲ ਮਾਡਲ ਟਾਊਨ ਫਗਵਾੜਾ ਵਿਖੇ ਆਯੋਜਿਤ ਕੀਤੀ ਗਈ । ਪਰਿਸ਼ਦ ਦੇ ਸੂਬਾ ਸੰਗਠਨ ਸਕੱਤਰ ਹਰਜਿੰਦਰ ਗੋਗਨਾ ਬਤੌਰ ਵਿਸ਼ੇਸ਼ ਮਹਿਮਾਨ ਸ਼ਾਮਲ ਹੋਏ । 'ਭਾਰਤ ਕੋ ਜਾਨੋ' ਦੇ ਪ੍ਰੋਜੈਕਟ ਡਾਇਰੈਕਟਰਾਂ ਡਾ. ਵਰਿੰਦਰ ਗੋਗਨਾ ਅਤੇ ਕੇਵਲ ਸਿੰਘ ਵਲੋਂ ਵੱਖ ਵੱਖ ਸਕੂਲਾਂ ਤੋਂ ਜੂਨੀਅਰ ਅਤੇ ਸੀਨੀਅਰ ਵਰਗਾਂ ਵਿੱਚ 40 ਵਿਦਿਆਰਥੀਆਂ ਦੇ ਆਮ ਗਿਆਨ ਦੀ ਜਾਂਚ ਕੀਤੀ ਗਈ ।ਇਸੇ ਤਰਾਂ ਰਵੀ ਮੰਗਲ ਅਤੇ ਜਯੋਤੀ ਬੱਗਾ ਦੀ ਦੇਖ ਰੇਖ ਹੇਠ ਭਾਸ਼ਣ ਮੁਕਾਬਲੇ ਵਿੱਚ ਵਿਦਿਆਰਥੀਆਂ ਵਲੋਂ ਨੌਵੇਂ ਗੁਰੂ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਸਬੰਧੀ ਆਪਣੇ ਵਿਚਾਰ ਪੇਸ਼ ਕੀਤੇ । ਪਰਿਸ਼ਦ ਦੇ ਸਾਬਕਾ ਸੂਬਾ ਪ੍ਰਧਾਨ ਵਿੱਪਨ ਢੀਂਗਰਾ ਅਤੇ ਸਕੂਲ ਪ੍ਰਿੰਸੀਪਲ ਡਾ. ਤਾਜਪ੍ਰੀਤ ਕੌਰ ਰੰਧਾਵਾ ਨੇ ਬੱਚਿਆਂ ਨੂੰ ਸੰਬੋਧਨ ਕਰਦੇ ਹੋਏ ਜ਼ਿੰਦਗੀ ਵਿੱਚ ਸਕਾਰਾਤਮਕਿ ਰਹਿਣ ਦਾ ਸੰਦੇਸ਼ ਦਿੱਤਾ। ਕੁਇਜ਼ ਦੇ ਜੂਨੀਅਰ ਵਰਗ ਵਿੱਚ ਸ਼੍ਰੀ ਮਹਾਂਵੀਰ ਜੈਨ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀ ਗਰਿਮਾ ਅਤੇ ਬਬੀਤਾ ਪਹਿਲੇ , ਮਾਂ ਅੰਬੇ ਗਰਲਜ਼ ਸਕੂਲ ਭਾਣੋਕੀ ਦੇ ਬੱਚੇ ਗੁਰਲੀਨ ਕੌਰ ਅਤੇ ਯੁਵਰੀਨ ਕੌਲ ਦੂਸਰੇ ਅਤੇ ਸ਼੍ਰੀ ਮਹਾਂਵੀਰ ਜੈਨ ਮਾਡਲ ਹਾਈ ਸਕੂਲ ਦੇ ਬੱਚੇ ਰਣਵੀਰ ਸਿੰਘ ਅਤੇ ਨਕਸ਼ ਰਖੇਜਾ ਅਤੇ ਸਵਾਮੀ ਸੰਤ ਦਾਸ ਪਬਲਿਕ ਸਕੂਲ ਦੇ ਬੱਚੇ ਅਭਿਸ਼ੇਕ ਅਗਰਵਾਲ ਅਤੇ ਸਰਗੁਨ ਆਹਲੂਵਾਲੀਆ ਤੀਸਰੇ ਸਥਾਨ 'ਤੇ ਰਹੇ । ਸੀਨੀਅਰ ਵਰਗ ਵਿੱਚ ਸਵਾਮੀ ਸੰਤ ਦਾਸ ਪਬਲਕਿ ਸਕੂਲ ਦੇ ਬੱਚੇ ਆਸਤਕਿ ਗਾਬਾ ਅਤੇ ਅੰਕਿਤ ਚੌਬੇ ਪਹਿਲੇ , ਸ਼੍ਰੀ ਹਨੂਮਤ ਇੰਟਰਨੈਸ਼ਨਲ ਪਬਲਿਕ ਸਕੂਲ ਗੁਰਾਇਆ ਦੇ ਬੱਚੇ ਪ੍ਰਤਿਸ਼ਠਤਾ ਅਤੇ ਕ੍ਰਿਸ਼ਨਾ ਦੂਸਰੇ ਅਤੇ ਮਾਂ ਅੰਬੇ ਗਰਲਜ਼ ਸਕੂਲ ਭਾਣੋਕੀ ਦੇ ਵਿਦਿਆਰਥੀ ਹਸਰਤ ਅਤੇ ਅਲੀਸ਼ਾ ਤੀਸਰੇ ਸਥਾਨ 'ਤੇ ਰਹੇ । ਇਸ ਮੁਕਾਬਲੇ ਵਿੱਚ ਸ਼੍ਰੀ ਮਹਾਂਵੀਰ ਜੈਨ ਮਾਡਲ ਹਾਈ ਸਕੂਲ ਅਤੇ ਆਰੀਆ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੇ ਬੱਚਿਆਂ ਨੇ ਸਾਂਤਵਨਾ ( ਦਿਲਾਸਾ) ਪੁਰਸਕਾਰ ਪ੍ਰਾਪਤ ਕੀਤਾ । ਭਾਸ਼ਣ ਮਕਾਬਲੇ ਦੇ ਜੱਜ ਸਾਹਿਬਾਨ ਡਾ. ਅਨੀਤਾ ਗੋਗਨਾ ਅਤੇ ਪ੍ਰੋ, ਰੇਖਾ ਸੰਧੀਰ ਵਲੋਂ ਸ਼੍ਰੀ ਮਹਾਂਵੀਰ ਜੈਨ ਮਾਡਲ ਸਕੂਲ ਮਾਡਲ ਟਾਊਨ ਦੀ ਪ੍ਰਤੀਯੋਗੀ ਹਰਲੀਨ ਕੌਰ ਨੂੰ ਪੰਜਾਬੀ ਅਤੇ ਕਮਲਾ ਨਹਿਰੂ ਪਬਲਿਕ ਸਕੂਲ ਚੱਕ ਹਕੀਮ ਦੀ ਵਿਦਿਆਰਥਣ ਨਮਰਤਾ ਬਾਂਸਲ ਨੂੰ ਹਿੰਦੀ ਭਾਸ਼ਾ ਵਿੱਚ ਜੇਤੂ ਕਰਾਰ ਦਿੱਤਾ । ਭਾਸ਼ਣ ਮੁਕਾਬਲੇ ਵਿੱਚ ਸੰਤੂਰ ਇੰਟਰਨੈਸ਼ਨਲ ਪਬਲਿਕ ਸਕੂਲ ਦੀ ਭਵਰੀਤ ਕੌਰ ਅਤੇ ਮਾਂ ਅੰਬੇ ਗਰਲਜ਼ ਸਲੂਲ ਦੀ ਇਸ਼ੀਕਾ ਦੂਜੇ ਅਤੇ ਐਸ.ਡੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਦੀ ਮੇਹਰ ਅਤੇ ਸ਼੍ਰੀ ਮਹਾਂਵੀਰ ਜੈਨ ਮਾਡਲ ਹਾਈ ਸਕੂਲ ਦੀ ਵਿਦਿਆਰਥਣ ਗੌਰੀ ਸੈਨ ਤੀਸਰੇ ਸਥਾਨ 'ਤੇ ਰਹੇ । ਜ਼ਿਲ੍ਹਾ ਸੰਯੋਜਕ ਮੁਨੀਸ਼ ਗੁਪਤਾ ਤੇ ਸੂਬਾ ਸੰਗਠਨ ਮੰਤਰੀ ਹਰਜਿੰਦਰ ਗੋਗਨਾ ਨੇ ਬੱਚਿਆਂ ਵਲੋਂ ਇਸ ਗਿਆਨ ਵਧਾਊ ਪ੍ਰੋਜੈਕਟ ਨੂੰ ਸਫਲ ਕਰਨ ਦੀ ਸਰਾਹਨਾ ਕੀਤੀ ।



## ਨਿਰਮਲ ਆਸ਼ਰਮ ਡੇਰਾ ਪ੍ਰੇਮਸਰ ਬਾੜੀਆਂ ਕਲਾਂ ਵਿਖੇ ਧਾਰਮਿਕ ਸਮਾਗਮ 5 ਨੂੰ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਨਿਰਮਲ ਆਸ਼ਰਮ ਡੇਰਾ ਪ੍ਰੇਮਸਰ ਪਿੰਡ ਬਾੜੀਆਂ ਕਲਾਂ ਵਿਖੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਧਾਰਮਿਕ ਸਮਾਗਮ 5 ਨਵੰਬਰ ਦਿਨ ਬੁੱਧਵਾਰ ਨੂੰ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਤ ਬਾਬਾ ਪ੍ਰੀਤਮ ਸਿੰਘ ਤੇ ਸੰਤ ਬਲਜੀਤ ਸਿੰਘ ਨੇ ਸਾਂਝੇ ਤੌਰ ਤੇ ਦੱਸਿਆ ਕਿ ਇਸ ਦਿਨ ਸਭ ਤੋਂ ਪਹਿਲਾਂ ਸਹਿਜ ਪਾਠ ਦੇ ਭੋਗ ਪਾਏ ਜਾਣਗੇ, ਉਪਰੰਤ ਧਾਰਮਿਕ ਦੀਵਾਨ ਸੱਜਣਗੇ। ਜਿਸ ਵਿੱਚ ਪਹੁੰਚ ਰਹੇ ਸੰਤ ਮਹਾਂਪੁਰਸ਼ ਸੰਗਤਾਂ ਨੂੰ ਕਥਾ ਕੀਰਤਨ ਰਾਹੀਂ ਉਸ ਸਰਬ ਸ਼ਕਤੀਮਾਨ ਪਰਮਾਤਮਾ ਨਾਲ ਜੋੜਨਗੇ, ਜੋ ਇਸ ਬ੍ਰਹਿਮੰਡ ਦੇ ਕਣ-ਕਣ ਵਿੱਚ ਮੌਜੂਦ ਹੋ ਕੇ ਸਭਨਾਂ ਜੀਵਾਂ ਦੀ ਪ੍ਰਤਿਪਾਲਣਾ ਕਰ ਰਿਹਾ ਹੈ। ਇਸ ਮੌਕੇ ਗੁਰੂ ਕਾ ਲੰਗਰ ਅਟੁੱਟ ਵਰਤੇਗਾ। ਇਸ ਮੌਕੇ ਉਹਨਾਂ ਇਲਾਕਾ ਨਿਵਾਸੀ ਸਮੂਹ ਸੰਗਤਾਂ ਨੂੰ ਇਸ ਪ੍ਰੋਗਰਾਮ ਵਿੱਚ ਸ਼ਾਮਿਲ ਹੋ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦੀ ਬੇਨਤੀ ਕੀਤੀ।



## ਗੁਰੂ ਨਾਨਕ ਖਾਲਸਾ ਕਾਲਜ 'ਚ ਪੰਜਾਬ ਦਿਵਸ ਮਨਾਇਆ

**ਸੁਲਤਾਨਪੁਰ ਲੋਧੀ (ਹਨੀ)** ਗੁਰੂ ਨਾਨਕ ਖਾਲਸਾ ਕਾਲਜ ਵਿਖੇ ਕਾਰਜਕਾਰੀ ਪ੍ਰਿੰਸੀਪਲ ਪ੍ਰੋ.ਜਸਬੀਰ ਕੌਰ ਦੀ ਅਗਵਾਈ ਵਿਚ ਕਾਲਜ ਵਿੱਚ ਪੰਜਾਬ ਦਿਵਸ ਮਨਾਇਆ ਗਿਆ। ਇਸ ਦੌਰਾਨ ਪ੍ਰਿੰਸੀਪਲ ਜਸਬੀਰ ਕੌਰ ਵੱਲੋਂ ਇੱਕ ਸਪੈਸ਼ਲ ਲੈਕਚਰ ਦਿੱਤਾ ਗਿਆ, ਜਿਸ ਵਿੱਚ ਉਨ੍ਹਾਂ ਨੇ ਪੰਜਾਬ ਦੇ ਪੁਨਰਗਠਨ ਦੇ ਇਤਿਹਾਸ 'ਤੇ ਚਾਨਣਾ ਪਾਇਆ। ਇਸ ਮੌਕੇ ਪ੍ਰੋ. ਸੁਖਪਾਲ ਸਿੰਘ ਕੁਆਰਡੀਨੇਟਰ ਲੜਕੀਆਂ ਵਿੰਗ, ਪ੍ਰੋ.ਰਾਜਦੀਪ ਕੌਰ ਜੋਸਨ ਮੁਖੀ ਪੰਜਾਬੀ ਅਤੇ ਆਰਟਸ ਵਿਭਾਗ, ਪ੍ਰੋ. ਰਾਜਪ੍ਰੀਤ ਕੌਰ ਮੁਖੀ ਕੰਪਿਊਟਰ ਅਤੇ ਆਈ.ਟੀ. ਵਿਭਾਗ, ਡਾ. ਮਨੀ ਛਾਬੜਾ ਮੁਖੀ ਕਾਮਰਸ ਵਿਭਾਗ, ਪ੍ਰੋ. ਜੁਗਰਾਜ ਸਿੰਘ, ਪ੍ਰੋ.ਗੁਰਪ੍ਰੀਤ ਕੌਰ, ਪ੍ਰੋ. ਸਰਬਜੀਤ ਕੌਰ, ਪ੍ਰੋ. ਜਸਵੀਰ ਕੌਰ, ਪ੍ਰੋ. ਸੰਦੀਪ ਕੌਰ, ਪ੍ਰੋ. ਹਰਦੀਸ਼ ਕੌਰ, ਪ੍ਰੋ. ਨਿਵਿਆ, ਪ੍ਰੋ. ਰਮਨ, ਪ੍ਰੋ. ਹਰਪ੍ਰੀਤ ਸਿੰਘ, ਪ੍ਰੋ. ਹਰਜਾਪ ਸਿੰਘ, ਪ੍ਰੋ. ਰਮਨਦੀਪ ਕੌਰ, ਪ੍ਰੋ.ਸੁਖਵਿੰਦਰ ਸਿੰਘ, ਪ੍ਰੋ.ਪ੍ਰਵੀਨ ਕੌਰ ਆਦਿ ਸਟਾਫ਼ ਮੈਂਬਰ ਹਾਜ਼ਰ ਸਨ।



## ਕੈਂਸਰ ਸਰਵਾਈਵਰ ਨੇ ਡਾਕਟਰਾਂ ਨਾਲ ਰੈਂਪ ਵਾਕ ਕੀਤਾ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਜਿੱਤ ਅਤੇ ਆਤਮ ਵਿਸ਼ਵਾਸ ਦਾ ਪ੍ਰਤੀਕ ਕੈਂਸਰ ਸਰਵਾਈਵਰ ਨੇ ਲਿਵਾਸਾ ਹਸਪਤਾਲ ਦੁਆਰਾ ਆਯੋਜਿਤ 'ਪਿੰਕ ਵਾਰੀਅਰਜ਼ ਮੀਟ' ਈਵੈਂਟ ਦੌਰਾਨ ਡਾਕਟਰਾਂ ਨਾਲ ਰੈਂਪ ਵਾਕ ਕੀਤਾ।ਇਹ ਸਮਾਗਮ ਛਾਤੀ ਦੇ ਕੈਂਸਰ ਜਾਗਰੂਕਤਾ ਮਹੀਨੇ ਦੇ ਜਸ਼ਨ ਵਿੱਚ ਕੈਂਸਰ ਸਰਵਾਈਵਰਾਂ ਦੀ ਕੈਂਸਰ 'ਤੇ ਜਿੱਤ ਦੀ ਪ੍ਰੇਰਣਾਦਾਇਕ ਯਾਤਰਾ ਨੂੰ ਸਨਮਾਨਤ ਕਰਨ ਲਈ ਸਮਰਪਤ ਸੀ।ਲਿਵਾਸਾ ਦੁਆਰਾ ਇਸ ਪਹਿਲਕਦਮੀ ਦਾ ਉਦੇਸ਼ ਕੈਂਸਰ ਦੇ ਵਿਰੁੱਧ ਲੜਾਈ ਵਿੱਚ ਜਲਦੀ ਪਤਾ ਲਗਾਉਣ, ਸਮੇਂ ਸਿਰ ਇਲਾਜ ਅਤੇ ਭਾਵਨਾਤਮਕ ਸਹਾਇਤਾ ਦੀ ਮਹੱਤਤਾ ਬਾਰੇ ਜਾਗਰੂਕਤਾ ਫੈਲਾਉਣਾ ਸੀ। ਇਸ ਪ੍ਰੋਗਰਾਮ ਨੇ ਉਮੀਦ ਅਤੇ ਇਲਾਜ ਦੀਆਂ ਕਹਾਣੀਆਂ ਦਾ ਜਸ਼ਨ ਮਨਾਉਣ ਲਈ ਕੈਂਸਰ ਸਰਵਾਈਵਰ, ਓਨਕੋਲੋਜਿਸਟ ਅਤੇ ਸਿਹਤ ਸੰਭਾਲ ਪੇਸ਼ੇਵਰਾਂ ਨੂੰ ਇਕੱਠਾ ਕੀਤਾ।ਇਸ ਮੌਕੇ ਲਿਵਾਸਾ ਓਨਕੋਲੋਜੀ ਟੀਮ ਦੇ ਮੈਡੀਕਲ ਓਨਕੋਲੋਜੀ ਡਾਇਰੈਕਟਰ ਡਾ ਜਤਿਨ ਸਰੀਨ, ਸਰਜੀਕਲ ਓਨਕੋਲੋਜੀ ਡਾਇਰੈਕਟਰ ਡਾ. ਵਿਜੇ ਬਾਂਸਲ, ਰੇਡੀਏਸ਼ਨ ਓਨਕੋਲੋਜੀ ਡਾਇਰੈਕਟਰ ਡਾ. ਮੀਨਾਕਸ਼ੀ ਮਿੱਤਲ, ਸਰਜੀਕਲ ਓਨਕੋਲੋਜੀ ਡਾਇਰੈਕਟਰ ਡਾ. ਸ਼ੁਭ ਮਹਿੰਦ੍ਰੂ, ਮੈਡੀਕਲ ਓਨਕੋਲੋਜੀ ਸੀਨੀਅਰ ਕੰਸਲਟੈਂਟ ਡਾ. ਪ੍ਰਿਵਾਂਸ਼ੂ ਚੌਧਰੀ ਅਤੇ ਸੀਨੀਅਰ ਆਨਕੋਲੋਜੀ ਆਨਕੋਲੋਜੀ ਸੀਨੀਅਰ ਕੰਸਲਟੈਂਟ ਡਾ. ਪ੍ਰਵਾਂਸ਼ੂ ਚੌਧਰੀ ਹਾਜ਼ਰ ਸਨ । ਪ੍ਰੋਗਰਾਮ ਦੌਰਾਨ, ਮਨੋਰੰਜਕ ਖੇਡਾਂ, ਸਿਹਤ ਨਾਲ ਸਬੰਧਤ ਗਤੀਵਿਧੀਆਂ ਅਤੇ ਰੋਕਥਾਮ ਵਾਲੇ ਸਿਹਤ, ਸਵੈ-ਸੰਭਾਲ ਅਤੇ ਮਾਨਸਿਕ ਸਿਹਤ 'ਤੇ ਕੇਂਦ੍ਰਤ ਜਾਣਕਾਰੀ ਭਰਪੂਰ ਜਾਗਰੂਕਤਾ ਸੈਸ਼ਨ ਵੀ ਆਯੋਜਿਤ ਕੀਤੇ ਗਏ। ਅਕਤੂਬਰ ਮਹੀਨੇ ਦੌਰਾਨ ਲਿਵਾਸ ਹਸਪਤਾਲ ਨੇ ਔਰਤਾਂ ਦੀ ਸਿਹਤ ਅਤੇ ਰੋਕਥਾਮ ਸੰਭਾਲ ਪ੍ਰਤੀ ਆਪਣੀ ਨਿਰੰਤਰ ਵਚਨਬੱਧਤਾ ਦੇ ਹਿੱਸੇ ਵਜੋਂ ਛਾਤੀ ਦੀ ਜਾਂਚ ਕੈਂਪ, ਜਾਗਰੂਕਤਾ ਮੁਹਿੰਮਾਂ ਅਤੇ ਵਿੱਦਿਅਕ ਵਰਕਸ਼ਾਪਾਂ ਦਾ ਆਯੋਜਨ ਕੀਤਾ।



## ਕੋਟਲੀ ਐੱਸ ਸੀ ਵਿਭਾਗ ਦੇ ਨੈਸ਼ਨਲ ਕੋਆਰਡੀਨੇਟਰ ਨਿਯੁਕਤ

**ਆਦਮਪੁਰ (ਪਰਮਜੀਤ ਸਿੰਘ)**- ਆਦਮਪੁਰ ਹਲਕੇ ਦੇ ਵਿਧਾਇਕ ਸੁਖਵਿੰਦਰ ਸਿੰਘ ਕੋਟਲੀ, ਸਪੈਸ਼ਲ ਸਪੋਕਸਪਰਸਨ ਪੰਜਾਬ ਕਾਂਗਰਸ ਨੂੰ ਦੇਸ਼ ਦੀ ਸਿਆਸਤ ਅੰਦਰ ਵੱਡਾ ਰੋਲ ਅਦਾ ਕਰਨ ਲਈ ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਨੇ ਐਸ ਸੀ ਵਿਭਾਗ ਦੇ ਨੈਸ਼ਨਲ ਕੋਆਡੀਨੇਟਰ ਨਿਯੁਕਤ ਕਰਦਿਆਂ, ਉੱਤਰਾਖੰਡ ਸਟੇਟ ਦਾ ਇੰਚਾਰਜ ਵੀ ਬਣਾਇਆ ਹੈ ਤਾਂ ਜੋ ਉਹ ਪਾਰਟੀ ਨੂੰ ਮਜ਼ਬੂਤ ਕਰਨ ਲਈ ਜ਼ਿੰਮੇਵਾਰੀ ਨਿਭਾਉਣ। ਆਪਣੀ ਨਵੀਂ ਨਿਯੁਕਤੀ 'ਤੇ ਕਾਂਗਰਸ ਪਾਰਟੀ ਦੇ ਪ੍ਰਧਾਨ ਮਲਿਕਾਰਜੁਨ ਖੜਗੇ, ਦੇਸ਼ ਅੰਦਰ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ, ਸਕੱਤਰ ਜਨਰਲ ਕੇ ਸੀ ਵੇਣੂਗੋਪਾਲ, ਕੇ ਰਾਜੂ ਨੈਸ਼ਨਲ ਇਚਾਰਜ ਤੇ ਰਜਿੰਦਰ ਗੌਤਮ ਨੈਸ਼ਨਲ ਚੇਅਰਮੈਨ ਐਸ ਸੀ ਵਿਭਾਗ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਨੇ ਮੇਰੇ 'ਤੇ ਬਹੁਤ ਵੱਡਾ ਵਿਸ਼ਵਾਸ ਕੀਤਾ ਹੈ। ਮੈਂ ਜ਼ਿੰਮੇਵਾਰੀ ਤਨਦੇਹੀ ਨਾਲ ਨਿਭਾਵਾਂਗਾ, ਵਿਧਾਇਕ ਕੋਟਲੀ ਨੇ ਆਖਿਆ ਕਿ ਨੈਸ਼ਨਲ ਪੱਧਰ 'ਤੇ ਉਹ ਪਾਰਟੀ ਸਾਹਮਣੇ ਲੋਕ ਮੁੱਦਿਆਂ ਨੂੰ ਉਭਾਰਨਗੇ ਤੇ ਇਨਸਾਫ ਲਈ ਜ਼ੁਲਮ ਦੇ ਖ਼ਿਲਾਫ਼ ਲੜਾਈ ਲੜਨਗੇ। ਵਿਧਾਇਕ ਸੁਖਵਿੰਦਰ ਸਿੰਘ ਕੋਟਲੀ ਪੰਜਾਬ ਅੰਦਰ ਕਾਂਗਰਸ ਦੇ ਬੁਲਾਰੇ ਵਜੋਂ ਵਿਧਾਇਕ ਸਭਾ ਅੰਦਰ ਵੀ ਤੇ ਬਾਹਰ ਵੀ ਸਰਕਾਰ ਨੂੰ ਘੇਰਨ ਲਈ ਕੋਈ ਕਸਰ ਨਹੀਂ ਛੱਡਦੇ, ਉਹ ਲੋਕ ਮੁੱਦਿਆਂ ਨੂੰ ਉਠਾਉਣ ਵਿੱਚ ਹਮੇਸ਼ਾ ਚਰਚਾ ਵਿੱਚ ਰਹਿੰਦੇ ਹਨ।



## ਰਜਿਸਟਰੀਆਂ ਦੇ ਕੁਲੈਕਟਰ ਰੇਟਾਂ 'ਚ ਵਾਧਾ ਲੋਕ ਵਿਰੋਧੀ ਫੈਸਲਾ : ਬਲਬੀਰ ਸਿੱਧੂ

**ਐਸ.ਏ.ਐਸ. ਨਗਰ, (ਗੁਰਜੀਤ ਬਿੱਲਾ)**- ਸੀਨੀਅਰ ਕਾਂਗਰਸੀ ਆਗੂ ਤੇ ਸੂਬੇ ਦੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਨੇ ਪੰਜਾਬ ਸਰਕਾਰ ਵਲੋਂ ਜ਼ਮੀਨਾਂ-ਜਾਇਦਾਦਾਂ ਦੀਆਂ ਰਜਿਸਟਰੀਆਂ ਦੇ ਕੁਲੈਕਟਰ ਰੇਟ ਵਧਾਉਣ ਦੇ ਫੈਸਲੇ ਨੂੰ ਲੋਕ ਵਿਰੋਧੀ ਦੱਸਦਿਆਂ ਕਿਹਾ ਹੈ ਕਿ ਇਸ ਨਾਲ ਰੀਅਲ ਐਸਟੇਟ ਦੇ ਨਾਲ ਹਰ ਵਪਾਰ ਵਿਚ ਖੜੋਤ ਆਉਣ ਕਾਰਨ ਸੂਬੇ ਦੀ ਆਰਥਿਕਤਾ ਉਤੇ ਬਹੁਤ ਮਾੜਾ ਅਸਰ ਪਵੇਗਾ। ਕਾਂਗਰਸੀ ਆਗੂ ਨੇ ਇਥੇ ਜਾਰੀ ਕੀਤੇ ਗਏ ਇਕ ਪ੍ਰੈੱਸ ਬਿਆਨ ਵਿਚ ਕਿਹਾ ਕਿ ਮੋਹਾਲੀ ਜ਼ਿਲੇ ਅੰਦਰ ਕੁਲੈਕਟਰ ਰੇਟਾਂ ਵਿਚ 20 ਤੋਂ 32 ਫੀਸਦੀ ਦਾ ਵਾਧਾ ਕੀਤਾ ਗਿਆ ਹੈ, ਪਰ ਕਈ ਇਲਾਕਿਆਂ ਵਿਚ ਇਹ ਵਾਧਾ 32 ਫੀਸਦੀ ਤੱਕ ਵੀ ਹੋਇਆ ਹੈ। ਉਹਨਾਂ ਦਸਿਆ ਕਿ ਮੋਹਾਲੀ ਸ਼ਹਿਰ ਵਿਚ ਇਕ ਕਨਾਲ ਦੇ ਪਲਾਟ ਦੀ ਰਜਿਸਟਰੀ ਉੱਤੇ 22 ਲੱਖ ਰੁਪਏ ਦਾ ਖ਼ਰਚ ਆਇਆ ਕਰੇਗਾ ਜਿਹੜਾ ਪਹਿਲਾਂ 18 ਲੱਖ ਰੁਪਏ ਹੁੰਦਾ ਸੀ। ਉਹਨਾਂ ਇਹ ਵੀ ਦੱਸਿਆ ਕਿ ਖਰੜ ਇਲਾਕੇ ਵਿਚ ਇਹ ਰੇਟ ਪਹਿਲਾਂ 10,000 ਰੁਪਏ ਤੋਂ 15,000 ਰੁਪਏ ਕੀਤੇ ਗਏ ਸਨ ਜਿਹੜੇ ਹੁਣ ਵਧਾ ਕੇ 23,000 ਰੁਪਏ ਕਰ ਦਿਤੇ ਗਏ ਹਨ। ਉਹਨਾਂ ਇਹ ਵੀ ਦਸਿਆ ਕਿ ਤਤਕਾਲ ਰਜਿਸਟਰੀ ਦਾ ਸਮਾਂ ਲੈਣ ਲਈ ਵੀ ਹੁਣ 5,000 ਦੀ ਥਾਂ 10, 000 ਰੁਪਏ ਦਾ ਖ਼ਰਚਾ ਸਹਿਣ ਕਰਨਾ ਪਵੇਗਾ।




ਸ਼ਹੀਦ ਭਗਤ ਸਿੰਘ ਨਗਰ ਵਿਖੇ ਐੱਸ ਐੱਸ ਪੀ ਮਹਿਤਾਬ ਸਿੰਘ ਦੇ ਦਿਸ਼ਾ ਨਿਰਦੇਸ਼ ਤੇ ਡੀ ਐੱਸ ਪੀ ਹੇਮਤ ਕੁਮਾਰ ਸਬ ਡਿਵੀਜ਼ਨ ਬਲਾਚੌਰ ਦੀ ਹਦਾਇਤ ਤੇ ਥਾਣਾ ਵਿੱਚ ਲੋਕਾਂ ਦੇ ਸਹਿਯੋਗ ਨਾਲ ਲੋਕਾਂ ਦੀ ਰਾਹਤ ਲਈ ਦਰਖਾਸਤਾਂ ਦੀ ਸੁਣਵਾਈ ਲਈ ਖੁੱਲਾ ਕੈਂਪ ਲਗਾਇਆ ਗਿਆ ਜਿਸ ਵਿੱਚ ਸ਼ਿਕਾਇਤਾਂ ਸੁਣਨ ਤੋਂ ਬਾਅਦ ਲਗਭਗ 10 ਦਰਖਾਸਤਾਂ ਦਾ ਮੌਕੇ 'ਤੇ ਨਿਬੇੜਾ ਕੀਤਾ ਗਿਆ। **(ਫੋਟੋ ਤੇ ਵੇਰਵਾ : ਜਸਵਿੰਦਰ ਬੈਂਸ, ਬਲਾਚੌਰ)**

# ਦੀਪਇੰਦਰ ਢਿੱਲੋਂ ਨੇ ਪਿੰਡਾਂ ਦੇ ਵਿਕਾਸ ਲਈ ਗ੍ਰਾਂਟਾਂ ਵੰਡੀਆਂ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਕਾਂਗਰਸ ਦੇ ਹਲਕਾ ਇੰਚਾਰਜ ਦੀਪਇੰਦਰ ਸਿੰਘ ਢਿੱਲੋਂ ਵੱਲੋਂ ਅੱਜ ਹਲਕੇ ਦੇ ਪਿੰਡਾਂ ਨੂੰ ਵਿਕਾਸ ਕਾਰਜਾਂ ਲਈ ਐੱਮ ਪੀ ਕੋਟੇ ਵਿੱਚੋਂ



ਗ੍ਰਾਂਟਾਂ ਵੰਡੀਆਂ ਗਈਆਂ। ਉਹਨਾਂ ਮੈਂਬਰ ਪਾਰਲੀਮੈਂਟ ਡਾ. ਧਰਮਵੀਰ ਗਾਂਧੀ ਦੇ ਨਿਰਦੇਸ਼ਾਂ 'ਤੇ ਹਲਕੇ ਦੇ ਪਿੰਡ ਸਿਓਲੀ ਨੂੰ ਦਸ ਲੱਖ ਸ਼ਮਸ਼ਾਨਘਾਟ ਦੇ ਗਰਾਊਂਡ, ਹਮਾਊਪੁਰ ਤਸਿੰਬਲੀ ਨੂੰ ਬਾਰਾਂ ਲੱਖ ਸਟੇਡੀਅਮ ਤੇ ਕਮਿਊਨਿਟੀ ਹਾਲ, ਜੌਲਾ ਕਲਾਂ ਨੂੰ ਪੰਜ ਲੱਖ ਗਲੀਆਂ ਲਈ, ਕੁਰਲੀ ਨੂੰ ਪੰਜ ਲੱਖ ਧਰਮਸ਼ਾਲਾ ਅਤੇ ਪਰਾਗਪੁਰ 'ਚ ਸ਼ਮਸ਼ਾਨਘਾਟ ਲਈ ਪੰਜ ਲੱਖ ਰੁਪਏ ਦੇ ਵਿਕਾਸ ਕੰਮ ਸ਼ੁਰੂ ਕਰਵਾਏ। ਇਸ ਮੌਕੇ ਦੀਪਇੰਦਰ ਢਿੱਲੋਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਤੋਂ ਸਾਢੇ ਤਿੰਨ ਸਾਲ ਦੇ ਵਿਚ ਹੀ ਹਰੇਕ ਵਰਗ ਨਿਰਾਸ਼ ਹੋ ਗਿਆ ਹੈ। ਜਿਸ ਉਮੀਦ ਨਾਲ ਲੋਕਾਂ ਨੇ ਇਸ ਪਾਰਟੀ ਦਾ ਸਾਥ ਦਿੱਤਾ ਸੀ ਇਹ ਪਾਰਟੀ ਉਸ ਉਤੇ ਖਰੀ ਨਹੀਂ ਉਤਰੀ। ਉਹਨਾਂ ਕਿਹਾ ਪੂਰੇ ਪੰਜਾਬ ਵਿੱਚ ਕਿਤੇ ਵੀ ਕੋਈ ਡਿਵੈਲਪਮੈਂਟ ਦਾ ਕੰਮ ਇਹ ਸਰਕਾਰ ਨਹੀਂ ਕਰਵਾ ਸਕੀ। ਲੋਕਾਂ ਨੂੰ ਸਿਰਫ ਲਾਰਿਆਂ 'ਚ ਹੀ ਰੱਖਿਆ। ਹੁਣ ਤੱਕ ਇਹ ਸਰਕਾਰ ਕਾਂਗਰਸ ਸਮੇਂ ਦੇ ਫੰਡ ਹੀ ਵਰਤ ਰਹੀ ਹੈ।ਢਿੱਲੋਂ ਨੇ ਕਿਹਾ ਕਿ ਉਹਨਾਂ ਨੇ ਕਾਂਗਰਸ ਸਰਕਾਰ ਸਮੇਂ ਹਲਕੇ ਵਿੱਚ ਕੰਮਾਂ ਦੀ ਕੋਈ ਕਸਰ ਨਹੀਂ ਛੱਡੀ। ਹਲਕੇ ਵਿੱਚ ਉਹਨਾਂ ਨੇ ਸੜਕਾਂ ਦਾ ਜਾਲ ਵਿਛਾਇਆ, ਪਿੰਡਾਂ ਨੂੰ ਲੱਖਾਂ ਰੁਪਏ ਗਰਾਂਟ ਦਿੱਤੀ ਅਤੇ ਪੂਰੇ ਹਲਕੇ ਵਿੱਚ ਕਰੋੜਾਂ ਰੁਪਏ ਦੇ ਕੰਮ ਮੁਕੰਮਲ ਕਰਵਾਏ ਜਦਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਚਾਇਤਾਂ ਨੂੰ ਇਕ ਰੁਪਏ ਦੀ ਗਰਾਂਟ ਨਹੀਂ ਦਿੱਤੀ।ਉਨ੍ਹਾਂ ਕਿਹਾ ਕਿ ਲੋਕ ਮੁੜ ਕਾਂਗਰਸ ਵੱਲ ਉਮੀਦ ਨਾਲ ਤੱਕ ਰਹੇ ਹਨ।ਉਨ੍ਹਾਂ ਦਾਅਵਾ ਕੀਤਾ ਕਿ 2027 ਚੋਣਾਂ ਵਿੱਚ ਪੰਜਾਬ ਦੇ ਲੋਕ ਵੱਡਾ ਫੈਸਲਾ ਲੈਣਗੇ ਅਤੇ ਕਾਂਗਰਸ ਨੂੰ ਮੁੜ ਸਰਕਾਰ ਬਣਾਉਣ ਦਾ ਮੌਕਾ ਦੇਣਗੇ। ਇਸ ਮੌਕੇ ਬਲਾਕ ਪ੍ਰਧਾਨ ਕਰਨੈਲ ਸਿੰਘ, ਸਾਬਕਾ ਸਰਪੰਚ ਨੈਬ ਸਿੰਘ ਬਾਜਵਾ, ਸਾਬਕਾ ਸਰਪੰਚ ਕੁਲਦੀਪ ਸਿੰਘ, ਸਾਬਕਾ ਸਰਪੰਚ ਸੁਖਵੀਰ ਸਿੰਘ ਲਾਟੀ, ਜਿੰਦਰ ਸਿੰਘ ਮੰਡਾਣ, ਹੈਰੀ ਹੰਡੇਸਰਾ, ਪ੍ਰਤਾਪ ਰਾਣਾ, ਬਲਕਾਰ ਸਿੰਘ ਗਿਆਨੀ ਅਤੇ ਹੋਰ ਸਮਰਥਕ ਮੌਜੂਦ ਸਨ।

# ਤਰਨ ਤਾਰਨ ਜ਼ਿਮਨੀ ਚੋਣ : ਆਪ ਉਮੀਦਵਾਰ ਹਰਮੀਤ ਸੰਧੂ ਰਿਕਾਰਡ ਤੋੜ ਜਿੱਤ ਪ੍ਰਾਪਤ ਕਰਨਗੇ : ਡਾ. ਸੁੱਖੀ



**ਬੰਗਾ (ਅਵਤਾਰ ਕਲੇਰ)**- ਆਮ ਆਦਮੀ ਪਾਰਟੀ ਵਲੋਂ ਤਰਨ ਤਾਰਨ ਹਲਕੇ ਦੀ ਜ਼ਿਮਨੀ ਚੋਣ ਲਈ ਡੋਰ-ਟੂ-ਡੋਰ ਪ੍ਰਚਾਰ ਮੁਹਿੰਮ ਜ਼ੋਰਾਂ 'ਤੇ ਚੱਲ ਰਹੀ ਹੈ। ਅੱਜ ਬੰਗਾ ਹਲਕੇ ਤੋਂ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਨੇ ਆਪਣੇ ਸਾਥੀਆਂ ਸਮੇਤ ਤਰਨ ਤਾਰਨ ਪਹੁੰਚ ਕੇ ਪਿੰਡ ਰਾਮਰੌਣੀ ਅਤੇ ਪਿੰਡ ਝਾਮਕੇ ਕਲਾਂ ਹਲਕਾ ਤਰਨ ਤਾਰਨ ਲੋਕਾਂ ਨਾਲ ਘਰ-ਘਰ ਜਾ ਕੇ ਮੁਲਾਕਾਤ ਕੀਤੀ ਤੇ ਸਰਕਾਰ ਵਲੋਂ ਕੀਤੇ ਗਏ ਵਿਕਾਸ ਕਾਰਜਾਂ ਅਤੇ ਲੋਕ-ਹਿਤੈਸ਼ੀ ਯੋਜਨਾਵਾਂ ਦੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਵਿੱਚ ਹਰ ਖੇਤਰ ਵਿੱਚ ਇਤਿਹਾਸਕ ਕੰਮ ਕੀਤੇ ਹਨ। ਡਾ. ਸੁੱਖੀ ਨੇ ਆਪ ਸਰਕਾਰ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕੀਤਾ। ਐਸ ਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਸੋਹਣ ਲਾਲ ਢੰਡਾ ਨੇ ਕਿਹਾ ਕਿ ਲੋਕਾਂ ਵੱਲੋਂ ਹਰਮੀਤ ਸਿੰਘ ਸੰਧੂ ਨੂੰ ਵੋਟ ਦੇਣ ਨਾਲ ਹਲਕੇ ਦੇ ਵਿਕਾਸ ਲਈ ਚਾਰ-ਚੁਫੇਰਿਓਂ ਦਰਵਾਜ਼ੇ ਖੁੱਲ੍ਹਣਗੇ। ਇਸ ਮੌਕੇ ਉਨ੍ਹਾਂ ਨਾਲ ਪਵਨਜੀਤ ਸਿੰਘ ਸਿੱਧੂ ਹਲਕਾ ਸੰਗਠਨ ਇੰਚਾਰਜ, ਮੀਡੀਆ ਇੰਚਾਰਜ ਮਨਜੀਤ ਸਿੰਘ ਨਾਮਧਾਰੀ, ਸਹਿ ਇੰਚਾਰਜ ਖੁਸ਼ਵਿੰਦਰ ਸਿੰਘ, ਗੁਰਲਾਲ ਸੈਲਾ , ਡਾ ਜਸਪ੍ਰੀਤ ਸਿੰਘ ਬੀਜਾ, ਕਮਲਜੀਤ ਬਸਰਾ ਕਮਲਜੀਤ ਸਿੰਘ, ਰਾਮ ਰੌਣੀ, ਗੁਰਨਿਸ਼ਾਨ ਸਿੰਘ, ਬਲਜਿੰਦਰ ਸਿੰਘ ਸਰਪੰਚ ਝਮਕੇ ਕਲਾਂ ਆਦਿ ਹਾਜ਼ਰ ਸਨ।

# ਜੇ ਸੀ ਕਲੱਬ ਆਦਮਪੁਰ ਦਾ ਤਾਜਪੋਸ਼ੀ ਤੇ ਫ਼ਨ ਮੇਲਾ ਸਮਾਰੋਹ ਅਮਿੱਟ ਯਾਦਾਂ ਛੱਡਦਾ ਸਮਾਪਤ

**ਆਦਮਪੁਰ (ਪਰਮਜੀਤ ਸਿੰਘ)**- ਜੇ ਸੀ ਕਲੱਬ ਆਦਮਪੁਰ ਵੱਲੋਂ ਪ੍ਰਧਾਨ ਮਾਨਵ ਕੋਚਰ ਦੀ ਅਗਵਾਈ ਵਿਚ ਕਲੱਬ ਦੇ ਸਮੂਹ ਮੈਂਬਰਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ ਨਵ-ਨਿਯੁਕਤ ਪ੍ਰਧਾਨ ਕਰਨ ਬਹਿਲ ਦਾ ਤਾਜਪੋਸ਼ੀ ਸਮਾਰੋਹ ਤੇ 10 ਰੋਜ਼ਾ ਦੀਵਾਲ਼ੀ ਫ਼ਨ ਮੇਲਾ ਅਮਿੱਟ ਯਾਦਾਂ ਛੱਡਦਾ ਸਮਾਪਤ ਹੋ ਗਿਆ, ਜਿਸ ਵਿਚ ਮੁੱਖ ਮਹਿਮਾਨ ਵਜੋਂ ਸਾਬਕਾ ਵਿਧਾਇਕ ਤੇ ਹਲਕਾ ਇੰਚਾਰਜ ਆਪ ਪਵਨ ਕੁਮਾਰ ਟੀਨੂੰ ਨੇ ਗੁਰਚਰਨ ਸਿੰਘ ਚੰਨੀ ਸਾਬਕਾ ਚੇਅਰਮੈਨ ਪਲੇਨਿੰਗ ਬੋਰਡ ਜਲੰਧਰ ਨੇ ਸ਼ਿਰਕਤ ਕੀਤੀ। ਸਮਾਰੋਹ ਦੌਰਾਨ ਜੇ. ਸੀ. ਆਦਮਪੁਰ ਦੇ ਪ੍ਰਧਾਨ ਮਾਨਵ ਕੋਚਰ, ਮੁੱਖ ਮਹਿਮਾਨ ਪਵਨ ਕੁਮਾਰ ਟੀਨੂੰ, ਗੁਰਚਰਨ ਸਿੰਘ ਚੰਨੀ ਤੇ ਸਮੂਹ ਮੈਂਬਰਾਂ ਨੇ ਸਾਲ 2025-26 ਦੇ ਨਵ-ਨਿਯੁਕਤ ਪ੍ਰਧਾਨ ਕਰਨ ਬਹਿਲ ਨੂੰ ਪ੍ਰਧਾਨ ਨੋਟਾਂ ਦੇ ਹਾਰ ਪਾ ਕੇ ਵਧਾਈ ਦਿੱਤੀ। ਮੁੱਖ ਮਹਿਮਾਨ ਪਵਨ ਕੁਮਾਰ ਟੀਨੂੰ ਨੇ ਜੇ. ਸੀ. ਆਦਮਪੁਰ ਵਲੋਂ ਹਰ ਸਾਲ



ਕਰਵਾਏ ਜਾਂਦੇ ਦੀਵਾਲ਼ੀ ਮੇਲੇ ਤੇ ਸਮਾਜ ਭਲਾਈ ਦੇ ਕੰਮਾਂ ਦੀ ਸ਼ਲਾਘਾ ਕੀਤੀ। ਜੇ.ਸੀ ਆਦਮਪੁਰ ਦੇ ਨਵਨਿਯੁਕਤ ਪ੍ਰਧਾਨ ਕਰਨ ਬਹਿਲ ਤੇ ਉਸ ਦੀ ਪਤਨੀ ਦੀਕਸ਼ਾ ਬਹਿਲ ਨੂੰ ਹਾਰ ਪਾ ਕੇ ਪਵਨ ਕੁਮਾਰ ਟੀਨੂੰ, ਮਾਨਵ ਕੋਚਰ, ਗੁਰਚਰਨ ਸਿੰਘ ਚੰਨੀ, ਅਨੂਪ ਵਰਮਾ, ਜਸਬੀਰ ਸਿੰਘ, ਚਰਨਜੀਤ ਸਿੰਘ ਸ਼ੇਰੀ ਤੇ ਹੋਰਨਾਂ ਸਨਮਾਨਤ ਕੀਤਾ। ਅੰਤ 'ਚ ਜੇ. ਸੀ. ਆਦਮਪੁਰ ਦੇ ਸਮੂਹ ਮੈਂਬਰਾਂ ਵੱਲੋਂ ਮੁੱਖ ਮਹਿਮਾਨ ਤੇ ਹੋਰ ਪਤਵੰਤਿਆਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਜਗਮੋਹਨ ਅਰੋੜਾ, ਜਗਦੀਸ਼ ਪਸਰੀਚਾ, ਸੰਜੀਵ ਨਈਅਰ, ਅਨੂਪ ਵਰਮਾ, ਹਰਪ੍ਰੀਤ ਸੰਧੂ, ਅਮੀਰ ਸਿੰਘ, ਰਮੇਸ਼ ਗੁਪਤਾ, ਅਮਿਤ ਸਬਰਵਾਲ, ਦਵਿੰਦਰ ਸਿੰਘ ਸੂਰੀ, ਵਰੁਣ ਬਾਂਸਲ, ਨਵੀਨ ਸੂਰੀ, ਮੇਹੁਲ ਬਾਂਸਲ, ਦਵਿੰਦਰ ਬਾਂਸਲ ਡੀ .ਸੀ., ਨਰਿੰਦਰ ਕੁੱਕੂ, ਪਿਯੂਸ਼, ਅਨਿਲ ਗੁਪਤਾ, ਬਿਕਰਮ ਉੱਪਲ, ਸੋਨੂੰ ਭਾਟੀਆ, ਫਤਹਿਜੀਤ ਲਾਡੀ, ਸੁਰੇਸ਼ ਕੁਮਾਰ ਠੁਕਰਾਲ ਕਾਲੀ ਆਦਮਪੁਰ, ਰਾਜੀਵ ਸਿੰਗਲਾ, ਜੀਵਨ ਉਪਲ, ਪਿਯੂਸ਼ ਗੁਪਤਾ ਹੋਰ ਮੈਂਬਰ ਤੇ ਸ਼ਹਿਰ ਵਾਸੀ ਹਾਜ਼ਰ ਸਨ।

# ਹਲਕਾ ਵਿਧਾਇਕ ਇੰਦਰਜੀਤ ਕੌਰ ਮਾਨ ਵੱਲੋਂ ਡੋਰ-ਟੂ-ਡੋਰ ਕੰਪੇਨ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਤਰਨ ਤਾਰਨ ਵਿਧਾਨ ਸਭਾ ਹਲਕਾ ਵਿੱਚ ਚੋਣ ਸਰਗਰਮੀਆਂ ਸਿਖਰਾਂ 'ਤੇ ਹਨ। ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਜੋ ਤਰਨ ਤਾਰਨ ਤੋਂ ਚੋਣ ਮੈਦਾਨ ਵਿੱਚ ਖੜ੍ਹੇ ਹਨ। ਅੱਜ ਮੀਡੀਆ ਨਾਲ ਗੱਲਬਾਤ ਕਰਦਿਆਂ ਹਲਕਾ ਵਿਧਾਇਕ ਇੰਦਰਜੀਤ ਕੌਰ ਮਾਨ ਨਕੋਦਰ ਤਰਨ ਤਾਰਨ ਹਲਕੇ 'ਚ ਡੋਰ ਟੂ ਡੋਰ ਮੁਹਿੰਮ ਚਲਾਉਣ ਲਈ ਪਹੁੰਚੇ। ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਤਰਨ ਤਾਰਨ ਹਲਕੇ ਵਿਚ ਲਗਾਈ ਗਈ ਡਿਊਟੀ ਸਬੰਧੀ ਜਸਵੀਰ ਸਿੰਘ ਧੰਜਲ ਡਾਇਰੈਕਟਰ ਬੈਕਫਿੰਕੋ ਅਤੇ ਟੀਮ ਨੂੰ ਨਾਲ ਲੈ ਕੇ ਡੋਰ ਟੂ ਡੋਰ ਕੰਪੇਨ ਬੜੇ ਹੀ ਜੋਸ਼ੋ ਖ਼ਰੋਸ਼ ਨਾਲ ਘਰ ਘਰ ਜਾ ਕੇ ਚੋਣ ਪ੍ਰਚਾਰ ਆਰੰਭ ਕੀਤਾ। ਉਨ੍ਹਾਂ ਪਿੰਡਾਂ ਵਾਸੀਆਂ ਨੂੰ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਕੰਮਾਂ ਬਾਰੇ ਦੱਸਿਆ ਅਤੇ ਬੇਨਤੀ ਕੀਤੀ ਕਿ ਇਸ ਚੱਲ ਰਹੇ ਵਿਕਾਸ ਕਾਰਜ ਵੀ ਜਲਦੀ ਹੀ ਨੇਪਰੇ ਚਾੜ੍ਹੇ ਜਾਣਗੇ। ਪਿੰਡ ਵਾਸੀਆਂ ਨੇ ਖੁੱਲ੍ਹੇ ਦਿਲ ਨਾਲ ਆਮ ਆਦਮੀ ਪਾਰਟੀ ਦੀ ਟੀਮ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਆਮ ਆਦਮੀ ਪਾਰਟੀ ਦੇ ਉਮੀਦਵਾਰ ਨੂੰ ਭਾਰੀ ਬਹੁਮਤ ਨਾਲ ਜਿਤਾਉਣਗੇ। ਤਰਨ ਤਾਰਨ ਦੀ ਜ਼ਿਮਨੀ ਚੋਣ ਆਪ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਨੂੰ ਬਹੁਤ ਵੱਡੇ ਫਰਕ ਨਾਲ ਜਿਤਾ ਕੇ ਭਗਵੰਤ ਮਾਨ ਮੁੱਖ ਮੰਤਰੀ ਦੀ ਝੋਲੀ ਪਾਉਣਗੇ।

# ਉਪਕਾਰ ਸੋਸਾਇਟੀ ਵੱਲੋਂ ਹੜ੍ਹ ਪ੍ਰਭਾਵਤ ਇਲਾਕਿਆਂ ਲਈ ਰਜਾਈਆਂ-ਕੰਬਲ ਭੇਜਣ ਦਾ ਫ਼ੈਸਲਾ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਸਥਾਨਕ ਸਮਾਜ ਸੇਵੀ ਸੰਸਥਾ ਉਪਕਾਰ ਕੋਆਰਡੀਨੇਸ਼ਨ ਸੋਸਾਇਟੀ ਵਲੋਂ ਨਿਸ਼ਕਾਮ ਟਿਫਨ ਸੇਵਾ, ਗੁਰੂ ਕੀ ਰਸੋਈ ਰਾਹੀਂ ਰਜਾਈਆਂ-ਕੰਬਲਾਂ ਦੇ 21 ਨਗ ਹੜ੍ਹ ਪ੍ਰਭਾਵਿਤ ਇਲਾਕਿਆਂ ਲਈ ਭੇਜੇ ਹਨ। ਗੁਰੂ ਕੀ ਰਸੋਈ ਵਲੋਂ ਦਿੱਤੇ ਸਹਿਯੋਗ ਲਈ ਉਪਕਾਰ ਸੋਸਾਇਟੀ ਦੀ ਮੀਟਿੰਗ ਵਲੋਂ ਮੁੱਖ ਸੇਵਾਦਾਰ ਭਾਈ ਅਮਰੀਕ ਸਿੰਘ ਅਤੇ ਸੇਵਾਦਾਰਾਂ ਦਾ ਧੰਨਵਾਦ ਕੀਤਾ ਗਿਆ। ਇਸ ਬਾਰੇ ਜਾਣਕਾਰੀ ਉਪਕਾਰ ਸੋਸਾਇਟੀ ਦੀ ਵਿਸ਼ੇਸ਼ ਮੀਟਿੰਗ ਵਿੱਚ ਸਾਂਝੀ ਕੀਤੀ ਗਈ ਜਿਸ ਦੀ ਪ੍ਰਧਾਨਗੀ ਜੇ ਐਸ ਗਿੱਦਾ ਨੇ ਕੀਤੀ। ਮੀਟਿੰਗ ਦਾ ਸੰਚਾਲਨ ਜਨਰਲ ਸਕੱਤਰ ਪ੍ਰਿੰਸੀਪਲ ਪਰਵਿੰਦਰ ਸਿੰਘ ਜੱਸੋਮਜਾਰਾ ਨੇ ਕੀਤਾ।



ਸਰਵਸੰਮਤੀ ਨਾਲ ਹੜ੍ਹ ਰਲੀਫ ਮਦਦ ਦੇ ਅਗਲੇ ਪ੍ਰੋਗਰਾਮ ਵਾਸਤੇ ਵਿਸ਼ੇਸ਼ ਸਰਵੇ ਕਰਨ ਲਈ ਮਾਸਟਰ ਨਰਿੰਦਰ ਸਿੰਘ ਭਾਰਟਾ, ਪ੍ਰਿੰਸੀਪਲ ਪਰਵਿੰਦਰ ਸਿੰਘ ਜੱਸੋਮਜਾਰਾ, ਪ੍ਰਿੰਸੀਪਲ ਬਿਕਰਮਜੀਤ ਸਿੰਘ, ਦੇਸ ਰਾਜ ਬਾਲੀ ਤੇ ਬੀਰਬਲ ਤੱਖੀ ਅਧਾਰਤ ਕਮੇਟੀ ਦਾ ਗਠਨ ਕੀਤਾ ਗਿਆ ਜੋ ਹੜ੍ਹ ਰਲੀਫ ਵਾਸਤੇ ਇਲਾਕਾ ਅਤੇ ਲੋੜਾਂ ਵਾਰੇ ਸਰਵੇ ਰਿਪੋਰਟ ਪੇਸ਼ ਕਰੇਗੀ। ਕਮੇਟੀ ਆਪਣੇ ਇਲਾਕੇ ਵਿੱਚ ਮੀਹਾਂ ਕਾਰਨ ਪ੍ਰਭਾਵਿਤ ਪਰਵਾਰਾਂ ਦਾ ਸਰਵੇ ਵੀ ਸ਼ਾਮਲ ਕਰੇਗੀ। ਇਸ ਮੌਕੇ ਜੇ.ਐਸ.ਗਿੱਦਾ, ਮੈਡਮ ਸੁਰਜੀਤ ਕੌਰ ਡੂਲਕੂ, ਪਰਵਿੰਦਰ ਸਿੰਘ ਜੱਸੋਮਜਾਰਾ, ਦੇਸ ਰਾਜ ਬਾਲੀ, ਮਾਸਟਰ ਨਰਿੰਦਰ ਸਿੰਘ ਭਾਰਟਾ, ਪ੍ਰਿੰਸੀਪਲ ਬਿਕਰਮਜੀਤ ਸਿੰਘ, ਮੈਡਮ ਹਰਬੰਸ ਕੌਰ, ਮੈਡਮ ਜਯੋਤੀ ਬੱਗਾ, ਮੈਡਮ ਰਾਜਿੰਦਰ ਕੌਰ ਗਿੱਦਾ, ਮੈਡਮ ਪਲਵਿੰਦਰ ਕੌਰ ਬਡਵਾਲ, ਮੈਡਮ ਸੁੱਖਵਿੰਦਰ ਕੌਰ ਸੁੱਖੀ ਤੇ ਪਰਮਜੀਤ ਸਿੰਘ ਹਾਜ਼ਰ ਸਨ।

# ਸਰਕਾਰੀ ਹਾਈ ਸਕੂਲ ਆਧੀ 'ਚ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ

**ਬਸਤੀ ਸ਼ੇਖ (ਲਖਵਿੰਦਰ ਸਿੰਘ)**- ਸਰਕਾਰੀ ਹਾਈ ਸਕੂਲ ਪਿੰਡ ਆਧੀ ਜ਼ਿਲ੍ਹਾ ਜਲੰਧਰ ਵਿਖੇ ਸਕੂਲ ਦੇ ਨਵੇਂ ਬਣੇ ਕਮਰਿਆਂ ਦੇ ਸ਼ੁੱਭ ਮਹੂਰਤ ਲਈ ਰੱਖੇ ਗਏ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਭੋਗ ਉਪਰੰਤ ਭਾਈ ਹਰਜੀਤ ਸਿੰਘ ਨੇ ਸਿਮਰਨ ਦਾ ਜਾਪ ਕੀਤਾ ਤੇ ਬੱਚਿਆਂ ਨੂੰ ਸਿੱਖਿਆ ਬਾਰੇ ਗਿਆਨ ਦਿੱਤਾ ਤੇ ਪੜ੍ਹਾਈ ਦੀ ਕੀ ਮਹੱਤਤਾ ਬਾਰੇ ਚਾਨਣਾ ਪਾਇਆ। ਪ੍ਰਿੰਸੀਪਲ ਕੁਲਵੀਰ ਸਿੰਘ ਨੇ ਦੱਸਿਆ ਕਿ ਸਰਕਾਰ ਵੱਲੋਂ ਸਕੂਲ ਨੂੰ ਜ਼ਿਲ੍ਹੇ ਵਿੱਚੋਂ



ਪਹਿਲੇ ਨੰਬਰ 'ਤੇ ਆਉਣ ਵਾਲੇ ਸਕੂਲ ਨੂੰ ਬੈਸਟ ਅਵਾਰਡ ਮਿਲਿਆ ਸੀ ਤੇ 7 ਲੱਖ ਰੁਪਏ ਦੀ ਰਾਸ਼ੀ ਸਰਕਾਰ ਨੇ ਇਨਾਮ ਵਜੋਂ ਦਿੱਤੀ ਸੀ। ਇਮਾਰਤ ਵਾਸਤੇ ਇਹ ਰਾਸ਼ੀ ਥੋੜ੍ਹੀ ਸੀ, ਫਿਰ ਐਨ ਆਰ ਆਈਜ਼ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਇਹ ਇਮਾਰਤ ਨੂੰ ਨੇਪਰੇ ਚਾੜ੍ਹਿਆ ਗਿਆ। ਉਨ੍ਹਾਂ ਨੇ ਕਿਹਾ ਕਿ ਸਕੂਲ ਤੇ ਪੜ੍ਹਾਈ ਅਤੇ ਖੇਡਾਂ ਵਿਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਅਤੇ ਛੇਵੀਂ ਤੋਂ ਲੈ ਕੇ ਦਸਵੀਂ ਤੱਕ ਦੇ ਹੋਣਹਾਰ ਵਿਦਿਆਰਥੀਆਂ ਨੂੰ ਪ੍ਰਿੰਸੀਪਲ ਕੁਲਵੀਰ ਸਿੰਘ ਅਤੇ ਸਮੂਹ ਸਟਾਫ ਨੇ ਸਰਟੀਫਿਕੇਟ ਤੇ ਸਨਮਾਨ ਚਿੰਨ੍ਹ ਭੇਟ ਕੀਤੇ ਤੇ ਕਮਰਿਆਂ ਵਿਚ ਯੋਗਦਾਨ ਪਾਉਣ ਵਾਲੇ ਨਗਰ ਨਿਵਾਸੀਆਂ ਨੂੰ ਸਨਮਾਨ ਚਿੰਨ੍ਹ ਭੇਟ ਕੀਤੇ ਗਏ। ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਵੱਲੋਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਪ੍ਰਾਇਮਰੀ ਅਤੇ ਹਾਈ ਸਕੂਲ ਵਿੱਚ ਟੀਚਰਾਂ ਦੀ ਘਾਟ ਨੂੰ ਪੂਰਾ ਕੀਤੀ ਜਾਵੇ। ਇਸ ਮੌਕੇ ਚਾਹ ਸਮੋਸੇ ਤੇ ਮਠਿਆਈ ਦੇ ਲੰਗਰ ਅਤੁੱਟ ਵਰਤਾਏ ਗਏ।

# ਪ੍ਰਕਾਸ਼ ਪੁਰਬ ਨੂੰ ਸਮਰਪਤ ਗੋਰਾਇਆ ਵਿਖੇ ਤੀਸਰੀ ਪ੍ਰਭਾਤ ਫੇਰੀ ਕੱਢੀ

**ਅੱਡਾ ਸਰਾਂ (ਜਸਵੀਰ ਕਾਜਲ)**- ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ 556 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਤ ਪਿੰਡ ਗੋਰਾਇਆ ਵਿਖੇ ਪ੍ਰਭਾਤ ਫੇਰੀ ਕੱਢੀ ਗਈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਂਦਿਆਂ ਸਰਬੱਤ ਦੇ ਭਲੇ ਦੀ ਅਰਦਾਸ ਕਰਨ ਉਪਰੰਤ ਅੰਮ੍ਰਿਤ ਵੇਲੇ ਪ੍ਰਭਾਤ ਫੇਰੀ ਦੀ ਆਰੰਭਤਾ ਕੀਤੀ ਗਈ।



ਪ੍ਰਭਾਤ ਫੇਰੀ ਦਾ ਵੱਖ ਵੱਖ ਪੜਾਵਾਂ ਵਿਚ ਗੁਰੂ ਘਰ ਦੇ ਸੇਵਕਾਂ ਵੱਲੋਂ ਸੰਗਤਾਂ ਲਈ ਚਾਹ ਪਕੌੜੇ, ਮਠਿਆਈਆਂ ਦੇ ਲੰਗਰ ਲਗਾਏ ਗਏ।

# ਸਿਗਰਟ ਤੇ ਤੰਬਾਕੂ ਦੀ ਰੋਕਥਾਮ ਲਈ ਕੈਂਪ ਲਗਾਇਆ

**ਮਾਹਿਲਪੁਰ (ਸਫ਼ਰੀ)**- ਸਿਵਲ ਸਰਜਨ ਡਾਕਟਰ ਬਲਬੀਰ ਸਿੰਘ ਹੁਸ਼ਿਆਰਪੁਰ ਅਤੇ ਐਸ ਐਮ ਓ ਜਸਵੰਤ ਸਿੰਘ ਥਿੰਦ ਮਾਹਿਲਪੁਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਪਿੰਡ ਖੁਸ਼ਿਆਲਾ ਅਤੇ ਨੂਰਪੁਰ ਵਿਖੇ ਐਂਟੀ ਤੰਬਾਕੂ ਸਿਗਰਟ ਕੈਂਪ ਲਗਾਇਆ ਗਿਆ। ਜਿਸ ਵਿਚ ਲੋਕਾਂ ਨੂੰ ਤੰਬਾਕੂ ਦੇ ਮਾੜੇ ਪ੍ਰਭਾਵਾਂ ਸਬੰਧੀ ਜਾਣਕਾਰੀ ਦਿੱਤੀ। ਪਿੰਡ ਦੀ ਸਰਪੰਚ ਰਣਬੀਰ ਕੌਰ ਨੇ



ਤੰਬਾਕੂ ਸੇਵਨ ਕਰਨ ਅਤੇ ਇਸ ਦੇ ਮਾੜੇ ਪ੍ਰਭਾਵ ਬਾਰੇ ਸਿਹਤ ਵਿਭਾਗ ਵੱਲੋਂ ਲਗਾਏ ਜਾਗਰੂਕ ਕੈਂਪ ਵਿੱਚ ਲੋਕਾਂ ਨੂੰ ਦਿੱਤੀ ਅਹਿਮ ਜਾਣਕਾਰੀ ਤੇ ਅਪੀਲ ਕੀਤੀ ਕਿ ਤੰਬਾਕੂ ਬੀੜੀ ਅਤੇ ਸਿਗਰਟ ਦੀ ਲੱਤ ਨਾਲ ਫੇਫੜੇ ਅਤੇ ਮੂੰਹ ਦਾ ਕੈਂਸਰ ਸਬੰਧੀ ਲੋਕਾਂ ਨੂੰ ਜਾਗਰੂਕ ਕੀਤਾ।ਇਸ ਮੌਕੇ ਤੇ ਅਮਨਦੀਪ ਸੀ ਐਚ, ਏ ਐਨ ਐਮ, ਅਮਨਪ੍ਰੀਤ ਏ ਵੀ ਐਮ ਅਤੇ ਰਮਨ ਕੁਮਾਰ ਮੌਜੂਦ ਸਨ।

# ਸਾਂਝ ਕੇਂਦਰ ਵੱਲੋਂ ਸਕੂਲ ਦੇ ਬੱਚਿਆਂ ਨੂੰ ਕੀਤਾ ਜਾਗਰੂਕ



**ਨਕੋਦਰ (ਮਨਜੀਤ ਮਾਨ)**- ਸਪੈਸ਼ਲ ਡਾਇਰੈਕਟਰ ਜਨਰਲ ਪੁਲਸ ਕਮਿਊਨਿਟੀ ਅਫੇਅਰ ਡਵੀਜ਼ਨ ਪੰਜਾਬ, ਐਸ ਐਸ ਪੀ ਜਲੰਧਰ ਦਿਹਾਤੀ ਹਰਵਿੰਦਰ ਸਿੰਘ ਵਿਰਕ ਪੀ ਪੀ ਐਸ ਅਤੇ ਮਨਜੀਤ ਕੌਰ ਪੀ ਪੀ ਐਸ ਜ਼ਿਲ੍ਹਾ ਕਮਿਊਨਿਟੀ ਪੁਲਸ ਅਫ਼ਸਰ ਜਲੰਧਰ ਦਿਹਾਤੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਐਸ ਆਈ ਦਲਵਿੰਦਰ ਸਿੰਘ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਜਲੰਧਰ ਦਿਹਾਤੀ ਅਤੇ ਏ ਐਸ ਆਈ ਨਰਿੰਦਰ ਸਿੰਘ ਸੁਪਰਵਾਈਜ਼ਰ ਜ਼ਿਲ੍ਹਾ ਸਾਂਝ ਐਸ ਪੀ ਸੀ ਟਰੇਨਰ ਦੀ ਯੋਗ ਅਗਵਾਈ ਹੇਠ ਥਾਣਾ ਲੋਹੀਆਂ ਅਤੇ ਸਾਂਝ ਕੇਂਦਰ ਲੋਹੀਆਂ ਵੱਲੋਂ ਫੁਲਵਾੜੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਲੋਹੀਆਂ ਖਾਸ ਵਿਖੇ ਸਕੂਲ ਮੈਨੇਜਰ ਜਾਗੀਰ ਜੋਸ਼ਨ ਦੀ ਹਾਜ਼ਰੀ ਵਿੱਚ ਸੈਮੀਨਾਰ ਲਗਾਇਆ ਗਿਆ। ਸੈਮੀਨਾਰ ਮੌਕੇ ਏ ਐਸ ਆਈ ਗੁਰਦੇਵ ਸਿੰਘ ਸਾਂਝ ਕੇਂਦਰ ਲੋਹੀਆਂ ਅਤੇ ਮੁੱਖ ਅਫਸਰ ਥਾਣਾ ਲੋਹੀਆਂ ਐਸ ਆਈ ਗੁਰਸ਼ਰਨ ਸਿੰਘ ਵੱਲੋਂ ਬੱਚਿਆਂ ਨੂੰ ਰਨ ਫਾਰ ਯੂਨਿਟੀ, ਯੁੱਧ ਨਸ਼ਿਆਂ ਵਿਰੁੱਧ, ਕੌਮੀ ਸਾਈਬਰ ਸੁਰੱਖਿਆ ਸੰਬੰਧੀ, ਸਾਈਬਰ ਕ੍ਰਾਈਮ ਸੰਬੰਧੀ ਅਤੇ ਸਾਈਬਰ ਹੈਲਪ ਲਾਈਨ 1930 ਸੰਬੰਧੀ ਅਤੇ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ, ਨਸ਼ਿਆਂ ਦੇ ਮਾੜੇ ਪ੍ਰਭਾਵਾਂ ਅਤੇ ਨਸ਼ਿਆਂ ਤੋਂ ਹੋਣ ਵਾਲੇ ਨੁਕਸਾਨ ਅਤੇ ਨਸ਼ਿਆਂ ਤੋਂ ਬਚਾਅ ਸੰਬੰਧੀ ਜਾਗਰੂਕ ਕੀਤਾ ਗਿਆ। ਸੋਸਲ ਮੀਡੀਆ ਦੀ ਵਰਤੋਂ ਅਤੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਅਤੇ ਸਾਈਬਰ ਕਰਾਇਮ ਅਤੇ ਇਸ ਤੋਂ ਹੋਣ ਵਾਲੇ ਨੁਕਸਾਨਾਂ ਸਬੰਧੀ ਜਾਣਕਾਰੀ ਦਿੱਤੀ ਗਈ ਅਤੇ ਸਾਂਝ ਕੇਂਦਰ ਵੱਲੋਂ ਦਿੱਤੀਆਂ ਸੇਵਾਵਾਂ ਸਬੰਧੀ ਜਾਗਰੂਕ ਕੀਤਾ ਗਿਆ। ਸੈਮੀਨਾਰ ਮੌਕੇ ਮੁੱਖ ਮੁਨਸ਼ੀ ਲੋਹੀਆਂ ਬਲਜੀਤ ਸਿੰਘ, ਐਚ ਸੀ ਗਗਰਦੀਪ ਸਿੰਘ, ਐਚ ਸੀ ਪਰਮਿੰਦਰ ਸਿੰਘ, ਮੈਨੇਜਰ ਮਨੀਸ਼ਾ ਸਿੰਘ, ਪ੍ਰਿੰਸੀਪਲ ਲਖਵੀਰ ਸਿੰਘ, ਅਧਿਆਪਕ ਰਮੇਸ਼ ਚੰਦਰ ਸ਼ਰਮਾ, ਡੀ ਪੀ ਰਣਜੀਤ ਸਿੰਘ, ਮੈਡਮ ਹਰਪ੍ਰੀਤ ਕੌਰ, ਰਮਿੰਦਰ ਕੌਰ, ਅਮਨਦੀਪ ਕੌਰ, ਕਵਿਤਾ ਰਾਣੀ, ਨਿੰਦਰ ਕੌਰ, ਤਜਿੰਦਰ ਕੌਰ, ਹਰਮੀਤ ਕੌਰ, ਮਨਜਿੰਦਰ ਕੌਰ, ਜਸਵਿੰਦਰ ਕੌਰ ਅਤੇ ਸਕੂਲ ਦੇ ਸਮੂਹ ਡਰਾਈਵਰ ਸਾਹਿਬਾਨ ਹਾਜ਼ਰ ਸਨ।

# ਪੰਜਾਬ 'ਵਰਸਿਟੀ ਦੀ ਸੈਨੇਟ ਤੇ ਸਿੰਡੀਕੇਟ ਭੰਗ ਕਰਨਾ ਗੈਰ-ਸੰਵਿਧਾਨਕ : ਮੰਗੂਪੁਰ

**ਬਲਾਚੌਰ (ਜਸਵਿੰਦਰ ਬੈਂਸ)**- ਕੇਂਦਰ ਸਰਕਾਰ ਵੱਲੋਂ ਪੰਜਾਬ ਯੂਨੀਵਰਸਿਟੀ ਦੀ ਚੁਣੀ ਹੋਈ ਸੈਨੇਟ ਤੇ ਸਿੰਡੀਕੇਟ ਨੂੰ ਖਤਮ ਕਰਕੇ, ਨਵੇਂ ਨੋਟੀਫਿਕੇਸ਼ਨ ਰਾਹੀਂ ਨਾਮਜ਼ਦ ਨੁਮਾਇੰਦੇ ਲਾਉਣ ਦੀ ਨੀਤੀ ਬਹੁਤ ਹੀ ਨਿੰਦਣਯੋਗ ਕਦਮ ਹੈ। ਇਹ ਸਿਰਫ਼ ਇੱਕ ਸਿੱਖਿਆ ਸੰਸਥਾ 'ਤੇ ਹਮਲਾ ਨਹੀਂ,



ਸਗੋਂ ਇਹ ਪੰਜਾਬ ਦੀ ਆਵਾਜ਼, ਸਾਡੇ ਹੱਕਾਂ ਅਤੇ ਸਾਡੇ ਵਿਦਿਅਕ ਅਜ਼ਾਦੀ ਤੇ ਹਮਲਾ ਹੈ। ਪੰਜਾਬ ਯੂਨੀਵਰਸਿਟੀ ਹਮੇਸ਼ਾ ਪੰਜਾਬ ਦੇ ਲੋਕਾਂ, ਅਧਿਆਪਕਾਂ, ਕਰਮਚਾਰੀਆਂ ਅਤੇ ਵਿਦਿਆਰਥੀਆਂ ਦੀ ਰਹੀ ਹੈ। ਇਸ ਦੀ ਚੁਣੀ ਹੋਈ ਪ੍ਰਣਾਲੀ ਨੂੰ ਖਤਮ ਕਰਨਾ ਲੋਕਤੰਤਰ ਮਰਿਆਦਾਵਾਂ ਦਾ ਘਾਣ ਹੈ। ਉਨ੍ਹਾਂ ਕਿਹਾ ਕਿ ਕੇਂਦਰੀ ਭਾਜਪਾ ਸਰਕਾਰ ਦਾ ਉਦੇਸ਼ ਆਰ ਐੱਸ ਐੱਸ ਰਾਹੀਂ ਸਿੱਖਿਆ ਪ੍ਰਣਾਲੀ ਨੂੰ ਕੰਟਰੋਲ ਕਰਨਾ ਹੈ। ਪੰਜਾਬ ਯੂਨੀਵਰਸਿਟੀ ਸੈਨੇਟ ਭੰਗ ਕਰਨਾ ਇਸੇ ਦਾ ਹਿੱਸਾ ਹੈ, ਜੋ ਕਿ ਪੂਰੀ ਤਰ੍ਹਾਂ ਗੈਰ-ਸੰਵਿਧਾਨਕ ਹੈ। ਅਜੇ ਮੰਗੂਪੁਰ ਨੇ ਕਿਹਾ ਕਿ ਇਸ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

# ਸੇਂਟ ਕਬੀਰ ਪਬਲਿਕ ਸਕੂਲ 'ਚ ਪੰਜਾਬ ਦਿਵਸ ਮੌਕੇ ਸੱਭਿਆਚਾਰਕ ਪ੍ਰੋਗਰਾਮ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਸੇਂਟ ਕਬੀਰ ਪਬਲਿਕ ਸਕੂਲ-ਸੁਲਤਾਨਪੁਰ ਗੁਰਦਾਸਪੁਰ ਵਿੱਚ ਪੰਜਾਬ ਦਿਵਸ ਬਹੁਤ ਹੀ ਚਾਅ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਪ੍ਰਿੰਸੀਪਲ ਐਸ.ਬੀ. ਨਾਯਰ ਦੀ ਪ੍ਰਧਾਨਗੀ ਹੇਠ ਸੱਭਿਆਚਾਰਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਜਿਸ ਦੀ ਸ਼ੁਰੂਆਤ ਸੱਤਵੀਂ ਜਮਾਤ ਦੀ ਵਿਦਿਆਰਥਣ ਸੁਹਾਨਾ ਸਿੰਘ ਨੇ ਪੰਜਾਬ ਦੇ ਇਤਿਹਾਸ ਸਬੰਧੀ ਵਿਚਾਰ ਪੇਸ਼ ਕਰਦਿਆਂ ਕੀਤੀ। ਇਸ ਉਪਰੰਤ ਨੌਂਵੀਂ ਜਮਾਤ ਦੀਆਂ ਵਿਦਿਆਰਥਣਾਂ ਆਕ੍ਰਿਤੀ ਅਤੇ ਅਵੰਤਿਕਾ ਨੇ ਸਟੇਜੀ ਕਾਰਵਾਈ ਨੂੰ ਅੱਗੇ ਤੋਰਿਆ।ਮਾਂ- ਬੋਲੀ ਪੰਜਾਬੀ ਦੀ ਮਿਠਾਸ ਦਾ ਜ਼ਿਕਰ ਸੱਤਵੀਂ ਜਮਾਤ ਦੇ ਵਿਦਿਆਰਥੀ ਗੁਰਅੰਮ੍ਰਿਤ ਸਿੰਘ ਨੇ ਆਪਣੀ ਕਵਿਤਾ ਰਾਹੀਂ ਕੀਤਾ। ਪੰਜਾਬ ਦੀ ਪਵਿੱਤਰਤਾ , ਰੰਗੀਲੇਪਨ ਤੇ ਲੋਕਾਂ ਦੇ ਦ੍ਰਿੜ੍ਹ ਸੁਭਾਅ ਨੂੰ ਦਰਸਾਉਂਦੀ ਹੋਈ ਕੋਰੀਓਗ੍ਰਾਫੀ ਦੀ ਪੇਸ਼ਕਾਰੀ ਨੇ ਵਿਦਿਆਰਥੀਆਂ ਵਿੱਚ ਸਕਾਰਾਤਮਕ ਸੋਚ ਨੂੰ ਭਰਿਆ। ਮਧੁਰ ਗੀਤ ਛੇਵੀਂ ਜਮਾਤ ਦੇ ਵਿਦਿਆਰਥੀ ਅਵੰਸ਼ ਗਿੱਲ ਦੁਆਰਾ ਪੇਸ਼ ਕੀਤਾ ਗਿਆ। ਸਕੂਲ ਦੇ ਹਾਊਸ ਬੋਰਡਾਂ ਨੂੰ ਗੁਰਮੁਖੀ ਅੱਖਰਾਂ ਅਤੇ ਪੰਜਾਬ ਦੀਆਂ ਇਤਿਹਾਸਿਕ ਯਾਦਾਂ ਨਾਲ ਸਜਾਇਆ ਗਿਆ। ਪ੍ਰੋਗਰਾਮ ਦੇ ਅੰਤਿਮ ਪੜਾਅ ਵਿੱਚ ਯੂ.ਕੇ.ਜੀ ਜਮਾਤ ਦੇ ਵਿਦਿਆਰਥੀਆਂ ਨੇ ਭੰਗੜੇ ਦੀ ਪੇਸ਼ਕਾਰੀ ਕੀਤੀ। ਇਸ ਦੌਰਾਨ ਸਕੂਲ ਪ੍ਰਿੰਸੀਪਲ ਅਤੇ ਪ੍ਰਬੰਧਕ ਮੈਂਬਰ ਮੈਡਮ ਨਵਦੀਪ ਕੌਰ ਅਤੇ ਕੁਲਦੀਪ ਕੌਰ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਪੰਜਾਬ ਦਿਵਸ ਲਈ ਮੁਬਾਰਕਬਾਦ ਦਿੱਤੀ।

# ਅਣਪਛਾਤੇ ਨੌਜਵਾਨਾਂ ਨੇ ਸਲੂਨ ਨੂੰ ਲਗਾਈ ਅੱਗ, ਲੱਖਾਂ ਦਾ ਨੁਕਸਾਨ

**ਗੁਰਾਇਆ (ਬਿੰਦਰ ਸੁੰਮਨ)**- ਥਾਣਾ ਗੁਰਾਇਆ ਅਧੀਨ ਪੁਲਸ ਚੌਂਕੀ ਦੁਸਾਂਝ ਕਲਾਂ ਦੇ ਅੱਡੇ 'ਚ ਚੋਰੀ ਦੀਆਂ ਘਟਨਾਵਾਂ ਰੁਕਣ ਦਾ ਨਾਂ ਨਹੀਂ ਲੈ ਰਹੀਆਂ, ਬੀਤੀ ਰਾਤ 1.35 ਵਜੇ ਅਣਪਛਾਤੇ ਨੌਜਵਾਨਾਂ ਵੱਲੋਂ ਆਰ ਕੇ ਇੰਟਰਨੈਸ਼ਨਲ ਅਕੈਡਮੀ ਸਲੂਨ ਦੁਕਾਨ ਨੂੰ ਅੱਗ ਲਗਾਈ ਗਈ। ਇਸ ਸਬੰਧੀ ਆਰ ਕੇ ਇੰਟਰਨੈਸ਼ਨਲ ਅਕੈਡਮੀ ਸਲੂਨ ਦੀ ਮਾਲਕ ਰਾਜਬੀਰ ਕੌਰ ਨੇ ਮੀਡਿਆ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਸ ਨੇ ਵਿਆਹ ਵਾਲੀ ਦੁਲਹਨ ਨੂੰ ਸਵੇਰੇ ਤਿਆਰ ਕਰਨਾ ਜਾਣਾ ਸੀ ਜਦੋਂ ਦੁਕਾਨ ਤੇ



ਆਈ ਦੁਕਾਨ ਨੂੰ ਅੱਗ ਲੱਗੀ ਵੇਖੀ ਉਸਨੇ ਆਪਣੇ ਪਰਵਾਰ ਦੇ ਮੈਬਰਾਂ ਨੂੰ ਦੱਸਿਆ। ਮੌਕੇ 'ਤੇ ਪਹੁੰਚੇ ਸੂਚਨਾ ਮਿਲਣਾ ਤੇ ਦੁਸਾਂਝ ਕਲਾਂ ਪੁਲਿਸ ਚੌਂਕੀ ਦੇ ਕਰਮਚਾਰੀ ਪਹੁੰਚੇ ਤੇ ਮੌਕਾ ਵੇਖਿਆ ਤੇ ਸੀ ਸੀ ਟੀ ਵੀ ਕੈਮਰੇ ਚੈੱਕ ਕੀਤੇ ਜਿਸ ਦੇ ਵਿੱਚ ਨੌਜਵਾਨ ਜਾਂਦੇ ਨਜਰ ਆ ਰਹੇ ਹਨ। ਰਾਜਬੀਰ ਕੌਰ ਨੇ ਦੱਸਿਆ ਕਿ ਦੁਕਾਨ ਚ ਲੱਗੇ ਦੋ ਏ ਸੀ ਤੇ ਹੋਰ ਦੁਕਾਨ ਦਾ ਕੀਮਤੀ ਸਮਾਨ ਸੜਕੇ ਸੁਆਹ ਹੋ ਗਿਆ ਜਿਸ ਦੀ ਕੀਮਤ ਤਕਰੀਬਨ ਤਿੰਨ ਚਾਰ ਲੱਖ ਹੈ।

# 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਤ ਸਹਿਜ ਪਾਠਾਂ ਦੇ ਭੋਗ ਪਾਏ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਸਿੱਖ ਹੈਲਪ ਸੰਸਥਾ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਸਹਿਯੋਗ ਨਾਲ ਮਾਹਿਲਪੁਰ ਇਲਾਕੇ ਦੇ 16 ਸਕੂਲਾਂ ਦੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਅਧਿਆਪਕਾਂ ਦੇ ਸਹਿਯੋਗ ਨਾਲ ਨੌਵੇਂ ਪਾਤਸ਼ਾਹ ਧੰਨ-ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਤ ਹੋਏ ਸਮਾਗਮ ਦੌਰਾਨ ਸ੍ਰੀ ਸਹਿਜ ਪਾਠਾਂ ਦੇ ਭੋਗ ਗੁਰਦੁਆਰਾ ਸ਼ਹੀਦਾਂ ਮਾਹਿਲਪੁਰ ਵਿਖੇ



ਪਾਏ ਗਏ ਅਤੇ ਨਾਲ ਹੀ 352 ਬੱਚਿਆਂ ਵਲੋਂ ਫਰਵਰੀ 2027 ਵਿੱਚ ਆ ਰਹੀ ਸਤਿਗੁਰੂ ਰਵਿਦਾਸ ਜੀ ਦੀ 650 ਸਾਲਾ ਜਨਮ ਸ਼ਤਾਬਦੀ ਨੂੰ ਸਮਰਪਤ ਸ੍ਰੀ ਸਹਿਜ ਪਾਠਾਂ ਦੀ ਆਰੰਭਤਾ ਕੀਤੀ ਗਈ। ਇਹ ਜਾਣਕਾਰੀ ਪ੍ਰੋਫੈਸਰ ਆਪਿੰਦਰ ਸਿੰਘ ਮਾਹਿਲਪੁਰੀ ਵੱਲੋਂ ਪ੍ਰਾਪਤ ਹੋਈ।

# ਪ੍ਰਕਾਸ਼ ਪੁਰਬ ਦੀ ਖੁਸ਼ੀ 'ਚ ਫਿਲੌਰ ਸੰਗਤਾਂ ਨੇ ਵਿਸ਼ਾਲ ਨਗਰ ਕੀਰਤਨ ਸਜਾਇਆ

**ਫਿਲੌਰ (ਨਿਰਮਲ)**- ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀ ਖੁਸ਼ੀ 'ਚ ਗੁਰਦੁਆਰਾ ਤਖਤਗੜ੍ਹ ਸਾਹਿਬ ਫਿਲੌਰ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ



ਪਿਆਰਿਆਂ ਦੀ ਅਗਵਾਈ ਵਿੱਚ ਵਿਸ਼ਾਲ ਨਗਰ ਕੀਰਤਨ ਪ੍ਰਬੰਧਕ ਕਮੇਟੀ ਤੇ ਇਲਾਕੇ ਦੀਆਂ ਸਮੂਹ ਸੰਗਤਾਂ ਵਲੋਂ ਸਜਾਇਆ ਗਿਆ। ਇਸ ਮੌਕੇ ਅਰਦਾਸ ਉਪਰੰਤ ਬੈਂਡ ਵਾਜਿਆਂ ਦੀ ਧੁਨ ਨਾਲ ਆਰੰਭ ਹੋਇਆ ਤੇ ਸੰਗਤਾਂ ਵਲੋਂ ਫੁੱਲਾਂ ਦੀ ਵਰਖਾ ਕਰਕੇ ਨਿੱਘਾ ਸਵਾਗਤ ਕੀਤਾ, ਕੀਰਤਨੀ ਢਾਡੀ ਜੱਥਿਆਂ ਨੇ ਗੁਰੂ ਸਾਹਿਬ ਜੀਵਨੀ 'ਤੇ ਚਾਨਣਾ ਪਾਇਆ ਤੇ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਇਤਿਹਾਸ ਨਾਲ ਜੋੜਿਆ। ਇਸ ਮੌਕੇ ਪ੍ਰਦੀਪ ਸਿੰਘ ਦੁਸਾਂਝ, ਬਾਬਾ ਸੁਖਵਿੰਦਰ ਸਿੰਘ ਗੁਰਦੁਆਰਾ ਸਿੰਘਾਂ ਸ਼ਹੀਦਾਂ ਡੇਰਾ ਸ੍ਰੀਮਾਨ ਸੰਤ ਬਾਬਾ ਜਰਨੈਲ ਸਿੰਘ ਨੰਗਲ ਬੇਟ ਆਲੋਵਾਲ ਨੇ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਲੱਖ ਲੱਖ ਵਧਾਈਆਂ ਕਿਹਾ ਕਿ ਅੱਜ ਲੋੜ ਹੈ ਗੁਰੂ ਸਾਹਿਬਾਂ ਦੇ ਵਿਚਾਰਾਂ 'ਤੇ ਚੱਲ ਕੇ ਸਮਾਜ ਸੇਵੀ ਉਪਰਾਲੇ ਕਰੀਏ। ਬਲਦੇਵ ਸਿੰਘ ਖਹਿਰਾ ਸਾਬਕਾ ਵਿਧਾਇਕ ਫਿਲੌਰ, ਮਨਜੀਤ ਸਿੰਘ ਨੰਗਲ, ਰਵਿੰਦਰਵੀਰ ਸਿੰਘ ਗੰਨਾ ਪਿੰਡ, ਜਥੇਦਾਰ ਮਹਾਂ ਸਿੰਘ ਰਸਲੂਪੁਰ, ਹਲਕਾ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ, ਭੁਪਿੰਦਰ ਸਿੰਘ, ਬਾਬਾ ਸਰੂਪ ਸਿੰਘ ਬੱਛੋਵਾਲ, ਪਰਮਜੀਤ ਭਾਰਤੀ, ਅਮਰੀਕ ਸਿੰਘ ਸੈਂਬੀ, ਅਮਰੀਕ ਸਿੰਘ ਬਿੱਟੂ, ਯਾਵਿੰਦਰ ਸਿੰਘ, ਮਨਦੀਪ ਸਿੰਘ ਸ਼ਾਹਪੁਰ ਮੀਡੀਆ ਕੋਆਰਡੀਨੇਟਰ ਹਲਕਾ ਫਿਲੌਰ, ਪ੍ਰਬੰਧਕ ਕਮੇਟੀ ਮੈਂਬਰ ਤੇ ਇਲਾਕੇ ਭਰ ਦੀਆਂ ਸੰਗਤਾਂ ਭਾਰੀ ਗਿਣਤੀ ਵਿੱਚ ਸ਼ਾਮਲ ਸਨ।

# ਕਰਨਲ ਵਿਨੋਦ ਜੋਸ਼ੀ ਨੂੰ 36 ਸ਼ਾਨਦਾਰ ਸਾਲਾਂ ਬਾਅਦ ਵਿਦਾਇਗੀ

**ਜਲੰਧਰ (ਰਾਜੇਸ਼ ਥਾਪਾ)**- 2 ਪੰਜਾਬ ਐਨ ਸੀ ਸੀ ਬਟਾਲੀਅਨ ਦੇ ਕਮਾਂਡਿੰਗ ਅਫਸਰ ਕਰਨਲ ਵਿਨੋਦ ਜੋਸ਼ੀ 36 ਸਾਲਾਂ ਦੀ ਵਿਲੱਖਣ ਸੇਵਾ ਤੋਂ ਬਾਅਦ 31 ਅਕਤੂਬਰ ਨੂੰ ਸੇਵਾ ਮੁਕਤ ਹੋ ਗਏ।ਕਰਨਲ ਜੋਸ਼ੀ ਦੀ ਸੇਵਾ ਯਾਤਰਾ ਦੇਹਰਾਦੂਨ ਵਿੱਚ ਇੰਡੀਅਨ ਮਿਲਟਰੀ ਅਕੈਡਮੀ (ਆਈਐਮਏ) ਦੇ ਪਵਿੱਤਰ ਦਰਵਾਜ਼ਿਆਂ ਤੋਂ ਸ਼ੁਰੂ ਹੋਈ। ਮਦਰਾਸ ਰੈਜੀਮੈਂਟ ਵਿੱਚ ਕਮਿਸ਼ਨ ਪ੍ਰਾਪਤ ਕਰਕੇ, ਜੋ ਕਿ ਆਪਣੀ ਬਹਾਦਰੀ ਅਤੇ ਅਨੁਸ਼ਾਸਨ ਲਈ ਮਸ਼ਹੂਰ ਹੈ, ਉਨ੍ਹਾਂ ਆਪਣੀ ਸਰਵਿਸ ਸ਼ੁਰੂ ਕੀਤੀ।ਕਰਨਲ ਜੋਸ਼ੀ ਨੇ ਭਾਰਤ ਦੇ ਵਿਭਿੰਨ ਇਲਾਕਿਆਂ ਵਿੱਚ ਤਿੰਨ ਦਹਾਕਿਆਂ ਤੋਂ ਵੱਧ ਸਮੇਂ ਤੱਕ ਸ਼ਾਨਦਾਰ ਸੇਵਾ ਨਿਭਾਈ। ਉਨ੍ਹਾਂ ਦੇ ਸੇਵਾ ਰਿਕਾਰਡ ਵਿੱਚ ਦੇਸ਼ ਦੇ ਕੁਝ ਸਭ ਤੋਂ ਸੰਵੇਦਨਸ਼ੀਲ ਖੇਤਰਾਂ ਵਿੱਚ ਮਹੱਤਵਪੂਰਨ ਜ਼ਿੰਮੇਵਾਰੀਆਂ ਸ਼ਾਮਲ ਹਨ। ਉਨ੍ਹਾਂ ਨੇ ਜੰਮੂ ਅਤੇ ਕਸ਼ਮੀਰ ਦੇ ਉੱਚੇ ਪਹਾੜਾਂ ਵਿੱਚ ਫਰੰਟ ਲਾਈਨਾਂ ਦੀ ਕਮਾਂਡ ਕੀਤੀ, ਮਨੀਪੁਰ ਦੇ ਹਿੰਸਾ ਪ੍ਰਭਾਵਿਤ ਖੇਤਰਾਂ ਵਿੱਚ ਸੇਵਾ ਕੀਤੀ, ਅਤੇ ਭਾਰਤ ਦੇ ਹੋਰ ਹਿੱਸਿਆਂ ਵਿੱਚ ਬਰਾਬਰ ਦੀ ਤਤਪਰਤਾ ਨਾਲ ਆਪਣੀਆਂ ਡਿਊਟੀਆਂ ਨਿਭਾਈਆਂ। ਉਨ੍ਹਾਂ ਨੂੰ ਦੋ ਵਾਰ ਚੀਫ਼ ਆਫ਼ ਆਰਮੀ ਸਟਾਫ ਪ੍ਰਸ਼ੰਸਾ ਪੱਤਰ ਨਾਲ ਸਨਮਾਨਤ ਕੀਤਾ ਗਿਆ। ਉਨ੍ਹਾਂ ਨੂੰ ਦੋ ਜਨਰਲ ਅਫ਼ਸਰ ਕਮਾਂਡਿੰਗ-ਇਨ-ਚੀਫ਼ ਪ੍ਰਸ਼ੰਸਾ ਪੱਤਰ ਵੀ ਪ੍ਰਾਪਤ ਹੋਏ । ਉਨ੍ਹਾਂ



ਹਥਿਆਰਬੰਦ ਸੈਨਾਵਾਂ ਵਿੱਚ ਕਮਿਸ਼ਨਡ ਅਫਸਰਾਂ ਵਜੋਂ ਸ਼ਾਮਲ ਹੋਣ ਦੇ ਚਾਹਵਾਨ ਨੌਜਵਾਨ ਲੜਕੇ ਅਤੇ ਲੜਕੀਆਂ ਲਈ ਇੱਕ ਪੈਨ-ਇੰਡੀਆ ਮੁਫ਼ਤ ਕੋਚਿੰਗ ਪ੍ਰੋਗਰਾਮ ਸ਼ੁਰੂ ਕੀਤਾ। ਇਹ ਪਹਿਲ, ਸਿਰਫ਼ ਫਰਜ਼ ਦੀ ਭਾਵਨਾ ਦੁਆਰਾ ਚਲਾਈ ਗਈ, ਉਨ੍ਹਾਂ ਦਾ ਮਿਸ਼ਨ ਬਣ ਗਈ।ਇਸ ਨਿਰਸਵਾਰਥ ਯਤਨ ਦੇ ਨਤੀਜੇ ਹੈਰਾਨੀਜਨਕ ਹਨ। ਅੱਜ ਤੱਕ, ਉਸਦੀ ਮੁਹਾਰਤ ਅਤੇ ਪ੍ਰੇਰਣਾ ਤੋਂ ਪ੍ਰੇਰਿਤ 520 ਵਿਦਿਆਰਥੀਆਂ ਨੇ ਭਾਰਤੀ ਫ਼ੌਜ, ਜਲ ਸੈਨਾ ਅਤੇ ਹਵਾਈ ਸੈਨਾ ਵਿੱਚ ਅਫਸਰਾਂ ਵਜੋਂ ਸਫਲਤਾਪੂਰਵਕ ਵਰਦੀ ਪਹਿਨੀ ਹੈ।ਪਿਛਲੇ ਦੋ ਸਾਲ ਅਤੇ ਦੋ ਮਹੀਨਿਆਂ ਤੋਂ ਕਰਨਲ ਜੋਸ਼ੀ ਨੇ ਜਲੰਧਰ ਸਥਿਤ 2 ਪੰਜਾਬ ਐਨ ਸੀ ਸੀ ਬਟਾਲੀਅਨ ਦੇ ਕਮਾਂਡਿੰਗ ਅਫਸਰ ਵਜੋਂ ਸੇਵਾ ਨਿਭਾਈ । ਪੰਜਾਬ ਦੀ ਸਭ ਤੋਂ ਪੁਰਾਣੀ ਅਤੇ ਸਭ ਤੋਂ ਵੱਡੀ ਐਨ.ਸੀ.ਸੀ. ਬਟਾਲੀਅਨ ਨੂੰ ਉਨ੍ਹਾਂ ਵਿੱਚ ਇੱਕ ਅਜਿਹਾ ਨੇਤਾ ਮਿਲਿਆ ਜੋ ਭਵਿੱਖ ਦੇ ਨੇਤਾਵਾਂ ਲਈ ਨਰਸਰੀ ਵਜੋਂ ਐਨ.ਸੀ.ਸੀ. ਦੀ ਮਹੱਤਵਪੂਰਨ ਭੂਮਿਕਾ ਨੂੰ ਸਮਝਦਾ ਸੀ।ਕਰਨਲ ਵਿਨੋਦ ਜੋਸ਼ੀ ਆਪਣੀ ਫੌਜੀ ਸਰਵਿਸ ਤੋਂ ਚਲੇ ਗਏ ਹਨ, ਪਰ ਉਨ੍ਹਾਂ ਦੀ ਹਿੰਮਤ, ਵਚਨਬੱਧਤਾ ਅਤੇ ਹਮਦਰਦੀ ਦੀ ਵਿਰਾਸਤ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰੇਰਿਤ ਕਰਦੀ ਰਹੇਗੀ।ਇਸੇ ਦਿਨ ਕਰਨਲ ਦਲਜੀਤ ਸਿੰਘ ਔਲਖ ਵੀ ਭਾਰਤੀ ਫੌਜ ਵਿੱਚ ਇੱਕ ਸ਼ਾਨਦਾਰ ਕਰੀਅਰ ਪੂਰਾ ਕਰਨ ਤੋਂ ਬਾਅਦ ਸੇਵਾਮੁਕਤ ਹੋ ਗਏ। ਕਰਨਲ ਦਲਬੀਰ ਸਿੰਘ ਨੂੰ ਉਨ੍ਹਾਂ ਦੀ ਜਗ੍ਹਾ ਐਨ.ਸੀ.ਸੀ. ਬਟਾਲੀਅਨ ਦਾ ਐਡਮਿਨ ਅਫਸਰ ਨਿਯੁਕਤ ਕੀਤਾ ਗਿਆ ਹੈ।

# ਬੀ ਐਨ ਡੀ ਸਕੂਲ ਵੱਲੋਂ ਐੱਨ ਸੀ ਸੀ ਕੈਡਿਟ ਸਨਮਾਨਤ

**ਅੱਡਾ ਸਰਾਂ (ਜਸਵੀਰ ਕਾਜਲ)**- ਬੀ. ਐੱਨ. ਡੀ. ਸੀਨੀਅਰ ਸੈਕੰਡਰੀ ਸਕੂਲ ਕੰਧਾਲਾ ਜੱਟਾਂ ਵਿਖੇ ਪ੍ਰਿੰਸੀਪਲ ਜੈ ਕ੍ਰਿਸ਼ਨ ਮਹਿਤਾ ਅਤੇ ਪ੍ਰਬੰਧਕ ਅਨਿਲ ਮਹਿਤਾ ਨੇ 2 ਸਾਲ ਦੀ ਸਿਖਲਾਈ ਲੈ ਕੇ ਏ ਸਰਟੀਫਿਕੇਟ ਹਾਸਲ ਕਰਨ ਵਾਲੇ ਐੱਨ. ਸੀ. ਸੀ. ਕੈਡਿਟਾਂ ਨੂੰ ਸਨਮਾਨਤ ਕੀਤਾ।ਇਸ



ਮੌਕੇ ਸੰਬੋਧਨ ਕਰਦਿਆਂ ਪ੍ਰਿੰਸੀਪਲ ਜੈ ਕਿਸ਼ਨ ਮਹਿਤਾ ਨੇ ਸਮੂਹ ਕੈਡਿਟ ਨੂੰ ਜਿੱਥੇ ਵਧਾਈ ਦਿੱਤੀ ਉੱਥੇ ਉਹਨਾਂ ਦੇ ਉਜਵਲ ਭਵਿੱਖ ਦੀਆਂ ਸ਼ੱ_ਭਕਾਮਨਾਵਾਂ ਦਿੱਤੀਆਂ। ਇਸ ਅਸ਼ੀਰਵਾਦ ਮੌਕੇ ਉਹਨਾਂ ਨੇ ਐਨ ਸੀ ਸੀ ਕੈਡਿਟਾਂ ਨੂੰ ਦੇਸ਼ ਦੇ ਸੈਨਿਕ ਦੇ ਰੂਪ ਵਿੱਚ ਮੰਨਦੇ ਹੋਏ ਉਹਨਾਂ ਨੂੰ ਦੇਸ਼ ਭਗਤੀ ਅਤੇ ਇਮਾਨਦਾਰੀ ਦਾ ਪਾਠ ਪੜ੍ਹਾਇਆ। ਇਸ ਮੌਕੇ ਕੈਡਿਟ ਦਲਜੀਤ ਸਿੰਘ, ਵਿਕਾਸ, ਨਰਿੰਦਰ, ਗੁਰਜੋਤ ਸਿੰਘ, ਪਲਵੀ, ਮਧੂ, ਜਸ਼ਨ ਸ਼ਰਮਾ, ਮਨੋਜ ਕੁਮਾਰ, ਗਨਿਕਾ ਸ਼ਰਮਾ, ਮਨਪ੍ਰੀਤ ਕੌਰ, ਅਹਿਮ, ਪ੍ਰਭਸਿਮਰਨਪ੍ਰੀਤ ਕੌਰ, ਨੂੰ ਏ ਗ੍ਰੇਡ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਏ. ਐੱਨ. ਓ. ਜਤਿੰਦਰ ਸਿੰਘ ਅਤੇ ਸਟਾਫ ਮੈਂਬਰ ਮੌਜੂਦ ਸਨ।

# ਸੀ ਟੀ ਗਰੁੱਪ ਵਿਖੇ 'ਨੇਕਸਟਜੈਨ ਡਰੋਨ ਟੈਕਨੋਲੋਜੀ ਐਂਡ ਐਪਲੀਕੇਸ਼ਨਜ਼' ਬੂਟਕੈਂਪ

**ਜਲੰਧਰ (ਸ਼ੈਲੀ ਐਲਬਰਟ)**- ਸੀ ਟੀ ਗਰੁੱਪ ਆਫ ਇੰਸਟਿਟਿਊਸ਼ਨਜ਼ ਸ਼ਾਹਪੁਰ ਜਲੰਧਰ ਨੇ ਡਾ. ਬੀ.ਆਰ. ਅੰਬੇਡਕਰ ਨੈਸ਼ਨਲ ਇੰਸਟੀਚਿਊਟ ਆਫ ਟੈਕਨਾਲੋਜੀ (ਐਨ ਆਈ ਟੀ) ਜਲੰਧਰ ਦੇ ਸਹਿਯੋਗ ਨਾਲ ਨੇਕਸਟਜੈਨ ਡਰੋਨ : ਟੈਕਨੋਲੋਜੀ ਐਂਡ ਐਪਲੀਕੇਸ਼ਨਜ਼ ਵਿਸ਼ੇ 'ਤੇ ਪੰਜ-ਦਿਨਾ ਬੂਟਕੈਂਪ ਸਫਲਤਾਪੂਰਵਕ ਆਯੋਜਿਤ ਕੀਤਾ। ਇਸ ਬੂਟਕੈਂਪ ਦਾ ਮਕਸਦ ਵਿਦਿਆਰਥੀਆਂ ਨੂੰ ਡਰੋਨ ਤਕਨਾਲੋਜੀ ਦੀ ਗਹਿਰੀ ਸਮਝ ਅਤੇ ਪ੍ਰੈਕਟੀਕਲ ਤਜਰਬਾ ਦੇਣਾ ਸੀ। ਇਹ ਆਉਣ ਵਾਲੇ ਸਮੇਂ ਵਿੱਚ ਡਿਲਿਵਰੀ, ਰੱਖਿਆ ਅਤੇ ਟ੍ਰਾਂਸਪੋਰਟ ਸਮੇਤ ਅਨੇਕ ਖੇਤਰਾਂ ਨੂੰ ਬਦਲ ਰਹੀ ਹੈ।ਸੈਸ਼ਨਾਂ ਦੌਰਾਨ ਡਰੋਨ ਦੇ ਭਾਗਾਂ, ਐਰੋਡਾਇਨਾਮਿਕਸ ਅਤੇ ਉਡਾਣ ਦੇ ਸਿਧਾਂਤ, ਡਾਟਾ ਕਲੈਕਸ਼ਨ ਅਤੇ ਸੈਂਸਰ ਫਿਊਜ਼ਨ, ਸੌਫਟਵੇਅਰ ਟੂਲ, ਅਸੈਂਬਲੀ, ਕੈਲੀਬਰੇਸ਼ਨ ਅਤੇ ਲਾਈਵ ਫਲਾਈਟ ਡੈਮੋ ਜਿਹੇ ਮਹੱਤਵਪੂਰਨ ਮੋਡਿਊਲ ਕਵਰ ਕੀਤੇ ਗਏ। ਸੈਸ਼ਨ ਐਨ ਆਈ ਟੀ ਜਲੰਧਰ ਤੋਂ ਡਾ. ਗੁਰਜੋਤ ਕੌਰ (ਪ੍ਰੋਜੈਕਟ ਅਸੋਸੀਏਟ) ਅਤੇ ਪ੍ਰੇਮ ਕੁਮਾਰ (ਜੇ.ਆਰ.ਐਫ, ਡਰੋਨ ਪ੍ਰੋਜੈਕਟ) ਨੇ ਲਏ ਜਦਕਿ ਉਦਯੋਗ ਮਾਹਰ ਏ.ਜੇ. ਅਰੁਣ ਜੇਆ ਪ੍ਰਕਾਸ਼ (ਡਾਇਰੈਕਟਰ ਅਤੇ ਸੀ ਈ ਓ, ਐਵਿਓਸ਼ਨ ਟੈਕਨੋਲੋਜੀਜ਼ ਪ੍ਰਾਈਵੇਟ ਲਿਮਟਿਡ, ਨੋਇਡਾ) ਅਤੇ ਉਨ੍ਹਾਂ ਦੀ ਟੀਮ ਜੈਕਾਂਤ ਨਾਮਦੇਵ ਅਤੇ ਦੀਪਾਂਸ਼ੂ ਭਾਰਦਵਾਜ਼ ਨੇ ਪ੍ਰੈਕਟੀਕਲ ਸੈਸ਼ਨ ਕਰਵਾਏ।ਮਾਹਿਰਾਂ ਦੇ ਮਾਰਗਦਰਸ਼ਨ ਹੇਠ ਵਿਦਿਆਰਥੀਆਂ



ਨੇ ਆਪਣੇ ਡਰੋਨ ਆਪ ਅਸੈਂਬਲ ਕੀਤੇ ਅਤੇ ਕੈਂਪਸ ਮੈਦਾਨ ਵਿਚ ਸਫਲਤਾਪੂਰਵਕ ਉਡਾਇਆ। ਕੰਪਿਊਟਰ ਸਾਇੰਸ, ਮਕੈਨੀਕਲ ਇੰਜੀਨੀਅਰਿੰਗ, ਇਲੈਕਟ੍ਰੀਕਲ ਇੰਜੀਨੀਅਰਿੰਗ, ਸੀ ਐਸ ਈ (ਆਈ ਓ ਟੀ) ਅਤੇ ਕੰਪਿਊਟਰ ਐਪਲੀਕੇਸ਼ਨ ਵਿਭਾਗਾਂ ਦੇ ਲਗਭਗ 200 ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਸਮਾਪਤੀ ਸਮੇਂ ਵਿਦਿਆਰਥੀਆਂ ਲਈ ਫੀਡਬੈਕ ਸੈਸ਼ਨ ਅਤੇ ਕੁਇਜ਼ ਦਾ ਆਯੋਜਨ ਕੀਤਾ ਗਿਆ ਅਤੇ ਸਾਰੇ ਭਾਗੀਦਾਰਾਂ ਨੂੰ ਐਨਆਈਟੀ ਜਲੰਧਰ ਵੱਲੋਂ ਈ-ਸਰਟੀਫਿਕੇਟ ਦਿੱਤੇ ਜਾਣਗੇ।ਸਮਾਪਨ ਸਮਾਰੋਹ 'ਚ ਚੇਅਰਮੈਨ ਚਰਨਜੀਤ ਸਿੰਘ ਚੰਨੀ, ਡਾ. ਨਿਤਿਨ ਟੰਡਨ (ਐਗਜ਼ੀਕਿਊਟਿਵ ਡਾਇਰੈਕਟਰ ਅਤੇ ਵਾਈਸ ਚਾਂਸਲਰ, ਸੀ ਟੀ ਯੂ), ਡਾ. ਸ਼ਿਵ ਕੁਮਾਰ (ਡਾਇਰੈਕਟਰ ਕੈਂਪਸ), ਡਾ. ਸੰਗਰਾਮ ਸਿੰਘ (ਡਾਇਰੈਕਟਰ ਐਕਡੇਮਿਕ ਓਪਰੇਸ਼ਨਜ਼) ਅਤੇ ਡਾ. ਵਨੀਤ ਠਾਕੁਰ (ਹੈੱਡ, ਅਕੈਡਮਿਕਸ) ਮੌਜੂਦ ਸਨ। ਕੋਆਰਡੀਨੇਸ਼ਨ ਡਾ. ਸੰਦੀਪ ਰੰਜਨ (ਹੈੱਡ, ਸੀ ਐਸ ਈ) ਅਤੇ ਭੁਵਨ ਪੁਰੀ ਨੇ ਕੀਤਾ।ਇਸ ਵਿਸ਼ੇਸ ਮੌਕੇ ਚੇਅਰਮੈਨ ਚਰਨਜੀਤ ਸਿੰਘ ਚੰਨੀ ਨੇ ਕਿਹਾ, ਡਰੋਨ ਤਕਨਾਲੋਜੀ ਨਵਾਟੇ ਅਤੇ ਉਦਯੋਗਿਕ ਬਦਲਾਅ ਦਾ ਭਵਿੱਖ ਹੈ। ਸਾਡੇ ਵਿਦਿਆਰਥੀਆਂ ਨੂੰ ਪ੍ਰੈਕਟੀਕਲ ਸਿੱਖਣ ਦੇ ਨਾਲ ਭਵਿੱਖ ਦੀ ਤਿਆਰੀ ਕਰਦੇ ਦੇਖਣਾ ਖੁਸ਼ੀ ਦੀ ਗੱਲ ਹੈ। ਬੂਟਕੈਂਪ ਪ੍ਰੇਰਣਾਤਮਕ ਵਾਤਾਵਰਨ ਵਿਚ ਸਮਾਪਤ ਹੋਇਆ, ਜਿੱਥੇ ਵਿਦਿਆਰਥੀਆਂ ਨੇ ਡਰੋਨ ਵਿਚ ਰਿਸਰਚ, ਨਵੀਨਤਾ ਅਤੇ ਸਟਾਰਟਅਪ ਮੌਕਿਆਂ ਨੂੰ ਅੱਗੇ ਵਧਾਉਣ ਦਾ ਸੰਕਲਪ ਕੀਤਾ।

# ਰੂਸ, ਚੀਨ ਤੇ ਅਮਰੀਕਾ ਵਿਚਕਾਰ ਲਟਕਦਾ ਭਾਰਤ... (ਸ.ਫ਼ਾ 4 ਦੀ ਬਾਕੀ])

ਅਮਰੀਕੀ ਸਾਮਰਾਜਵਾਦੀ ਭਾਰਤੀ ਹਾਕਮਾਂ ਦੀ ਵਿਸ਼ੇਸ਼ ਕਰਕੇ ਮੋਦੀ ਦੀ ਅਗਵਾਈ ਵਿੱਚ ਸੰਘੀਆਂ ਦੀ ਕਮਜ਼ੋਰੀ ਨੂੰ ਅਤੇ ਚਾਪਲੂਸੀ ਵਾਲੇ ਵਿਹਾਰ ਨੂੰ ਬੁੱਝ ਕੇ ਇਨ੍ਹਾਂ ਨੂੰ ਜ਼ਿਆਦਾ ਦਬਾਉਣ ਦੀਆਂ ਕੋਸ਼ਿਸ਼ਾਂ ਵਿੱਚ ਹਨ, ਜਿਸ 'ਚ ਟਰੰਪ ਵੱਲੋਂ ਮੋਦੀ ਦਾ ਜਿਵੇਂ ਵਾਰ-ਵਾਰ ਮਜ਼ਾਕ ਉਡਾਇਆ ਜਾ ਰਿਹਾ ਹੈ ਅਤੇ ਨੀਵਾਂ ਦਿਖਾਇਆ ਜਾ ਰਿਹਾ ਹੈ। ਇਹ ਟਰੰਪ ਦੇ ਨਵੇਂ ਕਾਰਜਕਾਲ 'ਚ ਭਾਰਤੀਆਂ ਨੂੰ ਸੰਗਲਾਂ ਨਾਲ ਨੂੜ ਕੇ ਮਿਲਟਰੀ ਜਹਾਜ਼ਾਂ ਤੋਂ ਸੁੱਟਣ ਤੋਂ ਲੈ ਕੇ ਟੈਰਿਫ਼ ਵਿੱਚ ਕਈ ਗੁਣਾ ਵਾਧੇ ਦੇ ਰੂਪ ਵਿੱਚ ਵੇਖਿਆ ਜਾ ਸਕਦਾ ਹੈ। ਭਾਰਤ ਨੂੰ ਚਿੜਾਉਣ ਲਈ ਅਮਰੀਕਾ ਪਾਕਿਸਤਾਨ ਨੂੰ ਮਦਦ, ਹਥਿਆਰ ਅਤੇ ਕੋਲ ਬਿਠਾ ਕੇ ਥਾਪੜਾ ਦੇਣ ਤੱਕ ਵੀ ਚਲਾ ਗਿਆ ਹੈ। ਇਹੋ ਹਾਲਤ ਹੈ, ਜਿਸ 'ਚੋਂ ਭਾਰਤੀ ਹਾਕਮ ਵਕਤੀ ਤੌਰ 'ਤੇ ਰੂਸ ਤੇ ਚੀਨੀ ਸਾਮਰਾਜੀਆਂ ਨਾਲ ਅੱਖ-ਮਟੱਕਾ ਖੇਡਣ ਵੱਲ ਵਧੇ ਹਨ। ਭਾਵ 'ਮਰਦੀ ਨੇ ਅੱਕ ਚੱਬਿਆ, ਹਾਰ ਕੇ ਜ਼ੋਰ ਨਾਲ ਲਾਈਆਂ।' ਰੂਸ-ਚੀਨ ਭਾਰਤੀ ਪੂੰਜੀਪਤੀਆਂ ਤੇ ਮੱਧ ਵਰਗ ਦਾ ਆਦਰਸ਼ ਨਹੀਂ, ਹਾਲਾਂਕਿ ਉਹ ਵੀ ਸਾਮਰਾਜੀ ਪੂੰਜੀ ਦੇ ਪ੍ਰਮੁੱਖ ਥੰਮ੍ਹ ਹਨ।

ਅੱਜ ਸਵਾਲ ਇਹ ਹੈ ਕਿ ਭਾਰਤੀ ਹਾਕਮ ਰੂਸ, ਚੀਨ ਤੇ ਅਮਰੀਕਾ ਨਾਲ ਜਿਹੋ ਜਿਹੇ ਸੰਬੰਧ ਰੱਖ ਰਹੇ ਹਨ ਅਤੇ ਜਿਹੜੇ ਉਨ੍ਹਾਂ ਦੇ ਹਾਕਮਾਂ ਨਾਲ ਸੰਬੰਧ ਰੱਖ ਰਹੇ ਹਨ, ਕੀ ਉਹ ਭਾਰਤ ਦੇ ਹਿੱਤ ਵਿੱਚ ਹਨ ਜਾਂ ਫਿਰ ਸਿਰਫ਼ ਹਾਕਮਾਂ ਦੇ ਸੌੜੇ ਹਿੱਤ ਹਨ। ਭਾਰਤੀ ਹਾਕਮਾਂ ਤੇ ਪੂੰਜੀਪਤੀਆਂ ਨੇ ਭਾਰਤ (ਦੇਸ਼) ਦੇ ਹਿੱਤਾਂ ਨੂੰ ਕਦੇ ਵੀ ਪ੍ਰਾਥਮਿਕਤਾ ਨਹੀਂ ਦਿੱਤੀ, ਉਨ੍ਹਾਂ ਆਪਣੇ ਸੀਮਤ ਹਿੱਤਾਂ ਨੂੰ ਪਹਿਲ ਦਿੱਤੀ ਹੈ। ਇਹ ਪਿਛਲੇਰੇ ਸਮੇਂ ਦਾ ਇਤਿਹਾਸ ਹੈ।


ਭਾਰਤੀ ਹਾਕਮਾਂ ਦੀ ਅੱਜ ਦੀ ਸਮੁੱਚੀ ਵਿਦੇਸ਼ ਨੀਤੀ ਤੇ ਅੰਦਰੂਨੀ ਨੀਤੀ ਸਿਰਫ਼ ਤੇ ਸਿਰਫ਼ ਕਾਰਪੋਰੇਟੀ ਭਾਰਤੀ ਪੂੰਜੀ ਦੇ ਹਿੱਤਾਂ ਅਨੁਸਾਰ ਹੀ ਹੈ ਅਤੇ ਸਾਮਰਾਜੀ ਪੂੰਜੀ ਦੀ ਕਿਸੇ ਵੀ ਰਜ਼ਾ ਤੋਂ ਬਾਹਰ ਨਹੀਂ ਭਾਰਤੀ ਹਾਕਮ ਦਾ ਹਿੱਤ ਭਾਰਤੀ ਮਿਹਨਤਕਸ਼ ਲੋਕਾਂ ਨਾਲ ਕਦੇ ਵੀ ਨਹੀਂ ਰਿਹਾ ਤੇ ਨਾ ਅੱਜ ਹੈ। ਅਮਰੀਕਾ ਦਾ ਦਬਾਅ ਐਨਾ ਹੀ ਹੈ ਕਿ ਭਾਰਤ ਰੂਸ ਦਾ ਤੇਲ ਨਾ ਖ਼ਰੀਦੇ ਅਤੇ ਅਮਰੀਕਾ ਤੋਂ ਮਹਿੰਗਾ ਤੇਲ ਖਰੀਦੇ। ਹਾਲਾਂਕਿ ਭਾਰਤ ਸਰਕਾਰ ਨੇ ਰੂਸ ਤੋਂ ਸਿੱਧਾ ਤੇਲ ਖਰੀਦਣਾਂ ਘਟਾਇਆ ਹੈ ਅਤੇ ਦਲਾਲ ਅਡਾਨੀ-ਅੰਬਾਨੀ ਦੇ ਰਾਹੀਂ ਇਸ ਵਪਾਰ ਨੂੰ ਵਧਾਇਆ ਹੈ। ਰੂਸ ਦਾ ਤੇਲ ਕੌਮਾਂਤਰੀ ਮੰਡੀ ਵਿੱਚ ਸਸਤਾ ਹੈ ਤੇ ਕਾਰਪੋਰੇਟਾਂ ਲਈ ਇਹ ਮੁਨਾਫ਼ੇ ਦੇ 'ਅਵਸਰ' ਹਨ। ਇਨ੍ਹਾਂ ਮੌਕਿਆਂ ਨੂੰ ਨਾ ਮੋਦੀ ਖੁੰਝਣ ਦੇ ਰਿਹਾ ਹੈ, ਨਾ ਕਾਰਪੋਰੇਟ ਘਰਾਣੇ। ਇਸ ਵਿੱਚ ਭਾਰਤੀ ਆਵਾਮ ਨੂੰ ਏਨਾ ਕੋਈ ਵੀ ਫਾਇਦਾ ਨਹੀਂ, ਕਿਉਂਕਿ ਉਨ੍ਹਾਂ ਨੂੰ ਤੇਲ ਕੌਮਾਂਤਰੀ ਕੀਮਤਾਂ ਨਾਲੋਂ ਵੀ ਕਈ ਗੁਣਾਂ ਵੱਧ ਮਹਿੰਗਾ ਖਰੀਦਣਾ ਪੈ ਰਿਹਾ ਹੈ।

ਕੀ ਭਾਰਤੀ ਹਾਕਮ ਪੁਰਾਣੇ ਪੰਚਸ਼ੀਲ ਸਿਧਾਂਤਾਂ ਨੂੰ ਅਪਣਾ ਕੇ ਆਮ ਭਾਰਤੀ ਲੋਕਾਂ ਤੇ ਦੇਸ਼ ਦੇ ਹਿੱਤਾਂ ਵਿੱਚ ਖੜਨ ਦੀ ਜੁਅਰਤ ਕਰਨਗੇ? ਨਹੀਂ, ਅਜੇਹੀ ਉਮੀਦ 56 ਇੰਚੀ ਛਾਤੀ ਤੋਂ ਨਹੀਂ ਕੀਤੀ ਜਾ ਸਕਦੀ। ਇਹ ਛਾਤੀ ਟਰੰਪ ਨੂੰ ਦੇਖ ਕੇ ਸੁੰਗੜ ਜਾਂਦੀ ਹੈ। ਅੱਖਾਂ ਵਿੱਚ ਅੱਖਾਂ ਪਾ ਕੇ ਖਲੋਣ ਦੀ ਹਿੰਮਤ ਹੀ ਨਹੀਂ ਹੈ, ਇਸ ਛਾਤੀ ਵਿੱਚ। ਇਹ ਤਾਂ ਖੁਦ ਭਾਰਤ ਅੰਦਰ ਅਜਿਹੀਆਂ ਨੀਤੀਆਂ ਅਪਣਾ ਰਹੇ ਹਨ ਕਿ ਦੇਸ਼ ਦੀ ਆਬਾਦੀ ਦੇ ਵੱਡੇ ਹਿੱਸੇ ਨੂੰ ਨਰਕੀ ਜ਼ਿੰਦਗੀ ਦੀ ਦਲਦਲ ਵਿੱਚ ਧੱਕ ਦਿੱਤਾ ਹੈ।

ਇਸ ਮੌਕੇ ਭਾਰਤੀ ਜਾਗਰੂਕ ਹਿੱਸਿਆਂ ਨੂੰ ਚਾਹੀਦਾ ਹੈ ਕਿ ਉਹ ਇਹ ਦਬਾਅ ਬਣਾਵੇ ਕਿ ਭਾਰਤੀ ਹਾਕਮ ਕਿਸੇ ਵੀ ਸਾਮਰਾਜੀ ਦੇਸ਼ ਦਾ ਮੋਹਰਾ ਨਾ ਬਣਨਾ ਅਤੇ ਆਪਣੇ ਗਵਾਂਢੀ ਮੁਲਕਾਂ ਚੀਨ, ਪਾਕਿਸਤਾਨ ਆਦਿ ਨਾਲ ਗੈਰ-ਜ਼ਰੂਰੀ ਤਣਾਅ ਨਾ ਵਧਾਉਣ ਅਤੇ ਮਸਲਿਆਂ ਦਾ ਹੱਲ ਮਿਲ-ਬੈਠ ਕੇ ਕੱਢਣ। ਗਵਾਂਢੀ ਦੇਸ਼ਾਂ ਉਤੇ ਧੌਂਸ ਜਮਾਉਣੀ ਕਿਸੇ ਵੱਡੇ ਦੇਸ਼ ਨੂੰ ਸ਼ੋਭਾ ਨਹੀਂ ਦਿੰਦੀ। ਆਪਣੇ ਸੌੜੇ ਹਿੱਤਾਂ ਲਈ ਦੇਸ਼ ਦੇ ਹਿੱਤਾਂ ਨੂੰ ਕੁਰਬਾਨੀ 'ਤੇ ਲਾ ਦੇਣਾ, ਸਿਆਣਪ ਨਹੀਂ। ਵਿਸ਼ੇਸ਼ ਕਰਕੇ ਕਿਸੇ ਇੱਕ ਵਿਅਕਤੀ ਦੇ ਸੱਤਾ ਉਤੇ ਬਣੇ ਰਹਿਣ ਜਾਂ ਮਹਾਂ-ਮਾਨਵ ਸਿਰਜਨ ਦੀ ਖਾਹਿਸ਼ ਵਿੱਚ ਸਮੁੱਚੇ ਦੇਸ਼ ਦੀ ਕੁਰਬਾਨੀ ਦੇਣਾ ਇੱਕ ਖ਼ਤਰਨਾਕ ਹੈ। ਵਿਸ਼ੇਸ਼ ਕਰਕੇ ਉਸ ਲਈ, ਜਿਹੜਾ ਵਿਸ਼ਵੀ ਚੌਧਰੀ ਤੇ ਥਾਣੇਦਾਰ (ਟਰੰਪ) ਦੀਆਂ ਘੁਰਕੀਆਂ ਪਿੱਛੋਂ ਹੁਣ ਉਹਦੇ ਨਾਲ ਮਿਲਣ ਤੋਂ ਵੀ ਝਿਜਕਦਾ ਹੈ।

# ਸੰਪਰਕ : 93544-30211

## ਕਾਂਗਰਸੀ ਆਗੂ ਗੁਰਮੇਲ ਮੌੜ ਨੇ 'ਵੋਟ ਚੋਰ ਗੱਦੀ ਛੋੜ' ਮੁਹਿੰਮ ਤਹਿਤ ਭਰੇ ਫਾਰਮ ਸੂਬਾ ਦਫ਼ਤਰ ਨੂੰ ਸੌਂਪੇ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਕਾਂਗਰਸ ਪਾਰਟੀ ਦੇ ਸਟੇਟ ਕਮੇਟੀ ਮੈਂਬਰ ਗੁਰਮੇਲ ਸਿੰਘ ਮੌੜ ਹਲਕਾ ਮਹਿਲ ਕਲਾਂ ਵੱਲੋਂ ਇੰਡੀਅਨ ਕਾਂਗਰਸ ਦੇ ਜਨਰਲ ਸਕੱਤਰ ਸ੍ਰੀ ਰਾਹੁਲ ਗਾਂਧੀ ਵੱਲੋਂ ਚਲਾਈ ਮੁਹਿੰਮ 'ਵੋਟ ਚੋਰ ਗੱਦੀ ਛੋੜ' ਤਹਿਤ ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦਫ਼ਤਰ ਚੰਡੀਗੜ੍ਹ ਵਿਖੇ ਵਿਧਾਨ ਸਭਾ ਹਲਕਾ ਮਹਿਲ ਕਲਾਂ ਅੰਦਰ ਭਰੇ ਫਾਰਮ ਜਮ੍ਹਾਂ ਕਰਵਾਏ ਗਏ।ਇਸ ਮੌਕੇ ਸੀਨੀਅਰ ਆਗੂ ਗੁਰਮੇਲ ਸਿੰਘ ਮੌੜ ਨੇ ਇਸ ਮੁਹਿੰਮ ਦੌਰਾਨ ਪਿੰਡ ਪਿੰਡ ਤੋਂ ਭਰਵਾਂ ਸਹਿਯੋਗ ਦੇਣ ਤੇ ਸਮੂਹ ਆਗੂਆਂ, ਵਰਕਰਾਂ, ਸਹਿਯੋਗੀ ਟੀਮ ਦਾ ਧੰਨਵਾਦ ਕਰਦਿਆ ਕਿਹਾ ਕਿ ਪਿੰਡਾਂ ਅੰਦਰ ਲੋਕਾਂ ਵੱਲੋਂ ਬੇਹੱਦ ਸਹਿਯੋਗ ਦਿਤਾ ਗਿਆ ਹੈ।ਉਨ੍ਹਾਂ ਪੰਜਾਬ ਸਰਕਾਰ 'ਤੇ ਵਰ੍ਹਦਿਆਂ ਕਿਹਾ ਕਿ ਆਪ ਸਰਕਾਰ ਦੇ ਫੋਕੇ ਭਾਸ਼ਣਾਂ ਤੋਂ ਅੱਕੇ ਹੋਏ ਹਰ ਇਲਾਕੇ ਵਿੱਚੋ ਹਰ ਰੋਜ਼ ਕਾਂਗਰਸ ਦੀ ਅਗਵਾਈ ਹੇਠ ਵੱਡੀ ਗਿਣਤੀ 'ਚ ਲੋਕ ਲਾਮਬੰਦ ਹੋ ਰਹੇ ਹਨ।ਆਗੂ ਮੌੜ ਨੇ ਦੱਸਿਆ ਕਿ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਜ਼ਿਲ੍ਹਾ ਪ੍ਰਧਾਨ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਦੀ ਗਤੀਸ਼ੀਲ ਅਗਵਾਈ ਹੇਠ ਜ਼ਿਲ੍ਹਾ ਬਰਨਾਲਾ ਅੰਦਰ ਕਾਂਗਰਸ ਦੀ ਸਥਿਤੀ ਹੋਰ ਮਜ਼ਬੂਤ ਬਣਾਉਣ ਲਈ ਵੱਖ-ਵੱਖ ਟੀਮਾਂ ਦੇ ਰੂਪ ਵਿੱਚ ਗਤਗਰਮੀਆਂ ਜ਼ੋਰਾਂ 'ਤੇ ਚੱਲ ਰਹੀਆਂ ਹਨ।

# ਕਾਂਗੜ ਤੇ ਸਿੱਧੂ ਨੇ ਭਖਾਈ ਤਰਨ ਤਾਰਨ ਉੱਪ-ਚੋਣ

**ਉਮੀਦਵਾਰ ਕਰਨਵੀਰ ਸਿੰਘ ਬੁਰਜ ਦੇ ਹੱਕ 'ਚ ਮੰਗੀਆਂ ਵੋਟਾਂ**



**ਬਠਿੰਡਾ (ਰਾਜੀਵ ਗੋਇਲ)**-ਕਾਂਗਰਸ ਪਾਰਟੀ ਹਮੇਸ਼ਾ ਹੀ ਪੰਜਾਬ ਦੀ ਤਰੱਕੀ ਤੇ ਹਰ ਵਰਗ ਦੀ ਖੁਸ਼ਹਾਲੀ ਲਈ ਯਤਨਸ਼ੀਲ ਰਹੀ ਹੈ, ਜਿਸ ਕਰਕੇ ਤਰਨਤਾਰਨ ਦੀ ਉੱਪ-ਚੋਣ ਵਿੱਚ ਉਮੀਦਵਾਰ ਕਰਨਵੀਰ ਸਿੰਘ ਬੁਰਜ ਸ਼ਾਨਦਾਰ ਵੋਟਾਂ ਨਾਲ ਜਿੱਤ ਹਾਸਲ ਕਰਨਗੇ, ਕਿਉਂਕਿ ਲੋਕ ਪੰਜਾਬ ਦੀ ਮਾਣ ਸਰਕਾਰ ਤੋਂ ਦੁਖੀ ਹਨ ਤੇ ਝੂਠੇ ਲਾਰਿਆਂ ਤੋਂ ਅੱਕ ਚੁੱਕੇ ਹਨ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਸਾਬਕਾ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ ਤੇ ਬਲਵੀਰ ਸਿੰਘ ਸਿੱਧੂ ਵੱਲੋਂ ਉਮੀਦਵਾਰ ਦੇ ਹੱਕ ਵਿੱਚ ਘਰ ਘਰ ਜਾ ਕੇ ਪੋਸਟਰ ਵੰਡ ਕੇ ਵੋਟ ਮੰਗਣ ਦੀ ਭਖਾਈ ਮੁਹਿੰਮ ਤਹਿਤ ਕੀਤਾ। ਕਾਂਗੜ ਨੇ ਕਿਹਾ ਕਿ ਤਰਨਤਾਰਨ ਦੀ ਉੱਪ-ਚੋਣ ਵਿੱਚ ਕਾਂਗਰਸ ਦੀ ਜਿੱਤ ਆਉਂਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਸਰਕਾਰ ਦਾ ਮੁੱਢ ਬੰਨੇਗੀ। ਉਨ੍ਹਾਂ ਕਿਹਾ ਕਿ ਦੇਸ਼ ਦੀ ਮੋਦੀ ਸਰਕਾਰ ਜਿੱਥੇ ਸੰਵਿਧਾਨ ਦੀਆਂ ਧੱਜੀਆਂ ਉਡਾਉਂਦੀ ਰਹੀ, ਉੱਥੇ ਹੀ ਕਾਂਗਰਸ ਦੇਸ਼ ਹਿੱਤ ਵਿੱਚ ਹਮੇਸ਼ਾ ਹੀ ਸੰਵਿਧਾਨ ਦੇ ਦਾਇਰੇ ਵਿੱਚ ਰਹਿ ਕੇ ਦੇਸ਼ ਦੀ ਆਰਥਿਕਤਾ ਨੂੰ ਮਜ਼ਬੂਤ ਬਣਾਉਣ ਲਈ ਕੰਮ ਕਰਦੀ ਰਹੀ, ਜਿਸ ਕਰਕੇ ਲੋਕ ਭਾਜਪਾ ਤੇ ਆਮ ਆਦਮੀ ਪਾਰਟੀ ਦੀਆਂ ਲੋਕ ਵਿਰੋਧੀ ਨੀਤੀਆਂ ਤੋਂ ਦੁਖੀ ਹਨ ਤੇ ਕਾਂਗਰਸ ਨੂੰ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਵੋਟਰਾਂ ਵਿੱਚ ਆਪਣਾ ਆਧਾਰ ਗਵਾ ਚੁੱਕਿਆ ਹੈ, ਜਿਸ ਕਰਕੇ ਇਨ੍ਹਾਂ ਚੋਣਾਂ ਵਿੱਚ ਕਾਂਗਰਸ ਉਮੀਦਵਾਰ ਦੀ ਜਿੱਤ ਤੈਅ ਹੈ। ਉਨ੍ਹਾਂ ਕਿਹਾ ਕਿ ਆਉਂਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਦੀ ਸਰਕਾਰ ਬਣਨ 'ਤੇ ਮੁੜ ਬਿਜਲੀ ਵਿੱਚ ਵੱਡੀਆਂ ਰਾਹਤਾਂ ਦੇਣ ਦੇ ਨਾਲ ਭਲਾਈ ਸਕੀਮਾਂ ਚਲਾਈਆਂ ਜਾਣਗੀਆਂ, ਜਿਸ ਨਾਲ ਗਰੀਬ ਤੇ ਆਮ ਵਰਗ ਨੂੰ ਵੱਡੀ ਰਾਹਤ ਮਿਲ ਸਕੇ।

## ਪੰਜਾਬ ਸਰਕਾਰ ਆਪਣੇ ਚੋਣ ਵਾਅਦੇ ਪੂਰੇ ਕਰੇ : ਸ਼ੰਭੂ ਮੰਡੇਰ

**ਬਰੇਟਾ (ਰੀਤਵਾਲ)**-ਪੰਜਾਬ ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਮਾਨ ਸਰਕਾਰ ਨੇ ਵਾਅਦੇ ਕਰਕੇ ਸੱਤਾ ਤਾਂ ਹਥਿਆ ਲਈ, ਪਰ ਸਾਢੇ 3 ਸਾਲ ਬੀਤ ਜਾਣ 'ਤੇ ਵੀ ਇੱਕ ਵੀ ਵਾਅਦਾ ਪੂਰਾ ਨਹੀਂ ਕੀਤਾ।ਇਸ ਗੱਲ ਦਾ ਪ੍ਰਗਟਾਵਾ ਕਰਦੇ ਹੋਏ ਸ਼ੰਭੂ ਮੰਡੇਰ ਨੇ ਕਿਹਾ ਕਿ ਔਰਤਾਂ ਦਾ ਇੱਕ ਹਜ਼ਾਰ ਰੁਪਏ ਕਿੱਥੇ ਹਨ, ਪਰਲ ਵਾਲੇ ਪੈਸੇ ਵਾਪਸ ਕਦੋਂ ਆਉਣੇ ਹਨ, ਕੱਚੇ ਮੁਲਾਜ਼ਮ ਕਿੰਨੀ ਵਾਰ ਪੱਕੇ ਕਰਨੇ ਹਨ, ਪ੍ਰਾਈਵੇਟ ਸਕੂਲਾਂ 'ਤੇ ਕਿੰਨਾ ਕੰਟਰੋਲ ਹੋਇਆ, ਸਰਕਾਰੀ ਸਕੂਲਾਂ ਵਿੱਚ ਰੰਗ ਤੋਂ ਬਿਨਾਂ ਹੋਰ ਕੀ ਵਿਕਾਸ ਹੋਇਆ, ਲੁੱਟ-ਖੋਹ ਤੇ ਕਤਲ ਦੀਆਂ ਲਗਾਤਾਰ ਹੋ ਰਹੀਆਂ ਵਾਰਦਾਤਾਂ 'ਤੇ ਕੰਟਰੋਲ ਕਦੋਂ ਹੋਣਾ, ਰੇਤਾ ਕਿੰਨਾ ਸਸਤਾ ਹੋਇਆ, ਕਿਸਾਨਾਂ ਨੂੰ ਹਰ ਫਸਲ 'ਤੇ ਐੱਮ ਐੱਸ ਪੀ ਕਦੋਂ ਮਿਲਣੀ, ਮਜ਼ਦੂਰ ਵਰਗ ਲਈ ਹੁਣ ਤੱਕ ਕੀ ਕੀਤਾ, 16 ਮੈਡੀਕਲ ਕਾਲਜ ਕਿੱਥੇ ਬਣੇ, ਨਸ਼ੇ ਕਿਉਂ ਨਹੀਂ ਰੁਕੇ, ਬੁਢਾਪਾ ਤੇ ਵਿਧਵਾ ਪੈਨਸ਼ਨਾਂ ਵਿੱਚ ਵਾਧਾ ਕਿੱਥੇ ਹੈ, ਨੌਜਵਾਨਾਂ ਨੂੰ ਨੌਕਰੀਆਂ ਦੇਣ ਦੇ ਵਾਅਦੇ ਮੁਤਾਬਕ ਕਿੰਨੀਆਂ ਨੌਕਰੀਆਂ ਦਿੱਤੀਆਂ ਅਤੇ ਜਿਹੜੀਆਂ ਦਿੱਤੀਆਂ, ਉਨ੍ਹਾਂ 'ਚੋਂ ਕਿੰਨੀਆਂ ਪੰਜਾਬੀਆਂ ਨੂੰ ਮਿਲੀਆਂ ਤੇ ਸਰਕਾਰ ਦੀ ਆਲੋਚਨਾ ਕਰਨ ਵਾਲਿਆਂ ਦੇ ਮੂੰਹ ਬੰਦ ਕਿਉਂ ਕਰ ਰਹੇ ਹੋ।ਸ਼ੰਭੂ ਮੰਡੇਰ ਨੇ ਕਿਹਾ ਕਿ ਇਸ ਤਰ੍ਹਾਂ ਕਰਕੇ ਵੋਟਾਂ ਲੈਣ ਵਾਸਤੇ ਲੋਕਾਂ ਨੂੰ ਸਿਰਫ ਮੂਰਖ ਬਣਾਇਆ ਗਿਆ ਸੀ।ਲੋਕਾਂ ਵਿੱਚ ਗੁੱਸੇ ਦੀ ਲਹਿਰ ਹੈ। ਪੰਜਾਬ ਸਰਕਾਰ ਲੋਕਾਂ ਦਾ ਗੁੱਸਾ ਸ਼ਾਂਤ ਕਰੇ ਤੇ ਆਪਣੇ ਚੋਣ ਵਾਅਦੇ ਪੂਰੇ ਕਰੇ।

## ਸਰਬਤ ਦਾ ਭਲਾ ਟਰੱਸਟ ਵੱਲੋਂ ਸਰਟੀਫਿਕੇਟ ਵੰਡੇ



**ਬਰੇਟਾ (ਰੀਤਵਾਲ)**-ਸਮਾਜ ਸੇਵਾ ਦੇ ਕਾਰਜਾਂ ਲਈ ਯਤਨਸ਼ੀਲ ਸੰਸਥਾ ਸਰਬਤ ਦਾ ਭਲਾ ਚੈਰੀਟੇਬਲ ਟਰੱਸਟ ਪਟਿਆਲਾ ਵੱਲੋਂ ਕੌਮੀ ਪ੍ਰਧਾਨ ਜੱਸਾ ਸਿੰਘ ਦੀ ਰਹਿਨੁਮਾਈ ਤੇ ਜ਼ਿਲ੍ਹਾ ਪ੍ਰਧਾਨ ਬਲਜਿੰਦਰ ਸਿੰਘ ਘਾਲੀ ਤੇ ਮਦਨ ਲਾਲ ਕੁਸ਼ਲਾ ਦੀ ਅਗਵਾਈ ਹੇਠ ਬਿੱਗ ਰੋਪ ਫਾਊਂਡੇਸ਼ਨ ਦੇ ਸਹਿਯੋਗ ਸਦਕਾ ਬਰੇਟਾ ਵਿਖੇ ਚਲਾਏ ਗਏ ਸਿਲਾਈ ਸੈਂਟਰ ਵਿੱਚ ਸਿਖਲਾਈ ਪ੍ਰਾਪਤ ਕਰਨ ਉਪਰੰਤ ਲੜਕੀਆਂ ਨੂੰ ਸਰਟੀਫਿਕੇਟ ਵੰਡੇ ਗਏ।ਇਸ ਮੌਕੇ ਸਮਾਜ ਸੇਵੀ ਗਗਨਦੀਪ ਸ਼ਰਮਾ ਤੇ ਨਰੇਸ਼ ਕੁਮਾਰ ਰਿਪੀ ਨੇ ਡਾ. ਐੱਸ ਪੀ ਉਬਰਾਏ ਟਰੱਸਟ ਵੱਲੋਂ ਕੀਤੇ ਜਾ ਰਹੇ ਸਮਾਜ ਭਲਾਈ ਕਾਰਜਾਂ ਦੀ ਸ਼ਲਾਘਾ ਕੀਤੀ ਤੇ ਕਿਹਾ ਕਿ ਕਿਸੇ ਵੀ ਦੇਸ਼ ਦੇ ਵਿਕਾਸ ਲਈ ਔਰਤ ਦਾ ਸਿੱਖਿਅਤ ਹੋਣਾ ਬਹੁਤ ਜ਼ਰੂਰੀ ਹੈ।ਇਸ ਨਾਲ ਲੜਕੀਆਂ ਸਿਲਾਈ ਸਿੱਖ ਕੇ ਆਤਮ ਨਿਰਭਰ ਹੋ ਸਕਣਗੀਆਂ ਤਾਂ ਜੋ ਉਹ ਸਿਲਾਈ ਦਾ ਕੰਮ ਸਿੱਖ ਕੇ ਆਪਣੇ ਘਰ ਦਾ ਕੰਮ ਤੇ ਆਪਣਾ ਰੁਜ਼ਗਾਰ ਚਲਾ ਸਕਣ।ਇਸ ਮੌਕੇ ਮਨਿੰਦਰ ਕੁਮਾਰ, ਰਣਜੀਤ ਸਿੰਘ, ਸਿਲਾਈ ਅਧਿਆਪਕ ਦਰਸ਼ਨਾ ਦੇਵੀ ਹਾਜ਼ਰ ਸਨ।

## ਡੀ ਏ ਵੀ ਸਕੂਲ ਨੇ ਰਾਜ ਪੱਧਰੀ ਖੇਡਾਂ 'ਚ ਮਾਰੀਆਂ ਮੱਲਾਂ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਡੀਏਵੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਪਾਤੜਾਂ ਦੇ ਵਿਦਿਆਰਥੀਆਂ ਨੇ ਰਾਜ ਪੱਧਰੀ ਖੇਡਾਂ ਵਿੱਚ ਗੋਲਡ, ਸਿਲਵਰ ਤੇ ਕਾਂਸੀ ਮੈਡਲ ਜਿੱਤ ਕੇ ਮਾਪਿਆਂ ਤੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਸਕੂਲ ਪ੍ਰਿੰਸੀਪਲ ਨਵਦੀਪ ਵਸ਼ਿਸ਼ਟ ਨੇ ਦੱਸਿਆ ਕਿ ਸਕੂਲ ਦੇ ਵਿਦਿਆਰਥੀਆਂ ਨੇ ਰਾਜ ਪੱਧਰੀ ਖੇਡ ਮੁਕਾਬਲਿਆਂ ਵਿੱਚੋਂ 14, 17 ਤੇ 19 ਸਾਲ ਉਮਰ ਵਰਗ ਵਿੱਚੋਂ ਲੜਕੀਆਂ ਤੇ ਲੜਕਿਆਂ ਦੇ ਕਬੱਡੀ ਤੇ ਕੁਸ਼ਤੀ ਮੁਕਾਬਲਿਆਂ ਵਿੱਚੋਂ ਪਹਿਲਾ ਸਥਾਨ ਹਾਸਲ ਕਰਕੇ ਖਿਡਾਰੀਆਂ ਨੇ ਸੋਨੇ ਦੇ ਤਮਗੇ, ਦੂਜੇ ਸਥਾਨ 'ਤੇ ਆਉਣ ਵਾਲੇ 15 ਖਿਡਾਰੀਆਂ ਨੇ ਚਾਂਦੀ ਤੇ ਤੀਜੇ ਸਥਾਨ 'ਤੇ ਆਉਣ ਵਾਲੇ 15 ਖਿਡਾਰੀਆਂ ਨੇ ਕਾਂਸੀ ਮੈਡਲ ਜਿੱਤੇ ਹਨ।ਕੁਸ਼ਤੀ ਮੁਕਾਬਲਿਆਂ ਵਿੱਚ ਲੜਕੀਆਂ ਤੇ ਲੜਕਿਆਂ ਨੇ ਉਕਤ ਵਰਗ ਤਹਿਤ ਸ਼ਾਨਦਾਰ ਪ੍ਰਦਰਸ਼ਨ ਕਰਕੇ ਟਰਾਫੀਆਂ ਹਾਸਲ ਕੀਤੀਆਂ।ਅੱਵਲ ਰਹੇ ਖਿਡਾਰੀ ਅੱਗੇ ਰਾਸ਼ਟਰੀ ਪੱਧਰ ਦੇ ਮੁਕਾਬਲਿਆਂ ਲਈ ਚੁਣੇ ਗਏ ਹਨ।ਉਨ੍ਹਾਂ ਜੇਤੂ ਖਿਡਾਰੀਆਂ ਤੇ ਸਰੀਰਕ ਸਿੱਖਿਆ ਵਿਸ਼ੇ ਦੇ ਅਧਿਆਪਕ ਪੀ.ਟੀ.ਆਈ. ਜੀਵਨ ਸਿੰਘ ਨੂੰ ਵਧਾਈ ਦਿੰਦਿਆਂ ਰਾਸ਼ਟਰੀ ਪੱਧਰ ਦੇ ਖੇਡ ਮੁਕਾਬਲਿਆਂ ਲਈ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਹੈ।

## ਹਲਕਾ ਇੰਚਾਰਜ ਆਸ਼ੂ ਬੰਗੜ ਨੇ ਬੂਟਾ ਲਗਾ ਕੇ ਕੀਤੀ ਜਨਮ ਦਿਨ ਦੀ ਸ਼ੁਰੂਆਤ

*ਸਾਬਕਾ ਸਰਪੰਚ ਰਵਿੰਦਰ ਸਿੰਘ ਤੂਤ ਦੇ ਜਨਮਦਿਨ 'ਤੇ ਨਵੀਂ ਪਿਰਤ, ਆਖਿਆ; ਹਰ ਜਨਮਦਿਨ 'ਤੇ ਲੱਗੇਗਾ ਬੂਟਾ*



**ਫਿਰੋਜ਼ਪੁਰ (ਗੁਰਬਚਨ ਸਿੰਘ, ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਦਿਹਾਤੀ ਦੇ ਹਲਕਾ ਇੰਚਾਰਜ ਆਸ਼ੂ ਬੰਗੜ ਨੇ ਬਹੁਤ ਹੀ ਸ਼ਲਾਘਾਯੋਗ ਤੇ ਨਵੇਕਲੀ ਪਹਿਲਕਦਮੀ ਕੀਤੀ ਹੈ।ਉਨ੍ਹਾਂ ਬਲਾਕ ਸੰਮਤੀ ਮੈਂਬਰ ਤੇ ਸਾਬਕਾ ਸਰਪੰਚ ਰਵਿੰਦਰ ਸਿੰਘ ਤੂਤ ਦੇ ਜਨਮ ਦਿਨ ਦੇ ਖਾਸ ਮੌਕੇ 'ਤੇ ਬੂਟਾ ਲਗਾ ਕੇ ਇੱਕ ਨਵੀਂ ਸ਼ੁਰੂਆਤ ਕੀਤੀ।ਇਸ ਮੌਕੇ ਆਸ਼ੂ ਬੰਗੜ ਨੇ ਸ੍ਰ. ਰਵਿੰਦਰ ਸਿੰਘ ਤੂਤ ਨੂੰ ਜਨਮ ਦਿਨ ਦੀਆਂ ਮੁਬਾਰਕਾਂ ਦਿੱਤੀਆਂ ਤੇ ਵਾਤਾਵਰਣ ਦੀ ਸੰਭਾਲ ਲਈ ਇਹ ਸੰਦੇਸ਼ ਦਿੱਤਾ ਕਿ ਹੁਣ ਤੋਂ ਹਮੇਸ਼ਾ ਹੀ ਕਿਸੇ ਦਾ ਵੀ ਜਨਮ ਦਿਨ ਬੂਟਾ ਲਗਾ ਕੇ ਹੀ ਮਨਾਇਆ ਜਾਵੇਗਾ।ਇਹ ਇੱਕ ਅਜਿਹਾ ਕਦਮ ਹੈ, ਜੋ ਸਮਾਜ ਨੂੰ ਹਰ ਖੁਸ਼ੀ ਦੇ ਮੌਕੇ 'ਤੇ ਵਾਤਾਵਰਣ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਲਈ ਪ੍ਰੇਰਿਤ ਕਰੇਗਾ।ਇਸ ਖੂਬਸੂਰਤ ਪਹਿਲ ਵਿੱਚ ਉਨ੍ਹਾਂ ਦੇ ਨਾਲ ਬਲਾਕ ਸੰਮਤੀ ਮੈਂਬਰ ਗੋਪੀ ਔਲਖ ਬਜ਼ੀਦਪੁਰ, ਗਗਨ ਕੋਟ ਕਰੋੜ, ਕਮਲ ਪਿਆਰੇਆਣਾ, ਦਵਿੰਦਰ ਰਹੀਮੇ ਕੇ, ਸੁਰਿੰਦਰ ਸਿੰਘ ਫੁੱਲਰਵਨ, ਤਰਨ ਬੁੱਟਰ ਪੀ.ਏ. ਤੇ ਗਗਨ ਭੰਡਾਰੀ ਸਮੇਤ ਹੋਰ ਵੀ ਕਈ ਪਤਵੰਤੇ ਸੱਜਣ ਮੌਜੂਦ ਸਨ।ਇਸ ਸਮੂਹਕ ਯਤਨ ਨੇ ਜਨਮ ਦਿਨ ਦੇ ਜਸ਼ਨ ਨੂੰ ਇੱਕ ਸਾਰਥਕ ਤੇ ਯਾਦਗਾਰੀ ਰੂਪ ਦਿੱਤਾ।

## ਸ਼ਹੀਦੀ ਦਿਹਾੜੇ ਨੂੰ ਸਮਰਪਤ ਲਾਈਟ ਐਂਡ ਸਾਊਂਡ ਸ਼ੋਅ ਭਲਕੇ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਤ 4 ਨਵੰਬਰ ਦੀ ਸ਼ਾਮ ਨੂੰ ਪਟਿਆਲਾ ਦੇ ਪੋਲੋ ਗਰਾਊਂਡ ਵਿਖੇ ਕਰਵਾਏ ਜਾ ਰਹੇ ਲਾਈਟ ਐਂਡ ਸਾਊਂਡ ਸ਼ੋਅ ਰਾਹੀਂ ਸੰਗਤ ਨੂੰ ਨੌਵੇਂ ਪਾਤਸ਼ਾਹ ਤੇ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਦੇ ਮਹਾਨ ਇਤਿਹਾਸ ਤੋਂ ਜਾਣੂ ਕਰਵਾਇਆ ਜਾਵੇਗਾ।ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਕਰਦਿਆਂ ਸਮੂਹ ਜ਼ਿਲ੍ਹਾ ਨਿਵਾਸੀਆਂ ਨੂੰ ਇਹ ਇਤਿਹਾਸਕ ਲਾਈਟ ਐਂਡ ਸਾਊਂਡ ਸ਼ੋਅ ਨੂੰ ਆਪਣੇ ਪਰਵਾਰਾਂ ਸਮੇਤ ਜ਼ਰੂਰ ਦੇਖਣ ਤੇ ਗੁਰੂ ਸਾਹਿਬ ਦੀ ਲਾਸਾਨੀ ਕੁਰਬਾਨੀ ਤੋਂ ਜਾਣੂ ਹੋਣ ਦੀ ਅਪੀਲ ਕੀਤੀ ਹੈ।ਡਾ. ਪ੍ਰੀਤੀ ਯਾਦਵ ਨੇ ਸਮੂਹ ਸੰਗਤ ਨੂੰ ਗੁਰੂ ਸਾਹਿਬ ਦੇ ਜੀਵਨ ਤੇ ਸਿੱਖਿਆਵਾਂ 'ਤੇ ਆਧਾਰਤ ਸ਼ਾਨਦਾਰ ਲਾਈਟ ਐਂਡ ਸਾਊਂਡ ਸ਼ੋਅ ਵਿੱਚ ਵੱਧ-ਚੜ੍ਹ ਕੇ ਸ਼ਿਰਕਤ ਕਰਨ ਦਾ ਸੱਦਾ ਦਿੰਦਿਆਂ ਦੱਸਿਆ ਕਿ 45 ਮਿੰਟ ਦੇ ਲਾਈਟ ਐਂਡ ਸਾਊਂਡ ਸ਼ੋਅ ਦੌਰਾਨ ਡਿਜੀਟਲ ਤਰੀਕੇ ਨਾਲ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ, ਵਿਰਾਸਤ, ਸਿੱਖਿਆਵਾਂ ਤੇ ਮਹਾਨ ਬਲੀਦਾਨ ਬਾਰੇ ਚਾਨਣਾ ਪਾਇਆ ਜਾਵੇਗਾ।

# ਡਾ. ਅੰਬੇਡਕਰ ਚੌਕ ਦਾ ਪੁਨਰ-ਨਿਰਮਾਣ ਕਰਵਾਏ ਜਾਣ ਦੀ ਮੰਗ

**ਕਾਰਜ ਸਾਧਕ ਅਫਸਰ ਨਾਲ ਕੀਤੀ ਜਾਵੇਗੀ ਮੁਲਾਕਾਤ : ਢੋਸੀਵਾਲ**




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਕਈ ਸਾਲ ਪਹਿਲਾਂ ਸਥਾਨਕ ਮਲੋਟ ਰੋਡ ਸਥਿਤ ਮੇਨ ਬੱਸ ਸਟੈਂਡ ਦੇ ਸਾਹਮਣੇ ਵਾਲੇ ਚੌਕ ਦਾ ਨਾਮ ਡਾ. ਅੰਬੇਡਕਰ ਚੌਕ ਰੱਖਿਆ ਗਿਆ ਸੀ। ਸਰਕਾਰ ਵੱਲੋਂ ਬਕਾਇਦਾ ਤੌਰ 'ਤੇ ਨੀਂਹ ਪੱਥਰ ਲਗਾਇਆ ਗਿਆ ਸੀ।ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਸ ਚੌਂਕ ਵਿੱਚ ਸ਼ਾਨਦਾਰ ਸਤੰਭ ਬਣਵਾਇਆ ਗਿਆ ਸੀ।ਕੁਝ ਸਮੇਂ ਬਾਅਦ ਕੈਂਟਰ ਹਾਦਸੇ ਵਿੱਚ ਇਹ ਸਤੰਭ ਢਹਿ ਢੇਰੀ ਹੋ ਗਿਆ ਸੀ।ਜ਼ਿਲ੍ਹਾ ਪ੍ਰਸ਼ਾਸਨ ਤੇ ਨਗਰ ਕੌਂਸਲ ਨੇ ਇਸ ਸਤੰਭ ਦੇ ਨਿਰਮਾਣ ਤੇ ਚੌਕ ਨੂੰ ਮੁੜ ਤੋਂ ਸਥਾਪਤ ਕਰਨ ਨੂੰ ਬਿਲਕੁਲ ਨਜ਼ਰ ਅੰਦਾਜ਼ ਕਰ ਦਿੱਤਾ।ਹੌਲੀ ਹੌਲੀ ਇਸ ਚੌਕ ਵਿੱਚੋਂ ਡਾ. ਅੰਬੇਡਕਰ ਚੌਕ ਦਾ ਨਾਮੋ ਨਿਸ਼ਾਨ ਹੀ ਖਤਮ ਕਰ ਦਿੱਤਾ ਗਿਆ ਹੈ, ਜਿਸ ਨਾਲ ਅੰਬੇਡਕਰਵਾਦੀਆਂ ਤੇ ਹਰ ਸੂਝਵਾਨ ਵਿਅਕਤੀ ਦੇ ਸਨਮਾਨ ਨੂੰ ਭਾਰੀ ਠੇਸ ਪਹੁੰਚੀ ਹੈ।ਜ਼ਿਲ੍ਹਾ ਪ੍ਰਸ਼ਾਸਨ ਤੇ ਨਗਰ ਕੌਂਸਲ ਦੀ ਭੇਦਭਰੀ ਲਾਪ੍ਰਵਾਹੀ ਤੇ ਬੇਧਿਆਨੀ ਕਈ ਤਰ੍ਹਾਂ ਦੇ ਸਵਾਲ ਪੈਦਾ ਕਰਦੀ ਹੈ।ਰਾਜ ਅੰਦਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਸਾਰੇ ਸਰਕਾਰੀ ਦਫਤਰਾਂ ਤੇ ਅਦਾਰਿਆਂ ਅੰਦਰ ਡਾ. ਅੰਬੇਡਕਰ ਤੇ ਸ਼ਹੀਦੇ ਆਜ਼ਮ ਸ੍ਰ. ਭਗਤ ਸਿੰਘ ਦੀ ਫੋਟੋ ਲਾਉਣੀ ਲਾਜ਼ਮੀ ਕਰਾਰ ਦਿੱਤਾ ਸੀ, ਪ੍ਰੰਤੂ ਕਰੀਬ ਚਾਰ ਸਾਲ ਬੀਤਣ ਦੇ ਬਾਵਜੂਦ ਉਕਤ ਅੰਬੇਡਕਰ ਚੌਕ ਦਾ ਅਜੇ ਤੱਕ ਪੁਨਰ ਨਿਰਮਾਣ ਨਾ ਕਰਵਾਇਆ ਜਾਣਾ ਜ਼ਿਲ੍ਹਾ ਪ੍ਰਸ਼ਾਸਨ ਤੇ ਨਗਰ ਕੌਂਸਲ ਦੀ ਲਾਪ੍ਰਵਾਹੀ ਤੇ ਗੈਰ-ਜ਼ਿੰਮੇਦਾਰਾਨਾ ਰਵੱਈਏ ਦੀ ਜਿਉਂਦੀ ਜਾਗਦੀ ਮਿਸਾਲ ਹੈ।ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੇ ਪ੍ਰਧਾਨ ਜਗਦੀਸ਼ ਰਾਏ ਢੋਸੀਵਾਲ ਨੇ ਜ਼ਿਲ੍ਹਾ ਪ੍ਰਸ਼ਾਸਨ ਤੇ ਨਗਰ ਕੌਂਸਲ ਦੀ ਉਦਾਸੀਨਤਾ ਤੇ ਲਾਪ੍ਰਵਾਹੀ ਦੀ ਪੁਰਜ਼ੋਰ ਸ਼ਬਦਾਂ ਵਿੱਚ ਆਲੋਚਨਾ ਕੀਤੀ ਹੈ।ਢੋਸੀਵਾਲ ਨੇ ਜ਼ਿਲ੍ਹਾ ਪ੍ਰਧਾਨ ਤੇ ਨਗਰ ਕੌਂਸਲ ਤੋਂ ਉਕਤ ਅੰਬੇਡਕਰ ਚੌਂਕ ਦਾ ਤੁਰੰਤ ਪੁਨਰ ਨਿਰਮਾਣ ਕਰਵਾਏ ਜਾਣ ਦੀ ਮੰਗ ਕੀਤੀ ਹੈ।ਪ੍ਰਧਾਨ ਢੋਸੀਵਾਲ ਨੇ ਉਕਤ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਨ੍ਹਾਂ ਦੀ ਸੰਸਥਾ ਵੱਲੋਂ ਜਲਦੀ ਹੀ ਉਕਤ ਚੌਕ ਦੇ ਪੁਨਰ ਨਿਰਮਾਣ ਲਈ ਜ਼ਿਲ੍ਹਾ ਪ੍ਰਸ਼ਾਸਨ ਤੇ ਨਗਰ ਕੌਂਸਲ ਦੇ ਕਾਰਜ ਸਾਧਕ ਅਫਸਰ ਨਾਲ ਮੁਲਾਕਾਤ ਕੀਤੀ ਜਾਵੇਗੀ।

## ਕੂੜੇ ਦਾ ਪਹਾੜ ਚੁਕਵਾਉਣ ਲਈ ਧਰਨਾ ਜਾਰੀ



**ਜਗਰਾਓਂ (ਨਛੱਤਰ ਸੰਧੂ)**-ਸਥਾਨਕ ਡਿਸਪੋਜ਼ਲ ਰੋਡ 'ਤੇ ਲੱਗੇ ਕੂੜੇ ਦੇ ਪਹਾੜ ਨੂੰ ਚੁਕਵਾਉਣ ਲਈ ਲੋਕਾਂ ਦਾ ਦਿਨ-ਰਾਤ ਦਾ ਧਰਨਾ ਪੰਜਵੇਂ ਦਿਨ ਵੀ ਜਾਰੀ ਰਿਹਾ।ਅਗਵਾੜ ਖ਼ਵਾਜ਼ਾ ਬਾਜੂ ਦੇ ਸਰਪੰਚ ਬਲਜਿੰਦਰ ਸਿੰਘ ਦੀ ਅਗਵਾਈ 'ਚ ਚੱਲ ਰਹੇ ਧਰਨੇ 'ਚ ਡਟੇ ਧਰਨਾਕਾਰੀਆਂ ਨੇ ਦੱਸਿਆ ਕਿ ਇਹ ਪਹਾੜ ਪੱਕੇ ਤੌਰ 'ਤੇ ਚੁੱਕੇ ਜਾਣ ਤੱਕ ਇਹ ਧਰਨਾ ਜਾਰੀ ਰਹੇਗਾ।ਨਗਰ ਕੌਂਸਲ ਦੇ ਨਵੇਂ ਤੈਨਾਤ ਕਾਰਜਸਾਧਕ ਅਫਸਰ ਹਰਨਰਿੰਦਰ ਸਿੰਘ ਸ਼ੇਰਗਿੱਲ ਨੇ ਬੀਤੇ ਦਿਨ ਨਗਰ ਸੁਧਾਰ ਸਭਾ ਨਾਲ ਹੋਈ ਮੀਟਿੰਗ 'ਚ ਦੱਸਿਆ ਕਿ ਕੂੜੇ ਦੇ ਪੱਕੇ ਡੰਪ ਲਈ ਜ਼ਮੀਨ ਹਾਸਲ ਕਰਨ ਲਈ ਟੈਂਡਰ ਕਾਲ ਕੀਤੇ ਜਾ ਰਹੇ ਹਨ।ਉਨ੍ਹਾ ਕਿਹਾ ਕਿ ਇਹ ਮਾਮਲਾ ਹਲ ਕਰਨ ਲਈ ਪਹਿਲਾਂ ਕੋਈ ਸੁਹਿਰਦ ਕੋਸ਼ਿਸ਼ ਨਹੀਂ ਹੋਈ। ਇਸ ਸਮੇਂ ਧਰਨੇ ਨੂੰ ਸੰਬੋਧਨ ਕਰਦਿਆਂ ਇਨਕਲਾਬੀ ਕੇਂਦਰ ਪੰਜਾਬ ਦੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਕਿਹਾ ਕਿ ਨਗਰ ਕੌਂਸਲ ਹਾਕਮ ਪਾਰਟੀ ਦੀ ਧੜੇਬੰਦਕ ਸਿਆਸਤ ਦੀ ਭੇਟ ਚੜ੍ਹ ਕੇ ਕੂੜਾ ਨਗਰ ਬਣ ਚੁੱਕਾ ਹੈ।ਸ਼ਹਿਰ ਦੇ ਸਾਰੇ ਵਿਕਾਸ ਕਾਰਜਾਂ ਦਾ ਬੇੜਾ ਗ਼ਰਕ ਹੋ ਚੁੱਕਾ ਹੈ।ਟੁੱਟ ਚੁੱਕੀਆਂ ਸੜਕਾਂ, ਗੰਦਗੀ ਨਾਲ ਤੁੰਨੀਆਂ ਨਾਲੀਆਂ ਤੇ ਸੀਵਰੇਜ, ਬੰਦ ਰੋਸ਼ਨੀਆਂ, ਨਾਜਾਇਜ਼ ਕਬਜ਼ੇ ਰੋਸ਼ਨੀਆਂ ਦੇ ਸ਼ਹਿਰ ਦੇ ਮੱਥੇ 'ਤੇ ਕਾਲਾ ਧੱਬਾ ਹਨ।

## ਡੀ ਪੀ ਆਰ ਓ ਦਫ਼ਤਰ ਦੇ ਮੁਲਾਜ਼ਮ ਵਿਜੇ ਕੁਮਾਰ ਤੇ ਰਣਬੀਰ ਸਿੰਘ ਸੇਵਾ-ਮੁਕਤ



**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਫਤਹਿਗੜ੍ਹ ਸਾਹਿਬ ਵਿਖੇ ਤਾਇਨਾਤ ਸ਼੍ਰੀ ਵਿਜੇ ਕੁਮਾਰ ਸਟੈਨੋ ਟਾਈਪਿਸਟ ਤੇ ਸ਼੍ਰੀ ਰਣਬੀਰ ਸਿੰਘ ਸਿਨੇਮਾ ਓਪਰੇਟਰ ਲਗਭਗ 32 ਵਰ੍ਹਿਆਂ ਦੀ ਸਰਕਾਰੀ ਸੇਵਾ ਮਗਰੋਂ ਆਪਣੇ ਅਹੁਦੇ ਤੋਂ ਸੇਵਾ ਮੁਕਤ ਹੋ ਗਏ ਹਨ।ਸੇਵਾ ਮੁਕਤੀ ਮੌਕੇ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਦੋਵਾਂ ਹੀ ਕਰਮਚਾਰੀਆਂ ਵੱਲੋਂ ਆਪਣੀ ਡਿਊਟੀ ਦੌਰਾਨ ਨਿਭਾਈਆਂ ਸ਼ਾਨਦਾਰ ਸੇਵਾਵਾਂ ਦੀ ਸ਼ਲਾਘਾ ਕੀਤੀ ਤੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਭੇਟ ਕੀਤੀਆਂ।ਡਿਪਟੀ ਕਮਿਸ਼ਨਰ ਨੇ ਵਿਭਾਗੀ ਸਟਾਫ਼ ਦੀ ਮੌਜੂਦਗੀ ਵਿੱਚ ਦੋਵਾਂ ਕਰਮਚਾਰੀਆਂ ਨੂੰ ਸਨਮਾਨ ਚਿੰਨ੍ਹ ਭੇਟ ਕੀਤਾ।ਇਸ ਮੌਕੇ ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਦੇ ਸਟਾਫ਼ ਵੱਲੋਂ ਦੋਵਾਂ ਕਰਮਚਾਰੀਆਂ ਨਾਲ ਬਿਤਾਏ ਪਲਾਂ ਬਾਰੇ ਯਾਦਾਂ ਸਾਂਝੀਆਂ ਕੀਤੀਆਂ ਗਈਆਂ ਤੇ ਪਿਆਰ ਤੇ ਸਤਿਕਾਰ ਵਜੋਂ ਵਿਦਾਇਗੀ ਪਾਰਟੀ ਦਿੱਤੀ ਗਈ।ਦੋਵਾਂ ਕਰਮਚਾਰੀਆਂ ਨੇ ਇਸ ਮੌਕੇ ਸਟਾਫ਼ ਵੱਲੋਂ ਦਿੱਤੇ ਗਏ ਸਹਿਯੋਗ ਲਈ ਧੰਨਵਾਦ ਕੀਤਾ।

# ਰਮਨ ਸਿੰਗਲਾ ਪੰਜਾਬ ਮੀਤ ਪ੍ਰਧਾਨ ਤੇ ਮਨਜੀਤ ਕੌਰ ਹਿਊਮਨ ਇੰਪਾਵਰਮੈਂਟ ਸੁਸਾਇਟੀ ਆਫ ਇੰਡੀਆ ਦੇ ਜ਼ਿਲ੍ਹਾ ਮੀਤ ਪ੍ਰਧਾਨ ਨਿਯੁਕਤ



**ਮੋਗਾ (ਇਕਬਾਲ ਸਿੰਘ ਖਹਿਰਾ)** ਹਿਊਮਨ ਇੰਪਾਵਰਮੈਂਟ ਸੁਸਾਇਟੀ ਆਫ ਇੰਡੀਆ ਦੀ ਵਿਸ਼ੇਸ਼ ਮੀਟਿੰਗ ਪ੍ਰਧਾਨ ਸੰਜੀਵ ਨਰੂਲਾ ਦੀ ਅਗਵਾਈ ਦੇ ਵਿੱਚ ਕੀਤੀ ਗਈ। ਇਹ ਮੀਟਿੰਗ ਇੱਕ ਨਿੱਜੀ ਹੋਟਲ ਵਿੱਚ ਕੀਤੀ, ਜਿਸ ਵਿੱਚ ਰਮਨ ਸਿੰਗਲਾ ਨੂੰ ਪੰਜਾਬ ਮੀਤ ਪ੍ਰਧਾਨ ਮਹਿਲਾ ਵਿੰਗ ਤੇ ਮਨਜੀਤ ਕੌਰ ਨੂੰ ਜ਼ਿਲ੍ਹਾ ਮੀਤ ਪ੍ਰਧਾਨ ਮਹਿਲਾ ਵਿੰਗ ਨਿਯੁਕਤ ਕੀਤਾ ਗਿਆ। ਇਸ ਮੌਕੇ ਸੰਸਥਾ ਦੇ ਸੀਨੀਅਰ ਮੀਤ ਪ੍ਰਧਾਨ ਵੇਨਿਕਾ ਗੋਇਲ ਪੰਜਾਬ ਪ੍ਰਧਾਨ ਮਹਿਲਾ ਵਿੰਗ ਭਾਵਨਾ ਬਾਂਸਲ ਤੇ ਜ਼ਿਲ੍ਹਾ ਪ੍ਰਧਾਨ ਮਹਿਲਾ ਵਿੰਗ ਜਸਵੀਰ ਕੌਰ ਜੱਸੀ ਵੱਲੋਂ ਦੋਨਾਂ ਨੂੰ ਨਿਯੁਕਤੀ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਜਾਣਕਾਰੀ ਦਿੰਦੇ ਹੋਏ ਪ੍ਰਧਾਨ ਸੰਜੀਵ ਨਰੂਲਾ ਸੀਨੀਅਰ ਮੀਤ ਪ੍ਰਧਾਨ ਵੇਨਿਕਾ ਗੋਇਲ ਕੈਸ਼ੀਅਰ ਸੰਜੀਵ ਕੁਮਾਰ ਅਰੋੜਾ ਪੰਜਾਬ ਪ੍ਰਧਾਨ ਮਹਿਲਾ ਵਿੰਗ ਭਾਵਨਾ ਬਾਂਸਲ ਤੇ ਜ਼ਿਲ੍ਹਾ ਪ੍ਰਧਾਨ ਮਹਿਲਾ ਵਿੰਗ ਜਸਵੀਰ ਕੌਰ ਜੱਸੀ ਨੇ ਕਿਹਾ ਕਿ ਹਿਊਮਨ ਇੰਪਾਵਰਮੈਂਟ ਸੋਸਾਇਟੀ ਆਫ ਇੰਡੀਆ ਵੱਲੋਂ ਲੋਕਾਂ ਦੀ ਭਲਾਈ ਲਈ ਕੰਮ ਕੀਤੇ ਜਾ ਰਹੇ ਹਨ ਤੇ 14 ਦਸੰਬਰ ਨੂੰ ਸੱਤ ਜ਼ਰੂਰਤਮੰਦ ਲੜਕੀਆਂ ਦੇ ਸਮੂਹਕ ਆਨੰਦ ਕਾਰਜ ਵੀ ਕਰਾਏ ਜਾ ਰਹੇ ਹਨ। ਇਸ ਮੌਕੇ ਰਮਨ ਸਿੰਗਲਾ ਤੇ ਮਨਜੀਤ ਕੌਰ ਨੇ ਸਭ ਤੋਂ ਪਹਿਲਾਂ ਸਾਰਿਆਂ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਉਨ੍ਹਾਂ ਨੂੰ ਜਿਹੜੀ ਅੱਜ ਜ਼ਿੰਮੇਵਾਰੀ ਦਿੱਤੀ ਗਈ ਹੈ, ਉਹ ਬੜੀ ਹੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਸੰਸਥਾ ਵਿੱਚ ਆਪਣਾ ਯੋਗਦਾਨ ਦਿੰਦੇ ਹੋਏ ਸੰਸਥਾ ਦਾ ਨਾਮ ਰੋਸ਼ਨ ਕਰਨਗੇ। ਇਸ ਮੌਕੇ ਸਿਮਰਨ, ਗੁਰਪ੍ਰੀਤ ਕੌਰ, ਮਨਜੀਤ ਕੌਰ, ਲਖਵਿੰਦਰ ਕੌਰ, ਗੁਰਜੀਤ ਕੌਰ, ਕੁਲਵੰਤ ਕੌਰ, ਕੁਲਦੀਪ ਕੌਰ, ਵੀਰਪਾਲ ਕੌਰ, ਦਲਜੀਤ ਕੌਰ, ਇੰਦੂ ਬਲਾ, ਮਮਤਾ ਸ਼ਰਮਾ, ਗੁਰਸੇਵਕ ਸਿੰਘ ਸੰਨਿਆਸੀ, ਜਗਸੀਰ ਸਿੰਘ, ਸੱਤਪਾਲ ਸਿੰਘ ਕੰਡਾ, ਸੰਜੀਵ ਗਰੋਵਰ, ਰਸ਼ਪਾਲ ਸਿੰਘ, ਗੁਰਜੀਤ ਸਿੰਘ, ਹਰਮਨਦੀਪ ਸਿੰਘ, ਚਰਨਜੀਤ ਸਿੰਘ, ਪਰਮਿੰਦਰ ਸਿੰਘ ਸਰਾਂ, ਸੁਨੀਲ ਕੁਮਾਰ, ਅਜੇ ਕੁਮਾਰ, ਸੁਨੀਲ ਕੁਮਾਰ ਸੋਨੂੰ, ਕੁਲਦੀਪ ਪਲਤਾ ਰਾਜਿੰਦਰ ਕੁਮਾਰ ਆਦਿ ਹਾਜ਼ਰ ਸਨ।

## ਨੌਜਵਾਨ ਭਾਰਤ ਸਭਾ ਦਾ ਸ਼ਤਾਬਦੀ ਸਮਾਰੋਹ ਅੱਜ

**ਮਾਨਸਾ (ਆਤਮਾ ਸਿੰਘ ਪਮਾਰ)**

ਸੀ ਪੀ ਆਈ (ਐੱਮ) ਦੇ ਜ਼ਿਲ੍ਹਾ ਸਕੱਤਰ ਤੇ ਜਨਵਾਦੀ ਨੌਜਵਾਨ ਸਭਾ (ਡੀ ਵਾਈ ਐੱਫ ਆਈ) ਦੇ ਸਾਬਕਾ ਸੂਬਾ ਸਕੱਤਰ ਕਾਮਰੇਡ ਸਵਰਨਜੀਤ ਸਿੰਘ ਦਲਿਓ ਐਡਵੋਕੇਟ ਨੇ ਦੱਸਿਆ ਕਿ ਨੌਜਵਾਨ ਭਾਰਤ ਸਭਾ ਦੀ 100 ਵੀ ਵਰ੍ਹੇਗੰਢ ਤੇ ਡੀ ਵਾਈ ਐੱਫ ਆਈ ਦੇ 46ਵੇਂ ਸਥਾਪਨਾ ਦਿਵਸ ਮੌਕੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜੱਦੀ ਪਿੰਡ ਸਰਾਭਾ (ਲੁਧਿਆਣਾ) ਵਿਖੇ 3 ਨਵੰਬਰ ਨੂੰ ਸੂਬਾ ਪੱਧਰ ਦੇ ਸਮਾਰੋਹ ਵਿੱਚ ਮਾਨਸਾ ਜ਼ਿਲ੍ਹੇ ਤੋਂ ਨੌਜਵਾਨਾਂ ਸਮੇਤ ਸਾਥੀ ਵੱਡੀ ਗਿਣਤੀ ਵਿੱਚ ਪਹੁੰਚਣਗੇ।ਇੱਥੇ ਸਥਾਨਕ ਕਾਮਰੇਡ ਦਲਿਓ ਨੇ ਇੱਕ ਪ੍ਰੈੱਸ ਬਿਆਨ ਵਿੱਚ ਦੱਸਿਆ ਕਿ ਪ੍ਰਾਪਤ ਰਿਪੋਰਟਾਂ ਮੁਤਾਬਕ ਸਰਦੂਲਗੜ੍ਹ, ਮਾਨਸਾ ਤੇ ਬੁਢਲਾਡਾ ਤਹਿਸੀਲਾਂ ਵਿੱਚ ਸਰਾਭਾ ਸਮਾਗਮ ਪ੍ਰਤੀ ਉਤਸ਼ਾਹੀ ਰਿਪੋਰਟਾਂ ਮਿਲੀਆਂ ਹਨ ਤੇ ਆਗੂ ਸਾਥੀਆਂ ਨੇ ਇਸ ਇਤਿਹਾਸਕ ਤੇ ਮਹੱਤਵਪੂਰਨ ਸਮਾਰੋਹ ਵਿੱਚ ਪਹੁੰਚਣ ਲਈ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਹਨ।

## ਭਾਰੀ ਬਾਰਿਸ਼ਾਂ ਕਾਰਨ ਨੁਕਸਾਨੇ ਘਰਾਂ ਲਈ ਮੁਆਵਜ਼ੇ ਦੇ ਸੈਂਕਸ਼ਨ ਪੱਤਰ ਜਾਰੀ



**ਗਿੱਦੜਬਾਹਾ/ਮੁਕਤਸਰ (ਜਸਵੰਤ ਗਿੱਲ/ਸ਼ਮਿੰਦਰ ਪਾਲ, ਪੂਜਾ)**-ਬੀਤੇ ਦਿਨੀਂ ਹਲਕੇ ਵਿੱਚ ਭਾਰੀ ਬਾਰਿਸ਼ਾਂ ਨਾਲ ਹੋਏ ਨੁਕਸਾਨ ਦੇ ਮੁਆਵਜ਼ੇ ਸਬੰਧੀ ਹਲਕਾ ਗਿੱਦੜਬਾਹਾ ਵਿਖੇ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸੰਦੀਪ ਸਿੰਘ ਸੰਨੀ ਢਿੱਲੋਂ ਵੱਲੋਂ ਗਿੱਦੜਬਾਹਾ ਦੇ ਲਾਭਪਾਤਰੀਆਂ ਨੂੰ 1 ਲੱਖ 68 ਹਜ਼ਾਰ ਰੁਪਏ ਦੀ ਰਾਸ਼ੀ ਦੇ ਸੈਂਕਸ਼ਨ ਪੱਤਰ ਜਾਰੀ ਕੀਤੇ।ਇਸ ਮੌਕੇ ਉਨ੍ਹਾਂ ਦੱਸਿਆ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਹੜ੍ਹ ਪੀੜਤ ਬਾਰਿਸ਼ ਦਾ ਸ਼ਿਕਾਰ ਲੋਕਾਂ ਨੂੰ ਜੋ ਮੁਆਵਜ਼ਾ ਰਾਸ਼ੀ ਦੇਣ ਦਾ ਵਾਅਦਾ ਕੀਤਾ ਗਿਆ ਸੀ, ਉਸ ਦੇ ਤਹਿਤ ਅੱਜ ਇਹ ਰਾਸ਼ੀ ਲਾਭਪਾਤਰੀਆਂ ਨੂੰ ਮੁਹੱਈਆ ਕਰਵਾਈ ਗਈ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਮਨਜ਼ੂਰੀ ਪੱਤਰਾਂ ਦੇ ਨਾਲ ਹੀ ਲਾਭਪਾਤਰੀਆਂ ਦੇ ਖਾਤੇ ਵਿੱਚ ਸਿੱਧੇ ਪੈਸੇ ਪਾਏ ਜਾਣਗੇ। ਇਸ ਮੌਕੇ ਦੀਪਕ ਭਾਰਦਵਾਜ ਤਹਿਸੀਲਦਾਰ ਗਿੱਦੜਬਾਹਾ, ਪਟਵਾਰੀ ਹਲਕਾ ਰਜਿੰਦਰ ਸਿੰਘ, ਮਹਿਮਾ ਸਿੰਘ ਏ.ਐੱਸ.ਐੱਮ., ਡਾਟਾ ਐਂਟਰੀ ਅਪ੍ਰੇਟਰ ਗੁਰਜਿੰਦਰ ਸਿੰਘ, ਰਜਿੰਦਰ ਸਿੰਘ ਤੋਂ ਇਲਾਵਾ ਸਬੰਧਤ ਪਿੰਡਾਂ ਦੀਆਂ ਪੰਚਾਇਤਾਂ ਦੇ ਨੁਮਾਇੰਦੇ ਤੇ ਆਮ ਆਦਮੀ ਪਾਰਟੀ ਦੇ ਵਰਕਰ ਹਾਜ਼ਰ ਸਨ।

## ਹੋਲੀ ਹਾਰਟ ਸਕੂਲ ਵੱਲੋਂ ਸਿੱਖਿਆ ਤੇ ਮਨੋਰੰਜਨ ਭਰਪੂਰ ਗਤੀਵਿਧੀਆਂ



**ਅਜੀਤਵਾਲ (ਨਛੱਤਰ ਸੰਧੂ)**-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵੱਲੋਂ ਛੋਟੇ ਬੱਚਿਆਂ ਲਈ ਇਕ ਵਿਸ਼ੇਸ਼ ਦਿਵਸ ਮਨਾਇਆ ਗਿਆ, ਜਿਸ ਵਿੱਚ ਸਿੱਖਿਆ ਨਾਲ ਨਾਲ ਮਨੋਰੰਜਕ ਗਤੀਵਿਧੀਆਂ ਵੀ ਕਰਵਾਈਆਂ ਗਈਆਂ।ਸਮਾਰੋਹ ਦੌਰਾਨ ਬੱਚਿਆਂ ਨੇ ਵੱਖ-ਵੱਖ ਖੇਡਾਂ, ਗਾਣਿਆਂ ਤੇ ਕਲਾ ਪ੍ਰਦਰਸ਼ਨਾਂ ਵਿੱਚ ਭਾਗ ਲੈ ਕੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਅਧਿਆਪਕਾਂ ਵੱਲੋਂ ਖੇਡਾਂ ਰਾਹੀਂ ਬੱਚਿਆਂ ਨੂੰ ਸਿੱਖਣ ਦੇ ਨਵੇਂ ਤਰੀਕੇ ਸਿਖਾਏ ਗਏ, ਤਾਂ ਜੋ ਉਹ ਸਿੱਖਿਆ ਨੂੰ ਮਨੋਰੰਜਨ ਨਾਲ ਜੋੜ ਕੇ ਸਮਝ ਸਕਣ।ਇਸ ਮੌਕੇ ਸਕੂਲ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਕਿਹਾ ਕਿ ਛੋਟੀ ਉਮਰ ਦੇ ਬੱਚਿਆਂ ਲਈ ਖੇਡਾਂ ਤੇ ਰਚਨਾਤਮਕ ਗਤੀਵਿਧੀਆਂ ਰਾਹੀਂ ਸਿੱਖਿਆ ਦੇਣਾ ਸਭ ਤੋਂ ਪ੍ਰਭਾਵਸ਼ਾਲੀ ਢੰਗ ਹੈ।ਇਸ ਨਾਲ ਬੱਚਿਆਂ ਦਾ ਵਿਸ਼ਵਾਸ ਵਧਦਾ ਹੈ, ਉਨ੍ਹਾਂ ਦੀ ਸੋਚ ਸ਼ਕਤੀ ਵਿਕਸਿਤ ਹੁੰਦੀ ਹੈ ਤੇ ਉਹ ਸਿੱਖਣ ਪ੍ਰਤੀ ਹੋਰ ਜ਼ਿਆਦਾ ਉਤਸ਼ਾਹਤ ਹੁੰਦੇ ਹਨ।ਸਮਾਰੋਹ ਦੇ ਅੰਤ 'ਤੇ ਚੰਗਾ ਪ੍ਰਦਰਸ਼ਨ ਕਰਨ ਵਾਲੇ ਬੱਚਿਆਂ ਨੂੰ ਪ੍ਰਸ਼ੰਸਾ ਪੱਤਰ ਦਿੱਤੇ ਗਏ ਤੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ।ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੇਆ ਪਲਤਾ ਤੇ ਸਕੂਲ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਕਿਹਾ ਕਿ ਹੋਲੀ ਹਾਰਟ ਸਕੂਲ ਹਮੇਸ਼ਾ ਵਿਦਿਆਰਥੀਆਂ ਦੇ ਸਮੁੱਚੇ ਵਿਕਾਸ ਲਈ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਕਰਦਾ ਰਹੇਗਾ, ਤਾਂ ਜੋ ਬੱਚੇ ਸਿੱਖਿਆ ਦੇ ਨਾਲ ਜੀਵਨ ਮੁੱਲਾਂ ਨੂੰ ਵੀ ਅਪਣਾਉਣ।

## ਝਾੜ ਸਾਹਿਬ ਕਾਲਜ 'ਚ ਰਾਸ਼ਟਰੀ ਏਕਤਾ ਦਿਵਸ ਮਨਾਇਆ



**ਸਮਰਾਲਾ (ਸੁਰਜੀਤ ਸਿੰਘ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਰਪ੍ਰਸਤੀ ਹੇਠ ਚੱਲ ਰਹੀ ਇਲਾਕੇ ਦੀ ਸਿਰਮੌਰ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ ਝਾੜ ਸਾਹਿਬ ਦੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਐੱਨ.ਐੱਸ.ਐੱਸ. ਯੂਨਿਟ ਦੇ ਪ੍ਰੋਗਰਾਮ ਅਫਸਰ ਜਸਵੀਰ ਕੌਰ ਤੇ ਵਲੰਟੀਅਰਜ਼ ਵੱਲੋਂ ਭਾਰਤ ਦੇ ਲੋਹ ਪੁਰਸ਼ ਸਰਦਾਰ ਵੱਲਭ ਭਾਈ ਪਟੇਲ ਦੀ 150ਵੀਂ ਜਨਮ ਸ਼ਤਾਬਾਦੀ ਨੂੰ ਸਮਰਪਤ ਸਟਾਫ ਤੇ ਵਲੰਟੀਅਰਜ਼ ਵੱਲੋਂ ਦੇਸ਼ ਦੀ ਏਕਤਾ ਤੇ ਅਖੰਡਤਾ ਨੂੰ ਬਣਾਈ ਰੱਖਣ ਲਈ ਸਹੁੰ ਚੁੱਕੀ।ਇਸ ਪ੍ਰੋਗਰਾਮ ਵਿੱਚ ਵਿਦਿਆਰਥਣਾਂ ਵੱਲੋਂ ਵੱਧ ਚੜ੍ਹ ਕੇ ਹਿੱਸਾ ਲਿਆ ਗਿਆ।ਇਸ ਦਿਵਸ ਨੂੰ ਸਮਰਪਤ ਵੱਖ ਵੱਖ ਗਤੀਵਿਧੀਆਂ ਕਰਵਾਈਆਂ ਗਈਆਂ।ਇਸ ਮੌਕੇ ਵਿਦਿਆਰਥਣਾਂ ਦੇ ਲੇਖ ਰਚਨਾ ਮੁਕਾਬਲੇ ਕਰਵਾਏ ਗਏ।ਡਾ. ਮਹੀਪਿੰਦਰ ਕੌਰ ਮੁਖੀ ਪੰਜਾਬੀ ਵਿਭਾਗ ਵੱਲੋਂ ਵਿਦਿਆਰਥਣਾਂ ਨੂੰ ਭਾਸ਼ਣ ਦਿੰਦੇ ਹੋਏ ਕਿਹਾ ਕਿ ਭਾਰਤ ਵਿੱਚ ਭਾਵੇਂ ਵੱਖ-ਵੱਖ ਭਾਸ਼ਾਵਾਂ ਬੋਲਣ ਵਾਲੇ, ਵੱਖ-ਵੱਖ ਸੱਭਿਆਚਾਰ ਦੇ ਮਾਲਕ ਤੇ ਵੱਖ-ਵੱਖ ਧਰਮਾਂ ਨੂੰ ਮੰਨਣ ਵਾਲੇ ਲੋਕ ਵਸਦੇ ਹਨ, ਪ੍ਰੰਤੂ ਤਾਂ ਵੀ ਭਾਰਤ ਵਿੱਚ ਏਕਤਾ ਦੀ ਭਾਵਨਾ ਪਾਈ ਜਾਂਦੀ ਹੈ।ਕਾਲਜ ਦੇ ਪ੍ਰਿੰਸੀਪਲ ਵੱਲੋਂ ਇਸ ਪ੍ਰੋਗਰਾਮ ਦੀ ਸ਼ਲਾਘਾ ਕਰਦਿਆਂ ਰਾਸ਼ਟਰੀ ਏਕਤਾ ਬਾਰੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਕੋਈ ਵੀ ਦੇਸ਼ ਉਦੋਂ ਤੱਕ ਪ੍ਰਗਤੀ ਦੇ ਸਿਖਰ 'ਤੇ ਨਹੀਂ ਪਹੁੰਚ ਸਕਦਾ, ਜਦੋਂ ਤੱਕ ਦੇਸ਼ ਵਿੱਚ ਰਾਸ਼ਟਰੀ ਏਕਤਾ ਨਾ ਹੋਵੇ। ਇਸ ਤੋਂ ਇਲਾਵਾ ਉਨ੍ਹਾਂ ਨੇ ਸਰਦਾਰ ਵੱਲਭ ਭਾਈ ਪਟੇਲ ਦੇ ਆਦਰਸ਼ਾਂ ਦੀ ਪਾਲਣਾ ਕਰਨ ਲਈ ਵਿਦਿਆਰਥਣਾਂ ਨੂੰ ਪ੍ਰੇਰਣਾ ਦਿੱਤੀ।

# ਲੀਗਲ ਮੀਟਰੋਲੋਜੀ ਸੰਬੰਧੀ ਨਵਾਂ ਫੈਸਲਾ ਵਪਾਰੀ ਵਿਰੋਧੀ : ਗੁਪਤਾ

**ਕੇਂਦਰ ਸਰਕਾਰ ਫੈਸਲੇ 'ਤੇ ਮੁੜ ਵਿਚਾਰ ਕਰੇ**



**ਧੂਰੀ (ਮਨੋਹਰ ਸੱਗ, ਬਿੰਨੀ ਗਰਗ, ਮੋਹਿਤ ਗਰਗ)**-ਪੰਜਾਬ ਪ੍ਰਦੇਸ਼ ਰੀਟੇਲ ਐਂਡ ਹੋਲਸੇਲ ਕਰਿਆਨਾ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਪ੍ਰਮੋਦ ਗੁਪਤਾ ਧੂਰੀ ਨੇ ਐਸੋਸੀਏਸ਼ਨ ਦੇ ਚੇਅਰਮੈਨ ਕ੍ਰਿਸ਼ਨ ਲਾਲ ਜਸੂਜਾ ਤੇ ਸੀਨੀਅਰ ਮੀਤ ਪ੍ਰਧਾਨ ਅਰੁਣ ਗੁਪਤਾ ਨਾਲ ਇੱਕ ਮੀਟਿੰਗ ਉਪਰੰਤ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਭਾਵੇਂ ਕੇਂਦਰ ਦੀ ਭਾਜਪਾ ਸਰਕਾਰ ਨੂੰ ਵਪਾਰੀ ਪੱਖੀ ਮੰਨਿਆ ਜਾਂਦਾ ਹੈ, ਪਰ ਸਰਕਾਰ ਦੇ ਹਾਲ ਹੀ ਦੇ ਇੱਕ ਫੈਸਲੇ ਕਾਰਨ ਵਪਾਰੀ ਵਰਗ 'ਚ ਚਿੰਤਾ ਤੇ ਨਿਰਾਸ਼ਾ ਪਾਈ ਜਾ ਰਹੀ ਹੈ।ਪ੍ਰਮੋਦ ਗੁਪਤਾ ਨੇ ਕਿਹਾ ਕਿ ਸਰਕਾਰ ਦਾ ਇਹ ਫੈਸਲਾ ਖੱਪਤਕਾਰਾਂ ਦੇ ਹਿੱਤਾਂ ਦੀ ਰਾਖੀ ਲਈ ਬਣਾਏ ਲੀਗਲ ਮੀਟਰੋਲੋਜੀ ਕਾਨੂੰਨ-2009 ਨਾਲ ਸਬੰਧਤ ਹੈ।ਉਨ੍ਹਾਂ ਕਿਹਾ ਕਿ ਲੀਗਲ ਮੀਟਰੋਲੋਜੀ ਕਾਨੂੰਨ ਤਹਿਤ ਵਪਾਰਕ ਅਦਾਰਿਆਂ ਵੱਲੋਂ ਵਰਤੇ ਜਾਂਦੇ ਨਾਪਤੋਲ ਉਪਕਰਨਾਂ ਦੀ ਪੜਤਾਲ ਲੀਗਲ ਮੀਟਰੋਲੋਜੀ ਅਫ਼ਸਰਾਂ ਵੱਲੋਂ ਕੀਤੀ ਜਾਂਦੀ ਹੈ, ਪਰ ਹੁਣ ਖਪਤਕਾਰ ਮਾਮਲੇ ਖੁਰਾਕ ਤੇ ਜਨਤਕ ਵੰਡ ਮੰਤਰਾਲਾ ਭਾਰਤ ਸਰਕਾਰ ਵੱਲੋਂ 23 ਅਕਤੂਬਰ 2025 ਨੂੰ ਇੱਕ ਨੋਟੀਫਿਕੇਸ਼ਨ ਜਾਰੀ ਕਰਕੇ ਇਹ ਪੜਤਾਲ ਦਾ ਕੰਮ ਨਿੱਜੀ ਵੱਡੇ ਵਪਾਰਕ ਅਦਾਰਿਆਂ ਨੂੰ ਦੇਣ ਦਾ ਫੈਸਲਾ ਕੀਤਾ ਗਿਆ ਹੈ, ਜਿਸ ਦਾ ਨਾਮ ਗੌਰਮਿੰਟ ਅਪਰੂਵਡ ਟੈਸਟਿੰਗ ਸੈਂਟਰ ਹੋਵੇਗਾ ਤੇ ਅਜਿਹੇ ਸੈਂਟਰਾਂ ਨੂੰ ਲਾਭ ਦੇਣ ਹਿੱਤ ਫੀਸਾਂ 'ਚ 10 ਗੁਣਾਂ ਤੱਕ ਦਾ ਵਾਧਾ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਜਿੱਥੇ ਪਹਿਲਾਂ ਇੱਕ 10 ਕਿੱਲੋ ਦੇ ਕੰਡੇ ਦੀ ਪੜਤਾਲ ਫੀਸ 150 ਰੁਪਏ ਹੈ, ਪਰ ਹੁਣ ਨਵੇਂ ਫੈਸਲੇ ਤਹਿਤ ਇਹ ਫੀਸ 2000 ਰੁਪਏ ਰੱਖੀ ਗਈ ਹੈ।ਉਨ੍ਹਾਂ ਪਹਿਲਾਂ ਹੀ ਮੰਦੀ ਦੀ ਮਾਰ ਝੱਲ ਰਹੇ ਵਪਾਰੀ ਵਰਗ ਲਈ ਨਵੇਂ ਫੈਸਲੇ ਨੂੰ ਵਪਾਰੀ ਮਾਰੂ ਫੈਸਲਾ ਦੱਸਦਿਆਂ ਸਰਕਾਰ ਨੂੰ ਆਪਣੇ ਫੈਸਲੇ 'ਤੇ ਮੁੜ ਵਿਚਾਰ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਜੇਕਰ ਅਜਿਹਾ ਨਾ ਕੀਤਾ ਗਿਆ ਤਾਂ ਵਪਾਰੀ ਵਰਗ ਨੂੰ ਸੰਘਰਸ਼ ਦਾ ਰਾਹ ਅਖਤਿਆਰ ਕਰਨ ਲਈ ਮਜਬੂਰ ਹੋਣਾ ਪਵੇਗਾ।

## ਸ੍ਰੀ ਖਾਟੂ ਸ਼ਿਆਮ ਜੀ ਦੇ ਜਨਮ ਦਿਹਾੜੇ ਨੂੰ ਸਮਰਪਤ ਲੰਗਰ ਲਾਇਆ



**ਬਠਿੰਡਾ (ਰਾਜੀਵ ਗੋਇਲ)**-ਜ਼ਿਲ੍ਹੇ ਦੇ ਕਸਬਾ ਭਗਤਾ ਵਿਖੇ ਸਮੂਹ ਦੁਕਾਨਦਾਰਾਂ ਵੱਲੋਂ ਇਕੱਤਰ ਹੋ ਕੇ ਹਿੰਦੂ ਧਰਮ ਦੇ ਥੰਮ ਜਾਣੇ ਜਾਂਦੇ ਰਾਜਸਥਾਨ ਦੇ ਸੀਕਰ ਜ਼ਿਲ੍ਹੇ ਵਿੱਚ ਸਥਾਪਤ ਸ੍ਰੀ ਖਾਟੂ ਸ਼ਿਆਮ ਮੰਦਰ ਦੇ ਬਾਬਾ ਸ੍ਰੀ ਸ਼ਿਆਮ ਜੀ ਦਾ ਜਨਮ ਦਿਹਾੜਾ ਧੂਮ-ਧਾਮ ਨਾਲ ਮਨਾਇਆ ਗਿਆ।ਇਸ ਮੌਕੇ ਇਕੱਤਰ ਹੋਏ ਦੁਕਾਨਦਾਰਾਂ ਵੱਲੋਂ ਆਉਣ-ਜਾਣ ਵਾਲੇ ਰਾਹਗੀਰਾਂ ਲਈ ਕੜਾਹ ਪ੍ਰਸ਼ਾਦ ਦਾ ਲੰਗਰ ਲਗਾਇਆ ਗਿਆ ਤੇ ਨਾਲ ਹੀ ਪਟਾਕੇ ਚਲਾ ਕੇ ਖੁਸ਼ੀ ਸਾਂਝੀ ਕੀਤੀ ਗਈ।ਉਧਰ ਦੂਜੇ ਪਾਸੇ ਲੱਭੀ ਜਨਰਲ ਸਟੋਰ ਦੇ ਸੰਚਾਲਕਾਂ ਵੱਲੋਂ ਵੀ ਸ੍ਰੀ ਖਾਟੂ ਸ਼ਿਆਮ ਬਾਬਾ ਜੀ ਦਾ ਜਨਮ ਦਿਹਾੜਾ ਕੜਾਹ ਵੰਡ ਕੇ ਮਨਾਇਆ ਗਿਆ।ਇਸ ਮੌਕੇ ਅਸ਼ੋਕ ਕੁਮਾਰ ਜਨਰਲ ਸਟੋਰ ਵਾਲੇ, ਬਿੱਟੂ ਅਰੋੜਾ, ਰਿੰਕੂ, ਪ੍ਰਵੀਨ ਮਹੇਸ਼ਵਰੀ, ਮਨੂ ਗੋਇਲ, ਨਰੇਸ਼ ਗੋਇਲ, ਸੋਨੂੰ ਅਰੋੜਾ, ਪ੍ਰਦੀਪ ਕੁਮਾਰ, ਰਾਜਿੰਦਰ ਕੁਮਾਰ, ਕਾਲਾ ਸ਼ਰਮਾ, ਲਵਿਸ਼ ਗਰਗ, ਸਤੀਸ਼ ਕੁਮਾਰ ਲੱਭੀ ਸਮੇਤ ਸਮੂਹ ਦੁਕਾਨਦਾਰ ਹਾਜ਼ਰ ਸਨ।

## ਪੀ ਐੱਚ ਸੀ ਗੋਲੇਵਾਲਾ ਵਿਖੇ ਸੀ ਪੀ ਆਰ ਬਾਰੇ ਕੀਤਾ ਜਾਗਰੂਕ

*ਸੀ ਪੀ ਆਰ ਦੀ ਸਿਖਲਾਈ ਹਰ ਉਮਰ ਦੇ ਵਿਅਕਤੀ ਲਈ ਬਹੁਤ ਜ਼ਰੂਰੀ : ਡਾ. ਹਰਿੰਦਰ ਕੌਰ*

**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਸਿਵਲ ਸਰਜਨ ਫਰੀਦਕੋਟ ਡਾ. ਚੰਦਰ ਸ਼ੇਖਰ ਕੱਕੜ ਦੇ ਦਿਸ਼ਾ ਨਿਰਦੇਸ਼ਾਂ ਹੇਠ ਤੇ ਡਾ. ਅਰਸ਼ਦੀਪ ਸਿੰਘ ਸੀਨੀਅਰ ਮੈਡੀਕਲ ਅਫ਼ਸਰ ਇੰਚਾਰਜ



ਪੀ. ਐੱਚ. ਸੀ. ਜੰਡ ਸਾਹਿਬ ਦੀ ਰਹਿਨੁਮਈ ਹੇਠ ਪੀ. ਐੱਚ. ਸੀ. ਗੋਲੇਵਾਲਾ ਵਿਖੇ ਆਏ ਹੋਏ ਮਰੀਜ਼ਾਂ ਤੇ ਸਿਹਤ ਕਰਮਚਾਰੀਆਂ ਨੂੰ ਸੀ.ਪੀ.ਆਰ. ਬਾਰੇ ਜਾਗਰੂਕ ਕੀਤਾ ਗਿਆ। ਇਸ ਮੌਕੇ ਜਾਣਕਾਰੀ ਦਿੰਦਿਆਂ ਨੋਡਲ ਅਫਸਰ ਆਈ.ਈ.ਸੀ. ਗਤੀਵਿਧੀਆਂ ਬੀ.ਈ.ਈ. ਰਜਿੰਦਰ ਕੁਮਾਰ ਨੇ ਸੀ.ਪੀ.ਆਰ. ਦੀ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਤੇ ਕਿਹਾ ਸੀ.ਪੀ.ਆਰ. ਇੱਕ ਐਮਰਜੈਂਸੀ ਤਕਨੀਕ ਹੈ, ਜੋ ਉਸ ਸਮੇਂ ਵਰਤੀ ਜਾਂਦੀ ਹੈ, ਜਦੋਂ ਕਿਸੇ ਵਿਅਕਤੀ ਦਾ ਦਿਲ ਧੜਕਣਾ ਬੰਦ ਕਰ ਦਿੰਦਾ ਹੈ ਜਾਂ ਉਹ ਸਾਹ ਲੈਣਾ ਛੱਡ ਦਿੰਦਾ ਹੈ।ਇਸ ਤਕਨੀਕ ਤਹਿਤ ਛਾਤੀ 'ਤੇ ਦਬਾਅ ਤੇ ਸਾਹ ਦੇਣ ਰਾਹੀਂ ਰੁਕੇ ਹੋਏ ਖੂਨ ਦੇ ਗੇੜ ਨੂੰ ਮੁੜ ਚਾਲੂ ਕੀਤਾ ਜਾਂਦਾ ਹੈ, ਜਿਸ ਨਾਲ ਦਿਮਾਗ ਤੇ ਹੋਰ ਅੰਗਾਂ ਨੂੰ ਆਕਸੀਜਨ ਮਿਲਦੀ ਰਹਿੰਦੀ ਹੈ।ਉਨ੍ਹਾਂ ਕਿਹਾ ਕਿ ਸੀ.ਪੀ.ਆਰ. ਦੀ ਸਿਖਲਾਈ ਹਰ ਉਮਰ ਦੇ ਵਿਅਕਤੀ ਲਈ ਬਹੁਤ ਜ਼ਰੂਰੀ ਹੈ।ਅਸੀਂ ਇਹ ਯਤਨ ਕਰ ਰਹੇ ਹਾਂ ਕਿ ਹਰ ਘਰ ਵਿੱਚ ਘੱਟੋ-ਘੱਟ ਇੱਕ ਵਿਅਕਤੀ ਨੂੰ ਸੀ.ਪੀ.ਆਰ. ਤਕਨੀਕ ਆਉਣਾ ਚਾਹੀਦਾ ਹੈ ਤਾਂ ਜੋ ਕਿਸੇ ਦੀ ਜ਼ਿੰਦਗੀ ਸਮੇਂ ਸਿਰ ਬਚਾਈ ਜਾ ਸਕੇ ਤੇ ਇਹ ਵੀ ਕਿਹਾ ਕਿ ਉਹ ਇਸ ਜੀਵਨ-ਬਚਾਊ ਤਕਨੀਕ ਦੀ ਜਾਣਕਾਰੀ ਹੋਰ ਲੋਕਾਂ ਤੱਕ ਪਹੁੰਚਾਉਣਗੇ।ਇਸ ਮੌਕੇ ਡਾ. ਹਰਿੰਦਰ ਕੌਰ ਮੈਡੀਕਲ ਅਫ਼ਸਰ ਨੇ ਕਿਹਾ ਕਿ ਇਸ ਹੁਨਰ ਦਾ ਹਰੇਕ ਵਿਅਕਤੀ ਨੂੰ ਪਤਾ ਹੋਣਾ ਚਾਹੀਦਾ ਹੈ, ਤਾਂ ਕਿ ਦਿਲ ਦੇ ਦੌਰੇ ਤੋਂ ਹੋਣ ਵਾਲੀਆਂ ਅਚਾਨਕ ਮੌਤਾਂ ਦੀ ਦਰ ਨੂੰ ਘਟਾਇਆ ਜਾ ਸਕਦਾ ਹੈ ਤੇ ਕਿਹਾ ਕਿ ਕਿਸੇ ਵੀ ਐਮਰਜੈਂਸੀ ਵੇਲੇ ਹਰ ਵਿਅਕਤੀ ਨੂੰ ਬਿਨਾਂ ਘਬਰਾਏ ਤੇ ਬਿਨਾਂ ਕਿਸੇ ਡਰ ਤੋਂ ਜ਼ਖਮੀਆਂ ਜਾਂ ਅਚਾਨਕ ਕਿਸੇ ਵਿਅਕਤੀ ਨੂੰ ਦਿਲ ਦਾ ਦੌਰਾ ਪੈਣ 'ਤੇ ਤੁਰੰਤ ਮਦਦ ਕਰਨੀ ਚਾਹੀਦੀ ਹੈ।

# ਜ਼ਿਲ੍ਹਾ ਸੰਗਰੂਰ ਦੀਆਂ ਲੜਕੀਆਂ ਬਣੀਆਂ ਬੇਸਬਾਲ ਅੰਤਰ ਜ਼ਿਲ੍ਹਾ ਸਕੂਲ ਖੇਡਾਂ 'ਚ ਚੈਂਪੀਅਨ



**ਸੰਗਰੂਰ (ਪ੍ਰਵੀਨ ਸਿੰਘ)**-69ਵੀਆਂ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਬੇਸਬਾਲ ਅੰਡਰ-17 ਲੜਕੇ/ਲੜਕੀਆਂ 2025-26, ਜੋ ਕਿ ਸਥਾਨਕ ਸਰਕਾਰੀ ਰਣਬੀਰ ਕਾਲਜ ਸੰਗਰੂਰ ਦੇ ਖੇਡ ਗਰਾਊਂਡ ਵਿਖੇ ਕਰਵਾਈਆਂ ਗਈਆਂ, ਸ਼ਨੀਵਾਰ ਸਫਲਤਾਪੂਰਵਕ ਸਮਾਪਤ ਹੋ ਗਈਆਂ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਟੂਰਨਾਮੈਂਟ ਦੇ ਕਨਵੀਨਰ ਸ੍ਰ. ਰੇਸ਼ਮਪਾਲ ਸਿੰਘ ਡੀ.ਪੀ.ਈ. ਨੇ ਦੱਸਿਆ ਕਿ ਅੱਜ ਅੰਡਰ-17 ਸਾਲ ਦੇ ਲੜਕੀਆਂ ਦੇ ਮੁਕਾਬਲਿਆਂ ਵਿੱਚ ਪੰਜਾਬ ਭਰ ਦੇ ਜ਼ਿਲ੍ਹਿਆਂ ਵਿੱਚੋਂ ਖਿਡਾਰੀਆਂ ਨੇ ਭਾਗ ਲਿਆ, ਇਨ੍ਹਾਂ ਕਾਬਲਿਆਂ ਵਿੱਚੋਂ ਜ਼ਿਲ੍ਹਾ ਸੰਗਰੂਰ ਨੇ 7-5 ਦੇ ਫਰਕ ਨਾਲ ਪਹਿਲਾ ਸਥਾਨ ਹਾਸਲ ਕੀਤਾ, ਜ਼ਿਲ੍ਹਾ ਲੁਧਿਆਣਾ ਨੇ ਦੂਜਾ ਸਥਾਨ ਹਾਸਲ ਕੀਤਾ ਤੇ ਜ਼ਿਲ੍ਹਾ ਫਿਰੋਜ਼ਪੁਰ ਨੇ 9-3 ਦੇ ਫ਼ਰਕ ਨਾਲ ਮੋਗਾ ਨੂੰ ਹਰਾ ਕੇ ਤੀਜਾ ਸਥਾਨ ਹਾਸਲ ਕੀਤਾ।ਇਨਾਮ ਵੰਡ ਸਮਾਰੋਹ ਦੀ ਰਸਮ ਸ੍ਰੀਮਤੀ ਨਰੇਸ਼ ਸੈਣੀ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਸੰਗਰੂਰ ਨੇ ਅਦਾ ਕੀਤੀ। ਉਨ੍ਹਾਂ ਨੇ ਸਫਲਤਾ ਹਾਸਲ ਕਰਨ ਵਾਲੇ ਖਿਡਾਰੀਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਸੰਬੋਧਨ ਕਰਦਿਆਂ ਖੇਡ ਭਾਵਨਾ ਤੇ ਇਮਾਨਦਾਰੀ ਨਾਲ ਖੇਡਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸਟੇਟ ਵੱਲੋਂ ਬਤੌਰ ਅਬਜ਼ਰਵਰ ਤੇ ਸਲੈਕਟਰ ਪਵਿੱਤਰ ਸਿੰਘ ਪਟਿਆਲਾ, ਸ੍ਰੀ ਸ਼ਸ਼ੀ ਕੁਮਾਰ ਪਟਿਆਲਾ, ਸ਼੍ਰੀਮਤੀ ਅਰਚਨਾ ਬਰਨਾਲਾ, ਵੀਰ ਏਕਲਵ ਲੁਧਿਆਣਾ ਹਾਜ਼ਰ ਸਨ।ਇਨ੍ਹਾਂ ਤੋਂ ਇਲਾਵਾ ਹੈੱਡਮਿਸਟਰੈੱਸ ਮਨਜੋਤ ਕੌਰ, ਹੈੱਡਮਿਸਟਰੈੱਸ ਸ਼ੀਨੂੰ, ਹੈੱਡਮਾਸਟਰ ਸੁਖਦੀਪ ਸਿੰਘ, ਹੈੱਡਮਾਸਟਰ ਗੁਰਿੰਦਰ ਸਿੰਘ, ਹੈੱਡਮਾਸਟਰ ਹਰਪ੍ਰੀਤ ਸਿੰਘ ਤੇ ਸਟੇਜ ਸਕੱਤਰ ਦੀ ਭੂਮਿਕਾ ਸਪਿੰਦਰ ਕੌਰ ਨੇ ਬਾਖੂਬੀ ਨਿਭਾਈ। ਇਸ ਤੋਂ ਇਲਾਵਾ ਸਰੀਰਕ ਸਿੱਖਿਆ ਦੇ ਅਧਿਆਪਕ ਤੇ ਬੇਸਬਾਲ ਦੇ ਮਾਹਰ ਅਧਿਆਪਕ ਕੇਵਲ ਸਿੰਘ ਲੈਕ., ਚਮਕੌਰ ਸਿੰਘ, ਸਤਗੁਰ ਸਿੰਘ, ਰੁਕਵਿੰਦਰ ਸਿੰਘ ਆਦਿ ਹਾਜ਼ਰ ਹਨ।

## ਪ੍ਰਭਾਤ ਫੇਰੀ ਦਾ ਸੰਗਤਾਂ ਵੱਲੋਂ ਭਰਵਾਂ ਸਵਾਗਤ



**ਲੌਂਗੋਵਾਲ (ਪ੍ਰਦੀਪ ਸੱਪਲ)**-ਗੁਰਦੁਆਰਾ ਯਾਦਗਾਰ ਸ਼ਹੀਦਾਂ ਪੱਤੀ ਦੁੱਲਟ ਲੌਂਗੋਵਾਲ ਦੇ ਪ੍ਰਧਾਨ ਗੁਰਜੰਟ ਸਿੰਘ ਦੁੱਲਟ, ਅਵਤਾਰ ਸਿੰਘ ਨੰਬਰਦਾਰ ਤੇ ਜਸਵਿੰਦਰ ਸਿੰਘ ਦੁੱਲਟ ਨੇ ਦੱਸਿਆ ਕਿ 5 ਨਵੰਬਰ ਨੂੰ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸੰਗਤਾਂ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਮਨਾਉਣ ਸਬੰਧੀ ਤਿਆਰੀਆਂ ਪੂਰੇ ਜ਼ੋਰਾਂ 'ਤੇ ਚੱਲ ਰਹੀਆਂ ਹਨ।ਇਸ ਪ੍ਰਕਾਸ਼ ਦਿਹਾੜੇ ਸਬੰਧੀ ਰੋਜ਼ਾਨਾ ਇਸ ਸਥਾਨ ਤੋਂ ਸਵੇਰੇ 4 ਵਜੇ ਪ੍ਰਭਾਤ ਫੇਰੀਆਂ ਆਰੰਭ ਹੁੰਦੀਆਂ ਹਨ ਅਤੇ ਅੱਜ ਪ੍ਰਭਾਤ ਫੇਰੀਆਂ ਦਾ 10ਵਾਂ ਦਿਨ ਹੋ ਚੁੱਕਾ ਹੈ।ਇਸ ਪ੍ਰਭਾਤ ਫੇਰੀ ਦਾ ਕਸਬੇ ਦੀਆਂ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਜਾਂਦਾ ਹੈ ਤੇ ਸਤਿਨਾਮ-ਵਾਹਿਗੁਰੂ ਜੀ ਦਾ ਜਾਪ ਕਰਦੇ ਹਨ।ਇਸ ਪ੍ਰਭਾਤ ਫੇਰੀ ਦਾ ਜਸਵਿੰਦਰ ਸਿੰਘ ਨਿੱਪੀ, ਸੁਖਵਿੰਦਰ ਸਿੰਘ ਦੁੱਲਟ, ਸਰਪੰਚ ਗੋਬਿੰਦ ਸਿੰਘ, ਹਰਦੇਵ ਸਿੰਘ ਭੱਠਲ ਆਦਿ ਨੇ ਆਪਣੀ ਹਾਜ਼ਰੀ ਲਗਵਾਈ ਤੇ ਗੁਰਦੁਆਰਾ ਸਿੱਧ ਸਮਾਧਾਂ ਵਿਖੇ ਦਸਵੀਂ ਮੌਕੇ ਪੁੱਜੀ ਪ੍ਰਭਾਤ ਫੇਰੀ ਦਾ ਸੰਗਤਾਂ ਨੇ ਭਰਵਾਂ ਸਵਾਗਤ ਕੀਤਾ।

## ਇੰਡਕ ਆਰਟਸ ਵੈੱਲਫੇਅਰ ਕੌਂਸਲ ਵੱਲੋਂ ਅਸ਼ੋਕ ਭੰਡਾਰੀ ਨੂੰ ਰਾਜ ਆਈਕਨ ਐਵਾਰਡ



**ਧੂਰੀ (ਸੁਖਦੇਵ ਧੂਰੀ)**-ਇੰਡਕ ਆਰਟਸ ਵੈੱਲਫੇਅਰ ਕੌਂਸਲ ਵੱਲੋਂ 18ਵਾਂ ਰਾਜ ਪੱਧਰੀ ਪੁਰਸਕਾਰ ਸਮਾਰੋਹ 2025 ਬਹੁਤ ਹੀ ਸ਼ਾਨਦਾਰ ਢੰਗ ਨਾਲ ਲਵ ਪੰਜਾਬ ਫਾਰਮ ਕੋਟਕਪੂਰਾ ਵਿਖੇ ਬੀਤੇ ਦਿਨੀਂ ਸੰਪੰਨ ਹੋਇਆ।ਇਹ ਸਮਾਗਮ ਸੰਸਥਾ ਦੇ ਡਾਇਰੈਕਟਰ ਪ੍ਰੋਫੈਸਰ ਭਾਈ ਭੋਲਾ ਯਮਲਾ ਤੇ ਸੰਸਥਾ ਦੇ ਸਰਪ੍ਰਸਤ ਹਰਦੀਪ ਸਿੰਘ ਕਿੰਗਰਾ ਦੀ ਯੋਗ ਅਗਵਾਈ ਹੇਠ ਕਰਵਾਇਆ ਗਿਆ। ਇਸ ਦੇ ਮੁੱਖ ਮਹਿਮਾਨ ਮਨਜੀਤ ਸਿੰਘ ਬਰਾੜ ਆਈ ਏ ਐੱਸ, ਮੰਡਲ ਕਮਿਸ਼ਨਰ ਫਰੀਦਕੋਟ, ਡਾਕਟਰ ਗੁਰਚਰਨ ਕੌਰ ਕੋਚਰ ਤੇ ਇਕਬਾਲ ਸਿੰਘ ਸਹੋਤਾ ਨੇ ਅਸ਼ੋਕ ਭੰਡਾਰੀ ਜਨਰਲ ਸਕੱਤਰ ਵਿਉਪਾਰ ਮੰਡਲ ਤੇ ਰਿਟੇਲ ਕਰਿਆਨਾ ਐਸੋਸੀਏਸ਼ਨ ਤੇ ਪੰਜਾਬੀ ਸਾਹਿਤ ਸਭਾ ਤੇ ਸਾਹਿਤ ਸਭਾ ਧੂਰੀ ਨੂੰ ਉਨ੍ਹਾਂ ਦੇ ਸਮਾਜ ਸੇਵਾ ਤੇ ਵਾਤਾਵਰਨ ਸੰਭਾਲ ਦੇ ਖੇਤਰ ਵਿੱਚ ਪਾਏ ਵਡਮੁੱਲੇ ਯੋਗਦਾਨ ਤੇ ਸਕੂਲਾਂ ਵਿੱਚ ਮੋਟੀਵੇਸ਼ਨਲ ਸਪੀਕਰ ਤੇ ਬਿਜ਼ਨੈੱਸ ਬਲਾਸਟਰ ਦੇ ਪ੍ਰੋਗਰਾਮ ਵਜੋਂ ਗੌਰਵਮਈ ਰਾਜ ਪੁਰਸਕਾਰ ਪ੍ਰਦਾਨ ਕੀਤਾ।ਅਸ਼ੋਕ ਭੰਡਾਰੀ ਨੇ ਸੰਸਥਾ ਦਾ ਦਿਲੋਂ ਧੰਨਵਾਦ ਕਰਦੇ ਹੋਏ ਕਿਹਾ ਕਿ ਇਹ ਸਟੇਟ ਐਵਾਰਡ ਉਨ੍ਹਾਂ ਲਈ ਜ਼ਿੰਦਗੀ ਦਾ ਬਹੁਤ ਹੀ ਕੀਮਤੀ ਸਨਮਾਨ ਹੈ।ਉਨ੍ਹਾਂ ਕਿਹਾ ਕਿ ਮੈਂ ਤਹਿ ਦਿਲੋਂ ਸੰਸਥਾ ਦਾ ਸ਼ੁਕਰ ਗੁਜ਼ਾਰ ਹਾਂ ਕਿ ਉਨ੍ਹਾਂ ਨੇ ਮੈਨੂੰ ਇਹ ਮਾਣ ਬਖਸ਼ਿਆ।ਇਹ ਸਨਮਾਨ ਮੇਰੀ ਜ਼ਿੰਦਗੀ ਵਿੱਚ ਇੱਕ ਅਨਮੋਲ ਰਤਨ ਦੀ ਤਰ੍ਹਾਂ ਹੈ।ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਪਵਨ ਹਰਚੰਦਪੁਰੀ, ਪੰਜਾਬੀ ਸਾਹਿਤ ਸਭਾ ਧੂਰੀ ਦੇ ਪ੍ਰਧਾਨ ਮੂਲ ਚੰਦ ਸ਼ਰਮਾ, ਸਾਹਿਤ ਸਭਾ ਧੂਰੀ ਦੇ ਪ੍ਰਧਾਨ ਸੁਰਿੰਦਰ ਸ਼ਰਮਾ ਨਾਗਰਾ, ਰਿਟੇਲ ਕਰਿਆਨਾ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਪ੍ਰਮੋਦ ਗੁਪਤਾ, ਵਪਾਰ ਮੰਡਲ ਧੂਰੀ ਦੇ ਪ੍ਰਧਾਨ ਵਿਕਾਸ ਜੈਨ, ਰਿਟੇਲ ਕਰਿਆਨਾ ਐਸੋਸੀਏਸ਼ਨ ਦੇ ਪ੍ਰਧਾਨ ਦਰਸ਼ਨ ਕੁਮਾਰ ਦਰਸ਼ੀ ਧੂਰੀ, ਜਰਨਲਿਜ਼ਮ ਐਸੋਸੀਏਸ਼ਨ ਦੇ ਪ੍ਰਧਾਨ ਲਖਵੀਰ ਧਾਂਦਰਾ, ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਸੁਖਦੇਵ ਸ਼ਰਮਾ ਧੂਰੀ, ਤਰਕਸ਼ੀਲ ਸੁਸਾਇਟੀ ਪੰਜਾਬ ਦੇ ਆਗੂ ਰਾਜਿੰਦਰ ਰਾਜੂ, ਪ੍ਰਸਿੱਧ ਸਮਾਜ ਸੇਵੀ ਮੈਡਮ ਰਾਜਿੰਦਰ ਵਰਮਾ, ਸੰਜੀਵ ਕੁਮਾਰ ਨੇ ਅਸ਼ੋਕ ਭੰਡਾਰੀ ਦੀ ਇਸ ਵਿਲੱਖਣ ਪ੍ਰਾਪਤੀ 'ਤੇ ਮੁਬਾਰਕਾਂ ਭੇਟ ਕੀਤੀਆਂ।

# ਪੰਜਾਬ ਯੂਨੀਵਰਸਿਟੀ ਦੇ ਸੈਨੇਟ ਨੂੰ ਭੰਗ ਕਰਨ ਦੀ ਕਵਾਇਦ ਕੇਂਦਰ ਸਰਕਾਰ ਦਾ ਤਾਨਾਸ਼ਾਹੀ ਫ਼ੈਸਲਾ: ਐਡਵੋਕੇਟ ਸੇਖਵਾਂ

ਬਟਾਲਾ, (ਤਰਲੋਕ ਬੱਗਾ)-ਕੇਂਦਰ ਸਰਕਾਰ ਵੱਲੋਂ ਪੰਜਾਬ ਯੂਨੀਵਰਸਿਟੀ ਦੀ ਸੈਨੇਟ ਨੂੰ ਭੰਗ ਕਰਨ ਦੇ ਫ਼ੈਸਲੇ ਦਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਹਲਕਾ ਕਾਦੀਆਂ ਦੇ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਜ਼ੋਰਦਾਰ ਵਿਰੋਧ ਕੀਤਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਯੂਨੀਵਰਸਿਟੀ ਦੀ ਸੈਨੇਟ ਭੰਗ ਕਰਨ ਦਾ ਇਹ ਫੈਸਲਾ ਪੰਜਾਬ ਦੇ ਵਿਰੁੱਧ ਹੈ ਅਤੇ ਪੰਜਾਬੀ ਇਸ ਨੂੰ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ।



ਉਨ੍ਹਾਂ ਕਿਹਾ ਕਿ ਪੰਜਾਬ ਦਿਵਸ ਤੇ ਭਾਜਪਾ ਦਾ ਪੰਜਾਬ ਨੂੰ ਤਾਨਾਸ਼ਾਹੀ ਤੋਹਫਾ ਦਿੱਤਾ ਗਿਆ ਹੈ, ਜਿਸਦਾ ਸਾਡੀ ਪਾਰਟੀ ਅਤੇ ਸਮੂਹ ਪੰਜਾਬੀ ਸਖ਼ਤ ਵਿਰੋਧ ਕਰਦੇ ਹਨ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੁਆਰਾ ਪੀਯੂ ਦੀ ਸੈਨੇਟ ਭੰਗ ਕਰਨ ਦਾ ਫੈਸਲਾ ਗੈਰ ਸੰਵਿਧਾਨਿਕ ਹੈ।ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਉਹ ਵੀ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਵਿਦਿਆਰਥੀ ਰਹੇ ਹਨ ਅਤੇ ਉਨ੍ਹਾਂ ਨੇ ਓਥੋਂ ਬੀਏ ਐੱਲਐੱਲਬੀ ਆਨਰਜ਼ ਦੀ ਡਿਗਰੀ ਹਾਸਲ ਕੀਤੀ ਹੈ, ਇਸ ਲਈ ਉਨ੍ਹਾਂ ਨੂੰ ਨਿੱਜੀ ਤੌਰ ਤੇ ਵੀ ਕੇਂਦਰ ਸਰਕਾਰ ਦੇ ਇਸ ਫੈਸਲੇ ਦਾ ਦੁੱਖ ਲੱਗਿਆ ਹੈ। ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਸਾਡਾ ਸੰਵਿਧਾਨ ਸਾਨੂੰ ਫੈਡਰਲ ਸਟਰਕਚਰ ਦਿੰਦਾ ਹੈ ਅਤੇ ਸੂਬਿਆਂ ਨੂੰ ਵੱਧ ਅਧਿਕਾਰ ਦੇਣ ਦੀ ਗੱਲ ਕਰਦਾ ਹੈ ਪਰ ਕੇਂਦਰ ਸਰਕਾਰ ਇਸ ਦੇ ਬਿਲਕੁਲ ਉਲਟ ਚੱਲ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਯੂਨੀਵਰਸਿਟੀ ਪੰਜਾਬ ਦੀ ਵਿਰਾਸਤ ਹੈ ਅਤੇ ਇਸ ਉਪਰ ਪੰਜਾਬ ਦੇ ਹੱਕ-ਹਕੂਕ ਘੱਟ ਨਹੀਂ ਹੋਣ ਦਿੱਤੇ ਜਾਣਗੇ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਪੰਜਾਬ ਯੂਨੀਵਰਸਿਟੀ ਦੀ ਸੈਨੇਟ ਨੂੰ ਭੰਗ ਕਰਨ ਦਾ ਤਾਨਾਸ਼ਾਹੀ ਫੈਸਲਾ ਤੁਰੰਤ ਵਾਪਸ ਲਵੇ।

## ਪੀ ਯੂ ਦੀ ਸੈਨੇਟ ਨੂੰ ਭੰਗ ਕਰਨਾ ਸਿੱਖਿਆ ਦਾ ਭਗਵਾਂਕਰਨ ਕਰਨ ਦੀ ਨੀਤੀ ਦਾ ਇੱਕ ਹਿੱਸਾ : ਲਿਬਰੇਸ਼ਨ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਸੀਪੀਆਈ ਐੱਮਐੱਲ ਲਿਬਰੇਸ਼ਨ ਨੇ ਭਾਰਤ ਸਰਕਾਰ ਵੱਲੋਂ ਪੰਜਾਬ ਯੂਨੀਵਰਸਿਟੀ ਦੇ ਸਾਬਕਾ ਵਿਦਿਆਰਥੀਆਂ ਦੀਆਂ ਵੋਟਾਂ ਰਾਹੀਂ ਚੁਣੀ ਗਈ ਯੂਨੀਵਰਸਿਟੀ ਸੈਨੇਟ ਭੰਗ ਕਰਨ ਦੀ ਕਾਰਵਾਈ ਨੂੰ ਸੰਘੀ ਢਾਂਚੇ ਦਾ ਘਾਣ ਦੱਸਦਿਆਂ ਇਸ ਨੂੰ ਅਤਿ ਨਿੰਦਣਯੋਗ ਕਾਰਵਾਈ ਦੱਸਿਆ ਹੈ। ਇਸ ਸਬੰਧੀ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਲਿਬਰੇਸ਼ਨ ਦ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰਾ ਨੇ ਕਿਹਾ ਕਿ ਪੰਜਾਬ ਯੂਨੀਵਰਸਿਟੀ ਸਾਂਝੇ ਪੰਜਾਬ ਦੇ ਪੰਜਾਬੀਆਂ ਵੱਲੋਂ ਪੈਸੇ ਇਕੱਠੇ ਕਰਕੇ 1882 ਵਿੱਚ ਸਾਂਝੇ ਪੰਜਾਬ ਦੀ ਰਾਜਧਾਨੀ ਲਾਹੌਰ ਵਿਖੇ ਕਾਇਮ ਕੀਤੀ ਗਈ ਸੀ। ਇਸ ਯੂਨੀਵਰਸਿਟੀ ਨੂੰ 1947 ਵਿੱਚ ਪੰਜਾਬ ਦੀ ਨਵੀਂ ਬਣੀ ਰਾਜਧਾਨੀ ਚੰਡੀਗੜ੍ਹ ਵਿੱਚ ਬਣਾ ਲਿਆ ਗਿਆ ਸੀ। ਪਰ ਅਫ਼ਸੋਸ ਹੈ ਕਿ ਪਹਿਲੀਆਂ ਕੇਂਦਰ ਸਰਕਾਰਾਂ ਵਲੋਂ ਪੰਜਾਬੀਆਂ ਨੂੰ ਆਪਣੀ ਰਾਜਧਾਨੀ ਨਹੀਂ ਦਿੱਤੀ ਗਈ ਅਤੇ ਹੁਣ ਮੋਦੀ ਸਰਕਾਰ ਵੱਲੋਂ ਚੰਡੀਗੜ੍ਹ ਉੱਪਰ ਕੇਂਦਰ ਦਾ ਆਸਤੇ ਆਸਤੇ ਮੁਕੰਮਲ ਕਬਜ਼ਾ ਕਰਨ ਲਈ ਪੰਜਾਬ ਯੂਨੀਵਰਸਿਟੀ ਉਪਰ ਹਲਾ ਬੋਲ ਦਿੱਤਾ ਹੈ। ਇਸ ਸੰਭਾਵਿਤ ਖਤਰੇ ਨੂੰ ਭਾਂਪਦਿਆਂ ਪਹਿਲਾਂ ਹੀ ਪੰਜਾਬ ਵਿਧਾਨ ਸਭਾ ਵਿੱਚ ਕੇਂਦਰ ਦੇ ਦਖਲ ਨੂੰ ਰੋਕਣ ਲਈ ਮਤਾ ਵੀ ਪਾਸ ਕੀਤਾ ਗਿਆ ਸੀ। ਅਸਲ ਵਿੱਚ ਪੰਜਾਬ ਨੂੰ ਪੂਰੀ ਤਰ੍ਹਾਂ ਰਾਜਧਾਨੀ ਚੋਂ ਬਾਹਰ ਧੱਕਿਆ ਜਾ ਰਿਹਾ ਹੈ। ਪੰਜਾਬ ਯੂਨੀਵਰਸਿਟੀ ਦੀ ਸੈਨੇਟ ਨੂੰ ਭੰਗ ਕਰਨਾ ਸਧਾਰਣ ਘਟਨਾ ਨਹੀਂ ਬਲਕਿ ਮੋਦੀ ਸਰਕਾਰ ਦਾ ਦੇਸ਼ ਦੀਆਂ ਸਮੁੱਚੀਆਂ ਯੂਨੀਵਰਸਿਟੀਆਂ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਸਿੱਖਿਆ ਦਾ ਭਗਵਾਂ ਕਰਨ ਦੀ ਨੀਤੀ ਦਾ ਹਿੱਸਾ ਹੈ। ਮੋਦੀ ਅਤੇ ਸ਼ਾਹ ਦੇ ਇਸ ਹਮਲੇ ਨੂੰ ਪੰਜਾਬੀ ਚੁੱਪਚਾਪ ਨਹੀਂ ਸਹਿਣ ਕਰਨਗੇ। ਲਿਬਰੇਸ਼ਨ ਨੇ ਇਸ ਦਾ ਤਿੱਖਾ ਵਿਰੋਧ ਕਰਦਿਆਂ ਇਸ ਫੈਸਲੇ ਨੂੰ ਵਾਪਸ ਲੈਣ ਦੀ ਮੰਗ ਕੀਤੀ ਹੈ।



# ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅੰਗ ਵਸਤਰ ਸ੍ਰੀ ਚੋਲਾ ਸਾਹਿਬ ਤੇ ਹੋਰ ਨਿਸ਼ਾਨੀਆਂ ਸਾਂਭ-ਸੰਭਾਲ ਉਪਰੰਤ ਸੰਗਤਾਂ ਦੇ ਦਰਸ਼ਨਾਂ ਲਈ ਸੁਸ਼ੋਭਿਤ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪਵਿੱਤਰ ਅੰਗ ਵਸਤਰ ਸ੍ਰੀ ਚੋਲਾ ਸਾਹਿਬ ਜੋ ਕਿ ਡੇਰਾ ਬਾਬਾ ਨਾਨਕ ਵਿਖੇ ਗੁ: ਸ੍ਰੀ ਚੋਲਾ ਸਾਹਿਬ ਵਿਖੇ ਸੁਸ਼ੋਭਿਤ ਹੈ, ਦੀ ਸਾਂਭ ਸੰਭਾਲ ਅਤੇ ਸੇਵਾ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਅੰਸ਼ ਬੰਸ ਪ੍ਰਬੰਧਕ ਬੇਦੀ ਪਰਿਵਾਰ ਕਰ ਰਹੇ ਹਨ।ਜ਼ਿਕਰਯੋਗ ਹੈ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਅੰਗ ਵਸਤਰ ਪਵਿੱਤਰ ਸ੍ਰੀ ਚੋਲਾ ਸਾਹਿਬ ਬਹੁਤ ਬਿਰਧ ਹੋ ਚੁੱਕਾ ਸੀ ਜਿਸ ਨੂੰ ਪਹਿਲਾਂ ਸ਼ੀਸ਼ੇ ਦੀ ਇੱਕ ਅਲਮਾਰੀ ਵਿੱਚ ਤੈਅ ਲਗਾ ਕੇ ਰੱਖਿਆ ਹੋਇਆ ਸੀ ਜਿਸ ਦੇ ਦਰਸ਼ਨ ਕਰਨ ਲਈ ਦੇਸ਼ ਵਿਦੇਸ਼ ਤੋਂ ਰੋਜ਼ਾਨਾ ਵੱਡੀ ਗਿਣਤੀ ਵਿੱਚ ਸੰਗਤਾਂ ਪਹੁੰਚਦੀਆਂ ਹਨ।ਬਿਰਧ ਹੋ ਚੁੱਕੇ ਸ੍ਰੀ ਚੋਲਾ ਸਾਹਿਬ ਦੀ ਚੰਗੇ ਤਰੀਕੇ ਨਾਲ ਸਾਂਭ-ਸੰਭਾਲ, ਰੱਖ-ਰਖਾਓ ਅਤੇ ਲੰਮੇ ਸਮੇਂ ਤੱਕ ਇਹ ਖਰਾਬ ਨਾ ਹੋਵੇ ਦੇ ਮਕਸਦ ਨਾਲ ਪ੍ਰਬੰਧਕ ਬੇਦੀ ਪਰਿਵਾਰਾਂ ਵੱਲੋਂ ਸ੍ਰੀ ਚੋਲਾ ਸਾਹਿਬ ਨੂੰ ਪ੍ਰੀਜ਼ਰਵ ਕਰਨ ਦੀ ਸੇਵਾ ਸ਼ੁਰੂ ਕਰਵਾਈ ਗਈ ਸੀ ਅਤੇ ਹੁਣ ਇਹ ਕਾਰਜ ਮੁਕੰਮਲ ਹੋ ਜਾਣ ਉਪਰੰਤ ਸ੍ਰੀ ਚੋਲਾ ਸਾਹਿਬ ਸਮੇਤ ਹੋਰ ਇਤਿਹਾਸਿਕ ਨਿਸ਼ਾਨੀਆਂ ਨੂੰ ਸ਼ੀਸ਼ਾ ਲੱਗੇ ਇੱਕ ਸਟੀਲ ਦੇ ਆਲੀਸ਼ਾਨ ਫਰੇਮ ਵਿੱਚ ਸੁਸ਼ੋਭਿਤ ਕਰ ਦਿੱਤਾ ਗਿਆ।ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਬੰਧਕ ਬੇਦੀ ਪਰਿਵਾਰ ਜਿਨ੍ਹਾਂ ਵਿਚ ਸਰਵਸ੍ਰੀ ਬਾਬਾ ਅਵਤਾਰ ਸਿੰਘ ਜੀ ਬੇਦੀ ਚੋਲਾ ਸਾਹਿਬ ਵਾਲੇ, ਬਾਬਾ ਸੁਖਦੇਵ ਸਿੰਘ ਜੀ ਬੇਦੀ ਚੋਲਾ ਸਾਹਿਬ ਵਾਲੇ, ਬਾਬਾ ਮਨਜੀਤ ਸਿੰਘ ਜੀ ਬੇਦੀ ਚੋਲਾ ਸਾਹਿਬ ਵਾਲੇ, ਬਾਬਾ ਕਰਨਬੀਰ ਸਿੰਘ ਬੇਦੀ ਚੋਲਾ ਸਾਹਿਬ ਵਾਲੇ, ਬਾਬਾ ਸੰਦੀਪ ਸਿੰਘ ਬੇਦੀ ਚੋਲਾ ਸਾਹਿਬ ਵਾਲੇ,



ਬਾਬਾ ਹਰਦੀਪ ਸਿੰਘ ਬੇਦੀ ਚੋਲਾ ਸਾਹਿਬ ਵਾਲੇ, ਬਾਬਾ ਸੁਖਵਿੰਦਰ ਸਿੰਘ ਬੇਦੀ ਚੋਲਾ ਸਾਹਿਬ ਵਾਲੇ, ਬਾਬਾ ਰਣਜੀਤ ਸਿੰਘ ਬੇਦੀ ਚੋਲਾ ਸਾਹਿਬ ਵਾਲੇ, ਬਾਬਾ ਗੁਰਚਰਨ ਸਿੰਘ ਬੇਦੀ ਚੋਲਾ ਸਾਹਿਬ ਵਾਲੇ ਆਦਿ ਨੇ ਦੱਸਿਆ ਕਿ ਸ੍ਰੀ ਚੋਲਾ ਸਾਹਿਬ ਕਾਫੀ ਬਿਰਧ ਹੋ ਚੁੱਕਾ ਸੀ ਅਤੇ ਇਸ ਨੂੰ ਫੋਲਡ ਕਰਕੇ ਸ਼ੀਸ਼ੇ ਦੀ ਅਲਮਾਰੀ ਵਿੱਚ ਰੱਖਿਆ ਹੋਇਆ ਸੀ ਹੁਣ ਇਸ ਦੀ ਪ੍ਰੀਜ਼ਰਵੇਸ਼ਨ ਕਰਕੇ ਸ੍ਰੀ ਚੋਲਾ ਸਾਹਿਬ ਨੂੰ ਇੱਕ ਸਟੇਨਲੈੱਸ ਸਟੀਲ ਦੀ ਏਅਰਟਾਇਟ ਸ਼ੀਸ਼ੇ ਦੀ ਅਲਮਾਰੀ ਵਿੱਚ ਪੂਰਾ ਚੋਲਾ ਸਾਹਿਬ ਖੋਲ੍ਹ ਕੇ ਸੁਸ਼ੋਭਿਤ ਕਰ ਦਿੱਤਾ ਗਿਆ ਹੈ। ਪਹਿਲਾਂ ਸੰਗਤਾਂ ਤੈਅ ਲੱਗੇ ਹੋਏ ਚੋਲਾ ਸਾਹਿਬ ਦੇ ਦਰਸ਼ਨ ਕਰਦੀਆਂ ਸਨ ਅਤੇ ਹੁਣ ਪ੍ਰੀਜ਼ਰਵੇਸ਼ਨ ਤੋਂ ਬਾਅਦ ਸੰਗਤਾਂ ਪੂਰੇ ਖੁੱਲ੍ਹੇ ਹੋਏ ਚੋਲਾ ਸਾਹਿਬ ਦੇ ਦਰਸ਼ਨ ਦੀਦਾਰੇ ਕਰ ਸਕਦੀਆਂ ਹਨ। ਭੈਣ ਨਾਨਕੀ ਜੀ ਦੇ ਹੱਥਾਂ ਦਾ ਕੱਢਿਆ ਹੋਇਆ ਇੱਕ ਰੁਮਾਲ ਜੋ ਭੈਣ ਨਾਨਕੀ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਮੌਕੇ ਭੇਟ ਕੀਤਾ ਸੀ, ਨੂੰ ਵੀ ਪ੍ਰੀਜ਼ਰਵ ਕੀਤਾ ਗਿਆਂ ਹੈ। ਪ੍ਰਬੰਧਕ ਪਰਿਵਾਰਾਂ ਨੇ ਦੱਸਿਆ ਕਿ ਇਸ ਪ੍ਰੀਜ਼ਰਵੇਸ਼ਨ ਦੀ ਸੇਵਾ ਦਾ ਕੰਮ ਬਹੁਤ ਹੀ ਤਜਰਬੇਕਾਰ ਅਤੇ ਪ੍ਰੀਜ਼ਰਵੇਸ਼ਨ ਮਾਹਰ ਐੱਸ. ਪੀ. ਸਿੰਘ ਸਾਬਕਾ ਡਾਇਰੈਕਟਰ ਨੈਸ਼ਨਲ ਮਿਊਜ਼ੀਅਮ ਭਾਰਤ ਸਰਕਾਰ ਨਵੀਂ ਦਿੱਲੀ ਵਾਲਿਆਂ ਦੀ ਅਗਵਾਈ ਹੇਠ ਕੀਤਾ ਹੈ, ਜਿਸ ਲਈ ਉਨ੍ਹਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦੇ ਹਾਂ।ਪ੍ਰੀਜ਼ਰਵੇਸ਼ਨ ਟੀਮ ਦੇ ਮੁੱਖੀ ਐੱਸ. ਪੀ. ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਉਨ੍ਹਾਂ ਦੀ ਟੀਮ ਨੇ ਕੰਮ ਸਮੇਂ ਸਿਰ ਮੁਕੰਮਲ ਕੀਤਾ ਹੈ ਅਤੇ ਸੰਗਤਾਂ ਦੇ ਦਰਸ਼ਨਾਂ ਲਈ ਸ੍ਰੀ ਚੋਲਾ ਸਾਹਿਬ ਨੂੰ ਮੁੜ ਉਨ੍ਹਾਂ ਦੇ ਅਸਥਾਨ ਗੁ: ਸ੍ਰੀ ਚੋਲਾ ਸਾਹਿਬ ਵਿਖੇ ਸੁਸ਼ੋਭਿਤ ਕਰ ਦਿੱਤਾ ਗਿਆਂ।ਉਨ੍ਹਾਂ ਦੱਸਿਆ ਕਿ ਇਹ ਕੰਮ ਬਹੁਤ ਬਰੀਕੀ ਵਾਲਾ ਸੀ।

ਸ੍ਰੀ ਚੋਲਾ ਸਾਹਿਬ ਨੂੰ ਗੁ: ਸ੍ਰੀ ਚੋਲਾ ਸਾਹਿਬ ਵਿਖੇ ਸੁਸ਼ੋਭਿਤ ਕਰਨ ਉਪਰੰਤ ਬਾਬਾ ਅਵਤਾਰ ਸਿੰਘ ਬੇਦੀ ਚੋਲਾ ਸਾਹਿਬ ਵਾਲਿਆਂ ਨੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਉਪਰੰਤ ਕੜਾਹ ਪ੍ਰਸ਼ਾਦ ਦੀ ਦੇਗ ਵਰਤਾਈ ਗਈ ਅਤੇ ਬਾਬਾ ਅਵਤਾਰ ਸਿੰਘ ਬੇਦੀ ਅਤੇ ਬਾਬਾ ਸੁਖਦੇਵ ਸਿੰਘ ਬੇਦੀ ਨੇ ਦੇਸ਼ਾਂ ਵਿਦੇਸ਼ਾਂ ਵਿੱਚ ਵੱਸਦੀਆਂ ਸਮੂਹ ਸੰਗਤਾਂ ਨੂੰ ਚੋਲਾ ਸਾਹਿਬ ਦੇ ਪ੍ਰੀਜ਼ਰਵਨ ਹੋਣ ਦੀ ਖੁਸ਼ੀ ਵਿੱਚ ਵਧਾਈ ਦਿੱਤੀ।

## ਡੀ ਐੱਸ ਪੀ ਹਰਿੰਦਰ ਸਿੰਘ ਨੇ ਬਤੌਰ ਡੀ ਐੱਸ ਪੀ (ਡੀ) ਚਾਰਜ ਸੰਭਾਲਿਆ

ਝਬਾਲ, (ਹਰਜਿੰਦਰ ਸਿੰਘ ਸੋਨੀ)-ਪੁਲਸ ਜ਼ਿਲ੍ਹਾ ਤਰਨਤਾਰਨ ਦੇ ਐੱਸਐੱਸਪੀ ਰਵਜੋਤ ਗਰੇਵਾਲ ਦੇ ਹੁਕਮਾਂ ਤੇ ਡਾ: ਰਿਪੁਤਪਨ ਸਿੰਘ ਐੱਸਪੀ (ਡੀ) ਦੇ ਨਿਰਦੇਸ਼ਾਂ ਅਨੁਸਾਰ ਹਰਿੰਦਰ ਸਿੰਘ ਨੇ ਬਤੌਰ ਡੀਐੱਸਪੀ (ਡੀ) ਚਾਰਜ ਸੰਭਾਲ ਲਿਆ।ਡੀਐੱਸਪੀ ਹਰਿੰਦਰ ਸਿੰਘ ਨੇ ਕਿਹਾ ਕਿ ਪੁਲਸ ਜ਼ਿਲ੍ਹਾ ਤਰਨਤਾਰਨ ਦੇ ਮੁਖੀ ਦੀ ਅਗਵਾਈ ਹੇਠ ਜ਼ਿਲ੍ਹੇ ਭਰ ਵਿੱਚ ਨਸ਼ਿਆਂ, ਗੁੰਡਾਗਰਦੀ, ਲੁੱਟਾਂ-ਖੋਹਾਂ ਕਰਨ ਵਾਲੇ ਅਨਸਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ।



## ਹਰਮੀਤ ਸੰਧੂ ਨੂੰ ਪੰਜਵੜ ਕਲਾਂ 'ਚ ਮਿਲਿਆ ਲੋਕਾਂ ਦਾ ਭਰਵਾਂ ਹੁੰਗਾਰਾ

ਤਰਨਤਾਰਨ, (ਪ੍ਰਿਤਪਾਲ ਸਿੰਘ)-ਤਰਨਤਾਰਨ ਵਿਧਾਨ ਸਭਾ ਹਲਕੇ ਦੀ ਜ਼ਿਮਨੀ ਚੋਣ ਲਈ ਆਮ ਆਦਮੀ ਪਾਰਟੀ (ਆਪ) ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਨੂੰ ਪੰਜਵੜ ਕਲਾਂ 'ਚ ਇੱਕ ਪਰਿਵਾਰਕ ਮਿਲਣੀ ਦੌਰਾਨ ਲੋਕਾਂ ਦਾ ਭਾਰੀ ਸਮਰਥਨ ਮਿਲਿਆ, ਜਿੱਥੇ ਵਸਨੀਕਾਂ ਨੇ ਆਪ ਸਰਕਾਰ ਦੇ ਕੰਮਾਂ 'ਤੇ ਪੂਰਨ ਤਸੱਲੀ ਪ੍ਰਗਟਾਈ।ਇਸ ਮੌਕੇ ਸੰਧੂ ਨੇ ਲੋਕਾਂ ਨਾਲ ਵਿਚਾਰ ਸਾਂਝੇ ਕੀਤੇ ਅਤੇ ਉਨ੍ਹਾਂ ਦੀਆਂ ਮੁਸ਼ਕਿਲਾਂ ਨੂੰ ਬੜੇ ਧਿਆਨ ਨਾਲ ਸੁਣਿਆ।ਉਨ੍ਹਾਂ ਪਿੰਡ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਸਾਰੀਆਂ ਜਾਇਜ਼ ਮੰਗਾਂ ਅਤੇ ਮੁਸ਼ਕਿਲਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਇਆ ਜਾਵੇਗਾ।ਉਹ ਹਰਮੀਤ ਸਿੰਘ ਸੰਧੂ ਨੂੰ ਵੱਡੇ ਫਰਕ ਨਾਲ ਜਿਤਾਉਣਗੇ।



## ਗੁ. ਸਿੰਘ ਸਭਾ ਜੇਲ ਰੋਡ ਗੁਰਦਾਸਪੁਰ ਵਿਖੇ ਲੱਗਾ ਖੂਨਦਾਨ ਕੈਂਪ

ਗੁਰਦਾਸਪੁਰ (ਦਿਨੇਸ਼ ਕੁਮਾਰ)-ਬਲੱਡ ਡੋਨਰਜ਼ ਸੁਸਾਇਟੀ ਗੁਰਦਾਸਪੁਰ ਅਤੇ ਸਮਾਜਿਕ ਗਤੀਵਿਧੀਆਂ ਸੇਵਾ ਸੁਸਾਇਟੀ ਕਲਾਨੌਰ ਨੇ ਸ਼ਹੀਦ ਭਾਈ ਤਰਲੋਚਨ ਸਿੰਘ ਦੀ ਸ਼ਹਾਦਤ ਅਤੇ 1984 ਦੇ ਸ਼ਹੀਦਾਂ ਨੂੰ ਸਮਰਪਿਤ ਸਥਾਨਕ ਗੁਰਦੁਆਰਾ ਸਿੰਘ ਸਭਾ ਜੇਲ ਰੋਡ ਗੁਰਦਾਸਪੁਰ ਵਿਖੇ ਉਨ੍ਹਾਂ ਦੇ ਪਰਿਵਾਰ ਦੇ ਸਹਿਯੋਗ ਨਾਲ ਖੂਨਦਾਨ ਕੈਂਪ ਲਗਾਇਆ ਗਿਆ।ਕੈਂਪ ਬਾਰੇ ਜਾਣਕਾਰੀ ਦਿੰਦਿਆਂ ਬਲੱਡ ਡੋਨਰਜ਼ ਸੁਸਾਇਟੀ ਗੁਰਦਾਸਪੁਰ ਦੇ ਪ੍ਰਧਾਨ ਆਦਰਸ਼ ਕੁਮਾਰ ਨੇ ਦੱਸਿਆ ਕਿ ਇਸ ਕੈਂਪ ਵਿੱਚ ਸਾਡਾ ਪੰਜ ਆਬ ਫੈਡਰੇਸ਼ਨ ਅਤੇ ਆਸਰਾ ਫਾਊਂਡੇਸ਼ਨ ਦੇ ਸੇਵਾਦਾਰਾਂ ਨੇ ਵੀ ਵੱਧ ਚੜ੍ਹ ਕੇ ਹਿੱਸਾ ਲਿਆ।ਕੈਂਪ ਦੀ ਸ਼ੁਰੂਆਤ ਸ਼ਹੀਦ ਭਾਈ ਤਰਲੋਚਨ ਸਿੰਘ ਦੇ ਸਪੁੱਤਰ ਤਲਵਿੰਦਰ ਸਿੰਘ ਨੇ ਆਪਣੇ ਪਿਤਾ ਦੀ ਤਸਵੀਰ ਤੇ ਫੁੱਲ ਚੜ੍ਹਾ ਕੇ ਕੀਤੀ।ਤਲਵਿੰਦਰ ਸਿੰਘ ਨੇ ਇਸ ਮੌਕੇ ਖੁਦ ਵੀ ਖੂਨ ਦਾਨ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲੱਡ ਡੋਨਰਜ਼ ਸੁਸਾਇਟੀ ਗੁਰਦਾਸਪੁਰ ਦੇ ਸੀਨੀਅਰ ਮੀਤ ਪ੍ਰਧਾਨ ਮਧੂ ਸੂਦਨ ਸ਼ਰਮਾ, ਸਹਾਇਕ ਸਕੱਤਰ ਕੰਨੂ ਸੰਧੂ, ਸਨੀ, ਰਿੰਪਲ ਕੁਮਾਰ, ਨਿਸ਼ਚਿੰਤ ਕੁਮਾਰ, ਪੁਸ਼ਪਿੰਦਰ ਸਿੰਘ, ਕਰਮਵੀਰ ਸਿੰਘ, ਸਾਡਾ ਪੰਜ ਆਬ ਫੈਡਰੇਸ਼ਨ ਦੇ ਇੰਦਰਪਾਲ ਸਿੰਘ ਬੈਂਸ ਵੀ ਹਾਜ਼ਰ ਰਹੇ।




## ਸੋਹਲ ਦੇ ਦਰਜਨਾਂ ਕਾਂਗਰਸੀ ਪਰਿਵਾਰ 'ਆਪ' ਦੇ ਖੇਮੇ 'ਚ ਜਾ ਰਲੇ

ਤਰਨ ਤਾਰਨ, (ਪ੍ਰਿਤਪਾਲ ਸਿੰਘ)-ਪਿੰਡ ਸੋਹਲ ਨਾਲ ਸਬੰਧਤ ਦਰਜਨਾਂ ਪਰਿਵਾਰਾਂ ਨੇ ਕਾਂਗਰਸ ਛੱਡ ਕੇ ਆਮ ਆਦਮੀ ਪਾਰਟੀ (ਆਪ) ਵਿੱਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ।'ਆਪ' ਉਮੀਦਵਾਰ ਹਰਮੀਤ ਸਿੰਘ ਸੰਧੂ ਨੇ ਇਨ੍ਹਾਂ ਸਾਰੇ ਪਰਿਵਾਰਾਂ ਦਾ ਪਾਰਟੀ ਵਿੱਚ ਨਿੱਘਾ ਸਵਾਗਤ ਕੀਤਾ।ਪਿੰਡ ਸੋਹਲ ਵਿਖੇ ਹੋਏ ਇਸ ਸ਼ਮੂਲੀਅਤ ਸਮਾਗਮ ਦੌਰਾਨ, ਕਾਂਗਰਸ ਪਾਰਟੀ ਦੇ ਸਰਗਰਮ ਆਗੂਆਂ ਅਤੇ ਮੈਂਬਰਾਂ ਨੇ ਆਪ ਦੀਆਂ ਨੀਤੀਆਂ ਵਿੱਚ ਭਰੋਸਾ ਪ੍ਰਗਟਾਇਆ।ਸ਼ਾਮਲ ਹੋਣ ਵਾਲਿਆਂ ਵਿੱਚ ਮੁੱਖ ਤੌਰ 'ਤੇ ਜੁਗਿੰਦਰ ਸਿੰਘ, ਕਾਬਲ ਸਿੰਘ, ਹਰਦੇਵ ਸਿੰਘ, ਬਲਦੇਵ ਸਿੰਘ, ਬਲਵਿੰਦਰ ਸਿੰਘ, ਅਵਤਾਰ ਸਿੰਘ ਕਾਲਾ, ਅਮਰ ਸਿੰਘ, ਅਮਰੀਕ ਸਿੰਘ, ਪ੍ਰਤਾਪ ਸਿੰਘ, ਹਰਮਨਪ੍ਰੀਤ ਸਿੰਘ, ਸੁਖਪ੍ਰੀਤ ਸਿੰਘ ਅਤੇ ਠੇਕੇਦਾਰ ਅਰਜੁਨ ਸਿੰਘ ਆਪਣੇ ਸਾਥੀਆਂ ਸਮੇਤ ਆਪ ਪਰਿਵਾਰ ਦਾ ਹਿੱਸਾ ਬਣੇ।ਇਸ ਮੌਕੇ ਬੋਲਦਿਆਂ ਹਰਮੀਤ ਸਿੰਘ ਸੰਧੂ ਨੇ ਕਿਹਾ ਕਿ ਇਨ੍ਹਾਂ ਪਰਿਵਾਰਾਂ ਦੇ ਆਉਣ ਨਾਲ ਪਾਰਟੀ ਨੂੰ ਪਿੰਡ ਸੋਹਲ ਅਤੇ ਪੂਰੇ ਹਲਕੇ ਵਿੱਚ ਵੱਡੀ ਮਜ਼ਬੂਤੀ ਮਿਲੀ ਹੈ।ਉਨ੍ਹਾਂ ਭਰੋਸਾ ਦਿਵਾਇਆ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰ ਆਗੂ ਅਤੇ ਵਰਕਰ ਨੂੰ ਪੂਰਾ ਮਾਨ-ਸਤਿਕਾਰ ਦਿੱਤਾ ਜਾਵੇਗਾ।



## ਟੀ ਐੱਸ ਯੂ ਰਜਿ. ਨੰ. 49 ਪੰਜਾਬ ਦੀ ਸਬ-ਡਵੀਜ਼ਨ ਸਿਟੀ ਪੱਟੀ, ਕੈਰੋਂ ਅਤੇ ਡਵੀਜ਼ਨ ਪੱਟੀ ਦੀ ਚੋਣ ਹੋਈ

ਪੱਟੀ (ਸ਼ਮਸ਼ੇਰ ਸਿੰਘ ਯੋਧਾ)-ਟੀਐੱਸਯੂ ਰਜਿ. ਨੰ. 49 ਪੰਜਾਬ ਦੀ ਸਬ-ਡਵੀਜ਼ਨ ਸਿਟੀ ਪੱਟੀ, ਸਬ-ਡਵੀਜ਼ਨ ਕੈਰੋਂ ਅਤੇ ਡਵੀਜ਼ਨ ਪੱਟੀ ਦੀ ਚੋਣ ਲਖਵੰਤ ਸਿੰਘ ਦਿਉਲ ਸਕੱਤਰ ਪੰਜਾਬ ਮੈਂਬਰ ਜੁਆਇੰਟ ਫੋਰਮ ਅਤੇ 5569 ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਸਬ-ਡਵੀਜ਼ਨ ਸਿਟੀ ਪੱਟੀ ਵਿੱਚ ਪ੍ਰਧਾਨ ਗੁਰਪ੍ਰੀਤ ਸਿੰਘ, ਮੀਤ ਪ੍ਰਧਾਨ ਹਰੀਸ਼ ਕੁਮਾਰ ਸੋਨੀ, ਸਕੱਤਰ ਕੰਵਲਜੀਤ ਸਿੰਘ, ਮੀਤ ਸਕੱਤਰ ਜੋਧਬੀਰ ਸਿੰਘ, ਕੈਸ਼ੀਅਰ ਕਰਮ ਸਿੰਘ ਸਭਰਾ ਨੂੰ ਚੁਣਿਆ ਗਿਆ ਅਤੇ ਸਬ-ਡਵੀਜ਼ਨ ਕੈਰੋਂ ਵਿੱਚ ਪ੍ਰਧਾਨ ਮਨਜੀਤ ਕੌਰ, ਮੀਤ ਪ੍ਰਧਾਨ ਗੁਰਪ੍ਰੀਤ ਸਿੰਘ, ਸਕੱਤਰ ਸਤਿੰਦਰਪਾਲ ਸਿੰਘ, ਮੀਤ ਸਕੱਤਰ ਚਰਨਜੀਤ ਸਿੰਘ, ਕੈਸ਼ੀਅਰ ਕੁਲਦੀਪ ਸਿੰਘ ਨੂੰ ਚੁਣਿਆ ਗਿਆ।ਡਵੀਜ਼ਨ ਪੱਟੀ ਵਿੱਚ ਪ੍ਰਧਾਨ ਸ਼ਮਸ਼ੇਰ ਸਿੰਘ, ਮੀਤ ਪ੍ਰਧਾਨ ਗੁਰਪ੍ਰੀਤ ਸਿੰਘ, ਸਕੱਤਰ ਕਰਮ ਸਿੰਘ ਸਭਰਾ, ਮੀਤ ਸਕੱਤਰ ਹਰੀਸ਼ ਕੁਮਾਰ ਸੋਨੀ, ਕੈਸ਼ੀਅਰ ਜੋਧਬੀਰ ਸਿੰਘ ਨੂੰ ਚੁਣਿਆ ਗਿਆ।ਇਸ ਦੌਰਾਨ ਲਖਵੰਤ ਸਿੰਘ ਦਿਉਲ ਨੇ ਯੂਨੀਅਨ ਦੀਆਂ ਪ੍ਰਾਪਤੀਆਂ ਬਾਰੇ ਦੱਸਿਆ ਅਤੇ ਨਵੀਆਂ ਚੁਣੀਆਂ ਕਮੇਟੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਨੂੰ ਜੱਥੇਬੰਦੀ ਦੀ ਜਦੋਂ ਵੀ ਜ਼ਰੂਰਤ ਹੋਈ ਉਨ੍ਹਾਂ ਲਈ ਜੱਥੇਬੰਦੀ ਹਾਜ਼ਰ ਰਹੇਗੀ ।ਇਸ ਮੌਕੇ ਮੁਖਤਿਆਰ ਸਿੰਘ ਪੱਟੀ, ਕਰਨਬੀਰ ਸਿੰਘ ਭੁੱਲਰ ਮੀਤ ਪ੍ਰਧਾਨ ਬਾਰਡਰ ਜ਼ੋਨ ਅੰਮ੍ਰਿਤਸਰ, ਮਨਜਿੰਦਰ ਸਿੰਘ ਡਵੀਜ਼ਨ ਪ੍ਰਧਾਨ, ਯਾਦਵਿੰਦਰ ਸਿੰਘ ਸਕੱਤਰ ਸ/ਡ, ਰਵਿੰਦਰ ਸਿੰਘ ਸਕੱਤਰ ਸ/ਡ, ਸਾਹਿਬ ਸਿੰਘ ਡਵੀਜਨ ਮੀਤ ਸਕੱਤਰ, ਬਲਜੀਤ ਸਿੰਘ, ਲਵਪ੍ਰੀਤ ਸਿੰਘ, ਜਤਿੰਦਰਪਾਲ ਸਿੰਘ, ਸੁਨੀਲ ਕੁਮਾਰ ਡਵੀਜਨ ਸਕੱਤਰ, ਜਸਪਾਲ ਸਿੰਘ ਸ/ਡ ਮੀਤ ਸਕੱਤਰ, ਪ੍ਰਦੀਪ ਕੌਰ, ਗੁਰਸਿਮਰਨਜੀਤ ਕੌਰ ਆਦਿ ਹਾਜ਼ਰ ਸਨ ।



# ਹਰਚੰਦ ਸਿੰਘ ਬਰਸਟ ਨੇ ਵਲੰਟੀਅਰਾਂ ਨੂੰ ਘਰ-ਘਰ ਜਾ 'ਆਪ' ਦੇ ਹੱਕ 'ਚ ਚੋਣ ਪ੍ਰਚਾਰ ਕਰਨ ਲਈ ਪ੍ਰੇਰਿਆ

ਤਰਨ ਤਾਰਨ, (ਪ੍ਰਿਤਪਾਲ ਸਿੰਘ)-ਵਿਧਾਨ ਸਭਾ ਹਲਕਾ ਤਰਨਤਾਰਨ ਵਿਖੇ 11 ਨਵੰਬਰ ਨੂੰ ਹੋਣ ਵਾਲੀ ਜ਼ਿਮਨੀ ਚੋਣ ਦੇ ਸਬੰਧ ਵਿੱਚ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਸ. ਹਰਚੰਦ ਸਿੰਘ ਬਰਸਟ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਦੇ ਹਲਕਾ ਤਰਨਤਾਰਨ ਦੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਬਲਾਕ ਕੁਆਰਡੀਨੇਟਰਜ਼ ਦੀ ਮੀਟਿੰਗ ਦਾ ਆਯੋਜਨ ਕੀਤਾ ਗਿਆ।ਇਸ ਦੌਰਾਨ ਸਰਕਾਰ ਨੇ ਟੀਮ ਮੈਂਬਰਾਂ ਵੱਲੋਂ ਕੀਤੀ ਜਾ ਰਹੀ ਅਣਥੱਕ ਮਿਹਨਤ ਦੀ ਸ਼ਲਾਘਾ ਕੀਤੀ ਗਈ।ਸੂਬਾ ਜਨਰਲ ਸਕੱਤਰ ਵੱਲੋਂ ਹਲਕਾ ਤਰਨਤਾਰਨ ਵਿਖੇ ਹੋਣ ਵਾਲੀ ਜ਼ਿਮਨੀ ਚੋਣ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਸ. ਹਰਮੀਤ ਸਿੰਘ ਸੰਧੂ ਨੂੰ ਵੱਡੀ ਲੀਡ ਨਾਲ ਜਿਤਾਉਣ ਲਈ ਵੱਧ ਤੋਂ ਵੱਧ ਸਹਿਯੋਗ ਦੇਣ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਲੋਕ ਪੱਖੀ ਕਾਰਜਾਂ ਅਤੇ ਉਪਲੱਬਧੀਆਂ ਨੂੰ ਜਨਤਾ ਤੱਕ ਪਹੁੰਚਾਉਣ ਲਈ ਪ੍ਰੇਰਿਤ ਕੀਤਾ ਗਿਆ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸੂਬੇ ਦੀ ਤਰੱਕੀ ਲਈ ਕੀਤੇ ਜਾ ਰਹੇ ਕਾਰਜਾਂ ਨੂੰ ਘਰ-ਘਰ ਜਾ ਕੇ ਲੋਕਾਂ ਤੱਕ ਪਹੁੰਚਾਇਆ ਜਾਵੇ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਗੁਰਵਿੰਦਰ ਸਿੰਘ ਬਹਿੜਵਾਲ, ਹਲਕਾ ਤਰਨਤਾਰਨ ਕੁਆਰਡੀਨੇਟਰ ਕੁਲਦੀਪ ਸਿੰਘ ਢਿੱਲੋਂ, ਜ਼ਿਲ੍ਹਾ ਵਾਇਸ ਕੁਆਰਡੀਨੇਟਰ ਹਰਪ੍ਰੀਤ ਸਿੰਘ ਧੁੰਨਾ, ਸਰਪੰਚ ਆਲਮਵੀਰ ਸਿੰਘ, ਪ੍ਰਭਦੀਪ ਸਿੰਘ ਜੱਗੀ, ਵਾਇਸ ਬਲਾਕ ਪ੍ਰਧਾਨ ਮਲਕੀਤ ਸਿੰਘ ਮਾਲੂਵਾਲ, ਦਲਜੀਤ ਸਿੰਘ ਵਿੱਕੀ, ਰਾਮ ਸਿੰਘ ਛੀਨਾ, ਗੁਰਵੰਤ ਸਿੰਘ ਰੋੜਾਵਾਲੀਆ, ਸਰਪੰਚ ਕਿਰਪਾਲ ਸਿੰਘ, ਬਲਜੀਤ ਸਿੰਘ ਪਹਿਰਾ, ਸਰਪੰਚ ਨਿਸ਼ਾਨ ਸਿੰਘ ਮੱਲੀਆ, ਹਰਮਨਜੀਤ ਸਿੰਘ ਮੁੱਗਲ ਚੱਕ, ਮਨਿੰਦਰ ਸਿੰਘ ਭਾਟਿਆ, ਜਤਿੰਦਰ ਸਿੰਘ, ਨਿਸ਼ਾਨ ਸਿੰਘ ਜਗਤਪੁਰਾ, ਕੇਵਲ ਸਿੰਘ, ਕੁਲਦੀਪ ਸਿੰਘ, ਕੁਲਦੀਪ ਸਿੰਘ ਬਾਬਾ ਮੋਟਰ ਵਾਲੇ, ਗੁਰਚਰਨ ਸਿੰਘ, ਸਤਪਾਲ ਸਿੰਘ, ਸ਼ਵਿੰਦਰ ਸਿੰਘ ਸਰਪੰਚ, ਅਮਰਜੀਤ ਸਿੰਘ ਮਾਲੂਵਾਲ, ਨਿਰਵੈਰ ਸਿੰਘ ਪਰਾਸਰ ਸਮੇਤ ਹੋਰ ਵੀ ਮੌਜੂਦ ਰਹੇ।



# ਸੇਂਟ ਕਬੀਰ ਪਬਲਿਕ ਸਕੂਲ 'ਚ ਪੰਜਾਬ ਦਿਵਸ ਮੌਕੇ ਸੱਭਿਆਚਾਰਕ ਪ੍ਰੋਗਰਾਮ ਕਰਵਾਇਆ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ (ਗੁਰਦਾਸਪੁਰ) ਵਿੱਚ ਪੰਜਾਬ ਦਿਵਸ ਬਹੁਤ ਹੀ ਚਾਅ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਪ੍ਰਿੰ. ਐੱਸ. ਬੀ. ਨਾਯਰ ਦੀ ਪ੍ਰਧਾਨਗੀ ਹੇਠ ਸੱਭਿਆਚਾਰਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਸੱਤਵੀਂ ਜਮਾਤ ਦੀ ਵਿਦਿਆਰਥਣ ਸੁਨਾਲ ਸਿੰਘ ਨੇ ਪੰਜਾਬ ਦੇ ਇਤਿਹਾਸ ਸਬੰਧੀ ਵਿਚਾਰ ਪੇਸ਼ ਕਰਦਿਆਂ ਕੀਤੀ। ਉਪਰੰਤ ਨੌਵੀਂ ਜਮਾਤ ਦੀ ਵਿਦਿਆਰਥਣਾਂ ਆਕ੍ਰਿਤੀ ਅਤੇ ਅਵੰਤਿਕਾ ਨੇ ਸਟੇਜੀ ਕਾਰਵਾਈ ਨੂੰ ਅੱਗੇ ਤੋਰਿਆ। ਸੱਤਵੀਂ ਜਮਾਤ ਦੇ ਵਿਦਿਆਰਥੀ ਗੁਰਅੰਮ੍ਰਿਤ ਸਿੰਘ ਨੇ ਮਾਂ- ਬੋਲੀ ਪੰਜਾਬੀ ਦੀ ਮਿਠਾਸ ਦਾ ਜ਼ਿਕਰ ਕਰਦੀ ਕਵਿਤਾ ਪੇਸ਼ ਕੀਤੀ। ਪੰਜਾਬ ਦੀ ਪਵਿੱਤਰਤਾ, ਰੰਗੀਲੇਪਣ ਤੇ ਲੋਕਾਂ ਦੇ ਦ੍ਰਿੜ੍ਹ ਸੁਭਾਅ ਨੂੰ ਦਰਸਾਉਂਦੀ ਹੋਈ ਕੋਰਿਓਗ੍ਰਾਫੀ ਦੀ ਪੇਸ਼ਕਾਰੀ ਨੇ ਵਿਦਿਆਰਥੀਆਂ ਵਿੱਚ ਸਾਕਾਰਾਤਮਕ ਸੋਚ ਨੂੰ ਭਰਿਆ। ਛੇਵੀਂ ਜਮਾਤ ਦੇ ਵਿਦਿਆਰਥੀ ਅਵੰਸ ਗਿੱਲ ਨੇ ਪੰਜਾਬੀ ਅਤੇ ਪੰਜਾਬ ਦੀ ਵਿਸ਼ਾਲਤਾ ਨੂੰ ਦਰਸਾਉਂਦਾ ਮਧੁਰ ਗੀਤ ਪੇਸ਼ ਕੀਤਾ। ਸਕੂਲ ਦੇ ਹਾਊਸ ਬੋਰਡਾਂ ਨੂੰ ਗੁਰਮੁਖੀ ਅੱਖਰਾਂ ਅਤੇ ਪੰਜਾਬ ਦੀਆਂ ਇਤਿਹਾਸਿਕ ਯਾਦਾਂ ਨਾਲ ਸਜਾਇਆ ਗਿਆ। ਪ੍ਰੋਗਰਾਮ ਦੇ ਅੰਤਿਮ ਪੜਾਅ ਵਿੱਚ ਯੂਕੇਜੀ ਜਮਾਤ ਦੇ ਵਿਦਿਆਰਥੀਆਂ ਨੇ ਆਪਣੀ ਸੱਭਿਆਚਾਰਕ ਪੇਸ਼ਕਾਰੀ ਭੰਗੜੇ ਨਾਲ ਪੰਜਾਬੀਆਂ ਦੇ ਰੋਹਬ ਤੇ ਅਣਖੀਲੇ ਸੁਭਾਅ ਨੂੰ ਪ੍ਰਗਟਾਇਆ। ਸਮੁੱਚੇ ਰੂਪ ਵਿੱਚ ਪੰਜਾਬ ਦਿਵਸ ਦੇ ਮੌਕੇ ਸਕੂਲ ਵਿੱਚ ਖੁਸ਼ਨੁਮਾ ਮਾਹੌਲ ਬਣਿਆ। ਇਸ ਦੌਰਾਨ ਸਕੂਲ ਪ੍ਰਿੰਸੀਪਲ ਨਾਯਰ ਅਤੇ ਪ੍ਰਬੰਧਕ ਮੈਂਬਰ ਮੈਡਮ ਨਵਦੀਪ ਕੌਰ ਅਤੇ ਕੁਲਦੀਪ ਕੌਰ ਨੇ ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਪੰਜਾਬ ਦਿਵਸ ਲਈ ਮੁਬਾਰਕਬਾਦ ਦਿੱਤੀ ਅਤੇ ਕਿਹਾ ਕਿ ਇਹ ਪੰਜਾਬ ਸਿਰਫ ਪੰਜਾਬ ਨਹੀਂ ਸਾਡੀ ਪਹਿਚਾਣ ਹੈ। ਨੌਜਵਾਨ ਪੀੜ੍ਹੀ ਪੰਜਾਬ ਦੀ ਤਰੱਕੀ ਦਾ ਧੁਰਾ ਹੈ। ਆਓ, ਹਾਂ-ਪੱਖੀ ਸੋਚ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਈਏ ਅਤੇ ਸੁਚੱਜਾ ਪੰਜਾਬ ਸਿਰਜੀਏ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਹਮੇਸ਼ਾ ਆਪਣੀ ਮਿੱਟੀ ਨਾਲ ਜੁੜੇ ਰਹਿਣ ਅਤੇ ਸੱਭਿਆਚਾਰ ਸਾਂਭੀ ਰੱਖਣ ਦਾ ਸੰਦੇਸ਼ ਵੀ ਦਿੱਤਾ।



# ਏ ਬੀ ਕਾਲਜ ਪਠਾਨਕੋਟ ਦੇ ਹਿੰਦੀ ਵਿਭਾਗ ਨੇ ਕਰਵਾਇਆ ਵਾਤਾਵਰਣ ਸੰਭਾਲ ਬਾਰੇ ਸੈਮੀਨਾਰ

ਪਠਾਨਕੋਟ (ਦਵਿੰਦਰ ਸਿੰਘ)-ਆਦਰਸ਼ ਭਾਰਤੀ ਮਹਾਵਿਦਿਆਲਿਆ, ਪਠਾਨਕੋਟ ਦੇ ਹਿੰਦੀ ਵਿਭਾਗ ਨੇ ਵਾਤਾਵਰਣ ਸੰਭਾਲ ਬਾਰੇ ਇੱਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ।ਪ੍ਰਿੰਸੀਪਲ ਕੁਲਦੀਪ ਗੁਪਤਾ ਨੇ ਮੁੱਖ ਮਹਿਮਾਨ ਵਜੋਂ ਸੇਵਾ ਨਿਭਾਈ, ਜਦੋਂ ਕਿ ਸੱਭਿਆਚਾਰਕ ਵਿਭਾਗ ਦੇ ਮੁਖੀ ਡਾ. ਅਨਿਲ ਡੋਗਰਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸੇਵਾ ਨਿਭਾਈ।ਹਿੰਦੀ ਵਿਭਾਗ ਦੇ ਮੁਖੀ ਡਾ. ਮਨੂ ਸ਼ਰਮਾ ਨੇ ਮਹਿਮਾਨਾਂ ਦਾ ਸਵਾਗਤ ਕੀਤਾ। ਸੈਮੀਨਾਰ ਵਿੱਚ ਹਿੰਦੀ ਵਿਭਾਗ ਦੇ ਵਿਦਿਆਰਥੀਆਂ ਨੇ ਆਪਣੇ ਵਿਚਾਰ ਪੇਸ਼ ਕੀਤੇ। ਸ਼ਗੁਨ ਪ੍ਰਿੰਸ ਅਤੇ ਪ੍ਰਗਤੀ ਨੇ ਕਿਹਾ ਕਿ ਹਰਿਆਲੀ ਖੁਸ਼ੀ ਲਿਆਉਂਦੀ ਹੈ ਅਤੇ ਵੱਧ ਤੋਂ ਵੱਧ ਰੁੱਖ ਲਗਾਉਣਾ ਸਾਡਾ ਨੈਤਿਕ ਫਰਜ਼ ਹੈ।ਰੁੱਖ ਜੀਵਨ ਦੀ ਨੀਂਹ ਹਨ, ਅਤੇ ਉਨ੍ਹਾਂ ਦੀ ਰੱਖਿਆ ਕਰਨਾ ਸਾਡਾ ਫਰਜ਼ ਹੈ।ਹਿੰਦੀ ਵਿਭਾਗ ਦੇ ਮੁਖੀ ਡਾ. ਮਨੂ ਸ਼ਰਮਾ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਕੁਦਰਤ ਦੀ ਸੰਭਾਲ ਲਈ ਮਿਲ ਕੇ ਕੰਮ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਜਿੱਥੇ ਰੁੱਖ ਹਨ, ਉਥੇ ਜੀਵਨ ਹੈ, ਅਤੇ ਜੇਕਰ ਅਸੀਂ ਧਰਤੀ ਨੂੰ ਬਚਾਉਣਾ ਚਾਹੁੰਦੇ ਹਾਂ ਤਾਂ ਸਾਨੂੰ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ।ਉਨ੍ਹਾਂ ਕਿਹਾ ਕਿ ਵਧਦੇ ਤਾਪਮਾਨ ਨੂੰ ਘਟਾਉਣ ਲਈ ਹਰ ਵਿਅਕਤੀ ਨੂੰ ਇੱਕ ਰੁੱਖ ਲਗਾਉਣਾ ਚਾਹੀਦਾ ਹੈ।ਡਾ. ਅਨਿਲ ਡੋਗਰਾ ਨੇ ਕਿਹਾ ਕਿ ਕਾਲਜ ਦਾ ਹਿੰਦੀ ਵਿਭਾਗ ਸ਼ਾਨਦਾਰ ਕੰਮ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਹਰਿਆਲੀ ਜ਼ਿੰਦਗੀ ਦੀ ਪਛਾਣ ਹੈ, ਅਤੇ ਸਾਨੂੰ ਸਾਰਿਆਂ ਨੂੰ ਮਿਲ ਕੇ ਇਸਦੀ ਰੱਖਿਆ ਲਈ ਕੰਮ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਜੋ ਵਿਅਕਤੀ ਰੁੱਖ ਲਗਾਉਂਦਾ ਹੈ ਉਹ ਆਪਣੇ ਆਪ ਤੋਂ ਇਲਾਵਾ ਦੂਜਿਆਂ ਨੂੰ ਵੀ ਪਿਆਰ ਕਰਦਾ ਹੈ ਅਤੇ ਧਰਤੀ ਦੀ ਸੁੰਦਰਤਾ ਰੁੱਖਾਂ ਦੀ ਛਾਂ ਵਿੱਚ ਛੁਪੀ ਹੋਈ ਹੈ।ਪ੍ਰਿੰਸੀਪਲ ਪ੍ਰੋਫੈਸਰ ਕੁਲਦੀਪ ਗੁਪਤਾ ਨੇ ਕਾਲਜ ਦੇ ਹਿੰਦੀ ਵਿਭਾਗ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਵਿਭਾਗ ਡਾ. ਮਨੂ ਸ਼ਰਮਾ ਦੀ ਅਗਵਾਈ ਹੇਠ ਸ਼ਾਨਦਾਰ ਕੰਮ ਕਰ ਰਿਹਾ ਹੈ।ਉਨ੍ਹਾਂ ਕਿਹਾ ਕਿ ਰੁੱਖ ਜ਼ਿੰਦਗੀ ਦੇ ਸੱਚੇ ਸਾਥੀ ਹਨ ਅਤੇ ਰੁੱਖ ਜ਼ਿੰਦਗੀ ਦਾ ਆਧਾਰ ਹਨ ਅਤੇ ਉਨ੍ਹਾਂ ਨੂੰ ਬਚਾਉਣਾ ਸਾਡੇ ਸਾਰਿਆਂ ਦਾ ਨੈਤਿਕ ਫਰਜ਼ ਹੈ।ਉਨ੍ਹਾਂ ਕਿਹਾ ਕਿ ਅੱਜ ਜੋ ਕੁਦਰਤੀ ਅਸੰਤੁਲਨ ਹੋ ਰਿਹਾ ਹੈ ਉਹ ਰੁੱਖਾਂ ਦੀ ਅੰਨ੍ਹੇਵਾਹ ਕਟਾਈ ਕਾਰਨ ਹੈ ਅਤੇ ਸਾਨੂੰ ਸਾਰਿਆਂ ਨੂੰ ਇਕੱਠੇ ਹੋ ਕੇ ਕੁਦਰਤ ਨੂੰ ਸੁੰਦਰ ਬਣਾਉਣ ਅਤੇ ਉਨ੍ਹਾਂ ਦਾ ਪਾਲਣ-ਪੋਸ਼ਣ ਕਰਨ ਲਈ ਵੱਧ ਤੋਂ ਵੱਧ ਰੁੱਖ ਲਗਾਉਣੇ ਪੈਣਗੇ। ਇਸ ਮੌਕੇ ਹਿੰਦੀ ਵਿਭਾਗ ਦੇ ਵਿਦਿਆਰਥੀ ਮੌਜੂਦ ਸਨ।



# ਪ੍ਰੈਜ਼ੈਂਟੇਸ਼ਨ ਪਬਲਿਕ ਸਕੂਲ ਵਿਖੇ 69ਵਾਂ ਅੰਤਰ ਜ਼ਿਲ੍ਹਾ ਰਾਜ ਪੱਧਰੀ ਲੜਕੀਆਂ ਦਾ ਟੇਬਲ ਟੈਨਿਸ ਮੁਕਾਬਲਾ ਸੰਪੰਨ

ਪਠਾਨਕੋਟ (ਦਵਿੰਦਰ ਸਿੰਘ)-ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਆਯੋਜਿਤ 69ਵਾਂ ਅੰਤਰ-ਜ਼ਿਲ੍ਹਾ ਰਾਜ ਪੱਧਰੀ ਟੇਬਲ ਟੈਨਿਸ ਮੁਕਾਬਲਾ ਪ੍ਰੈਜ਼ੈਂਟੇਸ਼ਨ ਪਬਲਿਕ ਸਕੂਲ ਵਿਖੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਰਾਜੇਸ਼ ਕੁਮਾਰ ਦੀ ਪ੍ਰਧਾਨਗੀ ਅਤੇ ਜ਼ਿਲ੍ਹਾ ਖੇਡ ਕੋਆਰਡੀਨੇਟਰ ਅਰੁਣ ਕੁਮਾਰ ਦੀ ਨਿਗਰਾਨੀ ਹੇਠ ਸਮਾਪਤ ਹੋ ਗਿਆ ।ਮੁਕਾਬਲੇ ਦੇ ਆਖਰੀ ਦਿਨ ਆਪ ਦੇ ਹਲਕਾ ਇੰਚਾਰਜ ਠਾਕੁਰ ਅਮਿਤ ਸਿੰਘ ਮੰਟੂ ਮੁੱਖ ਮਹਿਮਾਨ ਅਤੇ ਸਿੱਖਿਆ ਸ਼ਾਸਤਰੀ ਵਿਨੀਤਾ ਮਹਾਜਨ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।ਪ੍ਰੈਜ਼ੈਂਟੇਸ਼ਨ ਪਬਲਿਕ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਡੀ. ਪੀ. ਸ਼ਰਮਾ ਅਤੇ ਚੇਅਰਪਰਸਨ ਰੇਣੂ ਸ਼ਰਮਾ, ਵਾਈਸ ਚੇਅਰਪਰਸਨ ਨਿਵੇਦਿਤਾ ਸੰਧੂ, ਜਗਬੀਰ ਸੰਧੂ, ਪ੍ਰਿੰਸੀਪਲ ਰਵਿੰਦਰ ਕੌਰ ਅਤੇ ਵਾਈਸ ਪ੍ਰਿੰਸੀਪਲ ਰੇਣੂਕਾ ਤ੍ਰਿਖਾ ਨੇ ਗੁਲਦਸਤੇ ਭੇਟ ਕਰਕੇ ਮਹਿਮਾਨਾਂ ਦਾ ਸਵਾਗਤ ਕੀਤਾ।ਲੜਕੀਆਂ ਦੇ ਅੰਡਰ 14 ਵਰਗ ਦੇ ਫਾਈਨਲ ਮੈਚ ਵਿੱਚ ਜ਼ਿਲ੍ਹਾ ਅੰਮ੍ਰਿਤਸਰ ਪਹਿਲੇ, ਪਟਿਆਲਾ ਦੂਜੇ, ਲੁਧਿਆਣਾ ਤੀਜੇ ਅਤੇ ਬਰਨਾਲਾ ਚੌਥੇ ਸਥਾਨ 'ਤੇ ਰਿਹਾ। ਅੰਡਰ-17 ਵਰਗ ਵਿੱਚ ਜ਼ਿਲ੍ਹਾ ਲੁਧਿਆਣਾ ਪਹਿਲੇ, ਅੰਮ੍ਰਿਤਸਰ ਦੂਜੇ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਤੀਜੇ ਅਤੇ ਫਿਰੋਜ਼ਪੁਰ ਚੌਥੇ ਸਥਾਨ 'ਤੇ ਰਿਹਾ।ਅੰਡਰ-19 ਵਰਗ ਵਿੱਚ ਜ਼ਿਲ੍ਹਾ ਅੰਮ੍ਰਿਤਸਰ ਪਹਿਲੇ, ਲੁਧਿਆਣਾ ਦੂਜੇ, ਬਰਨਾਲਾ ਤੀਜੇ ਅਤੇ ਸ੍ਰੀ ਫਤਿਹਗੜ੍ਹ ਸਾਹਿਬ ਚੌਥੇ ਸਥਾਨ 'ਤੇ ।ਜੇਤੂਆਂ ਨੂੰ ਟਰਾਫੀਆਂ ਨਾਲ ਸਨਮਾਨਿਤ ਕੀਤਾ ਗਿਆ।ਅੰਤ ਵਿੱਚ ਮੁੱਖ ਮਹਿਮਾਨ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਮੁੱਖ ਅਧਿਆਪਕਾ ਰਵਿੰਦਰ ਕੌਰ, ਸੁਮਨ ਬਾਲਾ, ਮੋਨਿਕਾ ਮਹਾਜਨ, ਹੈੱਡਮਾਸਟਰ ਰਵੀ ਕਾਂਤ, ਟੈਕਨੀਕਲ ਮੈਂਬਰ ਹਰੀਸ਼ ਕੁਮਾਰ, ਸੰਜੀਵ ਕੁਮਾਰ, ਮਨਦੀਪ ਸਿੰਘ, ਕੁਲਵਿੰਦਰ ਸਿੰਘ, ਹਰਸਿਮਰਨਜੀਤ ਸਿੰਘ, ਸੁਮੇਸ਼ ਸ਼ਰਮਾ, ਮਾਸਟਰ ਭਜਨ ਦਾਸ, ਅਵਤਾਰ ਸਿੰਘ, ਸੁਲੱਖਣਾ ਸ਼ਰਮਾ, ਪੂਜਾ ਪਠਾਨੀਆ, ਮ੍ਰਿਦੂ ਕੁਮਾਰ ਭਾਸ਼ੀ, ਸਵਰਨ ਕੁਮਾਰ ਭਾਸ਼ੀ, ਐਲ. ਕੌਰ, ਮਨਜੀਤ ਸਿੰਘ, ਨੇਹਾ ਮਹਾਜਨ, ਗੁਰਤੇਜ ਸਿੰਘ, ਰਾਜਕੁਮਾਰ, ਨੀਰਜ ਪਰਾਸ਼ਰ, ਪਵਨ ਕਾਲੀਆ, ਅਸ਼ਵਨੀ ਕੁਮਾਰ ਕਥਲੋਰ, ਅਨੂ, ਸੋਨੂੰ ਆਦਿ ਹਾਜ਼ਰ ਸਨ।



# ਕ੍ਰਿਸ਼ਨਾ ਮੰਦਰ 'ਚ ਸੁਭਾਸ਼ ਦੀਵਾਨ ਕਾਲਾ ਮਹਾਜਨ ਪਰਿਵਾਰ ਨੇ ਲੋੜਵੰਦਾਂ ਨੂੰ ਕੰਬਲ ਵੰਡੇ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਕਾਦੀਆਂ ਦੇ ਕ੍ਰਿਸ਼ਨਾ ਮੰਦਰ ਵਿੱਚ ਸੁਭਾਸ਼ ਦੀਵਾਨ ਵੱਲੋਂ ਨੌਵੀਂ ਦਸਵੀਂ ਦੇ ਮੇਲੇ ਤੋਂ ਬਾਅਦ ਕਾਦੀਆਂ ਵਿੱਚ ਲੋੜਵੰਦ ਲੋਕਾਂ ਨੂੰ ਕੰਬਲ ਵੰਡੇ ਅਤੇ ਦਿੱਤੀ ਦਾਨ ਦਕਸ਼ਣਾ, ਗੱਲਬਾਤ ਕਰਦਿਆਂ ਕ੍ਰਿਸ਼ਨਾ ਮੰਦਰ ਦੇ ਚੇਅਰਮੈਨ ਸੁਭਾਸ਼ ਦੀਵਾਨ ਕਾਲਾ ਮਹਾਜਨ ਨੇ ਕਿਹਾ ਕਿ ਸਾਡੇ ਪਰਿਵਾਰ ਵੱਲੋਂ ਹਰ ਸਾਲ ਦੀ ਤਰ੍ਹਾਂ ਨੌਵੀਂ ਦਸਵੀਂ ਤੇ ਕੰਬਲਾਂ ਦੀ ਸੇਵਾ ਕੀਤੀ ਜਾਂਦੀ ਹੈ। ਇਸੇ ਹੀ ਤਰ੍ਹਾਂ ਕਾਦੀਆਂ ਦੇ ਕ੍ਰਿਸ਼ਨਾ ਮੰਦਰ ਵਿੱਚ ਸਾਡੇ ਪਰਿਵਾਰ ਵੱਲੋਂ ਕੰਬਲ ਅਤੇ ਦਾਨ ਦਕਸ਼ਣਾ ਦਿੱਤੀ ਗਈ ਹੈ, ਉਨ੍ਹਾਂ ਨੇ ਕਿਹਾ ਕਿ ਹਰ ਦਾਨੀ ਸੱਜਣਾਂ ਨੂੰ ਇਹੋ ਜਿਹੇ ਧਾਰਮਿਕ ਸਮਾਗਮਾਂ ਵਿੱਚ ਆਪਣੀ ਕਿਰਤ ਕਮਾਈ 'ਚੋਂ ਦਾਨ ਕੱਢ ਕੇ ਆਮ ਲੋਕਾਂ ਦੀ ਸੇਵਾ ਕਰਨੀ ਚਾਹੀਦੀ ਹੈ, ਉਥੇ ਹੀ ਕ੍ਰਿਸ਼ਨਾ ਮੰਦਰ ਦੇ ਪ੍ਰਧਾਨ ਮਨੋਜ ਕੁਮਾਰ, ਅਸ਼ੋਕ ਕੁਮਾਰ, ਸੁਰਿੰਦਰ ਛਾਬੜਾ ਨੇ ਕਿਹਾ ਕਿ ਸੁਭਾਸ਼ ਦੀਵਾਨ ਵੱਲੋਂ ਹਰ ਸਾਲ ਆਮ ਲੋਕਾਂ ਨੂੰ ਕੰਬਲ ਤੇ ਦਾਨ ਦਕਸ਼ਣਾ ਦਿੰਦੇ ਹਨ। ਇਹ ਬਹੁਤ ਹੀ ਸ਼ਲਾਘਾਯੋਗ ਹੈ।

ਉਨ੍ਹਾਂ ਨੇ ਕਿਹਾ ਕਿ ਹਰ ਕਿਸੇ ਨੂੰ ਆਪਣੀ ਕਿਰਤ ਕਮਾਈ ਵਿੱਚੋਂ ਦਸਵੰਧ ਕੱਢ ਕੇ ਅਜਿਹੇ ਧਾਰਮਿਕ ਸਮਾਗਮਾਂ ਵਿੱਚ ਸੇਵਾ ਦੇਣੀ ਚਾਹੀਦੀ ਹੈ।ਇਸ ਮੌਕੇ ਕ੍ਰਿਸ਼ਨ ਮੰਦਿਰ ਦੇ ਸਰਪ੍ਰਸਤ ਅਸ਼ੋਕ ਸ਼ਰਮਾ, ਚੇਅਰਮੈਨ ਸੁਭਾਸ਼ ਦੀਵਾਨ, ਮੁਖੀ ਮਨੋਜ ਕੁਮਾਰ, ਸੁਭਾਸ਼ ਸ਼ਰਮਾ, ਗੁਰਬਚਨ ਲਾਲ, ਵਿਜੇ ਕੁਮਾਰ ਵਿੱਜ, ਮੰਗਲਦੇਵ ਭਾਟੀਆ, ਰੋਸ਼ਨ ਲਾਲ ਸਹਿਗਲ, ਰਵਿੰਦਰ ਦੀਵਾਨ, ਸੁਮਿਤ ਨਰੂਲਾ, ਵਿਕਾਸ ਪੁਸ਼ਕਰਨ, ਸੁਰਿੰਦਰ ਕੁਮਾਰ ਛਾਬੜਾ, ਮਹਾਦੀਪ ਸ਼ਰਮਾ, ਸ਼ਿਵ ਕੁਮਾਰ ਛਾਬੜਾ, ਪ੍ਰਿਯੰਕਾ ਸ਼ਰਮਾ, ਅਨਿਲ ਸ਼ਰਮਾ, ਸਹਿਗਲ, ਵਿਪਨ, ਅਰੋੜਾ, ਰੇਖਾ ਪੁਰੀ, ਸਹਿਗਲ, ਵਿਮਲਾ ਅੰਜੂ ਅਰੋੜਾ, ਕਾਂਤਾ, ਰਾਣੀ ਮਹਾਜਨ, ਸੁਮਨ, ਜੋਤੀ ਭਾਟੀਆ, ਮੀਰਾ ਸ਼ਰਮਾ, ਸਰੋਜ, ਰਾਮ ਪਿਆਰੀ, ਨਿਰਮਲਾ ਅਤੇ ਮਧੂ ਆਦਿ ਹਾਜ਼ਰ ਸਨ।



## ਸੇਖਵਾਂ ਤੇ ਸ਼ੈਰੀ ਕਲਸੀ ਦਾ ਵਾਰਡ ਨੰਬਰ 7 ਦੇ ਵਿਕਾਸ ਕੰਮ ਨੇਪਰੇ ਚਾੜ੍ਹਨ 'ਚ ਵੱਡਾ ਯੋਗਦਾਨ: ਅਭੀ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਆਮ ਆਦਮੀ ਪਾਰਟੀ ਵਾਰਡ ਨੰਬਰ 7 ਧਾਰੀਵਾਲ ਦੇ ਇੰਚਾਰਜ ਅਭੀਜੀਤ ਸਿੰਘ ਅਭੀ ਪੁਰਾਣਾ ਧਾਰੀਵਾਲ ਨੇ ਕਿਹਾ ਕਿ ਹਲਕਾ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਅਤੇ ਵਿਧਾਇਕ ਅਮਨਸ਼ੇਰ ਸਿੰਘ ਸੈਰੀ ਕਲਸੀ ਦੇ ਸਹਿਯੋਗ ਨਾਲ ਵਾਰਡ ਦੇ ਲੋਕਾਂ ਦੇ ਕਾਫੀ ਕੰਮ ਨੇਪਰੇ ਚਾੜ੍ਹੇ ਗਏ ਹਨ। ਵਾਰਡ ਇੰਚਾਰਜ ਅਭੀਜੀਤ ਸਿੰਘ ਅਭੀ ਨੇ ਦੱਸਿਆ ਕਿ ਭਾਰੀ ਬਰਸਾਤਾਂ ਦੌਰਾਨ ਕੁੱਝ ਲੋਕਾਂ ਦੇ ਘਰ ਢਿੱਗ ਗਏ ਸਨ, ਉਨ੍ਹਾਂ ਦੇ ਘਰ ਬਣਾਉਣ ਵਿੱਚ ਵੀ ਉਨ੍ਹਾਂ ਵੱਲੋਂ ਸਾਥੀਆਂ ਦੀ ਮਦਦ ਨਾਲ ਘਰਾਂ ਦੀਆਂ ਉਸਾਰੀਆਂ ਕਰਵਾਈਆਂ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਸਹਿਯੋਗ ਨਾਲ ਮੁਹੱਲੇ ਅੰਦਰ ਲੋਕਾਂ ਨੂੰ ਮੁਫਤ ਦਵਾਈਆਂ ਲਈ ਮੁਹੱਲਾ ਕਲੀਨਿਕ ਖੋਲ੍ਹਿਆ ਗਿਆ ਹੈ।



ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਹੋਰ ਵੀ ਜਿਹੜੇ ਵਿਕਾਸ ਕਾਰਜ ਰਹਿੰਦੇ ਹਨ, ਉਹ ਜਲਦ ਹੀ ਹਲਕਾ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਅਤੇ ਵਿਧਾਇਕ ਅਮਨਸ਼ੇਰ ਸਿੰਘ ਸੈਰੀ ਕਲਸੀ ਤੱਕ ਪਹੁੰਚ ਕਰਕੇ ਕਰਵਾਏ ਜਾਣਗੇ।

# ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਕੰਬਲ, ਖਾਦ ਤੇ ਕਣਕ ਦਾ ਬੀਜ ਵੰਡਿਆ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਕਸਬਾ ਡੇਰਾ ਬਾਬਾ ਨਾਨਕ ਦੇ ਦਸ ਡੋਗਰਾ ਮਾਰਗ ਸਥਿਤ ਗੁਰਦੁਆਰਾ ਬਾਬਾ ਸ਼੍ਰੀ ਚੰਦ ਵਿਖੇ ਬਾਬਾ ਸ਼੍ਰੀ ਚੰਦ ਚੈਰੀਟੇਬਲ ਟਰੱਸਟ ਡੇਰਾ ਬਾਬਾ ਨਾਨਕ ਦੇ ਚੇਅਰਮੈਨ ਅਤੇ ਉਘੇ ਸਮਾਜ ਸੇਵਕ ਐੱਨਆਰਆਈ ਬਾਬਾ ਰਜਿੰਦਰ ਸਿੰਘ ਬੇਦੀ ਵੱਲੋਂ ਕਸਬੇ ਦੇ ਨਾਲ ਲੱਗਦੇ ਪਿੰਡ ਮੰਗੀਆਂ ਦੇ 40 ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਡਬਲ ਬੈੱਡ ਕੰਬਲ, ਖਾਦ ਅਤੇ ਕਣਕ ਦਾ ਬੀਜ ਵੰਡਿਆ ਗਿਆ।ਇਸ ਮੌਕੇ ਕਿਸਾਨਾਂ ਨੂੰ ਬੀਜ, ਖਾਦ ਅਤੇ ਕੰਬਲ ਵੰਡਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆ ਚੇਅਰਮੈਨ ਬਾਬਾ ਰਜਿੰਦਰ ਸਿੰਘ ਬੇਦੀ ਨੇ ਕਿਹਾ ਕਿ ਬਾਬਾ ਸ਼੍ਰੀ ਚੰਦ ਚੈਰੀਟੇਬਲ ਟਰੱਸਟ ਡੇਰਾ ਬਾਬਾ ਨਾਨਕ ਵੱਲੋਂ ਪਿੰਡ ਮੰਗੀਆਂ ਦੇ 40 ਹੜ੍ਹ ਪੀੜਤ ਕਿਸਾਨਾਂ ਨੂੰ ਕੰਬਲ, ਖਾਦ ਅਤੇ ਕਣਕ ਦਾ ਬੀਜ ਵੰਡਿਆ ਗਿਆ ਹੈ।ਉਨ੍ਹਾਂ ਦੱਸਿਆ ਕਿ ਇਸੇ ਹੀ ਪਿੰਡ ਦੇ 3 ਗਰੀਬ ਪਰਿਵਾਰ ਜਿਨ੍ਹਾਂ ਦੇ ਮਕਾਨ ਹੜ੍ਹ ਦੇ ਪਾਣੀ ਨਾਲ ਨੁਕਸਾਨੇ ਗਏ ਸਨ, ਉਨ੍ਹਾਂ ਪਰਿਵਾਰਾਂ ਨੂੰ ਮਾਲੀ ਸਹਾਇਤਾ ਰਾਸ਼ੀ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਆਉਂਦੇ ਦਿਨਾਂ ਵਿੱਚ ਟਰੱਸਟ ਵੱਲੋਂ ਕੁਝ ਹੋਰ ਪਿੰਡਾਂ ਦੇ ਹੜ੍ਹ ਪੀੜਤ ਕਿਸਾਨਾਂ ਖਾਦ, ਕੰਬਲ ਤੇ ਕਣਕ ਦਾ ਬੀਜ ਵੰਡਿਆ ਜਾਵੇਗਾ ।ਇਸ ਮੌਕੇ ਪਿੰਡ ਮੰਗੀਆਂ ਦੇ ਕਿਸਾਨ ਸਾਬਕਾ ਸਰਪੰਚ ਦਿਲਬਾਗ ਸਿੰਘ ਮੰਗੀਆਂ, ਲਖਵਿੰਦਰ ਜੀਤ ਸਿੰਘ ਮੰਗੀਆਂ ਤੇ ਕੁਝ ਹੋਰ ਕਿਸਾਨਾ ਨੇ ਚੇਅਰਮੈਨ ਬਾਬਾ ਰਜਿੰਦਰ ਸਿੰਘ ਬੇਦੀ ਅਤੇ ਬਾਬਾ ਸ਼੍ਰੀ ਚੰਦ ਚੈਰੀਟੇਬਲ ਟਰੱਸਟ ਡੇਰਾ ਬਾਬਾ ਨਾਨਕ ਦਾ ਧੰਨਵਾਦ ਕਰਦਿਆਂ ਕਿਹਾ ਕਿ ਬਾਬਾ ਜੀ ਵੱਲੋਂ ਇਸ ਔਖੀ ਘੜੀ ਵਿੱਚ ਜੋ ਕਿਸਾਨਾਂ ਦੀ ਮਦਦ ਕੀਤੀ ਗਈ ਹੈ, ਇਸ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।ਇਸ ਮੌਕੇ ਸਾਬਕਾ ਚੇਅਰਮੈਨ ਨਿਰਮਲ ਸਿੰਘ ਹਰੂਵਾਲ, ਸੁੱਚਾ ਸਿੰਘ ਸੈਕਟਰੀ ਸ਼ਿਕਾਰ, ਬੱਬੂ ਡਰਾਈਵਰ, ਬਿੱਟਾ ਚੰਦੂ ਨੰਗਲ ਤੋਂ ਇਲਾਵਾ ਕਿਸਾਨ ਹਾਜ਼ਰ ਸਨ ।



# ਪਰਾਲੀ ਪ੍ਰੋਟੈਕਸ਼ਨ ਫੋਰਸ ਨੇ ਪਿੰਡਾਂ 'ਚ ਫਸਲੀ ਰਹਿੰਦ-ਖੂੰਹਦ ਨਾ ਸਾੜਨ ਦੀ ਕੀਤੀ ਅਪੀਲ

ਬਟਾਲਾ, (ਡਾ. ਮਲਵਿੰਦਰ ਸਿੰਘ)-ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿੱਤਿਆ ਉਪਲ ਦੀ ਅਗਵਾਈ ਹੇਠ ਪਰਾਲੀ ਪ੍ਰਬੰਧਨ ਅਤੇ ਫਸਲ ਦੀ ਰਹਿੰਦ ਖੂੰਹਦ ਨਾ ਸਾੜਨ ਦੀ ਮੁਹਿੰਮ ਲਗਾਤਾਰ ਜਾਰੀ ਹੈ।ਪਰਾਲੀ ਪ੍ਰੋਟੈਕਸ਼ਨ ਫੋਰਸ ਨੇ ਪਿੰਡ ਕਾਜ਼ਮਪੁਰ, ਕਹਾਲੀ, ਚੱਕ ਭਗਤੂਪੁਰ, ਬੋਪਾਰਾਏ, ਬਰਿਆਰ, ਘੁਮਾਣ, ਚੀਮਾ ਕਲਾ ਅਤੇ ਮੁੱਲੋਵਾਲੀ ਵਿਖੇ ਵਿਜ਼ਿਟ ਕੀਤਾ ਜਿਸ ਵਿੱਚ ਰਜਿੰਦਰ ਕੁਮਾਰ ਬਲਾਕ ਨੋਡਲ ਅਫ਼ਸਰ ਸ੍ਰੀ ਹਰਗੋਬਿੰਦਪੁਰ ਸਾਹਿਬ ਵਲੋਂ ਕਿਸਾਨਾਂ ਨੂੰ ਫਸਲੀ ਰਹਿੰਦ-ਖੂੰਹਦ ਨੂੰ ਅੱਗ ਨਾ ਲਾਉਣ ਦੀ ਅਪੀਲ ਕੀਤੀ ਗਈ।ਉਨ੍ਹਾਂ ਦੱਸਿਆ ਕਿ ਪਰਾਲੀ ਪ੍ਰਬੰਧਨ ਲਈ ਲੋੜੀਂਦੀ ਖੇਤੀ ਮਸ਼ੀਨਰੀ ਉਪਲੱਬਧ ਕਰਵਾਈ ਗਈ ਹੈ, ਜਿਸਦੀ ਮੈਪਿੰਗ ਕੀਤੀ ਜਾ ਚੁੱਕੀ ਹੈ। ਲੇਕਿਨ ਫਿਰ ਵੀ ਜੇਕਰ ਕਿਸੇ ਕਿਸਾਨ ਵੀਰ ਨੂੰ ਪਰਾਲੀ ਪ੍ਰਬੰਧਨ ਲਈ ਖੇਤੀ ਮਸ਼ੀਨਰੀ ਦੀ ਲੋੜ ਹੈ ਤਾਂ ਉਹ ਜ਼ਿਲ੍ਹਾ ਪੱਧਰ ਤੇ ਸਥਾਪਤ ਕੰਟਰੋਲ ਰੂਮ ਦੇ ਫੋਨ ਨੰਬਰ 01874-266376 ਤੇ ਸੰਪਰਕ ਕਰ ਸਕਦਾ ਹੈ।ਉਸ ਕਿਸਾਨ ਨੂੰ ਪਿੰਡਾਂ ਵਿੱਚ ਤਾਇਨਾਤ ਨੋਡਲ/ਕਲੱਸਟਰ ਅਫਸਰਾਂ ਵਲੋਂ ਖੇਤੀ ਮਸ਼ੀਨਰੀ ਮੁਹੱਈਆ ਕਰਵਾਈ ਜਾਵੇਗੀ। ਇਸ ਮੌਕੇ ਕਲੱਸਟਰ ਇੰਚਾਰਜ ਬਲਵਿੰਦਰ ਸਿੰਘ, ਮਾਨਿਕ ਕੁਮਾਰ ਨੋਡਲ ਅਫ਼ਸਰ ਦਲਵੀਰ ਸਿੰਘ, ਯੋਧਾ ਮਸੀਹ, ਭਗਵੰਤ ਸਿੰਘ ਏਐੱਸਆਈ, ਨੰਬਰਦਾਰ ਮਨਜਿੰਦਰ ਸਿੰਘ, ਨੋਡਲ ਅਫ਼ਸਰ ਗੁਰਪ੍ਰਤਾਪ ਸਿੰਘ, ਹਰਦੇਵ ਸਿੰਘ ਅਤੇ ਵਰੁਣ ਢੀਂਗਰਾ ਅਤੇ ਪੁਲਸ ਪਾਰਟੀ ਰਾਜਨ ਸਿੰਘ ਸਰਪੰਚ ਗੁਰਮੀਤ ਸਿੰਘ ਅਤੇ ਕਿਸਾਨ ਹਾਜ਼ਰ ਸਨ।



# ਪ੍ਰਤਾਪ ਸਿੰਘ ਬਾਜਵਾ ਤੇ ਸੁਖਪਾਲ ਭੁੱਲਰ ਨੇ ਕਰਨਬੀਰ ਸਿੰਘ ਬੁਰਜ ਦੇ ਹੱਕ 'ਚ ਵੋਟਾਂ ਮੰਗੀਆਂ

ਝਬਾਲ (ਹਰਜਿੰਦਰ ਸਿੰਘ ਸੋਨੀ)-ਵਿਧਾਨ ਸਭਾ ਹਲਕਾ ਤਰਨਤਾਰਨ ਤੋਂ ਉਪ ਚੋਣ ਲਈ ਕਾਂਗਰਸ ਪਾਰਟੀ ਦੇ ਉਮੀਦਵਾਰ ਕਰਨਬੀਰ ਸਿੰਘ ਬੁਰਜ ਦੇ ਹੱਕ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਸੰਬੋਧਨ ਕਰਦਿਆਂ ਕਰਨਬੀਰ ਸਿੰਘ ਬੁਰਜ ਨੂੰ ਭਾਰੀ ਬਹੁਮਤ ਨਾਲ ਜਿਤਾਉਣ ਦੀ ਅਪੀਲ ਕੀਤੀ।ਪ੍ਰਤਾਪ ਸਿੰਘ ਬਾਜਵਾ ਪਿੰਡ ਸੋਹਲ ਵਿਖੇ ਸੀਨੀਅਰ ਕਾਂਗਰਸੀ ਆਗੂ ਗੁਰਦੇਵ ਸਿੰਘ ਰਿੰਟੂ ਸੋਹਲ ਵੱਲੋਂ ਕਰਨਬੀਰ ਸਿੰਘ ਬੁਰਜ ਦੇ ਹੱਕ ਵਿੱਚ ਰੱਖੇ ਗਏ ਪਿੰਡ ਵਾਸੀਆਂ ਦੇ ਇਕੱਠ ਨੂੰ ਸੰਬੋਧਨ ਕਰ ਰਹੇ ਸਨ ਜਦਕਿ ਸਾਬਕਾ ਵਿਧਾਇਕ ਸੁਖਪਾਲ ਸਿੰਘ ਭੁੱਲਰ ਦੀ ਚੋਣ ਸਬੰਧੀ ਮਿਲੇ 14 ਪਿੰਡਾਂ ਦੇ ਵੱਖ-ਵੱਖ ਕਾਂਗਰਸੀ ਆਗੂਆਂ ਨਾਲ 11 ਨਵੰਬਰ ਨੂੰ ਹੋ ਰਹੀ ਵੋਟਿੰਗ ਬਾਰੇ ਮੀਟਿੰਗਾਂ ਵੀ ਕੀਤੀਆਂ ਗਈਆਂ।ਇਸ ਤੋਂ ਪਹਿਲਾਂ ਗੁਰਦੇਵ ਸਿੰਘ ਰਿੰਟੂ ਸੋਹਲ, ਪੂਰਨ ਸਿੰਘ ਤਰਨਤਾਰਨ, ਰਣਜੋਧ ਸਿੰਘ ਓਠੀਆਂ, ਜਗਦੇਵ ਸਿੰਘ ਸੋਹਲ, ਗੁਰਜੀਤ ਸਿੰਘ ਬਿੱਟੂ, ਬਲਵਿੰਦਰ ਸਿੰਘ ਬਿੰਦਰ ਸੋਹਲ, ਗੁਰਭਾਗ ਸਿੰਘ, ਸ਼ੈਲੀ, ਗੁਰਿੰਦਰ ਸਿੰਘ ਭਾਟੀਆ, ਕੰਵਲਨੈਣ ਸਿੰਘ,ਲਵ ਇੰਦਰ ਹੀ ਬੱਬੂ, ਆੜ੍ਹਤੀ ਸਤਿੰਦਰਪਾਲ ਸਿੰਘ, ਯਾਦਵਿੰਦਰ ਸਿੰਘ ਆਦਿ ਵੱਲੋਂ ਪ੍ਰਤਾਪ ਸਿੰਘ ਬਾਜਵਾ ਤੇ ਸੁਖਪਾਲ ਸਿੰਘ ਭੁੱਲਰ ਦਾ ਭਰਵਾਂ ਸਵਾਗਤ ਕੀਤਾ ਗਿਆ।ਸਾਬਕਾ ਚੇਅਰਮੈਨ ਲਖਬੀਰ ਸਿੰਘ ਬੁਰਜ, ਸਰਪੰਚ ਪ੍ਰਗਟ ਸਿੰਘ ਮਲਵਈ, ਸਾਬਕਾ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ ਤਸਬੀਰ ਸਿੰਘ ਅੌਲਖ ਠੱਠੀ, ਠੇਕੇਦਾਰ ਰਤਨ ਸਿੰਘ, ਮਖਤੂਲ ਸਿੰਘ, ਆੜ੍ਹਤੀ ਸੋਨੂੰ ਸ਼ਾਹ, ਕਾਂਗਰਸ ਆਗੂ ਮਖਤੂਲ ਸਿੰਘ, ਕੁਲਵਿੰਦਰ ਸਿੰਘ ਕੈਟੀ, ਡਾ. ਹਰਪ੍ਰੀਤ ਸਿੰਘ ਹੈਪੀ, ਡਾ. ਰਣਜੀਤ ਸਿੰਘ, ਸੁਖਚੈਨ ਸਿੰਘ ਮੈਂਬਰ, ਜੈਬੀਰ ਸਿੰਘ, ਮੇਜਰ ਸਿੰਘ, ਗੁਰਬਾਜ ਸਿੰਘ ਬਾਜਾ, ਟਿੰਕੂ, ਸੋਨੂੰ, ਅਜਮੇਰ ਸਿੰਘ, ਜਤਿੰਦਰ ਸਿੰਘ, ਸ਼ਮਸ਼ੇਰ ਸਿੰਘ ਸੋਹਲ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਦੇ ਕਾਂਗਰਸੀ ਵਰਕਰ ਵੀ ਹਾਜ਼ਰ ਸਨ।



# ਜੰਗਲਾਤ ਵਰਕਰਾਂ ਵੱਲੋਂ ਜ਼ਿਮਨੀ ਚੋਣ ਮੌਕੇ ਤਰਨ ਤਾਰਨ ਵਿਖੇ ਸੂਬਾ ਪੱਧਰੀ ਧਰਨਾ

ਵਲਟੋਹਾ (ਰਣਜੀਤ ਸਿੰਘ ਵਲਟੋਹਾ)-ਡੈਮੋਕ੍ਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ ਵੱਲੋਂ ਕੱਚੇ ਵਰਕਰਾਂ ਨੂੰ ਪੱਕਾ ਕਰਵਾਉਣ ਲਈ ਜ਼ਿਮਨੀ ਚੋਣ ਦੌਰਾਨ ਤਰਨ ਤਾਰਨ ਵਿਖੇ ਜਥੇਬੰਦੀ ਦੇ ਸੂਬਾ ਪ੍ਰਧਾਨ ਰਛਪਾਲ ਸਿੰਘ ਜੋਧਾਨਗਰੀ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੇ ਚੋਣ ਦਫ਼ਤਰ ਤੱਕ ਰੋਸ ਮਾਰਚ ਕੀਤਾ ਅਤੇ ਡੇਢ ਘੰਟੇ ਤੱਕ ਦਫ਼ਤਰ ਦਾ ਘਿਰਾਓ ਕਰਦੇ ਹੋਏ ਰੋਹ ਭਰਪੂਰ ਧਰਨਾ ਦਿੱਤਾ ਅਤੇ ਜੰਗਲਾਤ ਦੇ ਕੱਚੇ ਵਰਕਰਾਂ ਨੂੰ ਪੱਕਾ ਨਾ ਕਰਨ ਕਰਕੇ ਭਗਵੰਤ ਮਾਨ ਸਰਕਾਰ ਦੀ ਸਖ਼ਤ ਨਿਖੇਧੀ ਕੀਤੀ ਗਈ।ਜੰਗਲਾਤ ਵਰਕਰਾਂ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਆਗੂ ਬਲਬੀਰ ਸਿੰਘ ਸਿਵੀਆਂ, ਬਲਬੀਰ ਸਿੰਘ ਗਿੱਲਾਂਵਾਲਾ, ਹਰਜੀਤ ਕੌਰ ਸਮਰਾਲਾ, ਬਲਕਾਰ ਸਿੰਘ ਭੱਖੜਾ, ਗੁਰਪ੍ਰੀਤ ਸਿੰਘ ਮੋਗਾ, ਜਗਸੀਰ ਸਿੰਘ ਮੁਕਤਸਰ, ਮਹਿੰਦਰਪਾਲ ਦਸੂਹਾ ਅਤੇ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਜਰਮਨਜੀਤ ਸਿੰਘ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਜੰਗਲਾਤ ਵਿਭਾਗ ਦੇ ਕੱਚੇ ਵਰਕਰਾਂ ਨੂੰ ਪੱਕਾ ਕਰਨ ਤੋਂ ਲਗਾਤਾਰ ਟਾਲਮਟੋਲ ਕੀਤੀ ਜਾ ਰਹੀ ਹੈ ਅਤੇ ਪਿਛਲੇ ਅਰਸੇ ਦੌਰਾਨ 15 ਹਜ਼ਾਰ ਰੁਪਏ ਉਕਾ ਪੁੱਕਾ ਤਨਖਾਹ 'ਤੇ ਪੱਕੇ ਕੀਤੇ ਗਏ 884 ਵਰਕਰਾਂ ਨਾਲ ਵੱਡਾ ਧੋਖਾ ਕੀਤਾ ਗਿਆ ਹੈ। ਧਰਨੇ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਆਗੂਆਂ ਨੇ ਕਿਹਾ ਕਿ ਜੰਗਲਾਤ ਵਿਭਾਗ ਵਿੱਚ 25-25 ਸਾਲ ਤੱਕ ਕੰਮ ਕਰਨ ਵਾਲੇ ਅਨਪੜ੍ਹ ਕੱਚੇ ਵਰਕਰਾਂ ਵਾਸਤੇ ਵਿੱਦਿਅਕ ਯੋਗਤਾ ਦੀ ਕੋਈ ਸ਼ਰਤ ਨਹੀਂ ਹੁੰਦੀ ਸੀ।ਇਸ ਧਰਨੇ ਨੂੰ ਨਿਰਮਲ ਸਿੰਘ ਗੁਰਦਾਸਪੁਰ, ਹਰਿੰਦਰ ਕੁਮਾਰ ਐਮਾਂ, ਜਤਿੰਦਰ ਸਿੰਘ ਮਲੋਟ, ਗੁਰਵਿੰਦਰ ਸਿੰਘ ਮਚਾਕੀ, ਕੁਲਦੀਪ ਲਾਲ ਮੱਤੇਵਾੜਾ, ਸ਼ਿਵ ਦਿਆਲ ਮੁਕੇਰੀਆਂ, ਸਤਪਾਲ ਸਿੰਘ ਜ਼ੀਰਾ, ਦੀਵਾਨ ਸਿੰਘ ਬਾਣੀਆਂ, ਬਲਵਿੰਦਰ ਸਿੰਘ ਗੰਡੀਵਿੰਡ ਅਤੇ ਜਗਬੀਰ ਸਿੰਘ ਨਾਗਰਾ ਤੋਂ ਇਲਾਵਾ ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ, ਪ੍ਰਤਾਪ ਸਿੰਘ, ਕੰਵਰਦੀਪ ਸਿੰਘ ਤਰਨਤਾਰਨ ਅਤੇ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਨਛੱਤਰ ਸਿੰਘ ਨੇ ਵੀ ਸੰਬੋਧਨ ਕੀਤਾ।



# 45 ਗ੍ਰਾਮ ਹੈਰੋਇਨ ਸਮੇਤ 2 ਮੁਲਜ਼ਮ ਗ੍ਰਿਫਤਾਰ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਹਰਮਨਦੀਪ ਸਿੰਘ ਹਾਂਸ ਸੀਨੀਅਰ ਕਪਤਾਨ ਪੁਲਸ ਜ਼ਿਲ੍ਹਾ ਐਸ.ਏ.ਐਸ. ਨਗਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਮੁਹਾਲੀ ਪੁਲਸ ਵੱਲੋਂ ਮਾੜੇ ਅਨਸਰਾਂ ਵਿਰੁੱਧ ਚਲਾਈ ਮੁਹਿਮ ਦੌਰਾਨ ਸੌਰਵ ਜਿੰਦਲ ਕਪਤਾਨ ਪੁਲਸ (ਜਾਂਚ), ਤਲਵਿੰਦਰ ਸਿੰਘ ਕਪਤਾਨ ਪੁਲਸ (ਅਪਰੇਸ਼ਨ), ਰਾਜਨ ਪਰਮਿੰਦਰ ਉਪ-ਕਪਤਾਨ ਪੁਲਸ (ਜਾਂਚ) ਜ਼ਿਲ੍ਹਾ ਐਸ.ਏ.ਐਸ. ਨਗਰ ਦੀ ਨਿਗਰਾਨੀ ਹੇਠ ਇੰਸਪੈਕਟਰ ਹਰਮਿੰਦਰ ਸਿੰਘ ਇੰਚਾਰਜ ਸੀ.ਆਈ.ਏ. ਸਟਾਫ ਦੀ ਟੀਮ ਵੱਲੋਂ 2 ਮੁਲਜ਼ਮਾਂ ਨੂੰ ਗ੍ਰਿਫਤਾਰ ਕਰਕੇ, ਉਹਨਾਂ ਪਾਸੋਂ 45 ਗ੍ਰਾਮ ਹੈਰੋਇਨ ਬ੍ਰਾਮਦ ਕਰਾਉਣ ਵਿੱਚ ਸਫਲਤਾ ਹਾਸਲ ਕੀਤੀ ਹੈ ਮਿਤੀ 30 ਅਕਤੂਬਰ ਨੂੰ ਸੀ.ਆਈ.ਏ. ਸਟਾਫ ਦੇ ਐਸ.ਆਈ. ਗੁਰਪ੍ਰਤਾਪ ਸਿੰਘ ਸਮੇਤ ਪੁਲਸ ਪਾਰਟੀ ਦੇ ਪੈਟਰੋਲਿੰਗ ਕਰਦੇ ਹੋਏ ਮੁਹਾਲੀ ਸਾਈਡ ਤੋਂ ਖਰੜ ਸਾਈਡ ਨੂੰ ਆ ਰਹੇ ਸੀ। ਜਦੋਂ ਪੁਲਸ ਪਾਰਟੀ ਨੇੜੇ ਕਿਲਾ ਕੰਪਲੈਕਸ ਖਰੜ ਪੁੱਜੀ ਤਾਂ ਇੱਕ ਸਾਈਡ ਐਕਟਿਵਾ ਰੰਗ ਚਿੱਟਾ ਕੋਲ਼ ਦੋ ਸ਼ੱਕੀ ਨੌਜਵਾਨ ਖੜੇ ਦਿਖਾਈ ਦਿੱਤੇ। ਜੋ ਪੁਲਸ ਨੂੰ ਦੇਖ ਕੇ ਐਕਟਿਵਾ ਛੱਡ ਕੇ ਭੱਜਣ ਲੱਗੇ, ਜਿਨਾਂ ਨੂੰ ਐਸ.ਆਈ. ਗੁਰਪ੍ਰਤਾਪ ਸਿੰਘ ਵੱਲੋਂ ਕਾਬੂ ਕੀਤਾ ਗਿਆ। ਜਿਨਾਂ ਪਾਸੋਂ 45 ਗ੍ਰਾਮ ਹੈਰੋਇਨ ਬ੍ਰਾਮਦ ਹੋਈ। ਜਿਸ ਦੇ ਅਧਾਰ 'ਤੇ ਦੋਸ਼ੀਆਂ ਵਿਰੁੱਧ ਮੁਕੱਦਮਾ ਥਾਣਾ ਸਿਟੀ ਖਰੜ ਦਰਜ ਰਜਿਸਟਰ ਕਰਕੇ ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ। ਮੁਲਜ਼ਮ ਚਰਨਜੀਤ ਸਿੰਘ ਉਰਫ ਚੰਨੀ ਪੁੱਤਰ ਦਲਜੀਤ ਸਿੰਘ ਵਾਸੀ ਮਕਾਨ ਨੰ: 133 ਵਾਰਡ ਨੰ: 11 ਕੁਰਾਲੀ ਹਾਲ ਵਾਸੀ ਉੱਚੀ ਗਲੀ, ਕ੍ਰਿਸ਼ਚਨ ਸਕੂਲ ਦੀ ਬੈਕਸਾਈਡ ਖਰੜ, ਜ਼ਿਲ੍ਹਾ ਐਸ.ਏ.ਐਸ. ਨਗਰ ਜਿਸ ਦੀ ਉਮਰ ਕ੍ਰੀਬ 35 ਸਾਲ ਹੈ ਵਿਰੁੱਧ ਪਹਿਲਾਂ ਵੀ ਥਾਣਾ ਮੁੱਲਾਂਪੁਰ ਗਰੀਬਦਾਸ ਵਿਖੇ ਮੁਕੱਦਮਾ ਦਰਜ ਹੈ।ਪਰਮਿੰਦਰ ਸਿੰਘ ਉਰਫ ਪੰਮਾ ਪੁੱਤਰ ਬਲਵੰਤ ਸਿੰਘ ਨੇੜੇ ਆਟਾ ਚੱਕੀ ਸ਼ਿਵਰਾਜ ਇੰਨਕਲੇਵ ਸੈਕਟਰ-127 ਖਰੜ, ਜ਼ਿਲ੍ਹਾ ਐਸ.ਏ.ਐਸ. ਨਗਰ ਜਿਸ ਦੀ ਉਮਰ ਕ੍ਰੀਬ 30 ਸਾਲ ਹੈ, 2 ਦਿਨਾਂ ਦੇ ਪੁਲਸ ਰਿਮਾਂਡ ਅਧੀਨ ਹਨ, ਜਿਨਾਂ ਪਾਸੋਂ ਹੈਰੋਇਨ ਸਬੰਧੀ ਪੁੱਛਗਿੱਛ ਕੀਤੀ ਜਾ ਰਹੀ ਹੈ।



# ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਗ੍ਰਾਮ ਪੰਚਾਇਤ ਨਾਲ ਪਰਾਲੀ ਪ੍ਰਬੰਧਨ ਬਾਰੇ ਕੀਤੀ ਵਿਚਾਰ-ਚਰਚਾ

**ਜਲਾਲਾਬਾਦ (ਜੀਤ ਕੁਮਾਰ)**- ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਲਗਾਤਾਰ ਕਿਸਾਨਾਂ ਨਾਲ ਰਾਬਤਾ ਕਾਇਮ ਕਰਕੇ ਝੋਨੇ ਦੀ ਪਰਾਲੀ ਨੂੰ ਤੇ ਰਹਿੰਦ-ਖੂੰਹਦ ਦਾ ਯੋਗ ਤਰੀਕੇ ਨਾਲ ਪ੍ਰਬੰਧਨ ਕਰਨ ਲਈ ਜਾਗਰੂਕਤਾ ਪੈਦਾ ਕਰ ਰਿਹਾ ਹੈ। ਕਲਸਟਰ ਅਫਸਰ, ਨੋਡਲ ਅਫਸਰ ਤੇ ਪੁਲਸ ਵਿਭਾਗ ਦੇ ਅਧਿਕਾਰੀ ਪਰਾਲੀ ਸਾੜਨ ਦੇ ਰੁਝਾਨ ਨੂੰ ਖਤਮ ਕਰਨ ਲਈ ਲਗਾਤਾਰ ਫੀਲਡ ਵਿਚ ਕੰਮ ਕਰ ਰਹੇ ਹਨ। ਇਸੇ ਤਹਿਤ ਮੁੱਖ ਖੇਤੀਬਾੜੀ ਅਫਸਰ ਹਰਪ੍ਰੀਤ ਪਾਲ ਕੌਰ ਦੇ ਦਿਸ਼ਾ-ਨਿਰਦੇਸ਼ਾਂ ਤੇ ਬਲਾਕ ਖੇਤੀਬਾੜੀ ਅਫਸਰ ਰਾਧਾ ਰਾਣੀ ਨੇ ਪਿੰਡ ਚੱਕ ਗੁਲਾਮ ਰਸੂਲ ਵਾਲਾ (ਚੱਕ ਵੈਰੋਕੇ) ਵਿਖੇ ਜਾ ਕੇ ਗ੍ਰਾਮ ਪੰਚਾਇਤ ਨਾਲ ਤਾਲਮੇਲ ਕਰਦਿਆਂ ਪਰਾਲੀ ਪ੍ਰਬੰਧਨ ਬਾਰੇ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਕਿਹਾ ਕਿ ਕਿਸਾਨ ਪਰਾਲੀ ਨੂੰ ਅੱਗ ਨਾ ਲਗਾ ਕੇ ਖੇਤੀਬਾੜੀ ਵਿਭਾਗ ਵੱਲੋਂ ਸੁਝਾਏ ਤਰੀਕਿਆਂ ਰਾਹੀਂ ਪਰਾਲੀ ਦਾ ਨਿਪਟਾਰਾ ਕਰਨ। ਉਨ੍ਹਾਂ ਕਿਹਾ ਕਿ ਪਰਾਲੀ ਨੂੰ ਅੱਗ ਨਾਲ ਜ਼ਮੀਨੀ ਉਪਜਾਊ ਸ਼ਕਤੀ ਘਟਦੀ ਹੈ ਤੇ ਸਾਡੀ ਧਰਤੀ ਜੋ ਕਿ ਸਾਨੂੰ ਫਸਲ ਪੈਦਾ ਕਰਦੀ ਹੈ, ਅੱਗ ਲਾਉਣ ਕੇ ਅੰਦਰੂਨੀ ਪੋਸ਼ਕ ਤੱਤ ਕਮਜ਼ੋਰ ਹੁੰਦੇ ਹਨ। ਉਨ੍ਹਾਂ ਕਿਹਾ ਕਿ ਪਰਾਲੀ ਤੇ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਤੋਂ ਪਰਹੇਜ਼ ਕਰਨਾ ਚਾਹੀਦਾ ਹੈ। ਮੁੱਖ ਖੇਤੀਬਾੜੀ ਅਫਸਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਤੇ ਰਹਿੰਦ-ਖੂੰਹਦ ਨੂੰ ਅਗ ਨਾ ਲਗਾਉਣ ਤੇ ਖੇਤੀਬਾੜੀ ਵਿਭਾਗ ਵੱਲੋਂ ਸਬਸਿਡੀ 'ਤੇ ਮੁਹੱਈਆ ਕਰਵਾਈ ਗਈ ਮਸ਼ੀਨਰੀ ਦੀ ਵਰਤੋਂ ਕਰਨ। ਇਸ ਮੌਕੇ ਕਲੱਸਟਰ ਅਫਸਰ ਸੰਦੀਪ ਸਿੰਘ ਬੱਲ, ਨੋਡਲ ਅਫਸਰ ਗੁਰਮੇਜ ਸਿੰਘ, ਇੰਚਾਰਜ ਰਾਧਾ ਰਾਣੀ, ਵੈਰੋਕੇ ਦੇ ਸਰਪੰਚ, ਕਿਸਾਨ ਮਲਕੀਤ ਸਿੰਘ, ਕਿਸਾਨ ਗੁਰਮੀਤ ਸਿੰਘ ਸੰਧੂ, ਅਰਵਿੰਦਰ ਬਰਾੜ, ਬਲਕਾਰ ਚੰਦ ਆਦਿ ਮੌਜੂਦ ਸਨ।



# ਲਾਇਨ ਸੰਜੀਵ ਅਰੋੜਾ ਨੇਤਰਦਾਨ ਪ੍ਰਤੀ ਵਧੀਆ ਸੇਵਾਵਾਂ ਲਈ ਸਨਮਾਨਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਲਾਇਨਜ਼ ਕਲੱਬ ਹੁਸ਼ਿਆਰਪੁਰ ਪਰਲ ਵੱਲੋਂ ਪ੍ਰਧਾਨ ਵਿਜੇ ਅਰੋੜਾ ਦੀ ਅਗਵਾਈ ਵਿੱਚ ਕਰਵਾਏ ਗਏ ਸਮਾਰੋਹ ਦੌਰਾਨ ਡਿਸਟ੍ਰਿਕਟ ਚੇਅਰਮੈਨ ਨੇਤਰਦਾਨ 321-ਡੀ ਪ੍ਰਮੁੱਖ ਸਮਾਜ ਸੇਵੀ ਲਾਇਨ ਸੰਜੀਵ ਅਰੋੜਾ ਨੂੰ ਵਿਸ਼ੇਸ਼ ਤੌਰ 'ਤੇ ਨੇਤਰਦਾਨ ਜਾਗਰੂਕਤਾ ਮੁਹਿੰਮ ਚਲਾਉਣ ਅਤੇ ਕੋਰਨੀਆ ਟ੍ਰਾਂਸਪਲਾਂਟ ਕਰਵਾਉਣ ਲਈ ਸਨਮਾਨਤ ਕੀਤਾ ਗਿਆ। ਇਸ ਮੌਕੇ 'ਤੇ ਡਿਸਟ੍ਰਿਕਟ ਗਵਰਨਰ ਲਾਇਨ ਵੀ. ਐਮ. ਗੋਇਲ, ਸਾਬਕਾ ਜ਼ਿਲ੍ਹਾ ਗਵਰਨਰ ਲਾਇਨ ਹਰੀਸ਼ ਬਾਂਗਾ, ਸਾਬਕਾ ਡਿਸਟ੍ਰਿਕਟ ਗਵਰਨਰ ਲਾਇਨ ਦਵਿੰਦਰ ਅਰੋੜਾ ਅਤੇ ਵਾਈਸ ਡਿਸਟ੍ਰਿਕਟ ਗਵਰਨਰ-1 ਜੀ. ਐਸ. ਭਾਟੀਆ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਮੌਕੇ ਡਿਸਟ੍ਰਿਕਟ ਗਵਰਨਰ ਲਾਇਨ ਵੀ. ਐਮ. ਗੋਇਲ ਨੇ ਲਾਇਨ ਸੰਜੀਵ ਅਰੋੜਾ ਨੂੰ ਸਨਮਾਨਤ ਕਰਦਿਆਂ ਕਿਹਾ ਕਿ ਲਾਇਨਜ਼ ਕਲੱਬ ਲਈ ਇਹ ਮਾਣ ਦੀ ਗੱਲ ਹੈ ਕਿ ਲਾਇਨ ਸੰਜੀਵ ਅਰੋੜਾ ਨੇਤਰਦਾਨ ਜਾਗਰੂਕਤਾ ਮੁਹਿੰਮ ਸੰਬੰਧੀ ਜੋ ਕੰਮ ਕਰ ਰਹੇ ਹਨ ਉਹ ਸ਼ਲਾਘਾ ਯੋਗ ਹਨ। ਉਨ੍ਹਾਂ ਕਿਹਾ ਕਿ ਕਿਸੇ ਦੀ ਹਨੇਰੀ ਜ਼ਿੰਦਗੀ ਨੂੰ ਰੌਸ਼ਨੀ ਦੇਣਾ ਸਭ ਤੋਂ ਵੱਡਾ ਪੁੰਨ ਹੈ। ਉਨ੍ਹਾਂ ਸਾਰੇ ਲਾਇਨ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਵੀ ਮਰਨ ਉਪਰੰਤ ਨੇਤਰਦਾਨ ਲਈ ਪ੍ਰਣ-ਪੱਤਰ ਜ਼ਰੂਰ ਭਰਨ ਤਾਂ ਜੋ ਕਿਸੇ ਦੀ ਜ਼ਿੰਦਗੀ ਵਿੱਚ ਰੌਸ਼ਨੀ ਆ ਸਕੇ।ਸਾਬਕਾ ਡਿਸਟ੍ਰਿਕਟ ਗਵਰਨਰ ਲਾਇਨ ਹਰੀਸ਼ ਬਾਂਗਾ ਤੇ ਲਾਇਨ ਦਵਿੰਦਰ ਅਰੋੜਾ ਨੇ ਕਿਹਾ ਕਿ ਜਲਦੀ ਹੀ ਵੱਖ-ਵੱਖ ਕਲੱਬਾਂ ਨੂੰ ਆਪਣੇ ਨਾਲ ਜੋੜ ਕੇ ਨੇਤਰਦਾਨ ਜਾਗਰੂਕਤਾ ਮੁਹਿੰਮ ਵੱਡੇ ਪੱਧਰ 'ਤੇ ਚਲਾਈ ਜਾਵੇਗੀ, ਤਾਂ ਜੋ ਇਹ ਕੰਮ ਲਹਿਰ ਬਣ ਸਕੇ। ਲਾਇਨ ਦਵਿੰਦਰ ਅਰੋੜਾ ਨੇ ਇਹ ਵੀ ਕਿਹਾ ਕਿ ਜਦੋਂ ਕਿਸੇ ਕੋਰਨੀਆ ਬਲਾਈਂਡਨੈੱਸ ਪੀੜਤ ਵਿਅਕਤੀ ਨੂੰ ਰੌਸ਼ਨੀ ਮਿਲਦੀ ਹੈ, ਤਾਂ ਉਹ ਅਤੇ ਉਸ ਦਾ ਪਰਿਵਾਰ ਸਮਾਜ ਨੂੰ ਦਿਲੋਂ ਦੁਆਵਾਂ ਦਿੰਦੇ ਹਨ। ਇਸ ਮੌਕੇ ਲਾਇਨ ਸੰਜੀਵ ਅਰੋੜਾ ਨੇ ਧੰਨਵਾਦ ਕਰਦਿਆਂ ਕਿਹਾ ਕਿ ਲਾਇਨਜ਼ ਕਲੱਬ 321-ਡੀ ਵੱਲੋਂ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਗਈ ਹੈ, ਉਹ ਉਸ ਨੂੰ ਪੂਰੀ ਤਨਦੇਹੀ ਨਾਲ ਨਿਭਾਉਣ ਦੀ ਕੋਸ਼ਿਸ਼ ਕਰਨਗੇ। ਇਸ ਮੌਕੇ ਲਾਇਨ ਉਮੇਸ਼ ਰਾਣਾ, ਗੌਰਵ ਖੱਟੜ, ਕੁਮਾਰ ਗੌਰਵ, ਲਾਇਨ ਹਰਜੀਤ ਭਾਟੀਆ, ਲਾਇਨ ਅਸ਼ਵਨੀ ਦੱਤਾ, ਲਾਇਨ ਐਚ. ਕੇ. ਨਾਕੜਾ, ਲਾਇਨ ਸੁਖਵੰਤ ਸਿੰਘ, ਲਾਇਨ ਹਰੀਸ਼ ਚੁੱਗ, ਲਾਇਨ ਪੰਕਜ ਕੁਮਾਰ, ਡਾ. ਰਜਿੰਦਰ ਗੁਪਤਾ, ਲਾਇਨ ਬਿੰਦਰਾ ਅਤੇ ਹੋਰ ਮੈਂਬਰ ਹਾਜ਼ਰ ਸਨ।



# ਸ੍ਰੀ ਹਨੂਮਤ ਆਈ ਐੱਮ ਟੀ 'ਚ ਹੋਟਲ ਪ੍ਰਬੰਧਨ ਵਿਭਾਗ ਨੇ ਗੈੱਸਟ ਲੈਕਚਰ ਕਰਵਾਇਆ

**ਗੁਰਾਇਆ (ਬਿੰਦਰ ਸੁੰਮਨ)**- ਸ੍ਰੀ ਹਨੂਮਤ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ ਵਿਖੇ ਹੋਟਲ ਮੈਨੇਜਮੈਂਟ ਦੇ ਵਿਦਿਆਰਥੀਆਂ ਲਈ ਪਰਾਹੁਣਚਾਰੀ ਵਿੱਚ ਉੱਭਰ ਰਹੇ ਰੁਝਾਨਾਂ 'ਤੇ ਇੱਕ ਗੈਸਟ ਲੈਕਚਰ ਸੈਸ਼ਨ ਆਯੋਜਿਤ ਕੀਤਾ ਗਿਆ। ਕਾਲਜ ਡਾਇਰੈਕਟਰ ਡਾ. ਸ਼ੈਲੀ ਰੇਖੀ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਏ ਇਸ ਪ੍ਰੋਗਰਾਮ ਦੌਰਾਨ ਰਮਾਡਾ ਐਨਕੋਰ ਹੋਟਲ ਜਲੰਧਰ ਤੋਂ ਰੋਹਿਤ ਸੱਮੀ (ਮਨੁੱਖੀ ਸਰੋਤ ਅਤੇ ਸਿਖਲਾਈ ਪ੍ਰਬੰਧਕ) ਨੇ ਮਹਿਮਾਨ ਬੁਲਾਰੇ ਵਜੋਂ ਸ਼ਿਰਕਤ ਕੀਤੀ। ਉਹਨਾਂ ਵਿਭਾਗ ਦੇ ਵਿਦਿਆਰਥੀਆਂ ਨਾਲ ਪਰਾਹੁਣਚਾਰੀ ਉਦਯੋਗ ਵਿੱਚ ਨਵੀਨਤਮ ਰੁਝਾਨਾਂ ਅਤੇ ਨਵੀਨਤਾਵਾਂ ਬਾਰੇ ਕੀਮਤੀ ਜਾਣਕਾਰੀ ਸਾਂਝੀ ਕੀਤੀ। ਇਸ ਤੋਂ ਇਲਾਵਾ ਸਥਿਰਤਾ, ਸਿਹਤ-ਅਧਾਰਿਤ ਭੋਜਨ ਅਤੇ ਏ.ਆਈ ਵਰਗੀਆਂ ਨਵੀਨਤਾਵਾਂ 'ਤੇ ਵੀ ਜ਼ੋਰ ਦਿੱਤਾ ਗਿਆ। ਉਹਨਾਂ ਦੱਸਿਆ ਕਿ ਏ.ਆਈ ਚੈਟਬੋਟ ਤੁਰੰਤ ਮਹਿਮਾਨਾਂ ਦੇ ਸਵਾਲਾਂ ਦੇ ਜਵਾਬ ਦਿੰਦੇ ਹਨ ਅਤੇ ਬੁਕਿੰਗ ਵਿੱਚ ਸਹਾਇਤਾ ਕਰਦੇ ਹਨ। ਮੋਬਾਈਲ ਚੈੱਕ-ਇਨ, ਡਿਜੀਟਲ ਰੂਮ ਕੁੰਜੀਆਂ ਅਤੇ ਸੰਪਰਕ ਰਹਿਤ ਚੈੱਕ-ਆਊਟ ਦੇ ਨਾਲ ਮਹਿਮਾਨਾਂ ਨੂੰ ਹੁਣ ਰਿਸੈਪਸ਼ਨ 'ਤੇ ਜਾਣ ਦੀ ਲੋੜ ਨਹੀਂ ਹੈ। ਇੰਟਰਨੈੱਟ ਆਫ਼ ਥਿੰਗਜ਼ (ਆਈ.ਓ.ਟੀ.) ਸਮਾਰਟ ਡਿਵਾਈਸਾਂ ਦੀ ਵਰਤੋਂ ਵਿਅਕਤੀਗਤ ਅਨੁਭਵਾਂ ਲਈ ਕੀਤੀ ਜਾਂਦੀ ਹੈ, ਜਿਵੇਂ ਕਿ ਮਹਿਮਾਨਾਂ ਦੀ ਪਸੰਦ ਅਨੁਸਾਰ ਥਰਮੋਸਟੈਟ ਨੂੰ ਐਡਜਸਟ ਕਰਨਾ। ਔਗਮੈਂਟਡ ਰਿਐਲਿਟੀ (ਏ.ਆਰ.) ਦੀ ਵਰਤੋਂ ਵਰਚੁਅਲ ਟੂਰ ਅਤੇ ਇੰਟਰਐਕਟਿਵ ਗਾਈਡ ਪ੍ਰਦਾਨ ਕਰਨ ਲਈ ਕੀਤੀ ਜਾ ਸਕਦੀ ਹੈ, ਜਿਸਨੂੰ ਮਹਿਮਾਨ ਆਪਣੇ ਸਮਾਰਟਫੋਨ ਜਾਂ ਏ.ਆਰ. ਗਲਾਸ ਦੀ ਵਰਤੋਂ ਕਰਕੇ ਦੇਖ ਸਕਦੇ ਹਨ। ਆਈ.ਓ.ਟੀ. ਅਤੇ ਏ.ਆਈ. ਦੀ ਵਰਤੋਂ ਕਰਕੇ ਅਨੁਭਵਾਂ ਨੂੰ ਵਿਅਕਤੀਗਤ ਅਤੇ ਯਾਦਗਾਰ ਬਣਾਇਆ ਜਾ ਰਿਹਾ ਹੈ। ਕਾਲੇਜ ਡਾਇਰੈਕਟਰ ਡਾ. ਸ਼ਰਮਾ ਨੇ ਦੱਸਿਆ ਕਿ ਇਹ ਸੈਸ਼ਨ ਬਹੁਤ ਹੀ ਇੰਟਰਐਕਟਿਵ ਅਤੇ ਜਾਣਕਾਰੀ ਭਰਪੂਰ ਸੀ।



# ਦਸਵੀਂ ਦਾ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਇਆ

**ਐਸ ਏ ਐਸ ਨਗਰ (ਗੁਰਜੀਤ ਬਿੱਲਾ)**- ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਦਸਵੀਂ ਦਾ ਸ਼ੁੱਭ ਦਿਹਾੜਾ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਗਿਆ। ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ 'ਚ ਬੀਬੀ ਪਰਮਿੰਦਰ ਕੌਰ ਖਾਲਸਾ ਅਤੇ ਜਲੰਧਰ ਵਾਲੀਆਂ ਬੀਬੀਆਂ ਦੇ ਇੰਟਰਨੈਸ਼ਨਲ ਢਾਡੀ ਜਥੇ ਨੇ ਨੌਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਜੀਵਨ ਬ੍ਰਿਤਾਂਤ ਅਤੇ ਉਨਾਂ ਨੂੰ ਗੁਰਤਾਗੱਦੀ ਮਿਲਣ ਦੇ ਪ੍ਰਸੰਗ ਨੂੰ ਸੰਗਤਾਂ ਨੂੰ ਢਾਡੀ ਵਾਰਾਂ ਸਹਿਤ ਸਰਵਣ ਕਰਵਾਇਆ। ਭਾਈ ਸਤਨਾਮ ਸਿੰਘ ਕੋਹਾੜਕਾ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਨੇ ਆਪਣੇ ਰਸਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਸ਼੍ਰੋਮਣੀ ਪ੍ਰਚਾਰਕ ਭਾਈ ਗੁਰਪ੍ਰੀਤ ਸਿੰਘ ਭਾਈ ਰੂਪਾ ਤੋਂ ਇਲਾਵਾ ਭਾਈ ਗੁਰਪ੍ਰਤਾਪ ਸਿੰਘ ਹਜ਼ੂਰੀ ਰਾਗੀ ਤਖਤ ਸ੍ਰੀ ਹਜ਼ੂਰ ਸਾਹਿਬ, ਭਾਈ ਹਰਮੀਤ ਸਿੰਘ ਲੁਧਿਆਣਾ ਵਾਲੇ, ਸੰਤ ਬਾਬਾ ਪਿਆਰਾ ਸਿੰਘ (ਸਿਰਥਲੇ ਵਾਲੇ), ਭਾਈ ਬਲਦੇਵ ਸਿੰਘ ਲੁਧਿਆਣੇ ਵਾਲਿਆਂ ਦਾ ਇੰਟਰਨੈਸ਼ਨਲ ਢਾਡੀ ਜੱਥਾ, ਭਾਈ ਜਤਿੰਦਰ ਸਿੰਘ ਦਮਦਮੀ ਟਕਸਾਲ ਮਿਤਰ ਪਿਆਰੇ ਨੂੰ ਕੀਰਤਨੀ ਜੱਥਾ ਅਤੇ ਭਾਈ ਅਮਰਜੀਤ ਸਿੰਘ ਖਾਲਸਾ ਦੇ ਜੱਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ ਭਾਈ ਇੰਦਰਜੀਤ ਸਿੰਘ, ਭਾਈ ਹਰਬਖਸ਼ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਜਰਨੈਲ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ । ਸਾਰੇ ਜੱਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਹਰ ਵਿਭਾਗ ਦੇ ਮਾਹਿਰ ਡਾਕਟਰਾਂ ਵੱਲੋਂ ਮਰੀਜ਼ਾਂ ਦਾ ਮੁਆਇਨਾ ਕੀਤਾ ਗਿਆ ਅਤੇ ਦਵਾਈ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਤੀ ਗਈ। ਇਸ ਦਿਨ ਵੱਡੀ ਗਿਣਤੀ ਵਿੱਚ ਪ੍ਰਾਣੀ ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ । ਇਸ ਮੌਕੇ ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਵਿਖੇ ਸੰਗਤਾਂ ਦੇ ਸਹੂਲਤ ਲਈ 7 ਮੰਜ਼ਿਲਾ ਕਾਰ ਪਾਰਕਿੰਗ ਅਤੇ ਦੀਵਾਨ ਹਾਲ ਦੀ ਕਾਰ ਸੇਵਾ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਚੱਲ ਰਹੀ ਹੈ।



# ਸਪੈਸ਼ਲ ਕੈਂਪੇਨਿੰਗ 5.0 ਪ੍ਰੋਗਰਾਮ ਅਧੀਨ ਸੁੱਚਾ ਭਾਰਤ ਬਣਾਉਣ ਦਾ ਸੰਕਲਪ ਲਿਆ

**ਕਪੂਰਥਲਾ (ਮਨਜੀਤ ਮਾਨ)**- ਭਾਰਤੀ ਖਾਦ ਨਿਗਮ, ਮੰਡਲ ਦਫ਼ਤਰ ਕਪੂਰਥਲਾ ਵੱਲੋਂ 17 ਨਵੰਬਰ ਤੋਂ 2 ਅਕਤੂਬਰ ਤੱਕ ਸਪੈਸ਼ਲ ਕੈਂਪੇਨਿੰਗ 5.0 ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਅਧੀਨ ਸੁੱਚਤਾ ਹੀ ਸੇਵਾ 2025 ਵਿਸ਼ੇਸ਼ ਅਭਿਆਨ 5.0 ਦੇ ਤਹਿਤ ਵਾਕਥਾਨ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਪੁਰਾਣੇ ਰਿਕਾਰਡਾਂ, ਦਸਤਾਵੇਜ਼ਾਂ ਤੇ ਫਾਈਲਾਂ ਦੀ ਸਮੀਖਿਆ ਕੀਤੀ ਗਈ। ਇਸ ਦੇ ਨਾਲ ਹੀ ਸੇਵਾ 2025, ਰਾਸ਼ਟਰੀ ਪੋਸ਼ਣ ਮਹੀਨਾ 2025 ਅਤੇ ਨਸ਼ਾ ਮੁਕਤ ਭਾਰਤ 2025 ਦੇ ਤਹਿਤ ਵੀ ਕਈ ਪ੍ਰੋਗਰਾਮ ਆਯੋਜਿਤ ਕੀਤੇ ਗਏ। ਮੰਡਲ ਦਫ਼ਤਰ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਇਸ ਸੁੱਚਤਾ ਪਖਵਾਰਾ 2025 ਦੇ ਵਾਕਥਾਨ ਦਾ ਮੁੱਖ ਉਦੇਸ਼ ਲੋਕਾਂ ਵਿੱਚ ਸੁੱਚਤਾ ਦੇ ਮਹੱਤਵ ਬਾਰੇ ਜਾਗਰੂਕਤਾ ਫੈਲਾਉਣਾ ਅਤੇ ਸੁੱਚਾ, ਹਰਾ ਤੇ ਤੰਦਰੁਸਤ ਭਾਰਤ ਬਣਾਉਣ ਲਈ ਲੋਕਾਂ ਨੂੰ ਸਰਗਰਮ ਭਾਗੀਦਾਰੀ ਲਈ ਪ੍ਰੇਰਿਤ ਕਰਨਾ ਹੈ।ਪ੍ਰੋਗਰਾਮ ਦੌਰਾਨ ਭਾਗੀਦਾਰਾਂ ਨੇ ਸੁੱਚਤਾ ਬਰਕਰਾਰ ਰੱਖਣ ਤੇ ਜਨ ਭਾਗੀਦਾਰੀ ਰਾਹੀਂ ਸੁੱਚਾ ਭਾਰਤ ਬਣਾਉਣ ਦਾ ਸੰਕਲਪ ਲਿਆ ।




# ਰਾਸ਼ਟਰੀ ਏਕਤਾ ਦਿਵਸ ਮੌਕੇ ਬੱਚਿਆਂ ਦੀਆਂ ਦੌੜਾਂ ਕਰਵਾਈਆਂ

**ਮਾਹਿਲਪੁਰ (ਸ.ਫ਼ਰੀ)**- ਡਿਪਟੀ ਕਮਿਸ਼ਨਰ ਹੁਸ਼ਿਆਰਪੁਰ, ਸੀਨੀਅਰ ਸੁਪਰਡੈਂਟ ਪੁਲਿਸ ਹੁਸ਼ਿਆਰਪੁਰ, ਡੀ ਐਸ ਪੀ ਗੜ੍ਹਸ਼ੰਕਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਥਾਣਾ ਮੁਖੀ ਮਾਹਿਲਪੁਰ ਦੀ ਅਗਵਾਈ ਵਿੱਚ ਰਾਸ਼ਟਰੀ ਏਕਤਾ ਦਿਵਸ ( ਰਨ ਫਾਰ ਯੂਨਿਟ) ਰਹਿਤ ਸਕੂਲੀ ਬੱਚਿਆਂ ਦੀਆਂ ਦੌੜਾਂ ਕਰਵਾਈਆਂ । ਥਾਣਾ ਮੁਖੀ ਮਾਹਿਲਪੁਰ ਨੇ ਦੱਸਿਆ ਕਿ ਇਸ ਦਿਵਸ ਤੇ ਸੀਨੀਅਰ ਸੈਕੰਡਰੀ ਸਕੂਲ ਮਾਹਿਲਪੁਰ ਬੁਆਏ ਅਤੇ ਸੰਤ ਬਾਬਾ ਹਰੀ ਸਿੰਘ ਮਾਡਲ ਸਕੂਲ ਮਾਹਿਲਪੁਰ ਦੇ ਵਿਦਿਆਰਥੀਆਂ ਦੀਆਂ ਦੌੜਾਂ ਕਰਵਾਈਆਂ ਗਈਆਂ।ਇਸ ਮੌਕੇ ਸਬ ਇੰਸਪੈਕਟਰ ਦਿਲਬਾਗ ਸਿੰਘ, ਏ ਐਸ ਆਈ ਰਸ਼ਪਾਲ ਸਿੰਘ, ਏ ਐਸ ਆਈ ਸੁਖਵਿੰਦਰ ਸਿੰਘ, ਮੁਨਸ਼ੀ ਸੁਖਵਿੰਦਰ ਸਿੰਘ,ਐਚ ਸੀ ਸਤਵਿੰਦਰ ਸਿੰਘ, ਐਚ ਸੀ ਦੀਪਕ, ਐਚ ਸੀ ਸੇਵਾ ਸਿੰਘ, ਲੇਡੀ ਕਾਂਸਟੇਬਲ ਪ੍ਰਭਜੋਤ ਕੌਰ, ਰੇਣੂਕਾ ਬਾਲੀ ਵਾਇਸ ਪ੍ਰਿੰਸੀਪਲ, ਅਮਰਜੀਤ ਸਿੰਘ ਲੈਕਚਰਾਰ, ਠਾਕਰ ਕਰਨ ਮਹਿਤਾ ਡੀ ਪੀ ਈ, ਸੰਦੀਪ ਸਿੰਘ ਡੀ ਪੀ ਈ , ਆਦਿ ਹਾਜ਼ਰ ਸਨ।




# ਸ੍ਰੀ ਗੁਰੂ ਰਵਿਦਾਸ ਜੀ ਨੂੰ ਸਮਰਪਤ ਤਿੰਨ ਦਿਨਾ ਅਧਿਆਤਮਕ ਸਮਾਗਮ



**ਫਿਲੌਰ (ਨਿਰਮਲ)**- ਦਿਵਯ ਜਯੋਤੀ ਜਾਗ੍ਰਤੀ ਸੰਸਥਾਨ ਦੁਆਰਾ ਕਮਿਊਨਿਟੀ ਹਾਲ, ਨਜ਼ਦੀਕ ਨਗਰ ਕੌਂਸਲ, ਫਿਲੌਰ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਨੂੰ ਸਮਰਪਤ ਤਿੰਨ ਦਿਨਾ ਅਧਿਆਤਮਕ ਸਮਾਗਮ ਦਾ ਆਯੋਜਨ ਕੀਤਾ ਗਿਆ।ਦੂਜੇ ਦਿਨ ਆਪਣੇ ਵਿਚਾਰਾਂ ਰਾਹੀਂ ਸੰਸਥਾਨ ਦੀ ਪ੍ਰਚਾਰਿਕਾ ਸਾਧਵੀ ਧਾਤਰੀ ਭਾਰਤੀ ਨੇ ਕਿਹਾ ਕਿ ਗੁਰੂ ਰਵਿਦਾਸ ਜੀ ਨੇ ਸਾਰੀ ਹੀ ਮਾਨਵ ਜਾਤੀ ਨੂੰ ਮਾਇਆ ਤੇ ਨਿਰਸਵਾਰਥ ਭਾਵ ਤੋਂ ਉੱਪਰ ਉੱਠ ਕੇ ਸੱਚ ਦਾ ਸੰਦੇਸ਼ ਦਿੱਤਾ। ਇਸ ਵਿੱਚ ਸੰਪੂਰਨ ਬ੍ਰਹਿਮੰਡ ਤੇ ਉਸ ਦਾ ਰਚਨਕਾਰ ਬ੍ਰਹਮਾ ਸਮਾਇਆ ਹੋਇਆ ਹੈ। ਪਰ ਅਸੀਂ ਇਸ ਸੰਸਾਰ ਵਿੱਚ ਖੁਦ ਪ੍ਰਵੇਸ਼ ਨਹੀਂ ਕਰ ਸਕਦੇ। ਇੱਕ ਪੂਰਨ ਗੁਰੂ ਹੀ ਸਾਨੂੰ ਇਸ ਦੁਆਰ ਵਿੱਚ ਲੈ ਜਾ ਸਕਦਾ ਹੈ। ਇਸੇ ਦਿਵਯ ਗਿਆਨ ਬਾਰੇ ਕਬੀਰ ਜੀ ਦੱਸਦੇ ਹਨ। ਅੱਜ ਹੈਰਾਨ ਕਰਨ ਵਾਲੀ ਗੱਲ ਇਹ ਹੈ ਕਿ ਅਸੀਂ ਆਪਣੇ ਆਪ ਨੂੰ ਗੁਰੂ ਰਵਿਦਾਸ ਜੀ ਦਾ ਭਗਤ ਵੀ ਕਹਿੰਦੇ ਹਾਂ ਪਰ ਉਹਨਾਂ ਦੁਆਰਾ ਦੱਸੇ ਰਾਹ 'ਤੇ ਨਹੀਂ ਤੁਰਦੇ। ਕਬੀਰ ਜੀ ਕਹਿੰਦੇ ਹਨ ਕਿ ਪਰਮਾਤਮਾ ਇੰਦਰੀਆਂ ਤੋਂ ਪਰੇ ਹੈ, ਬਾਹਰੀ ਕਿਸੇ ਵੀ ਵਿਧੀ ਦੁਆਰਾ ਅਸੀਂ ਪ੍ਰਭੂ ਨੂੰ ਪ੍ਰਾਪਤ ਨਹੀਂ ਕਰ ਸਕਦੇ। ਜਦੋਂ ਅੰਦਰ ਦਾ ਪ੍ਰਕਾਸ਼, ਸੰਗੀਤ ਨਾਦ, ਸੁਮਿਰਨ ਤੇ ਅੰਮ੍ਰਿਤ ਗੁਰੂ ਦੀ ਕਿਰਪਾ ਨਾਲ ਅਨੁਭਵ ਹੁੰਦੇ ਹਨ, ਤਦ ਹੀ ਸਾਡੇ ਅੰਦਰ ਸੱਚੀ ਸ਼ਾਂਤੀ ਆਉਂਦੀ ਹੈ।ਇਸ ਲਈ ਸਾਨੂੰ ਸੰਤਾਂ ਮਹਾਪੁਰਸ਼ਾਂ ਦੀ ਸੰਗਤ ਕਰਕੇ ਐਸੇ ਦਿਵਯ ਗਿਆਨ ਦੀ ਉਹਨਾਂ ਕੋਲੋਂ ਮੰਗ ਕਰਨੀ ਚਾਹੀਦੀ ਹੈ।ਅੰਤ ਵਿੱਚ ਸਾਧਵੀ ਨੇ ਕਿਹਾ ਕਿ ਸਾਨੂੰ ਇਹ ਮਾਨਵ ਜੀਵਨ ਵੱਡੇ ਭਾਗਾਂ ਨਾਲ ਮਿਲਿਆ ਹੈ, ਇਸ ਲਈ ਸਾਨੂੰ ਬੁਰੇ ਕੰਮਾਂ ਤੋਂ ਦੂਰ ਰਹਿ ਕੇ ਮਾਨਵਤਾ ਦੀ ਭਲਾਈ ਲਈ ਅੱਗੇ ਆਉਣਾ ਚਾਹੀਦਾ ਹੈ, ਤਾਂ ਕਿ ਦਮ ਤੋੜਦੀ ਮਾਨਵਤਾ ਨੂੰ ਬਚਾਇਆ ਜਾ ਸਕੇ।

# 704 ਬੱਚਿਆਂ ਨੂੰ ਬਾਲ ਭੀਖ ਮੰਗਣ ਵਾਲਿਆਂ ਦੇ ਚੁੰਗਲ ਤੋਂ ਬਚਾਇਆ : ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਦੀ ਦੂਰਅੰਦੇਸ਼ੀ ਅਗਵਾਈ ਹੇਠ, ਪੰਜਾਬ ਸਰਕਾਰ ਨੇ ਹੁਣ ਤੱਕ ਆਪਣੇ ਪ੍ਰਮੁੱਖ ਪ੍ਰੋਜੈਕਟ ਜੀਵਨਜੋਤ ਅਤੇ ਜੀਵਨਜੋਤ 2.0 ਪਹਿਲਕਦਮੀਆਂ ਤਹਿਤ 704 ਬੱਚਿਆਂ ਨੂੰ ਬਾਲ ਭੀਖ ਮੰਗਣ ਵਾਲਿਆਂ ਦੇ ਚੁੰਗਲ ਤੋਂ ਬਚਾਇਆ ਹੈ ਜੋ ਰਾਜ ਦੇ ਹਰ ਬੱਚੇ ਦੇ ਪੁਨਰਵਾਸ, ਸੁਰੱਖਿਆ ਅਤੇ ਸਨਮਾਨਜਨਕ ਜੀਵਨ ਨੂੰ ਯਕੀਨੀ ਬਣਾਉਣ ਲਈ ਸ਼ੁਰੂ ਕੀਤੇ ਗਏ ਹਨ। ਇਹ ਪ੍ਰੋਜੈਕਟ ਬਾਲ ਸੁਰੱਖਿਆ ਦੇ ਖੇਤਰ ਵਿੱਚ ਪੰਜਾਬ ਸਰਕਾਰ ਦੇ ਪ੍ਰੇਰਕ ਯਤਨ ਦੀ ਸ਼ਾਨਦਾਰ ਮਿਸਾਲ ਹੈ। ਬਚਾਏ ਗਏ 704 ਬੱਚਿਆਂ ਵਿੱਚੋਂ, 269 ਨੂੰ ਸਕੂਲਾਂ ਵਿੱਚ ਦਾਖਲ ਕਰਵਾਇਆ ਗਿਆ ਹੈ, 15 ਆਂਗਨਵਾੜੀ ਸੈਂਟਰਾਂ ਵਿੱਚ ਦਾਖਲ ਹੋਏ ਹਨ, 43 ਨੂੰ ਸਪਾਂਸਰਸ਼ਿਪ ਸਕੀਮ ਅਧੀਨ ਲਾਭ ਪ੍ਰਦਾਨ ਕੀਤੇ ਗਏ ਹਨ, ਅਤੇ 15 ਨੂੰ ਸਿਹਤ ਯੋਜਨਾ ਤਹਿਤ ਕਵਰ ਕੀਤਾ ਗਿਆ ਹੈ।

# ਕੇ ਜੀ ਤੇ ਪ੍ਰਾਇਮਰੀ ਵਿੰਗ ਦੇ ਬੱਚਿਆਂ ਨੇ ਮਨਾਈ ਪਿਕਨਿਕ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ, ਸ਼ਾਹਬਾਜ਼ਪੁਰ ਵਿਖੇ ਕੇ ਜੀ ਤੇ ਪ੍ਰਾਇਮਰੀ ਕਲਾਸਾਂ ਦੇ ਬੱਚਿਆਂ ਦੇ ਲਈ ਪਿਕਨਿਕ ਦਾ ਆਯੋਜਨ ਕੀਤਾ ਗਿਆ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਇਸ ਪਿਕਨਿਕ ਦੌਰਾਨ ਵੱਖ-ਵੱਖ ਤਰ੍ਹਾਂ ਦੇ ਝੂਲੇ ਅਲੱਗ ਅਲੱਗ ਤਰ੍ਹਾਂ ਦੀਆਂ ਖੇਡਾਂ ਅਤੇ ਬੱਚਿਆਂ ਦੇ ਲਈ ਕਈ ਤਰ੍ਹਾਂ ਦੀਆਂ ਦਿਲਚਸਪ ਗਤੀਵਿਧੀਆਂ ਆਯੋਜਿਤ ਕੀਤੀਆਂ ਗਈਆਂ। ਇਸ ਪਿਕਨਿਕ ਦਾ ਖਾਸ ਆਕਰਸ਼ਣ ਰਿਹਾ ਇਸ ਵਿੱਚ ਦਿਖਾਇਆ ਗਿਆ ਮੈਜਿਕ ਸ਼ੋਅ।ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਦੱਸਿਆ ਕਿ ਬੱਚਿਆਂ ਦੇ ਪਹਿਲੇ ਟਰਮ ਦੀ ਪ੍ਰੀਖਿਆ ਉਪਰੰਤ ਬੱਚਿਆਂ ਦੇ ਦਿਮਾਗ ਨੂੰ ਤਰੋ ਤਾਜ਼ਾ ਕਰਨ ਦਾ ਇਹ ਉਪਰਾਲਾ ਸਕੂਲ ਨੇ ਖਾਸ ਤੌਰ ਤੇ ਕੇ ਜੀ ਅਤੇ ਪ੍ਰਾਈਮਰੀ ਕਲਾਸਾਂ ਦੇ ਲਈ ਕੀਤਾ। ਉਹਨਾਂ ਦੱਸਿਆ ਕਿ ਬੱਚਿਆਂ ਨੇ ਇਸ ਪਿਕਨਿਕ ਦਾ ਖੂਬ ਆਨੰਦ ਮਾਣਿਆ ਅਤੇ ਬਹੁਤ ਹੀ ਜੋਸ਼ ਦੇ ਨਾਲ ਇਸ ਵਿੱਚ ਭਾਗ ਲਿਆ। ਡੀਜੇ ਦੀ ਧਮਕ ਤੇ ਬੱਚਿਆਂ ਨੇ ਅਲੱਗ ਅਲੱਗ ਗੀਤਾਂ ਦੇ ਉੱਤੇ ਡਾਂਸ ਕੀਤਾ ਅਤੇ ਇਸ ਦਿਨ ਦਾ ਆਨੰਦ ਮਾਣਿਆ। ਇਸ ਮੌਕੇ ਤੇ ਮੈਨੇਜਰ ਗਜਿੰਦਰ ਪਾਲ ਸਿੰਘ ਅਤੇ ਤਰਨ ਸੈਣੀ, ਬਿਕਰਮਜੀਤ ਸਿੰਘ ਭੇਲਾ, ਜਗਬੰਧਨ ਸਿੰਘ, ਰਾਜਵੀਰ ਕੌਰ, ਅਮਰਜੀਤ ਕੌਰ ਸੈਣੀ, ਗੁਰਪ੍ਰੀਤ ਕੌਰ, ਅਰਚਨਾ ਸੈਨੀ, ਸੁਖਜਿੰਦਰ, ਨੀਨਾ, ਅਨੁਰਾਧਾ, ਮਨੀਸ਼ਾ, ਪੁਸ਼ਪਾ, ਅਮਰਪ੍ਰੀਤ, ਰਜਿੰਦਰ, ਪੂਜਾ, ਸ਼ਵੇਤਾ, ਰੁਪਿੰਦਰ, ਪਰਵੀਨ, ਚੇਤਨਾ, ਮਨਦੀਪ, ਈਸ਼ਾ, ਅਮਨ, ਹਰਜੀਤ, ਇਕਬਾਲ ਸਿੰਘ, ਗੁਰਦੇਵ ਸਿੰਘ ਅਤੇ ਬਾਕੀ ਸਟਾਫ ਵੀ ਮੌਜੂਦ ਸੀ।



# ਐੱਨ ਸੀ ਸੀ ਕੈਡਿਟਾਂ ਵੱਲੋਂ ਵਿਜੀਲੈਂਸ ਜਾਗਰੂਕਤਾ ਰੈਲੀ

**ਆਦਮਪੁਰ (ਪਰਮਜੀਤ ਸਿੰਘ)**- ਸੰਤ ਬਾਬਾ ਮਲਕੀਤ ਸਿੰਘ (ਬਾਨੀ ਚਾਂਸਲਰ) ਅਤੇ ਸੰਤ ਬਾਬਾ ਦਿਲਾਵਰ ਸਿੰਘ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ ਚਾਂਸਲਰ ਸੰਤ ਮਨਮੋਹਨ ਸਿੰਘ ਅਤੇ ਉਪ-ਕੁਲਪਤੀ ਡਾ. ਧਰਮਜੀਤ ਸਿੰਘ ਪਰਮਾਰ, ਹਰਦਮਨ ਸਿੰਘ ਮਿਨਹਾਸ (ਸਕੱਤਰ) ਦੇ ਦਿਸ਼ਾ ਨਿਰਦੇਸ਼ ਤਹਿਤ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਦੁਆਰਾ 'ਵਿਜੀਲੈਂਸ: ਸਾਡੀ ਸਾਂਝੀ ਜ਼ਿੰਮੇਵਾਰੀ' ਥੀਮ ਅਧੀਨ ਆਯੋਜਿਤ ਵਿਜੀਲੈਂਸ ਜਾਗਰੂਕਤਾ ਹਫ਼ਤੇ ਦੇ ਹਿੱਸੇ ਵਜੋਂ ਯੂਨੀਵਰਸਿਟੀ ਦੇ ਐਨ ਸੀ ਸੀ ਕੈਡਿਟਾਂ ਨੇ ਕੈਂਪਸ ਵਿੱਚ ਇੱਕ ਜਾਗਰੂਕਤਾ ਰੈਲੀ ਕੱਢੀ। ਇਸ ਰੈਲੀ ਦਾ ਉਦੇਸ਼ ਵਿਦਿਆਰਥੀਆਂ ਅਤੇ ਸਟਾਫ ਵਿੱਚ ਭ੍ਰਿਸ਼ਟਾਚਾਰ ਦਾ ਮੁਕਾਬਲਾ ਕਰਨ ਵਿੱਚ ਇਮਾਨਦਾਰੀ, ਪਾਰਦਰਸ਼ਤਾ ਅਤੇ ਸਮੂਹਿਕ ਜ਼ਿੰਮੇਵਾਰੀ ਦੀ ਮਹੱਤਤਾ ਬਾਰੇ ਜਾਗਰੂਕਤਾ ਫੈਲਾਉਣਾ ਸੀ।ਐਨ ਸੀ ਸੀ ਦੇ ਸੀ ਟੀ ਓ ਡਾ. ਮੋਹਨ ਲਾਲ ਦੀ ਅਗਵਾਈ ਹੇਠ ਕੈਡਿਟਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਇਸ ਮੌਕੇ ਡਾ. ਵਿਜੈ ਧੀਰ, ਡੀਨ ਅਕਾਦਮਿਕਸ, ਰੂਪ ਸਿੰਘ, ਡਿਪਟੀ ਰਜਿਸਟਰਾਰ, ਸਹਾਇਕ ਪ੍ਰੋਫੈਸਰ ਓਮ ਪ੍ਰਕਾਸ਼ ਤੇ ਵੱਖ-ਵੱਖ ਵਿਭਾਗਾਂ ਦੇ ਡੀਨ, ਪ੍ਰੋਫੈਸਰ ਵੀ ਹਾਜ਼ਰ ਸਨ।




# ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ 15 ਮੁਲਾਜ਼ਮ ਜਥੇਬੰਦੀਆਂ ਨਾਲ ਮੁਲਾਕਾਤ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ, ਜੋ ਮੁਲਾਜ਼ਮਾਂ ਦੇ ਮਸਲੇ ਹੱਲ ਕਰਨ ਲਈ ਗਠਿਤ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਵੀ ਹਨ, ਨੇ 15 ਵੱਖ-ਵੱਖ ਮੁਲਾਜ਼ਮ ਜਥੇਬੰਦੀਆਂ ਨਾਲ ਮੀਟਿੰਗਾਂ ਕੀਤੀਆਂ। ਇਨ੍ਹਾਂ ਵਿੱਚ ਸਿੱਖਿਆ ਵਿਭਾਗ ਦੀਆਂ 7 ਜਥੇਬੰਦੀਆਂ ਦੇ ਨਾਲ-ਨਾਲ ਜਲ ਸਪਲਾਈ ਅਤੇ ਸਿਹਤ ਵਿਭਾਗ ਦੀਆਂ ਯੂਨੀਅਨਾਂ ਅਤੇ ਕਰਮਚਾਰੀਆਂ ਦੇ ਸਾਂਝੇ ਹਿੱਤਾਂ ਦੀ ਨੁਮਾਇੰਦਗੀ ਕਰਨ ਵਾਲੀਆਂ ਜਥੇਬੰਦੀਆਂ, ਜਿਨ੍ਹਾਂ ਵਿੱਚ ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਅਤੇ ਪੁਰਾਣੀ ਪੈਨਸ਼ਨ ਬਹਾਲ ਸੰਘਰਸ਼ ਕਮੇਟੀ ਸ਼ਾਮਲ ਹਨ, ਨੇ ਹਿੱਸਾ ਲਿਆ।ਲਗਭਗ ਪੰਜ ਘੰਟੇ ਚੱਲੀਆਂ ਇਨ੍ਹਾਂ ਮੀਟਿੰਗਾਂ ਦੌਰਾਨ ਯੂਨੀਅਨ ਆਗੂਆਂ ਨਾਲ ਉਨ੍ਹਾਂ ਦੀਆਂ ਮੰਗਾਂ ਅਤੇ ਮੁੱਦਿਆਂ 'ਤੇ ਡੂੰਘਾਈ ਨਾਲ ਚਰਚਾ ਕਰਨ ਅਤੇ ਢੁਕਵੇਂ ਹੱਲ ਲੱਭਣ ਲਈ ਉਪਰਾਲੇ ਕੀਤੇ ਗਏ। ਸਿੱਖਿਆ ਵਿਭਾਗ ਨਾਲ ਸਬੰਧਤ ਯੂਨੀਅਨਾਂ ਦੇ ਮੁੱਖ ਮੁੱਦੇ ਤਨਖਾਹ ਅਤੇ ਸੀਨੀਆਰਤਾ ਵਿੱਚ ਬੇਨਿਯਮੀਆਂ, ਸੇਵਾਵਾਂ ਨੂੰ ਰੈਗੂਲਰ ਕਰਨ ਅਤੇ ਪੰਜਾਬ ਸਟੇਟ ਟੀਚਰਜ਼ ਐਲੀਜੀਬਿਲਟੀ ਟੈਸਟ (ਪੀ.ਐਸ.ਟੀ.ਈ.ਟੀ) ਨੂੰ ਸਮੇਂ ਸਿਰ ਕਰਵਾਉਣ ਨਾਲ ਸੰਬੰਧਤ ਸਨ।ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਿੱਖਿਆ ਵਿਭਾਗ ਨੂੰ ਤਨਖਾਹ ਅਤੇ ਸੀਨੀਆਰਤਾ ਵਿੱਚ ਬੇਨਿਯਮੀਆਂ ਨਾਲ ਸੰਬੰਧਤ ਮੁੱਦੇ ਸਮਰਪਤ ਅਨੋਮਲੀ ਕਮੇਟੀ ਕੋਲ ਭੇਜਣ ਦੇ ਨਿਰਦੇਸ਼ ਦਿੱਤੇ। ਇਸ ਤੋਂ ਇਲਾਵਾ, ਉਨ੍ਹਾਂ ਸੇਵਾਵਾਂ ਨੂੰ ਰੈਗੂਲਰ ਕਰਨ ਅਤੇ ਹੋਰ ਸੇਵਾ-ਸੰਬੰਧਤ ਮਾਮਲਿਆਂ ਨੂੰ ਜਲਦੀ ਤੋਂ ਜਲਦੀ ਹੱਲ ਕਰਨ ਲਈ ਐਡਵੋਕੇਟ ਜਨਰਲ ਦੇ ਦਫ਼ਤਰ, ਪ੍ਰਸੋਨਲ ਵਿਭਾਗ ਅਤੇ ਵਿੱਤ ਵਿਭਾਗ ਨਾਲ ਤਾਲਮੇਲ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਪੀ.ਐਸ.ਟੀ.ਈ.ਟੀ ਨੂੰ ਵੀ ਜਲਦੀ ਤੋਂ ਜਲਦੀ ਕਰਵਾਉਣ ਲਈ ਸਪੱਸ਼ਟ ਹਦਾਇਤਾਂ ਜਾਰੀ ਕੀਤੀਆਂ।ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ, ਗ੍ਰਾਮ ਪੰਚਾਇਤ ਜਲ ਸਪਲਾਈ ਪੰਪ ਆਪਰੇਟਰ ਐਸੋਸੀਏਸ਼ਨ, ਕੰਟਰੈਕਟ ਮਲਟੀਪਰਪਜ਼ ਹੈਲਥ ਵਰਕਰ ਫੀਮੇਲ ਯੂਨੀਅਨ, ਯੂਨਾਈਟਿਡ ਨਰਸਿਜ਼ ਐਸੋਸੀਏਸ਼ਨ ਆਫ਼ ਪੰਜਾਬ, ਅਤੇ ਪੁਰਾਣੀ ਪੈਨਸ਼ਨ ਬਹਾਲ ਸੰਘਰਸ਼ ਕਮੇਟੀ ਵਰਗੀਆਂ ਜਥੇਬੰਦੀਆਂ ਨਾਲ ਮੀਟਿੰਗਾਂ ਦੌਰਾਨ, ਵਿੱਤ ਮੰਤਰੀ ਨੇ ਉਠਾਏ ਗਏ ਮੁੱਦਿਆਂ ਨੂੰ ਵਿਸਥਾਰ ਨਾਲ ਸੁਣਿਆ। ਉਨ੍ਹਾਂ ਤੁਰੰਤ ਸਬੰਧਤ ਵਿਭਾਗਾਂ ਦੇ ਸੀਨੀਅਰ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਜਿਹੜੇ ਮੁੱਦੇ ਵਿਭਾਗੀ ਪੱਧਰ 'ਤੇ ਹੱਲ ਕੀਤੇ ਜਾ ਸਕਦੇ ਹਨ, ਉਨ੍ਹਾਂ ਨੂੰ ਤੁਰੰਤ ਹੱਲ ਕੀਤਾ ਜਾਵੇ। ਵਿੱਤੀ ਪ੍ਰਭਾਵ ਵਾਲੇ ਮਾਮਲਿਆਂ ਬਾਰੇ, ਵਿੱਤ ਮੰਤਰੀ ਨੇ ਯੂਨੀਅਨ ਆਗੂਆਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਬਹੁਤ ਸਾਰੀਆਂ ਮੰਗਾਂ 'ਤੇ ਸਰਕਾਰ ਵੱਲੋਂ ਪਹਿਲਾਂ ਹੀ ਹਮਦਰਦੀ ਨਾਲ ਵਿਚਾਰ ਕੀਤਾ ਜਾ ਰਿਹਾ ਹੈ।ਇਨ੍ਹਾਂ ਮੀਟਿੰਗਾਂ ਦੌਰਾਨ ਯੂਨੀਅਨ ਦੇ ਨੁਮਾਇੰਦਿਆਂ, ਜਿਨ੍ਹਾਂ ਵਿੱਚ ਬਲਿਹਾਰ ਸਿੰਘ, ਹਾਕਮ ਸਿੰਘ, ਜਸਪ੍ਰੀਤ ਸਿੰਘ (ਠੇਕਾ ਮੁਲਾਜ਼ਮ ਯੂਨੀਅਨ); ਜਸਵੀਰ ਸਿੰਘ, ਸੁਖਜੀਤ ਸਿੰਘ, ਵਿਕਰਮਜੀਤ ਸਿੰਘ (ਪੁਰਾਣੀ ਪੈਨਸ਼ਨ ਬਹਾਲ ਸੰਘਰਸ਼ ਕਮੇਟੀ); ਕੁਲਦੀਪ ਸਿੰਘ, ਪ੍ਰਵੀਨ ਕੁਮਾਰ, ਜਗਮੋਹਨ ਸਿੰਘ (ਸਰਵ ਸਮਗ੍ਰ ਸਿੱਖਿਆ ਅਭਿਆਨ (ਮਿਡ ਡੇ ਮੀਲ) ਦਫ਼ਤਰੀ ਕਰਮਚਾਰੀ ਯੂਨੀਅਨ); ਰਾਹੁਲ ਕੰਬੋਜ, ਜਸਵਿੰਦਰ ਸਿੰਘ, ਹਰਜੀਤ ਕੌਰ (ਪੀ.ਐਸ.ਟੀ.ਈ.ਟੀ ਯੂਨੀਅਨ); ਜਸਪਾਲ ਸਿੰਘ (10 ਸਾਲ ਸਰਵਿਸ ਪੂਰੀ ਕਰ ਚੁੱਕੇ ਕੱਚੇ ਅਧਿਆਪਕ ਯੂਨੀਅਨ); ਰਣਜੀਤ ਸਿੰਘ, ਰਾਜੇਸ਼ ਕੁਮਾਰ, ਓਂਕਾਰ ਸਿੰਘ (ਈ.ਟੀ.ਟੀ. ਅਧਿਆਪਕ ਯੂਨੀਅਨ); ਗੁਰਪ੍ਰੀਤ ਸਿੰਘ, ਸੁਰਿੰਦਰ ਪਾਲ ਸਿੰਘ, ਪਰਮਪਾਲ ਸਿੰਘ (ਪੰਜਾਬ ਸਿੱਖਿਆ ਵਿਭਾਗ ਮਨਿਸਟੀਰੀਅਲ ਸਟਾਫ਼ ਐਸੋਸੀਏਸ਼ਨ); ਸਮਰਜੀਤ ਸਿੰਘ, ਸੁਖਦੀਪ ਸਿੰਘ, ਹਰਮਲ ਸਿੰਘ (ਟੈਟ ਪਾਸ ਕੱਚੇ ਅਧਿਆਪਕ ਯੂਨੀਅਨ); ਤਜਿੰਦਰ ਕੌਰ, ਰਾਜਵਿੰਦਰ ਕੌਰ, ਕਿਰਨਦੀਪ ਕੌਰ (ਏ.ਆਈ.ਈ. ਕੱਚੇ ਅਧਿਆਪਕ ਯੂਨੀਅਨ); ਬੇਅੰਤ ਸਿੰਘ, ਬੋਹਰ ਸਿੰਘ, ਮੇਹਰ ਸਿੰਘ (ਗ੍ਰਾਮ ਪੰਚਾਇਤ ਜਲ ਸਪਲਾਈ ਪੰਪ ਆਪਰੇਟਰ ਐਸੋਸੀਏਸ਼ਨ); ਸਰਬਜੀਤ ਕੌਰ, ਅਮਰੀਕ ਸਿੰਘ (ਕੰਟਰੈਕਟ ਮਲਟੀਪਰਪਜ਼ ਹੈਲਥ ਵਰਕਰ ਫੀਮੇਲ ਯੂਨੀਅਨ); ਆਰਤੀ ਬਾਲੀ, ਹਰਵਿੰਦਰ ਸਿੰਘ, ਬਲਜੀਤ ਸਿੰਘ (ਯੂਨਾਈਟਿਡ ਨਰਸਿਜ਼ ਐਸੋਸੀਏਸ਼ਨ ਆਫ਼ ਪੰਜਾਬ) ਅਤੇ ਉਨ੍ਹਾਂ ਦੇ ਸਾਥੀਆਂ ਨੇ ਆਪਣੀਆਂ ਮੰਗਾਂ ਅਤੇ ਮੁੱਦੇ ਪੇਸ਼ ਕੀਤੇ।



# ਪ੍ਰਿੰ. ਨਵਕਿਰਨ ਕੌਰ ਤੇ ਲੈਕਚਰਾਰ ਮਨਦੀਪ ਕੌਰ ਨੂੰ ਸੇਵਾਮੁਕਤੀ 'ਤੇ ਨਿੱਘੀ ਵਿਦਾਇਗੀ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਨੌਲੀ ਵਿਖੇ ਪ੍ਰਿੰਸੀਪਲ ਵਜੋਂ ਤਾਇਨਾਤ ਨਵਕਿਰਨ ਕੌਰ ਅਤੇ ਰਾਜਨੀਤੀ ਸ਼ਾਸਤਰ ਵਿਭਾਗ ਦੀ ਲੈਕਚਰਾਰ ਮਨਦੀਪ ਕੌਰ ਨੂੰ ਉਨ੍ਹਾਂ ਦੀ ਸੇਵਾਮੁਕਤੀ ਦੇ ਮੌਕੇ ਸਕੂਲ ਦੇ ਸਟਾਫ਼, ਵਿਦਿਆਰਥੀਆਂ ਅਤੇ ਪਿੰਡ ਵਾਸੀਆਂ ਵੱਲੋਂ ਸਨਮਾਨਤ ਕਰਦੇ ਹੋਏ ਨਿੱਘੀ ਵਿਦਾਇਗੀ ਦਿੱਤੀ ਗਈ। ਨਵਕਿਰਨ ਕੌਰ ਪੰਜਾਬੀ ਮਾਂ-ਬੋਲੀ ਦੇ ਉੱਘੇ ਸ਼ਾਇਰ ਸਵਰਗੀ ਕੁਲਵੰਤ ਜਗਰਾਉਂ ਦੀ ਪੁੱਤਰੀ ਵਜੋਂ ਜਾਣੇ ਜਾਂਦੇ ਹਨ।ਇਸ ਮੌਕੇ ਪ੍ਰਿੰਸੀਪਲ ਨਵਕਿਰਨ ਕੌਰ ਨੇ ਆਪਣੇ 34 ਸਾਲਾਂ ਦੇ ਅਧਿਆਪਨ ਜੀਵਨ ਦੇ ਯਾਦਗਾਰੀ ਪਲ ਸਾਂਝੇ ਕੀਤੇ। ਉਨ੍ਹਾਂ ਨੇ ਆਪਣਾ ਅਧਿਆਪਨ ਸਫ਼ਰ 12 ਜੁਲਾਈ 1991 ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਸਮਰਾਲਾ ਵਿਖੇ ਗਣਿਤ ਲੈਕਚਰਾਰ ਵਜੋਂ ਸ਼ੁਰੂ ਕੀਤਾ ਸੀ। ਇਸ ਤੋਂ ਬਾਅਦ 8 ਅਗਸਤ 1996 ਤੋਂ 16 ਫਰਵਰੀ 2010 ਤੱਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਸੋਹਾਣਾ ਵਿਖੇ ਆਪਣੀਆਂ ਸੇਵਾਵਾਂ ਦਿੱਤੀਆਂ।16 ਫਰਵਰੀ 2010 ਨੂੰ ਪ੍ਰਿੰਸੀਪਲ ਵਜੋਂ ਤਰੱਕੀ ਹਾਸਲ ਕਰਨ ਉਪਰੰਤ ਉਨ੍ਹਾਂ ਨੇ ਲਗਭਗ 15 ਸਾਲ 7 ਮਹੀਨੇ ਲਈ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਨੌਲੀ ਦੀ ਅਗਵਾਈ ਕੀਤੀ।ਉਨ੍ਹਾਂ ਦੀ ਅਗਵਾਈ ਹੇਠ ਸਕੂਲ ਨੇ ਵਿਦਿਅਕ ਅਤੇ ਸਹਿ ਵਿਦਿਅਕ ਖੇਤਰਾਂ ਵਿੱਚ ਉੱਤਮ ਪ੍ਰਦਰਸ਼ਨ ਕਰਦਿਆਂ ਐੱਸ.ਏ.ਐੱਸ. ਨਗਰ ਜ਼ਿਲ੍ਹੇ ਵਿੱਚੋਂ ਬੈਸਟ ਸਕੂਲ ਐਵਾਰਡ ਪ੍ਰਾਪਤ ਕੀਤਾ।ਇਸ ਮੌਕੇ 'ਤੇ ਮਨੌਲੀ ਪਿੰਡ ਦੀ ਪੰਚਾਇਤ ਅਤੇ ਪਿੰਡ ਦੇ ਪਤਵੰਤਿਆਂ ਵੱਲੋਂ ਪ੍ਰਿੰਸੀਪਲ ਨਵਕਿਰਨ ਕੌਰ ਨੂੰ ਸਨਮਾਨਤ ਕੀਤਾ ਗਿਆ।ਸਕੂਲ ਵਿਦਿਆਰਥੀਆਂ ਵੱਲੋਂ ਪ੍ਰਿੰਸੀਪਲ ਨੂੰ ਨਿੱਘੀ ਵਿਦਾਇਗੀ ਦਿੰਦਿਆਂ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਮੰਚ ਸੰਚਾਲਨ ਅਧਿਆਪਕਾਵਾਂ ਜਸਮੀਨ ਕੌਰ, ਮਿਸ ਮਨਦੀਪ ਚੀਮਾ ਅਤੇ ਮਿਸ ਅਮਨਦੀਪ ਕੌਰ ਵੱਲੋਂ ਕੀਤਾ ਗਿਆ।ਇਸ ਮੌਕੇ ਪ੍ਰਿੰਸੀਪਲ ਨਵਕਿਰਨ ਕੌਰ ਦੇ ਜੀਵਨ ਸਾਥੀ ਡਾ. ਮਨਿੰਦਰਪਾਲ ਸਿੰਘ (ਰਿਟਾਇਰਡ ਡਿਪਟੀ ਡਾਇਰੈਕਟਰ, ਇੰਡਸਟ੍ਰੀਅਲ ਟ੍ਰੇਨਿੰਗ ਐਂਡ ਟੈਕਨੀਕਲ ਐਜੂਕੇਸ਼ਨ, ਪੰਜਾਬ) ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਸਕੂਲ ਦੇ ਸਟਾਫ਼ ਅਤੇ ਵਿਦਿਆਰਥੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਸਕੂਲ ਦੇ ਸਮੂਹ ਸਟਾਫ਼ ਵੱਲੋਂ ਪ੍ਰਿੰਸੀਪਲ ਨਵਕਿਰਨ ਕੌਰ ਅਤੇ ਲੈੱਕਚਰਾਰ ਮਨਦੀਪ ਕੌਰ ਨੂੰ ਉਨ੍ਹਾਂ ਦੇ ਭਵਿੱਖੀ ਜੀਵਨ ਲਈ ਚੰਗੀ ਸਿਹਤ, ਲੰਬੀ ਉਮਰ ਅਤੇ ਖੁਸ਼ਹਾਲੀ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ ਗਈਆਂ।



# ਪਟੇਲ ਦੇਸ਼ ਦੀ ਏਕਤਾ ਦੇ ਸੂਤਰਧਾਰ ਸਨ : ਰਾਹੁਲ ਖੰਨਾ



**ਟਾਂਡਾ ਉੜਮੁੜ (ਜਸਵਿੰਦਰ ਸੰਧੂ ਓਂਕਾਰ ਸਿੰਘ)**- ਭਾਰਤ ਦੇ ਲੋਹ ਪੁਰਸ਼ ਸਰਦਾਰ ਵੱਲਭ ਭਾਈ ਪਟੇਲ ਦੀ 150ਵੀਂ ਜੈਅੰਤੀ ਦੇ ਮੌਕੇ ਤੇ ਸ਼ਰਧਾਂਜਲੀ ਭੇਟ ਕਰਨ ਸਬੰਧੀ ਸ਼ਿਵ ਸੈਨਾ ਹਿੰਦੁਸਤਾਨ ਦੇ ਪੰਜਾਬ ਯੂਥ ਪ੍ਰਧਾਨ ਰਾਹੁਲ ਖੰਨਾ ਦੀ ਅਗਵਾਈ ਵਿੱਚ ਸ਼ਿਵ ਸੈਨਾ ਦੇ ਦਫ਼ਤਰ ਟਾਂਡਾ ਵਿਖੇ ਇੱਕ ਸ਼ਰਧਾਂਜਲੀ ਸਮਾਰੋਹ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਵੱਖ-ਵੱਖ ਸੰਸਥਾਵਾਂ ਦੇ ਆਗੂਆਂ ਤੋਂ ਇਲਾਵਾ ਸ਼ਿਵ ਸੈਨਾ ਵਰਕਰਾਂ ਨੇ ਭਾਗ ਲਿਆ।ਸਮਾਰੋਹ 'ਚ ਸ਼ਾਮਲ ਸ਼ਿਵ ਸੈਨਾ ਦੇ ਜ਼ਿਲ੍ਹਾ ਪ੍ਰਧਾਨ ਵਿਵੇਕ ਵਿਜਨ, ਉੱਘੇ ਸਮਾਜ ਸੇਵੀ ਅਤੇ ਯੁਵਾ ਨੇਤਾ ਰਾਜੂ ਖੋਸਲਾ, ਦੋਆਬਾ ਯੂਥ ਪ੍ਰਧਾਨ ਪ੍ਰਸ਼ਾਂਤ ਪੰਡਿਤ, ਜਿਲਾ ਯੂਥ ਪ੍ਰਧਾਨ ਪੁਨੀਤ ਢਿੰਗਰਾ, ਜਿਲਾ ਚੇਅਰਮੈਨ ਸੰਜੀਵ ਖੰਨਾ, ਸੀਨੀਅਰ ਸਿਟੀ ਪ੍ਰਧਾਨ ਰਾਜੀਵ ਖੰਨਾ, ਗੌਰਵ ਬੇਦੀ, ਗੁਰਨਾਮ ਸਿੰਘ ਗੋਨੀ ਤੋਂ ਇਲਾਵਾ ਸ਼ਿਵ ਸੈਨਾ ਵਰਕਰਾਂ ਨੇ ਲੋਹ ਪੁਰਸ਼ ਸਰਦਾਰ ਵੱਲਭ ਭਾਈ ਪਟੇਲ ਦੀ ਫੋਟੋ ਤੇ ਫੁੱਲਾਂ ਦੇ ਹਾਰ ਪਾ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਸਮਾਰੋਹ ਚ ਸ਼ਾਮਿਲ ਇਕੱਠ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਰਾਹੁਲ ਖੰਨਾ ਨੇ ਕਿਹਾ ਕਿ ਸਰਦਾਰ ਪਟੇਲ ਦੇਸ਼ ਦੀ ਏਕਤਾ ਦੇ ਸੂਤਰਧਾਰ ਸਨ ਅਤੇ ਭਾਰਤ ਨੂੰ ਆਜ਼ਾਦ ਕਰਾਉਣ ਵਿੱਚ ਉਨ੍ਹਾਂ ਦਾ ਬਹੁਤ ਵੱਡਾ ਯੋਗਦਾਨ ਸੀ।

# ਕੁੰਭੜਾ 'ਚ ਢਾਈ ਕਰੋੜ ਰੁਪਏ ਦੀ ਲਾਗਤ ਨਾਲ ਬਣੇਗਾ ਆਧੁਨਿਕ ਕਮਿਊਨਿਟੀ ਸੈਂਟਰ : ਵਿਧਾਇਕ ਕੁਲਵੰਤ ਸਿੰਘ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਵਿਧਾਇਕ ਮੁਹਾਲੀ ਕੁਲਵੰਤ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਜੋ ਲੋਕਾਂ ਦੀਆਂ ਆਸਾਂ ਅਤੇ ਉਮੀਦਾਂ ਨੂੰ ਪੂਰਾ ਕਰਨ ਦਾ ਵਾਅਦਾ ਕੀਤਾ ਸੀ, ਉਸੇ ਕੜੀ ਤਹਿਤ ਸੂਬੇ ਦੀ ਭਗਵੰਤ ਸਿੰਘ ਮਾਨ ਸਰਕਾਰ ਦਾ ਮਕਸਦ ਸੂਬੇ ਦੇ ਹਰ ਹਿੱਸੇ ਦਾ ਸੰਤੁਲਤ ਵਿਕਾਸ ਕਰਨਾ ਹੈ। ਉਨ੍ਹਾਂ ਕਿਹਾ ਕਿ ਵਿਕਾਸ ਪ੍ਰੋਜੈਕਟਾਂ ਨੂੰ ਜ਼ਮੀਨੀ ਪੱਧਰ 'ਤੇ ਲਿਆਂਦਾ ਜਾ ਰਿਹਾ ਹੈ ਤਾਂ ਜੋ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਸਮੇਂ ਸਿਰ ਮਿਲ ਸਕਣ।ਵਿਧਾਇਕ ਕੁਲਵੰਤ ਸਿੰਘ ਅੱਜ ਪਿੰਡ ਕੁੰਭੜਾ ਵਿਖੇ ਕੌਂਸਲਰ ਰਮਨਪ੍ਰੀਤ ਕੌਰ ਕੁੰਭੜਾ ਦੀ ਅਗਵਾਈ ਹੇਠ ਆਯੋਜਿਤ ਸਮਾਗਮ ਵਿੱਚ ਸ਼ਿਰਕਤ ਕਰ ਰਹੇ ਸਨ, ਜਿੱਥੇ ਉਨ੍ਹਾਂ ਨੇ 2.50 ਕਰੋੜ ਰੁਪਏ ਦੀ ਲਾਗਤ ਨਾਲ ਇੱਕ ਏਕੜ ਜਗ੍ਹਾ 'ਤੇ ਬਣਾਏ ਜਾਣ ਵਾਲੇ ਕਮਿਊਨਿਟੀ ਸੈਂਟਰ ਦਾ ਨੀਂਹ ਪੱਥਰ ਰੱਖਿਆ।ਇਸ ਮੌਕੇ ਉਨ੍ਹਾਂ ਕਿਹਾ ਕਿ ਮੁਹਾਲੀ ਨਗਰ ਨਿਗਮ ਦੀਆਂ ਚੋਣਾਂ ਵੀ ਸੂਬੇ ਦੀਆਂ ਹੋਰਨਾਂ ਸਥਾਨਕ ਸਰਕਾਰ ਚੋਣਾਂ ਵਾਂਗ ਹੀ ਸਮੇਂ ਸਿਰ ਫਰਵਰੀ-ਮਾਰਚ 2026 ਵਿੱਚ ਕਰਵਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਵਾਰਡਬੰਦੀ ਦੀ ਪ੍ਰਕਿਰਿਆ ਨਵੇਂ ਸਿਰਿਓਂ ਪੂਰੀ ਕੀਤੀ ਜਾ ਰਹੀ ਹੈ ਅਤੇ ਸਰਕਾਰ ਇਸ ਸਬੰਧੀ ਪੂਰਾ ਪ੍ਰੋਗਰਾਮ ਤਿਆਰ ਕਰ ਚੁੱਕੀ ਹੈ।ਵਿਧਾਇਕ ਨੇ ਕਿਹਾ ਕਿ ਪਿੰਡ ਬਲੌਂਗੀ, ਬੜਮਾਜਰਾ ਅਤੇ ਟੀ ਡੀ ਆਈ ਇਲਾਕੇ ਦੇ ਲੋਕਾਂ ਵੱਲੋਂ ਮੁਹਾਲੀ ਕਾਰਪੋਰੇਸ਼ਨ ਵਿੱਚ ਸ਼ਾਮਲ ਹੋਣ ਦੀ ਉੱਠਦੀ ਮੰਗ ਨੂੰ ਉਹ ਹਮੇਸ਼ਾ ਉੱਚ ਪੱਧਰ 'ਤੇ ਉਠਾਉਂਦੇ ਆ ਰਹੇ ਹਨ। ਉਨ੍ਹਾਂ ਕਿਹਾ ਕਿ ਨਵਾਂ ਕਮਿਊਨਿਟੀ ਸੈਂਟਰ ਪਿੰਡ ਕੁੰਭੜਾ ਦੇ ਸਮਾਜਿਕ ਤੇ ਸੱਭਿਆਚਾਰਕ ਜੀਵਨ ਦਾ ਕੇਂਦਰ ਬਣੇਗਾ। ਇਹ ਸੈਂਟਰ ਇੱਕ ਸਾਲ ਦੇ ਅੰਦਰ ਤਿਆਰ ਹੋ ਜਾਵੇਗਾ, ਜਿਸ ਵਿੱਚ 97 ਫੁੱਟ*178 ਫੁੱਟ ਦਾ ਹਾਲ, ਰਸੋਈ, ਟਾਇਲਟ, ਵਰਾਂਡਾ, ਵਾਸ਼ਿੰਗ ਅਤੇ ਸਟੋਰੇਜ ਏਰੀਆ ਸ਼ਾਮਲ ਹੋਣਗੇ।ਇਸ ਮੌਕੇ ਕੌਂਸਲਰ ਰਮਨਪ੍ਰੀਤ ਕੌਰ ਕੁੰਭੜਾ ਨੇ ਵਿਧਾਇਕ ਕੁਲਵੰਤ ਸਿੰਘ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਕਮਿਊਨਿਟੀ ਸੈਂਟਰ ਇਲਾਕੇ ਦੇ ਲੋਕਾਂ ਲਈ ਇੱਕ ਵਿਲੱਖਣ ਤੇ ਮਿਸਾਲੀ ਪ੍ਰੋਜੈਕਟ ਸਾਬਤ ਹੋਵੇਗਾ।ਇਸ ਮੌਕੇ ਇਸ ਮੌਕੇ ਰਮਨਪ੍ਰੀਤ ਕੌਰ ਐਮ.ਸੀ. ਵਾਰਡ ਨੰ. 28, ਹਰਮੇਸ਼ ਸਿੰਘ ਕੁੰਭੜਾ ਬਲਾਕ ਪ੍ਰਧਾਨ, ਮਾਸਟਰ ਭੁਪਿੰਦਰ ਸਿੰਘ, ਰਜੀਵ ਵਸ਼ਿਸ਼ਟ, ਕਰਮਜੀਤ ਕੌਰ ਐਮ.ਸੀ. ਮਟੌਰ, ਜਸਪਾਲ ਸਿੰਘ, ਸੁਖਦੇਵ ਸਿੰਘ ਪਟਵਾਰੀ ਐਮ.ਸੀ., ਅਰੁਣ ਗੋਇਲ, ਡਾ. ਕੁਲਦੀਪ ਸਿੰਘ, ਰਾਜਵੀਰ ਕੌਰ ਬਲਾਕ ਪ੍ਰਧਾਨ ਮਹਿਲਾ ਵਿੰਗ, ਗੁਰਸੇਵਕ ਸਿੰਘ ਸਰਪੰਚ ਮੌਲੀ, ਰਾਜੂ ਸਰਪੰਚ ਬੜ ਮਾਜਰਾ, ਸ਼ੀਤਲ ਸਿੰਘ ਫੌਜੀ ਕੁੰਭੜਾ, ਮੇਜਰ ਸਿੰਘ, ਹਜ਼ਾਰਾ ਸਿੰਘ, ਹਰਜਿੰਦਰ ਸਿੰਘ ਕੁੰਭੜਾ, ਬਲਵਿੰਦਰ ਸਿੰਘ ਕੁੰਭੜਾ, ਪਾਲ ਸਿੰਘ ਕੁੰਭੜਾ ਵੀ ਹਾਜ਼ਰ ਸਨ।



# ਐੱਸ ਡੀ ਕਾਲਜ 'ਚ ਰਾਸ਼ਟਰੀ ਏਕਤਾ ਦਿਵਸ ਮਨਾਇਆ




**ਸੁਲਤਾਨਪੁਰ ਲੋਧੀ (ਹਨੀ)**- ਐਸ.ਡੀ. ਕਾਲਜ ਫਾਰ ਵੂਮੈਨ ਦੇ ਐਨ.ਐਸ.ਐਸ. ਵਿਭਾਗ ਅਤੇ ਰੈੱਡ ਰਿਬਨ ਕਲੱਬ ਵੱਲੋਂ ਭਾਰਤ ਦੇ ਲੋਹ ਪੁਰਸ਼ ਸਰਦਾਰ ਵੱਲਭ ਭਾਈ ਪਟੇਲ ਦੀ ਜਯੰਤੀ ਨੂੰ ਸਮਰਪਤ ਰਾਸ਼ਟਰੀ ਏਕਤਾ ਦਿਵਸ ਮਨਾਇਆ ਗਿਆ। ਇਸ ਸਮਾਗਮ ਦਾ ਉਦੇਸ਼ ਵਿਦਿਆਰਥੀਆਂ ਅਤੇ ਸਟਾਫ਼ ਵਿੱਚ ਏਕਤਾ, ਅਖੰਡਤਾ ਅਤੇ ਸੁਰੱਖਿਆ ਦੀ ਭਾਵਨਾ ਨੂੰ ਉਤਸ਼ਾਹਤ ਕਰਨਾ ਸੀ। ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਦੀ ਅਗਵਾਈ ਵਿਚ ਪ੍ਰੋਗਰਾਮ ਦੀ ਸ਼ੁਰੂਆਤ ਇੱਕ ਸੰਖੇਪ ਜਾਣ-ਪਛਾਣ ਨਾਲ ਹੋਈ । ਇਸ ਦੌਰਾਨ ਰਾਸ਼ਟਰ ਨੂੰ ਇਕਜੁੱਟ ਕਰਨ ਵਿੱਚ ਸਰਦਾਰ ਵੱਲਭ ਭਾਈ ਪਟੇਲ ਦੇ ਯੋਗਦਾਨ ਅਤੇ ਜੀਵਨ ਨੂੰ ਉਜਾਗਰ ਕੀਤਾ ਗਿਆ। ਇਸ ਤੋਂ ਬਾਅਦ ਰਾਸ਼ਟਰੀ ਏਕਤਾ ਦਿਵਸ ਦੀ ਸਹੁੰ ਚੁੱਕੀ ਗਈ, ਜਿੱਥੇ ਫੈਕਲਟੀ ਮੈਂਬਰਾਂ ਅਤੇ ਵਿਦਿਆਰਥੀਆਂ ਨੇ ਰਾਸ਼ਟਰ ਵਿੱਚ ਏਕਤਾ, ਸ਼ਾਂਤੀ ਅਤੇ ਅਖੰਡਤਾ ਦੇ ਮੁੱਲਾਂ ਨੂੰ ਕਾਇਮ ਰੱਖਣ ਦਾ ਪ੍ਰਣ ਲਿਆ।ਸਹੁੰ ਚੁੱਕ ਸਮਾਰੋਹ ਤੋਂ ਬਾਅਦ ਕਾਲਜ ਦੇ ਅੰਦਰ ਇੱਕ ਏਕਤਾ ਮਾਰਚ ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਵਿਦਿਆਰਥੀਆਂ ਅਤੇ ਐਨ.ਐਸ.ਐਸ. ਵਲੰਟੀਅਰਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ । ਆਪਣੇ ਸੰਬੋਧਨ ਵਿੱਚ ਡਾ. ਸ਼ੁਕਲਾ ਨੇ ਵਿਦਿਆਰਥੀਆਂ ਨੂੰ ਸਰਦਾਰ ਵੱਲਭ ਭਾਈ ਪਟੇਲ ਦੇ ਆਦਰਸ਼ਾਂ ਦੀ ਪਾਲਣਾ ਕਰਨ ਅਤੇ ਸਮਾਜ ਵਿੱਚ ਏਕਤਾ ਅਤੇ ਸਦਭਾਵਨਾ ਬਣਾਈ ਰੱਖਣ ਵਿੱਚ ਯੋਗਦਾਨ ਪਾਉਣ ਲਈ ਉਤਸ਼ਾਹਤ ਕੀਤਾ । ਸਮਾਗਮ ਨੂੰ ਸਫਲ ਬਣਾਉਣ ਵਿੱਚ ਐਨ.ਐਸ.ਐਸ. ਦੇ ਪ੍ਰੋਗਰਾਮ ਅਫਸਰ ਅਤੇ ਰੈੱਡ ਰਿਬਨ ਕਲੱਬ ਦੇ ਇੰਚਾਰਜ ਮੈਡਮ ਸੁਨੀਤਾ ਕਲੇਰ ਦਾ ਅਹਿਮ ਯੋਗਦਾਨ ਰਿਹਾ । ਇਸ ਮੌਕੇ ਮੈਡਮ ਕਸ਼ਮੀਰ ਕੌਰ, ਸੋਨਮਪ੍ਰੀਤ ਕੌਰ, ਹਰਲੀਨ ਕੌਰ ਅਤੇ ਰਾਜਵਿੰਦਰ ਕੌਰ ਆਦਿ ਸਟਾਫ਼ ਮੈਂਬਰ ਹਾਜ਼ਰ ਸਨ ।